ਵੀਰਵਾਰ, 30 ਅਕਤੂਬਰ, 2025

14 ਕੱਤਕ { ਨਾਨਕਸ਼ਾਹੀ 557 / ਬਿਕਰਮੀ 2082

ਜਿਲਦ/VOL. : 74

ਅੰਕ/NO. : 149

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • THURSDAY, 30 OCTOBER, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫੇ : 12


# ਆਰ ਟੀ ਓ ਦਫ਼ਤਰ ਲਾਕ

## ਹੁਣ 1076 ਡਾਇਲ ਕਰਨ 'ਤੇ ਘਰ ਆ ਕੇ ਕੰਮ ਕਰਨਗੇ ਕਰਮਚਾਰੀ



**ਲੁਧਿਆਣਾ** : ਪ੍ਰਭਾਵਸ਼ਾਲੀ, ਪਾਰਦਰਸ਼ੀ ਅਤੇ ਜਵਾਬਦੇਹ ਸ਼ਾਸਨ ਦੇ ਨਵੇਂ ਯੁੱਗ ਦੀ ਸ਼ੁਰੂਆਤ ਕਰਨ ਲਈ ਇਕ ਹੋਰ ਨਾਗਰਿਕ ਕੇਂਦਰਤ ਪਹਿਲਕਦਮੀ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਬੁੱਧਵਾਰ ਜਨਤਾ ਦੀ ਸਹੂਲਤ ਲਈ ਫੇਸਲੈੱਸ ਆਰ ਟੀ ਓ ਸੇਵਾਵਾਂ ਦੀ ਸ਼ੁਰੂਆਤ ਕੀਤੀ। ਮੁੱਖ ਮੰਤਰੀ ਨੇ ਇਸ ਸਕੀਮ ਦੀ ਸ਼ੁਰੂਆਤ ਸਮੇਂ ਭ੍ਰਿਸ਼ਟਾਚਾਰ ਦੇ ਯੁੱਗ ਨੂੰ ਖ਼ਤਮ ਕਰਨ ਦੇ ਪ੍ਰਤੀਕ ਵਜੋਂ ਇੱਥੇ ਆਰ ਟੀ ਓ ਦਫ਼ਤਰ ਨੂੰ ਤਾਲਾ ਲਗਾਇਆ।ਕੇਜਰੀਵਾਲ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਹੁਣ ਤੱਕ ਸੂਬੇ ਦੇ ਲੋਕ ਨੌਕਰਸ਼ਾਹੀ ਅਤੇ ਉਸ ਦੇ ਭ੍ਰਿਸ਼ਟ ਕੰਮਾਂ ਦੇ ਗੁਲਾਮ ਬਣ ਗਏ ਸਨ। ਉਨ੍ਹਾ ਕਿਹਾ ਕਿ ਅੱਜ ਪੰਜਾਬ ਇਸ ਗੁਲਾਮੀ ਤੋਂ ਮੁਕਤ ਹੋ ਗਿਆ ਹੈ ਅਤੇ ਹੁਣ ਲੋਕ 1076 'ਤੇ ਕਾਲ ਕਰ ਕੇ ਆਪਣਾ ਡਰਾਈਵਿੰਗ ਲਾਇਸੈਂਸ, ਰਜਿਸਟਰੇਸ਼ਨ ਸਰਟੀਫਿਕੇਟ ਅਤੇ ਹੋਰ ਦਸਤਾਵੇਜ਼ ਪ੍ਰਾਪਤ ਕਰ ਸਕਣਗੇ। ਇਸ ਮੌਕੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ, 'ਆਪ' ਦੇ ਸੀਨੀਅਰ ਆਗੂ ਮਨੀਸ਼ ਸਿਸੋਦੀਆ ਤੇ ਹੋਰ ਹਾਜ਼ਰ ਸਨ।

## 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦੇ ਦੂਜੇ ਪੜਾਅ ਦੀ ਸ਼ੁਰੂਆਤ

**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ, ਬਿੰਨੀ ਗਰਗ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਬੁੱਧਵਾਰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਤ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦੇ ਦੂਜੇ ਪੜਾਅ ਦੀ ਸ਼ੁਰੂਆਤ ਕੀਤੀ। ਕੇਜਰੀਵਾਲ ਨੇ ਕਿਹਾ ਕਿ ਇਸ

• ਬਾਕੀ ਸਫਾ 2 'ਤੇ




## ਬਿਜਲੀ ਅਦਾਰੇ ਅਡਾਨੀ-ਅੰਬਾਨੀ ਹਵਾਲੇ ਕਰਨ ਦੀ ਯੋਜਨਾ ਤਿਆਰ

**ਨਵੀਂ ਦਿੱਲੀ** : ਭਾਰਤ ਸਰਕਾਰ ਸੂਬਿਆਂ ਵਿੱਚ ਘਾਟੇ ਵਿੱਚ ਚੱਲ ਰਹੀਆਂ ਬਿਜਲੀ ਵੰਡ ਕੰਪਨੀਆਂ ਨੂੰ ਇੱਕ ਟ੍ਰਿਲੀਅਨ (ਇੱਕ ਲੱਖ ਕਰੋੜ ਰੁਪਏ) ਰੁਪਏ ਦੇਣ 'ਤੇ ਵਿਚਾਰ ਕਰ ਰਹੀ ਹੈ। ਕੇਂਦਰੀ ਊਰਜਾ ਮੰਤਰਾਲੇ ਵੱਲੋਂ ਤਿਆਰ ਯੋਜਨਾ ਮੁਤਾਬਕ ਇਹ ਫੰਡ ਲੈਣ ਲਈ ਰਾਜਾਂ ਨੂੰ ਆਪਣੇ ਬਿਜਲੀ ਅਦਾਰਿਆਂ ਦਾ ਨਿੱਜੀਕਰਨ ਕਰਨਾ ਪਵੇਗਾ ਅਤੇ ਮੈਨੇਜੇਰੀਅਲ ਕੰਟਰੋਲ ਨਿੱਜੀ ਕੰਪਨੀਆਂ ਨੂੰ ਦੇਣਾ ਪਵੇਗਾ। ਜੇ ਕੰਟਰੋਲ ਨਹੀਂ ਦੇਣਾ ਤਾਂ ਕੰਪਨੀਆਂ ਨੂੰ ਸਟਾਕ ਐਕਸਚੇਂਜ ਵਿੱਚ ਸੂਚੀਬੱਧ ਕਰਨਾ ਪਵੇਗਾ। ਸਰਕਾਰ ਦੇ ਦੋ ਸੂਤਰਾਂ ਨੇ ਦੱਸਿਆ ਕਿ ਊਰਜਾ ਮੰਤਰਾਲਾ ਤੇ ਵਿੱਤ ਮੰਤਰਾਲਾ ਯੋਜਨਾ ਨੂੰ ਅੰਤਮ ਰੂਪ ਦੇ ਰਹੇ ਹਨ ਤੇ ਇਸ ਦਾ ਐਲਾਨ ਫਰਵਰੀ ਦੇ ਬਜਟ ਵਿੱਚ ਹੋ ਸਕਦਾ ਹੈ। ਯੋਜਨਾ ਨੂੰ ਬਿਜਲੀ ਖੇਤਰ ਵਿੱਚ ਸੁਧਾਰ ਲਿਆਉਣ ਦਾ ਨਾਂਅ ਦਿੱਤਾ ਜਾ ਰਿਹਾ ਹੈ, ਪਰ ਇਸ ਦਾ ਫਾਇਦਾ ਅਡਾਨੀ ਪਾਵਰ, ਰਿਲਾਇੰਸ ਪਾਵਰ, ਟਾਟਾ ਪਾਵਰ, ਸੀ ਈ ਐੱਸ ਸੀ ਅਤੇ ਟਾਰੈਂਟ ਪਾਵਰ ਨੂੰ ਹੋਵੇਗਾ, ਕਿਉਂਕਿ ਉਨ੍ਹਾਂ ਸਰਕਾਰੀ ਕੰਪਨੀਆਂ ਵਿੱਚ ਪੈਸਾ ਲਾ ਕੇ ਉਨ੍ਹਾਂ 'ਤੇ ਕਬਜ਼ਾ ਕਰਨਾ ਹੈ।

## ਤਿੰਨ ਰੋਜ਼ਾ 'ਮੇਲਾ ਗ਼ਦਰੀ ਬਾਬਿਆਂ ਦਾ' ਅੱਜ ਤੋਂ




**ਜਲੰਧਰ (ਕੇਸਰ)**

ਦੇਸ਼ ਭਗਤ ਯਾਦਗਾਰ ਕਮੇਟੀ ਨੇ ਬੁੱਧਵਾਰ ਦੇਸ਼ ਭਗਤ ਯਾਦਗਾਰ ਹਾਲ ਨੂੰ 'ਗ਼ਦਰੀ ਹਾਫ਼ਿਜ਼ ਅਬਦੁਲਾ ਨਗਰ' ਦਾ ਨਾਂਅ ਦਿੱਤਾ ਅਤੇ ਗੇਟ ਬਣਾਇਆ। 30, 31 ਅਕਤੂਬਰ ਅਤੇ ਪਹਿਲੀ ਨਵੰਬਰ ਗਦਰੀ ਬਾਬਿਆਂ ਦੇ ਮੇਲੇ ਦੇ ਦਿਨਾਂ 'ਚ ਇਸ ਨਗਰ ਦੇ ਨਾਂਅ ਨਾਲ਼ ਹੀ ਦੇਸ਼ ਭਗਤ ਕੰਪਲੈਕਸ ਦੇ ਅੰਦਰ ਵੱਖ-ਵੱਖ ਨਗਰ ਅਤੇ ਪੰਡਾਲ ਬਣਾਏ ਗਏ ਹਨ।

ਜਿਉਂ ਹੀ ਪ੍ਰਵੇਸ਼ ਦੁਆਰ ਤੋਂ ਪ੍ਰਵੇਸ਼ ਕਰੋਗੇ, ਉਹਦੇ ਸੱਜੇ ਹੱਥ ਬਖ਼ਸ਼ੀਵਾਲਾ, ਕੋਟਲਾ ਨੌਧ ਸਿੰਘ ਅਤੇ ਦੌਲਾ ਸਿੰਘ ਵਾਲਾ ਪੁਸਤਕ ਪੰਡਾਲ ਹੋਏਗਾ, ਜਿਹੜੇ ਗਦਰੀ ਗੁਲਾਬ ਕੌਰ ਦੇ ਸੰਗੀ-ਸਾਥੀ ਰਹੇ। ਇਸੇ ਤਰ੍ਹਾਂ ਉਹਨਾਂ ਦੇ ਸੰਗੀ ਸਾਥੀ ਗਦਰੀ ਬਾਬਾ ਹਰਨਾਮ ਸਿੰਘ ਟੁੰਡੀਲਾਟ ਕੋਟਲਾ ਨੌਧ ਸਿੰਘ ਦੀ ਯਾਦ 'ਚ ਇੱਕ ਵੱਡਾ ਗੇਟ ਬਣਾ ਕੇ ਵੱਡੇ ਸਟੇਡੀਅਮ ਨੂੰ, ਜੋ ਪਹਿਲਾਂ ਸ਼ਹੀਦ ਭਗਤ ਸਿੰਘ ਸਟੇਡੀਅਮ ਕਰਕੇ ਜਾਣਿਆ ਜਾਂਦਾ ਹੈ, ਗ਼ਦਰੀ ਬਾਬਾ ਹਰਨਾਮ ਸਿੰਘ ਟੁੰਡੀਲਾਟ ਪੰਡਾਲ ਦਾ ਨਾਂਅ ਦਿੱਤਾ ਗਿਆ ਹੈ।

• ਬਾਕੀ ਸਫਾ 2 'ਤੇ

## ਵਪਾਰੀ 'ਤੇ ਹਮਲੇ ਵਿਰੁੱਧ ਮਾਨਸਾ ਰਿਹਾ ਮੁਕੰਮਲ ਬੰਦ



**ਮਾਨਸਾ (ਰੀਤਵਾਲ/ ਆਤਮਾ ਸਿੰਘ ਪਮਾਰ)**

ਮਾਨਸਾ 'ਚ ਪੈਸਟੀਸਾਈਡ ਵਪਾਰੀ ਦੀ ਦੁਕਾਨ 'ਤੇ ਗੋਲੀਆਂ ਚਲਾਉਂਦਿਆਂ ਹਮਲਾ ਕਰ ਮੰਗਲਵਾਰ ਫ਼ਰਾਰ ਹੋਏ ਮੁਲਜ਼ਮਾਂ ਦੇ ਵਿਰੋਧ ਵਿੱਚ ਸ਼ਹਿਰ ਮੁਕੰਮਲ ਤੌਰ 'ਤੇ ਬੰਦ ਕੀਤਾ ਗਿਆ। ਇਹ ਸੱਦਾ ਸ਼ਹਿਰ ਦੀਆਂ ਸਮਾਜਿਕ, ਵਪਾਰਕ ਤੇ ਧਾਰਮਿਕ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਦਿੱਤਾ ਗਿਆ ਸੀ। ਇਸ ਦੌਰਾਨ ਬੁਲਾਰਿਆਂ ਨੇ ਪੰਜਾਬ ਸਰਕਾਰ ਤੇ ਪੁਲਸ ਪ੍ਰਸ਼ਾਸਨ ਨੂੰ ਕੋਸਿਆ । ਦੁਕਾਨਦਾਰਾਂ ਨੇ ਦੁਕਾਨਾਂ ਬੰਦ ਰੱਖ ਕੇ ਲਕਸ਼ਮੀ ਨਰਾਇਣ ਮੰਦਰ ਨਜ਼ਦੀਕ ਧਰਨਾ ਦਿੱਤਾ। ਸ਼ਹਿਰ 'ਚ ਦੁਕਾਨਾਂ ਬੰਦ ਰਹੀਆਂ। ਹੁਣ 21 ਮੈਂਬਰੀ ਕਮੇਟੀ ਬਣਾ ਦਿੱਤੀ ਗਈ ਹੈ ਅਤੇ ਜ਼ਿਲ੍ਹਾ ਬਾਰ ਐਸੋਸੀਏਸ਼ਨ ਮਾਨਸਾ ਵੱਲੋਂ ਕੰਮ ਛੱਡ ਕੇ ਰੋਸ ਜਤਾਇਆ ਗਿਆ।ਲੋਕਾਂ 'ਚ ਰੋਸ ਸੀ ਕਿ ਭਾਵੇਂ ਨਜ਼ਦਕੀ ਥਾਣਾ ਸੀ, ਪਰ ਫ਼ਿਰ ਵੀ ਬਦਮਾਸ਼ ਘਟਨਾ ਨੂੰ ਅੰਜਾਮ ਦੇ ਕੇ ਫ਼ਰਾਰ ਹੋ ਗਏ। ਅੱਜ ਦੇ ਇਕੱਠ 'ਚ ਵੱਡੀ ਗਿਣਤੀ ਵਪਾਰੀ, ਦੁਕਾਨਦਾਰ, ਸਿਆਸੀ ਆਗੂ ਤੇ ਹੋਰ ਜਥੇਬੰਦੀਆਂ ਦੇ ਆਗੂ ਸਰਕਾਰ ਤੇ ਪੁਲਸ ਖਿਲਾਫ਼ ਵਰ੍ਹੇ। ਉਨ੍ਹਾਂ ਕਿਹਾ ਕਿ ਪੁਲਸ ਜੇਕਰ ਆਮ ਲੋਕਾਂ ਦੀ ਜਾਨ-ਮਾਲ ਦੀ ਹੀ ਰਾਖੀ ਨਹੀਂ ਹੋ ਸਕਦੀ, ਫਿਰ ਸਰਕਾਰਾਂ ਤੋਂ ਹੋਰ ਕੀ ਉਮੀਦਾਂ ਕੀਤੀਆਂ ਜਾ ਸਕਦੀਆਂ ਹਨ।ਧਰਨੇ 'ਚ ਪੁੱਜੇ ਪੰਜਾਬ ਕਾਂਗਰਸ ਦੇ ਪ੍ਰਧਾਨ ਤੇ ਸੰਸਦ ਮੈਂਬਰ ਅਮਰਿੰਦਰ ਸਿੰਘ

• ਬਾਕੀ ਸਫਾ 2 'ਤੇ

## ਅੱਠਵਾਂ ਕੇਂਦਰੀ ਪੇ-ਕਮਿਸ਼ਨ ਪੰਜ ਯੂਨਿਟਾਂ ਦੇ ਪਰਵਾਰ ਦੇ ਹਿਸਾਬ ਨਾਲ ਸਿਫਾਰਸ਼ਾਂ ਕਰੇ : ਅਮਰਜੀਤ ਕੌਰ

**ਲੁਧਿਆਣਾ (ਐੱਮ ਐੱਸ ਭਾਟੀਆ)**

ਏਟਕ ਦੀ ਕੌਮੀ ਜਨਰਲ ਸਕੱਤਰ ਅਮਰਜੀਤ ਕੌਰ ਨੇ ਨਵੀਂ ਦਿੱਲੀ ਤੋਂ ਜਾਰੀ ਬਿਆਨ ਵਿੱਚ ਕਿਹਾ ਹੈ ਕਿ ਜਦੋਂ ਸਰਕਾਰ ਨੇ ਦਿੱਲੀ ਵਿਧਾਨ ਸਭਾ ਚੋਣਾਂ ਦੇ ਪਿਛੋਕੜ ਵਿੱਚ 8ਵਾਂ ਕੇਂਦਰੀ ਪੇ ਕਮਿਸ਼ਨ ਬਣਾਉਣ ਦਾ ਫੈਸਲਾ ਕੀਤਾ ਸੀ, ਤਾਂ ਇਹ ਫੈਸਲਾ ਠੰਢੇ ਬਸਤੇ ਵਿਚ ਪਾ ਦਿੱਤਾ ਗਿਆ। ਹੁਣ 10 ਮਹੀਨਿਆਂ ਬਾਅਦ ਬਿਹਾਰ ਚੋਣਾਂ ਤੋਂ ਕੁਝ ਦਿਨ ਪਹਿਲਾਂ ਕੈਬਨਿਟ ਨੇ 28 ਅਕਤੂਬਰ ਨੂੰ ਇਹ ਕਮਿਸ਼ਨ ਬਣਾਉਣ ਦਾ ਫੈਸਲਾ ਕੀਤਾ ਹੈ। ਮੋਦੀ ਸਰਕਾਰ ਨੂੰ ਇਸ ਕਮਿਸ਼ਨ ਲਈ ਚੇਅਰਪਰਸਨ ਅਤੇ ਪਾਰਟ-ਟਾਈਮ ਮੈਂਬਰ ਦੀ ਨਿਯੁਕਤੀ ਕਰਨ ਵਿੱਚ 10 ਮਹੀਨੇ ਲੱਗ ਗਏ। ਕਮਿਸ਼ਨ ਨੂੰ ਆਪਣੀ ਰਿਪੋਰਟ ਸਰਕਾਰ ਨੂੰ ਦੇਣ ਲਈ 18 ਮਹੀਨਿਆਂ ਦਾ ਸਮਾਂ ਦਿੱਤਾ ਗਿਆ ਹੈ, ਜਿਸ ਦਾ ਮਤਲਬ ਇਹ ਹੈ ਕਿ 8ਵੇਂ ਪੇ ਕਮਿਸ਼ਨ ਦੀਆਂ ਸਿਫ਼ਾਰਸ਼ਾਂ 2027 ਦੇ ਵਿਚਕਾਰ ਹੀ ਆਉਣਗੀਆਂ ਅਤੇ ਜੇ ਇਹ ਪ੍ਰਕਿਰਿਆ 2027 ਦੇ ਅੰਤ ਤੱਕ ਵੀ ਖਿੱਚ ਸਕਦੀ ਹੈ। ਕੇਂਦਰ ਅਤੇ ਰਾਜ ਸਰਕਾਰੀ ਕਰਮਚਾਰੀਆਂ ਨੂੰ ਆਪਣੀ ਤਨਖਾਹ ਵਿੱਚ ਸੋਧ ਲਈ ਹੋਰ ਦੋ ਸਾਲ ਇੰਤਜ਼ਾਰ ਕਰਨਾ ਪਵੇਗਾ, ਇਹ ਉਨ੍ਹਾਂ ਨਾਲ ਨਾਇਨਸਾਫ਼ੀ ਹੈ।

8ਵੇਂ ਪੇ-ਕਮਿਸ਼ਨ ਦੀਆਂ ਹਵਾਲਾ ਸ਼ਰਤਾਂ ਏਨੀਆਂ ਕਠੋਰ ਹਨ ਕਿ ਕਮਿਸ਼ਨ ਸਿਫ਼ਾਰਸ਼ਾਂ ਤਿਆਰ ਕਰਨ ਵਿੱਚ ਕਈ ਪਾਬੰਦੀਆਂ ਦਾ ਸਾਹਮਣਾ ਕਰੇਗਾ। ਸਰਕਾਰ ਦੇ ਪ੍ਰੈੱਸ ਨੋਟ ਅਨੁਸਾਰ ਇਹ ਹਵਾਲਾ ਸ਼ਰਤਾਂ ਮੁੱਖ ਤੌਰ 'ਤੇ ਕਹਿੰਦੀਆਂ ਹਨ ਕਿ ਕਮਿਸ਼ਨ ਨੂੰ ਆਰਥਕ ਹਾਲਾਤ, ਵਿੱਤੀ ਅਨੁਸ਼ਾਸਨ, ਵਿਕਾਸ ਖਰਚੇ ਅਤੇ ਕਲਿਆਣ ਯੋਜਨਾਵਾਂ ਲਈ ਸਰੋਤਾਂ ਦੀ ਉਪਲੱਬਧਤਾ ਨੂੰ ਧਿਆਨ ਵਿੱਚ ਰੱਖਣਾ ਚਾਹੀਦਾ ਹੈ ਅਤੇ ਸਭ ਤੋਂ ਵੱਧ ਚਿੰਤਾਜਨਕ ਗੱਲ ਇਹ ਹੈ ਕਿ ਸਰਕਾਰ ਨੇ 'ਬਿਨਾਂ ਯੋਗਦਾਨ ਵਾਲੀ ਪੈਨਸ਼ਨ ਯੋਜਨਾ ਦੇ ਬਿਨਾਂ ਫੰਡ ਵਾਲੇ ਖਰਚੇ' ਦਾ ਹਵਾਲਾ ਦਿੱਤਾ ਹੈ। ਇਹ ਸਭ ਚੀਜ਼ਾਂ ਸਰਕਾਰ ਦੇ ਮਨ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਤੇਜੱਸਵੀ ਯਾਦਵ ਨੇ ਸੁੱਟਿਆ ਬੜਾ ਚੋਗਾ,
ਹਰ ਪਰਵਾਰ ਲਈ ਹੋਊ ਰੁਜ਼ਗਾਰ ਬੇਲੀ।
ਲਾਰੇ ਹੋਰ ਕੁਝ ਲਾਏ ਫਿਰ ਕਹਿਣ ਲੱਗਾ,
ਰਾਜ ਦੀ ਦੇਣੀ ਬੱਸ ਬਦਲ ਨੁਹਾਰ ਬੇਲੀ।
ਛੜੱਪਿਆਂ ਨਾਲ ਤਰੱਕੀ ਇਹ ਕਰੀ ਜਾਊ,
ਬਦਲਦਾ ਵੇਖ ਲਿਉ ਤੁਸੀਂ ਬਿਹਾਰ ਬੇਲੀ।
ਇੱਕੋ ਅਰਜ਼ ਉਸ ਕੀਤੀ ਬੱਸ ਵੋਟਰਾਂ ਨੂੰ,
ਬਦਲਿਉ ਰਾਜ ਦੀ ਤੁਸੀਂ ਸਰਕਾਰ ਬੇਲੀ।
ਹਰ ਇੱਕ ਘਰ ਨੂੰ ਆਖੇ ਰੁਜ਼ਗਾਰ ਦੇਣਾ,
ਵਾਅਦੇ ਪਹਿਲਾਂ ਵੀ ਸੁਣੇ ਆ ਬੜੇ ਬੇਲੀ।
ਗੱਦੀ ਮਿਲੀ ਤਾਂ ਜਾਂਦੇ ਇਹ ਭੁੱਲ ਵਾਅਦੇ,
ਰਹਿੰਦੇ ਲੋਕ ਫਿਰ ਸੜਕਾਂ 'ਤੇ ਖੜੇ ਬੇਲੀ।

-ਤੀਸ ਮਾਰ ਖਾਂ


LOVELY PROFESSIONAL UNIVERSITY
Transforming Education Transforming India
NAAC A++
INVITING PEOPLE FROM ACADEMIA
FOR PERMANENT (REGULAR) POSTS OF
PROFESSOR
ASSOCIATE PROFESSOR
ASSISTANT PROFESSOR
EDUCATION
for
ITEP PROGRAMMES
B.A/B.Sc/B.Com-B.Ed (Secondary Stage) & B.A-B.Ed (Middle Stage)
ISITEP PROGRAMMES
B.A/B.Sc/B.Com-B.Ed Spl. Edu. (Multiple Disabilities-FS)
B.A/B.Sc/B.Com-B.Ed Spl. Edu. (Multiple Disabilities-PS)
Facilities available-Residential, Medical, Transport, Pre-Primary School and Creche
The University reserves the right not to fill any of the above post(s)
Candidates should apply online at www.lpu.in/job
Call us at: 01824-520200 (Monday to Saturday) | 9am to 5pm
Jalandhar-Delhi G.T.Road, Phagwara (Punjab)-144411 | www.lpu.in





| Advances | Deposit | ROA | CASA | NNPA/Credit Cost | CAR |
|---|---|---|---|---|---|
| 17.7%/10.1% Y-o-Y/YTD* | 19.8%/12.0% Y-o-Y/YTD* | 1.3% Q2FY26 | 33.9% Q2FY26 | 1.4%/0.2% Q2FY26 | 24.2% Q2FY26 |

### Extract of Unaudited Financial Results for the Quarter and Half Year ended September 30, 2025

(₹ in lacs except otherwise stated)

| Sr. No. | Particulars | Quarter Ended | | | Half Year Ended | | Year Ended |
|---|---|---|---|---|---|---|---|
| | | September 30, 2025 | June 30, 2025 | September 30, 2024 | September 30, 2025 | September 30, 2024 | March 31, 2025 |
| | | Unaudited | Unaudited | Unaudited | Unaudited | Unaudited | Audited |
| 1. | Total Income from Operations | 27,960 | 26,996 | 24,929 | 54,956 | 48,436 | 99,452 |
| 2. | Net Profit/(Loss) for the period (before Tax, Exceptional and/or Extraordinary items) | 4,637 | 4,251 | 4,433 | 8,888 | 8,450 | 17,513 |
| 3. | Net Profit/(Loss) for the period before tax (after Exceptional and/or Extraordinary items) | 4,637 | 4,251 | 4,433 | 8,888 | 8,450 | 17,513 |
| 4. | Net Profit/(Loss) for the period after tax (after Exceptional and/or Extraordinary items) | 3,489 | 3,201 | 3,334 | 6,690 | 6,336 | 13,165 |
| 5. | Total Comprehensive Income for the period [Comprising Profit/(Loss) for the period (after tax) and Other Comprehensive Income (after tax)] [refer note (ii)] | - | - | - | - | - | - |
| 6. | Paid up Equity Share Capital | 4,529 | 4,525 | 4,507 | 4,529 | 4,507 | 4,525 |
| 7. | Reserves (excluding Revaluation Reserve) as shown in the Audited Balance sheet of the previous Year | | | | | | 1,29,489 |
| 8. | Securities Premium Account | 70,177 | 70,064 | 69,558 | 70,177 | 69,558 | 70,064 |
| 9. | Net worth[1] | 1,38,551 | 1,37,306 | 1,25,899 | 1,38,551 | 1,25,899 | 1,33,447 |
| 10. | Paid up Debt Capital / Outstanding Debt | 57,685 | 48,818 | 39,002 | 57,685 | 39,002 | 32,058 |
| 11. | Outstanding Redeemable Preference Shares[2] | - | - | - | - | - | - |
| 12. | Debt Equity Ratio[3] | 0.41 | 0.35 | 0.31 | 0.41 | 0.31 | 0.24 |
| 13 | Earnings per share (of ₹10/- each) (for continuing operations | | | | | | |
| | 13.1 Basic ₹ (non-annualised) | 7.70 | 7.08 | 7.41 | 14.78 | 14.07 | 29.18 |
| | 13.2 Diluted ₹ (non-annualised) | 7.67 | 7.05 | 7.35 | 14.72 | 13.97 | 29.09 |
| 14. | Capital Redemption Reserve[4] | - | - | - | - | - | - |
| 15. | Debenture Redemption Reserve[4] | - | - | - | - | - | - |
| 16. | Debt Service Coverage Ratio[5] | - | - | - | - | - | - |
| 17. | Interest Service Coverage Ratio[5] | - | - | - | - | - | - |

[1] *Net worth is computed as per RBI Master Circular No. RBI/2015-16/70 DBR.No.Dir.BC.12/13.03.00/2015-16 on Exposure Norms dated July 1, 2015. Net worth also includes Available for Sale ('AFS') Reserve. Previous period figures have been recomputed accordingly.*
[2] *The Bank has not issued any redeemable preference shares.*
[3] *Debt-equity ratio means the ratio of total borrowings to share capital plus reserves & surplus.*
[4] *As per the Companies Act, 2013, the Bank is not required to create capital/debenture redemption reserve. However, the Bank has created Recovery Expense Fund Account with BSE Limited.*
[5] *Being a Banking Company, Disclosure is not applicable as per SEBI (Listing Obligations and Disclosure requirements) Regulations, 2015*

**Notes:**

(i) The above is an extract of the detailed format of quarter and year ended Financial Results filed with the Stock Exchanges under Regulation 33 & 52 read with Regulation 63(2) of the SEBI (Listing Obligations and Disclosure Requirements) Regulations, 2015. The full format of the quarter ended Financial Results are available on the websites of the Stock Exchanges, www.nseindia.com and www.bseindia.com and of the Bank www.capital.bank.in.

(ii) Information related to the total comprehensive income and other comprehensive income are not furnished as Ind AS is not yet made applicable to Bank.

(iii) The figures of the current quarter/corresponding previous quarter represent the difference between the year-to-date figures up to the end of the current quarter/corresponding previous quarter and the published figures up to the end of the previous quarter.

(iv) The other line items referred in Regulation 52(4) of the SEBI (Listing Obligations and Disclosure Requirements) Regulations, 2015, has been given hereunder:

| Sr. No. | Particulars | Quarter Ended | | | Half Year Ended | | Year Ended |
|---|---|---|---|---|---|---|---|
| | | September 30, 2025 | June 30, 2025 | September 30, 2024 | September 30, 2025 | September 30, 2024 | March 31, 2025 |
| | | Unaudited | Unaudited | Unaudited | Unaudited | Unaudited | Audited |
| 1 | Percentage of shares held by Government of India | - | - | - | - | - | - |
| 2 | Return on Assets[1] (annualised) | 1.26% | 1.18% | 1.40% | 1.22% | 1.33% | 1.35% |
| 3 | Operating Margin[2] | 18.12% | 19.02% | 19.35% | 18.56% | 18.74% | 18.65% |
| 4 | Net Profit Margin[3] | 12.48% | 11.86% | 13.37% | 12.17% | 13.08% | 13.24% |
| 5 | Total Debt to Total Assets[4] | 5.04% | 4.39% | 4.08% | 5.04% | 4.08% | 3.17% |
| 6 | Gross NPA (₹ in lacs) | 21,327 | 20,424 | 17,532 | 21,327 | 17,532 | 18,534 |
| 7 | Net NPA (₹ in lacs) | 10,748 | 10,178 | 8,544 | 10,748 | 8,544 | 9,184 |
| 8 | % of Gross NPA | 2.70% | 2.74% | 2.61% | 2.70% | 2.61% | 2.58% |
| 9 | % of Net NPA | 1.38% | 1.39% | 1.29% | 1.38% | 1.29% | 1.30% |
| 10 | Capital Adequacy Ratio (%) | 24.23% | 24.50% | 26.34% | 24.23% | 26.34% | 25.39% |
| 11 | Tier-I Ratio (%) | 20.91% | 21.11% | 22.19% | 20.91% | 22.19% | 21.71% |

[1] *Return on Assets means the ratio of profit after tax to average monthly total assets.*
[2] *Operating Margin means Operating profit before provisions and contingencies to the total income.*
[3] *Net Profit Margin means Net Profit to total income*
[4] *Total Debts to Total assets means the ratio of total borrowings to total assets.*

(v) The other line items referred in Regulation 52(4) of the SEBI (Listing Obligations and Disclosure Requirements) Regulations, 2015, pertinent disclosures have been made to the BSE Limited and National Stock Exchange of India Limited and can be accessed on the website of the Stock Exchange on www.bseindia.com , www.nseindia.com and the Bank on URL www.capital.bank.in.

(vi) The above result has been approved by the Board of Directors in its meeting held on October 29, 2025.

*H1FY26 over FY25

**Date:** October 29, 2025
**Place:** Jalandhar

For and on Behalf of the Board of Directors of
**Capital Small Finance Bank Limited**
Sd/-
**Sarvjit Singh Samra**
Managing Director & CEO
(DIN:00477444)

**Capital Small Finance Bank**

*Vishwas Se Vikas Tak*

**Capital Small Finance Bank Limited** (CIN: L65110PB1999PLC022634)
**Regd. & Head Office:** "MIDAS Corporate Park", 3rd Floor, 37 G.T. Road, Jalandhar, Punjab, INDIA - 144 001
**Tel.:** 0181-505 1111, 505 2222 | **E-mail:** investorrelations@capitalbank.co.in | www.capital.bank.in

Scan for detailed financials

Adfactors 544/25

# ਸਜ ਗਿਆ ਬਖ਼ਸ਼ੀਵਾਲਾ, ਦੌਲੇ ਸਿੰਘ ਵਾਲਾ ਪੁਸਤਕ ਪ੍ਰਦਰਸ਼ਨੀ ਪੰਡਾਲ

**ਜਲੰਧਰ (ਕੇਸਰ)**

34ਵਾਂ ‘ਮੇਲਾ ਗ਼ਦਰੀ ਬਾਬਿਆਂ ਦਾ’ ਦੀਆਂ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਚੱਲ ਰਹੀਆਂ ਹਨ। ਇਸ ਤਿੰਨ ਰੋਜ਼ਾ ਮੇਲੇ ‘ਬਖ਼ਸ਼ੀਵਾਲਾ ਦੌਲੇਸਿੰਘ ਵਾਲਾ ਪੁਸਤਕ ਪ੍ਰਦਰਸ਼ਨੀ ਪੰਡਾਲ’ ਪੂਰੀ ਤਰ੍ਹਾਂ ਸਜ ਚੁੱਕਾ ਹੈ। ਪੰਡਾਲ ਵਿਚ ਬੁੱਧਵਾਰ ਤੋਂ ਹੀ ਟੇਬਲਾਂ ਦੀ ਸਜਾਵਟ ਕਰ ਦਿੱਤੀ ਗਈ। ਇਸ ਪੁਸਤਕ ਪ੍ਰਦਰਸ਼ਨੀ ਵਿਚ ਜੰਮੂ ਕਸ਼ਮੀਰ, ਉੱਤਰ ਪ੍ਰਦੇਸ਼, ਉੱਤਰਾਖੰਡ, ਰਾਜਸਥਾਨ, ਹਰਿਆਣਾ, ਦਿੱਲੀ ਅਤੇ ਪੰਜਾਬ ਭਰ ਵਿੱਚੋਂ ਲੱਗਭੱਗ 100 ਦੇ ਕਰੀਬ ਪ੍ਰਕਾਸ਼ਕ ਅਤੇ ਪੁਸਤਕ ਵਿਕਰੇਤਾਵਾਂ ਦੀਆਂ ਅਰਜ਼ੀਆਂ ਦਾਖ਼ਲ ਹੋ ਚੁੱਕੀਆਂ ਹਨ। ਮੇਲੇ ਨੂੰ ਲੈ ਕੇ ਲੇਖਕਾਂ, ਪ੍ਰਕਾਸ਼ਕਾਂ ਅਤੇ ਪੁਸਤਕ ਵਿਕਰੇਤਾਵਾਂ ਵਿਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਪ੍ਰਕਾਸ਼ਕ ਅਤੇ ਲੇਖਕ ਆਪਣੀਆਂ ਨਵੀਆਂ ਪੁਸਤਕਾਂ ਰਿਲੀਜ਼ ਕਰਨ ਲਈ ਉਤਾਵਲੇ ਨਜ਼ਰ ਆ ਰਹੇ ਹਨ।




ਜ਼ਿਕਰਯੋਗ ਹੈ ਕਿ ਪਿਛਲੇ ਦੋ ਸਾਲਾਂ ਤੋਂ ਲੇਖਕ, ਪੁਸਤਕ ਵਿਕਰੇਤਾ ਅਤੇ ਪਾਠਕਾਂ ਦੀ ਸਾਂਝ ਪੀਢੀ ਕਰਨ ਲਈ ਕਮੇਟੀ ਵੱਲੋਂ ਇਕ ਪੈਨਲ ਡਿਸਕਸ਼ਨ ਦਾ ਸਿਲਸਿਲਾ ਸ਼ੁਰੂ ਕੀਤਾ ਗਿਆ, ਜੋ ਪੁਸਤਕ ਪ੍ਰਦਰਸ਼ਨੀ ਦਾ ਸਿਖ਼ਰ ਹੋ ਨਿਬੜਦਾ ਹੈ। ਇਸ ਪੈਨਲ ਡਿਸਕਸ਼ਨ ਵਿਚ ਇਸ ਵਾਰ ਮੈਗਜ਼ੀਨ ‘ਮੰਤਵ’ ਦੇ ਸੰਪਾਦਕ ਸ੍ਰੀ ਵਿਸ਼ਾਲ, ਉੱਘੇ ਕਵੀ ਮੱਖਣ ਮਾਨ ਤੋਂ ਇਲਾਵਾ ਸ਼ਹੀਦ ਭਗਤ ਸਿੰਘ ਬੁੱਕ ਸੈਂਟਰ ਦੀਵਾਨਾ ਦੇ ਸੰਚਾਲਕ ਵਰਿੰਦਰ ਦੀਵਾਨਾ ਅਤੇ ਆਰਟ ਪਬਲੀਕੇਸ਼ਨ ਦੀ ਇੰਚਾਰਜ ਪ੍ਰੀਤੀ ਸ਼ੈਲੀ ਤੋਂ ਇਲਾਵਾ ਜਨ ਚੇਤਨਾ ਪ੍ਰਕਾਸ਼ਨ (ਲਖਨਊ) ਦੇ ਵਰਸ਼ਾਲੀ ਸ਼ਿਰਕਤ ਕਰਨਗੇ। ਉਮੀਦ ਹੈ ਇਨ੍ਹਾਂ ਦੇ ਵਿਚਾਰ ਪਾਠਕਾਂ ਲਈ ਸੋਨੇ ’ਤੇ ਸੁਹਾਗੇ ਦਾ ਕੰਮ ਕਰਨਗੇ। ਨਾਟਕਾਂ ਭਰੀ ਰਾਤ ਵੇਲੇ ਦੂਰਦਰਸ਼ਨ ਦੇ ਸਾਬਕਾ ਨਿਰਦੇਸ਼ਕ ਹਰਜੀਤ ਦੁਆਰਾ ਲਿਖਿਆ ਕੇਵਲ ਧਾਲੀਵਾਲ ਦੀ ਨਿਰਦੇਸ਼ਨਾ ’ਚ ਨਾਟਕ ਹੋਵੇਗਾ ‘ਸਾਂਦਲ ਬਾਰ’, ਮਾਲਾ ਹਾਸ਼ਮੀ ਨਵੀਂ ਦਿੱਲੀ ਤੋਂ ਆਪਣੀ ਜਨ ਨਾਟਿਆ ਮੰਚ ਮੰਡਲੀ ਵੱਲੋਂ ਫਿਰਕਾਪ੍ਰਸਤੀ, ਗੁੰਡਾਗਰਦੀ ਅਤੇ ਹਕੂਮਤੀ ਗੱਠਜੋੜ ਦਾ ਪਰਦਾਫਾਸ਼ ਕਰਦਾ ਨਾਟਕ ਪੇਸ਼ ਕਰਨਗੇ। ਸੰਗੀਤਾ ਗੁਪਤਾ ਚੰਡੀਗੜ੍ਹ ਦੀ ਨਿਰਦੇਸ਼ਨਾ ’ਚ ਨਾਟਕ ਹੋਵੇਗਾ ‘ਮੁਝੇ ਪੰਖ ਦੇ ਦੋ’ ਡਾ. ਸਾਹਿਬ ਸਿੰਘ ਦੁਆਰਾ ਰਚਿਤ ਅਤੇ ਨਿਰਦੇਸ਼ਤ ਨਾਟਕ ਹੋਵੇਗਾ, ‘ਤੂੰ ਅਗਲਾ ਵਰਕਾ ਫੋਲ’। ਹੜ੍ਹ ਪੀੜਤਾਂ ਨਾਲ ਹਾਕਮਾਂ ਵੱਲੋਂ ਕੀਤੇ ਜਾ ਰਹੇ ਕੋਝੇ ਮਜ਼ਾਕ ਉੱਪਰ ਵਿਅੰਗ ਕੱਸਦਾ ਗੁਰਸ਼ਰਨ ਸਿੰਘ ਦਾ ਨਾਟਕ ‘ਰਾਹਤ’ ਖੇਡੇਗਾ। ਇਕੱਤਰ ਅਤੇ ਇਪਟਾ ਮੋਗਾ ਅਵਤਾਰ ਚੜਿੱਕ ਅਤੇ ਸਾਥੀ ਨਿਵੇਕਲਾ ਰੰਗ ਭਰਨਗੇ, ‘ਭੰਡ ਆਏ ਮੇਲੇ ’ਤੇ’। ਮੇਲੇ ’ਚ ਸੰਗੀਤ ਦੀਆਂ ਸੁਰਾਂ ਛੇੜਨਗੇ ਛੱਤੀਸਗੜ੍ਹ ਤੋਂ ‘ਰੇਲਾ ਸੰਗੀਤਕ ਗਰੁੱਪ’, ਦਸਤਕ ਸੱਭਿਆਚਾਰਕ ਮੰਚ (ਸਾਰਾ), ਲੋਕ ਸੰਗੀਤ ਮੰਡਲੀ ਭਦੌੜ (ਮਾਸਟਰ ਰਾਮ ਕੁਮਾਰ), ਇਨਕਲਾਬੀ ਕਵੀਸ਼ਰੀ ਜੱਥਾ ਰਸੂਲਪੁਰ (ਸਵਰਨ ਧਾਲੀਵਾਲ ਅਤੇ ਸਾਥੀ) ਲੋਕ ਸੰਗੀਤ ਮੰਡਲੀ ਮਸਾਣੀ (ਧਰਮਿੰਦਰ ਮਸਾਣੀ), ਲੋਕ ਸੰਗੀਤ ਮੰਡਲੀ ਗੜ੍ਹਦੀਵਾਲਾ (ਗੁਰਪਿੰਦਰ ਸਿੰਘ), ਗੁਲਾਮ ਅਲੀ, ਇਕਬਾਲ ਉਦਾਸੀ, ਨਰਗਿਸ, ਅਜਮੇਰ ਅਕਲੀਆ ਅਤੇ ਅੰਮ੍ਰਿਤਪਾਲ ਬੰਗੇ।

# ਖੇਡਾਂ ਦੇ ਰੰਗ ’ਚ ਰੰਗਿਆ ਜੀ ਬੀ ਇੰਟਰਨੈਸ਼ਨਲ ਸਕੂਲ ਦਾ ਵਿਹੜਾ

**ਨਾਭਾ (ਵਰਿੰਦਰ ਵਰਮਾ)** ਜੀ ਬੀ ਇੰਟਰਨੈਸ਼ਨਲ ਸਕੂਲ ਵਿੱਚ ਚੇਅਰਮੈਨ ਸੰਦੀਪ ਬਾਂਸਲ ਦੀ ਅਗਵਾਈ ਹੇਠ ਖੇਡ ਸਮਾਰੋਹ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਮੁੱਖ ਮਹਿਮਾਨ ਸੁਖਜਿੰਦਰ ਸਿੰਘ ਟਿਵਾਣਾ ਤਹਿਸੀਲਦਾਰ ਵੱਲੋਂ ਦੀਪ ਜਗ੍ਹਾ ਕਰਕੇ ਕੀਤੀ ਗਈ।ਇਸ ਤੋਂ ਬਾਅਦ ਸਕੂਲ ਦੀ ਪ੍ਰਾਰਥਨਾ



ਦੇ ਮਿੱਠੇ ਸੁਰਾਂ ਨਾਲ ਸਮਾਰੋਹ ਦੀ ਸ਼ੁਰੂਆਤ ਹੋਈ।ਮੁੱਖ ਮਹਿਮਾਨ ਨੇ ਝੰਡਾ ਲਹਿਰਾਉਣ ਦੀ ਰਸਮ ਨਿਭਾਈ ਤੇ ਖੇਡ ਕਪਤਾਨ ਵੱਲੋਂ ਮਿਸ਼ਾਲ ਜਗਾਉਣ ਤੇ ਸਹੁੰ ਚੁੱਕ ਸਮਾਰੋਹ ਕਰਾਇਆ ਗਿਆ, ਜਿਸ ਵਿੱਚ ਸਕੂਲ ਦੇ ਸਾਰੇ ਪ੍ਰਤੀਭਾਗੀਆਂ ਨੇ ਇਮਾਨਦਾਰੀ ਤੇ ਖੇਡ-ਭਾਵਨਾ ਨਾਲ ਮੁਕਾਬਲਿਆਂ ਵਿੱਚ ਭਾਗ ਲੈਣ ਦੀ ਸਹੁੰ ਚੁੱਕੀ। ਇਸ ਤੋਂ ਬਾਅਦ ਸਾਰੇ ਹਾਊਸਾਂ ਦੀਆਂ ਟੀਮਾਂ ਨੇ ਅਨੁਸ਼ਾਸਨ ਤੇ ਤਾਲਮੇਲ ਦਾ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪ੍ਰਭਾਵਸ਼ਾਲੀ ਮਾਰਚ ਪਾਸਟ ਪੇਸ਼ ਕੀਤਾ।ਸਮਾਰੋਹ ਦੌਰਾਨ ਪੰਜਾਬੀ ਸੱਭਿਆਚਾਰ ਦੀ ਝਲਕ ਦਿਖਾਉਂਦਿਆਂ ਵਿਦਿਆਰਥਣਾਂ ਨੇ ਮਨਮੋਹਕ ਗਿੱਧਾ ਨਾਚ ਪੇਸ਼ ਕੀਤਾ। ਦਿਨ ਭਰ ਚੱਲੇ ਖੇਡ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ 100 ਮੀਟਰ ਦੌੜ, 200 ਮੀਟਰ ਦੌੜ, 400 ਮੀਟਰ ਦੌੜ, ਸ਼ਾਟ ਪੁੱਟ, ਗੀਲੇ ਰੇਸ, ਉੱਚੀ ਛਲਾਂਗ, ਲੰਮੀ ਛਲਾਂਗ, ਰੱਸਾਕਸ਼ੀ ਆਦਿ ਖੇਡਾਂ ਵਿੱਚ ਆਪਣੀ ਪ੍ਰਤਿਭਾ ਦਿਖਾਈ। ਸੁਖਜਿੰਦਰ ਟਿਵਾਣਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖੇਡਾਂ ਸਿਰਫ਼ ਮੁਕਾਬਲਾ ਨਹੀਂ, ਸਗੋਂ ਜੀਵਨ ਦਾ ਇਕ ਪਾਠ ਹਨ, ਜੋ ਸਾਨੂੰ ਅਨੁਸ਼ਾਸਨ, ਟੀਮ ਵਰਕ ਤੇ ਹਾਰ ਤੋਂ ਸਿੱਖ ਕੇ ਅੱਗੇ ਵਧਣਾ ਸਿਖਾਉਂਦੀਆਂ ਹਨ।ਇਹ ਸਾਡੇ ਨੌਜਵਾਨ ਖਿਡਾਰੀਆਂ ਦੀ ਪ੍ਰਤਿਭਾ, ਮਿਹਨਤ ਤੇ ਖੇਡ-ਭਾਵਨਾ ਦਾ ਤਿਉਹਾਰ ਹੈ।ਸਕੂਲ ਪ੍ਰਿੰਸੀਪਲ ਡਾ. ਇੰਦਰਜੀਤ ਪਾਲ ਕੌਰ ਗਰੇਵਾਲ ਨੇ ਜੇਤੂਆਂ ਨੂੰ ਤਗਮੇ ਪ੍ਰਦਾਨ ਕਰਦਿਆਂ ਕਿਹਾ ਕਿ ਖੇਡ ਸਿਰਫ਼ ਸਰੀਰਕ ਤੰਦਰੁਸਤੀ ਦਾ ਆਧਾਰ ਨਹੀਂ, ਸਗੋਂ ਇਹ ਸਾਨੂੰ ਅਨੁਸ਼ਾਸਨ, ਟੀਮ ਵਰਕ ਅਤੇ ਆਤਮ ਵਿਸ਼ਵਾਸ ਦੇ ਮੁੱਲ ਵੀ ਸਿਖਾਉਂਦੀਆਂ ਹਨ।ਸਕੂਲ ਦੀ ਉਪ ਪ੍ਰਿੰਸੀਪਲ ਸ਼੍ਰੀਮਤੀ ਦਿਵਿਆ ਸ਼ਰਮਾ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਆਪਣੇ ਜੀਵਨ ਵਿੱਚ ਖੇਡਾਂ ਨੂੰ ਆਪਣੀ ਰੋਜ਼ਾਨਾ ਦੀ ਰੁਟੀਨ ਦਾ ਹਿੱਸਾ ਬਣਾਉਣ।

## ਹੈਲੋਵੀਨ ਵਰਗੇ ਤਿਉਹਾਰ ਮਨਾਉਣ ਵਾਲੇ ਸਕੂਲ ਪੰਜਾਬ ਦੀ ਅਮੀਰ ਵਿਰਾਸਤ ਨੂੰ ਨਾ ਭੁੱਲਣ

**ਜਗਰਾਉਂ (ਅਮਿਤ ਖੰਨਾ)** ਪੰਜਾਬ ਦੇ ਸਕੂਲਾਂ ਵਿੱਚ ਆਏ ਦਿਨ ਹੈਲੋਵੀਨ ਵਰਗੇ ਤਿਉਹਾਰ ਮਨਾਉਣ ਦੀਆਂ ਖਬਰਾਂ ਆ ਰਹੀਆਂ ਹਨ, ਜਦਕਿ ਹੈਲੋਵੀਨ ਦਾ ਤਿਉਹਾਰ ਸਾਡੇ ਵਿਰਸੇ ਦਾ ਹਿੱਸਾ ਨਹੀਂ। ਸਕੂਲਾਂ ’ਚ ਅਜਿਹੇ ਵਿਦੇਸ਼ੀ ਤਿਉਹਾਰ ਮਨਾ ਕੇ ਆਉਣ ਵਾਲੀ ਪੀੜ੍ਹੀ ਦੀ ਮਾਨਸਿਕਤਾ ਨੂੰ ਗ਼ਲਤ ਦਿਸ਼ਾ ਦਿੱਤੀ ਜਾ ਰਹੀ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਪ੍ਰਿੰਸੀਪਲ ਬਲਦੇਵ ਬਾਵਾ ਨੇ ਕਿਹਾ ਕਿ ਅਸੀਂ ਪੰਜਾਬ ਦੀ ਧਰਤੀ ਉੱਪਰ ਜਨਮ ਲਿਆ ਹੈ ਤੇ ਸਾਨੂੰ ਪੰਜਾਬ, ਪੰਜਾਬੀ ਤੇ ਪੰਜਾਬੀਅਤ ਤੇ ਮਾਣ ਹੋਣਾ ਚਾਹੀਦਾ ਹੈ। ਪੰਜਾਬ ਦੀ ਅਮੀਰ ਵਿਰਾਸਤ ਬਹੁਤ ਵਿਸ਼ਾਲ ਹੈ।ਆਏ ਦਿਨ ਮਹੱਤਵਪੂਰਨ ਤਿਉਹਾਰ ਆਉਂਦੇ ਹਨ, ਜਿਨ੍ਹਾਂ ਦਾ ਸਬੰਧ ਪੰਜਾਬ ਦੀ ਧਰਤੀ, ਪੰਜਾਬ ਦੀ ਵਿਰਾਸਤ, ਪੰਜਾਬ ਦੇ ਸੱਭਿਆਚਾਰ ਨਾਲ ਹੁੰਦਾ ਹੈ।ਸਾਨੂੰ ਆਪਣੇ ਸੱਭਿਆਚਾਰ ਦੇ ਤਿਉਹਾਰ ਵਧ-ਚੜ੍ਹ ਕੇ ਮਨਾਉਣੇ ਚਾਹੀਦੇ ਹਨ ਤਾਂ ਜੁ ਆਪਣੀ ਵਿਰਾਸਤ ਦੇ ਸੰਸਕਾਰ ਤੇ ਸੱਭਿਆਚਾਰ ਅਸੀਂ ਆਪਣੀ ਆਉਣ ਵਾਲੀ ਪੀੜ੍ਹੀ ਨੂੰ ਦੇ ਸਕੀਏ।

# ਠੁੱਲ੍ਹੀਵਾਲ ਵਿਖੇ ਪਰਾਲੀ ਸਾੜਨ ਨੂੰ ਰੋਕਣ ਪਹੁੰਚੀ ਟੀਮ ਦਾ ਕਿਸਾਨਾਂ ਵੱਲੋਂ ਘਿਰਾਓ

**ਮਹਿਲ ਕਲਾਂ (ਬਲਵਿੰਦਰ ਵਜੀਦਕੇ,ਪ੍ਰਦੀਪ ਲੋਹਗੜ੍ਹ)**- ਪਿੰਡ ਠੁੱਲ੍ਹੀਵਾਲ (ਬਰਨਾਲਾ) ਵਿਖੇ ਉਸ ਵੇਲੇ ਸਥਿਤੀ ਗੰਭੀਰ ਬਣ ਗਈ ਜਦੋਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਰਾਲੀ ਸਾੜਨ ’ਤੇ ਰੋਕ ਲਗਾਉਣ ਲਈ ਬਣਾਈ ਟੀਮ ਦਾ ਕਿਸਾਨਾਂ ਨੇ ਘਿਰਾਓ ਕਰ ਲਿਆ। ਇਸ ਮੌਕੇ ਜੇ.ਈ. ਕਰਮਜੀਤ ਸਿੰਘ ਬੀਹਲਾ ਦੀ ਅਗਵਾਈ ਹੇਠ ਖੇਤੀਬਾੜੀ ਵਿਭਾਗ ਦੇ ਇੰਸਪੈਕਟਰ ਸੁਨੀਲ ਕੁਮਾਰ ਗਰਗ, ਨੋਡਲ ਅਫਸਰ ਟੇਕ ਚੰਦ ਨਹਿਰੀ ਪਟਵਾਰੀ, ਸਹਾਇਕ ਲਾਈਨਮੈਨ ਬਲਜਿੰਦਰ ਸਿੰਘ ਅਧਾਰਤ ਟੀਮ ਖੇਤਾਂ ਵਿੱਚ ਅੱਗ ਲੱਗਣ ਦੀ ਸੂਹ ਮਿਲਣ ’ਤੇ ਪਹੁੰਚੀ ਸੀ। ਇਸ ਮੌਕੇ ਸਥਿਤੀ ਦੇ ਮੱਦੇਨਜ਼ਰ ਥਾਣਾ ਠੁੱਲ੍ਹੀਵਾਲ ਦੇ ਮੁੱਖ ਅਫ਼ਸਰ ਬਲਵਿੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਪੁਲਸ ਪਾਰਟੀ ਵੀ ਹਾਜ਼ਰ ਸੀ। ਇਸ ਮੌਕੇ ਟੀਮ ਦੇ ਪੁੱਜਣ ਦਾ ਪਤਾ ਲੱਗਦਿਆ ਹੀ ਕਿਸਾਨਾਂ ਵੱਲੋਂ ਭਾਕਿਯੂ ਉਗਰਾਹਾਂ ਦੇ ਮੇਵਾ ਸਿੰਘ ਸਿੱਧੂ ਦੀ ਅਗਵਾਈ ਹੇਠ ਜਥੇਬੰਦੀ ਨੇ ਟੀਮ ਅਧਿਕਾਰੀਆਂ ਦੀਆਂ ਗੱਡੀਆਂ ਨੂੰ ਅੱਗੋਂ ਘੇਰ ਕੇ ਘਿਰਾਓ ਕੀਤਾ। ਇਸ ਮੌਕੇ ਸੂਬਾ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ



ਕੀਤੀ। ਕਿਸਾਨ ਆਗੂਆਂ ਨੇ ਦੋਸ਼ ਲਗਾਇਆ ਕਿ ਸਰਕਾਰ ਕਿਸਾਨਾਂ ਨੂੰ ਬਿਨਾਂ ਲੋੜੀਂਦੀ ਸਹੂਲਤ ਦਿੱਤੇ ਪਰਾਲੀ ਨਾ ਸਾੜਨ ਦਾ ਦਬਾਅ ਬਣਾ ਰਹੀ ਹੈ। ਜਦ ਕਿ ਹੋਰ ਕੋਈ ਰਾਹ ਨਾ ਹੋਣ ਕਾਰਨ ਕਿਸਾਨ ਪਰਾਲੀ ਸਾੜਨ ਲਈ ਮਜਬੂਰ ਹਨ। ਉਨ੍ਹਾਂ ਮੰਗ ਕੀਤੀ ਕਿ ਪਰਾਲੀ ਨਿਪਟਾਰੇ ਦਾ ਢੁਕਵਾਂ ਪ੍ਰਬੰਧ ਤੇ ਮੁਆਵਜ਼ਾ ਦਿੱਤਾ ਜਾਵੇ। ਇਸ ਮੌਕੇ ਭਾਕਿਯੂ ਉਗਰਾਹਾਂ ਦੇ ਨਾਜਰ ਸਿੰਘ ਧਾਲੀਵਾਲ, ਭੋਲਾ ਸਿੰਘ, ਜਸਬੀਰ ਸਿੰਘ ਠੁੱਲ੍ਹੀਵਾਲ ਨੇ ਕਿਹਾ ਕਿ ਜੇ ਕਿਸਾਨਾਂ ’ਤੇ ਕੋਈ ਕਾਰਵਾਈ ਕੀਤੀ ਗਈ ਤਾਂ ਜਥੇਬੰਦੀ ਵੱਲੋਂ ਟ੍ਰੈਫਿਕ ਜਾਮ ਕਰਕੇ ਅਗਲਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ।ਇਸ ਮੌਕੇ ਕਲਸਟਰ ਵਜ਼ੀਦਕੇ ਕਲਾਂ ਭੂਮੀ ਰੱਖਿਆ ਅਧਿਕਾਰੀ ਸੌਰਵ ਕੁਮਾਰ ਨੇ ਕਿਸਾਨ ਆਗੂਆਂ ਨਾਲ ਗੱਲਬਾਤ ਕਰਕੇ ਕਿਸਾਨਾਂ ਤੇ ਪ੍ਰਸ਼ਾਸਨ ਵਿੱਚ ਸਹਿਮਤੀ ਹੋਣ ਉਪਰੰਤ ਵਿਸ਼ਵਾਸ ਦਿਵਾਇਆ ਕਿ ਸੁਪਰੀਮ ਕੋਰਟ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਕਿਸੇ ਵੀ ਕਿਸਾਨ ਨਾਲ ਬੇਇਨਸਾਫੀ ਨਹੀਂ ਹੋਣ ਦਿੱਤੀ ਜਾਵੇਗੀ। ਇਸ ਮੌਕੇ ਅਮਰੀਕ ਸਿੰਘ, ਮੇਜਰ ਸਿੰਘ, ਮੱਘਰ ਸਿੰਘ, ਪਿਆਰਾ ਸਿੰਘ, ਡਕੌਂਦਾ ਧਨੇਰ ਗਰੁੱਪ ਦੇ ਰਾਮ ਸਿੰਘ ਸੋਹੀ , ਇਸਤਰੀ ਆਗੂ ਸੁਖਦੇਵ ਕੌਰ, ਬਲਜੀਤ ਕੌਰ ਆਦਿ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

# ਲਾਲਾ ਕਸਤੂਰੀ ਲਾਲ ਵਿੱਦਿਆ ਮੰਦਰ ਨੇ ਮੁਕਾਬਲਿਆਂ ’ਚ ਪਹਿਲਾ ਸਥਾਨ ਕੀਤਾ ਹਾਸਲ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿਦਿਆ ਮੰਦਰ, ਰਾਮਪੁਰਾ ਫੂਲ



ਪਰਵਾਰ ਲਈ ਇਹ ਗੌਰਵ ਦੀ ਗੱਲ ਹੈ ਕਿ ਵਿਦਿਆਲੇ ਦੇ ਕਿਸ਼ੋਰ ਵਰਗ ਦੀ ਟੀਮ ਨੇ ਖੇਤਰੀ ਵਿਗਿਆਨ, ਗਣਿਤ ਅਤੇ ਸੰਗਣਕ ਮੇਲੇ ਵਿੱਚ ਵੈਦਿਕ ਗਣਿਤ ਕਵਿਜ਼ ਅਤੇ ਕੰਪਿਊਟਰ ਕਵਿਜ਼ ਦੋਵੇਂ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ।ਇਹ ਮੁਕਾਬਲਾ ਅਖਿਲ ਭਾਰਤੀ ਸਰਵਹਿਤਕਾਰੀ ਸ਼ਿਕਸ਼ਾ ਸੰਸਥਾਨ ਵੱਲੋਂ 25 ਤੋਂ 27 ਅਕਤੂਬਰ ਤੱਕ ਚੰਡੀਗੜ੍ਹ (ਸੈਕਟਰ 40-4) ਵਿੱਚ ਆਯੋਜਿਤ ਕੀਤਾ ਗਿਆ ਸੀ।ਵਿਦਿਆਰਥੀਆਂ ਨੇ ਵੈਦਿਕ ਗਣਿਤ ਦੇ ਗੂੜ੍ਹੇ ਸੂਤਰਾਂ ਅਤੇ ਤੇਜ਼ ਗਿਣਤੀ ਦੀਆਂ ਵਿਧੀਆਂ ਦਾ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਹੋਰ ਸਭ ਟੀਮਾਂ ਨੂੰ ਪਿੱਛੇ ਛੱਡ ਦਿੱਤਾ। ਇਸ ਮੌਕੇ ਵਿਦਿਆਰਥੀਆਂ ਦੇ ਨਾਲ ਕੋਆਰਡੀਨੇਟਰ ਭੈਆ ਅਨਮੋਲ ਕੌਸ਼ਲ ਅਤੇ ਕੰਪਿਊਟਰ ਇੰਚਾਰਜ ਦੀਦੀ ਸ਼ਵੇਤਾ ਮੌਂਗਾ ਮੌਜੂਦ ਸਨ।ਸਕੂਲ ਦੀ ਪ੍ਰਬੰਧਕ ਕਮੇਟੀ, ਪ੍ਰਿੰਸੀਪਲ ਰਪਿੰਦਰ ਪਟਿਆਲ ਅਤੇ ਸਮੂਹ ਸਟਾਫ਼ ਨੇ ਜੇਤੂ ਵਿਦਿਆਰਥੀਆਂ ਦੇ ਨਾਲ ਨਾਲ ਕੰਪਿਊਟਰ ਇੰਚਾਰਜ ਦੀਦੀ ਸ਼ਵੇਤਾ ਮੰਗਾ ਅਤੇ ਵੈਦਿਕ ਗਣਿਤ ਅਤੈ ਗਣਿਤ ਦੇ ਇੰਚਾਰਜ ਅਧਿਆਪਕ ਰਵੀ ਕੁਮਾਰ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਚਮਕਦਾਰ ਭਵਿੱਖ ਲਈ ਸ਼ੁੱਭਕਾਮਨਾਵਾਂ ਪ੍ਰਗਟ ਕੀਤੀਆਂ।

# ਗੁਰੂ ਨਾਨਕ ਨੈਸ਼ਨਲ ਕਾਲਜ ’ਚ ਆਤਮ-ਰੱਖਿਆ ਸਿਖਲਾਈ ਵਰਕਸ਼ਾਪ ਲਗਾਈ



**ਦੋਰਾਹਾ (ਹਰਮਿੰਦਰ ਸੇਠ)**- ਗੁਰੂ ਨਾਨਕ ਨੈਸ਼ਨਲ ਕਾਲਜ, ਦੋਰਾਹਾ ਵਿਖੇ ਚੱਲ ਰਹੇ ਐੱਨ ਐੱਸ ਐੱਸ ਕੈਂਪ ਦੇ ਚੌਥੇ ਦਿਨ ‘ਆਤਮ ਰੱਖਿਆ ਅਤੇ ਯੁੱਧ ਨਸ਼ਿਆ ਵਿਰੁੱਧ’ ਵਿਸ਼ੇ ਉੱਤੇ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਵਿੱਚ ਆਪਣੀਆਂ ਪ੍ਰਾਪਤੀਆਂ ਨਾਲ ਗਿੰਨੀਜ਼ ਬੁੱਕ ਆਫ਼ ਵਰਲਡ ਰਿਕਾਰਡ ਵਿੱਚ ਨਾਂਅ ਦਰਜ ਕਰਵਾ ਚੁੱਕੇ ਨਾਮਵਰ ਖਿਡਾਰੀ ਅਤੇ ਮਾਰਸ਼ਲ ਆਰਟਸ ਦੇ ਮਾਹਿਰ ਹਰਪ੍ਰੀਤ ਸਿੰਘ ਉਰਫ਼ ਵਿੱਕੀ ਦਿਓਲ ਨੇ ਮੁੱਖ ਵਕਤਾ ਵਜੋਂ ਸ਼ਿਰਕਤ ਕੀਤੀ। ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਅਤੇ ਐਗਜ਼ੀਕਿਊਟਿਵ ਮੈਂਬਰ ਰੁਪਿੰਦਰ ਕੌਰ ਬਰਾੜ ਉਚੇਚੇ ਤੌਰ ’ਤੇ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਏ। ਪ੍ਰੋਗਰਾਮ ਅਫ਼ਸਰ ਡਾ. ਲਵਲੀਨ ਬੈਂਸ, ਪ੍ਰੋ. ਅਮਨਦੀਪ ਚੀਮਾਂ ਅਤੇ ਡਾ. ਗੁਰਪ੍ਰੀਤ ਸਿੰਘ ਦੀ ਅਗਵਾਈ ਹੇਠ ਅਯੋਜਿਤ ਇਸ ਵਰਕਸ਼ਾਪ ਦੇ ਆਰੰਭ ਵਿੱਚ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਮੁੱਖ ਵਕਤਾ ਅਤੇ ਮਹਿਮਾਨਾਂ ਦਾ ਸਵਾਗਤ ਕੀਤਾ।ਇਸ ਮੌਕੇ ਡਾ. ਲਵਲੀਨ ਬੈਂਸ ਨੇ ਹਰਪ੍ਰੀਤ ਸਿੰਘ ਨਾਲ ਜਾਣ-ਪਛਾਣ ਕਰਵਾਉਂਦਿਆਂ ਉਨ੍ਹਾਂ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ। ਇਸ ਉਪਰੰਤ ਮੁੱਖ ਵਕਤਾ ਨੇ ਕਾਲਜ ਵਿਦਿਆਰਥੀਆਂ ਨੂੰ ਆਤਮ ਰੱਖਿਆ ਦੇ ਪੈਂਤੜੇ ਸਿਖਾਏ ਅਤੇ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਜੀਵਨ ਜਿਊਣ ਲਈ ਪ੍ਰੇਰਿਆ। ਵਰਕਸ਼ਾਪ ਦੇ ਅੰਤ ਵਿੱਚ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਮੁੱਖ ਵਕਤਾ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਮੰਚ ਸੰਚਾਲਨ ਦੀ ਭੂਮਿਕਾ ਡਾ. ਗੁਰਪ੍ਰੀਤ ਸਿੰਘ ਨੇ ਅਦਾ ਕੀਤੀ। ਇਸ ਕੈਂਪ ਦੇ ਆਯੋਜਨ ਵਿੱਚ ਪ੍ਰੋ. ਗੁਰਪ੍ਰੀਤ ਕੌਰ, ਪ੍ਰੋ. ਰੋਹਿਤ ਕੁਮਾਰ, ਪ੍ਰੋ. ਹਿਨਾ ਰਾਣੀ ਅਤੇ ਪ੍ਰੋ. ਸਿਮਰਨਜੀਤ ਕੌਰ ਨੇ ਯੋਗਦਾਨ ਪਾਇਆ।

## ਮਨੁੱਖਤਾ ਦੇ ਭਲੇ ਲਈ 35 ਯੂਨਿਟ ਖ਼ੂਨਦਾਨ

**ਪਟਿਆਲਾ (ਰਾਜਿੰਦਰ ਥਿੰਦ)** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਪਟਿਆਲਾ ਸ਼ਹਿਰੀ ਵੱਲੋਂ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਪੰਚਮੀ ਦੇ ਦਿਹਾੜੇ ਲੰਗਰ ਹਾਲ ਦੇ ਬਰਾਂਡੇ ਵਿਚ ਮਨੁੱਖਤਾ ਦੇ ਭਲੇ ਲਈ ਖ਼ੂਨਦਾਨ ਕੈਂਪ ਲਾਇਆ ਗਿਆ। ਕੈਂਪ ਸ਼ਹਿਰੀ ਪ੍ਰਧਾਨ ਅਮਿਤ ਸਿੰਘ ਰਾਠੀ ਵੱਲੋਂ ਹਰਮੀਤ ਸਿੰਘ ਬਡੂੰਗਰ ਸਾਬਕਾ ਪ੍ਰਧਾਨ ਬੀ. ਸੀ. ਵਿੰਗ ਪਟਿਆਲਾ ਸ਼ਹਿਰੀ ਦੀ ਅਗਵਾਈ ਹੇਠ ਲਾਇਆ ਗਿਆ, ਜਿਸ ਵਿੱਚ 35 ਵਲੰਟੀਅਰਾਂ ਨੇ



ਖ਼ੂਨਦਾਨ ਕੀਤਾ। ਖ਼ੂਨਦਾਨੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕਰਦਿਆਂ ਹਰਮੀਤ ਸਿੰਘ ਬਡੂੰਗਰ ਨੇ ਕਿਹਾ ਕਿ ਖ਼ੂਨ ਇੱਕ ਅਜਿਹਾ ਤਰਲ ਹੈ, ਜੋ ਕਿਸੇ ਫੈਕਟਰੀ ਜਾਂ ਕਾਰਖਾਨੇ ਵਿਚ ਨਹੀਂ ਬਣਦਾ।ਇਹ ਸਿਰਫ ਤੇ ਸਿਰਫ ਇਨਸਾਨੀ ਸਰੀਰ ਅੰਦਰ ਹੀ ਬਣਦਾ ਹੈ।ਜਿਸ ਨਾਲ ਕਿਸੇ ਲੋੜਵੰਦ ਮਰੀਜ਼ ਦੀ ਜਾਨ ਬਚਾਈ ਜਾ ਸਕਦੀ ਹੈ। ਕੈਂਪ ’ਚ ਗੁਰਜਿੰਦਰਪਾਲ ਸਿੱਧੂ ਤੇ ਬਲਵੀਰ ਕੌਰ (ਪਤੀ-ਪਤਨੀ), ਫ਼ਤਹਿ ਸਿੰਘ ਪਟਿਆਲਾ, ਗੁਰਿੰਦਰ ਸਿੰਘ ਸਨੌਰ, ਕਰਨੈਲ ਸਿੰਘ ਸੋਨੀ ਸਾਊਂਡ ਵਾਲਾ ਨੇ ਵੀ ਖ਼ੂਨਦਾਨ ਕੀਤਾ।

## ਬਿਜਲੀ ਅੱਠ ਘੰਟੇ ਬੰਦ ਰਹੇਗੀ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** 66 ਤਲਵੰਡੀ ਗਰਿੱਡ ਤੋਂ 11 ਕੇਵੀ ਸੈਦੋਕੇ ਕੇ ਯੂਪੀਐਸ ਫੀਡਰ ਦੀ ਸਪਲਾਈ ਸਵੇਰੇ 10 ਵਜੇ ਤੋਂ ਸ਼ਾਮ ਦੇ 6 ਵਜੇ ਤੱਕ ਜ਼ਰੂਰੀ ਮੇਂਟੀਨੈਸ ਤੇ ਸ਼ੈੱਰ ਡਾਊਨ ਹੋਣ ਕਾਰਨ ਬੰਦ ਰਹੇਗੀ। ਇਹ ਜਾਣਕਾਰੀ ਐਸ ਡੀ ਓ ਕਿਰਪਾਲ ਸਿੰਘ ਤੇ ਬੂਟਾ ਸਿੰਘ ਜੇਈ ਪੱਤੋਂ ਹੀਰਾ ਸਿੰਘ ਵੱਲੋਂ ਦਿੱਤੀ ਗਈ।

# ਪੰਜਾਬ ਦੀਆਂ ਮੰਡੀਆਂ ’ਚੋਂ 78 ਫੀਸਦੀ ਝੋਨੇ ਦੀ ਹੋਈ ਲਿਫਟਿੰਗ : ਬਰਸਟ

**ਸਮਾਣਾ (ਗੁਰਪਿਆਰ ਸਿੰਘ ਬੱਲ)** ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਦੱਸਿਆ ਕਿ ਪੰਜਾਬ ਰਾਜ ਦੀਆਂ ਸਮੂਹ ਮੰਡੀਆਂ ’ਚ ਝੋਨੇ ਦੀ ਆਮਦ ਤੇ ਖਰੀਦ ਦੇ ਕਾਰਜ ਨਿਰਵਿਘਨ ਚੱਲ ਰਹੇ ਹਨ ਤੇ ਲਿਫਟਿੰਗ ਵੀ ਤੇਜੀ ਨਾਲ ਹੋ ਰਹੀ ਹੈ।ਹੁਣ ਤੱਕ ਸੂਬੇ ਦੀਆਂ ਮੰਡੀਆਂ ਵਿੱਚੋਂ ਖਰੀਦੀ ਗਈ ਫ਼ਸਲ ਦੀ ਲਗਭਗ 78 ਫ਼ੀਸਦੀ ਲਿਫਟਿੰਗ ਹੋ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਸੂਬੇ ਦੀਆਂ ਮੰਡੀਆਂ ਵਿੱਚ ਹੁਣ ਤੱਕ 96.33 ਲੱਖ ਮੀਟ੍ਰਿਕ ਟਨ ਝੋਨੇ ਦੀ ਫਸਲ ਦੀ ਆਮਦ ਹੋਈ ਹੈ ਤੇ 93.24 ਲੱਖ ਮੀਟ੍ਰਿਕ ਟਨ ਦੀ ਖਰੀਦ ਹੋ ਚੁੱਕੀ ਹੈ, ਜਿਸ ਵਿੱਚੋਂ ਸਰਕਾਰੀ ਏਜੰਸੀਆਂ ਵੱਲੋਂ 93.05 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ ਤੇ ਹੁਣ ਤੱਕ ਮੰਡੀਆਂ ਵਿੱਚੋਂ ਲੱਗਭੱਗ 72.31 ਲੱਖ ਮੀਟ੍ਰਿਕ ਟਨ ਝੋਨੇ ਦੀ ਲਿਫਟਿੰਗ ਹੋ ਚੁੱਕੀ ਹੈ।ਹੁਣ ਤੱਕ ਕਿਸਾਨਾਂ ਨੂੰ ਕਰੀਬ 20,345 ਕਰੋੜ ਰੁਪਏ ਦੀ ਅਦਾਇਗੀ ਸਿੱਧਾ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਰਾਜ ਵਿੱਚ ਝੋਨੇ ਦੀ ਨਿਰਵਿਘਨ ਖਰੀਦ ਲਈ 152 ਮੁੱਖ ਯਾਰਡ, 283 ਸਬ ਯਾਰਡ ਤੇ 1387 ਖ੍ਰੀਦ ਕੇਂਦਰ ਘੋਸ਼ਿਤ ਕੀਤੇ ਗਏ ਹਨ ਅਤੇ ਕਿਸਾਨਾਂ ਦੀ ਸਹੂਲਤ ਲਈ 713 ਆਰਜੀ ਖਰੀਦ ਕੇਂਦਰ ਵੀ ਬਣਾਏ ਗਏ ਹਨ।ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਖਰੀਦੇ ਝੋਨੇ ਬਾਰੇ ਦੱਸਦਿਆਂ ਬਰਸਟ ਨੇ ਕਿਹਾ ਕਿ ਪਨਗ੍ਰੇਨ ਵੱਲੋਂ ਸਭ ਤੋਂ ਵੱਧ 39,06,227 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ।ਇਸੇ ਤਰ੍ਹਾਂ ਮਾਰਕਫੈਡ ਵੱਲੋਂ 23,91,000 ਮੀਟ੍ਰਿਕ ਟਨ, ਪਨਸਪ ਵੱਲੋਂ 19,05,121 ਮੀਟ੍ਰਿਕ ਟਨ, ਵੇਅਰ ਹਾਊਸ ਵੱਲੋਂ 10,75,930 ਮੀਟ੍ਰਿਕ ਟਨ, ਐਫ.ਸੀ.ਆਈ. ਵੱਲੋਂ 26,653 ਮੀਟ੍ਰਿਕ ਟਨ ਤੇ ਪ੍ਰਾਈਵੇਟ ਵਪਾਰੀਆਂ ਵੱਲੋਂ 19,572 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ ਪਟਿਆਲਾ ਜ਼ਿਲ੍ਹੇ ’ਚ ਸਭ ਤੋਂ ਵੱਧ 8,71,550 ਮੀਟ੍ਰਿਕ ਟਨ ਝੋਨੇ ਦੀ ਖਰੀਦ ਹੋਈ ਹੈ, ਜਦਕਿ ਦੂਜੇ ਨੰਬਰ ’ਤੇ ਤਰਨਤਾਰਨ ਵਿੱਚ 8,41,260 ਮੀਟ੍ਰਿਕ ਟਨ ਤੇ ਤੀਜੇ ਨੰਬਰ ’ਤੇ ਫ਼ਿਰੋਜ਼ਪੁਰ ਵਿੱਚ 7,22,910 ਮੀਟ੍ਰਿਕ ਟਨ ਝੋਨੇ ਦੀ ਖਰੀਦ ਹੋਈ ਹੈ। ਸੋਮਵਾਰ ਨੂੰ ਮੰਡੀਆਂ ’ਚ 6.22 ਲੱਖ ਮੀਟ੍ਰਿਕ ਟਨ ਝੋਨੇ ਦੀ ਫਸਲ ਦੀ ਆਮਦ ਹੋਈ ਹੈ, ਜਦਕਿ 6.06 ਲੱਖ ਮੀਟ੍ਰਿਕ ਟਨ ਦੀ ਖਰੀਦ ਹੋਈ ਹੈ ਤੇ 6.07 ਲੱਖ ਮੀਟ੍ਰਿਕ ਟਨ ਝੋਨੇ ਦੀ ਲਿਫਟਿੰਗ ਹੋਈ ਹੈ। ਚੇਅਰਮੈਨ ਨੇ ਕਿਹਾ ਕਿ ਸੂਬੇ ’ਚ ਆਏ ਭਿਆਨਕ ਹੜ੍ਹਾਂ ਅਤੇ ਖਰਾਬ ਮੌਸਮ ਕਾਰਨ ਕਿਸਾਨਾਂ ਨੂੰ ਬਹੁਤ ਵੱਡਾ ਨੁਕਸਾਨ ਹੋਇਆ ਹੈ।ਝੋਨੇ ਦੀ ਫਸਲ ਦਾ ਝਾੜ ਘੱਟ ਨਿਕਲ ਰਿਹਾ ਹੈ, ਜਿਸ ਕਰਕੇ ਕਿਸਾਨਾਂ ਦਾ ਵੱਡੇ ਪੱਧਰ ’ਤੇ ਨੁਕਸਾਨ ਹੋਇਆ ਹੈ।ਇਸ ਲਈ ਕੇਂਦਰ ਸਰਕਾਰ ਨੂੰ ਚਾਹੀਦਾ ਹੈ ਕਿ ਇਸ ਔਖੀ ਘੜੀ ਵਿੱਚ ਉਹ ਪੰਜਾਬ ਦੇ ਕਿਸਾਨਾਂ ਦੀ ਬਾਂਹ ਫੜੇ।ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਦੇ ਕਿਸਾਨਾਂ ਲਈ ਵਿਸ਼ੇਸ਼ ਪੈਕੇਜ ਜਾਰੀ ਕਰੇ, ਤਾਂ ਜੁ ਕਿਸਾਨਾਂ ਦੇ ਨੁਕਸਾਨ ਦੀ ਭਰਭਾਈ ਹੋ ਸਕੇ।ਉਨ੍ਹਾਂ ਕਿਹਾ ਕਿ ਸਾਉਣੀ ਖਰੀਦ ਸੀਜ਼ਨ 2025-26 ਦੌਰਾਨ ਮੰਡੀਆਂ ਵਿੱਚ ਲਿਫਟਿੰਗ ਸੁਚੱਜੇ ਢੰਗ ਨਾਲ ਹੋ ਰਹੀ ਹੈ।ਇਸ ਦਾ ਕਾਰਨ ਝੋਨੇ ਦੇ ਮੰਡੀ ਲੇਬਰ ਰੇਟਾਂ ਵਿੱਚ ਕੀਤਾ ਗਿਆ 10 ਫੀਸਦੀ ਵਾਧਾ ਹੈ, ਜਿਸ ਤੋਂ ਮੰਡੀ ਮਜਦੂਰ ਅਤੇ ਉਨ੍ਹਾਂ ਦੇ ਪਰਵਾਰ ਬਹੁਤ ਖੁਸ਼ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਦੇ ਨਾਲ ਖੜੀ ਹੈ ਤੇ ਕਿਸਾਨਾਂ ਦੀ ਫ਼ਸਲ ਦਾ ਦਾਣਾ-ਦਾਣਾ ਖ਼ਰੀਦਿਆਂ ਜਾਵੇਗਾ।ਮੰਡੀਆਂ ਵਿੱਚ ਆਪਣੀ ਫ਼ਸਲ ਲੈ ਕੇ ਆਉਣ ਵਾਲੇ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ, ਇਸਦੇ ਲਈ ਸੂਬੇ ਦੀਆਂ ਮੰਡੀਆਂ ਵਿੱਚ ਸਾਫ਼-ਸਫਾਈ, ਬਿਜਲੀ, ਪੀਣ ਯੋਗ ਪਾਣੀ, ਬਾਥਰੂਮਾਂ, ਛਾਂ ਤੇ ਬੈਠਣ ਆਦਿ ਦੇ ਪੁਖਤਾਂ ਪ੍ਰਬੰਧ ਕੀਤੇ ਗਏ ਹਨ, ਤਾਂ ਜੁ ਕਿਸਾਨ ਆਪਣੀ ਫਸਲ ਨੂੰ ਬਿਨਾਂ ਕਿਸੇ ਦੇਰੀ ਤੋਂ ਵੇਚ ਸਕਣ।

# ਬਿਜਲੀ ਕਾਮਿਆਂ ਨੇ ਮੰਗਾਂ ਨੂੰ ਲੈ ਕੇ ਕੀਤਾ ਰੋਸ ਪ੍ਰਦਰਸ਼ਨ

**ਸ਼੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)** ਪੰਜਾਬ ਰਾਜ ਬਿਜਲੀ ਬੋਰਡ ਇੰਪਲਾਈਜ ਜੁਆਇੰਟ ਫੋਰਮ ਤੇ ਏਕਤਾ ਮੰਚ ਪੰਜਾਬ ਦੇ ਸੱਦੇ ’ਤੇ ਸ੍ਰੀ ਮੁਕਤਸਰ ਸਾਹਿਬ ਸਰਕਲ ਅੱਗੇ ਰੋਸ ਪ੍ਰਦਰਸ਼ਨ ਕੀਤਾ ਗਿਆ।ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਬੁਲਾਰਿਆ ਨੇ ਪੰਜਾਬ ਸਰਕਾਰ ਅਤੇ ਦੋਨੋਂ ਪਾਵਰ ਕਾਰਪੋਰੇਸ਼ਨ ਮੈਨੇਜਮੈਂਟਾਂ ਵੱਲੋਂ ਬਿਜਲੀ ਬੋਰਡ



ਦੀਆਂ ਸਰਕਾਰੀ ਜਾਇਦਾਦਾਂ ਨੂੰ ਵੇਚਣ ਦੀ ਸਖਤ ਨਿਖੇਧੀ ਕਰਦਿਆਂ ਕਿਹਾ ਕਿ ਇਹ ਸਭ ਜਾਇਦਾਦਾਂ ਆਮ ਲੋਕਾਂ ਸੰਸਥਾਵਾਂ ਵੱਲੋਂ ਮੁਫਤ ਦਾਨ ਕੀਤੀਆਂ ਹੋਈਆਂ ਹਨ। ਕਾਨੂੰਨੀ ਤੌਰ ’ਤੇ ਵੀ ਪੰਜਾਬ ਸਰਕਾਰ ਇਨ੍ਹਾਂ ਜਾਇਦਾਦਾਂ ਦੀ ਵਿਕਰੀ ਨਹੀਂ ਕਰ ਸਕਦੀ।ਇਸ ਤੋਂ ਸਪੱਸ਼ਟ ਹੈ ਕਿ ਪੰਜਾਬ ਸਰਕਾਰ ਬਿਜਲੀ ਬੋਰਡ ਦੀਆਂ ਬੇਸ਼ਕੀਮਤੀ ਜਾਇਦਾਦਾਂ ਨੂੰ ਆਪਣੇ ਚਹੇਤਿਆ ਨੂੰ ਕੌਡੀਆਂ ਦੇ ਮੁੱਲ ਵੇਚ ਕੇ ਉਨ੍ਹਾਂ ਦੇ ਢਿੱਡ ਭਰਨਾ ਚਾਹੁੰਦੀ ਹੈ।ਇਨ੍ਹਾਂ ਜਾਇਦਾਦਾਂ ਦੀ ਵਿਕਰੀ ਤੋਂ ਬਾਅਦ ਬਿਜਲੀ ਬੋਰਡ ਕੰਗਾਲ ਹੋ ਜਾਵੇਗਾ ਤੇ ਇਸ ਤੋਂ ਬਾਅਦ ਇਸ ਦੇ ਨਿੱਜੀਕਰਨ ਲਈ ਰਾਹ ਪੱਧਰਾ ਕਰ ਦਿੱਤਾ ਜਾਵੇਗਾ। ਇਹ ਫੈਸਲਾ ਨਾ ਤਾਂ ਪੰਜਾਬ ਦੇ ਖਪਤਕਾਰਾਂ ਦੇ ਹਿੱਤ ਵਿੱਚ ਹੈ ਤੇ ਨਾ ਹੀ ਪਾਵਰਕਾਮ ਮੁਲਾਜ਼ਮਾਂ ਦੇ ਹਿੱਤ ਵਿੱਚ ਹੈ। ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਬਿਜਲੀ ਮੁਲਾਜ਼ਮਾਂ ਦੀਆਂ ਮੰਗਾਂ ਵਾਰ-ਵਾਰ ਮੰਨਣ ਤੋਂ ਬਾਅਦ ਵੀ ਲਾਗੂ ਨਾ ਕਰਨ ਤੇ ਪੰਜਾਬ ਸਰਕਾਰ ਅਤੇ ਦੋਨੋ ਪਾਵਰ ਕਾਰਪੋਰੇਸ਼ਨਾਂ ਦੀਆਂ ਮੈਨੇਜਮੈਂਟਾਂ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ।ਬੁਲਾਰਿਆਂ ਮੰਗ ਕੀਤੀ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਬਿਜਲੀ ਬੋਰਡ ਦੀਆਂ ਜਾਇਦਾਦਾ ਨੂੰ ਵੇਚਣ ਤੇ ਨਾ ਰੋਕਿਆ ਤੇ ਮੁਲਾਜਮ ਮੰਗਾਂ ਦਾ ਕੋਈ ਹਲ ਨਾ ਕੀਤਾ ਤਾਂ ਆਉਣ ਵਾਲੇ ਸਮੇਂ ਵਿੱਚ ਮੁਲਾਜ਼ਮ 2 ਨਵੰਬਰ ਨੂੰ ਬਿਜਲੀ ਮੰਤਰੀ ਦੀ ਰਿਹਾਇਸ਼ ਸਾਹਮਣੇ ਲੁਧਿਆਣਾ ਵਿਖੇ ਲਾਮਿਸਾਲ ਰੋਸ ਪ੍ਰਦਰਸ਼ਨ ਕਰਨਗੇ।

## ...ਸਫ਼ਾ 1 ਦੇ ਬਾਕੀ

### ਅੱਠਵਾਂ ਕੇਂਦਰੀ ਪੇ-ਕਮਿਸ਼ਨ...

ਵਿੱਚ ਉਦੋਂ ਹੀ ਆਉਂਦੀਆਂ ਹਨ, ਜਦੋਂ ਕਰਮਚਾਰੀਆਂ ਜਾਂ ਪੈਨਸ਼ਨਰਾਂ ਨੂੰ ਕੋਈ ਲਾਭ ਦੇਣਾ ਹੋਵੇ, ਪਰ ਜਦੋਂ ਕਾਰਪੋਰੇਟ ਘਰਾਂ ਦੇ ਰਾਸ਼ਟਰੀਕ੍ਰਿਤ ਬੈਂਕਾਂ ਦੇ ਕਰਜ਼ੇ ਮੁਆਫ਼ ਕਰਨੇ ਹੋਣ ਜਾਂ ਉਨ੍ਹਾਂ ਦੇ ਟੈਕਸ ਘਟਾਉਣੇ ਹੋਣ, ਤਦੋਂ ਇਹ ਵਿੱਤੀ ਅਨੁਸ਼ਾਸਨ ਭੁੱਲ ਜਾਂਦਾ ਹੈ। 8ਵੇਂ ਪੇ ਕਮਿਸ਼ਨ, ਭਾਵੇਂ ਸਰਕਾਰ ਵੱਲੋਂ ਲਗਾਈਆਂ ਪਾਬੰਦੀਆਂ ਹੋਣ, ਜਿਸ ਦੀ ਅਗਵਾਈ ਰਿਟਾਇਰਡ ਸੁਪਰੀਮ ਕੋਰਟ ਜੱਜ ਕਰ ਰਹੇ ਹਨ, ਉਸ ਦਾ ਫਰਜ਼ ਹੈ ਕਿ ਉਹ ਨਿਰਪੱਖ ਢੰਗ ਨਾਲ ਪੰਜ ਯੂਨਿਟਾਂ ਵਾਲੇ ਪਰਵਾਰ ਲਈ ਲੋੜ ਅਨੁਸਾਰ ਘੱਟੋ-ਘੱਟ ਤਨਖਾਹ ਦੀ ਸਿਫ਼ਾਰਸ਼ ਕਰੇ, ਨਾ ਕਿ ਤਿੰਨ ਯੂਨਿਟਾਂ ਲਈ, ਕਿਉਂਕਿ ਮਾਤਾ-ਪਿਤਾ ਅਤੇ ਸੀਨੀਅਰ ਸਿਟੀਜ਼ਨ ਸੰਰਕਸ਼ਣ ਐਕਟ 2007 ਦੇ ਅਧੀਨ ਬੱਚਿਆਂ ਉੱਤੇ ਆਪਣੇ ਬੁਜ਼ੁਰਗ ਮਾਪਿਆਂ ਦੀ ਦੇਖਭਾਲ ਕਰਨ ਦੀ ਕਾਨੂੰਨੀ ਜ਼ਿੰਮੇਵਾਰੀ ਹੈ, ਇਸ ਲਈ ਹੁਣ ਮਾਪੇ ਵੀ ਪਰਵਾਰ ਦਾ ਹਿੱਸਾ ਮੰਨੇ ਜਾਂਦੇ ਹਨ।

ਇਸ ਤੋਂ ਇਲਾਵਾ ਆਧੁਨਿਕ ਜੀਵਨ ਦੀਆਂ ਲੋੜਾਂ— ਜਾਣਕਾਰੀ ਤਕਨਾਲੋਜੀ ਖਰਚੇ, ਬੱਚਿਆਂ ਦੀ ਸਿੱਖਿਆ, ਸਿਹਤ ਸੰਭਾਲ ਆਦਿ, ਜੋ ਹੁਣ ਸਭ ਪ੍ਰਾਈਵੇਟ ਹੋ ਗਈਆਂ ਹਨ, ਨੂੰ ਧਿਆਨ ਵਿੱਚ ਰੱਖਦੇ ਹੋਏ ਕਮਿਸ਼ਨ ਨੂੰ ਅਜਿਹਾ ਘੱਟੋ-ਘੱਟ ਵੇਤਨ ਢਾਂਚਾ ਸਿਫ਼ਾਰਸ਼ ਕਰਨਾ ਚਾਹੀਦਾ ਹੈ, ਜੋ ਸਰਕਾਰੀ ਕਰਮਚਾਰੀਆਂ ਨੂੰ ਇੱਜ਼ਤਦਾਰ ਤੇ ਮਾਣਯੋਗ ਜੀਵਨ ਜੀਣ ਦੀ ਸਮਰੱਥਾ ਦੇਵੇ।

ਸਭ ਤੋਂ ਚਿੰਤਾਜਨਕ ਗੱਲ ਪੈਨਸ਼ਨ ਸੋਧ ਨਾਲ ਸੰਬੰਧਤ ਹੈ— 1.1.2026 ਤੋਂ ਪਹਿਲਾਂ ਰਿਟਾਇਰ ਹੋਏ ਕਰਮਚਾਰੀਆਂ ਲਈ, ਜਿਨ੍ਹਾਂ ਨਾਲ ਸਰਕਾਰ ਨੇ ਵਿੱਤ ਕਾਨੂੰਨ ਰਾਹੀਂ ਸੀ ਸੀ ਐੱਸ (ਪੈਨਸ਼ਨ) ਰੂਲਜ਼ 1972 (ਹੁਣ 2021) ਦੇ ਅਧੀਨ ਭਵਿੱਖ ਅਤੇ ਪੁਰਾਣੇ ਪੈਨਸ਼ਨਰਾਂ ਵਿੱਚ ਫਰਕ ਪੈਦਾ ਕਰ ਦਿੱਤਾ ਹੈ। ਸਰਕਾਰ ਨੂੰ ਪਹਿਲਾਂ ਵਾਂਗ 8ਵੇਂ ਪੇ ਕਮਿਸ਼ਨ ਨੂੰ ਇਹ ਸਪੱਸ਼ਟ ਹੁਕਮ ਦੇਣਾ ਚਾਹੀਦਾ ਹੈ ਕਿ ਉਹ 1.1.2026 ਤੋਂ ਸੇਵਾ ਕਰ ਰਹੇ ਕਰਮਚਾਰੀਆਂ ਲਈ ਬਰਾਬਰ ਪੈਨਸ਼ਨ ਸੋਧ ਦੀ ਸਿਫ਼ਾਰਸ਼ ਕਰੇ।ਇਸੇ ਤਰ੍ਹਾਂ ਕਮਿਸ਼ਨ ਦੀ ਜ਼ਿੰਮੇਵਾਰੀ ਹੈ ਕਿ ਉਹ 24 ਲੱਖ ਤੋਂ ਵੱਧ ਕੇਂਦਰੀ ਸਰਕਾਰੀ ਕਰਮਚਾਰੀਆਂ ਦੀ ਜਾਇਜ਼ ਮੰਗ ਨੂੰ ਮੰਨੇ, ਜੋ ਕਿ ਨਵੀਂ ਪੈਨਸ਼ਨ ਸਕੀਮ ਵਿੱਚ ਹਨ, ਉਨ੍ਹਾਂ ਨੂੰ 1.1.2004 ਤੋਂ ਪੁਰਾਣੀ ਗੈਰ-ਯੋਗਦਾਨੀ ਪੈਨਸ਼ਨ ਯੋਜਨਾ ਵਿੱਚ ਸ਼ਾਮਲ ਕੀਤਾ ਜਾਵੇ।ਏਟਕ ਨੇ ਸਾਰੇ ਕੇਂਦਰੀ ਸਰਕਾਰੀ ਕਰਮਚਾਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਇਕੱਠੇ ਹੋ ਕੇ ਆਪਣੀ ਰਣਨੀਤੀ ਤਿਆਰ ਕਰਨ, ਤਾਂ ਜੋ ਉਹ ਆਪਣੀਆਂ ਮੰਗਾਂ 8ਵੇਂ ਪੇ ਕਮਿਸ਼ਨ ਅੱਗੇ ਪੇਸ਼ ਕਰ ਸਕਣ ਅਤੇ ਇਨਸਾਫ਼ ਹਾਸਲ ਕਰ ਸਕਣ। ਏਟਕ ਹਮੇਸ਼ਾ ਦੀ ਤਰ੍ਹਾਂ ਸਰਕਾਰੀ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੇ ਮਾਣ ਅਤੇ ਇਨਸਾਫ਼ ਦੀ ਲੜਾਈ ਵਿੱਚ ਉਨ੍ਹਾਂ ਦੇ ਨਾਲ ਮੋਢੇ ਨਾਲ ਮੋਢਾ ਮਿਲਾ ਕੇ ਖੜੀ ਰਹੇਗੀ।

### ਤਿੰਨ ਰੋਜ਼ਾ ‘ਮੇਲਾ ਗ਼ਦਰੀ ਬਾਬਿਆਂ ਦਾ’ ਅੱਜ ਤੋਂ ...

ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਦੇਸ਼ ਭਗਤ ਕਮੇਟੀ ਦੇ ਮੈਂਬਰ ਮੰਗਤ ਰਾਮ ਪਾਸਲਾ, ਗੁਰਮੀਤ ਸਿੰਘ, ਪ੍ਰੋਫੈਸਰ ਤਜਿੰਦਰ ਵਿਰਲੀ, ਵਿਜੇ ਬੰਬੇਲੀ, ਡਾਕਟਰ ਸੈਲੇਸ਼, ਪ੍ਰੋਫੈਸਰ ਗੋਪਾਲ ਸਿੰਘ ਬੁੱਟਰ ਅਤੇ ਸੁਰਿੰਦਰ ਕੁਮਾਰੀ ਕੋਛੜ ਨੇ ਮੇਲੇ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਜ਼ਿਕਰਯੋਗ ਹੈ ਕਿ ਜਿਸ ਮੌਕੇ ਜਾਇਜ਼ਾ ਲਿਆ ਜਾ ਰਿਹਾ ਸੀ ਤਾਂ ਉਸ ਮੌਕੇ ਪੂਰੇ ਕੰਪਲੈਕਸ ਵਿੱਚ ਗਦਰੀ ਗੂੰਜਾਂ ਦੀਆਂ ਆਵਾਜ਼ਾਂ ਆ ਰਹੀਆਂ ਸਨ। ਇਹਨਾਂ ਆਵਾਜ਼ਾਂ ਦੇ ਸੰਗ ਸੰਗਮ ਕਰ ਰਹੇ ਸੀ ਦਿੱਲੀ ਤੋਂ ਆਏ ਹੋਏ ਪ੍ਰੋਗਰੈਸਿਵ ਆਰਟਿਸਟਸ ਲੀਗ ਦੇ ਸਾਥੀ ਕਲਾਕਾਰ, ਜਿਨ੍ਹਾਂ ਦੋ ਨਾਟਕ ਖੇਡਣੇ ਨੇ ‘ਫਾਸ਼ੀਵਾਦ’ ਅਤੇ ਦੂਸਰਾ ‘ਫਲਸਤੀਨ ਬਾਰ।’ ਕਮੇਟੀ ਦੇ ਜਨਰਲ ਸਕੱਤਰ ਨੇ ਦੱਸਿਆ ਕਿ ਗਦਰ ਲਹਿਰ ਦਾ ਜੋ ਵਿਰਸਾ ਹੈ, ਉਸ ਵਿਰਸੇ ਨੂੰ ਬੁਲੰਦ ਕਰੇਗਾ ਦੇਸ਼ ਭਗਤਾਂ ਦਾ ਇਹ ਮੇਲਾ। ਧਰਮ ਨਿਰਪੱਖਤਾ ਨੂੰ ਫਿਰਕਾਪ੍ਰਸਤੀ ਦੇ ਖਿਲਾਫ ਸਾਮਰਾਜਵਾਦ ਦੇ ਖਿਲਾਫ ਕਾਰਪੋਰੇਟ ਜਗਤ ਵੱਲੋਂ ਮੁਲਕ ਦੇ ਗਲਬਾ ਪਾਉਣ ਦੀਆਂ ਜਿਹੜੀਆਂ ਲਗਾਤਾਰ ਗੋਂਦਾਂ ਗੁੰਦੀਆਂ ਜਾ ਰਹੀਆਂ ਨੇ, ਉਹਨਾਂ ਬਾਰੇ ਹੋਏਗਾ ਮੇਲਾ। ਇਉਂ ਹੀ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ ਨੇ ਦੱਸਿਆ ਕਿ ਅੱਜ ਸਭ ਤੋਂ ਵੱਡੀ ਚੁਣੌਤੀ ਕਾਰਨ ਹੀ ਅਸੀਂ ਪ੍ਰਵੇਸ਼ ਦੁਆਰ ਦਾ ਨਾਂਅ ਹਾਫਿਜ ਅਬਦੁੱਲਾ ਦੇ ਨਾਂਅ ’ਤੇ ਰੱਖਿਆ ਕਿ ਕਿਸ ਤਰੀਕੇ ਦੇ ਨਾਲ ਮੁਸਲਿਮ ਭਾਈਚਾਰੇ ਦੇ ਉੱਤੇ ਹੱਲੇ ਬੋਲੇ ਜਾ ਰਹੇ ਨੇ। ਉਹਨਾ ਤਿੱਖੀ ਚਣੌਤੀ ਦਿੱਤੀ ਅਤੇ ਕਿਹਾ ਕਿ ਮੇਲਾ ਇਹਨਾਂ ਸਭਨਾਂ ਚੁਣੌਤੀਆਂ ਨੂੰ ਮੁਖਾਤਬ ਹੋਏਗਾ। ਇਉਂ ਹੀ ਬੋਲਦੇ ਹੋਏ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਦੱਸਿਆ ਕਿ ਅੱਜ 30 ਅਕਤੂਬਰ ਠੀਕ 2 ਵਜੇ ਚਿੱਤਰਕਲਾ ਅਤੇ ਫੋਟੋ ਕਲਾ ਪ੍ਰਦਰਸ਼ਨਨੀ ਦਾ ਉਦਘਾਟਨ ਕੀਤਾ ਜਾਏਗਾ ਤੇ ਜੱਜਾਂ ਦਾ ਸਨਮਾਨ ਹੋਏਗਾ। ਬਾਹਰੋਂ ਆਏ ਸਾਥੀਆਂ ਦਾ ਸਨਮਾਨ ਅਤੇ ਰੂਬਰੂ ਹੋਏਗਾ। ਪਹਿਲੀ ਨਵੰਬਰ 10 ਵਜੇ ਝੰਡਾ ਲਹਿਰਾਉਣ ਦੀ ਰਸਮ ਸਾਰਾ ਦਿਨ ਸਾਰੀ ਰਾਤ ਗੀਤ-ਸੰਗੀਤ, ਵਿਚਾਰ-ਚਰਚਾ ਅਤੇ ਨਾਟਕਾਂ ਦੀਆਂ ਲੜੀਆਂ ਜਾਰੀ ਰਹਿਣਗੀਆਂ। ਇਸ ਮੌਕੇ ਕਮੇਟੀ ਦੇ ਮੈਂਬਰ ਮੰਗਤ ਰਾਮ ਪਾਸਲਾ, ਗੁਰਮੀਤ, ਸਿੰਘ, ਰਣਜੀਤ ਸਿੰਘ ਔਲਖ, ਚਰੰਜੀ ਲਾਲ ਕੰਗਣੀਵਾਲ, ਸੁਰਿੰਦਰ ਕੁਮਾਰੀ ਕੋਛੜ ਨੇ ਸੰਬੋਧਨ ਕਰਦੇ ਹੋਏ ਸੱਦਾ ਦਿੱਤਾ ਕਿ ਗਦਰੀ ਬਾਬਿਆਂ ਦੀਆਂ ਪਿੰਡ ਕਮੇਟੀਆਂ ਮੇਲੇ ’ਚ ਸ਼ਿਰਕਤ ਕਰਨਗੀਆਂ। ਪਹਿਲੀ ਨਵੰਬਰ 10 ਵਜੇ ਝੰਡਾ ਲਹਿਰਾਉਣ ਦੀ ਰਸਮ ਕੁਲਬੀਰ ਸਿੰਘ ਸੰਘੇੜਾ ਕਰਨਗੇ। ਪਹਿਲੀ ਨਵੰਬਰ ਸਾਰਾ ਦਿਨ ਸਾਰੀ ਰਾਤ ਮੇਲਾ ਜਾਰੀ ਰਹੇਗਾ।

### ‘ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ’ ਦੇ ਦੂਜੇ ਪੜਾਅ ...

ਯੋਜਨਾ ਹੇਠ ਤੀਰਥ ਯਾਤਰਾ ’ਤੇ ਜਾਣ ਵਾਲੇ ਸ਼ਰਧਾਲੂਆਂ ਦੀ ਚੋਣ ਡਰਾਅ ਰਾਹੀਂ ਕਰਕੇ ਪੂਰਨ ਪਾਰਦਰਸ਼ਤਾ ਅਪਣਾਈ ਗਈ ਹੈ।ਯਾਤਰਾ ਦੌਰਾਨ ਸੰਗਤ ਨਾਲ ਇਕ ਮੈਡੀਕਲ ਟੀਮ ਵੀ ਜਾਵੇਗੀ, ਤਾਂ ਕਿ ਕਿਸੇ ਵੀ ਹੰਗਾਮੀ ਸਥਿਤੀ ਵਿੱਚ ਤੁਰੰਤ ਸਹਾਇਤਾ ਦਿੱਤੀ ਜਾ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਯਾਤਰਾ ਲਈ ਹਰੇਕ ਵਿਧਾਨ ਸਭਾ ਹਲਕੇ ਤੋਂ 16 ਹਜ਼ਾਰ ਸ਼ਰਧਾਲੂਆਂ ਦੀ ਚੋਣ ਕੀਤੀ ਜਾਵੇਗੀ। ਮਾਨ ਨੇ ਕਿਹਾ ਕਿ ਸ਼ਰਧਾਲੂਆਂ ਨੂੰ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਰ, ਭਗਵਾਨ ਵਾਲਮੀਕਿ ਤੀਰਥ ਸਥਲ, ਜਲ੍ਹਿਆਂਵਾਲਾ ਬਾਗ, ਪਾਰਟੀਸ਼ਨ ਮਿਊਜ਼ੀਅਮ ਅਤੇ ਅੰਮ੍ਰਿਤਸਰ ਦੇ ਹੋਰ ਧਾਰਮਿਕ ਸਥਾਨਾਂ ਦੀ ਯਾਤਰਾ ਕਰਵਾਈ ਜਾਵੇਗੀ। ਇਸ ਸਕੀਮ ਅਧੀਨ ਨਾਗਰਿਕ ਪੰਜਾਬ ਵਿੱਚ ਅਨੰਦਪੁਰ ਸਾਹਿਬ ਅਤੇ ਹਿਮਾਚਲ ਪ੍ਰਦੇਸ਼ ਦੇ ਮਾਤਾ ਨੈਣਾ ਦੇਵੀ ਮੰਦਰ ਵਰਗੀਆਂ ਪਵਿੱਤਰ ਥਾਵਾਂ ਦੇ ਦਰਸ਼ਨ ਵੀ ਕਰਨਗੇ।ਇਸ ਮੌਕੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ, ਬਰਿੰਦਰ ਕੁਮਾਰ ਗੋਇਲ, ‘ਆਪ’ ਦੇ ਸੀਨੀਅਰ ਆਗੂ ਮਨੀਸ਼ ਸਿਸੋਦੀਆ ਤੇ ਹੋਰ ਹਾਜ਼ਰ ਸਨ।

### ਵਪਾਰੀ ’ਤੇ ਹਮਲੇ ਵਿਰੁੱਧ ਮਾਨਸਾ ਰਿਹਾ ਮੁਕੰਮਲ ਬੰਦ ...

ਰਾਜਾ ਵੜਿੰਗ ਨੇ ਕਿਹਾ ਕਿ ਪੁਲਸ ਪ੍ਰਸ਼ਾਸਨ ਹਮਲਾਵਰਾਂ ਨੂੰ ਗ੍ਰਿਫ਼ਤਾਰ ਕਰੇ। ਉਨ੍ਹਾ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਇਸ ਹਮਲੇ ਖਿਲਾਫ਼ ਲੜਾਈ ਜਾਰੀ ਰੱਖਣੀ ਪਵੇਗੀ, ਤਾਂ ਹੀ ਕੋਈ ਕਾਰਵਾਈ ਹੋਵੇਗੀ। ਪ੍ਰਦਰਸ਼ਨਕਾਰੀਆਂ ਪੁਲਸ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਇੱਕ-ਦੋ ਦਿਨਾਂ ’ਚ ਹਮਲਾਵਰ ਗ੍ਰਿਫ਼ਤਾਰ ਨਾ ਕੀਤੇ ਗਏ ਤਾਂ ਫਿਰ ਇਕੱਲਾ ਮਾਨਸਾ ਨਹੀਂ, ਨੇੜਲੇ ਸ਼ਹਿਰ ਵੀ ਬੰਦ ਕੀਤੇ ਜਾਣਗੇ । ਸਾਬਕਾ ਵਿਧਾਇਕ ਨਾਜ਼ਰ ਸਿੰਘ ਮਾਨਸ਼ਾਹੀਆ ਨੇ ਵਪਾਰੀਆਂ ਤੇ ਦੁਕਾਨਦਾਰਾਂ ਸਮੇਤ ਸਮੁੱਚੇ ਸ਼ਹਿਰੀਆਂ ਦੀ ਸੁਰੱਖਿਆ ਲਈ ਫਿਕਰ ਜ਼ਾਹਰ ਕਰਦਿਆਂ ਕਿਹਾ ਕਿ ਸੰਘਰਸ਼ ਨੂੰ ਲਾਮਬੰਦ ਕਰਕੇ ਪੁਲਸ ਪ੍ਰਸ਼ਾਸਨ ਦੇ ਦਫ਼ਤਰ ਦਾ ਘਿਰਾਓ ਕਰਨਾ ਪਵੇਗਾ। ਸਿੱਧੂ ਮੂਸੇ ਵਾਲਾ ਦੇ ਪਿਤਾ ਬਲਕੌਰ ਸਿੰਘ ਸਿੱਧੂ ਨੇ ਕਿਹਾ ਕਿ ਹੁਣ ਤਾਂ ਪੁਲਸ ਹੀ ਗੈਂਗਸਟਰਾਂ ਨਾਲ ਮਿਲੀ ਹੋਈ ਹੈ ਤੇ ਪੁਲਸ ਦੀ ਪੁਸ਼ਤਪਨਾਹੀ ਹੇਠ ਗੈਂਗਸਟਰ ਸਹੂਲਤਾਂ ਦਾ ਆਨੰਦ ਮਾਣਦੇ ਹਨ। ਉਨ੍ਹਾ ਕਿਹਾ ਕਿ ਉਹ ਐੱਸ ਐੱਸ ਪੀ ਨੂੰ ਵੀ ਕਹਿ ਚੁੱਕੇ ਹਨ ਕਿ ਜੇਕਰ ਸਿੱਧੂ ਪਰਵਾਰ ’ਚ ਕੋਈ ਮਰਦਾ ਹੈ ਤਾਂ ਉਹ ਮੁਕੱਦਮਾ ਦਰਜ ਨਹੀਂ ਕਰਵਾਉਣਗੇ, ਕਿਉਂਕਿ ਉਨ੍ਹਾਂ ਨੂੰ ਪੁਲਸ ਦੀਆਂ ਜਾਂਚਾਂ ’ਤੇ ਬਿਲਕੁਲ ਵੀ ਭਰੋਸਾ ਨਹੀਂ। ਕ੍ਰਿਸ਼ਨ ਚੌਹਾਨ ਨੇ ਕਿਹਾ ਕਿ ਘਟਨਾ ਕਾਰਨ ਲੋਕਾਂ ’ਚ ਡਰ ਅਤੇ ਦਹਿਸ਼ਤ ਦਾ ਮਾਹੌਲ ਹੈ, ਜੇਕਰ ਪੁਲਸ ਨੇ ਤੁਰੰਤ ਕਾਰਵਾਈ ਕੀਤੀ ਹੁੰਦੀ ਤਾਂ ਲੋਕਾਂ ਨੂੰ ਇਕੱਠੇ ਨਾ ਹੋਣਾ ਪੈਂਦਾ। ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਮਾਨਸਾ ਜ਼ਿਲ੍ਹੇ ਵਿੱਚ ਅਤੇ ਸ਼ਹਿਰ ਵਿੱਚ ਪੁਲਸ ਅਤੇ ਸਿਵਲ ਪ੍ਰਸ਼ਾਸਨ ਵੱਲੋਂ ਕੋਈ ਸੀ ਸੀ ਟੀ ਵੀ ਕੈਮਰੇ ਆਪਣੇ ਤੌਰ ’ਤੇ ਨਹੀਂ ਲਗਾਏ ਗਏ, ਇਨ੍ਹਾਂ ਨੂੰ ਤੁਰੰਤ ਲਗਾਇਆ ਜਾਵੇ। ਮਾਨਸਾ ਵਿੱਚ ਨਸ਼ੇ, ਹੋਟਲਾਂ ਵਿੱਚ ਜਿਸਮਫਰੋਸ਼ੀ ਅਤੇ ਜੂਏ-ਸੱਟੇ ਦਾ ਕਾਰੋਬਾਰ ਚੱਲ ਰਹੇ ਹਨ, ਉਨ੍ਹਾਂ ’ਤੇ ਨੱਥ ਨਹੀਂ ਪਾਈ ਜਾ ਰਹੀ।

21 ਮੈਂਬਰੀ ਕਮੇਟੀ ਨੇ ਮਾਨਿਕ ਗੋਇਲ ਅਤੇ ਉਸ ਦੇ ਪਰਵਾਰ ਨੂੰ ਉਚਿਤ ਸੁਰੱਖਿਆ ਤੁਰੰਤ ਮੁਹੱਈਆ ਕਰਵਾਉਣ ਦੀ ਮੰਗ ਵੀ ਕੀਤੀ।ਇਸ ਮੌਕੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ, ਸਾਬਕਾ ਵਿਧਾਇਕ ਮੰਗਤ ਰਾਏ ਬਾਂਸਲ, ਬਿਕਰਮਜੀਤ ਮੋਫਰ, ਅਰਸ਼ਦੀਪ ਸਿੰਘ ਮਾਈਕਲ ਗਾਗੋਵਾਲ, ਗੁਰਪ੍ਰੀਤ ਸਿੰਘ ਵਿੱਕੀ, ਭਾਜਪਾ ਆਗੂ ਸਤੀਸ਼ ਸਿੰਗਲਾ ਆਦਿ ਨੇ ਵੀ ਸੰਬੋਧਨ ਕੀਤਾ।ਇਸ ਸੰਘਰਸ਼ ਦੇ ਚਲਦਿਆਂ 21 ਮੈਂਬਰੀ ਤਾਲਮੇਲ ਕਮੇਟੀ ਦਾ ਗਠਨ ਕੀਤਾ ਗਿਆ, ਜਿਸ ਨੇ ਫ਼ੈਸਲਾ ਕੀਤਾ ਕਿ ਜਿੰਨਾ ਸਮਾਂ ਉਨ੍ਹਾਂ ਦੀਆਂ ਮੰਗਾਂ ਨਹੀਂ ਮੰਨੀਆਂ ਜਾਂਦੀਆਂ, ਓਨਾ ਸਮਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ। ਇਸ ਤਹਿਤ ਸ਼ਨੀਵਾਰ ਨੂੰ ਮਾਨਸਾ ਬਾਰਾਂ ਹੱਟਾਂ ਚੌਕ ਵਿੱਚ ਮੁੱਖ ਮੰਤਰੀ ਦਾ ਪੁਤਲਾ ਫੂਕਿਆ ਜਾਵੇਗਾ। 3 ਨਵੰਬਰ ਸੋਮਵਾਰ ਨੂੰ ਮਾਨਸਾ ਵਾਸੀ ਮਾਨਸਾ ਐੱਸ ਐੱਸ ਪੀ ਦਫਤਰ ਦਾ ਘਿਰਾਓ ਕਰਨਗੇ।

# ਐੱਨ ਐੱਚ ’ਚ ਆ ਰਹੀਆਂ ਦੁਕਾਨਾਂ ਤੇ ਮਕਾਨ ਮਾਲਕਾਂ ਵੱਲੋਂ ਡੀ ਸੀ ਤੇ ਐੱਸ ਡੀ ਐੱਮ ਨੂੰ ਮੰਗ ਪੱਤਰ

**ਬੱਧਨੀ ਕਲਾਂ (ਲਵਲੀ ਕੁਮਾਰ)**- ਪਿੰਡ ਪੱਤੋ ਜਵਾਹਰ ਸਿੰਘ ਵਾਲਾ ਜ਼ਿਲ੍ਹਾ ਮੋਗਾ ਤਹਿਸੀਲ ਨਿਹਾਲ ਸਿੰਘ ਵਾਲਾ ਦੇ ਬਣ ਰਹੇ ਰੋਡ ਐਨ ਐਚ ਬੈਡ ਦੇ ਤਹਿਤ ਜਿਨ੍ਹਾਂ ਪਰਵਾਰਾਂ ਦੇ ਬਣ ਰਹੇ ਰੋਡ ਵਿੱਚ ਦੁਕਾਨਾਂ ਅਤੇ ਮਕਾਨ ਆ ਰਹੇ ਹਨ, ਇਨ੍ਹਾਂ ਪਰਵਾਰਾਂ ਨੂੰ ਜੋ ਵੀ ਇਸ ਦੇ ਸਬੰਧ ਵਿੱਚ ਮੁਸ਼ਕਿਲਾਂ ਆ ਰਹੀਆਂ ਹਨ, ਪਰਵਾਰਾਂ ਵੱਲੋਂ ਇਸ ਦੇ ਸਬੰਧ ਵਿੱਚ ਮੋਗਾ ਦੇ ਡੀ. ਸੀ ਅਤੇ ਹਲਕਾ ਨਿਹਾਲ ਸਿੰਘ ਵਾਲਾ ਦੇ ਐਸ. ਡੀ. ਐਮ ਨੂੰ ਮੰਗ ਪੱਤਰ ਦਿੱਤੇ ਗਏ । ਪ੍ਰੰਤੂ ਅਜੇ ਤੱਕ ਪ੍ਰਸ਼ਾਸਨ ਵੱਲੋਂ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ। ਸਾਰੇ ਹੀ ਪਰਵਾਰ ਮਜ਼ਬੀ ਸਿੱਖ ਜਾਤੀ ਨਾਲ ਸੰਬੰਧਤ ਹਨ। ਜਿਨ੍ਹਾਂ ਨੇ ਬਹੁਤ ਹੀ ਮਿਹਨਤ ਮਜ਼ਦੂਰੀ ਕਰਕੇ ਆਪਣੇ ਘਰ ਬਣਾਏ ਹਨ। ਇਹਨਾਂ ਪਰਵਾਰਾਂ ਕੋਲ ਹੋਰ ਕੋਈ ਵੀ ਪੂੰਜੀ ਨਹੀਂ ਹੈ। ਸਾਰੇ ਪਰਵਾਰ ਆਪਣੀ ਮਿਹਨਤ ਮਜ਼ਦੂਰੀ ਕਰਕੇ ਬੜੀ ਮੁਸ਼ਕਿਲ ਦੇ ਨਾਲ ਆਪਣੇ ਘਰਾਂ ਦਾ ਗੁਜ਼ਾਰਾ ਕਰ ਰਹੇ ਹਨ। ਮਜ਼ਦੂਰ ਪਰਵਾਰਾਂ ਨੂੰ ਹੋਰ ਜਗ੍ਹਾ ਲੈ ਕੇ ਮਕਾਨ ਬਣਾਉਣੇ ਬਹੁਤ ਹੀ ਮੁਸ਼ਕਲ ਹਨ ਅਤੇ ਨਾ ਹੀ ਪਰਵਾਰ ਆਪਣੀ ਜਗ੍ਹਾ ਸਰਕਾਰ ਨੂੰ ਦੇਣਾ ਚਾਹੁੰਦੇ ਹਨ। ਕਿਉਂਕਿ ਇਸ ਨਾਲ ਪਰਵਾਰਾਂ ਦੇ ਭਾਈਚਾਰੇ ’ਤੇ ਵੀ ਬਹੁਤ ਮਾੜਾ ਅਸਰ ਪਏਗਾ। ਜੋ ਇਹ ਪਰਵਾਰਾਂ ਨੂੰ ਮਨਜ਼ੂਰ ਨਹੀਂ । ਇਹਨਾਂ ਪਰਵਾਰਾਂ ਦੀ ਪ੍ਰਸ਼ਾਸਨ ਵੱਲੋਂ ਅਣਦੇਖੀ ਕਰਨ ’ਤੇ ਪਰਵਾਰਕ ਮੈਂਬਰਾਂ ਅਤੇ ਪਿੰਡ ਵਾਸੀਆਂ ਵੱਲੋਂ 10 ਸਤੰਬਰ ਤੋਂ ਲੈ ਕੇ ਆਪਣੀਆਂ ਮੰਗਾਂ ਸਬੰਧੀ ਸਰਕਾਰ, ਪ੍ਰਸ਼ਾਸਨ ਅਤੇ ਪੀ ਡਬਲਯੂ ਡੀ ਰੋਡ ਵਿਭਾਗ ਦੇ ਵਿਰੁੱਧ ਸ਼ੇਰ ਏ ਪੰਜਾਬ ਕਿਸਾਨ ਯੂਨੀਅਨ, ਯੂਨੀਅਨ ਦੇ ਆਗੂ ਗੁਰਿੰਦਰ ਸਿੰਘ ਸੂਬਾ ਪ੍ਰਧਾਨ ਗੁਰਿੰਦਰ ਭੰਗੂ, ਜ਼ਿਲ੍ਹਾ ਆਗੂ ਸਰਬਜੀਤ ਸਿੰਘ ਮਾਛੀਕੇ, ਜ਼ਿਲ੍ਹਾ ਪ੍ਰਧਾਨ ਆਤਮਾ ਸਿੰਘ ਧੂੜਕੋਟ ਦੀ ਅਗਵਾਈ ਵਿੱਚ ਧਰਨਾ ਲੱਗਾ



ਹੈ। ਪਰਵਾਰਾਂ ਵੱਲੋਂ ਇਹ ਵੀ ਸਰਕਾਰ ਤੋਂ ਮੰਗ ਕੀਤੀ ਗਈ ਹੈ ਕਿ ਸਾਰੇ ਪਰਵਾਰਾਂ ਦਾ ਮੁੜ ਵਸੇਬਾ ਕੀਤਾ ਜਾਵੇ। ਜੇਕਰ ਸਰਕਾਰ ਅਤੇ ਪ੍ਰਸ਼ਾਸਨ ਨੇ ਗਰੀਬ ਮਜ਼ਦੂਰ ਪਰਵਾਰਾਂ ਦੀ ਕੋਈ ਵੀ ਸੁਣਵਾਈ ਨਹੀਂ ਕੀਤੀ ਤਾਂ ਇਨ੍ਹਾਂ ਪਰਵਾਰਾਂ ਵੱਲੋਂ ਸੰਘਰਸ਼ ਜਾਰੀ ਰਹੇਗਾ, ਜ਼ਿਲ੍ਹਾ ਮੋਗਾ ਅਤੇ ਹਲਕਾ ਨਿਹਾਲ ਸਿੰਘ ਵਾਲਾ ਦੇ ਮੁਲਾਜ਼ਮਾਂ ਅਤੇ ਰੋਡ ਵਿਭਾਗ ਦੇ ਮੁਲਾਜ਼ਮਾਂ ਦੇ ਪੁਤਲੇ ਫੂਕੇ ਜਾਣਗੇ। ਸ਼ੇਰ ਏ ਪੰਜਾਬ ਕਿਸਾਨ ਯੂਨੀਅਨ ਦੇ ਆਗੂ ਜ਼ਿਲ੍ਹਾ ਆਗੂ ਸਰਬਜੀਤ ਸਿੰਘ ਮਾਛੀਕੇ ਅਤੇ ਜ਼ਿਲ੍ਹਾ ਪ੍ਰਧਾਨ ਆਤਮਾ ਸਿੰਘ ਧੂੜਕੋਟ ਇਹਨਾਂ ਪਰਵਾਰਾਂ ਨਾਲ ਸਰਕਾਰ ਤੋਂ ਇਨਸਾਫ ਦੀ ਮੰਗ ਕਰਦੇ ਹਨ। ਸ਼ੇਰ ਏ ਪੰਜਾਬ ਕਿਸਾਨ ਯੂਨੀਅਨ ਅਤੇ ਪਿੰਡ ਪੱਤੋ ਜਵਾਹਰ ਸਿੰਘ ਵਾਲਾ ਦੀ ਐਕਸ਼ਨ ਕਮੇਟੀ ਦੇ ਮੈਂਬਰਾਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਐਸ.ਸੀ ਕਮਿਸ਼ਨ ਜਸਵੀਰ ਸਿੰਘ ਗੜ੍ਹੀ ਨੂੰ ਮੰਗ ਪੱਤਰ ਦਿੱਤਾ ਗਿਆ। ਐਸ.ਸੀ ਕਮਿਸ਼ਨ ਜਸਵੀਰ ਸਿੰਘ ਗੜ੍ਹੀ ਵੱਲੋਂ ਇਹਨਾਂ ਪਰਵਾਰਾਂ ਨੂੰ ਇਨਸਾਫ ਦਵਾਉਣ ਦਾ ਭਰੋਸਾ ਦਿੱਤਾ ਗਿਆ ਹੈ। ਪਿੰਡ ਪੱਤੋ ਜਵਾਹਰ ਸਿੰਘ ਵਾਲਾ ਦੀ ਐਕਸ਼ਨ ਕਮੇਟੀ ਦੇ ਮੈਂਬਰ ਪ੍ਰਧਾਨ ਹਰਜਿੰਦਰ ਸਿੰਘ, ਭੁਪਿੰਦਰ ਸਿੰਘ ਪੱਤੋ, ਜਸਬੀਰ ਕੌਰ ਭੱਟੀ, ਗੁਰਮੇਲ ਕੌਰ, ਕੁਲਵੰਤ ਕੌਰ ਆਦਿ ਹਾਜ਼ਰ ਸਨ।

## ਸ਼ਫੀਕ ਖਾਂ ਤੇ ਕੋਚ ਦਲਸ਼ੇਰ ਸਿੰਘ ਨੇ ਮੈਡਲ ਜਿੱਤੇ

**ਮਾਲੇਰਕੋਟਲਾ (ਅਸਗਰ ਪਰਿਹਾਰ)**

ਮਿਲਖਾ ਸਿੰਘ ਮਾਸਟਰਜ਼ ਅਥਲੈਟਿਕਸ ਕਲੱਬ ਵੱਲੋਂ ਡੀ.ਏ.ਵੀ ਕਾਲਜ ਬਠਿੰਡਾ ‘ਚ ਦੋ ਰੋਜ਼ਾ ਵੈਟਰਨ ਅਥਲੈਟਿਕਸ ਚੈਂਪੀਅਨਸ਼ਿਪ ਕਰਵਾਈ ਗਈ। ਜਿਸ ਵਿੱਚ ਜਿਲ੍ਹਾ ਮਾਲੇਰਕੋਟਲਾ ਦੇ ਸ਼੍ਰੀ ਸ਼ਫੀਕ ਖਾਂ (ਰਿਟਾਇਰਡ ਸੁਪਰਡੈਂਟ ਇਨਕਮ ਟੈਕਸ ਵਿਭਾਗ) ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਂਸੀ ਮੈਡਲ ਤੇ ਕੋਚ ਦਲਸ਼ੇਰ ਸਿੰਘ ਨੇ ਸਿਲਵਰ ਮੈਡਲ ਜਿੱਤਿਆ। ਉਕਤ ਚੈਂਪੀਅਨਸ਼ਿਪ ‘ਚ 30 ਤੋਂ 90 ਸਾਲ ਉਮਰ ਵਰਗ ਦੇ 525 ਦੇ ਕਰੀਬ ਖਿਡਾਰੀਆਂ ਨੇ ਹਿੱਸਾ ਲਿਆ। ਜਿਸ ਵਿੱਚ ਸ਼੍ਰੀ ਸ਼ਫੀਕ ਖਾਂ (75) ਜੋ ਪਿਛਲੇ ਲੰਮੇ ਸਮੇਂ ਤੋਂ ਲਗਾਤਾਰ ਇਨ੍ਹਾਂ ਖੇਡਾਂ ਵਿੱਚ ਭਾਗ ਲੈਂਦੇ ਆ ਰਹੇ ਹਨ, ਨੇ ਇਸ ਵਾਰ ਫਿਰ ਆਪਣੀ ਤਾਕਤ ਦਾ ਮੁਜ਼ਾਹਰਾ ਕਰਦੇ ਹੋਏ 75 ਸਾਲ ਤੋਂ ਵੱਧ ਉਮਰ ਦੇ ਵਰਗ ‘ਚ 400 ਮੀਟਰ ਰੇਸ ‘ਚ ਕਾਂਸੀ ਮੈਡਲ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਕੋਚ ਦਲਸ਼ੇਰ ਸਿੰਘ ਨੇ ਸ਼ਾਟ ਪੁੱਟ ਤੇ ਜੈਵਲਿਨ ਥਰੋ ਵਿੱਚੋਂ ਦੋ ਕਾਸ਼ੀ ਦੇ ਮੈਡਲ ਪ੍ਰਾਪਤ ਕੀਤੇ।ਇਸ ਮੌਕੇ ਚੈਂਪੀਅਨਸ਼ਿਪ ਦੇ ਮੁੱਖ ਮਹਿਮਾਨ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਵਿਧਾਇਕ ਜਗਰੂਪ ਸਿੰਘ ਗਿੱਲ, ਨਗਰ ਨਿਗਮ ਦੇ ਮੇਅਰ ਪਦਮਜੀਤ ਮਹਿਤਾ ਨੇ ਸ਼੍ਰੀ ਸ਼ਫੀਕ ਖਾਂ ਤੇ ਦਲਸ਼ੇਰ ਸਿੰਘ ਨੂੰ ਮੈਡਲ ਤੇ ਨਕਦ ਇਨਾਮ ਦੇ ਕੇ ਸਨਮਾਨਿਤ ਕੀਤਾ।




ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ਼ ਚੰਦ ਫ਼ਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ : nawanzamana@gmail.com * Web : www.nawanzamana.in**

# ਬਿਜਲੀ ਸੋਧ ਬਿੱਲ -2025 ਖਿਲਾਫ਼ ਸਾਂਝਾ ਸੰਘਰਸ਼ ਵਿੱਢਣ ਦਾ ਅਹਿਦ

**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਪੰਜਾਬ ਸਰਕਾਰ ਵੱਲੋਂ ਬਿਜਲੀ ਨਿਗਮ ਦੀਆਂ ਜਾਇਦਾਦਾਂ ਨੂੰ ਆਪਣੀਆਂ ਰਾਜਸੀ ਲੋੜਾਂ ਲਈ ਵੇਚਣ ਦੀ ਘਟੀਆ ਤਜਵੀਜ਼ ਦੇ ਖਿਲਾਫ਼ ਅਦਾਰੇ ਦੇ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਕਿਸਾਨ ਜਥੇਬੰਦੀਆਂ ਨੇ ਸਾਂਝੇ ਤੌਰ 'ਤੇ ਪਾਵਰਕਾਮ ਦੇ ਸਥਾਨਕ ਸਰਕਲ ਦਫਤਰ ਦੇ ਗੇਟ 'ਤੇ ਮੇਜਰ ਸਿੰਘ ਮੱਲ੍ਹੀਆਂ ਦੀ ਪ੍ਰਧਾਨਗੀ ਹੇਠ ਰੋਸ ਧਰਨਾ ਲਗਾ ਕੇ ਪੰਜਾਬ ਸਰਕਾਰ ਦੀ ਅਦਾਰੇ ਦੀਆਂ ਜਾਇਦਾਦਾਂ ਵੇਚਣ ਦੀ ਤਜਵੀਜ਼ ਦੀ ਜ਼ੋਰਦਾਰ ਨਿੰਦਾ ਕੀਤੀ।ਇਸ ਮੌਕੇ ਵੱਡੀ ਗਿਣਤੀ ਵਿੱਚ ਇਕੱਤਰ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਫੈਡਰੇਸ਼ਨ ਏਟਕ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ, ਇੰਪਲਾਈਜ਼ ਫੈਡਰੇਸ਼ਨ ਦੇ ਸੂਬਾ ਆਗੂ ਅਮਰੀਕ ਸਿੰਘ ਕੰਗ, ਟੈਕਨੀਕਲ ਸਰਵਿਸ ਯੂਨੀਅਨ ਦੇ ਲਖਵੰਤ ਸਿੰਘ ਦਿਉਲ, ਕਰਮਚਾਰੀ ਦਲ ਦੇ ਸੂਬਾ ਆਗੂ ਤਜਿੰਦਰ ਸਿੰਘ ਸੇਖੋਂ, ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਸਬੰਧਤ ਏਟਕ ਦੇ ਸੂਬਾ ਜਨਰਲ ਸਕੱਤਰ ਅਮਰੀਕ ਸਿੰਘ ਮਸੀਤਾਂ, ਪੈਨਸ਼ਨਰ ਵੈੱਲਫੇਅਰ ਫੈਡਰੇਸ਼ਨ ਪਹਿਲਵਾਨ ਦੇ ਆਗੂ ਲਖਬੀਰ ਸਿੰਘ ਰੈਸੀਆਣਾ ਤੋਂ ਇਲਾਵਾ ਵੱਖ - ਵੱਖ ਕਿਸਾਨ ਜਥੇਬੰਦੀਆਂ ਦੇ ਆਗੂਆਂ ਕੁੱਲ ਹਿੰਦ ਕਿਸਾਨ ਸਭਾ 1936 ਦੇ ਸੂਬਾ ਵਰਕਿੰਗ ਪ੍ਰਧਾਨ ਮਹਾਂਬੀਰ ਸਿੰਘ ਗਿੱਲ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨਛੱਤਰ ਸਿੰਘ ਮੁਗਲਚੱਕ, ਕੌਮੀ ਕਿਸਾਨ ਯੂਨੀਅਨ ਦੇ ਗੁਰਚਰਨ ਸਿੰਘ ਸਭਰਾ, ਜਮਹੂਰੀ ਕਿਸਾਨ ਸਭਾ ਦੇ ਦਲਜੀਤ ਸਿੰਘ ਦਿਆਲਪੁਰਾ, ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਟਾਂਡਾ ਦੇ ਜੱਸਾ ਸਿੰਘ ਕੱਦਗਿੱਲ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਅੰਮ੍ਰਿਤਪਾਲ ਸਿੰਘ ਜੋੜਾ ਨੇ ਬਿਜਲੀ ਨਿਗਮ ਦੀਆਂ ਜਾਇਦਾਦਾਂ ਵੇਚਣ ਦੀ ਤਜਵੀਜ਼ ਦੇ ਮੁੱਦੇ 'ਤੇ ਪੰਜਾਬ ਸਰਕਾਰ ਨੂੰ ਚੇਤਾਵਨੀ ਭਰੇ ਲਹਿਜੇ ਵਿੱਚ ਤਾੜਨਾ ਕਰਦਿਆਂ ਕਿਹਾ ਕਿ ਜੇਕਰ ਜਾਇਦਾਦਾਂ ਵੇਚਣ ਦੀ ਲੋਕ ਵਿਰੋਧੀ ਤਜਵੀਜ਼ ਰੱਦ ਨਾ ਕੀਤੀ ਗਈ ਤਾਂ ਪੰਜਾਬ ਦੀਆਂ ਸਮੁੱਚੀਆਂ ਸੰਘਰਸ਼ਸ਼ੀਲ ਜਥੇਬੰਦੀਆਂ ਇੱਕਮੁੱਠ ਹੋ ਕੇ ਇਸ ਲੋਕ ਵਿਰੋਧੀ ਨੀਤੀ ਨੂੰ ਰੱਦ ਕਰਵਾਉਣ ਤੱਕ ਪੰਜਾਬ ਸਰਕਾਰ ਦੇ ਖਿਲਾਫ਼ ਤਿੱਖਾ ਅਤੇ ਸਿਰੜੀ ਸੰਘਰਸ਼ ਕਰਨਗੀਆਂ।ਆਗੂਆਂ ਨੇ ਬਿਜਲੀ ਸੋਧ ਬਿੱਲ 2025 ਨੂੰ ਵਾਪਸ ਲੈਣ ਦੀ ਜ਼ੋਰਦਾਰ ਮੰਗ ਕਰਦੇ ਹੋਏ ਕਿਹਾ ਕਿ ਬਿਜਲੀ ਸੋਧ ਬਿੱਲ ਦਾ ਖਰੜਾ ਨਿੱਜੀਕਰਨ ਦੀ ਨੀਤੀ ਨੂੰ ਬੜਾਵਾ ਦੇਣ ਅਤੇ ਪੂੰਜੀਪਤੀਆਂ ਦਾ ਪੱਖ ਪੂਰਨ ਵਾਲਾ ਹੈ ਜੋ ਦੇਸ਼ ਦੇ ਸਮੁੱਚੇ ਪਾਵਰ ਸੈਕਟਰ ਨੂੰ ਤਬਾਹ ਕਰ ਦੇਵੇਗਾ ਜਿਸ ਦੇ ਖਿਲਾਫ਼ ਵੱਡੇ ਪੱਧਰ ਦੀ ਲਾਮਬੰਦੀ ਕਰਕੇ ਸੰਘਰਸ਼ਸ਼ੀਲ ਲੋਕ ਸਾਂਝੇ ਸੰਘਰਸ਼ਾਂ ਰਾਹੀਂ ਇਸ ਲੋਕ ਵਿਰੋਧੀ ਬਿੱਲ ਦੇ ਖਰੜੇ ਨੂੰ ਵਾਪਸ ਲੈਣ ਲਈ ਮਜਬੂਰ ਕਰਨਗੇ ।ਉਨ੍ਹਾਂ 2 ਨਵੰਬਰ ਨੂੰ ਬਿਜਲੀ ਮੰਤਰੀ ਖਿਲਾਫ਼ ਆਰਤੀ ਚੌਂਕ ਦੇ ਨਜ਼ਦੀਕ ਲੁਧਿਆਣਾ ਵਿਖੇ ਦਿੱਤੇ ਜਾ ਰਹੇ ਸੂਬਾ ਪੱਧਰੀ ਰੋਸ ਧਰਨੇ ਅਤੇ ਝੰਡਾ ਮਾਰਚ ਵਿੱਚ ਵਹੀਰਾਂ ਘੱਤ ਕੇ ਹਾਜ਼ਰੀਨ ਨੂੰ ਪਹੁੰਚਣ ਦਾ ਸੱਦਾ ਦਿੱਤਾ। ਆਗੂਆਂ ਨੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਰੋਕਿਆ ਹੋਇਆ 16 ਪ੍ਰਤੀਸ਼ਤ ਮਹਿੰਗਾਈ ਭੱਤਾ ਤੁਰੰਤ ਜਾਰੀ ਕੀਤਾ ਜਾਵੇ ।ਰੋਸ ਧਰਨੇ ਦੀ ਸਮਾਪਤੀ ਉਪਰੰਤ ਧਰਨਾਕਾਰੀਆਂ ਨੇ ਸ਼ਹਿਰ ਦੇ ਬੋਹੜੀ ਚੌਂਕ ਤੱਕ ਜਾਇਦਾਦਾਂ ਵੇਚਣ ਅਤੇ ਬਿਜਲੀ ਸੋਧ ਬਿੱਲ ਦੇ ਖਿਲਾਫ਼ ਹੱਥਾਂ ਵਿੱਚ ਤਖਤੀਆਂ ਫੜ ਕੇ ਸਰਕਾਰ ਖਿਲਾਫ਼ ਨਾਅਰੇਬਾਜ਼ੀ ਕਰਦੇ ਹੋਏ ਰੋਸ ਮਾਰਚ ਕੀਤਾ ।



# 6 ਨੂੰ ਨੈਸ਼ਨਲ ਹੈਲਥ ਮਿਸ਼ਨ ਦੇ ਕੱਚੇ ਕਾਮੇ ਕਰਨਗੇ ਪੰਜਾਬ ਸਰਕਾਰ ਦੀ ਘੇਰਾਬੰਦੀ

**ਤਰਨ ਤਾਰਨ/ਚੋਹਲਾ ਸਾਹਿਬ (ਰਮਨ ਚੱਢਾ)**

ਕੱਚੇ ਸਿਹਤ ਮੁਲਾਜ਼ਮਾਂ ਨਾਲ ਪੱਕੇ ਵਾਅਦੇ ਕਰਨ ਵਾਲੀ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਸੱਤਾ ਦੇ ਨਸ਼ੇ ਵਿੱਚ ਆਪਣੇ ਵਾਅਦਿਆਂ ਤੋਂ ਭੱਜਦੀ ਨਜ਼ਰ ਆ ਰਹੀ ਹੈ।ਜ਼ਿਕਰਯੋਗ ਹੈ ਕਿ ਪਹਿਲੀਆਂ ਸਰਕਾਰਾਂ ਦੇ ਉਲਟ ਮੌਜੂਦਾ ਭਗਵੰਤ ਮਾਨ ਸਰਕਾਰ ਵੱਲੋਂ ਚਾਰ ਸਾਲਾਂ ਵਿੱਚ ਨੈਸ਼ਨਲ ਹੈਲਥ ਮਿਸ਼ਨ ਦੇ ਕੱਚੇ ਸਿਹਤ ਮੁਲਾਜ਼ਮਾਂ ਲਈ ਇੱਕ ਧੇਲੇ ਦਾ ਵੀ ਐਲਾਨ ਨਹੀਂ ਕੀਤਾ ਗਿਆ ਜਿਸ ਕਰਕੇ ਐੱਨਐੱਚਐੱਮ ਕਰਮਚਾਰੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਇਸਦੇ ਸਿੱਟੇ ਵਜੋਂ ਐੱਨਐੱਚਐੱਮ ਇੰਪਲਾਈਜ਼ ਯੂਨੀਅਨ ਪੰਜਾਬ ਵੱਲੋਂ ਆਪਣਾ ਰੋਸ ਪ੍ਰਗਟ ਕਰਦਿਆਂ 6 ਨਵੰਬਰ ਨੂੰ ਤਰਨਤਾਰਨ ਜ਼ਿਮਨੀ ਚੋਣ ਦੌਰਾਨ ਪੰਜਾਬ ਸਰਕਾਰ ਦੇ ਖਿਲਾਫ ਪਰਚੇ ਵੰਡ ਕੇ ਪੰਜਾਬ ਸਰਕਾਰ ਨੂੰ ਘੇਰਨ ਦਾ ਐਲਾਨ ਕੀਤਾ ਹੈ।ਨਿਗੂਣੀਆਂ ਤਨਖਾਹਾਂ ਵਿੱਚ ਵਾਧਾ ਅਤੇ ਹੋਰ ਹੱਕੀ ਮੰਗਾਂ ਸੰਬੰਧੀ ਪਿਛਲੇ 2 ਸਾਲਾਂ ਦੌਰਾਨ ਕੀਤੀਆਂ ਗਈਆਂ ਲੱਗਭੱਗ 30-35 ਦੇ ਕਰੀਬ ਮੀਟਿੰਗਾਂ ਵਿਚ ਵੀ ਕੋਈ ਹੱਲ ਨਹੀਂ ਕੀਤਾ ਗਿਆ ਅਤੇ ਮੀਟਿੰਗਾਂ ਦੌਰਾਨ ਸਿਰਫ਼ ਲਾਰਿਆਂ ਦੀ ਪੰਡ ਦੇ ਸਿਵਾ ਕੁਝ ਵੀ ਨਹੀਂ ਦਿੱਤਾ ਗਿਆ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਐੱਨਐੱਚਐੱਮ ਇੰਪਲਾਈਜ਼ ਯੂਨੀਅਨ ਪੰਜਾਬ ਦੇ ਸੂਬਾ ਆਗੂ ਸੰਦੀਪ ਕੌਰ ਅਤੇ ਗੁਲਸ਼ਨ ਸ਼ਰਮਾ ਵੱਲੋਂ ਪਰੈੱਸ ਨਾਲ ਗੱਲਬਾਤ ਦੌਰਾਨ ਕੀਤਾ ਗਿਆ । ਉਨ੍ਹਾਂ ਕਿਹਾ ਇਸ ਰੋਸ 'ਚ ਪੰਜਾਬ ਭਰ ਤੋਂ ਲਗਭਗ 9000 ਕੱਚੇ ਮੁਲਾਜ਼ਮ ਹਿੱਸਾ ਲੈਣਗੇ।ਇਸ ਮੌਕੇ ਕਰਮਚਾਰੀਆਂ ਨੇ ਸਾਫ ਸ਼ਬਦਾਂ ਵਿਚ ਕਿਹਾ ਕਿ ਜੇਕਰ ਸਰਕਾਰ ਜਲਦੀ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਨਹੀਂ ਕਰਦੀ ਤਾਂ ਐੱਨਐੱਚਐੱਮ ਯੂਨੀਅਨ ਵੱਲੋਂ ਸਰਕਾਰ ਦਾ ਹਰ ਮੋੜ 'ਤੇ ਘੇਰਾਓ ਕੀਤਾ ਜਾਵੇਗਾ ।ਇਸ ਮੌਕੇ ਜਸਵੀਰ ਸਿੰਘ ਜ਼ਿਲ੍ਹਾ ਪ੍ਰਧਾਨ, ਮਨਦੀਪ ਸਿੰਘ ਜਨਰਲ ਸਕੱਤਰ, ਲਵਲੀਨ ਕੌਰ ਡੀਪੀਐੱਮ ਤਰਨ ਤਾਰਨ, ਅਰੁਸ਼ ਭੱਲਾ ਤਰਨ ਤਾਰਨ, ਸੁਰਿੰਦਰ ਸਿੰਘ, ਵਿਸ਼ਾਲ ਕੁਮਾਰ, ਅਮਨਦੀਪ ਸਿੰਘ, ਪਰਮਿੰਦਰ ਸਿੰਘ ਪ੍ਰੈੱਸ ਸਕੱਤਰ, ਕੁਲਵਿੰਦਰ ਸਿੰਘ ਪ੍ਰੈੱਸ ਸਕੱਤਰ, ਸਿਮਰਨ ਸਿੰਘ, ਰਮਿੰਦਰ ਕੌਰ, ਚਰਨਜੀਤ ਸਿੰਘ, ਵਿੱਦਿਆ, ਜੁਗਰਾਜ ਸਿੰਘ, ਕਮਲਜੀਤ ਸਿੰਘ, ਸੰਦੀਪ ਕੁਮਾਰ, ਨੀਰੂ ਮੰਨਣ, ਅਮਰਜੀਤ ਕੌਰ, ਬਲਜੀਤ ਸਿੰਘ, ਹਰਜਿੰਦਰ ਸਿੰਘ, ਪਰਵੀਨ ਕੌਰ, ਕਰਮਜੀਤ ਕੌਰ, ਸਵਰੂਪ ਕੌਰ, ਰਵਿੰਦਰ ਕੌਰ, ਪ੍ਰੀਤਪਾਲ ਕੌਰ, ਕੁਲਵੰਤ ਕੌਰ, ਮਨਜਿੰਦਰ ਸਿੰਘ, ਗੁਰਪ੍ਰੀਤ ਕੌਰ, ਗੁਰਜੀਤ ਸਿੰਘ, ਜਗਦੀਪ ਕੌਰ, ਗੁਰਤੇਜ ਸਿੰਘ, ਚੰਦਨ ਸ਼ਰਮਾ, ਅਮਨਦੀਪ ਕੌਰ, ਮੀਨੂ ਅਤੇ ਕੁਲਵੰਤ ਸਿੰਘ ਕਰਮਚਾਰੀ ਹਾਜ਼ਰ ਸਨ।



# ਗੈਰ-ਮਾਲਕ ਕਾਸ਼ਤਕਾਰ ਕਿਸਾਨਾਂ ਨੂੰ ਸਰਕਾਰ ਵੱਲੋਂ ਐਲਾਨਿਆ ਮੁਆਵਜ਼ਾ ਦਿੱਤੇ ਜਾਣ ਦੀ ਮੰਗ

**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**

ਪੰਜਾਬ ਸਰਕਾਰ ਵੱਲੋਂ ਹੜ੍ਹ ਪੀੜਤ ਕਿਸਾਨਾਂ ਲਈ ਐਲਾਨੀ ਗਈ ਮੁਆਵਜ਼ਾ ਦੀ ਰਾਹਤ ਤੋਂ ਗੈਰ-ਮਾਲਕ ਕਾਸ਼ਤਕਾਰ ਕਿਸਾਨਾਂ ਖਾਸ ਕਰ ਪ੍ਰਦੇਸ਼ ਸਰਕਾਰ ਅਤੇ ਸੈਂਟਰ ਸਰਕਾਰ ਦੀ ਮਾਲਕੀ ਵਾਲੀ ਜ਼ਮੀਨ ਉਪਰ ਕਾਸ਼ਤ ਕਰ ਰਹੇ ਕਿਸਾਨਾਂ ਦੇ ਇਸ ਮੁਆਵਜ਼ੇ ਤੋਂ ਵਾਂਝੇ ਰਹਿ ਜਾਣ ਦੀ ਬਣ ਰਹੀ ਸੰਭਾਵਨਾ ਦੇ ਮੱਦੇਨਜ਼ਰ ਸਾਰੇ ਗੈਰ-ਮਾਲਕ ਕਾਸ਼ਤਕਾਰ ਕਿਸਾਨਾਂ ਨੂੰ ਸਰਕਾਰ ਵੱਲੋਂ ਐਲਾਨਿਆ ਮੁਆਵਜ਼ਾ ਦਿੱਤੇ ਜਾਣ ਦੀ ਮੰਗ ਨੂੰ ਲੈ ਕੇ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ, ਇਲਾਕਾ ਡੇਰਾ ਬਾਬਾ ਨਾਨਕ ਦੇ ਇੱਕ ਵਫਦ ਨੇ ਐੱਸਡੀਐੱਮ: ਡੇਰਾ ਬਾਬਾ ਨਾਨਕ ਅਦਿਤਿਆ ਸ਼ਰਮਾ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਇਸ ਸਬੰਧ ਵਿੱਚ ਇੱਕ ਮੰਗ ਪੱਤਰ ਸੌਂਪਿਆ।ਦਿੱਤੇ ਗਏ ਮੰਗ ਪੱਤਰ ਵਿੱਚ ਪਰਦੇਸ਼ ਸਰਕਾਰ/ਸੈਂਟਰ ਸਰਕਾਰ ਦੀ ਮਾਲਕੀ ਵਾਲੀ ਜ਼ਮੀਨ ਉਪਰ ਕਾਸ਼ਤ ਕਰ ਰਹੇ ਸਮੂਹ ਕਿਸਾਨਾਂ ਨੂੰ ਸਰਕਾਰ ਵੱਲੋਂ ਐਲਾਨੀ ਗਈ ਮੁਆਵਜ਼ੇ ਦੀ ਰਾਹਤ ਦਾ ਹੱਕਦਾਰ ਮੰਨ ਕੇ ਇਨ੍ਹਾਂ ਕਾਸ਼ਤਕਾਰ ਕਿਸਾਨਾਂ ਸਮੇਤ ਪੰਚਾਇਤੀ, ਵਕਫ ਬੋਰਡ ਅਤੇ ਸ਼੍ਰੋਮਣੀ ਕਮੇਟੀ ਸਮੇਤ ਹੋਰ ਸਰਕਾਰੀ/ਗੈਰ-ਸਰਕਾਰੀ ਅਦਾਰਿਆਂ ਅਤੇ ਨਿੱਜੀ ਮਾਲਕੀ ਵਾਲੀਆਂ ਜ਼ਮੀਨਾਂ ਠੇਕੇ ਤੇ ਲੈ ਕੇ ਖੇਤੀ ਕਰ ਰਹੇ ਸਮੂਹ ਕਾਸ਼ਤਕਾਰ ਕਿਸਾਨਾਂ ਨੂੰ ਬਿਨਾਂ ਵਿਤਕਰਾ ਸਰਕਾਰ ਵੱਲੋਂ ਐਲਾਨਿਆ ਮੁਆਵਜ਼ਾ ਦਿੱਤੇ ਜਾਣ ਦੀ ਮੰਗ ਕੀਤੀ ਗਈ।ਐੱਸਡੀਐੱਮ ਅਦਿਤਿਆ ਸ਼ਰਮਾ ਨੇ ਵਫਦ ਨੂੰ ਧਿਆਨ ਪੂਰਵਕ ਸੁਣਨ ਉਪਰੰਤ ਆਗੂਆਂ ਨੂੰ ਵਿਸ਼ਵਾਸ ਦਿਵਾਇਆ ਕਿ ਇਸ ਸਬੰਧ ਵਿੱਚ ਰਿਪੋਰਟ ਬਣਾ ਕੇ ਤੁਰੰਤ ਡਿਪਟੀ ਕਮਿਸ਼ਨਰ ਗੁਰਦਾਸਪੁਰ ਅਤੇ ਪੰਜਾਬ ਸਰਕਾਰ ਨੂੰ ਭੇਜ ਦਿੱਤੀ ਜਾਵੇਗੀ।ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦੇ ਇਸ ਵਫਦ ਵਿੱਚ ਸ: ਜੋਗਿੰਦਰ ਸਿੰਘ ਖੰਨਾ ਚਮਾਰਾਂ, ਸ: ਸਤਬੀਰ ਸਿੰਘ ਖੋਦੇ ਬੇਟ, ਮਾਸਟਰ ਸੁੱਚਾ ਸਿੰਘ ਰਾਮਦਿਵਾਲੀ, ਸਰਵਣ ਸਿੰਘ ਰੜੇਵਾਲੀ, ਸਰਬਜੀਤ ਸਿੰਘ ਤਲਵੰਡੀ ਹਿੰਦੂਆਂ ਸ: ਹਰਜੀਤ ਸਿੰਘ ਠੇਠਰਕੇ, ਝਿਰਮਲ ਸਿੰਘ ਝੰਗੀ, ਨਰਿੰਦਰ ਸਿੰਘ ਤਲਵੰਡੀ ਹਿੰਦੂਆਂ, ਹਰਵੰਤ ਸਿੰਘ ਰੱਤਾ, ਰੋਬਨ ਸ਼ਹਿਜ਼ਾਦਾ ਅਤੇ ਹਰਜੀਤ ਸਿੰਘ ਖੋਦੇ ਬੇਟ ਆਦਿ ਆਗੂ ਸ਼ਾਮਿਲ ਸਨ ।ਇਸ ਵਫਦ ਵਿੱਚ ਜਥੇਬੰਦੀ ਦੇ ਪ੍ਰਮੁੱਖ ਆਗੂ ਸ: ਬਲਬੀਰ ਸਿੰਘ ਰੰਧਾਵਾ ਵੀ ਸ਼ਾਮਿਲ ਹੋਏ।



# ਕਰਮਜੀਤ ਸਿੰਘ ਰਿੰਟੂ ਵੱਲੋਂ ਮਜੀਠਾ ਰੋਡ ਦੇ ਵਿਕਾਸ ਕਾਰਜ ਦਾ ਉਦਘਾਟਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਨਗਰ ਸੁਧਾਰ ਟਰੱਸਟ ਅੰਮ੍ਰਿਤਸਰ ਦੇ ਚੇਅਰਮੈਨ ਅਤੇ ਉੱਤਰੀ ਵਿਧਾਨ ਸਭਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਇੰਚਾਰਜ ਕਰਮਜੀਤ ਸਿੰਘ ਰਿੰਟੂ ਨੇ ਸ਼ਹਿਰ ਦੀ ਪ੍ਰਮੁੱਖ ਸੜਕ ਮਜੀਠਾ ਰੋਡ ਦੇ ਨਿਰਮਾਣ ਕਾਰਜ ਦਾ ਉਦਘਾਟਨ ਕੀਤਾ।ਕਰਮਜੀਤ ਸਿੰਘ ਰਿੰਟੂ ਨੇ ਕਿਹਾ ਕਿ ਮਜੀਠਾ ਰੋਡ ਅੰਮ੍ਰਿਤਸਰ ਸ਼ਹਿਰ ਦੀਆਂ ਮੁੱਖ ਸੜਕਾਂ ਵਿੱਚੋਂ ਇੱਕ ਹੈ, ਜਿਸ ਨਾਲ ਸ਼ਹਿਰ ਵਾਸੀਆਂ ਅਤੇ ਬਾਹਰੋਂ ਆਉਣ ਵਾਲੇ ਲੋਕਾਂ ਨੂੰ ਬਹੁਤ ਸੁਵਿਧਾ ਮਿਲੇਗੀ।ਇਸ ਨਾਲ ਵਪਾਰੀਆਂ ਨੂੰ ਵੀ ਵੱਡਾ ਲਾਭ ਹੋਵੇਗਾ।ਉਨ੍ਹਾਂ ਕਿਹਾ ਕਿ ਉੱਤਰੀ ਵਿਧਾਨ ਸਭਾ ਹਲਕੇ ਦੇ ਹਰ ਇਲਾਕੇ ਵਿੱਚ ਤੇਜ਼ੀ ਨਾਲ ਵਿਕਾਸ ਕਾਰਜ ਕੀਤੇ ਜਾ ਰਹੇ ਹਨ ਅਤੇ ਕੋਈ ਵੀ ਇਲਾਕਾ ਵਿਕਾਸ ਤੋਂ ਬਿਨਾਂ ਨਹੀਂ ਰਹਿਣ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਲੋਕਾਂ ਵਿਚ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਜਾ ਰਹੀਆਂ ਹਨ ਅਤੇ ਉਨ੍ਹਾਂ ਦਾ ਹੱਲ ਵੀ ਤੁਰੰਤ ਕੀਤਾ ਜਾ ਰਿਹਾ ਹੈ।ਕਰਮਜੀਤ ਸਿੰਘ ਰਿੰਟੂ ਨੇ ਕਿਹਾ ਕਿ ਨਗਰ ਸੁਧਾਰ ਟਰੱਸਟ ਅੰਮ੍ਰਿਤਸਰ ਵੱਲੋਂ ਵਿਕਾਸ ਕਾਰਜਾਂ ਵਿੱਚ ਕੋਈ ਘਾਟ ਨਹੀਂ ਆਉਣ ਦਿੱਤੀ ਜਾ ਰਹੀ।ਟਰੱਸਟ ਦੀਆਂ ਵੱਖ-ਵੱਖ ਸਕੀਮਾਂ ਵਿੱਚ ਬਾਕੀ ਰਹਿ ਗਏ ਕਾਰਜਾਂ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ ਅਤੇ ਇਹ ਸਾਰੇ ਵਿਕਾਸ ਕਾਰਜ ਜਲਦ ਹੀ ਸ਼ੁਰੂ ਹੋਣਗੇ।ਇਸ ਮੌਕੇ ਸੀਨੀਅਰ ਡਿਪਟੀ ਮੇਅਰ ਪ੍ਰਿਯੰਕਾ ਸ਼ਰਮਾ, ਰਿਤੇਸ਼ ਸ਼ਰਮਾ, ਵਿਸਾਖਾ ਸਿੰਘ, ਬਲਵਿੰਦਰ ਸਿੰਘ ਕਾਲਾ, ਸਾਹਿਲ ਸਾਗਰ, ਅਜੈ ਗਿੱਲ, ਰਾਹਿਲ ਖੰਨਾ, ਅੰਕੁਰ ਗੁਪਤਾ, ਸਵਿੰਦਰ ਸ਼ਿੰਦੀ, ਹੈਪੀ ਸਰਪੰਚ, ਰਣਜੀਤ ਸਿੰਘ ਰਾਣਾ, ਨਵਦੀਪ ਸਿੰਘ, ਪ੍ਰਿਯੰਕਾ ਅਗਰਵਾਲ, ਸ਼ੈਲਾ, ਕੁਲਵਿੰਦਰ ਸਿੰਘ ਕਿੰਦੀ, ਭਗਵੰਤ ਸਿੰਘ, ਬੁੱਧ ਸਿੰਘ ਆਦਿ ਹਾਜ਼ਰ ਸਨ।

# ਆਰ ਐੱਮ ਪੀ ਆਈ ਵੱਲੋਂ ਤਰਨਤਾਰਨ 'ਚ ਜ਼ਿਲ੍ਹਾ ਪੱਧਰੀ ਵਿਸ਼ਾਲ ਰੈਲੀ 7 ਨੂੰ : ਜਾਮਾਰਾਏ, ਪੰਡੋਰੀ



**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਨੇ ਤਰਨਤਾਰਨ ਵਿਧਾਨ ਸਭਾ ਹਲਕੇ ਦੇ ਵੋਟਰਾਂ ਨੂੰ ਪੁਰਜ਼ੋਰ ਅਪੀਲ ਕੀਤੀ ਹੈ। ਉਹ ਆਉਣ ਵਾਲੀ 11 ਨਵੰਬਰ ਨੂੰ ਹੋਣ ਜਾ ਰਹੀ ਉਪ ਚੋਣ 'ਚ ਕੇਂਦਰੀ ਏਜੰਸੀਆਂ ਦੇ ਸ਼ਿਸ਼ਕਾਰੇ, ਸ਼ੱਕੀ ਕਿਰਦਾਰ ਵਾਲੇ, ਅਜਿਹੇ ਕਿਸੇ ਵੀ ਕੱਟੜਪੰਥੀ ਉਮੀਦਵਾਰ ਨੂੰ ਮੂੰਹ ਨਾ ਲਾਉਣ, ਜਿਸ ਦੀਆਂ ਹਰਕਤਾਂ ਤੇ ਬੋਲ-ਬਾਣੀ ਪੰਜਾਬ ਦੇ ਅਮਨ-ਚੈਨ ਨੂੰ ਲਾਂਬੂ ਲਾਉਣ ਦਾ ਜ਼ਰੀਆ ਬਣ ਸਕਦੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਏਰੀਆ ਕਮੇਟੀ ਦੀ ਭਰਵੀ ਮੀਟਿੰਗ ਪਿੰਡ ਰਟੋਲ ਚ ਸੰਬੋਧਨ ਕਰਦਿਆਂ ਪਾਰਟੀ ਦੀ ਸੂਬਾਈ ਸਕੱਤਰ ਪਰਗਟ ਸਿੰਘ ਜਾਮਾਰਾਏ ਅਤੇ ਬਲਦੇਵ ਸਿੰਘ ਪੰਡੋਰੀ ਨੇ ਕੀਤਾ। ਇਹਨਾਂ ਆਗੂਆਂ ਨੇ ਕਿਹਾ ਹੈ ਕਿ ਵੋਟਰਾਂ ਨੂੰ ਆਪਣੇ ਮਤ ਰਾਹੀਂ ਕੇਂਦਰੀ ਹੁਕਮਰਾਨਾਂ ਦੀਆਂ ਪੰਜਾਬ ਨੂੰ ਅਸਥਿਰ ਕਰਨ ਦੀਆਂ ਸਾਜ਼ਿਸ਼ਾਂ ਨੂੰ ਸਿਰੇ ਚੜ੍ਹਾਉਣ ਲਈ ਚੋਣ ਮੈਦਾਨ 'ਚ ਨਿੱਤਰੇ ਸ਼ਰਾਰਤੀ ਅਨਸਰਾਂ ਦੀ ਸਪਸ਼ਟ ਨਿਸ਼ਾਨਦੇਹੀ ਕਰਕੇ ਉਨ੍ਹਾਂ ਨੂੰ ਭਾਂਜ ਦੇਣੀ ਚਾਹੀਦੀ ਹੈ।ਮੀਟਿੰਗ ਦੀ ਪ੍ਰਧਾਨਗੀ ਪਾਰਟੀ ਦੇ ਆਗੂ ਨਰਿੰਦਰ ਸਿੰਘ ਰਟੋਲ ਨੇ ਕੀਤੀ।ਜਮਾਰਾਏ, ਪੰਡੋਰੀ ਨੇ ਕਿਹਾ ਹੈ ਕਿ ਇਸ ਚੋਣ 'ਚ ਦੇਸ਼ ਵਾਸੀਆਂ ਨੂੰ ਧਰਮ ਦੇ ਆਧਾਰ 'ਤੇ ਵੰਡਣ ਵਾਲੇ ਆਰਐੱਸਐੱਸ ਦੀ ਵਿਚਾਰਧਾਰਾ ਅਨੁਸਾਰ ਦੇਸ਼ ਚਲਾ ਰਹੀ ਭਾਜਪਾ ਦੇ ਉਮੀਦਵਾਰ ਨੂੰ ਹਾਰ ਦੇ ਕੇ ਧਰਮ ਨਿਰਪੱਖਤਾ, ਜਮਹੂਰੀਅਤ, ਤੇ ਫੈਡਰਲ ਢਾਂਚੇ ਦੀ ਰਾਖੀ ਦਾ ਸਪਸ਼ਟ ਸੁਨੇਹਾ ਦੇਣਾ ਚਾਹੀਦਾ ਹੈ।ਨਾਲ ਹੀ ਆਪਣੇ ਹਰ ਵਾਅਦੇ ਤੋਂ ਭੱਜੀ, ਮਾਫੀਆ ਗ੍ਰੋਹਾਂ ਦੀ ਪੁਸ਼ਤ ਪਨਾਹੀ ਕਰਨ ਵਾਲੀ ਤੇ ਸੰਘਰਸ਼ੀ ਲੋਕਾਂ 'ਤੇ ਜਬਰ ਢਾਹ ਰਹੀ ਪੰਜਾਬ ਸਰਕਾਰ ਨੂੰ ਵੀ ਢੁੱਕਵਾਂ ਸਬਕ ਸਿਖਾਇਆ ਜਾਣਾ ਚਾਹੀਦਾ ਹੈ।ਪਾਰਟੀ ਵੱਲੋਂ ਆਉਣ ਵਾਲੀ 7 ਨਵੰਬਰ ਨੂੰ ਜ਼ਿਲ੍ਹਾ ਪੱਧਰੀ ਰੈਲੀ ਕੀਤੀ ਜਾਵੇਗੀ, ਅਤੇ 17 ਨਵੰਬਰ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਸਾਲਾ ਸ਼ਤਬਦੀ ਦਿਵਸ ਨੂੰ ਸਮਰਪਤ ਪਿੰਡ ਰਟੋਲ 'ਚ ਰਾਜਨੀਤੀ ਕਾਨਫਰੰਸ ਕੀਤੀ ਜਾਵੇਗੀ ਜਿਸ ਨੂੰ ਪਾਰਟੀ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਸੰਬੋਧਨ ਕਰਨਗੇ।

# ਫਸਲ ਦੀ ਰਹਿੰਦ-ਖੂੰਹਦ ਸਾੜਨ ਵਾਲਿਆਂ ਵਿਰੁੱਧ ਪ੍ਰਸ਼ਾਸਨ ਹੋਰ ਵੀ ਸਖ਼ਤ



**ਕਾਦੀਆਂ/ਬਟਾਲਾ, (ਡਾ. ਮਲਵਿੰਦਰ ਸਿੰਘ)**

ਆਦਿੱਤਿਆ ਉਪਲ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿੱਤੇ ਸਖ਼ਤ ਦਿਸ਼ਾ ਨਿਰਦੇਸ਼ਾਂ ਹੇਠ ਪਰਾਲੀ ਪਰੋਟੈਕਸ਼ਨ ਫੋਰਸ ਦੀਆਂ ਟੀਮਾਂ ਵੱਲੋਂ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਾਉਣ ਦੀ ਅਪੀਲ ਕੀਤੀ ਜਾ ਰਹੀ ਹੈ।ਐੱਸਡੀਐੱਮ ਬਟਾਲਾ ਵਿਕਰਮਜੀਤ ਸਿੰਘ ਪਾਂਥੇ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਦੇ ਆਦੇਸ਼ਾਂ ਤੇ ਸਬ ਡਵੀਜ਼ਨ ਬਟਾਲਾ ਵਿੱਚ ਤਾਇਨਾਤ ਪਰਾਲੀ ਪਰੋਟੈਕਸ਼ਨ ਫੋਰਸ ਦੀਆਂ ਟੀਮਾਂ ਪੂਰੀ ਮੁਸਤੈਦੀ ਨਾਲ ਪਿੰਡਾਂ ਵਿੱਚ ਜਾ ਰਹੀਆਂ ਹਨ ਅਤੇ ਫਸਲ ਦੀ ਰਹਿੰਦ ਖੂੰਹਦ ਨੂੰ ਨਾ ਸਾੜਨ ਅਤੇ ਪਰਾਲੀ ਪ੍ਰਬੰਧਨ ਲਈ ਪ੍ਰੇਰਿਤ ਕਰ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਪਿੰਡਾਂ ਬੱਜੂਮਾਨ, ਲਾਧੂਭਾਣਾ ਅਤੇ ਬਸਰਾਵਾਂ ਵਿੱਚ ਸਿਵਲ ਤੇ ਪੁਲਸ ਵਿਭਾਗ ਦੀਆਂ ਸਾਂਝੀਆਂ ਟੀਮਾਂ ਵੱਲੋਂ ਪਿੰਡ ਵਾਸੀਆਂ ਨੂੰ ਮਾਣਯੋਗ ਨੈਸ਼ਨਲ ਗਰੀਨ ਟ੍ਰਿਬਿਊਨਲ ਅਤੇ ਮਾਣਯੋਗ ਸੁਪਰੀਮ ਕੋਰਟ ਦੀਆਂ ਹਦਾਇਤਾਂ ਤੋਂ ਜਾਣੂੰ ਕਰਵਾਇਆ ਗਿਆ ਕਿ ਪਰਾਲੀ ਪ੍ਰਬੰਧਨ ਲਈ ਮੌਜੂਦ ਖੇਤੀ ਮਸ਼ੀਨਰੀ ਦੇ ਬਾਵਜੂਦ ਜੇਕਰ ਕੋਈ ਕਿਸਾਨ ਫਸਲ ਦੀ ਰਹਿੰਦ ਖੂੰਹਦ ਨੂੰ ਸਾੜਦਾ ਹੈ ਤਾਂ ਉਸ ਵਿਰੁੱਧ ਨਿਯਮਾਂ ਤਹਿਤ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਸਤਨਾਮ ਸਿੰਘ ਨਾਇਬ ਤਹਿਸੀਲਦਾਰ ਕਾਦੀਆਂ, ਜੋਬਨਜੀਤ ਸਿੰਘ ਖਹਿਰਾ ਬਲਾਕ ਨੋਡਲ ਅਫਸਰ ਕਾਦੀਆਂ, ਕਲਸਟਰ ਇੰਚਾਰਜ ਇੰਜੀ. ਵਿਮਲ ਕੁਮਾਰ ਵਧੀਕ ਐੱਸਡੀਓ ਪੀਐੱਸਪੀਸੀਐੱਲ, ਨੋਡਲ ਅਫ਼ਸਰ ਪਰਮਜੀਤ ਸਿੰਘ, ਕਲੱਸਟਰ ਇੰਚਾਰਜ ਪਰਵੀਨ ਕੁਮਾਰ, ਡਾ. ਕਲੱਸਟਰ ਅਫਸਰ ਹਰਦੇਵ ਸਿੰਘ, ਨੋਡਲ ਅਫਸਰ ਹਰਦੀਪ ਸਿੰਘ, ਚੌਂਕੀ ਇੰਚਾਰਜ ਜਸਬੀਰ ਸਿੰਘ ਅਤੇ ਪਰਮਿੰਦਰ ਸਿੰਘ ਹਾਜ਼ਰ ਸ਼ਨ।

# ਡਾ. ਅਮਰੀਕ ਸਿੰਘ ਨੇ ਪਿੰਡ ਸੋਹਲ 'ਚ ਸਥਿਤ ਪਨਸੀਡ ਦੇ ਬ੍ਰਾਂਚ ਦਫਤਰ ਦਾ ਕੀਤਾ ਦੌਰਾ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਸਰਕਾਰ ਵੱਲੋਂ ਐਲਾਨੇ ਨੋਡਲ ਏਜੰਸੀ ਪਨਸੀਡ ਰਾਹੀਂ ਚਾਲੂ ਹਾੜ੍ਹੀ 2025-26 ਸੀਜ਼ਨ ਲਈ ਹੜ੍ਹ ਪ੍ਰਭਾਵਤ ਕਿਸਾਨਾਂ ਨੂੰ ਸਹਾਇਤਾ ਪ੍ਰਦਾਨ ਕਰਨ ਲਈ ਵਿਸ਼ੇਸ਼ ਪ੍ਰਬੰਧ ਕੀਤੇ ਹਨ ਜਿਸ ਤਹਿਤ ਹੜ੍ਹ ਪ੍ਰਭਾਤ ਕਿਸਾਨਾਂ ਨੂੰ ਕਣਕ ਦੀ ਬਿਜਾਈ ਵਿਚ ਲੋੜੀਂਦਾ ਬੀਜ ਮੁਫ਼ਤ ਦਿੱਤਾ ਜਾ ਰਿਹਾ ਹੈ ਤਾਂ ਜੋਂ ਹੜ੍ਹ ਪ੍ਰਭਾਵਤ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾਂ ਕਰਨਾ ਪਵੇ।ਇਸ ਸਬੰਧੀ ਜਨਰਲ ਮੈਨੇਜਰ ਮਾਰਕੀਟਿੰਗ ਪਨਸੀਡ ਡਾਕਟਰ ਅਮਰੀਕ ਸਿੰਘ ਵਲੋਂ ਪਿੰਡ ਸੋਹਲ ਵਿਚ ਸਥਿਤ ਪਨਸੀਡ ਦੇ ਬ੍ਰਾਂਚ ਦਫਤਰ ਦਾ ਦੌਰਾ ਕਰਨ ਉਪਰੰਤ ਗੱਲਬਾਤ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ ਤੇ ਖ਼ੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਹਾੜ੍ਹੀ 2025-26 ਸੀਜ਼ਨ ਲਈ ਜਾਰੀ ਨੀਤੀ ਅਨੁਸਾਰ, ਆਮ ਕਿਸਾਨਾਂ ਨੂੰ ਕਣਕ ਦੇ ਬੀਜਾਂ ਤੇ 2,000 ਰੁਪਏ ਪ੍ਰਤੀ ਕੁਇੰਟਲ ਸਬਸਿਡੀ ਮਿਲੇਗੀ।ਇਸ ਤੋਂ ਇਲਾਵਾ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਕਣਕ ਦਾ ਬੀਜ ਮੁਫ਼ਤ ਮੁਹਈਆ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਸਿਰਫ਼ ਉਨ੍ਹਾਂ ਕਿਸਾਨਾਂ ਨੂੰ ਹੀ ਮੁਫ਼ਤ ਬੀਜ ਮਿਲੇਗਾ, ਜਿਨ੍ਹਾਂ ਕਿਸਾਨਾਂ ਦਾ ਨਾਮ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਛਾਣੇ ਗਏ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਪ੍ਰਭਾਵਤ ਕਿਸਾਨਾਂ ਦੀ ਸੂਚੀ ਵਿਚ ਸ਼ਾਮਿਲ ਹੋਣਗੇ।ਇਸ ਮੌਕੇ ਬ੍ਰਾਂਚ ਦਫਤਰ ਪਨਸੀਡ ਦਾ ਇੰਚਾਰਜ ਹਰਜੀਤ ਸਿੰਘ ਹਾਜ਼ਰ ਸਨ।



# ਕੂੜੇ ਦੀ ਬਾਇਓਰਿਮੀਡੀਏਸ਼ਨ ਦਾ ਕੰਮ ਤੇਜ਼ ਕਰਨ ਲਈ ਈਕੋਸਟੈਨ ਕੰਪਨੀ ਨੂੰ ਨਿਰਦੇਸ਼ ਜਾਰੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਦੇ ਨਿਰਦੇਸ਼ਾਂ ਅਨੁਸਾਰ, ਐਡੀਸ਼ਨਲ ਕਮਿਸ਼ਨਰ ਸ਼੍ਰੀ ਸੁਰਿੰਦਰ ਸਿੰਘ ਨੇ ਭਗਤਾਂ ਵਾਲਾ ਡੰਪ ਸਾਈਟ ਦਾ ਦੌਰਾ ਕੀਤਾ ਤੇ ਉਥੇ ਈਕੋਸਟੈਨ ਕੰਪਨੀ ਵੱਲੋਂ ਚੱਲ ਰਹੇ ਕੂੜੇ ਦੀ ਬਾਇਓਰਿਮੀਡੀਏਸ਼ਨ ਕੰਮ ਦੀ ਪ੍ਰਗਤੀ ਦੀ ਜਾਂਚ ਕੀਤੀ।ਐਡੀਸ਼ਨਲ ਕਮਿਸ਼ਨਰ ਨੇ ਕੰਪਨੀ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕੰਮ ਦੀ ਗਤੀ ਹੋਰ ਤੇਜ਼ ਕੀਤੀ ਜਾਵੇ ਤਾਂ ਜੋ ਪੁਰਾਣਾ ਪਿਆ ਕੂੜਾ ਜਲਦੀ ਤੋਂ ਜਲਦੀ ਸਾਫ਼ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਭਗਤਾਂ ਵਾਲਾ ਡੰਪ 'ਤੇ ਬਾਇਓਰਿਮੀਡੀਏਸ਼ਨ ਦਾ ਕੰਮ ਐੱਮ/ਐੱਸ ਈਕੋਸਟੈਨ ਕੰਪਨੀ ਨੂੰ ਸੌਂਪਿਆ ਗਿਆ ਹੈ, ਜੋ ਇਸ ਨੂੰ ਨਿਰਧਾਰਤ ਸਮੇਂ ਵਿੱਚ ਪੂਰਾ ਕਰੇਗੀ।ਉਨ੍ਹਾਂ ਦੱਸਿਆ ਕਿ ਕੰਪਨੀ ਦੀ ਰਿਪੋਰਟ ਅਨੁਸਾਰ 1 ਅਕਤੂਬਰ ਤੋਂ 27 ਅਕਤੂਬਰ 2025 ਤੱਕ ਕੁੱਲ 23,335 ਟਨ ਕੂੜੇ ਦੀ ਬਾਇਓਰਿਮੀਡੀਏਸ਼ਨ ਹੋ ਚੁੱਕੀ ਹੈ, ਜੋ ਕਿ ਦਿਨ ਪ੍ਰਤੀ ਔਸਤ 863 ਟਨ ਹੈ।ਇਸ ਸਮੇਂ ਦੋ ਟ੍ਰੋਮਲ ਮਸ਼ੀਨਾਂ ਕੰਮ ਕਰ ਰਹੀਆਂ ਹਨ ਤੇ ਤੀਜੀ ਮਸ਼ੀਨ ਜਲਦੀ ਹੀ ਚਾਲੂ ਕੀਤੀ ਜਾਵੇਗੀ। ਐਡੀਸ਼ਨਲ ਕਮਿਸ਼ਨਰ ਨੇ ਕਿਹਾ ਕਿ ਕੰਪਨੀ ਅਧਿਕਾਰੀਆਂ ਨੂੰ ਕੰਮ ਤੇਜ਼ ਕਰਨ ਤੇ ਇਸ ਨੂੰ ਜਲਦ ਤੋਂ ਜਲਦ ਪੂਰਾ ਕਰਨ ਲਈ ਕਿਹਾ ਗਿਆ ਹੈ, ਜਿਵੇਂ ਕਿ ਵਰਕ ਆਰਡਰ ਦੀਆਂ ਸ਼ਰਤਾਂ ਅਨੁਸਾਰ ਹੈ।

# ਸੰਤ ਬਾਬਾ ਸੱਜਣ ਸਿੰਘ ਗੁਰੂ ਕੇ ਬੇਰ ਵਾਲਿਆਂ ਦਾ ਸਨਮਾਨ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਗੁਰਦੁਆਰਾ ਦਮਦਮਾ ਰੋੜੀ ਸਾਹਿਬ ਪਾਤਸ਼ਾਹੀ ਨੌਵੀਂ ਪਿੰਡ ਕਾਲੇਕੇ ਵਿਖੇ ਸਾਲਾਨਾ ਗੁਰਮਤਿ ਸਮਾਗਮ ਸੰਤ ਬਾਬਾ ਗੁਰਦਿਆਲ ਸਿੰਘ ਜੀ ਵੱਲੋਂ ਕਰਵਾਇਆ ਗਿਆ ਜਿਸ ਵਿੱਚ ਸੰਤ ਬਾਬਾ ਸੱਜਣ ਸਿੰਘ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਪਾਤਸ਼ਾਹੀ ਛੇਵੀਂ ਮੱਤੇਵਾਲ ਵੱਲੋਂ ਹਾਜ਼ਰੀ ਭਰਨ ਤੇ ਉਨ੍ਹਾਂ ਨੂੰ ਗੁਰੂ ਸਾਹਿਬ ਦੀ ਬਖਸ਼ਿਸ਼ ਸਿਰਪਾਉ ਪਾ ਕੇ ਬਾਬਾ ਗੁਰਦਿਆਲ ਸਿੰਘ ਅਤੇ ਹੋਰ ਸੰਤ ਮਹਾਂਪੁਰਸ਼ਾਂ ਨੇ ਸਨਮਾਨਿਤ ਕੀਤਾ।

# ਵਰਲਡ ਸਟਰੋਕ ਡੇਅ ਮਨਾਇਆ

**ਗੁਰਦਾਸਪੁਰ (ਜਨਕ ਮਹਾਜਨ)**

ਸਿਵਲ ਸਰਜਨ ਗੁਰਦਾਸਪੁਰ ਡਾ. ਜਸਵਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਵਰਲਡ ਸਟਰੋਕ ਡੇ ਮਨਾਇਆ ਗਿਆ।ਇਸ ਮੌਕੇ ਸਿਵਲ ਸਰਜਨ ਗੁਰਦਾਸਪੁਰ ਨੇ ਕਿਹਾ ਕਿ ਗੈਰ-ਸੰਚਾਰੀ ਰੋਗਾਂ ਦਾ ਖਤਰਾ ਲਗਾਤਾਰ ਵੱਧ ਰਿਹਾ ਹੈ।ਸ਼ੂਗਰ, ਹਾਈ ਬਲੱਡ ਪ੍ਰੈਸ਼ਰ, ਕੈਂਸਰ ਦੇ ਮਰੀਜ਼ ਵੱਧ ਰਹੇ ਹਨ।ਹਾਈ ਬਲੱਡ ਪ੍ਰੈਸ਼ਰ ਦੇ ਕਾਰਨ ਮਰੀਜ਼ ਨੂੰ ਲਕਵਾ ਹੋ ਸਕਦਾ ਹੈ।ਲਕਵਾ ਦੇ ਕਾਰਨ ਮਰੀਜ਼ ਅਪਾਹਜ ਹੋ ਸਕਦਾ ਹੈ।ਮਰੀਜ਼ਾਂ ਨੂੰ ਅਪੰਗਤਾ ਤੋਂ ਬਚਾਉਣ ਲਈ ਜ਼ਰੂਰੀ ਹੈ ਕਿ ਹਾਈ ਬਲੱਡ ਪ੍ਰੈਸ਼ਰ ਬਿਮਾਰੀ ਦੀ ਸਮੇਂ ਸਿਰ ਸ਼ਨਾਖਤ ਕੀਤੀ ਜਾਵੇ।ਬਲੱਡ ਪ੍ਰੈਸ਼ਰ ਨੂੰ ਕੰਟਰੋਲ ਵਿਚ ਰੱਖਿਆ ਜਾਵੇ।ਇਸ ਲਈ ਨਮਕ ਦੀ ਸੀਮਿਤ ਮਾਤਰਾ ਦਾ ਇਸਤੇਮਾਲ ਕੀਤਾ ਜਾਵੇ।ਗੈਰ ਕੁਦਰਤੀ ਭੋਜਨ ਨਾ ਕੀਤਾ ਜਾਵੇ।ਜ਼ਿਆਦਾ ਤਲੀਆਂ, ਫਾਸਟ ਫੂਡ, ਜ਼ਿਆਦਾ ਮਸਾਲੇ ਵਾਲੇ ਭੋਜਨ ਦੀ ਵਰਤੋਂ ਨਾ ਕੀਤੀ ਜਾਵੇ।ਮਨ ਨੂੰ ਸ਼ਾਂਤ ਰੱਖਿਆ ਜਾਵੇ।ਉਨ੍ਹਾਂ ਕਿਹਾ ਕਿ ਗੈਰ ਸੰਚਾਰੀ ਰੋਗਾਂ ਦੀ ਸ਼ਨਾਖਤ ਲਈ ਲਗਾਤਾਰ ਟੈਸਟਿੰਗ ਕੀਤੀ ਜਾਂਦੀ ਹੈ।ਇਸ ਸਬੰਧੀ ਕੈਂਪ ਲਗਾਏ ਜਾ ਰਹੇ ਹਨ।ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।ਸਿਹਤ ਮੁਲਾਜ਼ਮ ਵੱਲੋਂ ਪਿੰਡ ਪੱਧਰ ਤੇ ਗੈਰ ਸੰਚਾਰੀ ਰੋਗਾਂ ਸਬੰਧੀ ਲੋਕਾਂ ਦਾ ਚੈੱਕਅਪ ਕੀਤਾ ਜਾ ਰਿਹਾ ਹੈ। ਮਰੀਜ਼ਾਂ ਦਾ ਮੁਫ਼ਤ ਇਲਾਜ ਕੀਤਾ ਜਾ ਰਿਹਾ ਹੈ। ਇਸ ਮੌਕੇ ਡਾਕਟਰ ਮਨਪ੍ਰੀਤ ਕੌਰ, ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।




# ਅੱਖਾਂ ਦੇ ਮਾਹਿਰ ਡਾਕਟਰਾਂ ਵੱਲੋਂ ਕਾਰਬਾਈਡ ਪਟਾਕਿਆਂ ਦੀ ਵਰਤੋਂ ਵਿਰੁੱਧ ਚੇਤਾਵਨੀ ਜਾਰੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਅੱਖਾਂ ਦੇ ਮਾਹਿਰ ਡਾਕਟਰਾਂ ਦੀ ਸੰਸਥਾ ਨੇ ਕਾਰਬਾਈਡ ਅਤੇ ਇੰਪ੍ਰੋਵਾਈਜ਼ਡ ਪਟਾਕਿਆਂ ਵਿਰੁੱਧ ਰਾਸ਼ਟਰੀ ਚੇਤਾਵਨੀ ਜਾਰੀ ਕੀਤੀ ਹੈ।ਮਾਹਿਰਾਂ ਦਾ ਮੰਨਣਾ ਹੈ ਕਿ ਇਨ੍ਹਾਂ ਪਟਾਕਿਆਂ ਕਾਰਨ ਪੂਰੇ ਭਾਰਤ ਵਿੱਚ ਅੱਖਾਂ ਨੂੰ ਅੰਨ੍ਹਾ ਕਰਨ ਵਾਲੀਆਂ ਸੱਟਾਂ ਵਿੱਚ ਚਿੰਤਾਜਨਕ ਵਾਧਾ ਦਰਜ ਕੀਤਾ ਗਿਆ ਹੈ।ਅਕੈਡਮੀ ਆਫ ਅੰਮ੍ਰਿਤਸਰ ਓਫਥਾਲਮੋਲੋਜਿਸਟ ਦੇ ਪ੍ਰਧਾਨ ਡਾ. ਸ਼ੌਕੀਨ ਸਿੰਘ, ਸੈਕਟਰੀ ਡਾ. ਕਰਮਜੀਤ ਸਿੰਘ ਅਤੇ ਖਜਾਨਚੀ ਡਾ. ਰਮਨ ਮਿੱਤਲ ਨੇ ਜਾਰੀ ਕੀਤੇ ਬਿਆਨ ਵਿੱਚ ਕਿਹਾ ਕਿ ਕਈ ਰਾਜਾਂ ਦੇ ਨੇਤਰ ਵਿਗਿਆਨੀਆਂ ਅਤੇ ਹਸਪਤਾਲਾਂ ਵੱਲੋਂ ਅਖੌਤੀ ਕਾਰਬਾਈਡ ਬੰਬ ਜਾਂ ਕਾਰਬਾਈਡ ਬੰਦੂਕਾਂ ਕਾਰਨ ਗੰਭੀਰ ਅੱਖਾਂ ਦੇ ਜ਼ਖ਼ਮਾਂ ਵਿੱਚ ਵਾਧਾ ਹੋਣ ਦੀ ਪੁਸ਼ਟੀ ਕੀਤੀ ਗਈ ਹੈ।ਇਹ ਕੈਲਸ਼ੀਅਮ ਕਾਰਬਾਈਡ ਅਤੇ ਪਾਣੀ ਤੋਂ ਬਣੇ ਖ਼ਤਰਨਾਕ ਵਿਸਫੋਟਕ ਯੰਤਰ ਹਨ, ਜੋ ਵਿਸਫੋਟਕ ਐਸੀਟਲੀਨ ਗੈਸ ਛੱਡਦੇ ਹਨ।ਇਹ ਰਸਾਇਣਕ ਬੰਬ ਹਨ, ਰਵਾਇਤੀ ਪਟਾਕੇ ਨਹੀਂ।ਉਨ੍ਹਾਂ ਦੱਸਿਆ ਕਿ ਇਸ ਅੰਨ੍ਹਾ ਕਰਨ ਵਾਲੇ ਰਸਾਇਣਕ ਕਾਰਨ ਥਰਮਲ ਬਰਨ ਕੌਰਨੀਅਲ ਵਿਨਾਸ਼, ਪੱਕੇ ਤੌਰ ਉਤੇ ਨਜ਼ਰ ਦਾ ਨੁਕਸਾਨ ਅਤੇ ਅਪੰਗਤਾ ਹੋ ਰਹੀ ਹੈ।ਡਾਕਟਰਾਂ ਨੇ ਖਦਸ਼ਾ ਜ਼ਾਹਿਰ ਕੀਤਾ ਕਿ ਛੱਠ ਪੂਜਾ ਅਤੇ ਹੋਰ ਤਿਉਹਾਰਾਂ ਦੇ ਨੇੜੇ ਆਉਣ ਨਾਲ, ਅਜਿਹੇ ਖਤਰਨਾਕ ਯੰਤਰਾਂ ਦੀ ਵਰਤੋਂ ਅੰਨ੍ਹੇਪਣ ਅਤੇ ਚਿਹਰੇ ਦੀਆਂ ਗੰਭੀਰ ਸੱਟਾਂ ਦੀ ਲਹਿਰ ਦਾ ਕਾਰਨ ਬਣ ਸਕਦੀ ਹੈ।ਡਾਕਟਰਾਂ ਨੇ ਇਸ ਗੰਭੀਰ ਸਥਿਤੀ ਨੂੰ ਦੇਖਦੇ ਹੋਏ ਕਾਰਬਾਈਡ-ਅਧਾਰਤ ਪਟਾਕਿਆਂ ਦੇ ਨਿਰਮਾਣ, ਵਿਕਰੀ, ਆਵਾਜਾਈ ਅਤੇ ਵਰਤੋਂ ਤੇ ਤੁਰੰਤ ਪਾਬੰਦੀ ਲਗਾਉਣ ਦੀ ਮੰਗ ਕੀਤੀ ਹੈ।

# ਨੈਸ਼ਨਲ ਸਾਈਬਰ ਸਕਿਉਰਿਟੀ ਅਵੇਅਰਨੈੱਸ ਮੰਥ ਮਨਾਇਆ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਵਿਖੇ ਸੀਬੀਐੱਸਈਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਕੂਲ ਦੇ ਕੰਪਿਊਟਰ ਵਿਭਾਗ ਦੁਆਰਾ ਸਾਈਬਰ ਜਾਗਰਿਤ ਭਾਰਤ ਅਭਿਆਨ ਤਹਿਤ 'ਨੈਸ਼ਨਲ ਸਾਈਬਰ ਸਕਿਉਰਿਟੀ ਅਵੇਅਰਨੈੱਸ ਮੰਥ' ਮਨਾਇਆ ਗਿਆ ਜਿਸ ਵਿੱਚ ਵਿਦਿਆਰਥੀਆਂ ਨੂੰ ਸਮਾਜ ਵਿੱਚ ਵੱਖ-ਵੱਖ ਢੰਗਾਂ ਨਾਲ ਹੋ ਰਹੀ ਧੋਖਾਧੜੀ ਬਾਰੇ ਸੁਚੇਤ ਕੀਤਾ ਗਿਆ।ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਇੱਕ ਵਰਕਸ਼ਾਪ ਰਾਹੀਂ ਏ. ਆਈ, ਹੈਕਰਸ, ਪਰਸਨਲ ਇਨਫੋਰਮੇਸ਼ਨ, ਪਾਸਵਰਡ, ਜੀ.ਮੇਲ, ਫਿਸ਼ਿੰਗ, ਸੁਰੱਖਿਆ ਵੈੱਬਸਾਈਟ ਤੋਂ ਜਾਗਰੂਕ ਹੋਣ ਬਾਰੇ ਦੱਸਿਆ ਗਿਆ।ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਪ੍ਰਿੰਸੀਪਲ ਅਨੁਰੀਤ ਬਾਵਾ ਨੇ ਸੀਬੀਐੱਸਈ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਹੋਇਆਂ ਕਿਹਾ ਕਿ ਸਮੇਂ-ਸਮੇਂ ਤੇ ਇਹੋ ਜਿਹੇ ਉਪਰਾਲੇ ਕਰਦੇ ਰਹਿਣਾ ਚਾਹੀਦਾ ਹੈ ਤਾਂ ਜੋ ਬੱਚੇ ਸਾਈਬਰ ਕ੍ਰਾਈਮ ਤੋਂ ਜਾਗਰੂਕ ਰਹਿਣ ਅਤੇ ਕਿਸੇ ਅਣਸੁਖਾਵੀ ਘਟਨਾ ਤੋਂ ਬੱਚ ਸਕਣ।

# ਖਤੀਬ ਤੇ ਕੋਟਲਾ ਨਵਾਬ ਪਿੰਡਾਂ 'ਚ ਸਟੱਬਲ ਬਰਨਿੰਗ ਦੀ ਰੋਕਥਾਮ ਲਈ ਅਚਨਚੇਤ ਚੈਕਿੰਗ

**ਬਟਾਲਾ, (ਡਾ. ਮਲਵਿੰਦਰ ਸਿੰਘ)**

ਸਟੱਬਲ ਬਰਨਿੰਗ ਦੀ ਰੋਕਥਾਮ ਲਈ ਮਾਨਯੋਗ ਸੁਪਰੀਮ ਕੋਰਟ ਅਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਅਧਿਕਾਰੀ/ਕਰਮਚਾਰੀ ਬਤੌਰ ਕਲੱਸਟਰ ਅਫਸਰ ਅਤੇ ਨੋਡਲ ਅਫਸਰ ਅਤੇ ਗਠਿਤ ਕੀਤੀ ਗਈ ਪਰਾਲੀ ਪ੍ਰੋਟੈਕਸ਼ਨ ਫੋਰਸ ਦੀ ਸਟੱਬਲ ਬਰਨਿੰਗ ਨੂੰ ਰੋਕਣ ਲਈ ਗਸ਼ਤ ਕਰਨ ਸਬੰਧੀ ਡਿਊਟੀ ਲਗਾਈ ਗਈ ਸੀ। ਐੱਸਡੀਐੱਮ ਬਟਾਲਾ ਵੱਲੋਂ ਪਿੰਡ ਖਤੀਬ ਅਤੇ ਕੋਟਲਾ ਨਵਾਬ ਵਿੱਚ ਅਚਨਚੇਤ ਚੈਕਿੰਗ ਕੀਤੀ ਗਈ ਅਤੇ ਇਨ੍ਹਾਂ ਪਿੰਡਾਂ ਵਿੱਚ ਐੱਸਡੀਐੱਮ ਬਟਾਲਾ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਰਹਿੰਦ ਖੂੰਹਦ ਨੂੰ ਅੱਗ ਨਾ ਲਗਾਉਣ ਸਬੰਧੀ ਅਪੀਲ ਕੀਤੀ ਗਈ।ਉਨ੍ਹਾਂ ਦੱਸਿਆ ਕਿ ਜੋ ਵਿਅਕਤੀ ਝੋਨੇ ਦੀ ਰਹਿੰਦ ਖੂੰਹਦ ਨੂੰ ਅੱਗ ਲਗਾਉਂਦਾ ਪਾਇਆ ਜਾਂਦਾ ਹੈ ਉਸ ਖਿਲਾਫ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾ ਰਹੀ ਅਤੇ ਜਮਾਂਬੰਦੀ ਵਿੱਚ ਲਾਲ ਸਿਆਹੀ ਨਾਲ ਹਵਾਲਾ ਵੀ ਦਿੱਤਾ ਜਾ ਰਿਹਾ ਹੈ।ਇਸ ਤੋਂ ਇਲਾਵਾ ਪੁਲਸ ਵਿਭਾਗ ਦੀਆਂ ਟੀਮਾਂ ਵੱਲੋਂ ਲਗਾਤਾਰ ਹਰੇਕ ਪਿੰਡ ਦੇ ਆਲੇ ਦੁਆਲੇ ਗਸ਼ਤ ਕਰਨ ਦੀ ਹਦਾਇਤ ਵੀ ਕੀਤੀ ਗਈ।ਉਨ੍ਹਾਂ ਨੇ ਇਹ ਵੀ ਦੱਸਿਆ ਕਿ ਝੋਨੇ ਦੀ ਰਹਿੰਦ-ਖੂੰਹਦ ਦੀ ਸਾਂਭ ਸੰਭਾਲ ਲਈ ਖੇਤੀਬਾੜੀ ਵਿਭਾਗ ਵੱਲੋਂ ਬੇਲਰ, ਸੁਪਰਸੀਡਰ ਆਦਿ ਬਿਨਾਂ ਕਿਸੇ ਖਰਚੇ ਦੇ ਮੁਹੱਈਆ ਕਰਵਾਏ ਜਾ ਰਹੇ ਹਨ। ਜਿਸ ਵੀ ਕਿਸਾਨ ਨੂੰ ਉਕਤ ਮਸ਼ੀਨਾਂ ਦੀ ਜ਼ਰੂਰਤ ਹੈ ਉਹ ਆਪਣੇ ਹਲਕੇ ਦੇ ਸਬੰਧਤ ਖੇਤੀਬਾੜੀ ਅਫਸਰ ਨਾਲ ਸੰਪਰਕ ਕਰਕੇ ਲੈ ਸਕਦਾ ਹੈ।ਜੇਕਰ ਕਿਸੇ ਕਿਸਾਨ ਨੂੰ ਬੇਲਜ਼ ਦੀ ਸਾਂਭ ਲਈ ਜਗ੍ਹਾ ਦੀ ਜ਼ਰੂਰਤ ਹੈ ਤਾਂ ਉਹ ਆਪਣੇ ਹਲਕੇ ਦੇ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਨਾਲ ਸੰਪਰਕ ਕਰ ਸਕਦਾ ਹੈ।



# ਸੁਖਬੀਰ ਬਾਦਲ ਵੱਲੋਂ ਪ੍ਰਿੰ. ਸੁਖਵਿੰਦਰ ਰੰਧਾਵਾ ਦੇ ਹੱਕ 'ਚ ਚੋਣ ਪ੍ਰਚਾਰ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨਾ ਤਾਂ ਹੜ੍ਹਾਂ ਕਾਰਨ ਕਿਸਾਨਾਂ ਦੇ ਹੋਏ ਫਸਲੀ ਨੁਕਸਾਨ ਦਾ ਮੁਆਵਜ਼ਾ ਦਿੱਤਾ ਅਤੇ ਨਾ ਹੀ ਪੰਜ ਲੱਖ ਏਕੜ ਵਾਸਤੇ ਕਣਕ ਦਾ ਸਰਟੀਫਾਈਡ ਬੀਜ ਪ੍ਰਦਾਨ ਕੀਤਾ ਅਤੇ ਹੁਣ ਝੋਨੇ ਨੂੰ ਪਏ ਵਾਇਰਸ ਰੋਗ ਦੇ ਮਾਮਲੇ ਵਿਚ ਕਿਸਾਨਾਂ ਦੀ ਮਦਦ ਵਾਸਤੇ ਨਿਤਰਣ ਤੋਂ ਵੀ ਇਨਕਾਰੀ ਹੈ।ਜ਼ਿਮਨੀ ਚੋਣ ਤਰਨ ਤਾਰਨ ਤੋਂ ਉਮੀਦਵਾਰ ਪ੍ਰਿੰ. ਸੁਖਵਿੰਦਰ ਰੰਧਾਵਾ ਦੇ ਹੱਕ ਵਿਚ ਵੱਖ-ਵੱਖ ਭਰਵੇਂ ਚੋਣ ਜਲਸਿਆਂ ਨੂੰ ਸੰਬੋਧਨ ਕਰਦਿਆਂ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਹੁਣ ਵੀ ਆਪ ਸਰਕਾਰ ਕਿਸਾਨਾਂ ਦੀਆਂ ਮੁਸ਼ਕਿਲਾਂ ਤੋਂ ਅਣਜਾਣ ਹੈ।ਉਨ੍ਹਾਂ ਕਿਹਾ ਕਿ ਵਾਇਰਸ ਰੋਗ ਜਿਸ ਕਾਰਨ ਝੋਨੇ ਦੇ ਝਾੜ ਵਿਚ 20 ਫੀਸਦੀ ਦੀ ਕਮੀ ਆਈ ਹੈ, ਨਾਲ ਹੋਏ ਨੁਕਸਾਨ ਦੀ ਪੂਰਤੀ ਵਾਸਤੇ ਕੱਖ ਵੀ ਨਹੀਂ ਕੀਤਾ ਜਾ ਰਿਹਾ।ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਖੇਤਰੀ ਪਾਰਟੀ 'ਤੇ ਵਿਸ਼ਵਾਸ ਕਰਨ ਜੋ ਕਿਸਾਨਾਂ ਅਤੇ ਗਰੀਬਾਂ ਦੀ ਮਦਦ ਵਾਸਤੇ ਵਚਨਬੱਧ ਹੈ ਤੇ ਇਸ ਬਾਰੇ ਉਸਦਾ ਇਕ ਚੰਗਾ ਰਿਕਾਰਡ ਰਿਹਾ ਹੈ।ਉਨ੍ਹਾਂ ਕਿਹਾ ਕਿ ਕਾਂਗਰਸ, ਆਪ ਤੇ ਭਾਜਪਾ ਸਮੇਤ ਦਿੱਲੀ ਦੀਆਂ ਪਾਰਟੀਆਂ ਦਾ ਤੁਹਾਡੀ ਲੁੱਟ ਖਸੁੱਟ ਕਰਨ ਦਾ ਇਤਿਹਾਸ ਰਿਹਾ ਹੈ ਜਦੋਂਕਿ ਦੂਜੇ ਪਾਸੇ ਅਕਾਲੀ ਦਲ ਦਾ ਤੇਜ਼ ਰਫਤਾਰ ਵਿਕਾਸ ਕਰਨ, ਸੜਕਾਂ, ਐਕਸਪ੍ਰੈਸ ਵੇਅ, ਥਰਮਲ ਪਲਾਂਟ ਤੇ ਹਵਾਈ ਅੱਡਿਆਂ ਸਮੇਤ ਵੱਡੇ ਬੁਨਿਆਦੀ ਢਾਂਚੇ ਦੇ ਪ੍ਰਾਜੈਕਟ ਸਥਾਪਿਤ ਕਰਨ ਦਾ ਰਿਕਾਰਡ ਰਿਹਾ ਹੈ।ਉਨ੍ਹਾਂ ਨੂੰ ਸਰਾਏ ਅਮਾਨਤ ਖਾਂ ਵਿਖੇ ਧਰਮੀ ਫੌਜੀਆਂ ਨੇ ਸਨਮਾਨਤ ਕੀਤਾ ਜਿਨ੍ਹਾਂ ਨੇ ਪਾਰਟੀ ਵੱਲੋਂ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਨੂੰ ਟਿਕਟ ਦੇਣ ਦੀ ਸ਼ਲਾਘਾ ਕੀਤੀ।ਉਨ੍ਹਾਂ ਇਲਾਕੇ ਦੇ ਲੋਕਾਂ ਨੂੰ ਪ੍ਰਿੰ. ਰੰਧਾਵਾ ਦੇ ਹੱਕ 'ਚ ਵੋਟਾਂ ਪਾ ਕੇ ਉਨ੍ਹਾਂ ਨੂੰ ਜਿਤਾਉਣ ਦੀ ਅਪੀਲ ਕੀਤੀ। ਸਰਦਾਰ ਬਾਦਲ ਨੇ ਕਿਹਾ ਕਿ ਧਰਮੀ ਫੌਜੀਆਂ ਨੇ ਪੰਥ ਖ਼ਾਤਰ ਮੁਸ਼ਕਿਲਾਂ ਝੱਲੀਆਂ ਹਨ ਤੇ ਉਨ੍ਹਾਂ ਨੂੰ ਬਣਦਾ ਮਾਣ ਸਤਿਕਾਰ ਮਿਲਣਾ ਚਾਹੀਦਾ ਹੈ।ਉਨਵਾਂ ਭੁੱਸੇ, ਮਾਣਕਪੁਰ, ਗੰਡੀਵਿੰਡ, ਦਿਓੜੇ, ਛਾਪਾ ਸਮੇਤ ਅਨੇਕਾਂ ਪਿੰਡਾਂ ਅਤੇ ਤਰਨ ਤਾਰਨ ਸ਼ਹਿਰ ਦਾ ਦੌਰਾ ਕੀਤਾ।ਇਸ ਮੌਕੇ ਉਨ੍ਹਾਂ ਦੇ ਨਾਲ ਲਖਬੀਰ ਸਿੰਘ ਲੋਧੀਨੰਗਲ, ਸੁਰਜੀਤ ਸਿੰਘ ਤੁਗਲਵਾਂ, ਰਾਜਨਬੀਰ ਸਿੰਘ, ਰਣਬੀਰ ਸਿੰਘ ਲੋਪੋਕੇ, ਐੱਸ. ਐੱਸ. ਭਿੱਟੇਵੱਢ, ਸ਼ਰਨਜੀਤ ਸਿੰਘ ਚਨਾਰਥਲ, ਦਰਬਾਰਾ ਸਿੰਘ ਗੁਰੂ, ਰਖਬਿੰਦਰ ਸਿੰਘ ਗਾਬੜੀਆ ਅਤੇ ਕੁਲਦੀਪ ਸਿੰਘ ਵੀ ਹਾਜ਼ਰ ਸਨ।

# ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਤਹਿਸੀਲ ਅਜਨਾਲਾ ਦੀ ਕਾਨਫਰੰਸ 16 ਨਵੰਬਰ ਨੂੰ

**ਝਬਾਲ (ਹਰਜਿੰਦਰ ਸਿੰਘ ਸੋਨੀ)**-ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਇਕਾਈ ਮੀਟਿੰਗ ਪਿੰਡ ਰਾਮ ਤੀਰਥ ਕਲੇਰ ਦੀ ਨਿਸ਼ਾਨ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਜ਼ਿਲ੍ਹਾ ਜਰਨਲ ਸਕੱਤਰ ਜਸਬੀਰ ਸਿੰਘ ਝਬਾਲ ਨੇ ਦੱਸਿਆ ਕਿ ਤਹਿਸੀਲ ਅਜਨਾਲਾ ਦੀ ਜਥੇਬੰਦੀ ਦੀ ਡੈਲੀਗੇਟ ਕਾਨਫਰੰਸ 16 ਨਵੰਬਰ ਨੂੰ ਪਿੰਡ ਰਾਮ ਤੀਰਥ ਕਲੇਰ ਵਿਖੇ ਹੋਵੇਗੀ।ਪਿੰਡ ਵਿੱਚ ਜਥੇਬੰਦੀ ਦੀ ਮੈਂਬਰਸ਼ਿਪ ਅਤੇ ਫੰਡ ਵੱਧ ਤੋਂ ਵੱਧ ਇਕੱਠਾ ਕਰਨ ਦਾ ਸੱਦਾ ਦਿੱਤਾ ਗਿਆ।ਪਿੰਡ ਵਿੱਚ ਜਥੇਬੰਦੀ ਦੀ ਕਾਨਫਰੰਸ ਦੀਆਂ ਤਿਆਰੀਆਂ ਪੂਰੇ ਜ਼ੋਰ ਨਾਲ ਚਲਾਉਣ ਦੀਆਂ ਸਾਥੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ।ਮੀਟਿੰਗ ਵਿੱਚ ਸਾਥੀ ਸਤਨਾਮ ਸਿੰਘ ਕਲੇਰ, ਲਖਵਿੰਦਰ ਸਿੰਘ ਕਲੇਰ, ਕੁਲਦੀਪ ਸਿੰਘ, ਬਲਵਿੰਦਰ ਸਿੰਘ ਲਾਟੀ, ਗੁਰਵਿੰਦਰ ਸਿੰਘ, ਬਲਜੀਤ ਸਿੰਘ, ਹਰਜੀਤ ਸਿੰਘ, ਨਿਸ਼ਾਨ ਸਿੰਘ ਅਤੇ ਹੋਰ ਸਾਥੀ ਵਰਕਰ ਮੀਟਿੰਗ ਵਿੱਚ ਸ਼ਾਮਲ ਹੋਏ।

# ਡੀ ਸੀ ਤੇ ਐੱਸ ਐੱਸ ਪੀ ਵੱਲੋਂ ਕਾਹਨੂੰਵਾਨ ਬਲਾਕ ਦੇ ਪਿੰਡਾਂ ਦਾ ਦੌਰਾ

**ਧਾਰੀਵਾਲ/ਕਾਹਨੂੰਵਾਨ, (ਮਨਦੀਪ ਸਿੰਘ ਵਿੱਕੀ)**

ਡਿਪਟੀ ਕਮਿਸ਼ਨਰ ਅਤੇ ਐੱਸਐੱਸਪੀ ਗੁਰਦਾਸਪੁਰ ਵੱਲੋਂ ਪਿੰਡ ਭਿੱਟੇਵਿੰਡ, ਨੈਨੇਕੋਟ ਅਤੇ ਬਸੰਤਗੜ੍ਹ ਦੇ ਖੇਤਾਂ ਵਿੱਚ ਕਿਸਾਨਾਂ ਨੂੰ ਮਿਲ ਕੇ ਪਰਾਲੀ ਪ੍ਰਬੰਧਨ ਲਈ ਪ੍ਰੇਰਿਤ ਕੀਤਾ ਤੇ ਕਿਹਾ ਕਿ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਲੋੜੀਂਦੀ ਖੇਤੀ ਮਸ਼ੀਨਰੀ ਮੁਹੱਈਆ ਕਰਵਾਈ ਗਈ ਹੈ, ਜਿਸਦੀ ਵੱਧ ਤੋਂ ਵੱਧ ਵਰਤੋਂ ਕੀਤੀ ਜਾਵੇ। ਇਸ ਮੌਕੇ ਉਨ੍ਹਾਂ ਰਸਤੇ ਵਿੱਚ ਦੋ ਖੇਤਾਂ ਵਿੱਚ ਫਸਲ ਦੀ ਰਹਿੰਦ ਖੂੰਹਦ ਨੂੰ ਲੱਗੀ ਅੱਗ ਨੂੰ ਬੁਝਵਾਇਆ ਗਿਆ। ਇਸ ਮੌਕੇ ਗੱਲ ਕਰਦਿਆਂ ਡਿਪਟੀ ਕਮਿਸਨਰ ਨੇ ਦੱਸਿਆ ਕਿ ਸਮੁੱਚਾ ਪ੍ਰਸ਼ਾਸਨ, ਪਰਾਲੀ ਪਰੋਟੈਕਸ਼ਨ ਫੋਰਸ ਦੀਆਂ ਟੀਮਾਂ, ਕਲੱਸਟਰ ਤੇ ਨੋਡਲ ਅਫਸਰਾਂ ਵਲੋਂ ਪਿੰਡ-ਪਿੰਡ ਜਾ ਕੇ ਕਿਸਾਨਾਂ ਨੂੰ ਮਿਲ ਰਹੇ ਹਨ ਅਤੇ ਪਰਾਲੀ ਨਾ ਸਾੜਨ ਦੀ ਅਪੀਲ ਤੇ ਪਰਾਲੀ ਪ੍ਰਬੰਧਨ ਕਰਨ ਦੀ ਅਪੀਲ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਿਵਲ ਤੇ ਪੁਲਸ ਵਿਭਾਗ ਦੀਆਂ ਟੀਮਾਂ ਨਿਰੰਤਰ ਫੀਲਡ ਵਿੱਚ ਹਨ, ਤਾਂ ਜੋ ਪਰਾਲੀ/ਨਾੜ ਨੂੰ ਅੱਗ ਲਗਾਉਣ ਦੇ ਰੁਝਾਨ ਨੂੰ ਠੱਲ੍ਹ ਪਾਈ ਜਾ ਸਕੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਬਹੁਤ ਸਾਰੇ ਕਿਸਾਨਾਂ ਵਲੋਂ ਸਟੱਬਲ ਮੈਨੇਜਮੈਂਟ ਤਹਿਤ ਪਰਾਲੀ ਦੀਆਂ ਗੱਠਾਂ ਬਣਾਈਆਂ ਜਾ ਰਹੀਆਂ ਹਨ, ਜੋ ਬਹੁਤ ਵਧੀਆ ਉਪਰਾਲਾ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਦੇ ਮੁਕਾਬਲੇ ਇਸ ਸਾਲ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਠੱਲ ਪਈ ਹੈ। ਕਿਸਾਨ ਵਾਤਾਵਰਨ ਨੂੰ ਸਾਫ ਸੁਥਰਾ ਰੱਖਣ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਬਰਕਰਾਰ ਰੱਖਣ ਲਈ ਸੰਜੀਦਾ ਹਨ, ਜਿਸ ਕਾਰਨ ਕਿਸਾਨ ਪ੍ਰਸ਼ਾਸਨ ਨਾਲ ਸਹਿਯੋਗ ਕਰ ਰਹੇ ਹਨ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਤੇ ਪਿੰਡਾਂ ਵਿੱਚ ਤਾਇਨਾਤ ਕਲੱਸਟਰ ਅਤੇ ਨੋਡਲ ਅਫਸਰ ਨੂੰ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਕੋਈ ਮੁਸਕਿਲ ਨਾ ਆਉਣ ਦਿੱਤੀ ਜਾਵੇ। ਸੁਪਰਸੀਡਰ ਤੇ ਬੇਲਰ ਪਹਿਲ ਦੇ ਆਧਾਰ 'ਤੇ ਮੁਹੱਈਆ ਕਰਵਾਏ ਜਾਣ। ਉਨ੍ਹਾਂ ਕਿਹਾ ਕਿ ਜੇਕਰ ਫਿਰ ਵੀ ਕਿਸੇ ਕਿਸਾਨ ਨੂੰ ਕੋਈ ਮੁਸ਼ਕਿਲ ਪੇਸ਼ ਆਉਂਦੀ ਹੈ, ਤਾਂ ਉਹ ਜ਼ਿਲ੍ਹਾ ਪੱਧਰ ਤੇ ਸਥਾਪਤ ਕੰਟਰੋਲ ਰੂਮ ਨੰਬਰ 01874-266376 ਤੇ ਸੰਪਰਕ ਕਰ ਸਕਦੇ ਹਨ। ਇਸ ਮੌਕੇ ਐੱਸਐੱਸਪੀ ਗੁਰਦਾਸਪੁਰ ਆਦਿੱਤਿਆ ਨੇ ਦੱਸਿਆ ਕਿ ਪੁਲਸ ਤੇ ਸਿਵਲ ਵਿਭਾਗ ਦੇ ਅਧਿਕਾਰੀਆਂ ਵੱਲੋਂ ਸਾਂਝੇ ਯਤਨਾਂ ਰਾਹੀਂ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਪੁਲਿਸ ਵਿਭਾਗ ਵਲੋਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ ਅਤੇ ਇਸ ਲਈ ਜ਼ਿਲ੍ਹੇ ਵਿੱਚ ਲੋੜੀਂਦੀ ਮਸ਼ੀਨਰੀ ਵੀ ਉਪਲਬਧ ਹੈ। ਉਨ੍ਹਾਂ ਕਿਹਾ ਕਿ ਜੇਕਰ ਫਿਰ ਵੀ ਕੋਈ ਕਿਸਾਨ ਮਾਣਯੋਗ ਨੈਸਨਲ ਗ੍ਰੀਨ ਟ੍ਰਿਬਿਊਨਲ ਵਲੋਂ ਜਾਰੀ ਹਦਾਇਤਾਂ ਦੀ ਉਲੰਘਣਾ ਕਰਦਾ ਹੈ ਤਾਂ ਉਸ ਖਿਲਾਫ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਦੱਸਿਆ ਕਿ ਗੁਰਦਾਸਪੁਰ ਪੁਲਸ ਵਲੋਂ ਫਸਲ ਦੀ ਰਹਿੰਦ ਖੂੰਹਦ ਸਾੜਨ ਵਾਲਿਆਂ ਵਿਰੁੱਧ ਹੁਣ ਤੱਕ 11 ਐੱਫਆਈਆਰ ਦਰਜ ਕੀਤੀਆਂ ਜਾ ਚੁੱਕੀਆਂ ਹਨ। ਇਸ ਮੌਕੇ ਮਨਜੀਤ ਸਿੰਘ ਰਾਜਲਾ ਐੱਸਡੀਐੱਮ, ਡਾ. ਰਣਧੀਰ ਠਾਕੁਰ ਮੁੱਖ ਖੇਤੀਬਾੜੀ ਅਫਸਰ, ਡੀਐੱਸਪੀ ਕੁਲਵੰਤ ਸਿੰਘ, ਬੀਡੀਪੀਓ ਸੁਖਜੀਤ ਸਿੰਘ, ਏਡੀਓ ਦਿਲਰਾਜ ਸਿੰਘ ਡਾ. ਭਵਜੀਤ ਸਿੰਘ, ਪਰਮਿੰਦਰ ਕੁਮਾਰ ਖੇਤੀਬਾੜੀ ਅਫਸਰ ਅਤੇ ਕਿਸਾਨ ਮੌਜੂਦ ਸਨ।



30-Oct-PAGE-4.qxd 10/29/2025 11:17 PM Page 1



# ਬਦਲਾਅ ਦੇ ਆਸਾਰ

*ਬਿਹਾਰ ਅਸੰਬਲੀ ਲਈ ਵੋਟਾਂ ਪੈਣ ਤੋਂ ਐਨ ਪਹਿਲਾਂ ਆਏ ਦੋ ਸਰਵੇਖਣ ਦਿਖਾ ਰਹੇ ਹਨ ਕਿ ਮੁਕਾਬਲਾ ਐਤਕੀਂ ਵੀ ਫਸਵਾਂ ਹੈ, ਪਰ ਆਪੋਜ਼ੀਸ਼ਨ ਪਾਰਟੀਆਂ ਦਾ ਮਹਾਂ-ਗੱਠਬੰਧਨ ਜਿੱਤ ਹਾਸਲ ਕਰ ਲਵੇਗਾ। ਐੱਸ ਏ ਐੱਸ ਗਰੁੱਪ ਨੇ ਪਿਛਲੀਆਂ ਚੋਣਾਂ ਵਿੱਚ ਐੱਨ ਡੀ ਏ ਨੂੰ 120-127 ਸੀਟਾਂ ਮਿਲਣ ਦੀ ਗੱਲ ਕਹੀ ਸੀ ਤੇ 125 ਸੀਟਾਂ ਮਿਲੀਆਂ ਸਨ। ਇਸ ਵੱਲੋਂ 5 ਅਕਤੂਬਰ ਤੋਂ 26 ਅਕਤੂਬਰ ਤੱਕ ਕਰੀਬ 48 ਹਜ਼ਾਰ ਲੋਕਾਂ ਵਿੱਚ ਕੀਤੇ ਗਏ ਨਮੂਨਾ ਸਰਵੇਖਣ ਮੁਤਾਬਕ ਇਸ ਵਾਰ 39 ਫੀਸਦੀ ਲੋਕ ਐੱਨ ਡੀ ਏ ਦੀ ਹੀ ਸਰਕਾਰ ਬਣਾ ਰਹੇ ਹਨ, ਪਰ 41 ਫੀਸਦੀ ਦਾ ਕਹਿਣਾ ਹੈ ਕਿ ਮਹਾਂ-ਗੱਠਬੰਧਨ ਦੀ ਸਰਕਾਰ ਬਣੇਗੀ। 8.5 ਫੀਸਦੀ ਲੋਕਾਂ ਮੁਤਾਬਕ ਪ੍ਰਸ਼ਾਂਤ ਕਿਸ਼ੋਰ ਦੀ ਜਨ ਸੁਰਾਜ ਪਾਰਟੀ ਦੀ ਸਰਕਾਰ ਬਣਨ ਦੇ ਆਸਾਰ ਹਨ, ਜਦਕਿ 5.5 ਫੀਸਦੀ ਦਾ ਕਹਿਣਾ ਹੈ ਕਿ ਕਿਸੇ ਨੂੰ ਸਪੱਸ਼ਟ ਬਹੁਮਤ ਨਹੀਂ ਮਿਲੇਗਾ। ਪਿਛਲੀ ਵਾਰ ਮਹਿਲਾਵਾਂ ਨਿਤੀਸ਼ ਕੁਮਾਰ ਦੇ ਹੱਕ ਵਿਚ ਕਾਫੀ ਭੁਗਤ ਗਈਆਂ ਸਨ। ਇਸ ਵਾਰ ਜੇ 39.5 ਫੀਸਦੀ ਐੱਨ ਡੀ ਏ ਦੇ ਹੱਕ ਵਿੱਚ ਭੁਗਤਣਗੀਆਂ ਤਾਂ 39 ਫੀਸਦੀ ਮਹਾਂ-ਗੱਠਬੰਧਨ ਦੇ ਹੱਕ ਵਿੱਚ ਵੀ ਜਾਣਗੀਆਂ। ਜਨ ਸੁਰਾਜ ਪਾਰਟੀ ਨੂੰ 9 ਫੀਸਦੀ ਦੀ ਹਮਾਇਤ ਮਿਲਣ ਦੀ ਆਸ ਹੈ। ਸਰਵੇਖਣ ਵਿੱਚ 33 ਫੀਸਦੀ ਲੋਕਾਂ ਨੇ ਕਿਹਾ ਹੈ ਕਿ ਜਨ ਸੁਰਾਜ ਪਾਰਟੀ ਐੱਨ ਡੀ ਏ ਦੀਆਂ ਵੋਟਾਂ ਕੱਟੇਗੀ, 10 ਫੀਸਦੀ ਮੁਤਾਬਕ ਮਹਾਂ-ਗੱਠਬੰਧਨ ਦੀਆਂ ਕੱਟੇਗੀ ਤੇ 15 ਫੀਸਦੀ ਮੁਤਾਬਕ ਦੋਹਾਂ ਦੀਆਂ ਕੱਟੇਗੀ।*

*ਵੋਟ ਵਾਈਬ ਦੇ ਸਰਵੇਖਣ ਮੁਤਾਬਕ 34.7 ਫੀਸਦੀ ਲੋਕ ਮੰਨਦੇ ਹਨ ਕਿ ਮਹਾਂ-ਗੱਠਬੰਧਨ ਦੀ ਸਰਕਾਰ ਬਣੇਗੀ, ਜਦਕਿ 34.4 ਫੀਸਦੀ ਐੱਨ ਡੀ ਏ ਦੀ ਹੀ ਸਰਕਾਰ ਬਣਾ ਰਹੇ ਹਨ। 12.3 ਫੀਸਦੀ ਲੋਕਾਂ ਦਾ ਕਹਿਣਾ ਹੈ ਕਿ ਜਨ ਸੁਰਾਜ ਦੀ ਸਰਕਾਰ ਬਣੇਗੀ, ਜਦਕਿ 8.4 ਤ੍ਰਿਸ਼ੰਕੂ ਅਸੰਬਲੀ ਹੋਂਦ ਵਿੱਚ ਆਉਣ ਦੀ ਗੱਲ ਕਹਿੰਦੇ ਹਨ।*

*ਮਹਿਲਾਵਾਂ ਦੇ ਇਲਾਵਾ ਚੋਣਾਂ ਵਿੱਚ ਨੌਜਵਾਨ ਵੱਡੀ ਭੂਮਿਕਾ ਨਿਭਾਉਣ ਜਾ ਰਹੇ ਹਨ। ਐੱਸ ਏ ਐੱਸ ਦੇ ਸਰਵੇ ਮੁਤਾਬਕ 26 ਫੀਸਦੀ ਨੌਜਵਾਨ ਐੱਨ ਡੀ ਏ ਤੇ 49 ਫੀਸਦੀ ਮਹਾਂ-ਗੱਠਬੰਧਨ ਨੂੰ ਭੁਗਤ ਸਕਦੇ ਹਨ। ਜਨ ਸੁਰਾਜ ਨੂੰ ਵੀ 14 ਫੀਸਦੀ ਵੋਟਾਂ ਮਿਲ ਸਕਦੀਆਂ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਹਿੰਦੂ-ਮੁਸਲਮ ਰਾਗ ਅਲਾਪ ਰਹੇ ਹਨ, ਪਰ ਇਸ ਵਾਰ ਸਭ ਤੋਂ ਵੱਡਾ ਮੁੱਦਾ ਰੁਜ਼ਗਾਰ ਦਾ ਹੀ ਰਹੇਗਾ। ਮਹਾਂ-ਗੱਠਬੰਧਨ ਦੇ ਮੁੱਖ ਮੰਤਰੀ ਦੇ ਚਿਹਰੇ ਤੇਜਸਵੀ ਯਾਦਵ ਦਾ 'ਹਰ ਘਰ ਨੌਕਰੀ' ਦਾ ਵਾਅਦਾ ਨੌਜਵਾਨਾਂ ਨੂੰ ਪ੍ਰਭਾਵਤ ਕਰ ਰਿਹਾ ਹੈ।*

## ਦਿਨੋ-ਦਿਨ ਵਧ ਰਿਹਾ ਪ੍ਰਦੂਸ਼ਣ ਦਾ ਖ਼ਤਰਾ

ਹਾਲ ਹੀ 'ਚ ਨਸ਼ਰ ਹੋਈ ਤਾਜ਼ਾ ਰਿਪੋਰਟ ਮੁਤਾਬਕ ਦਿੱਲੀ ਇਕ ਵਾਰ ਫਿਰ ਪ੍ਰਦੂਸ਼ਤ ਰਾਜਧਾਨੀ ਬਣ ਗਈ ਹੈ। ਰਿਪੋਰਟ ਮੁਤਾਬਕ ਭਾਰਤ ਦੇ ਕਈ ਸ਼ਹਿਰਾਂ ਦੀ ਸਥਿਤੀ ਕਾਫ਼ੀ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ। ਵਿਸ਼ਵ ਸਿਹਤ ਸੰਗਠਨ ਦੀ ਰਿਪੋਰਟ ਮੁਤਾਬਕ 10 ਵਿਚੋਂ 8 ਲੋਕ ਪ੍ਰਦੂਸ਼4 ਵਾਲੀ ਹਵਾ ਵਿੱਚ ਸਾਹ ਲੈਂਦੇ ਹਨ । ਲੋਕ ਤਰ੍ਹਾਂ-ਤਰ੍ਹਾਂ ਦੀਆਂ ਬਿਮਾਰੀਆਂ ਦੇ ਸ਼ਿਕਾਰ ਹੋ ਰਹੇ ਹਨ।ਦੁਨੀਆ ਦੇ ਸਿਖਰਲੇ ਪ੍ਰਦੂਸ਼ਤ ਸ਼ਹਿਰਾਂ ਵਿਚ ਦਿੱਲੀ ਚੌਥੇ ਨੰਬਰ 'ਤੇ ਹੈ। ਤਾਜ਼ਾ ਰਿਪੋਰਟ ਮੁਤਾਬਕ ਇੱਕ ਸਾਲ ਵਿੱਚ ਕਈ ਗੁਣਾ ਪ੍ਰਦੂਸ਼ਣ ਦਿੱਲੀ ਵਿਚ ਵਧ ਗਿਆ ਹੈ। ਦੀਵਾਲੀ 'ਤੇ ਦਿੱਲੀ ਵਿੱਚ ਖ਼ੂਬ ਪਟਾਕੇ ਚੱਲੇ ।ਆਬੋ-ਹਵਾ ਬਹੁਤ ਖਰਾਬ ਹੋਈ ।ਅਕਸਰ ਜਦੋਂ ਤਿਉਹਾਰਾਂ ਦਾ ਸੀਜ਼ਨ ਹੁੰਦਾ ਹੈ ਤਾਂ ਹਵਾ ਬਹੁਤ ਜ਼ਿਆਦਾ ਜ਼ਹਿਰੀਲੀ ਹੋ ਜਾਂਦੀ ਹੈ।ਦਿੱਲੀ ਤੇ ਆਸਪਾਸ ਦੇ ਖੇਤਰਾਂ ਵਿੱਚ ਸਾਹ ਲੈਣ ਵਿਚ ਬਹੁਤ ਜ਼ਿਆਦਾ ਤਕਲੀਫ਼ ਹੋਣ ਲੱਗ ਜਾਂਦੀ ਹੈ ।ਯੂ ਪੀ, ਐੱਨ ਸੀ ਆਰ ਦੀ ਹਾਲਤ ਵੀ ਤਰਸਯੋਗ ਹੈ।

ਹਵਾ ਪ੍ਰਦੂਸ਼ਣ ਦਾ ਮੁੱਖ ਕਾਰਨ ਫੈਕਟਰੀਆਂ ਦੀਆਂ ਚਿਮਨੀਆਂ ਤੋਂ ਨਿਕਲਣ ਵਾਲਾ ਧੂੰਆਂ, ਵਾਹਨਾਂ ਦੇ ਨਿਕਾਸ, ਢੋਆ-ਢੁਆਈ ਵਾਲੀ ਥਾਵਾਂ ਤੋਂ ਮਿੱਟੀ, ਧੂੜਾਂ ਦਾ ਉੱਡਣਾ ਹਨ। ਚਿਮਨੀਆਂ ਵਿਚੋਂ ਨਿਕਲਣ ਵਾਲੀਆਂ ਇਹ ਜ਼ਹਿਰੀਲੀਆਂ ਗੈਸਾਂ ਕਈ ਤਰ੍ਹਾਂ ਦੇ ਰੋਗਾਂ ਨੂੰ ਜਨਮ ਦਿੰਦੀਆਂ ਹਨ।ਹਵਾ ਪ੍ਰਦੂਸ਼ਣ ਜਾਨਵਰਾਂ ਤੇ ਫਸਲਾਂ ਨੂੰ ਵੀ ਕਾਫ਼ੀ ਨੁਕਸਾਨ ਕਰਦਾ ਹੈ। ਹਵਾ ਪ੍ਰਦੂਸ਼ਣ ਕਾਰਨ ਫੇਫੜਿਆਂ ਦੇ ਕੈਂਸਰ, ਦਮਾ, ਖਾਂਸੀ, ਸਾਹ ਲੈਣ ਵਿੱਚ ਮੁਸ਼ਕਲ, ਚਮੜੀ ਰੋਗ ਹੋ ਜਾਂਦੇ ਹਨ । ਅੱਜਕੱਲ੍ਹ ਇਹ ਸਮੱਸਿਆ ਬਹੁਤ ਹੀ ਗੰਭੀਰ ਹੋ ਰਹੀ ਹੈ। ਜਦੋਂ ਫ਼ਸਲਾਂ ਦੀ ਕਟਾਈ ਹੁੰਦੀ ਹੈ ,ਉਦੋਂ ਕਿਸਾਨਾਂ ਵੱਲੋਂ ਨਾੜ ਨੂੰ ਖੇਤਾਂ ਵਿੱਚ ਹੀ ਅੱਗ ਲਗਾ ਦਿੱਤੀ ਜਾਂਦੀ ਹੈ ,ਤਾਂ ਇਹ ਸਮੱਸਿਆ ਹੋਰ ਵੀ ਗੰਭੀਰ ਹੋ ਜਾਂਦੀ ਹੈ ।ਅਕਸਰ ਅਸੀਂ ਆਮ ਦੇਖਦੇ ਹਾਂ ਕਿ ਅਸੀਂ ਕਈ ਵਾਰ ਆਪਣੇ ਘਰਾਂ ਦਾ ਕੂੜਾ-ਕਰਕਟ ਖੁੱਲ੍ਹੇ ਵਿੱਚ ਹੀ ਜਲਾਉਣਾ ਸ਼ੁਰੂ ਕਰ ਦਿੰਦੇ ਹਾਂ। ਅਕਸਰ ਅਸੀਂ ਦੇਖਦੇ ਹਾਂ ਕਿ ਮਨੁੱਖੀ ਕਾਰਨਾਂ ਕਰਕੇ ਵੀ ਹਵਾ ਪ੍ਰਦੂਸ਼ਣ ਵਧ ਰਿਹਾ ਹੈ । ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ। ਅਕਸਰ ਦਿਨ ਪ੍ਰਤੀ ਦਿਨ ਦੇਸ਼ ਦੀ ਆਬਾਦੀ ਲਗਾਤਾਰ ਵਧਦੀ ਜਾ ਰਹੀ ਹੈ । ਏਨੀ ਆਬਾਦੀ ਨੂੰ ਵਸਾਉਣ ਲਈ ਦਰੱਖਤਾਂ ਦੀ ਕਟਾਈ ਲਗਾਤਾਰ ਜਾਰੀ ਹੈ। ਮਨੁੱਖ ਵੀ ਲਗਾਤਾਰ ਕੁਦਰਤ ਨਾਲ ਖਿਲਵਾੜ ਕਰ ਰਿਹਾ ਹੈ। ਜਦੋਂ ਕਰੋਨਾ ਮਹਾਂਮਾਰੀ ਨੇ ਭਾਰਤ ਵਿੱਚ ਦਸਤਕ ਦਿੱਤੀ ਤਾਂ ਪੂਰੇ ਦੇਸ਼ ਵਿੱਚ ਤਾਲਾਬੰਦੀ ਕਰ ਦਿੱਤੀ ਗਈ ਸੀ। ਅਸੀਂ ਦੇਖਿਆ ਹੀ ਹੈ ਕਿ ਕਸ਼ਮੀਰ ਤੋਂ ਲੈ ਕੇ ਕੰਨਿਆਕੁਮਾਰੀ ਤੱਕ ਸਾਰਾ ਵਾਤਾਵਰਣ ਸਾਫ਼-ਸੁਥਰਾ ਹੋ ਚੁੱਕਿਆ ਸੀ, ਕਿਉਂਕਿ ਮਨੁੱਖ ਕੈਦ ਸੀ ਤੇ ਜੀਵ-ਜੰਤੂ ਆਜ਼ਾਦ ਸਨ। ਪੂਰੇ ਦੇਸ਼ ਦੀ ਹਵਾ ਵਿਚ ਬਹੁਤ ਸੁਧਾਰ ਹੋਇਆ ਸੀ। ਅੱਜ ਫਿਰ ਪ੍ਰਦੂਸ਼ਣ ਲਗਾਤਾਰ ਵਧ ਰਿਹਾ ਹੈ। ਮਨੁੱਖ ਨੂੰ ਹਜੇ ਵੀ ਸਮਝ ਨਹੀਂ ਆਈ । ਹਾਲਾਂਕਿ ਤਿਉਹਾਰਾਂ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਪਟਾਕੇ ਚਲਾਉਣ ਦਾ ਸਮਾਂ ਨਿਰਧਾਰਿਤ ਕੀਤਾ ਗਿਆ ਸੀ। ਫਿਰ ਵੀ ਰਾਤ ਨੂੰ ਤੜਕੇ 3 ਵਜੇ ਤੱਕ ਪਟਾਕੇ ਚੱਲੇ। ਜੇ ਅਸੀਂ ਲਗਾਤਾਰ ਕੁਦਰਤ ਨਾਲ ਖਿਲਵਾੜ ਕਰਦੇ ਰਹਾਂਗੇ ਤਾਂ ਸਾਨੂੰ ਨਤੀਜੇ ਭੁਗਤਣ ਲਈ ਤਿਆਰ ਰਹਿਣਾ ਪਵੇਗਾ ? ਦਿੱਲੀ ਵਿਖੇ ਏਅਰ ਕੁਆਲਿਟੀ ਇੰਡੈਕਸ 500 ਤੋਂ ਵੀ ਉੱਪਰ ਪਹੁੰਚ ਗਿਆ । ਹਵਾ ਪ੍ਰਦੂਸ਼ਣ ਨੂੰ ਘਟਾਉਣ ਲਈ ਪਬਲਿਕ ਟਰਾਂਸਪੋਰਟ ਦੀ ਵਰਤੋਂ ਕਰਨੀ ਚਾਹੀਦੀ ਹੈ । ਵੱਧ ਤੋਂ ਵੱਧ ਸਰਕਾਰੀ ਟਰਾਂਸਪੋਰਟ ਦੀ ਵਰਤੋਂ ਕਰਨੀ ਚਾਹੀਦੀ ਹੈ । ਨਿੱਜੀ ਸਾਧਨ ਬਹੁਤ ਘੱਟ ਚਲਾਉਣੇ ਚਾਹੀਦੇ ਹਨ।ਸਾਈਕਲ ਚਲਾਉਣਾ ਚਾਹੀਦਾ ਹੈ। ਸਮਾਜ ਸੇਵੀ ਜਥੇਬੰਦੀਆਂ ਨੂੰ ਅੱਗੇ ਆਉਣਾ ਚਾਹੀਦਾ ਹੈ। ਲੋਕਾਂ ਨੂੰ ਜਾਗਰੂਕ ਕਰਨ ਲਈ ਜ਼ਿਲ੍ਹਾ ਪੱਧਰ 'ਤੇ ਸੈਮੀਨਾਰ ਲਗਾਉਣੇ ਚਾਹੀਦੇ ਹਨ, ਤਾਂ ਜੋ ਲੋਕ ਪ੍ਰਦੂਸ਼ਣ ਬਾਰੇ ਜਾਗਰੂਕ ਹੋ ਸਕਣ। ਸਕੂਲਾਂ ਵਿਚ ਅਧਿਆਪਕਾਂ ਰਾਹੀਂ ਬੱਚਿਆਂ ਨੂੰ ਜਾਗਰੂਕ ਕਰਨਾ ਚਾਹੀਦਾ ਹੈ।ਕੇਂਦਰ ਸਰਕਾਰਾਂ ਨੂੰ ਸੂਬਾ ਸਰਕਾਰਾਂ ਨਾਲ ਮਿਲ ਕੇ ਠੋਸ ਨੀਤੀ ਉਲੀਕਣੀ ਚਾਹੀਦੀ ਹੈ।

**ਸੰਜੀਵ ਸਿੰਘ ਸੈਣੀ**, ਮੁਹਾਲੀ, ਸੰਪਰਕ : 78889-66168

# ਵੰਸ਼ਵਾਦ ਅਰਥਾਤ ਪਰਵਾਰਵਾਦ ਦੀ ਵਧਦੀ ਵੇਲ



ਗੁਰਮੀਤ ਸਿੰਘ ਪਲਾਹੀ

ਕਦੇ ਦੇਸ਼ ਦੀ ਸਭ ਤੋਂ ਪੁਰਾਣੀ ਸਿਆਸੀ ਧਿਰ ਕਾਂਗਰਸ ਉੱਤੇ ਇਹ ਦੋਸ਼ ਲੱਗਦਾ ਸੀ ਕਿ ਇਹ ਪਰਵਾਰਵਾਦ ਵਿੱਚ ਪੂਰੀ ਤਰ੍ਹਾਂ ਜਕੜੀ ਹੋਈ ਹੈ। ਸਾਲ 2014 ਵਿੱਚ ਨਰਿੰਦਰ ਮੋਦੀ ਦੀ ਜਿੱਤ ਤੋਂ ਬਾਅਦ ਮੀਡੀਆ ਦੇ ਇੱਕ ਹਿੱਸੇ ਨੇ ਇਹ ਘੋਸ਼ਣਾ ਹੀ ਕਰ ਦਿੱਤੀ ਸੀ ਕਿ ਦੇਸ਼ ਵਿੱਚ ਪਰਵਾਰਵਾਦ ਦੀ ਸਿਆਸਤ ਖ਼ਤਮ ਹੋ ਗਈ ਹੈ, ਉਦੋਂ ਜਦੋਂ ਕਾਂਗਰਸ ਦੇਸ਼ ਵਿੱਚ ਲੋਕ ਸਭਾ ਚੋਣਾਂ ਹਾਰ ਗਈ ਸੀ ਅਤੇ ਭਾਜਪਾ ਨੇ ਜਿੱਤ ਪ੍ਰਾਪਤ ਕਰ ਲਈ ਸੀ।

ਪਰ ਹੁਣੇ ਜਿਹੇ ਕੀਤਾ ਸਰਵੇ ਅੱਖਾਂ ਖੋਲ੍ਹਣ ਵਾਲਾ ਹੈ। ਸਾਲ 2009 ਵਿੱਚ ਪਰਵਾਰਵਾਦੀ ਸੰਸਦ ਮੈਂਬਰਾਂ ਦੀ ਕਾਂਗਰਸ ਵਿੱਚ ਗਿਣਤੀ 12 ਫ਼ੀਸਦੀ ਸੀ, ਜਦ ਕਿ ਭਾਜਪਾ ਵਿੱਚ 11 ਫ਼ੀਸਦੀ ਸੀ। ਸਾਲ 1999 ਵਿੱਚ ਕਾਂਗਰਸ 'ਚ ਇਹ ਗਿਣਤੀ 8 ਫ਼ੀਸਦੀ ਅਤੇ ਭਾਜਪਾ ਵਿੱਚ 6 ਫ਼ੀਸਦੀ ਸੀ।

ਅੱਜ ਦੇਸ਼ 'ਚ ਪਰਵਾਰਵਾਦ ਨੇ ਵਿਕਰਾਲ ਰੂਪ ਧਾਰ ਲਿਆ ਹੈ । ਕਾਂਗਰਸ 'ਚ ਇਹ ਗਿਣਤੀ ਵਿਧਾਇਕਾਂ, ਸੰਸਦਾਂ, ਵਿਧਾਨ ਪ੍ਰੀਸ਼ਦਾਂ ਵਿੱਚ 33.25 ਫ਼ੀਸਦੀ ਹੈ, ਜਦ ਕਿ ਭਾਜਪਾ ਦੀ ਹਿੱਸੇਦਾਰੀ 18.62 ਫ਼ੀਸਦੀ ਹੈ। ਖੇਤਰੀ ਦਲਾਂ ਵਿੱਚ ਤਾਂ ਕੁਝ ਪਰਵਾਰਾਂ ਦਾ ਦਬਦਬਾ ਬਹੁਤ ਹੀ ਵੱਡਾ ਹੈ।

ਅੱਜ ਪਰਵਾਰਾਂ ਦੀ ਰਾਜਨੀਤੀ ਇਸ ਕਰਕੇ ਬਹੁਤ ਚਰਚਾ ਵਿੱਚ ਹੈ ਕਿ ਬਿਹਾਰ ਵਿੱਚ ਚੋਣਾਂ ਹਨ। ਲਾਲੂ ਪ੍ਰਸਾਦ ਯਾਦਵ ਦਾ ਪੁੱਤਰ ਮੁੱਖ ਮੰਤਰੀ ਅਹੁਦੇ ਦਾ ਦਾਅਵੇਦਾਰ ਹੈ ਤਾਂ ਕਾਬਜ਼ ਧਿਰ ਦੇ ਨੇਤਾ ਰਾਮ ਵਿਲਾਸ ਪਾਸਵਾਨ ਦਾ ਬੇਟਾ ਵੀ ਇਸ ਪੌੜੀ 'ਤੇ ਚੜ੍ਹਨ ਦਾ ਚਾਹਵਾਨ ਹੈ । ਪਰਵਾਰਵਾਦ ਅਰਥਾਤ ਵੰਸ਼ਵਾਦ ਦੀ ਸਿਆਸਤ ਵਿੱਚ ਬਿਹਾਰ ਇੱਕ ਨੰਬਰ 'ਤੇ ਹੈ । ਪਿਛਲੀ 243 ਮੈਂਬਰੀ ਬਿਹਾਰ ਵਿਧਾਨ ਸਭਾ ਵਿੱਚ ਇਹਨਾਂ ਵੰਸ਼ਵਾਦੀਆਂ ਦੀ ਗਿਣਤੀ 70 ਹੈ।

2019 ਵਿੱਚ ਆਮ ਲੋਕ ਸਭਾ ਚੋਣਾਂ ਹੋਣ ਦੇ ਪਹਿਲਾਂ ਪ੍ਰਿਅੰਕਾ ਗਾਂਧੀ ਨੇ ਰਾਜਨੀਤੀ ਵਿੱਚ ਦਾਖ਼ਲਾ ਲਿਆ ਅਤੇ ਇਸ ਨਾਲ ਕਾਂਗਰਸ ਉੱਤੇ ਵੰਸ਼ਵਾਦ ਦੇ ਵਾਧੇ ਦੇ ਵੱਡੇ ਦੋਸ਼ ਲੱਗੇ, ਭਾਵੇਂ ਕਿ ਦੇਸ਼ ਵਿੱਚ ਕਾਂਗਰਸ ਦਾ ਸਿਆਸੀ ਪ੍ਰਭਾਵ ਘੱਟ ਹੋ ਗਿਆ ਹੋਵੇ, ਪਰ ਹਾਲੇ ਵੀ ਕਾਂਗਰਸ ਉੱਤੇ ਇਹ ਦੋਸ਼ ਲਗਾਤਾਰ ਲੱਗ ਰਹੇ ਹਨ, ਪਰ ਇਸ ਦੌੜ 'ਚ ਭਾਜਪਾ ਵੀ ਪਿੱਛੇ ਨਹੀਂ ਹੈ।

ਭਾਜਪਾ ਦੇ ਦੇਸ਼ 'ਚ ਕੁੱਲ ਮਿਲਾ ਕੇ 2078 ਵਿਧਾਇਕ ਹਨ, ਉਨਾਂ ਵਿੱਚੋਂ 18.2 ਫ਼ੀਸਦੀ ਵੰਸ਼ਵਾਦੀ ਹਨ। ਕਾਂਗਰਸ ਦੇ ਲੋਕ ਸਭਾ 'ਚ 99 ਸੰਸਦ ਹਨ, ਜਿਨ੍ਹਾਂ ਵਿੱਚ ਤਿੰਨ ਗਾਂਧੀ ਪਰਵਾਰ ਦੇ ਹਨ: ਸੋਨੀਆ ਗਾਂਧੀ, ਰਾਹੁਲ ਗਾਂਧੀ ਅਤੇ ਪ੍ਰਿਅੰਕਾ ਗਾਂਧੀ। ਇਹ ਵੀ ਹੁਣ ਸਪੱਸ਼ਟ ਹੈ ਕਿ ਭਾਜਪਾ ਭਾਈ-ਭਤੀਜਾਵਾਦ, ਪਰਵਾਰਵਾਦ ਤੋਂ ਦੁੱਧ ਧੋਤੀ ਨਹੀਂ, ਭਾਵੇਂ ਕਿ ਭਾਜਪਾ ਨੇਤਾ ਇਸ ਗੱਲ 'ਤੇ ਜ਼ੋਰ ਦਿੰਦੇ ਹਨ ਕਿ ਉਨ੍ਹਾਂ ਦੀ ਪਾਰਟੀ ਵੰਸ਼ਵਾਦੀ ਨਹੀਂ ਹੈ।

ਪੁੱਤਰ-ਪੁੱਤਰੀਆਂ, ਮਾਤਾ-ਪਿਤਾ, ਭਰਾ-ਭੈਣਾਂ, ਸਹੁਰੇ, ਘਰ ਵਾਲੇ, ਚਾਚੇ ਦੇ ਪੁੱਤ, ਭੈਣ-ਭਰਾ, ਚਾਚੇ-ਭਤੀਜੇ ਪਰਵਾਰਵਾਦ ਵਿੱਚ ਗਿਣੇ ਜਾਂਦੇ ਹਨ।ਤਾਮਿਲਨਾਡੂ ਤੋਂ ਲੈ ਕੇ ਕਸ਼ਮੀਰ, ਮਹਾਰਾਸ਼ਟਰ, ਉੜੀਸਾ, ਪੱਛਮੀ ਬੰਗਾਲ ਅਤੇ ਉੱਤਰ-ਪੂਰਬ ਤੱਕ ਦੇ ਮੁੱਖ ਸਿਆਸੀ ਦਲਾਂ ਦੇ 149 ਪਰਵਾਰਾਂ ਦੇ ਇੱਕ ਤੋਂ ਵੱਧ ਮੈਂਬਰ ਰਾਜ ਵਿਧਾਨ ਸਭਾਵਾਂ ਜਾਂ ਸੰਸਦ ਦੋਨਾਂ ਵਿੱਚ ਮੈਂਬਰ ਹਨ। ਇਹਨਾਂ ਦੀ ਗਿਣਤੀ 337 ਵਿਧਾਇਕ ਜਾਂ ਸੰਸਦ ਮੈਂਬਰ ਹੋ ਗਈ ਹੈ। ਕੁੱਲ ਮਿਲਾ ਕੇ ਇਹ ਸੰਖਿਆ 5 ਰਾਜਾਂ- ਅਰੁਣਾਚਲ ਪ੍ਰਦੇਸ਼, ਦਿੱਲੀ, ਹਿਮਾਚਲ ਪ੍ਰਦੇਸ਼, ਮਨੀਪੁਰ ਅਤੇ ਉੱਤਰਾਖੰਡ ਦੀਆਂ ਵਿਧਾਨ ਸਭਾਵਾਂ ਦੀ ਕੁੱਲ ਸੰਖਿਆ ਦੇ ਬਰਾਬਰ ਹੈ।

ਇੱਕ ਸਰਵੇ ਮੁਤਾਬਕ 6 ਕੇਂਦਰੀ ਮੰਤਰੀ, 5 ਕੇਂਦਰੀ ਰਾਜ ਮੰਤਰੀ, 9 ਮੁੱਖ ਮੰਤਰੀ, 7 ਉਪ ਮੁੱਖ ਮੰਤਰੀ, 35 ਰਾਜ ਮੰਤਰੀ ਅਤੇ ਦੋ ਵਿਧਾਨ ਸਭਾ ਸਪੀਕਰ ਵੰਸ਼ਵਾਦੀ ਪਰਵਾਰਾਂ ਚ ਸ਼ਾਮਿਲ ਹਨ। ਇਹਨਾਂ 149 ਪਰਵਾਰਾਂ ਵਿੱਚੋਂ 23 ਪਰਵਾਰਾਂ ਦੇ ਵਿਧਾਨ ਸਭਾਵਾਂ ਜਾਂ ਸੰਸਦ ਵਿੱਚ ਦੋ-ਦੋ ਮੈਂਬਰ ਹਨ।

ਹੈਰਾਨੀ ਦੀ ਗੱਲ ਨਹੀਂ ਸਮਝੀ ਜਾਣੀ ਚਾਹੀਦੀ ਕਿ ਹਾਕਮ ਧਿਰ ਅਤੇ ਵਿਰੋਧੀ ਧਿਰ ਦੇ ਧੁਰੰਤਰ ਨੇਤਾ ਇਸ ਲਿਸਟ ਵਿੱਚ ਮੋਹਰੀ ਹਨ। ਰੱਖਿਆ ਮੰਤਰੀ ਰਾਜਨਾਥ ਸਿੰਘ (ਭਾਜਪਾ), ਉਹਨਾ ਦਾ ਬੇਟਾ ਵਿਧਾਇਕ ਪੰਕਜ ਸਿੰਘ, ਸੰਸਦ ਮੈਂਬਰ ਅਤੇ ਕਾਂਗਰਸ ਮੁਖੀ ਮਲਿਕਾਰਜੁਨ ਖੜਗੇ ਅਤੇ ਉਹਨਾਂ ਦਾ ਵਿਧਾਇਕ ਬੇਟਾ ਪ੍ਰਿਯਕ ਖੜਗੇ, ਮਹਾਰਾਸ਼ਟਰ ਦੇ ਉਪ ਮੁੱਖ ਮੰਤਰੀ ਏਕ ਨਾਥ ਸ਼ਿੰਦੇ ਅਤੇ ਉਸ ਦਾ ਵਿਧਾਇਕ ਬੇਟਾ ਸ਼੍ਰੀਕਾਂਤ ਸ਼ਿੰਦੇ, ਕਰਨਾਟਕ ਦਾ ਮੁੱਖ ਮੰਤਰੀ ਸਿਧਾਰਮੱਈਆ ਅਤੇ ਉਹਨਾ ਦਾ ਬੇਟਾ ਯਤਿੰਦ੍ਰਾ ਸਿਧਾਰਮੱਈਆ ਮੈਂਬਰ ਵਿਧਾਨ ਪ੍ਰੀਸ਼ਦ ਹੈ।

ਇਹ ਸੂਚੀ ਏਨੀ ਲੰਮੀ ਹੈ ਕਿ ਪ੍ਰਸਿੱਧ ਸਿਆਸੀ ਪਰਵਾਰ ਇਸ ਦਾ ਸ਼ਿੰਗਾਰ ਹਨ। ਗਾਂਧੀ (ਕਾਂਗਰਸ), ਸਿੰਧੀਆ (ਭਾਜਪਾ), ਨਾਇਡੂ (ਤੇਦੇਪਾ), ਮੁਲਾਇਮ ਸਿੰਘ ਯਾਦਵ ਅਤੇ ਪੁੱਤਰ (ਸਪਾ), ਲਾਲੂ ਪ੍ਰਸਾਦ ਯਾਦਵ (ਰਾਜਦ), ਸ਼ਰਦ ਪਵਾਰ (ਰਾਕਾਂਪਾ ਗੁੱਟ), ਦੇਵਗੌੜਾ (ਜਦ), ਪ੍ਰਕਾਸ਼ ਸਿੰਘ ਬਾਦਲ (ਸ਼੍ਰੋਮਣੀ ਅਕਾਲੀ ਦਲ), ਜੇਦੀਯੁਰੱਪਾ (ਭਾਜਪਾ), ਐੱਮ.ਕੇ. ਸਟਾਲਿਨ (ਡੀ.ਐੱਮ.ਕੇ.) ਆਦਿ ਇਸ ਸੂਚੀ ਵਿੱਚ ਵਿਸ਼ੇਸ਼ ਤੌਰ 'ਤੇ ਗਿਣੇ ਜਾਂਦੇ ਹਨ।

ਦਿੱਲੀ ਵਿੱਚ ਤਿੰਨ ਭਾਜਪਾ ਸਾਬਕਾ ਮੁੱਖ ਮੰਤਰੀਆਂ ਮਦਨ ਲਾਲ ਖੁਰਾਨਾ, ਸਾਹਿਬ ਸਿੰਘ ਵਰਮਾ ਅਤੇ ਸੁਸ਼ਮਾ ਸਵਰਾਜ ਦੀ ਵਿਰਾਸਤ ਉਨ੍ਹਾਂ ਦੇ ਬੱਚੇ ਸੰਭਾਲ ਰਹੇ ਹਨ। ਸਾਬਕਾ ਕੇਂਦਰੀ ਮੰਤਰੀ ਰਾਜੇਸ਼ ਪਾਇਲਟ ਦੇ ਪੁੱਤਰ ਸਚਿਨ ਪਾਇਲਟ ਰਾਜਸਥਾਨ, ਸਾਬਕਾ ਮੁੱਖ ਮੰਤਰੀ ਭੁਪਿੰਦਰ ਹੁੱਡਾ ਦੇ ਪੁੱਤਰ ਦੇਪੇਂਦਰ ਹੁੱਡਾ ਹਰਿਆਣਾ, ਸਾਬਕਾ ਮੁੱਖ ਮੰਤਰੀ ਵੀਰਭੱਦਰ ਸਿੰਘ ਦੇ ਪੁੱਤਰ ਵਿਕਰਮਦਿੱਤਿਆ ਹਿਮਾਚਲ ਪ੍ਰਦੇਸ਼ ਵੰਸ਼ਵਾਦੀ ਸਿਆਸਤ ਨੂੰ ਅੱਗੇ ਤੋਰ ਰਹੇ ਹਨ।

ਜਿਹੜੀਆਂ ਖੇਤਰੀ ਪਾਰਟੀਆਂ ਦੇ ਪ੍ਰਮੁੱਖ ਇਸ ਵੇਲੇ ਕਾਬਜ਼ ਹਨ, ਉਹਨਾਂ ਵਿੱਚ ਅਬਦੁਲਾ ਪਰਵਾਰ ਜੰਮੂ-ਕਸ਼ਮੀਰ ਅਤੇ ਮਮਤਾ ਬੈਨਰਜੀ ਪੱਛਮੀ ਬੰਗਾਲ ਹਨ, ਜਿਨ੍ਹਾਂ ਦੇ ਪੁੱਤਰ-ਭਤੀਜੇ ਵੰਸ਼ਵਾਦੀ ਸਿਆਸਤੀ ਹਨ। ਇਸ ਲਿਸਟ ਵਿੱਚ ਔਰਤਾਂ ਦਾ ਦਬਦਬਾ ਵੀ ਘੱਟ ਨਹੀਂ। ਐਸੋਸੀਏਸ਼ਨ ਫਾਰ ਡੈਮੋਕਰੇਟਿਕ ਰਿਫਾਰਮਜ਼ (ਏ ਡੀ ਆਰ) ਦੇ ਅਨੁਸਾਰ ਇਹ ਦਿਸਦਾ ਹੈ ਕਿ 47 ਫ਼ੀਸਦੀ ਔਰਤਾਂ ਇਹਨਾਂ ਤਕੜੇ ਵੰਸ਼ਵਾਦੀ ਪਰਵਾਰਾਂ ਦਾ ਚਿਰਾਗ ਬਾਲ ਰਹੀਆਂ ਹਨ। ਵੰਸ਼ਵਾਦ ਨੇ ਹੀ ਅਸਲ ਵਿੱਚ ਔਰਤਾਂ ਦੇ ਸਿਆਸਤ ਵਿੱਚ ਦਰਵਾਜੇ ਖੋਲ੍ਹੇ ਹਨ।

ਉੱਤਰ ਤੋਂ ਲੈ ਕੇ ਦੱਖਣ ਤੱਕ ਰਾਜਨੀਤੀ ਵਿੱਚ ਪਰਿਵਾਰਿਕ ਮੈਂਬਰਾਂ ਦੀ ਸਿਆਸਤ ਨੂੰ ਪੂਰੀ ਤਰ੍ਹਾਂ ਪ੍ਰਵਾਨ ਕੀਤਾ ਜਾ ਚੁੱਕਾ ਹੈ। ਇਸ ਸੰਬੰਧੀ ਜਿੱਥੇ ਕਾਂਗਰਸ ਮੋਹਰੀ ਰੋਲ ਅਦਾ ਕਰ ਰਹੀ ਹੈ, ਉੱਥੇ ਭਾਜਪਾ ਵਿੱਚ ਵੰਸ਼ਵਾਦ ਦੀ ਵੇਲ ਵਧ-ਫੁੱਲ ਰਹੀ ਹੈ। ਅਸਲ ਵਿੱਚ ਤਾਂ ਮੌਜੂਦਾ ਦੌਰ 'ਚ ਇਹ ਨੇਤਾ ਸਿਆਸੀ ਪਾਰਟੀਆਂ ਨੂੰ ਆਪਣੀ ਜਗੀਰ ਸਮਝਦੇ ਹਨ। ਇਹ ਬਿਮਾਰੀ ਕਾਂਗਰਸ ਤੋਂ ਸ਼ੁਰੂ ਹੋਈ ਸੀ, ਪਰ ਹੁਣ ਇਹ ਖੇਤਰੀ ਦਲਾਂ ਅਤੇ ਭਾਜਪਾ ਵਿੱਚ ਵੀ ਪੂਰੀ ਤਰ੍ਹਾਂ ਫੈਲ ਚੁੱਕੀ ਹੈ।

ਸਿਆਸੀ ਨੇਤਾ ਲੋਕ-ਸੇਵਾ ਦਾ ਸੰਕਲਪ ਛੱਡ ਕੇ ਹੁਣ ਨਿਰਾਪੁਰਾ ਸਿਆਸਤ ਕਰਨ ਲੱਗ ਪਏ ਹਨ ਅਤੇ ਸਾਮ, ਦਾਮ, ਦੰਡ ਦੀ ਵਰਤੋਂ ਕਰਦਿਆਂ ਆਪਣੀ ਗੱਦੀ ਨੂੰ ਕਿਸੇ ਵੀ ਕੀਮਤ 'ਤੇ ਹੱਥੋਂ ਨਹੀਂ ਜਾਣ ਦੇ ਰਹੇ।

ਸਿਆਸੀ ਧਿਰਾਂ ਆਪਣੇ ਮੰਤਵ, ਆਪਣੇ ਅਸੂਲ, ਆਪਣੀ ਪਾਰਟੀ ਦੇ ਸੰਵਿਧਾਨ ਨੂੰ ਛਿੱਕੇ ਟੰਗ ਕੇ ਸੀਮਾਂਤਵਾਦੀ ਸੋਚ ਨੂੰ ਅਪਣਾ ਚੁੱਕੀਆਂ ਹਨ । ਪਾਰਟੀਆਂ 'ਚ ਆਮ ਪਾਰਟੀ ਵਰਕਰ ਦੀ ਪੁੱਛ-ਗਿੱਛ ਨਹੀਂ ਰਹੀ । ਲੋਕ ਸਰੋਕਾਰ ਪਾਰਟੀਆਂ ਦੀ ਪਹਿਲ ਨਹੀਂ ਰਹੇ। ਸਿਰਫ਼ ਤੇ ਸਿਰਫ਼ ਧਨ-ਦੌਲਤ ਅਤੇ ਕੁਰਸੀ ਦਾ ਹੀ ਬੋਲਬਾਲਾ ਹੋ ਗਿਆ ਹੈ।


ਦੇਸ਼ 'ਚ ਪਰਵਾਰਵਾਦ ਦੀ ਵਧਦੀ ਵੇਲ ਲੋਕ ਕਲਿਆਣ ਤੋਂ ਮੁੱਖ ਮੋੜ ਕੇ ਰਿਸ਼ਵਤ ਦੇ ਦੌਰ 'ਚ ਪੁੱਜ ਚੁੱਕੀ ਹੈ। ਦੇਸ਼ ਭਗਤੀ ਇਮਾਨਦਾਰੀ ਦੇਸ਼ ਦੇ ਨਕਸ਼ੇ ਤੋਂ ਜਿਵੇਂ ਗੁਆਚੀ ਜਾ ਰਹੀ ਹੈ। ਚੋਣਾਂ 'ਚ ਰਿਸ਼ਵਤ ਦਿਓ, ਲੋਕਾਂ ਨੂੰ ਸਾੜ੍ਹੀਆਂ, ਸ਼ਰਾਬ ਵੰਡੋ, ਨਕਦੀ ਖ਼ਾਤਿਆਂ 'ਚ ਪੈਸੇ ਜਮ੍ਹਾਂ ਕਰਵਾਓ, ਵੋਟਾਂ ਲਓ ਅਤੇ ਰਾਜਨੇਤਾ ਬਣ ਜਾਓ।

ਪਰਵਾਰਵਾਦ ਦੇਸ਼ ਵਿੱਚ ਲੋਕਤੰਤਰ ਨੂੰ ਘੁਣ ਵਾਂਗ ਖਾ ਰਿਹਾ ਹੈ। ਇਸ ਨਾਲ ਇਹੋ ਜਿਹੀਆਂ ਅਲਾਮਤਾਂ ਦੇਸ਼ 'ਚ ਫੈਲ ਗਈਆਂ ਹਨ ਕਿ ਦੇਸ਼ 'ਚ ਲਗਾਤਾਰ ਨੈਤਿਕ ਨਿਘਾਰ ਤਾਂ ਆ ਹੀ ਰਿਹਾ ਹੈ, ਆਰਥਿਕ ਮੰਦੀ, ਗੁਰਬਤ,ਬੇਰੁਜ਼ਗਾਰੀ, ਰਿਸ਼ਵਤਖੋਰੀ ਸਿਖ਼ਰਾਂ 'ਤੇ ਪੁੱਜ ਰਹੀ ਹੈ।

ਭਾਈ-ਭਤੀਜਾਵਾਦ ਸਿਆਸੀ ਦਲਾਂ ਵਿੱਚ ਸੱਤਾ ਦੇ ਕੇਂਦਰੀਕਰਨ ਦਾ ਫੈਲਾਅ ਪੈਦਾ ਕਰ ਰਿਹਾ ਹੈ, ਜਿਸ ਨਾਲ ਆਮ ਲੋਕ ਸਿਆਸਤ ਤੋਂ ਦੂਰ ਹੋ ਰਹੇ ਹਨ। ਇਸ ਸਥਿਤੀ ਉੱਤੇ ਜੇਕਰ ਕਾਬੂ ਨਹੀਂ ਪਾਇਆ ਜਾਂਦਾ ਤਾਂ ਦੇਸ਼ ਦਾ ਵੋਟਰ ਸਿਰਫ ਖਾਮੋਸ਼ ਦਰਸ਼ਕ ਤੱਕ ਸੀਮਤ ਹੋ ਜਾਏਗਾ, ਜੋ ਦੇਸ਼ 'ਚ ਵੱਡੀ ਅਰਾਜਕਤਾ ਦਾ ਕਾਰਨ ਬਣੇਗਾ।

**# ਸੰਪਰਕ : 98158-02070**

# ਯੁੱਧ ਕਿਸੇ ਵੀ ਸਮੱਸਿਆ ਦਾ ਸਥਾਈ ਹੱਲ ਨਹੀਂ



ਵਰਿੰਦਰ ਸ਼ਰਮਾ

ਜੇਕਰ ਅਸੀਂ ਬੇਖਬਰ, ਬੇਖੌਫ ਹੋ ਕੇ ਰਹਿ ਰਹੇ ਹਾਂ ਤਾਂ ਸਿਰਫ ਤੇ ਸਿਰਫ ਉਹਨਾਂ ਨੌਜਵਾਨ ਵੀਰ ਫੌਜੀਆਂ ਦੀ ਬਦੌਲਤ, ਜੋ ਸਰਹੱਦਾਂ 'ਤੇ ਦਿਨ - ਰਾਤ ਬਹੁਤ ਹੀ ਸੰਜੀਦਗੀ ਨਾਲ ਆਪਣੇ ਪਰਵਾਰਾਂ ਤੋਂ ਦੂਰ ਰਹਿੰਦੇ ਹੋਏ ਸਾਡੇ ਦੇਸ਼ ਦੀ ਰੱਖਿਆ ਕਰ ਰਹੇ ਹਨ । ਉਹ ਦੇਸ਼ ਦੇ ਸੱਚੇ ਸਿਪਾਹੀ ਹਨ । ਸ਼ਾਂਤੀ ਦੇ ਸਮੇਂ ਵੀ ਉਹਨਾਂ ਨੂੰ ਬਹੁਤ ਹੀ ਮੁਸ਼ਕਿਲ ਹਾਲਾਤ 'ਚ ਰਹਿਣਾ ਪੈ ਰਿਹਾ ਹੈ ।

ਦੇਸ਼ ਲਈ ਜਿਉਣਾ ਅਤੇ ਮਰਨਾ ਉਹਨਾਂ ਦਾ ਪਰਮ ਧਰਮ ਹੈ, ਪਰ ਅਫਸੋਸ ਦੇਸ਼ ਦੀਆਂ ਸਰਹੱਦਾਂ 'ਤੇ ਸਾਡੇ ਵੀਰ ਬਹਾਦਰ ਫੌਜੀ ਦੇਸ਼ ਧ੍ਰੋਹੀਆਂ, ਦੁਸ਼ਮਣਾਂ ਦੀ ਫੌਜ ਦਾ ਮੁਕਾਬਲੇ ਕਰਦੇ ਸ਼ਹੀਦ ਹੋ ਰਹੇ ਹਨ । ਬੇਸ਼ੱਕ ਆਪਣੇ ਦੇਸ਼ ਲਈ ਤਾਂ ਉਹ ਸ਼ਹੀਦ ਹੋ ਜਾਂਦੇ ਹਨ, ਪਰ ਮਾਂ-ਬਾਪ ਲਈ ਪੁੱਤ ਚਲਾ ਜਾਂਦਾ ਹੈ, ਇਕ ਔਰਤ ਲਈ ਉਸ ਦਾ ਪਤੀ ਚਲਾ ਜਾਂਦਾ ਹੈ , ਬੱਚੇ ਬਾਪ ਵਿਹੂਣੇ ਹੋ ਜਾਂਦੇ ਹਨ, ਭੈਣ ਲਈ ਰੱਖੜੀ ਵਾਲਾ ਗੁੱਟ ਚਲਾ ਜਾਂਦਾ ਹੈ । ਨਿਰਸੰਦੇਹ ਸਰਕਾਰਾਂ ਵਲੋਂ ਇਨ੍ਹਾਂ ਸ਼ਹੀਦਾਂ ਦੇ ਪਰਵਾਰਾਂ ਨੂੰ ਫੌਰੀ ਆਰਥਕ ਮਦਦ ਦੀ ਘੋਸ਼ਣਾ ਕਰ ਦਿੱਤੀ ਜਾਂਦੀ ਹੈ ਅਤੇ ਪਰਵਾਰ ਦੇ ਮੈਂਬਰ ਨੂੰ ਨੌਕਰੀ ਵੀ ਦੇਣ ਦਾ ਵਾਅਦਾ ਕੀਤਾ ਜਾਂਦਾ ਹੈ, ਪਰ ਪੈਸੇ ਜਾਂ ਨੌਕਰੀ ਨਾਲ ਕਿਸੇ ਨੂੰ ਵਾਪਸ ਤਾਂ ਨਹੀਂ ਲਿਆਂਦਾ ਜਾ ਸਕਦਾ ।

ਦਰਅਸਲ ਸਰਹੱਦਾਂ ਮਨੁੱਖਾਂ ਦੁਆਰਾ, ਮਨੁੱਖਾਂ ਲਈ ਹੀ ਬਣਾਈਆਂ ਗਈਆਂ ਹਨ । ਪੰਛੀਆਂ ਅਤੇ ਹਵਾਵਾਂ ਨੂੰ ਭਲਾ ਕੋਈ ਇੱਧਰ -ਉਧਰ ਜਾਣ ਤੋਂ ਕਦੇ ਕੋਈ ਰੋਕ ਸਕਦਾ ਹੈ ? ਮੁੱਠੀਭਰ ਲੋਕਾਂ ਨੂੰ ਛੱਡ ਕੇ ਦੋਨਾਂ ਦੇਸ਼ਾਂ ਦੇ ਲੋਕ ਅਮਨ ਚੈਨ ਚਾਹੁੰਦੇ ਹਨ । ਸ੍ਰੀ ਗੁਰੂ ਨਾਨਕ ਦੇਵ ਜੀ ਨੇ ਵੀ ਸਾਂਝੀ ਭਾਈਵਾਲਤਾ ਦਾ ਸੰਦੇਸ਼ ਦਿੱਤਾ ਸੀ । ਅੱਜ ਵੀ ਦੋਨਾਂ ਪਾਸਿਆਂ ਤੋਂ ਮਹਾਨ ਸਾਹਿਤਕਾਰ ਅਤੇ ਕਲਾਕਾਰ ਸਰਹੱਦ 'ਤੇ ਮੋਮਬੱਤੀਆਂ ਜਗਾ ਕੇ ਸ਼ਾਂਤੀ ਅਤੇ ਭਾਈਚਾਰੇ ਦੀ ਤਸਵੀਰ ਦਾ ਬੇਹੱਦ ਖ਼ੂਬਸੂਰਤ ਨਮੂਨਾ ਪੇਸ਼ ਕਰਨ ਲਈ ਯਤਨਸ਼ੀਲ ਰਹਿੰਦੇ ਹਨ, ਪਰ ਅਫਸੋਸ ਦੇਸ਼ ਦੀ ਸੱਤਾ 'ਤੇ ਕਾਬਜ਼ ਲੋਕ ਆਪਣੀ ਸੱਤਾ ਕਾਇਮ ਰੱਖਣ ਲਈ ਭਰਾਵਾਂ ਨੂੰ ਆਪਸ 'ਚ ਲੜਾਉਂਦੇ ਹਨ । ਦੋਨਾਂ ਦੇਸ਼ਾਂ ਦੀਆਂ ਗਲਤ ਨੀਤੀਆਂ ਦੇ ਕਾਰਨ ਬੇਵਜ੍ਹਾ ਵੀਰ ਜਵਾਨ ਮੌਤ ਦਾ ਸ਼ਿਕਾਰ ਹੁੰਦੇ ਰਹਿੰਦੇ ਹਨ ।

ਇਹ ਇੱਕ ਅੱਟਲ ਸੱਚਾਈ ਹੈ ਕਿ ਯੁੱਧ ਕਿਸੇ ਵੀ ਸਮੱਸਿਆ ਦਾ ਸਥਾਈ ਹੱਲ ਨਹੀਂ ਫੇਰ ਯੁੱਧ ਕਿਉਂ ? ਅਨੇਕਾਂ ਮਜ਼ਹਬਾਂ, ਜਾਤਾਂ , ਧਰਮਾਂ 'ਚ ਇਨਸਾਨ ਵੰਡਿਆ ਹੋਇਆ ਹੈ। ਇਸੇ ਕਰਕੇ ਹੀ ਅਸੀਂ ਇਨਸਾਨੀਅਤ ਨੂੰ ਭੁੱਲ ਚੁੱਕੇ ਹਾਂ । ਸਿਰਫ ਆਪਣੀ ਚੌਧਰ ਵਿਖਾਉਣ ਲਈ ਸੰਸਾਰ 'ਚ ਵੱਡੇ ਮੁਲਕ ਛੋਟੇ ਮੁਲਕਾਂ 'ਤੇ ਕਬਜ਼ਾ ਕਰਨ ਦੀ ਨੀਅਤ ਨਾਲ ਆਪਣੀ ਸੈਨਿਕ ਤਾਕਤ ਦੀ ਭਰਪੂਰ ਵਰਤੋਂ ਕਰਦੇ ਹਨ ।

ਸਰਹੱਦਾਂ ਦੋ ਦੇਸ਼ਾਂ ਨੂੰ ਆਪਸ 'ਚ ਵੰਡ ਦਿੰਦੀਆਂ ਹਨ, ਪਰ ਜੇਕਰ ਗੌਰ ਨਾਲ ਵੇਖਿਆ ਜਾਵੇ ਤਾਂ ਉਹਨਾਂ ਸਰਹੱਦਾਂ 'ਤੇ ਪਹਿਰਾ ਦੇ ਰਹੇ ਦੋਨਾਂ ਪਾਸਿਆਂ ਦੇ ਜਵਾਨਾਂ ਦੀ ਆਪਸ ਵਿੱਚ ਕੋਈ ਜਾਤੀ ਦੁਸ਼ਮਣੀ ਨਹੀਂ ਹੁੰਦੀ । ਸ਼ਾਂਤੀ ਸਮੇਂ 'ਚ ਉਹ ਆਪਸ 'ਚ ਬਹੁਤ ਹੀ ਪਿਆਰ ਨਾਲ ਰਹਿੰਦੇ ਹਨ । ਇੱਕ-ਦੂਜੇ ਨਾਲ ਹੱਸਦੇ-ਖੇਡਦੇ ਹਨ । ਉਸ ਵੇਲੇ ਤਾਂ ਉਹਨਾਂ 'ਚ ਸਾਂਝ ਜਿਹੀ ਜਾਪਦੀ ਹੈ। ਸਰਹੱਦ 'ਤੇ ਰੋਜ਼ਾਨਾ ਹੁੰਦੀ ਰੀਟਰੀਟ ਸੈਰੇਮਨੀ ਇਸ ਦੀ ਇੱਕ ਚੰਗੀ ਉਦਾਹਰਣ ਹੈ । ਦੇਸ਼ 'ਚ ਤਿਉਹਾਰਾਂ ਸਮੇਂ ਫਲ, ਮਠਿਆਈਆਂ ਆਦਿ ਦਾ ਆਦਾਨ -ਪ੍ਰਦਾਨ ਕੀਤਾ ਜਾਂਦਾ ਹੈ । ਫਿਰ ਕੀ ਕਾਰਨ ਹੈ ਕਿ ਆਪਸ 'ਚ ਤਣਾਅਪੂਰਨ ਪ੍ਰਸਥਿਤੀਆਂ ਪੈਦਾ ਹੋਣ ਨਾਲ ਹੀ ਦੋਨਾਂ ਧਿਰਾਂ ਦੇ ਜਵਾਨ ਇੱਕ -ਦੂਜੇ ਦੀ ਜਾਨ ਦੇ ਪਿਆਸੇ ਹੋ ਜਾਂਦੇ ਹਨ । ਰੋਜ਼ਾਨਾ ਦੀ ਘੁਸਪੈਠ ਵੀ ਸੁਹਿਰਦ ਮਾਹੌਲ ਨੂੰ ਵਿਗਾੜ ਰਹੀ ਹੈ ।

ਬੇਸ਼ੱਕ ਅਨੇਕਾਂ ਮੁਲਕਾਂ ਦੇ ਲੋਕ ਇਕਮਿਕ ਹੋਣਾ ਚਾਹੁੰਦੇ ਹਨ, ਪਰ ਨੇਤਾ ਅਤੇ ਉਹਨਾਂ ਦੀ ਘਟੀਆ ਸਿਆਸਤ ਉਹਨਾਂ ਨੂੰ ਇੱਕ ਨਹੀਂ ਹੋਣ ਦਿੰਦੀ । ਜਿਨ੍ਹਾਂ ਦਿਲਾਂ ਵਿਚ ਆਪਸੀ ਪਿਆਰ ਹੁੰਦਾ ਹੈ, ਉਹਨਾਂ ਦਿਲਾਂ ਵਿਚ ਨਫਰਤ ਭਰ ਦਿੱਤੀ ਜਾਂਦੀ ਹੈ ਅਤੇ ਇਹ ਨਫਰਤ ਵਧਦੀ -ਵਧਦੀ ਇਕ ਦਿਨ ਜੰਗ ਦਾ ਰੂਪ ਧਾਰਨ ਕਰ ਜਾਂਦੀ ਹੈ ।

ਜੰਗ 'ਚ ਕੀਮਤੀ ਜਾਨਾਂ ਤਾਂ ਜਾਂਦੀਆਂ ਹੀ ਹਨ, ਨਾਲ ਹੀ ਦੇਸ਼ ਦੀ ਆਰਥਿਕਤਾ ਨੂੰ ਵੀ ਖੋਰਾ ਲੱਗ ਜਾਂਦਾ ਹੈ । ਜਿਹੜਾ ਪੈਸਾ ਅਤੇ ਮਨੁੱਖੀ ਸ਼ਕਤੀ ਜੰਗ ਵਿਚ ਬਰਬਾਦ ਕੀਤੀ ਜਾਂਦੀ ਹੈ, ਉਹ ਸ਼ਕਤੀ ਦੇਸ਼ ਦੇ ਵਿਕਾਸ ਅਤੇ ਨਾਗਰਿਕਾਂ ਨੂੰ ਸਹੂਲਤਾਂ ਦੇਣ ਅਤੇ ਉਹਨਾਂ ਦੀ ਭਲਾਈ ਲਈ ਵਰਤੀ ਜਾਵੇ ਤਾਂ ਵਧੇਰੇ ਚੰਗਾ ਹੈ । ਸਮੇਂ ਦੀ ਸਰਕਾਰ ਤੋਂ ਮੰਗ ਕੀਤੀ ਜਾਂਦੀ ਹੈ ਕਿ ਰੋਜ਼ਾਨਾ ਹੋ ਰਹੇ ਸਿੱਧੇ-ਅਸਿੱਧੇ ਯੁੱਧ ਦਾ ਕੋਈ ਸਥਾਈ ਹੱਲ ਤੁਰੰਤ ਲੱਭਿਆ ਜਾਵੇ , ਤਾਂ ਕਿ ਜਾਨਮਾਲ ਦੇ ਨੁਕਸਾਨ ਤੋਂ ਬਚਿਆ ਜਾ ਸਕੇ ।

**# ਸੰਪਰਕ : 94172-80333**

# ਉੱਤਮ ਜੀਵਨ ਜਿਊਣ ਦੀ ਕਲਾ



ਨਰਿੰਦਰ ਸਿੰਘ

ਜ਼ਿੰਦਗੀ ਬਹੁਰੰਗੀ ਹੈ। ਜ਼ਿੰਦਗੀ ਵਿੱਚ ਉਤਰਾਅ-ਚੜ੍ਹਾਅ ਆਉਂਦੇ-ਜਾਂਦੇ ਰਹਿੰਦੇ ਹਨ । ਜ਼ਿੰਦਗੀ ਦੁੱਖਾਂ ਤੇ ਸੁੱਖਾਂ ਦਾ ਸੁਮੇਲ ਹੈ । ਹਰ ਰੋਜ਼ ਛੋਟੇ-ਛੋਟੇ ਦੁੱਖ ਅਤੇ ਖੁਸ਼ੀਆਂ ਮਿਲਦੀਆਂ ਹੀ ਰਹਿੰਦੀਆਂ ਹਨ । ਦੁੱਖ ਆਉਣ 'ਤੇ ਮਨੁੱਖ ਨੂੰ ਨਿਰਾਸ਼ ਨਹੀਂ ਹੋਣਾ ਚਾਹੀਦਾ, ਸਗੋਂ ਇਸ ਦਾ ਦ੍ਰਿੜ੍ਹਤਾ ਨਾਲ ਸਾਹਮਣਾ ਕਰਨਾ ਚਾਹੀਦਾ ਹੈ । ਗੁਰਬਾਣੀ ਅਨੁਸਾਰ "ਐਸੀ ਦ੍ਰਿੜ੍ਹਤਾ ਤਾ ਕੈ ਹੋਇ ।। ਜਾ ਕਉ ਦਇਆ ਮਇਆ ਪ੍ਰਭ ਸੋਇ।।" ਕਿਸੇ ਵੀ ਉਦੇਸ਼ ਦੀ ਪੂਰਤੀ ਦ੍ਰਿੜ੍ਹਤਾ ਤੋਂ ਬਿਨਾਂ ਪੂਰੀ ਨਹੀਂ ਕੀਤੀ ਜਾ ਸਕਦੀ । ਮਨ ਵਿੱਚ ਦ੍ਰਿੜ੍ਹਤਾ ਹੋਵੇ ਤਾਂ ਹਰ ਕਾਰਜ ਸਫ਼ਲਤਾ-ਪੂਰਵਕ ਕੀਤਾ ਜਾ ਸਕਦਾਹੈ । ਸਾਨੂੰ ਆਪਣੀ ਜ਼ਿੰਦਗੀ ਵਿੱਚ ਛੋਟੇ-ਛੋਟੇ ਦੁੱਖਾਂ ਅਤੇ ਖੁਸ਼ੀਆਂ ਦੀ ਅਹਿਮੀਅਤ ਨੂੰ ਪਛਾਨਣਾ ਚਾਹੀਦਾ ਹੈ ਅਤੇ ਆਪਣੇ ਲਈ ਖੁਸ਼ੀਆਂ ਦੀ ਚੋਣ ਕਰਨੀ ਚਾਹੀਦੀ ਹੈ ।

*ਚੇਤੰਨ ਰਹੋ, ਖ਼ੁਸ਼ ਰਹੋ, ਆਤਮ ਵਿਸ਼ਵਾਸ ਵਧੇਗਾ,*
*ਪਿਆਰ ਕਰੋ, ਹਉਮੈ ਛੱਡੋ, ਦੁੱਖਾਂ ਦਾ ਸੰਸਾਰ ਘਟੇਗਾ ।*

ਕਿਹਾ ਜਾਂਦਾ ਹੈ ਕਿ ਦੁੱਖ ਵੰਡਾਇਆਂ ਅੱਧਾ ਰਹਿ ਜਾਂਦਾ ਹੈ ਅਤੇ ਖ਼ੁਸ਼ੀ ਵੰਡਿਆਂ ਅਕਸਰ ਦੁੱਗਣੀ ਹੋ ਜਾਂਦੀ ਹੈ । ਜ਼ਿੰਦਗੀ ਵਿੱਚ ਉਮਰ ਅਤੇ ਹਾਲਾਤ ਦੇ ਹਿਸਾਬ ਨਾਲ ਰੰਗਾਂ ਦੀ ਅਹਿਮੀਅਤ ਬਦਲਦੀ ਹੈ । ਦਸਾਂ ਨਹੁੰਆਂ ਦੀ ਕਿਰਤ ਕਰਨਾ, ਸਖ਼ਤ ਮਿਹਨਤ ਕਰਨਾ, ਅਰਾਮ ਨਾਲ ਜ਼ਿੰਦਗੀ ਗੁਜ਼ਾਰਨੀ , ਹਮੇਸ਼ਾ ਚੜ੍ਹਦੀ ਕਲਾ ਵਿੱਚ ਰਹਿਣਾ, ਸਾਦਾ ਜੀਵਨ ਬਤੀਤ ਕਰਨਾ, ਮਿੱਠਾ ਅਤੇ ਮਿਣ ਤੋਲ ਕੇ ਬੋਲਣਾ, ਨਿਮਰਤਾ, ਸਹਿਜਤਾ ਤੇ ਸੁਹਿਰਦਤਾ ਜ਼ਿੰਦਗੀ ਦੇ ਗਹਿਣੇ ਹਨ । ਮਨੁੱਖ ਨੂੰ ਆਪਣੀ ਬੋਲ-ਚਾਲ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਕੋਸ਼ਿਸ਼ ਕਰਦੇ ਰਹਿਣਾ ਚਾਹੀਦਾ ਹੈ । ਦੂਜਿਆਂ ਪ੍ਰਤੀ ਸਹੀ ਸੋਚ ਮਨੁੱਖ ਦੀ ਜ਼ਿੰਦਗੀ 'ਚ ਉਤਸ਼ਾਹ, ਪਿਆਰ, ਸਫਲਤਾ, ਵਿਸ਼ਵਾਸ ਤੇ ਸਤਿਕਾਰ ਜਿਹੇ ਰੰਗ ਭਰ ਦਿੰਦੀ ਹੈ । ਜਿਸ ਕਾਰਨ ਵਿਅਕਤੀ ਦਾ ਹਰ ਰਿਸ਼ਤਾ, ਸਤਿਕਾਰ, ਵਿਸ਼ਵਾਸ ਅਤੇ ਪਿਆਰ ਵਿੱਚ ਰੰਗਿਆ ਜਾਂਦਾ ਹੈ ਤੇ ਸਮਾਜ ਵਿੱਚ ਰੁਤਬਾ ਉੱਚਾ ਹੁੰਦਾ ਹੈ ।

ਸਾਦਗੀ ਦਾ ਮਨੁੱਖੀ ਜੀਵਨ ਵਿੱਚ ਬਹੁਤ ਮਹੱਤਵ ਹੈ । ਆਪਣੀਆਂ ਜ਼ਰੂਰਤਾਂ ਅਤੇ ਇਛਾਵਾਂ ਵਿੱਚ ਸੰਤੁਲਨ ਕਾਇਮ ਕਰਨਾ, ਸੀਮਤ ਸੋਮਿਆਂ ਵਿੱਚ ਪ੍ਰਸੰਨ ਰਹਿਣਾ ਅਤੇ ਸਹਿਜ ਵਿੱਚ ਰਹਿਣਾ ਹੀ ਸਾਦਗੀ ਹੈ । ਸਾਦਗੀ ਵਿਅਕਤੀ ਨੂੰ ਅੰਦੂਰਨੀ ਸ਼ਕਤੀ ਪ੍ਰਦਾਨ ਕਰਦੀ ਹੈ । ਸਾਦਗੀ ਬੁੱਧੀ, ਬਲ ਅਤੇ ਵਿਵੇਕ ਨੂੰ ਵਧਾਉਂਦੀ ਹੈ । ਸਾਦਗੀ ਮਨੁੱਖ ਦੇ ਵਕਾਰ ਅਤੇ ਚਰਿੱਤਰ ਦਾ ਨਿਰਮਾਣ ਕਰਦੀ ਹੈ। ਸਾਦਗੀ ਮਨੁੱਖੀ ਜੀਵਨ ਦਾ ਗਹਿਣਾ ਹੈ । ਸਾਦਗੀ ਭਰੇ ਜੀਵਨ ਵਿੱਚ ਹੀ ਸਕੂਨ ਹੈ । ਸਾਦਗੀ ਪਸੰਦ ਲੋਕ ਲੋਭ ਦਾ ਤਿਆਗ ਕਰਕੇ ਸਿਰਫ ਜ਼ਰੂਰਤਮੰਦ ਚੀਜ਼ਾਂ 'ਤੇ ਹੀ ਆਪਣਾ ਧਿਆਨ ਕੇਂਦ੍ਰਿਤ ਕਰਦੇ ਹਨ । ਪ੍ਰਸਿੱਧ ਦਾਰਸ਼ਨਿਕ ਸੁਕਰਾਤ ਅਨੁਸਾਰ ਸਾਡੀਆਂ ਜ਼ਰੂਰਤਾਂ ਜਿੰਨੀਆਂ ਘੱਟ ਹੁੰਦੀਆਂ ਹਨ, ਅਸੀਂ ਪ੍ਰਮਾਤਮਾ ਦੇ ਓਨਾ ਹੀ ਨੇੜੇ ਹੁੰਦੇ ਜਾਂਦੇ ਹਾਂ । ਸਾਦਾ ਜੀਵਨ ਸਫਲ ਜੀਵਨ ਹੈ। ਸਾਦਾ ਜੀਵਨ ਸਾਨੂੰ ਆਪਣਿਆਂ ਦੇ ਨੇੜੇ ਲਿਆਉਂਦਾ ਹੈ । ਸਾਦਾ ਜੀਵਨ ਜਿਊਣ ਨਾਲ ਅਸੀਂ ਤਣਾਅ ਤੋਂ ਵੀ ਮੁਕਤ ਹੁੰਦੇ ਹਾਂ ।

ਆਸ ਜੀਵਨ ਦੀ ਰਾਹਦਾਰੀ ਹੈ । 'ਜੀਵੇ ਆਸਾ, ਮਰੇ ਨਿਰਾਸ਼ਾ' ਕਹਾਵਤ ਤੋਂ ਪਤਾ ਚਲਦਾ ਹੈ ਕਿ ਜੀਵਨ ਆਸ ਦੇ ਸਹਾਰੇ ਚਲਦਾ ਹੈ । ਆਸ ਤੋਂ ਭਾਵ ਭਵਿੱਖ ਲਈ ਆਸ਼ਾਵਾਦੀ ਰਹਿਣ ਤੋਂ ਹੈ । ਭਵਿੱਖ ਵਿੱਚ ਜੋ ਸਮਾਂ ਆਉਣਾ , ਉਸ ਨੂੰ ਸਫ਼ਲਤਾ, ਖ਼ੁਸ਼ਹਾਲੀ ਤੇ ਉੱਨਤੀ ਦੇ ਚਿੰਨ੍ਹ ਵਲੋਂ ਸਵੀਕਾਰ ਕਰਨਾ ਹੀ ਆਸ ਹੈ । ਆਸ ਮਨੁੱਖ ਨੂੰ ਕਿਰਿਆਸ਼ੀਲ ਅਤੇ ਚੜ੍ਹਦੀ ਕਲਾ ਵਿੱਚ ਰੱਖਦੀ ਹੈ । ਉਮਰ ਅਨੁਸਾਰ ਇਨਸਾਨ ਦੀ ਆਸ ਵੱਖਰੀ ਵੱਖਰੀ ਹੋ ਸਕਦੀ ਹੈ ।

ਮਨ ਵਿੱਚ ਆਸ ਨਾ ਰੱਖਣ ਵਾਲੇ ਲੋਕ ਉਦਮਹੀਣ ਹੁੰਦੇ ਹਨ । ਮਨ ਵਿੱਚ ਧਾਰੀ ਆਸ ਨੂੰ ਪੂਰਾ ਕਰਨ ਲਈ ਮਨੁੱਖ ਸਹੀ ਉਦਮ ਕਰਕੇ ਸਫ਼ਲਤਾ ਦੇ ਰਸਤੇ ਦਾ ਪਾਂਧੀ ਬਣਦਾ ਹੈ । ਜ਼ਿੰਦਗੀ ਵਿੱਚ ਆਸ ਨਾ ਰੱਖਣ ਵਾਲੇ ਲੋਕਾਂ ਨੂੰ ਨਿਕੰਮਾਪਣ ਸਤਾਉਂਦਾ ਹੈ । ਜਦ ਮਨੁੱਖੀ ਮਨ ਆਸ ਛੱਡ ਕੇ ਕਿਸਮਤ ਨੂੰ ਕੋਸਦਾ ਹੈ ਤਾਂ ਜ਼ਿੰਦਗੀ ਨਿਰਾਸ਼ਾ ਦੇ ਹਨੇਰੇ ਨਾਲ ਭਰ ਜਾਂਦੀ ਹੈ । ਆਸ ਪੂਰੀ ਕਰਨ ਲਈ ਆਸ਼ਾਵਾਦੀ ਨਜ਼ਰੀਏ ਦਾ ਹੋਣਾ ਬਹੁਤ ਜ਼ਰੂਰੀ ਹੈ । ਆਸ ਮਨੁੱਖ ਨੂੰ ਥੱਕਣ ਨਹੀਂ ਦਿੰਦੀ ਅਤੇ ਨਾ ਹੀ ਭਰੋਸਾ ਟੁੱਟਣ ਦਿੰਦੀ ਹੈ । ਆਸ ਨਾਲ ਉੱਚੇ ਮੁਕਾਮ ਹਾਸਿਲ ਹੁੰਦੇ ਹਨ ।

ਕਿਰਤ ਦਾ ਮਨੁੱਖੀ ਜੀਵਨ ਵਿੱਚ ਬਹੁਤ ਮਹੱਤਵ ਹੈ । ਗੁਰਬਾਣੀ ਵਿੱਚ ਕਿਰਤ ਨੂੰ ਮਹੱਤਵਪੂਰਨ ਸਥਾਨ ਦਿੰਦਿਆਂ ਮਨੁੱਖ ਨੂੰ ਕਿਰਤ ਕਰਨ, ਨਾਮ ਜਪਣ ਤੇ ਵੰਡ ਛਕਣ ਦਾ ਉਪਦੇਸ਼ ਦਿੱਤਾ ਗਿਆ ਹੈ । ਕਿਰਤ ਕਰਨ ਨਾਲ ਸਿਹਤ, ਸਤਿਕਾਰ ਅਤੇ ਚਰਿੱਤਰ ਦੀ ਉਸਾਰੀ ਹੁੰਦੀ ਹੈ । ਕਿਰਤ ਕਰਨ ਵਾਲੇ ਵਿਅਕਤੀ ਵਿੱਚ ਉਤਸ਼ਾਹ ਹੁੰਦਾ ਹੈ । ਕਿਰਤੀ ਲੋਕ ਮਿਹਨਤ ਨਾਲ ਕੰਮ ਕਰਦੇ ਹਨ । ਉਹ ਆਪਣੇ ਹੱਥੀਂ ਕਿਰਤ ਕਰਕੇ ਆਪਣਾ ਜੀਵਨ ਬਸਰ ਕਰਦੇ ਹਨ । ਕਿਰਤ ਕਰਨ ਨਾਲ ਮਨੁੱਖ ਵਿਚ ਆਤਮ ਵਿਸ਼ਵਾਸ ਵਧਦਾ ਹੈ । ਕਿਰਤ ਕਰਨ ਵਾਲੇ ਲੋਕ ਦੂਜਿਆਂ ਲਈ ਪ੍ਰੇਰਨਾਸ੍ਰੋਤ ਹੁੰਦੇ ਹਨ ਤੇ ਉਨ੍ਹਾਂ ਨੂੰ ਵੀ ਮਿਹਨਤ ਕਰਨ ਲਈ ਪ੍ਰੇਰਦੇ ਹਨ । ਕਿਰਤੀ ਲੋਕ ਆਪਣੇ ਕੰਮ ਵਿੱਚ ਮਸਤ ਰਹਿੰਦੇ ਹਨ ਅਤੇ ਆਪਣੇ ਕੰਮ ਦਾ ਰਸ ਮਾਣਦੇ ਹਨ ।

ਜੀਵਨ ਵਿੱਚ ਸਫਲ ਹੋਣ ਲਈ ਮਿਹਨਤ ਦੀ ਲੋੜ ਪੈਂਦੀ ਹੈ । ਮਿਹਨਤ ਦੇ ਰਾਹ ਤੁਰਨ ਤੋਂ ਬਗੈਰ ਜੀਵਨ ਵਿੱਚ ਕੋਈ ਵੀ ਪ੍ਰਾਪਤੀ ਸੰਭਵ ਨਹੀਂ। ਮਿਹਨਤ ਦਾ ਕੋਈ ਬਦਲ ਨਹੀਂ। ਕਿਸਾਨ ਦਿਨ-ਰਾਤ ਮਿੱਟੀ ਨਾਲ ਮਿੱਟੀ ਹੋਇਆ ਰਹਿੰਦਾ ਹੈ । ਜੇਠ-ਹਾੜ੍ਹ ਦੀਆਂ ਧੁੱਪਾਂ, ਪੋਹ-ਮਾਘ ਦੀਆਂ ਕਕਰੀਲੀਆਂ ਰਾਤਾਂ ਵੀ ਕਿਸਾਨ ਦੇ ਹੌਸਲੇ ਤੇ ਸਿਰੜ ਨੂੰ ਡੁਲਾਅ ਨਹੀਂ ਸਕਦੀਆਂ । ਕਿਰਤੀ-ਕਾਮੇ ਵੀ ਭਾਵੇਂ ਲੋੜਾਂ-ਥੁੜਾਂ ਵਿੱਚ ਜਕੜੇ ਰਹਿਣ, ਪਰ ਉਨ੍ਹਾਂ ਦੇ ਜੀਵਨ ਦਾ ਸਿਰਨਾਵਾਂ ਵੀ ਮਿਹਨਤ ਤੇ ਕੇਵਲ ਮਿਹਨਤ ਹੀ ਹੁੰਦੀ ਹੈ ।

ਆਧੁਨਿਕਤਾ ਦੇ ਯੁੱਗ ਵਿਚ ਮਿਹਨਤ ਕਰਨ ਵਾਲੇ ਵਿਅਕਤੀ ਨੂੰ ਹੀ ਸਮਾਜ ਚੰਗਾ ਸਮਝਦਾ ਹੈ । ਮਨੁੱਖ ਜਿੰਨੀ ਮਿਹਨਤ ਕਰਦਾ ਹੈ, ਉਸ ਦੀ ਸ਼ਖ਼ਸੀਅਤ 'ਚ ਵੀ ਓਨਾ ਹੀ ਨਿਖਾਰ ਆਉਂਦਾ ਹੈ । ਜੇ ਮਨ ਵਿੱਚ ਕਿਸੇ ਮੰਜ਼ਲ 'ਤੇ ਪਹੁੰਚਣ ਦੀ ਤਾਂਘ ਹੋਵੇ ਤਾਂ ਜ਼ਿੰਦਗੀ ਦੀਆਂ ਰੁਕਾਵਟਾਂ ਵੀ ਮਨੁੱਖ ਦਾ ਰਾਹ ਨਹੀਂ ਰੋਕ ਸਕਦੀਆਂ । ਪ੍ਰੇਰਨਾ, ਹੌਂਸਲੇ ਤੇ ਮਜ਼ਬੂਤ ਇਰਾਦੇ ਸਦਕਾ ਸਖ਼ਤ ਮਿਹਨਤ ਦੇ ਬਲਬੂਤੇ ਮਨੁੱਖ ਆਪਣੀ ਮਨਚਾਹੀ ਮੰਜ਼ਲ ਹਾਸਿਲ ਕਰਨ ਵਿੱਚ ਕਾਮਯਾਬ ਹੋ ਸਕਦਾ ਹੈ । ਜਿਹੜੇ ਇਨਸਾਨ ਇਕ ਨਿਸ਼ਾਨਾ ਮਿੱਥ ਕੇ ਮਿਹਨਤ ਦੀ ਮਾਲਾ ਫੇਰਨ ਲੱਗ ਜਾਂਦੇ ਹਨ ਤੇ ਆਪਣੇ ਸੁੱਖ-ਅਰਾਮ ਨੂੰ ਤਿਆਗ ਕੇ ਦਿਨ-ਰਾਤ ਇਕ ਕਰ ਦਿੰਦੇ ਹਨ , ਉਨ੍ਹਾਂ ਦੀਆਂ ਝੋਲੀਆਂ ਹੀ ਸਫਲਤਾ ਦੇ ਮੋਤੀਆਂ ਨਾਲ ਭਰਦੀਆਂ ਹਨ । ਅਬਰਾਹਿਮ ਲਿੰਕਨ ਆਪਣੀ ਮਿਹਨਤ, ਲਗਨ ਤੇ ਦ੍ਰਿੜ੍ਹਤਾ ਦੇ ਬਲਬੂਤੇ ਹੀ ਅਮਰੀਕਾ ਦਾ ਰਾਸ਼ਟਰਪਤੀ ਬਣਨ ਵਿੱਚ ਸਫਲ ਹੋਇਆ ਸੀ ।

ਮਨੁੱਖ ਨੂੰ ਹਮੇਸ਼ਾ ਚੜ੍ਹਦੀ ਕਲਾ ਵਿੱਚ ਰਹਿਣਾ ਚਾਹੀਦਾ ਹੈ । ਇਹ ਸ਼ਬਦ ਆਸ਼ਾਮਈ ਹੈ ਅਤੇ ਉਸਾਰੂ ਸੋਚ ਦਾ ਮੂਲ ਹੈ । ਚੜ੍ਹਦੀ ਕਲਾ ਦਾ ਵੱਡਾ ਗੁਣ ਸਦੀਵੀ ਅਨੰਦ ਹੈ । ਹਰਖ ਸੋਗ ਤੋਂ ਨਿਆਰਾਪਣ ਪ੍ਰਾਪਤ ਕਰਕੇ, ਜੀਵ ਖ਼ੁਸ਼ੀ, ਗਮੀ ਤੋਂ ਉਪਰ ਉਠ ਜਾਂਦਾ ਹੈ । ਉਸ ਨੂੰ ਵੈਰੀ ਵੀ ਮਿੱਤਰ ਲੱਗਣ ਲੱਗ ਜਾਂਦੇ ਹਨ । ਸੁੱਖ-ਸਹੂਲਤਾਂ ਨੂੰ ਮਾਣ ਕੇ ਹਰ ਕੋਈ ਖ਼ੁਸ਼ ਰਹਿ ਸਕਦਾ ਹੈ, ਪਰ ਗਰੀਬੀ ਵਿਚ ਰਹਿ ਕੇ ਸੀਮਤ ਸਾਧਨਾਂ ਦੀਆਂ ਤੰਗੀਆਂ ਵਿੱਚ ਸਾਧਨਾ ਵਧਾ ਕੇ ਖ਼ੁਸ਼ੀ ਦੀ ਅਵਸਥਾ 'ਚ ਵਿਚਰਨਾ ਚੜ੍ਹਦੀ ਕਲਾ ਦਾ ਹੀ ਪ੍ਰਤੀਕ ਹੈ । ਸ਼ਖਸੀਅਤ ਵਿੱਚ ਚੜ੍ਹਦੀ ਕਲਾ ਦੇ ਸਮਾਵੇਸ਼ ਨਾਲ ਸੁੱਤੇਸਿਧ ਹੀ ਮਨੁੱਖ ਦਾ ਸਰਬਪੱਖੀ ਵਿਕਾਸ ਹੋ ਜਾਂਦਾ ਹੈ । ਨਿਰਭੈਤਾ, ਸਾਹਸ, ਉਤਸ਼ਾਹ, ਉਮਾਹ, ਮਿਹਨਤ ਆਦਿ ਗੁਣ ਸਦਾ ਹੀ ਇਸ ਦੇ ਅੰਤਰਗਤ ਧੜਕਦੇ ਰਹਿੰਦੇ ਹਨ । ਇਹ ਸੋਹਣੇ ਭਵਿੱਖ ਨੂੰ ਸਿਰਜਦੀ ਤੇ ਸੰਵਾਰਦੀ ਹੈ । ਇਸ ਲਈ ਸਾਨੂੰ ਸਦਾ ਚੜ੍ਹਦੀ ਕਲਾ ਵਿੱਚ ਰਹਿਣਾ ਚਾਹੀਦਾ ਹੈ ।

ਕਿਸੇ ਦਾ ਬੁਰਾ ਨਾ ਕਰਨਾ, ਸਭ ਨਾਲ ਖ਼ੁਸ਼ ਹੋ ਕੇ ਮਿਲਣਾ, ਹੰਕਾਰ ਨਾ ਕਰਨਾ, ਸੇਵਾ ਦੀ ਭਾਵਨਾ, ਇਮਾਨਦਾਰ ਤੇ ਆਗਿਆਕਾਰੀ ਹੋਣਾ, ਅਨੁਸ਼ਾਸਨ ਭਰਭੂਰ ਹੋਣਾ, ਸਹਿਣਸ਼ੀਲਤਾ, ਨਿਮਰਤਾ, ਸਚਾਈ, ਦੂਜਿਆਂ ਦੀ ਮਦਦ ਕਰਨਾ, ਕਿਸੇ ਦੀ ਨਿੰਦਿਆ, ਚੁਗਲੀ ਨਾ ਕਰਨਾ, ਸਾੜਾ ਤੇ ਈਰਖਾ ਰਹਿਤ ਵਰਤਾਓ, ਦੂਜਿਆਂ ਦਾ ਸਤਿਕਾਰ ਕਰਨਾ, ਅਹਿੰਸਾ, ਜ਼ਿੰਮੇਵਾਰੀ, ਦੇਸ਼ ਪਿਆਰ ਆਦਿ ਗੁਣ ਅਪਣਾ ਕੇ ਮਨੁੱਖ ਆਪਣੇ ਜੀਵਨ ਦੇ ਹਰ ਪੜਾਅ 'ਤੇ ਵਿਕਾਸ ਕਰਦਾ ਹੋਇਆ ਦੂਜਿਆਂ ਲਈ ਵੀ ਪ੍ਰੇਰਨਾ-ਸਰੋਤ ਬਣ ਜਾਂਦਾ ਹੈ । ਜੇਕਰ ਜ਼ਿੰਦਗੀ ਗੁਜ਼ਾਰਨ ਦੇ ਅਰਥ ਸਮਝ ਆ ਜਾਣ ਤਾਂ ਇਸ ਦਾ ਜੀਵਨ ਭਰ ਅਨੰਦ ਮਾਣਿਆ ਜਾ ਸਕਦਾ ਹੈ । ਉੱਤਮ ਜੀਵਨ ਹੀ ਸਫਲ ਜੀਵਨ ਹੈ। ਹਿੰਮਤ, ਸਿਦਕਦਿਲੀ, ਆਤਮ ਵਿਸ਼ਵਾਸ, ਆਸ, ਕਿਰਤ, ਸਾਦਗੀ, ਦ੍ਰਿੜ੍ਹਤਾਂ, ਸਖ਼ਤ ਮਿਹਨਤ ਤੇ ਚੜ੍ਹਦੀ ਕਲਾ ਵਿੱਚ ਜੀਵਨ ਬਸਰ ਕਰਕੇ ਜ਼ਿੰਦਗੀ ਨੂੰ ਸੁਚਾਰੂ ਤੇ ਸੁਹਾਵਣੀ ਬਣਾਇਆ ਜਾ ਸਕਦਾ ਹੈ ।

**# ਸੰਪਰਕ : 98146-62260**

# ਸਵਾਰੀਆਂ ਨਾਲ ਭਰੀ ਬੱਸ ਦੀ ਟਰਾਲੇ ਨਾਲ ਹੋਈ ਆਹਮੋ-ਸਾਹਮਣੇ ਟੱਕਰ

**• 22 ਸਵਾਰੀਆਂ ਸਮੇਤ ਕਾਲਜ ਦੇ ਵਿਦਿਆਰਥੀ ਗੰਭੀਰ ਜ਼ਖ਼ਮੀ**

**ਖੰਨਾ (ਸੁਖਵਿੰਦਰ ਸਿੰਘ ਭਾਦਲਾ)** ਸਵੇਰੇ ਕਰੀਬ 9:30 ਵਜੇ ਇਕ ਪੀ.ਆਰ.ਟੀ.ਸੀ ਦੀ ਬੱਸ ਭਿਆਨਕ ਹਾਦਸੇ ਦਾ ਸ਼ਿਕਾਰ ਹੋ ਗਈ।ਲੁਧਿਆਣਾ ਡੀਪੂ ਦੀ ਬੱਸ ਨੰਬਰ ਪੀ.ਬੀ 11ਬੀ ਯੂ 3859, ਜਿਸ ਨੂੰ ਡਰਾਈਵਰ ਦਲਜੀਤ ਸਿੰਘ ਅਤੇ ਕਨੈਕਟਰ ਹਰਸਿਮਰਨਜੀਤ ਲੁਧਿਆਣੇ ਤੋਂ ਸਵੇਰੇ 8:10 ਵਜੇ ਰਵਾਨਾ ਹੋਈ। ਸਵੇਰੇ 9:10 ਵਜੇ ਇਹ ਬੱਸ, ਜਿਸ ਵਿੱਚ ਕਾਲਜ ਦੇ ਵਿਦਿਆਰਥੀ ਤੇ ਮੁਲਾਜ਼ਮ ਹੀ ਜ਼ਿਆਦਾਤਰ ਸਵਾਰ ਸਨ।ਬੱਸ ਖੰਨਾ ਤੋਂ ਮੰਡੀ ਗੋਬਿੰਦਗੜ੍ਹ ਵੱਲ ਨੂੰ ਖੰਨਾ ਦੇ ਮੈਕਡੋਨਲਡ ਸਾਹਮਣੇ ਪਹੁੰਚੀ ਤਾਂ ਮੰਡੀ ਗੋਬਿੰਦਗੜ੍ਹ ਵੱਲ ਤੋਂ ਆ ਰਿਹਾ ਇਕ ਟਰਾਲਾ ਜਿਹੜਾ ਅਚਾਨਕ ਸਾਹਮਣਿਉਂ ਡਵਾਈਡਰ ਦੇ ਉਪਰੋਂ ਦੂਜੀ ਸਾਈਡ ਬੱਸ ਅੱਗੇ ਆ ਗਿਆ।ਬੱਸ ਦੇ ਡਰਾਇਵਰ ਨੇ ਫੁਰਤੀ ਨਾਲ ਬੱਸ ਨੂੰ ਸਰਵਿਸ ਰੋਡ ਵੱਲ ਨੂੰ ਮੋੜਿਆ, ਜਿਸ ਕਾਰਨ ਬੱਸ ਵਿੱਚ ਸਫ਼ਰ ਕਰ ਰਹੀਆਂ 45 ਦੇ ਕਰੀਬ ਸਵਾਰੀਆਂ ਵਾਲ਼-ਵਾਲ਼ ਬਚ ਗਈਆਂ।ਫਿਰ ਵੀ ਇਸ ਭਿਆਨਕ ਹਾਦਸੇ 'ਚ 22 ਦੇ ਕਰੀਬ ਸਵਾਰੀਆਂ ਜ਼ਖ਼ਮੀ ਹੋ ਗਈਆਂ। ਘਟਨਾ ਦੀ ਸੂਚਨਾ ਮਿਲਣ 'ਤੇ ਰੋਡ ਸੇਫਟੀ ਫੋਰਸ ਅਤੇ ਸਿਟੀ ਸਟੇਸ਼ਨ 2 ਦੀ ਪੁਲਿਸ ਤਰੁੰਤ ਪਹੁੰਚ ਕੇ 108 ਐਂਬੂਲੈਂਸ ਨੂੰ ਫੋਨ ਕਰਕੇ ਦੱਸਿਆ ਗਿਆ, ਜਿਨ੍ਹਾਂ ਜ਼ਖ਼ਮੀਆਂ ਨੂੰ ਖੰਨਾ ਦੇ ਸਿਵਲ ਹਸਪਤਾਲ ਵਿਖੇ ਭਰਤੀ ਕਰਾਇਆ ਗਿਆ।ਪੁਲਸ ਮੁਲਾਜ਼ਮਾਂ ਵੱਲੋਂ ਮੌਕੇ 'ਤੇ ਜਾ ਕੇ ਸਥਿਤੀ ਨੂੰ ਸੰਭਾਲਿਆ ਗਿਆ।ਹਾਦਸੇ ਕਾਰਨ ਰਾਸ਼ਟਰੀ ਰਾਜਮਾਰਗ 'ਤੇ ਲੰਮਾ ਟ੍ਰੈਫਿਕ ਜਾਮ ਲੱਗ ਗਿਆ। ਟ੍ਰੈਫਿਕ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਆਵਾਜਾਈ ਬਹਾਲ ਕੀਤੀ ਗਈ। ਇਲਾਜ ਅਧੀਨ ਬੱਸ ਡਰਾਇਵਰ ਦਲਜੀਤ ਸਿੰਘ ਨੇ ਦੱਸਿਆ ਕਿ ਉਹ ਲੁਧਿਆਣਾ ਤੋਂ ਪਟਿਆਲਾ ਜਾ ਰਹੇ ਸਨ।ਜਦੋਂ ਉਹ ਖੰਨਾ ਪਹੁੰਚੇ ਤਾਂ ਸਾਹਮਣੇ ਤੋਂ ਅਚਾਨਕ ਇੱਕ ਟਰੱਕ ਟਰਾਲਾ ਡਵਾਈਡਰ ਦੇ ਉਪਰੋ ਤੇਜ਼ ਰਫ਼ਤਾਰ ਨਾਲ ਆਇਆ, ਜਿਸ ਨੇ ਉਨ੍ਹਾਂ ਦੀ ਬੱਸ ਨੂੰ ਸਾਹਮਣੇ ਤੋਂ ਟੱਕਰ ਮਾਰ ਦਿੱਤੀ।ਮੇਰੇ ਵੱਲੋਂ ਬੱਸ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਗਈ। ਜ਼ਖਮੀ ਔਰਤ ਨੇ ਦੱਸਿਆ ਕਿ ਉਹ ਸਰਹਿੰਦ ਵਿੱਖੇ ਬੈਂਕ ਕ੍ਰਮਚਾਰੀ ਹੈ।ਉਨ੍ਹਾਂ ਦੱਸਿਆ ਕਿ ਜਿਵੇਂ ਹੀ ਉਹ ਖੰਨਾ ਤੋਂ ਰਵਾਨਾ ਹੋਈ ਤਾਂ ਇੱਕ ਟਰਾਲਾ ਉਲਟ ਦਿਸ਼ਾ ਤੋਂ ਤੇਜ਼ ਰਫ਼ਤਾਰ ਨਾਲ ਆਇਆ ਤੇ ਬੱਸ ਨਾਲ ਟਕਰਾ ਗਿਆ, ਜਿਸ ਨਾਲ ਚੀਕ-ਚਿਹਾੜਾ ਪੈ ਗਿਆ। ਡੀਐਸਪੀ ਵਿਨੋਦ ਕੁਮਾਰ ਨੇ ਦੱਸਿਆ ਕਿ ਬੱਸ ਵਿੱਚ ਲੱਗਭਗ 45 ਯਾਤਰੀ ਸਨ।ਹਾਦਸੇ ਵਿੱਚ 22 ਲੋਕ ਜ਼ਖਮੀ ਹੋਏ ਹਨ, ਜਿਨ੍ਹਾਂ ਵਿੱਚ 16 ਔਰਤਾਂ ਤੇ 6 ਪੁਰਸ਼ ਸ਼ਾਮਲ ਹਨ।ਹਰ ਕੋਈ ਖਤਰੇ ਤੋਂ ਬਾਹਰ ਹੈ।



# ਫ਼ਤਿਹਪੁਰ ਤੋਂ ਕਾਕੜਾ ਵਾਲੀ ਲਿੰਕ ਸੜਕ 'ਤੇ ਪੁਰਾਣੀਆਂ-ਟੁੱਟੀਆਂ ਇੱਟਾਂ ਲਾਉਣ ਦਾ ਮਾਮਲਾ ਭਖਿਆ

**ਸਮਾਣਾ (ਇਕਬਾਲ ਸਿੰਘ ਬੱਲ)** ਪਿੰਡ ਫ਼ਤਿਹਪੁਰ ਤੋਂ ਪਿੰਡ ਕਾਕੜਾ ਵੱਲ ਜਾਣ ਵਾਲੀ ਲਿੰਕ ਰੋਡ, ਜਿਸ ਦਾ ਪਿਛਲੇ ਦਿਨੀਂ ਮੰਡੀਕਰਨ ਬੋਰਡ ਪੰਜਾਬ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਨਵੀਨੀਕਰਨ ਦਾ ਉਦਘਾਟਨ ਕੀਤਾ ਸੀ।ਸੜਕ ਦੇ ਨਵੀਨੀਕਰਨ ਕੰਮ ਸ਼ੁਰੂ ਹੋ ਚੁੱਕਾ ਹੈ, ਜਿਸ 'ਤੇ ਠੇਕੇਦਾਰਾਂ ਵੱਲੋਂ ਸੜਕ ਦੇ ਦੋਨੋਂ ਪਾਸੇ ਇੱਟਾਂ ਲਾਉਣ ਦਾ ਕੰਮ ਸ਼ੁਰੂ ਹੈ ਤੇ ਸੜਕ ਵਿੱਚ ਜਿੱਥੇ ਟੋਏ ਪਏ ਹਨ, ਉਥੇ ਬੱਜਰੀ ਪਾਈ ਜਾ ਰਹੀ ਹੈ।ਸੜਕ ਦੇ ਨਵੀਨੀਕਰਨ ਲਈ ਜੋ ਸੜਕ ਦੀਆਂ ਸਾਈਡਾਂ 'ਤੇ ਇੱਟਾਂ ਲਾਈਆਂ ਜਾ ਰਹੀਆਂ ਹਨ, ਉਹ ਜ਼ਿਆਦਾਤਰ ਪੁਰਾਣੀਆਂ ਇੱਟਾਂ ਤੇ ਟੁੱਟੀਆਂ ਹੋਈਆਂ ਅੱਧੀਆਂ ਪਾਉਣੀਆਂ ਇੱਟਾਂ ਲਾਈਆਂ ਜਾ ਰਹੀਆਂ ਹਨ, ਕਿਤੇ-ਕਿਤੇ ਨਵੀਂਆਂ ਇੱਟਾਂ ਵੀ ਵਿਖਾਈ ਦਿੰਦੀਆਂ ਹਨ। ਜਦੋਂ ਸੜਕ ਬਣਾਉਣ ਵਾਲੇ ਠੇਕੇਦਾਰ ਨਾਲ ਉਸਦੇ ਮੋਬਾਈਲ ਨੰਬਰ 'ਤੇ ਗੱਲ ਕੀਤੀ ਤਾਂ ਉਸ ਨੇ ਕਿਹਾ ਕਿ ਮਹਿਕਮੇ ਵੱਲੋਂ ਸਾਨੂੰ ਪੁਰਾਣੀਆਂ ਇੱਟਾਂ ਲਾਉਣ ਦੀ ਮਨਜ਼ੂਰੀ ਮਿਲੀ ਹੈ। ਜੇਕਰ ਤੁਸੀਂ ਪੁਰਾਣੀਆਂ ਇੱਟਾਂ ਲਾਉਣ ਸਬੰਧੀ ਰਿਕਾਰਡ ਪ੍ਰਾਪਤ ਕਰਨਾ ਚਾਹੁੰਦੇ ਹੋ ਤਾਂ ਮਹਿਕਮੇ ਪਾਸੋਂ ਰਿਕਾਰਡ ਪ੍ਰਾਪਤ ਕਰ ਸਕਦੇ ਹੋ, ਅਸੀਂ ਤੁਹਾਨੂੰ ਕੋਈ ਰਿਕਾਰਡ ਮੁਹੱਈਆ ਨਹੀਂ ਕਰਾ ਸਕਦੇ? ਮੰਡੀਕਰਨ ਬੋਰਡ ਦੇ ਐਸਡੀਓ ਹਰਜੀਤ ਸਿੰਘ ਨਾਲ ਉਨ੍ਹਾਂ ਦੇ ਮੋਬਾਈਲ ਫੋਨ 'ਤੇ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਅਸੀਂ ਸੜਕ ਦੇ ਕਿਨਾਰਿਆਂ ਤੇ ਲੱਗੀਆਂ ਸਾਈਡਾਂ ਤੇ ਲੱਗੀਆਂ ਇੱਟਾਂ ਚੈੱਕ ਕਰਾਂਗੇ। ਜੇਕਰ ਪੁਰਾਣੀਆਂ ਤੇ ਟੁੱਟੀਆਂ ਇੱਟਾਂ ਲੱਗੀਆਂ ਹੋਈਆਂ ਤਾਂ ਉਨ੍ਹਾਂ ਨੂੰ ਕਢਵਾ ਦਿੱਤਾ ਜਾਵੇਗਾ।ਮੰਡੀਕਰਨ ਬੋਰਡ ਮਹਿਕਮਾ ਕਦੋਂ ਸੜਕ ਨੂੰ ਚੈੱਕ ਕਰੇਗਾ। ਮੰਡੀਕਰਨ ਬੋਰਡ ਦੀ ਸਟੈਂਡਿੰਗ ਕਮੇਟੀ ਦੇ ਮੈਂਬਰ ਸ਼ਾਮ ਲਾਲ ਦੱਤ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਸੜਕ 'ਤੇ ਪੁਰਾਣੀਆਂ ਇੱਟਾਂ ਲੱਗ ਰਹੀਆਂ ਹਨ, ਜੋ ਨਹੀਂ ਲੱਗਣੀਆਂ ਚਾਹੀਦੀਆਂ। ਉਨ੍ਹਾਂ ਐਸ ਡੀ ਓ ਮੰਡੀਕਰਨ ਬੋਰਡ ਹਰਜੀਤ ਸਿੰਘ, ਜੇ ਈ ਮੰਡੀਕਰਨ ਬੋਰਡ ਨੂੰ ਸੂਚਿਤ ਕਰ ਦਿੱਤਾ ਹੈ ਤੇ ਠੇਕੇਦਾਰ ਨੂੰ ਵੀ ਪੁਰਾਣੀਆਂ ਅਤੇ ਟੁੱਟੀਆਂ ਹੋਈਆਂ ਇੱਟਾਂ ਨੂੰ ਨਾ ਲਾਉਣ ਲਈ ਕਿਹਾ ਹੈ, ਪਰ ਜੇਕਰ ਫਿਰ ਵੀ ਪੁਰਾਣੀਆਂ ਤੇ ਟੁੱਟੀਆਂ ਇੱਟਾਂ ਸੜਕ 'ਤੇ ਲੱਗਦੀਆਂ ਹਨ ਤਾਂ ਉਹ ਇਹ ਮਾਮਲਾ ਪਾਰਟੀ ਦੀ ਹਾਈਕਮਾਂਡ ਤੇ ਮੰਡੀਕਰਨ ਬੋਰਡ ਤੇ ਉੱਚ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਉਣਗੇ।



# ਝੋਨੇ ਦੀ ਟਰਾਲੀ ਧੱਕੇ ਨਾਲ ਲਿਜਾਣ ਦੇ ਦੋਸ਼ 'ਚ 3 ਨਾਮਜ਼ਦ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਝੋਨੇ ਦੀ ਟਰਾਲੀ ਧੱਕੇ ਨਾਲ ਟਰੈਕਟਰ ਪਿੱਛੇ ਪਾ ਕੇ ਲਿਜਾਣ ਦੇ ਦੋਸ਼ ਵਿੱਚ ਥਾਣਾ ਮਮਦੋਟ ਪੁਲਸ ਨੇ ਤਿੰਨ ਵਿਅਕਤੀਆਂ ਖਿਲਾਫ 304, 351 (2) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਿਸ ਨੂੰ ਦਿੱਤੇ ਬਿਆਨਾਂ ਵਿੱਚ ਗੁਰਪ੍ਰੀਤ ਸਿੰਘ ਪੁੱਤਰ ਹਰਮੇਸ਼ ਸਿੰਘ ਵਾਸੀ ਜਾਮਾ ਰੱਖਈਆ ਉਤਾੜ ਨੇ ਦੱਸਿਆ ਕਿ ਉਹ ਟਰੈਕਟਰ ਸਵਰਾਜ 744 ਸਮੇਤ ਟਰਾਲੀ 'ਤੇ ਪਰਮਜੀਤ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਜਾਮਾ ਰੱਖਈਆ ਉਤਾੜ ਦਾ ਝੋਨਾ ਉਸ ਦੇ ਖੇਤੋਂ ਭਰ ਕੇ ਮੰਡੀ ਹਜ਼ਾਰਾ ਕੇ ਵਾਲਾ ਨੂੰ ਜਾ ਰਿਹਾ ਸੀ ਤਾਂ ਜਦ ਉਹ ਪਿੰਡ ਹਜ਼ਾਰਾ ਸਿੰਘ ਵਾਲਾ ਦੇ ਸਰਕਾਰੀ ਸਕੂਲ ਦੇ ਸਾਹਮਣੇ ਪੁੱਜਾ ਤਾਂ ਦੋਸ਼ੀਅਨ ਭਿੰਦਾ ਸਿੰਘ ਪੁੱਤਰ ਕਾਲਾ ਸਿੰਘ, ਗਗਨਦੀਪ ਸਿੰਘ ਪੁੱਤਰ ਕਾਲਾ ਸਿੰਘ, ਗੁਰਦੀਪ ਸਿੰਘ ਉਰਫ ਪੱਪੂ ਪੁੱਤਰ ਕਾਲਾ ਸਿੰਘ ਵਾਸੀਅਨ ਜਾਮਾ ਰੱਖਈਆ ਉਤਾੜ ਸਮੇਤ ਟਰੈਕਟਰ ਅਰਜਨ ਜਿਨ੍ਹਾਂ ਦੇ ਮੂੰਹ ਕੱਪੜੇ ਨਾਲ ਬੰਨ੍ਹੇ ਸੀ, ਆਏ ਤੇ ਉਸ ਦੇ ਟਰੈਕਟਰ ਅੱਗੇ ਲਾ ਕੇ ਰੋਕ ਲਿਆ। ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਉਕਤ ਦੋਸ਼ੀ ਧੱਕੇ ਨਾਲ ਟਰੈਕਟਰ ਨਾਲੋਂ ਟਰਾਲੀ ਝੋਨੇ ਦੀ ਭਰੀ ਲਾਹ ਲਈ ਤੇ ਆਪਣੇ ਟਰੈਕਟਰ ਅਰਜਨ ਪਿੱਛੇ ਪਾ ਲਈ ਤੇ ਧੱਕੇ ਨਾਲ ਖੋਹ ਕੇ ਲੈ ਗਏ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਅਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

## ਅਮਨਿੰਦਰਜੀਤ ਸਿੰਘ ਨੇ ਗੋਲਡ ਮੈਡਲ ਜਿੱਤ ਬਣਾਈ ਨੈਸ਼ਨਲ ਖੇਡਾਂ 'ਚ ਥਾਂ

**ਜਗਰਾਉਂ (ਅਮਿਤ ਖੰਨਾ)** ਡੀ.ਏ.ਵੀ. ਸੈਂਟਨਰੀ ਪਬਲਿਕ ਸਕੂਲ ਦੇ ਪ੍ਰਿੰਸੀਪਲ ਡਾਕਟਰ ਵੇਦ ਵ੍ਰਤ ਪਲਾਹ ਨੇ ਦੱਸਿਆ ਕਿ ਡੀ.ਏ.ਵੀ. ਸਟੇਟ ਲੈਵਲ ਅਥਲੈਟਿਕਸ ਟੂਰਨਾਮੈਂਟ, ਜੋ ਪੁਲਸ ਡੀ.ਏ.ਵੀ. ਪਟਿਆਲਾ ਵਿਖੇ ਹੋਈਆਂ, ਵਿੱਚ ਡਿਸਕਸ ਥਰੋਅ ਤੇ ਸ਼ਾਰਟ ਪੁੱਟ ਵਿੱਚ ਸਕੂਲ ਦੇ ਬਾਰ੍ਹਵੀਂ ਜਮਾਤ ਦੇ ਖਿਡਾਰੀ ਅਮਨਿੰਦਰਜੀਤ ਸਿੰਘ ਨੇ ਹਿੱਸਾ ਲਿਆ। ਖਿਡਾਰੀ ਵੱਲੋਂ ਆਪਣੀ ਖੇਡ ਦਾ ਵਧੀਆ ਪ੍ਰਦਰਸ਼ਨ ਕਰਦੇ ਹੋਏ ਦੋ ਗੋਲਡ ਮੈਡਲ ਹਾਸਲ ਕਰਕੇ ਸਕੂਲ ਤੇ ਮਾਪਿਆਂ ਦਾ ਮਾਣ ਵਧਾਇਆ। ਉਸ ਨੂੰ ਆਉਣ ਵਾਲੀਆਂ ਨੈਸ਼ਨਲ ਖੇਡਾਂ ਦੇ ਲਈ ਵੀ ਚੁਣਿਆ ਗਿਆ। ਇਸ ਖਿਡਾਰੀ ਦਾ ਸਕੂਲ ਪ੍ਰਿੰਸੀਪਲ ਡਾਕਟਰ ਵੇਦ ਵ੍ਰਤ ਪਲਾਹ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ ਤੇ ਜਿੱਤ ਹਾਸਲ ਕਰਨ 'ਤੇ ਮੁਬਾਰਕਬਾਦ ਦੇਣ ਦੇ ਨਾਲ-ਨਾਲ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਵਧੀਆ ਪ੍ਰਦਰਸ਼ਨ ਕਰਦੇ ਰਹਿਣ ਲਈ ਪ੍ਰੇਰਨਾ ਦਿੱਤੀ ਗਈ।



## ਰੈਵੀਨਿਊ ਕਾਨੂੰਗੋ ਐਸੋਸੀਏਸ਼ਨ ਵਫਦ ਨੂੰ ਡੀ ਸੀ ਨੇ ਮੰਗਾਂ ਮੰਨਣ ਦਾ ਦਿੱਤਾ ਭਰੋਸਾ

**ਮਾਲੇਰਕੋਟਲਾ (ਅਸਗਰ ਪਰਿਹਾਰ)** ਦੀ ਰੈਵੀਨਿਊ ਕਾਨੂੰਗੋ ਐਸੋਸੀਏਸ਼ਨ ਜ਼ਿਲ੍ਹਾ ਮਾਲੇਰਕੋਟਲਾ ਦਾ ਵਫਦ ਜ਼ਿਲ੍ਹਾ ਪ੍ਰਧਾਨ ਵਿਸ਼ਪਾਲ ਸਿੰਘ ਢਿੱਲੋਂ ਅਤੇ ਸੀਨੀਅਰ ਮੀਤ ਪ੍ਰਧਾਨ ਰਣਜੀਤ ਸਿੰਘ ਔਲਖ ਦੀ ਅਗਵਾਈ 'ਚ ਡਿਪਟੀ ਕਮਿਸ਼ਨਰ ਮਾਲੇਰਕੋਟਲਾ ਵਿਰਾਜ ਐਸ.ਤਿੜਕੇ ਨੂੰ ਮਿਲਿਆ। ਵਫਦ ਨੇ ਡਿਪਟੀ ਕਮਿਸ਼ਨਰ ਮਾਲੇਰਕੋਟਲਾ ਨੂੰ ਪਿਛਲੇ ਸਮੇਂ ਤੋਂ ਕਾਨੂੰਗੋ ਦੀਆਂ ਲਟਕਦੀਆਂ ਮੰਗਾਂ ਜਿਵੇਂ ਪਦ ਉਨਤ ਕਰਨ ਸਬੰਧੀ, ਦਫਤਰਾਂ 'ਚ ਫਰਨੀਚਰ ਦੀ ਘਾਟ, ਨਾਇਬ ਤਹਿਸੀਲਦਾਰ ਦੀ ਵਿਭਾਗੀ ਪ੍ਰੀਖਿਆ ਲੈਣ ਸੰਬੰਧੀ ਜਾਣੂ ਕਰਵਾਇਆ ਗਿਆ ਅਤੇ ਇਹਨਾ ਦੇ ਹੱਲ ਲਈ ਮੰਗ ਪੱਤਰ ਦਿੱਤਾ ਗਿਆ। ਡਿਪਟੀ ਕਮਿਸ਼ਨਰ ਵੱਲੋਂ ਵਫਦ ਨੂੰ ਭਰੋਸਾ ਦਿੱਤਾ ਗਿਆ ਕਿ ਜ਼ਿਲਾ ਪੱਧਰ ਦੀਆਂ ਮੰਗਾਂ ਇੱਥੇ ਹੀ ਹੱਲ ਕਰ ਲਈਆਂ ਜਾਣਗੀਆਂ ਅਤੇ ਪੰਜਾਬ ਪੱਧਰੀ ਮੰਗਾਂ ਸਬੰਧੀ ਸਿਫਾਰਸ਼ ਕਰਕੇ ਉਚ ਅਫਸਰਾਂ ਨੂੰ ਭੇਜੀਆਂ ਜਾਣਗੀਆਂ । ਇਸ ਸਮੇਂ ਰੈਵੀਨਿਊ ਕਾਨੂੰਗੋ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਹਰਵੀਰ ਸਿੰਘ ਢੀਂਡਸਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਕਰਮਜੀਤ ਸਿੰਘ ਵੈਦ, ਖਚਾਨਚੀ ਜਗਦੀਪ ਸਿੰਘ ਝੂੰਦਾਂ, ਹਰਿੰਦਰਜੀਤ ਸਿੰਘ ਸੋਹੀ ਅਤੇ ਚਮਕੌਰ ਸਿੰਘ ਕਲੇਰ ਹਾਜ਼ਰ ਸਨ।



## ਇੰਡੀਅਨ ਪੋਲੀਟੀਕਲ ਇਕਾਨਮੀ ਐਸੋਸੀਏਸ਼ਨ ਦੀ 29ਵੀਂ ਸਾਲਾਨਾ ਕਾਨਫਰੰਸ

**ਪਟਿਆਲਾ (ਅਵਤਾਰ ਜਟਾਣਾਂ)-** ਅਰਥ-ਵਿਗਿਆਨ ਵਿਭਾਗ, ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਡਾਇਨਾਮਿਕਸ ਆਫ ਇੰਡੀਅਨ ਇਕਾਨਮੀ ਐਂਡ ਦੀ ਪਰੈਜ਼ੈਂਟ ਸਿਨਾਰੀਓ ਸਿਰਲੇਖ ਹੇਠ ਇੰਡੀਅਨ ਪੋਲੀਟੀਕਲ ਇਕਾਨਮੀ ਐਸੋਸੀਏਸ਼ਨ ਦੀ 29ਵੀਂ ਸਲਾਨਾ ਕਾਨਫਰੰਸ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਕਾਨਫਰੰਸ 30 ਅਕਤੂਬਰ ਬਾਅਦ ਦੁਪਹਿਰ ਰਾਜਨੀਤਿਕ-ਆਰਥਿਕਤਾ ਵਿਸ਼ੇ ਨਾਲ ਸਬੰਧਤ ਇੱਕ ਵਰਕਸ਼ਾਪ ਦੇ ਆਯੋਜਨ ਨਾਲ ਆਰੰਭ ਹੋਵੇਗੀ। ਇਸ ਵਰਕਸ਼ਾਪ ਵਿੱਚ ਉੱਘੇ ਅਰਥ ਵਿਗਿਆਨੀ ਪ੍ਰੋਫੈਸਰ ਸੁਰਜੀਤ ਮਾਜ਼ੂਮਦਾਰ (ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਨਵੀਂ ਦਿੱਲੀ) ਅਤੇ ਡਾ. ਪਰਮਜੀਤ ਸਿੰਘ (ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ) ਮੁੱਖ ਬੁਲਾਰੇ ਵਜੋਂ ਸ਼ਿਰਕਤ ਕਰਨਗੇ। ਕਾਨਫਰੰਸ ਦੇ ਉਦਘਾਟਨੀ ਸਮਾਰੋਹ ਵਿੱਚ ਕੇਰਲਾ ਸਟੇਟ ਪਲਾਨਿੰਗ ਬੋਰਡ ਦੇ ਵਾਈਸ-ਚੇਅਰਮੈਨ ਡਾ. ਵੀ.ਕੇ. ਰਾਮਾਚੰਦਰਨ ਮੁੱਖ ਬੁਲਾਰੇ ਵਜੋਂ ਆਪਣੇ ਵਿਚਾਰ ਸਾਂਝੇ ਕਰਨਗੇ।ਕਾਨਫਰੰਸ ਦੇ ਸਮਾਪਤੀ ਸਮਾਰੋਹ ਵਿੱਚ ਭਾਰਤ ਦੇ ਪ੍ਰਸਿੱਧ ਖੇਤੀਬਾੜੀ ਅਰਥ-ਵਿਗਿਆਨੀ ਡਾ. ਸਵਾਮੀਨਾਥਨ ਦੀ ਬੇਟੀ ਪ੍ਰੋਫੈਸਰ ਮਧੁਰਾ ਸਵਾਮੀਨਾਥਨ (ਇੰਡੀਅਨ ਇੰਸਟੀਚਿਊਟ ਆਫ ਸਟੈਟਿਸਟਿਕਸ, ਬੰਗਲੌਰ) ਮੁੱਖ ਬੁਲਾਰੇ ਵਜੋਂ ਸ਼ਿਰਕਤ ਕਰ ਰਹੇ ਹਨ।ਇਸ ਕਾਨਫਰੰਸ ਵਿੱਚ ਲੱਗਭਗ 200 ਖੋਜ ਪਰਚੇ ਪੜ੍ਹੇ ਜਾਣਗੇ ਅਤੇ ਰਾਜਨੀਤਿਕ ਆਰਥਿਕਤਾ ਨਾਲ ਸਬੰਧਤ ਤਿੰਨ ਕਿਤਾਬਾਂ ਵੀ ਰਿਲੀਜ਼ ਕੀਤੀਆਂ ਜਾਣਗੀਆਂ। ਇਸ ਤੋਂ ਇਲਾਵਾ ਕਾਨਫਰੰਸ ਵਿੱਚ ਭਾਰਤ ਸਮੇਤ ਹੋਰਨਾਂ ਦੇਸਾਂ ਦੇ ਪ੍ਰੋਫੈਸਰ ਅਤੇ ਖੋਜਾਰਥੀ ਹਿੱਸਾ ਲੈ ਰਹੇ ਹਨ।

# ਪਾਲਤੂ ਕੁੱਤੇ ਦੀ ਸਕੂਲ ਵੈਨ ਹੇਠਾਂ ਆਉਣ ਕਾਰਨ ਮੌਤ

**ਭੜਕੇ ਪਰਵਾਰ ਵੱਲੋਂ ਡਰਾਇਵਰ ਦੀ ਬੁਰੀ ਤਰ੍ਹਾਂ ਕੁੱਟਮਾਰ**

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਸਕੂਲੀ ਵਿਦਿਆਰਥੀਆਂ ਨੂੰ ਲੈ ਕੇ ਜਾ ਰਹੀ ਇੱਕ ਵੈਨ ਹੇਠਾਂ ਆਉਣ ਕਾਰਨ ਪਾਲਤੂ ਕੁੱਤੇ ਦੀ ਮੌਤ ਹੋ ਗਈ, ਜਿਸ ਕਾਰਨ ਭੜਕੇ ਨੌਜਵਾਨਾਂ ਨੇ ਬਜ਼ੁਰਗ ਡਰਾਇਵਰ ਦੀ ਬੇਰਹਿਮੀ ਨਾਲ ਕੁੱਟਮਾਰ ਕੀਤੀ, ਜਿਸ ਦੀ ਇੱਕ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਈ। ਹਸਪਤਾਲ 'ਚ ਇਲਾਜ ਅਧੀਨ ਜ਼ਖਮੀ ਬਜ਼ੁਰਗ ਬੱਸ ਡਰਾਇਵਰ ਦੀਦਾਰ ਸਿੰਘ, ਜਿਸ ਦੀ ਬੇਰਹਿਮੀ ਨਾਲ ਕੁੱਟਮਾਰ ਹੋਈ ਉਹ ਬਿਆਨ ਦੇਣ ਦੀ ਹਾਲਤ ਵਿਚ ਵੀ ਨਹੀਂ ਸੀ। ਜ਼ਖਮੀ ਦੀਦਾਰ ਦੇ ਪਰਵਾਰਕ ਮੈਂਬਰਾਂ ਅਤੇ ਬੱਸ 'ਤੇ ਮੌਜੂਦ ਕੰਡਕਟਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਉਹ ਰੋਜ਼ਾਨਾਂ ਦੀ ਤਰ੍ਹਾਂ ਸਕੂਲ ਵੈਨ ਰਾਹੀਂ ਬੱਚਿਆਂ ਨੂੰ ਲੈਣ ਲਈ ਜਾ ਰਹੇ ਸਨ ਕਿ ਰਸਤੇ 'ਚ ਪੈਂਦੇ ਪਿੰਡ ਮਾਛੀਵਾੜਾ ਖਾਮ ਨੇੜੇ ਅਚਾਨਕ ਇੱਕ ਕੁੱਤਾ ਜਿਸਦੇ ਗਲ ਵਿਚ ਪਟਾ ਤੇ ਸੰਗਲੀ ਨਹੀਂ ਸੀ, ਵੈਨ ਅੱਗੇ ਆ ਗਿਆ। ਬੱਸ ਚਾਲਕ ਦੀਦਾਰ ਸਿੰਘ ਵੱਲੋਂ ਕੁੱਤੇ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਅਤੇ ਜੇਕਰ ਇੱਕਦਮ ਬਰੇਕ ਲਗਾ ਦਿੰਦੇ ਤਾਂ ਬੱਚਿਆਂ ਨੂੰ ਵੀ ਸੱਟਾਂ ਲੱਗ ਸਕਦੀਆਂ ਸਨ। ਇਸ ਹਾਦਸੇ 'ਚ ਕੁੱਤੇ ਦੀ ਵੈਨ ਹੇਠਾਂ ਆਉਣ ਕਾਰਨ ਮੌਤ ਹੋ ਗਈ। ਕੰਡਕਟਰ ਅਨੁਸਾਰ ਜਦੋਂ ਉਹ ਅਗਲੇ ਪਿੰਡ ਬੱਚਿਆਂ ਨੂੰ ਵੈਨ 'ਚ ਬਿਠਾ ਰਹੇ ਸਨ ਤਾਂ ਤਿੰਨ ਨੌਜਵਾਨਾਂ ਨੇ ਆ ਕੇ ਬੱਸ ਨੂੰ ਘੇਰ ਲਿਆ ਤੇ ਬੱਚਿਆਂ ਨਾਲ ਭਰੀ ਵੈਨ ਦੇ ਸ਼ੀਸ਼ਿਆਂ 'ਤੇ ਡਾਂਗਾਂ ਮਾਰੀਆਂ, ਜਿਸ ਕਾਰਨ ਉਨ੍ਹਾਂ ਵਿਚ ਸਹਿਮ ਦਾ ਮਾਹੌਲ ਪੈਦਾ ਹੋ ਗਿਆ। ਨੌਜਵਾਨਾਂ ਨੇ ਵੈਨ ਦੀ ਚਾਬੀ ਖੋਹ ਲਈ ਤੇ ਬਜ਼ੁਰਗ ਡਰਾਇਵਰ ਨੂੰ ਹੇਠਾਂ ਉਤਾਰ ਕੇ ਉਸਦੀ ਬੁਰੀ ਤਰ੍ਹਾਂ ਕੁੱਟਮਾਰ ਕੀਤੀ। ਹਸਪਤਾਲ 'ਚ ਇਲਾਜ ਅਧੀਨ ਬਜ਼ੁਰਗ ਦੀਦਾਰ ਸਿੰਘ ਦੇ ਸਰੀਰ 'ਤੇ ਨਿਸ਼ਾਨ ਪਈਆਂ ਹੋਈਆਂ ਸਨ, ਜੋ ਸਾਫ਼ ਦੱਸ ਰਹੀਆਂ ਸਨ ਕਿ ਉਸਦੀ ਬੇਰਹਿਮੀ ਨਾਲ ਕੁੱਟਮਾਰ ਕੀਤੀ ਗਈ। ਪੀੜ੍ਹਤ ਡਰਾਇਵਰ ਦੇ ਪਰਵਾਰਕ ਮੈਂਬਰਾਂ ਨੇ ਦੋਸ਼ ਲਾਇਆ ਕਿ ਬਜ਼ੁਰਗ ਦੀ ਹੱਥੋਪਾਈ ਦੌਰਾਨ ਪੱਗ ਵੀ ਲਾਹੀ ਗਈ। ਇਸ ਲਈ ਕਥਿਤ ਦੋਸ਼ੀਆਂ ਖਿਲਾਫ਼ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।



## ਸਰਕਾਰ ਖੇਤੀਬਾੜੀ ਵਿਕਾਸ ਅਫ਼ਸਰ ਤੋਂ ਖੇਤੀਬਾੜੀ ਅਫ਼ਸਰ ਪਦਉਨਤੀ ਜਲਦ ਕਰੇ : ਪ੍ਰਧਾਨ

**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)** ਖੇਤੀਬਾੜੀ ਵਿਭਾਗ 'ਚ ਵੱਡੇ ਪੱਧਰ 'ਤੇ ਖੇਤੀਬਾੜੀ ਅਫ਼ਸਰ ਦੀਆਂ ਅਸਾਮੀਆਂ ਖਾਲੀ ਪਈਆਂ ਹਨ।ਇਸ ਸਮੇਂ ਪੰਜਾਬ ਦੇ ਕਈ ਜ਼ਿਲਿਆਂ 'ਚ ਸਿਰਫ ਇੱਕ ਜਾਂ ਦੋ ਅਸਾਮੀਆਂ ਹੀ ਬਲਾਕ ਖੇਤੀਬਾੜੀ ਅਫ਼ਸਰ ਨਾਲ ਭਰੀਆਂ ਹਨ।ਇਸ ਵਜ੍ਹਾ ਕਰਕੇ ਕਿਸਾਨਾਂ ਦੇ ਬਹੁਤ ਸਾਰੇ ਕੰਮ ਵੱਡੇ ਪੱਧਰ 'ਤੇ ਪ੍ਰਭਾਵਤ ਹੋ ਰਹੇ ਹਨ।ਖੇਤੀਬਾੜੀ ਵਿਕਾਸ ਅਫ਼ਸਰਾਂ ਦੀ ਸਾਂਝੀ ਜਥੇਬੰਦੀ ਪਲਾਂਟ ਡਾਕਟਰਜ਼ ਸਰਵਿਸ ਐਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਡਾ. ਹਰਮਨਦੀਪ ਸਿੰਘ ਘੁੰਮਣ ਨੇ ਕਿਹਾ ਕਿ ਖੇਤੀਬਾੜੀ ਵਿਕਾਸ ਅਫ਼ਸਰ ਤੋਂ ਖੇਤੀਬਾੜੀ ਅਫ਼ਸਰ ਪਦਉਨਤੀ ਲਈ ਛੇ ਸਾਲ ਦਾ ਖੇਤੀਬਾੜੀ ਵਿਕਾਸ ਅਫ਼ਸਰ ਤਜਰਬਾ ਚਾਹੀਦਾ ਹੈ, ਪ੍ਰੰਤੂ ਵਿਭਾਗ ਵਿੱਚ ਖੇਤੀਬਾੜੀ ਵਿਕਾਸ ਅਫ਼ਸਰ 13 ਸਾਲ ਤੋਂ ਵੱਧ ਦਾ ਤਜਰਬਾ ਪੂਰਾ ਕਰਕੇ ਵੀ ਪਦਉਨਤੀ ਲਈ ਉਡੀਕ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਸਾਲ ਦੀ ਸ਼ੁਰੂਆਤ ਵਿੱਚ ਪਦਉਨਤੀ ਲਈ ਯੋਗ ਉਮੀਦਵਾਰਾਂ ਦਾ ਮੰਗਿਆ ਗਿਆ ਰਿਕਾਰਡ ਸਰਕਾਰ ਪੱਧਰ 'ਤੇ ਪਹੁੰਚਿਆ ਹੈ, ਪ੍ਰੰਤੂ ਦਸ ਮਹੀਨਿਆਂ ਦਾ ਸਮਾਂ ਬੀਤਣ ਦੇ ਬਾਵਜੂਦ ਵੀ ਪਦਉਨਤੀ ਨਹੀਂ ਕੀਤੀ ਜਾ ਰਹੀ।ਡਾ. ਮਨਜਿੰਦਰ ਸਿੰਘ ਜਨਰਲ ਸਕੱਤਰ, ਡਾ ਸਤਵਿੰਦਰਬੀਰ ਸਿੰਘ ਸੀਨੀਅਰ ਮੀਤ ਪ੍ਰਧਾਨ, ਡਾ ਸੁਖਚੈਨ ਸਿੰਘ ਮੀਤ ਪ੍ਰਧਾਨ, ਡਾ. ਵਿਕਰਾਂਤ ਖਜਾਨਚੀ ਨੇ ਕਿਹਾ ਕਿ ਖੇਤੀਬਾੜੀ ਵਿਕਾਸ ਅਫ਼ਸਰਾਂ ਦੀ ਸਮੇਂ ਸਿਰ ਪਦਉਨਤੀ ਨਾ ਹੋਣ ਕਰਕੇ ਸਮੂਹ ਕੇਡਰ ਦਾ ਮਨੋਬਲ ਡਿੱਗਿਆ ਹੈ। ਉਨ੍ਹਾਂ ਦੱਸਿਆ ਕਿਹਾ ਕਿ ਐਸੋਸੀਏਸ਼ਨ ਵੱਲੋਂ ਬਹੁਤ ਵਾਰ ਸਰਕਾਰ ਪੱਧਰ 'ਤੇ ਮਿਲਿਆ ਜਾ ਚੁੱਕਾ ਹੈ, ਪ੍ਰੰਤੂ ਹਾਲੇ ਖੇਤੀਬਾੜੀ ਵਿਕਾਸ ਅਫਸਰ ਤੋਂ ਖੇਤੀਬਾੜੀ ਅਫ਼ਸਰ ਪਦਉਨਤੀ ਨਹੀਂ ਕੀਤੀ ਗਈ।



# ਮਿਮਿਟ ਮਲੋਟ ਦੇ ਐੱਮ ਬੀ ਏ ਤੇ ਬੀ ਬੀ ਏ ਵਿਦਿਆਰਥੀਆਂ ਮੁਹਾਲੀ ਦਾ ਕੀਤਾ ਉਦਯੋਗਿਕ ਦੌਰਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ /ਪੂਜਾ)-** ਪੰਜਾਬ ਸਰਕਾਰ ਦੁਆਰਾ ਸਥਾਪਿਤ ਸੰਸਥਾ ਮਲੋਟ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਇਨਫਰਮੇਸ਼ਨ ਟੈਕਨਾਲੋਜੀ (ਮਿਮਿਟ) ਮਲੋਟ ਵੱਲੋਂ ਐੱਮ.ਬੀ.ਏ. ਅਤੇ ਬੀ.ਬੀ.ਏ. ਵਿਦਿਆਰਥੀਆਂ ਦਾ ਟਾਇਨੋਰ ਔਰਥੋਟਿਕਸ ਪ੍ਰਾਈਵੇਟ ਲਿਮਿਟਡ, ਮੁਹਾਲੀ ਵਿੱਖੇ ਉਦਯੋਗਿਕ ਦੌਰਾ ਕਰਵਾਇਆ ਗਿਆ। ਇਸ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਬੀ.ਬੀ.ਏ., ਬੀ.ਸੀ.ਏ., ਬੀ. ਕਾਮ ਵਿਭਾਗ ਦੇ ਡੀਨ ਡਾ. ਮਨੀਸ਼ ਬਾਂਸਲ ਅਤੇ ਮੈਨੇਜਮੈਂਟ ਵਿਭਾਗ ਦੀ ਮੁਖੀ ਡਾ. ਜੀਵਨ ਜੋਤੀ ਮੈਨੀ ਨੇ ਦੱਸਿਆ ਕਿ ਇਸ ਦੌਰੇ ਵਿੱਚ ਦੋਵੇਂ ਬਰਾਂਚਾਂ ਦੇ 54 ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਉਦਯਗਿਕ ਦੌਰੇ ਵਿੱਚ ਐਮ.ਬੀ. ਏ. ਵਿਭਾਗ ਦੇ ਸਹਾਇਕ ਪ੍ਰੋਫੈਸਰ ਅਮਿਤ ਗਰਗ ਅਤੇ ਯੂ.ਜੀ.ਸੀ. ਵਿਭਾਗ ਦੇ ਫੈਕਲਟੀ ਮੈਂਬਰ ਮਿਸ ਸੂਨੈਨਾ, ਮਿਸ ਕਨੂਪ੍ਰਿਆ ਅਤੇ ਰੋਹਿਤ ਕੁਮਾਰ ਵਿਦਿਆਰਥੀਆਂ ਦੇ ਨਾਲ ਸਨ। ਦੌਰੇ ਦੀ ਸ਼ੁਰੂਆਤ 'ਤੇ ਕੰਪਨੀ ਦੀ ਐਚ.ਆਰ. ਮੈਨੇਜਰ ਮਿਸ ਜਸਪ੍ਰੀਤ ਨੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਕੰਪਨੀ ਦੇ ਉਤਪਾਦਾਂ ਦੀ ਵਿਸ਼ਾਲ ਸ਼੍ਰੇਣੀ, ਕੁੱਲ ਕਰਮਚਾਰੀਆਂ ਦੀ ਗਿਣਤੀ ਅਤੇ ਉਤਪਾਦ ਪੋਰਟਫੋਲੀਓ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਤੋਂ ਇਲਾਵਾ ਉਹਨਾਂ ਵਿਦੇਸ਼ੀ ਸਹਿਯੋਗ, ਨਿਰਯਾਤ ਕਾਰਜਾਂ ਅਤੇ ਟਾਇਨੋਰ ਦੇ ਭਵਿੱਖੀ ਵਿਜ਼ਨ ਅਤੇ ਮਿਸ਼ਨ ਬਾਰੇ ਵੀ ਜਾਣਕਾਰੀ ਦਿੱਤੀ। ਉਹਨਾ ਵਿਦਿਆਰਥੀਆਂ ਨੂੰ ਦੱਸਿਆ ਕਿ ਕਿਸ ਤਰ੍ਹਾਂ ਟਾਇਨੋਰ ਔਰਥੋਟਿਕਸ ਨੇ ਆਪਣੇ ਆਪ ਨੂੰ ਵਿਸ਼ਵ ਪੱਧਰ 'ਤੇ ਇੱਕ ਭਰੋਸੇਯੋਗ ਬਰਾਂਡ ਵਜੋਂ ਸਥਾਪਿਤ ਕੀਤਾ ਹੈ। ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਕੰਪਨੀ ਦੇ ਵੱਖ-ਵੱਖ ਉਤਪਾਦਨ ਖੇਤਰਾਂ ਦਾ ਦੌਰਾ ਕੀਤਾ ਜਿਸ ਵਿੱਚ ਇਨਵੈਂਟਰੀ ਸੈਕਸ਼ਨ, ਵੈਲਡਿੰਗ ਅਤੇ ਮੋਲਡਿੰਗ ਖੇਤਰ, ਪ੍ਰੋਡਕਸ਼ਨ ਬੇਅ, ਕੁਆਲਿਟੀ ਇੰਸਪੈਕਸ਼ਨ ਸੈਕਸ਼ਨ ਅਤੇ ਆਖਰ ਵਿੱਚ ਪੈਕੇਜਿੰਗ ਵਿਭਾਗ ਸ਼ਾਮਲ ਸਨ।ਇਸ ਦੌਰੇ ਦੀ ਇਕ ਪ੍ਰਮੁੱਖ ਵਿਸ਼ੇਸ਼ਤਾ ਸੀ ਕੰਪਨੀ ਵੱਲੋਂ ਅਪਣਾਇਆ ਗਿਆ ਲੀਨ ਪ੍ਰੋਡਕਸ਼ਨ ਸਿਸਟਮ ਜਿਸ ਦਾ ਉਦੇਸ਼ ਉਤਪਾਦ ਦੇ ਹਰ ਪੜਾਅ ਤੇ ਕੁਸ਼ਲਤਾ ਵਧਾਉਣਾ ਹੈ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਡਾ ਜਸਕਰਨ ਸਿੰਘ ਭੁੱਲਰ, ਬੀ.ਬੀ.ਏ., ਬੀ.ਸੀ.ਏ. ਅਤੇ ਬੀ. ਕਾਮ ਵਿਭਾਗ ਦੇ ਡੀਨ ਡਾ. ਮਨੀਸ਼ ਬਾਂਸਲ ਅਤੇ ਮੈਨੇਜਮੈਂਟ ਵਿਭਾਗ ਦੀ ਮੁਖੀ ਡਾ. ਜੀਵਨ ਜੋਤੀ ਮੈਨੀ ਨੇ ਟਾਇਨੋਰ ਔਰਥੋਟਿਕਸ ਪ੍ਰਾਈਵੇਟ ਲਿਮਿਟਿਡ ਮੁਹਾਲੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ ।



# ਰਾਜ ਪੱਧਰੀ ਸਮਾਗਮ 4 ਨੂੰ ਮਲੋਟ ਵਿਖੇ : ਵਧੀਕ ਡਿਪਟੀ ਕਮਿਸ਼ਨਰ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-** ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਪੰਜਾਬ ਰਾਜ ਦੀਆਂ ਔਰਤਾਂ ਨੂੰ ਸਿਹਤ ਪੱਖੋਂ ਤੰਦਰੁਸਤ ਰੱਖਣ ਲਈ ਅਤੇ ਰੋਜ਼ਗਾਰ ਦੇ ਨਵੇਂ ਮੌਕੇ ਪ੍ਰਦਾਨ ਕਰਨ ਲਈ 4 ਨਵੰਬਰ ਨੂੰ ਮਲੋਟ ਵਿਖੇ ਰਾਜ ਪੱਧਰੀ ਸਮਾਗਮ ਆਯੋਜਿਤ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ (ਜ) ਗੁਰਪ੍ਰੀਤ ਸਿੰਘ ਥਿੰਦ ਨੇ ਮੀਟਿੰਗ ਦੌਰਾਨ ਦਿੱਤੀ। ਉਨ੍ਹਾਂ ਦੱਸਿਆ ਕਿ ਕੈਬਨਿਟ ਮੰਤਰੀ ਪੰਜਾਬ ਡਾ. ਬਲਜੀਤ ਕੌਰ ਇਸ ਸਮਾਗਮ ਦੇ ਮੁੱਖ ਮਹਿਮਾਨ ਹੋਣਗੇ।ਉਨ੍ਹਾਂ ਦੱਸਿਆ ਕਿ ਬੇਟੀ ਬਚਾਓ ਬੇਟੀ ਪੜ੍ਹਾਓ ਸਕੀਮ ਤਹਿਤ 4 ਨਵੰਬਰ ਤੋਂ 8 ਮਾਰਚ 2026 ਤੱਕ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ, ਪੰਜਾਬ ਅਤੇ ਸਿਹਤ ਪਰਿਵਾਰ ਭਲਾਈ ਵਿਭਾਗ, ਪੰਜਾਬ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਅਤੇ ਸਥਾਨਕ ਸਰਕਾਰਾਂ ਵਿਭਾਗ, ਪੰਜਾਬ ਨਾਲ ਮਿਲ ਕੇ ਹਰ ਜ਼ਿਲ੍ਹੇ ਵਿੱਚ ਔਰਤਾਂ ਲਈ ਸਿਹਤ, ਸਫਾਈ ਅਤੇ ਰੋਜ਼ਗਾਰ ਕੈਂਪ ਆਯੋਜਿਤ ਕੀਤੇ ਜਾਣੇ ਹਨ।ਉਨ੍ਹਾਂ ਦੱਸਿਆ ਕਿ ਇਸ ਸਮਾਗਮ ਦੌਰਾਨ ਸਿਹਤ ਵਿਭਾਗ ਦੀਆਂ ਡਾਕਟਰਾਂ ਦੀਆਂ ਟੀਮਾਂ ਵੱਲੋਂ ਔਰਤਾਂ ਦੀ ਸਿਹਤ ਜਾਂਚ ਕੀਤੀ ਜਾਵੇਗੀ। ਇਸ ਤੋਂ ਇਲਾਵਾ ਜ਼ਿਲ੍ਹਾ ਰੋਜ਼ਗਾਰ ਸੈੱਲ ਵੱਲੋਂ ਪਲੇਸਮੈਂਟ ਕੈਂਪ ਆਯੋਜਿਤ ਕੀਤਾ ਜਾਵੇਗਾ, ਜਿਸ ਵਿੱਚ ਵੱਖ-ਵੱਖ ਅਦਾਰਿਆਂ ਵੱਲੋਂ ਮੌਕੇ 'ਤੇ ਲੜਕੀਆਂ ਦੀ ਇੰਟਰਵਿਊ ਲੈ ਕੇ ਰੋਜ਼ਗਾਰ ਮੁਹੱਈਆ ਕਰਵਾਇਆ ਜਾਵੇਗਾ। ਸੈਲਫ ਹੈਲਪ ਗਰੁੱਪ ਅਤੇ ਔਰਤਾਂ ਨੂੰ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਸਬੰਧੀ ਜਗਰੂਕਤਾ ਕਰਨ ਲਈ ਬੂਥ ਲਗਾਏ ਜਾਣਗੇ।ਇਸ ਮੌਕੇ ਉਪ ਮੰਡਲ ਮੈਜਿਸਟ੍ਰੇਟ ਮਲੋਟ ਜੁਗਰਾਜ ਸਿੰਘ ਕਾਹਲੋਂ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਰਤਨਦੀਪ ਕੌਰ ਸੰਧੂ, ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਡਾ. ਸ਼ਿਵਾਨੀ ਨਾਗਪਾਲ, ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਗੁਰਦਿੱਤ ਸਿੰਘ ਔਲਖ, ਪਲੇਸਮੈਂਟ ਅਫ਼ਸਰ ਦਲਜੀਤ ਸਿੰਘ ਬਰਾੜ, ਜ਼ਿਲ੍ਹਾ ਸਿੱਖਿਆ ਅਫ਼ਸਰ ਜਸਪਾਲ ਮੋਂਗਾ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਵਾਲਮੀਕ ਸਭਾ ਪ੍ਰਧਾਨ ਅਰੁਣ ਬੋਹਤ ਦਾ ਸਨਮਾਨ

**ਮੋਗਾ (ਇਕਬਾਲ ਸਿੰਘ ਖਹਿਰਾ)** ਲੁਧਿਆਣਾ ਰੋਡ ਸਥਿਤ ਈ ਰਿਕਸ਼ਾ ਮਜ਼ਦੂਰ ਸੰਘ ਦੇ ਈ ਰਿਕਸ਼ਾ ਸਟੈਂਡ 'ਤੇ ਮਜ਼ਦੂਰ ਜਥੇਬੰਦੀਆਂ ਨੇ ਵਿਜੇ ਧੀਰ ਤੇ ਜਨਰਲ ਸਕੱਤਰ ਪ੍ਰਵੀਨ ਕੁਮਾਰ ਸ਼ਰਮਾ ਦੀ ਅਗਵਾਈ 'ਚ ਭਗਵਾਨ ਵਾਲਮੀਕੀ ਜੈਅੰਤੀ ਦੇ ਵਾਲਮੀਕੀ ਸ਼ੋਭਾ ਯਾਤਰਾ ਸਮੇਤ ਸਾਰੇ ਪ੍ਰੋਗਰਾਮ ਸ਼ਾਨਦਾਰ ਤਰੀਕੇ ਨੇਪਰੇ ਚਾੜ੍ਹਨ ਸਦਕਾ ਵਾਲਮੀਕੀ ਸਭਾ ਦੇ ਹੋਣਹਾਰ ਪ੍ਰਧਾਨ ਅਰੁਣ ਬੋਹਤ ਤੇ ਮਿਊਂਸਪਲ ਇੰਪਲਾਈਜ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਮਦਨ ਲਾਲ ਬੋਹਤ ਨੂੰ ਸਿਰੋਪਾਓ ਪਹਿਨਾ ਕੇ ਸਨਮਾਨਤ ਕੀਤਾ। ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਨੇ ਕਿਹਾ ਕਿ ਅਰੁਣ ਬੋਹਤ ਇੱਕ ਟਰੇਡ ਯੂਨੀਅਨ ਆਗੂ ਵੀ ਹਨ, ਜਿਨ੍ਹਾਂ ਆਪਣੀ ਪ੍ਰਸ਼ਾਸਨਿਕ ਯੋਗਤਾ ਸਦਕਾ ਇਸ ਵਾਰ ਵਾਲਮੀਕੀ ਜਯੰਤੀ ਨਾਲ ਸੰਬੰਧਿਤ ਸਾਰੇ ਪ੍ਰੋਗਰਾਮ ਏਨੇ ਸ਼ਾਨਦਾਰ ਤੇ ਸਫਲਤਾ ਪੂਰਵਕ ਨੇਪਰੇ ਚਾੜ੍ਹੇ ਹਨ ਕਿ ਸਾਰੇ ਸ਼ਹਿਰ ਵਿੱਚ ਅਰੁਣ ਬੋਹਤ ਦੀ ਸਫਲ ਪ੍ਰਧਾਨਗੀ ਦੇ ਚਰਚੇ ਸੁਣੇ ਗਏ ਹਨ।



## ਕਿਸ਼ਨਾ ਕਲੋਨੀ 'ਚ ਅੱਖਾਂ ਦਾ ਮੁਫ਼ਤ ਕੈਂਪ ਲੱਗਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਯੰਗ ਬੀਟਸ ਕਲੱਬ ਰਜਿਸਟਰ ਵੱਲੋਂ ਨਾਭਾ ਰੋਡ ਕਿਸ਼ਨਾ ਕਲੋਨੀ ਅਬਲੋਵਾਲ ਵਿਖੇ ਅੱਖਾਂ ਦਾ ਮੁਫਤ ਕੈਂਪ ਲਾਇਆ ਗਿਆ। ਡਾ. ਬਲਬੀਰ ਸਿੰਘ ਸਿਹਤ ਮੰਤਰੀ ਦੇ ਮੀਡੀਆ ਸਲਾਹਕਾਰ ਕੋਆਰਡੀਨੇਟਰ ਚਰਨਜੀਤ ਸਿੰਘ ਖੁਰਾਨਾ ਮੁਖ ਮਹਿਮਾਨ ਵਜੋਂ ਸ਼ਾਮਲ ਹੋਏ, ਜਿਨ੍ਹਾਂ ਦਾ ਕਲੱਬ ਦੇ ਪ੍ਰਧਾਨ ਹਰਵਿੰਦਰ ਹਨੀ ਤੇ ਉਨ੍ਹਾਂ ਦੀ ਟੀਮ ਨੇ ਸਿਰੋਪਾ ਪਾ ਕੇ ਸਵਾਗਤ ਕੀਤਾ ਤੇ ਜੀ ਆਇਆਂ ਆਖਿਆ। ਕਲੱਬ ਦੇ ਪ੍ਰਧਾਨ ਹਰਵਿੰਦਰ ਸਿੰਘ ਹਨੀ ਨੇ ਦੱਸਿਆ ਕਿ ਕੈਂਪ ਵਿੱਚ ਫ਼ਿਜ਼ੀਓਥਰੈਪੀ, ਸ਼ੂਗਰ, ਔਰਤਾਂ ਦੇ ਰੋਗ ਅਤੇ ਥਾਇਰਾਇਡ ਰੋਗ ਸਬੰਧੀ ਵੀ ਮਰੀਜ਼ਾਂ ਨੂੰ ਚੈੱਕ ਕੀਤਾ ਗਿਆ ਤੇ ਸੀਨੀਅਰ ਮੀਤ ਪ੍ਰਧਾਨ ਅਰਵਿੰਦਰ ਸਿੰਘ, ਜਸਬੀਰ ਸਿੰਘ ਸੋਸ਼ਲ ਵਿੰਗ ਇੰਚਾਰਜ, ਰਘਵੀਰ ਸਿੰਘ ਜਨਰਲ ਸਕੱਤਰ, ਗੁਰਪ੍ਰੀਤ ਸਿੰਘ ਤੋਂ ਇਲਾਵਾ ਡਾਕਟਰ ਜੁਬਾਂ ਸਪਰਾ ਔਰਤਾਂ ਤੇ ਸ਼ੂਗਰ ਦੇ ਮਾਹਿਰ, ਡਾਕਟਰ ਤਲਵਿੰਦਰ ਕੌਰ ਅੱਖਾਂ ਦੇ ਮਾਹਿਰ, ਡਾਕਟਰ ਪਲਕ ਬਾਂਸਲ ਫਿਜੀਓਥਰੈਪਿਸਟ ਨੇ ਆਪਣੀ ਡਿਊਟੀ ਬਾਖੂਬੀ ਨਿਭਾਈ। ਚਰਨਜੀਤ ਸਿੰਘ ਖੁਰਾਨਾ ਨੇ ਕਿਹਾ ਕਿ ਕਿ ਇਹੋ ਜਿਹੇ ਸਮਾਜ ਸੇਵੀ ਕੈਂਪ ਇੱਕ ਚੰਗੀ ਰਵਾਇਤ ਹੈ ਤੇ ਭਵਿੱਖ ਵਿੱਚ ਵੀ ਇਹੋ ਜਿਹੇ ਕੈਂਪ ਲੱਗਣੇ ਚਾਹੀਦੇ ਹਨ।



## ਥਾਣਾ ਮੁਖੀ ਮੇਲਾ ਸਿੰਘ ਨੇ ਅਹੁਦਾ ਸੰਭਾਲਿਆ

**ਬਰੇਟਾ (ਗੀਤਵਾਲ)** ਪੁਲਸ ਸ਼ਟੇਸ਼ਨ ਦੇ ਨਵੇਂ ਥਾਣਾ ਮੁਖੀ ਮੇਲਾ ਸਿੰਘ ਨੇ ਅਹੁਦਾ ਸੰਭਾਲਦੇ ਹੋਏ ਸ਼ਰਾਰਤੀ ਅਨਸਰਾਂ ਨੂੰ ਤਾੜਨਾ ਕਰਦਿਆਂ ਕਿਹਾ ਕਿ ਬੁਲੇਟ ਮੋਟਰਸਾਇਕਲਾਂ ਦੇ ਪਟਾਕੇ ਪਾਉਣ ਵਾਲਿਆਂ ਨੂੰ ਨਹੀਂ ਬਖਸ਼ਿਆ ਜਾਵੇਗਾ।ਉਨ੍ਹਾਂ ਕਿਹਾ ਕਿ ਨਸ਼ੇ ਦੇ ਸੌਦਾਗਰਾਂ ਤੇ ਸ਼ਰਾਰਤੀ ਅਨਸਰਾਂ ਨਾਲ ਸਖਤੀ ਨਾਲ ਨਜਿੱਠਿਆ ਜਾਵੇਗਾ।ਉਨ੍ਹਾਂ ਨਸ਼ਾ ਵੇਚਣ ਵਾਲਿਆਂ ਨੂੰ ਸ਼ਖਤ ਸ਼ਬਦਾਂ ਵਿੱਚ ਕਿਹਾ ਕਿ ਜਾਂ ਤਾਂ ਉਹ ਨਸ਼ਾ ਵੇਚਣਾ ਛੱਡ ਦੇਣ ਜਾਂ ਇਲਾਕਾ ਛੱਡ ਦੇਣ।ਉਨ੍ਹਾਂ ਕਿਹਾ ਕਿ ਥਾਣੇ ਆਉਣ ਵਾਲੇ ਹਰ ਫ਼ਰਿਆਦੀ ਦੀ ਗੱਲ ਸੁਣੀ ਜਾਵੇਗੀ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਪਰਾਲੀ ਨੂੰ ਅੱਗ ਨਾ ਲਾਉਣ ਤੇ ਉਸਦੀ ਸੁਚੱਜੀ ਵਰਤੋਂ ਕਰਨ।ਜ਼ਿਕਰਯੋਗ ਹੈ ਕਿ ਇਹ ਬੋਹਾ ਥਾਣੇ ਤੋਂ ਬਦਲ ਕੇ ਇਥੇ ਆਏ ਹਨ।



# ਸਕੂਲ ਧਨੌਲਾ 'ਚ ਸਮਾਜਿਕ ਸਿੱਖਿਆ ਤੇ ਅੰਗਰੇਜ਼ੀ ਵਿਸ਼ੇ ਨਾਲ ਸੰਬਧਤ ਮੇਲਾ



**ਬਰਨਾਲਾ (ਹਰਜੀਤ ਸਿੰਘ ਜੋਗਾ) :** ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿੱ.) ਸੁਨੀਤਇੰਦਰ ਸਿੰਘ ਗਿੱਲ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿੱ.) ਡਾ. ਬਰਜਿੰਦਰਪਾਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਕੂਲ ਮੁਖੀ ਹਰਪ੍ਰੀਤ ਕੌਰ ਦੀ ਅਗਵਾਈ ਹੇਠ ਪੀ.ਐਮ. ਸ੍ਰੀ ਸਰਕਾਰੀ ਸੈਕੰਡਰੀ ਸਕੂਲ ਧਨੌਲਾ (ਮੁੰਡੇ) ਵਿਖੇ ਸਮਾਜਿਕ ਸਿੱਖਿਆ ਅਤੇ ਅੰਗਰੇਜ਼ੀ ਵਿਸ਼ੇ ਨਾਲ ਸਬੰਧਤ ਮੇਲੇ ਦਾ ਆਯੋਜਨ ਕੀਤਾ ਗਿਆ। ਇਸ ਮੇਲੇ ਵਿੱਚ ਅਧਿਆਪਕ ਹੇਮੰਤ ਸਿੰਘ ਅਤੇ ਅਧਿਆਪਕਾ ਸੀਮਾ ਰਾਣੀ ਦੀ ਦੇਖ-ਰੇਖ ਹੇਠ ਵਿਦਿਅਰਥੀਆਂ ਨੇ ਵੱਖ-ਵੱਖ ਵਰਕਿੰਗ ਮਾਡਲਾਂ ਅਤੇ ਚਾਰਟਾਂ ਰਾਹੀਂ ਸਮਾਜਿਕ ਸਿੱਖਿਆ ਅਤੇ ਅੰਗਰੇਜ਼ੀ ਵਿਸ਼ੇ ਦੀ ਜਾਣਕਾਰੀ ਸੌਖੇ ਅਤੇ ਰੌਚਕ ਢੰਗ ਨਾਲ ਸਾਂਝੀ ਕੀਤੀ। ਇਸ ਮੌਕੇ ਡਾਈਟ ਚੀਮਾਂ ਜੋਧਪੁਰ ਤੋਂ ਕਮਲ ਕੁਮਾਰ, ਤੇਜਿੰਦਰ ਸਿੰਘ ਅਤੇ ਹਰਵਿੰਦਰ ਸਿੰਘ ਰੋਮੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਵਿਦਿਆਰਥੀਆਂ ਦੀ ਹੌਂਸਲਾ ਅਫ਼ਜ਼ਾਈ ਕੀਤੀ। ਇਸ ਮੌਕੇ ਅਧਿਆਪਕਾ ਈਸ਼ਰਤ ਭੱਠਲ, ਰਮਨ ਭਾਰਤੀ, ਯਸਪ੍ਰੀਤ ਕੌਰ, ਜਸਪ੍ਰੀਤ ਕੌਰ, ਗੁਰਪ੍ਰੀਤ ਸਿੰਘ, ਤਰਸੇਮ ਸਿੰਘ, ਅਨੂਪਾ ਰਾਣੀ ਅਤੇ ਹਰਵਿੰਦਰ ਸਿੰਘ ਸਮੇਤ ਸਮੂਹ ਸਟਾਫ ਅਤੇ ਵਿਦਿਆਰਥੀ ਮੌਜੂਦ ਸਨ।

# ਅਧਿਆਪਕਾਂ ਦੇ ਰੋਸ ਪ੍ਰਦਰਸ਼ਨ ਬਾਅਦ ਨੋਟਿਸ ਵਾਪਸ 'ਤੇ ਪਰਾਲੀ 'ਤੇ ਲੱਗੀਆਂ ਡਿਊਟੀਆਂ ਕੱਟੀਆਂ

**ਫ਼ਿਰੋਜ਼ਪੁਰ (ਗੁਰਬਚਨ ਸਿੰਘ)** ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਤੇ ਪੰਜਾਬ ਦੇ ਸਿੱਖਿਆ ਮੰਤਰੀ ਵੱਲੋਂ ਪਿਛਲੇ ਦਿਨੀਂ ਪੰਜਾਬ ਦੇ ਪਿੰਡਾਂ ਵਿੱਚ ਪਰਾਲੀ ਨੂੰ ਅੱਗ ਨਾ ਲਗਾਉਣ ਤੇ ਅਧਿਆਪਕਾਂ ਦੀਆਂ ਡਿਊਟੀਆਂ ਨਾ ਲਾਉਣ ਐਲਾਨ ਕੀਤਾ, ਪ੍ਰੰਤੂ ਇਸਦੇ ਬਾਵਜੂਦ ਜ਼ਿਲ੍ਹਾ ਪ੍ਰਸ਼ਾਸਨ ਫ਼ਿਰੋਜ਼ਪੁਰ ਤੇ ਐੱਸ.ਡੀ. ਐੱਮ. ਜ਼ੀਰਾ ਵੱਲੋਂ ਅਧਿਆਪਕਾਂ ਦੀ ਵੱਡੇ ਪੱਧਰ 'ਤੇ ਪਰਾਲੀ ਸਾੜਣ ਤੋਂ ਰੋਕਣ ਸਮੇਤ ਹੋਰ ਬਹੁਤ ਸਾਰੀਆਂ ਗੈਰ ਵਿੱਦਿਅਕ ਡਿਊਟੀਆਂ ਲਗਾ ਕੇ ਸਕੂਲਾਂ ਦਾ ਵਿੱਦਿਅਕ ਮਾਹੌਲ ਪ੍ਰਭਾਵਤ ਕੀਤਾ ਜਾ ਰਿਹਾ ਹੈ।ਇਸੇ ਲੜੀ ਤਹਿਤ ਪਿਛਲੇ ਦਿਨੀਂ ਪਰਾਲੀ ਨੂੰ ਅੱਗ ਨਾ ਲਾਉਣ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਅਤੇ ਅੱਗ ਦੀ ਰੋਕਥਾਮ ਲਈ ਵੱਡੀ ਗਿਣਤੀ ਵਿੱਚ ਤਹਿਸੀਲ ਜੀਰਾ ਦੇ ਅਧਿਆਪਕਾਂ ਦੀਆਂ ਡਿਊਟੀਆਂ ਲਾਈਆਂ ਗਈਆਂ ਤੇ ਅਧਿਆਪਕਾਂ ਨੂੰ ਨੋਟਿਸ ਜਾਰੀ ਕੀਤੇ ਗਏ ਅਤੇ ਹੋਰ ਧਮਕੀਆਂ ਦਿੱਤੀਆਂ ਜਾ ਰਹੀਆਂ ਸਨ, ਜਿਸ 'ਤੇ ਡੈਮੋਕ੍ਰੈਟਿਕ ਟੀਚਰਜ਼ ਫਰੰਟ (ਡੀ.ਟੀ.ਐੱਫ.) ਪੰਜਾਬ, 6635 ਅਧਿਆਪਕ ਯੂਨੀਅਨ, ਗੌਰਮਿੰਟ ਟੀਚਰਜ਼ ਯੂਨੀਅਨ ਫ਼ਿਰੋਜ਼ਪੁਰ, ਗੌਰਮਿੰਟ ਸਕੂਲ ਟੀਚਰ ਯੂਨੀਅਨ, ਕੰਪਿਊਟਰ ਫੈਕਲਟੀ ਐਸੋਸੀਏਸ਼ਨ (ਰਜਿ) ਪੰਜਾਬ ਅਤੇ ਹੋਰ ਸਹਿਯੋਗੀ ਜਥੇਬੰਦੀਆਂ ਵਲੋਂ ਡੀਟੀਐਫ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਪ੍ਰਧਾਨ ਮਲਕੀਤ ਸਿੰਘ ਹਰਾਜ, ਸਰਬਜੀਤ ਸਿੰਘ ਭਾਵੜਾ, ਅਮਿਤ ਕੁਮਾਰ, 6635 ਈ.ਟੀ.ਟੀ ਅਧਿਆਪਕ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਦੀਪਕ ਕੰਬੋਜ, ਸ਼ਲਿੰਦਰ ਕੰਬੋਜ, ਗੌਰਮਿੰਟ ਟੀਚਰਜ਼ ਯੂਨੀਅਨ ਫ਼ਿਰੋਜ਼ਪੁਰ ਤੋਂ ਬਲਵਿੰਦਰ ਸਿੰਘ ਸੰਧੂ, ਜਗਸੀਰ ਸਿੰਘ ਗਿੱਲ, ਬਲਵਿੰਦਰ ਸਿੰਘ ਭੁੱਟੋ, ਗੌਰਮਿੰਟ ਸਕੂਲ ਟੀਚਰ ਯੂਨੀਅਨ ਫ਼ਿਰੋਜ਼ਪੁਰ ਤੋਂ ਨਵੀਨ ਕੁਮਾਰ, ਰਾਜਬੀਰ ਸਿੰਘ, ਬਾਜ ਸਿੰਘ, ਕੰਪਿਊਟਰ ਫੈਕਲਟੀ ਐਸੋਸੀਏਸ਼ਨ (ਰਜਿ) ਪੰਜਾਬ ਦੇ ਜਨਰਲ ਸਕੱਤਰ ਲਖਵਿੰਦਰ ਸਿੰਘ ਸਿਮਕ ਦੀ ਅਗਵਾਈ ਹੇਠ ਦਫਤਰ ਐੱਸ.ਡੀ.ਐੱਮ.ਜ਼ੀਰਾ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ। 3 ਵਜੇ ਤੋਂ ਰਾਤ 10 ਵਜੇ ਤੱਕ ਧਰਨਾ ਜਾਰੀ ਰਿਹਾ।ਭਰਾਤਰੀ ਜਥੇਬੰਦੀਆਂ ਤੋਂ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾ ਪ੍ਰੈੱਸ ਸਕੱਤਰ ਅਵਤਾਰ ਸਿੰਘ ਮਹਿਮਾ, ਕਿਰਤੀ ਕਿਸਾਨ ਯੂਨੀਅਨ ਤੋਂ ਕਿਸਾਨ ਆਗੂ ਸ਼ਾਮਲ ਹੋਏ।ਅਧਿਆਪਕ ਆਗੂਆਂ ਨੇ ਕਿਹਾ ਕਿ ਅਧਿਆਪਕਾਂ ਨੂੰ ਪੜ੍ਹਾਉਣ ਲਈ ਤਨਖਾਹ ਦਿੱਤੀ ਜਾਂਦੀ ਪਰ ਪੰਜਾਬ ਸਰਕਾਰ ਦੀ ਇਸ ਬੇਲਗਾਮ ਅਫ਼ਸਰਸ਼ਾਹੀ ਵੱਲੋਂ ਅਧਿਆਪਕਾਂ ਦੀਆਂ ਗੈਰ ਵਿੱਦਿਅਕ ਕੰਮਾਂ 'ਤੇ ਵਾਰ-ਵਾਰ ਅਤੇ ਵੱਖ-ਵੱਖ ਡਿਊਟੀਆਂ ਲਾ ਕੇ ਬੱਚਿਆਂ ਦੀ ਪੜ੍ਹਾਈ ਦਾ ਨੁਕਸਾਨ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਹੜ੍ਹ ਆਉਣ ਕਾਰਨ ਪਹਿਲਾਂ ਹੀ ਪੰਜਾਬ ਦੇ ਸਕੂਲਾਂ ਵਿੱਚ ਛੁੱਟੀਆਂ ਰਹੀਆਂ ਹਨ, ਜਿਸਦੇ ਚੱਲਦਿਆਂ ਬੱਚਿਆਂ ਦੀ ਪੜ੍ਹਾਈ ਦਾ ਨੁਕਸਾਨ ਹੋਇਆ ਹੈ।ਇੱਕ ਪਾਸੇ ਮੁੱਖ ਪੰਜਾਬ ਵਿਧਾਨ ਸਭਾ ਦੇ ਅੰਦਰ ਅਤੇ ਹੋਰ ਮੰਚਾਂ 'ਤੇ ਅਧਿਆਪਕਾਂ ਦੀ ਗ਼ੈਰ ਵਿਦਿਅਕ ਡਿਊਟੀ ਨਾ ਲੱਗਣ ਦੇਣ ਦੀ ਗੱਲ ਕਰ ਰਹੇ ਹਨ, ਦੂਜੇ ਪਾਸੇ ਅਧਿਆਪਕਾਂ ਦੀ ਪਰਾਲੀ ਸਬੰਧੀ ਡਿਊਟੀਆਂ ਵੀ ਲਾਈਆਂ ਜਾ ਰਹੀਆਂ ਹਨ। ਉਸ ਤੋਂ ਵੀ ਇੱਕ ਕਦਮ ਅੱਗੇ ਵਧ ਕੇ ਅਧਿਆਪਕਾਂ ਨੂੰ ਕਾਰਨ ਦੱਸੋ ਨੋਟਿਸ ਕੱਢ ਕੇ ਜਲੀਲ ਵੀ ਕੀਤਾ ਜਾ ਰਿਹਾ।ਉਨ੍ਹਾਂ ਦੱਸਿਆ ਕਿ ਪ੍ਰਸ਼ਾਸਨ ਨੇ ਅਧਿਆਪਕਾਂ ਨੂੰ ਕਿਸਾਨਾਂ ਵਿਰੁੱਧ ਸ਼ਿਕਾਇਤਾਂ ਦਰਜ ਕਰਨ ਲਈ ਵੀ ਕਿਹਾ ਹੈ, ਜੋ ਅਤਿ ਨਿੰਦਣਯੋਗ ਵਰਤਾਰਾ ਹੈ। ਧਰਨੇ ਤੋਂ ਬਾਅਦ ਐੱਸਡੀਐੱਮ ਜੀਰਾ ਵੱਲੋਂ ਅਧਿਆਪਕਾਂ ਦੇ ਨੋਟਿਸ ਵਾਪਸ ਲੈਣ ਅਤੇ ਡਿਊਟੀਆਂ ਕੱਟਣ ਦਾ ਲਿਖਤੀ ਭਰੋਸਾ ਗਿਆ ਦਿੱਤਾ ਗਿਆ ਤੇ ਮੀਟਿੰਗ ਵਿੱਚ ਐੱਸ.ਡੀ.ਐੱਮ.ਜ਼ੀਰਾ ਵੱਲੋਂ ਅਧਿਆਪਕਾਂ ਦੀਆਂ ਮੰਗਾਂ ਪੂਰੀਆਂ ਕੀਤੀਆਂ। ਆਗੂਆਂ ਨੇ ਕਿਹਾ ਕਿ ਇਹ ਸਭ ਸੰਘਰਸ਼ ਕਰਕੇ ਹੀ ਸੰਭਵ ਹੋਇਆ ਹੈ ਅਤੇ ਭਵਿੱਖ ਵਿੱਚ ਆ ਅਧਿਆਪਕਾਂ ਦੀਆਂ ਹੱਕੀ ਮੰਗਾਂ ਮਸਲਿਆਂ ਨੂੰ ਲੈ ਕੇ ਸਰਕਾਰ ਵਿਰੁੱਧ ਸੰਘਰਸ਼ ਜਾਰੀ ਰਹੇਗਾ।



# ਪਾਥਵੇਜ਼ ਨੇ ਕਰਵਾਇਆ ਭ੍ਰਿਸ਼ਟਾਚਾਰ ਵਿਰੋਧੀ ਜਾਗਰੂਕਤਾ ਸੈਮੀਨਾਰ

**ਕੋਟ ਈਸੇ ਖਾਂ (ਅਰੋੜਾ)-** ਪਾਥਵੇਜ ਗਲੋਬਲ ਸਕੂਲ ਕੋਟ ਈਸੇ ਖਾਂ ਜੋ ਇਲਾਕੇ ਦਾ ਨਾਮਵਾਰ ਆਈ ਸੀ ਐਸ ਈ ਦਿੱਲੀ ਬੋਰਡ ਤੋ ਮਾਨਤਾ ਪ੍ਰਾਪਤ ਸਕੂਲ ਹੈ ਅਤੇ ਆਪਣੇ ਬੱਚਿਆ ਨੂੰ ਵਰਲਡ ਕਲਾਸ ਦੀ ਐਜੂਕੇਸ਼ਨ ਦੇ ਰਿਹਾ ਹੈ ਵਿਖੇ ਭਰਿਸ਼ਟਾਚਾਰ ਵਿਰੋਧੀ ਜਾਗਰੂਕਤਾ ਹਫਤਾ ਨੂੰ ਮੁੱਖ ਰੱਖਦੇ ਹੋਏ ਚੀਫ ਡਾਇਰੈਕਟਰ ਵਿਜੀਲੈਂਸ ਬਿਊਰੋ ਪੀ. ਕੇ. ਸਿਨਹਾ ਦੀ ਯੋਗ ਅਗਵਾਹੀ ਹੇਠ ਵਿਜੀਲੈਂਸ ਬਿਊਰੋ ਦੇ ਕਮੇਟੀ ਮੈਂਬਰ ਐਸ.ਐਸ.ਪੀ ਮਨਜੀਤ ਸਿੰਘ(ਫਿਰੋਜ਼ਪੁਰ), ਇੰਸਪੈਕਟਰ ਸੁਰਿੰਦਰਪਾਲ ਸਿੰਘ, ਏ.ਐਸ.ਆਈ. ਗੁਰਪ੍ਰੀਤ ਸਿੰਘ ਅਤੇ ਐਸ.ਆਈ. ਗੁਰਜਿੰਦਰ ਸਿੰਘ ਦੀ ਸਹਾਇਤਾ ਨਾਲ ਪ੍ਰਿੰਸੀਪਲ ਡਾ. ਅਰਵਿੰਦ ਕੁਮਾਰ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇੱਕ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਵਿੱਚ ਹੋਰ ਸ਼ਖਸੀਅਤਾਂ ਗੁਰਦੇਵ ਸਿੰਘ ਦੋਲੇਵਾਲ ਅਤੇ ਸੁਰਜੀਤ ਸਿੰਘ ਰਾਮਗੜ੍ਹ ਨੇ ਵਿਸ਼ੇਸ਼ ਬੁਲਾਰੇ ਦੇ ਤੌਰ 'ਤੇ ਸ਼ਿਰਕਤ ਕੀਤੀ। ਵਿਜੀਲੈਂਸ ਬਿਊਰੋ ਕਮੇਟੀ ਨੇ ਪਾਥਵੇਜ਼ ਦੇ ਬੱਚਿਆਂ ਅਤੇ ਅਧਿਆਪਕਾਂ ਨੂੰ ਸਮਾਜ ਵਿੱਚ ਪਸਰ ਰਹੇ ਭਰਿਸਟਾਚਾਰ ਨੂੰ ਰੋਕਥਾਮ ਲਈ ਬਹੁਤ ਹੀ ਅਹਿਮ ਜਾਣਕਾਰੀ ਮੁਹਈਆ ਕਰਵਾਈ ਅਤੇ ਸਬੰਧਤ ਦਫਤਰਾਂ ਦੇ ਮੋਬਾਈਲ ਨੰਬਰਾਂ ਤੇ ਈਮੇਲ ਆਈ ਡੀ ਬਾਰੇ ਦੱਸਿਆ। ਇਸ ਮੌਕੇ ਸਕੂਲ ਦੇ ਕਮੇਟੀ ਮੈਂਬਰ ਚੇਅਰਮੈਨ ਸੁਰਜੀਤ ਸਿੰਘ ਸਿੱਧੂ, ਪ੍ਰਧਾਨ ਡਾ. ਅਨਿਲਜੀਤ ਕੰਬੋਜ ਵਾਈਸ ਚੇਅਰਮੈਨ ਅਵਤਾਰ ਸਿੰਘ ਸੌਂਦ, ਚਾਹਤ ਕੰਬੋਜ, ਸਤਨਾਮ ਸਿੰਘ ਸੌਂਦ, ਗੁਰਪ੍ਰੀਤ ਸਿੰਘ ਸਿੱਧੂ ਕੌਂਸਲਰ, ਜੋਗਿੰਦਰ ਸਿੰਘ ਸਰਪੰਚ, ਜਸਵਿੰਦਰ ਸਿੰਘ ਸਿੱਧੂ, ਸਿਮਰਨਜੀਤ ਸਿੰਘ ਸਿੱਧੂ ਅਤੇ ਪ੍ਰਿੰਸੀਪਲ ਡਾਕਟਰ ਅਰਵਿੰਦ ਕੁਮਾਰ ਸ਼ਰਮਾ ਨੇ ਸਾਰੇ ਵਿਦਿਆਰਥੀਆਂ ਨੂੰ ਇਮਾਨਦਾਰੀ ਦੇ ਰਸਤੇ 'ਤੇ ਚੱਲਣ ਲਈ ਪ੍ਰੇਰਤ ਕੀਤਾ ਅਤੇ ਸਾਰੀ ਵਿਜੀਲੈਂਸ ਬਿਊਰੋ ਕਮੇਟੀ ਦਾ ਧੰਨਵਾਦ ਕੀਤਾ।



# ਭਾਰਤੀ ਸਾਹਿਤ ਅਕਾਦਮੀ ਵੱਲੋਂ ਮਾਲਵਾ ਕਾਲਜ ਵਿਖੇ ਇੱਕ ਰੋਜ਼ਾ ਪੰਜਾਬੀ ਸੈਮੀਨਾਰ

**ਸਰਦੂਲਗੜ੍ਹ (ਅਵਤਾਰ ਜਟਾਣਾਂ)-** ਭਾਰਤੀ ਸਾਹਿਤ ਅਕਾਦਮੀ ਦੇ ਸਹਿਯੋਗ ਨਾਲ ਮਾਲਵਾ ਗਰੁੱਪ ਆਫ ਕਾਲਜਿਜ਼ ਸਰਦੂਲੇਵਾਲਾ ਵਿਖੇ ਪੰਜਾਬੀ ਭਾਸ਼ਾ ਦੇ ਪਸਾਰ ਵਾਸਤੇ ਇੱਕ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਵਿੱਚ ਅਕਾਦਮੀ ਦੀ ਗਵਰਨਿੰਗ ਕੌਂਸਲ ਦੇ ਮੈਂਬਰ ਨਾਵਲਕਾਰ ਜਸਪਾਲ ਮਾਨਖੇੜਾ ਨੇ ਬਤੌਰ ਕਨਵੀਨਰ ਭੂਮਿਕਾ ਨਿਭਾਈ। ਮੁੱਖ ਮਹਿਮਾਨ ਦੇ ਤੌਰ ਤੇ ਉੱਘੇ ਕਹਾਣੀਕਾਰ ਦਰਸ਼ਨ ਜੋਗਾ ਨੇ ਸ਼ਿਰਕਤ ਕੀਤੀ। ਸੈਮੀਨਾਰ ਦਾ ਮੁੱਖ ਵਿਸ਼ਾ ਪੰਜਾਬੀ ਕਹਾਣੀ ਦੀ ਦਸ਼ਾ ਅਤੇ ਦਿਸ਼ਾ ਬਾਰੇ ਵਿਚਾਰ ਚਰਚਾ ਕਰਨ ਉੱਤੇ ਕੇਂਦਰਿਤ ਰਿਹਾ। ਪੰਜਾਬੀ ਕਹਾਣੀ ਦੇ ਦੋ ਉਭਰਦੇ ਕਹਾਣੀਕਾਰਾਂ ਜਸਵਿੰਦਰ ਧਰਮਕੋਟ ਅਤੇ ਕਮਲ ਸੇਖੋਂ ਨੇ ਆਪਣੀਆਂ ਕਹਾਣੀਆਂ ਦਾ ਪਾਠ ਕੀਤਾ। ਕਮਲ ਸੇਖੋਂ ਦੀ ਕਹਾਣੀ ਕਾਲੀ ਕੋਇਲ ਵਿੱਚ ਨਾਰੀ ਚੇਤਨਾ ਦੇ ਸੂਖਮ ਵਿਸ਼ੇ ਨੂੰ ਛੂਹਿਆ ਗਿਆ ਸੀ। ਜਸਵਿੰਦਰ ਧਰਮਕੋਟ ਦੀ ਕਹਾਣੀ ਸਾਈਲੈਂਟ ਮੋਡ ਵਿੱਚ ਪਰਵਾਰਕ ਜੀਵਨ ਵਿੱਚ ਰਿਸ਼ਤਿਆਂ ਦੀਆਂ ਤੰਦਾਂ ਦੀ ਤਸਵੀਰ ਨੂੰ ਪੇਸ਼ ਕੀਤਾ ਗਿਆ। ਇਸ ਉਪਰੰਤ ਪ੍ਰੋਫ਼ੈਸਰ ਡਾ. ਰਵਿੰਦਰ ਸਿੰਘ ਸੰਧੂ ਨੇ ਇਹਨਾਂ ਕਹਾਣੀਆਂ ਉਪਰ ਆਲੋਚਨਾਤਮਕ ਚਰਚਾ ਕਰਦਿਆਂ ਪੰਜਾਬੀ ਕਹਾਣੀ ਦੇ ਮੌਜੂਦਾ ਰਚਨਾਤਮਕ ਢਾਂਚੇ ਬਾਰੇ ਗੱਲ ਕੀਤੀ। ਇਸ ਤੋਂ ਪਹਿਲਾਂ ਸੈਮੀਨਾਰ ਦੇ ਸ਼ੁਰੂ ਵਿੱਚ ਸੰਸਥਾ ਦੇ ਚੇਅਰਮੈਨ ਜਤਿੰਦਰ ਸਿੰਘ ਸੋਢੀ ਅਤੇ ਪ੍ਰੋ ਬਲਜੀਤ ਪਾਲ ਸਿੰਘ ਨੇ ਬਾਹਰੋਂ ਆਏ ਹੋਏ ਵਿਦਵਾਨ ਮਹਿਮਾਨਾਂ ਨੂੰ ਜੀ ਆਇਆਂ ਆਖਿਆ। ਜਸਪਾਲ ਮਾਨਖੇੜਾ ਨੇ ਅਕਾਡਮੀ ਦੀਆਂ ਗਤੀਵਿਧੀਆਂ ਨੂੰ ਪਿੰਡਾਂ ਸ਼ਹਿਰਾਂ ਤੱਕ ਲੈ ਜਾਣ ਦੇ ਅਹਿਦ ਬਾਰੇ ਚਾਨਣਾ ਪਾਇਆ। ਮੁੱਖ ਮਹਿਮਾਨ ਦਰਸ਼ਨ ਜੋਗਾ ਨੇ ਪੰਜਾਬੀ ਕਹਾਣੀ ਦੁਆਰਾ ਤੈਅ ਕੀਤੇ ਲੰਮੇ ਅਤੇ ਮਾਣਮੱਤੇ ਸਫ਼ਰ ਬਾਰੇ ਸਰੋਤਿਆਂ ਨੂੰ ਜਾਣੂ ਕਰਵਾਇਆ।ਡਾ. ਬਿੱਕਰਜੀਤ ਸਾਧੂਵਾਲਾ ਅਤੇ ਮੈਡਮ ਚਰਨਜੀਤ ਕੌਰ ਨੇ ਸੈਮੀਨਾਰ ਦੌਰਾਨ ਆਪਣੇ ਵਿਚਾਰ ਪੇਸ਼ ਕੀਤੇ। ਸੰਸਥਾ ਦੀਆਂ ਵਿਦਿਆਰਥਣਾਂ ਨੇ ਵੱਡੀ ਗਿਣਤੀ ਵਿੱਚ ਸੈਮੀਨਾਰ ਵਿੱਚ ਹਾਜ਼ਰੀ ਲਵਾਈ।ਅਖੀਰ ਵਿੱਚ ਬਾਹਰੋਂ ਆਏ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਸਥਾ ਦਾ ਸਾਰਾ ਸਟਾਫ ਵੀ ਹਾਜ਼ਰ ਸੀ।



# ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚੇ ਦੇ ਵਫ਼ਦ ਵੱਲੋਂ 7 ਨੂੰ ਕਾਲੇ ਚੋਲੇ ਪਾ ਕੇ ਕੀਤਾ ਜਾਵੇਗਾ ਰੋਸ ਮਾਰਚ

**ਮੋਗਾ (ਇਕਬਾਲ ਸਿੰਘ ਖਹਿਰਾ)** ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਪੰਜਾਬ ਦੇ ਸੂਬਾ ਕਨਵੀਨਰ ਗੁਰਜੰਟ ਸਿੰਘ ਕੋਕਰੀ ਦੀ ਅਗਵਾਈ ਹੇਠ ਸੂਬਾ ਕਮੇਟੀ ਦੀ ਮੀਟਿੰਗ ਕੀਤੀ ਗਈ, ਜਿਸ ਵਿੱਚ ਮੋਰਚੇ ਦੇ ਕੋ ਕਨਵੀਨਰ ਰਣਦੀਪ ਸਿੰਘ ਸ੍ਰੀ ਫ਼ਤਹਿਗੜ੍ਹ ਸਾਹਿਬ, ਟਹਿਲ ਸਿੰਘ ਸਰਾਭਾ, ਕੰਵਲਜੀਤ ਸਿੰਘ ਰੋਪੜ, ਦਰਸ਼ੀ ਕਾਂਤ ਰਾਜਪੁਰਾ, ਡਿੰਪਲ ਰੋਹੇਲਾ ਤੇ ਸੂਬਾ ਕਮੇਟੀ ਮੈਂਬਰਜ਼ ਸ਼ਾਮਿਲ ਹੋਏ। ਆਗੂਆਂ ਵੱਲੋਂ ਫੈਸਲਾ ਕੀਤਾ ਗਿਆ ਕਿ ਪੰਜਾਬ ਸਰਕਾਰ ਵੱਲੋਂ 01-01-2004 ਤੋਂ ਬਾਅਦ ਭਰਤੀ ਮੁਲਾਜ਼ਮਾਂ ਉੱਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੀ ਕੀਤੀ ਜਾ ਰਹੀ ਟਾਲ-ਮਟੋਲ ਦੀ ਨੀਤੀ ਦੇ ਰੋਸ ਵਜੋਂ ਤਰਨਤਰਨ ਵਿਖੇ ਹੋ ਰਹੀ ਜ਼ਿਮਨੀ ਚੋਣ ਲਈ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਤੋਂ ਪੈਨਸ਼ਨ ਲਾਗੂ ਨਾ ਕਰਨ ਦਾ ਸਵਾਲ ਪੁੱਛਿਆ ਜਾਵੇਗਾ। ਐਕਸ਼ਨ ਦੌਰਾਨ ਮੋਰਚੇ ਵੱਲੋਂ ਸਮੂਹਿਕ ਵਫਦ ਕਾਲੇ ਚੋਲੇ ਪਾ ਕੇ ਮਾਰਚ ਕਰਦੇ ਹੋਏ ਆਮ ਆਦਮੀ ਪਾਰਟੀ ਦੇ ਉਮੀਦਵਾਰ ਦੇ ਘਰ ਵੱਲ ਜਾਵੇਗਾ। ਆਗੂਆਂ ਨੇ ਆਮ ਆਦਮੀ ਪਾਰਟੀ ਦੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਉਤੇ ਮੁਲਾਜ਼ਮਾਂ ਨਾਲ਼ ਧੋਖਾ ਕਰਨ ਦਾ ਦੋਸ਼ ਲਾਉਂਦੇ ਹੋਏ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ 2021 ਦੀਆਂ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਤੋਂ ਪਹਿਲਾਂ ਪੰਜਾਬ ਦੇ 2 ਲੱਖ ਐਨ ਪੀ ਐਸ ਮੁਲਾਜ਼ਮਾਂ ਨਾਲ਼ ਵਾਅਦਾ ਕੀਤਾ ਸੀ ਕਿ ਉਨ੍ਹਾਂ ਦੀ ਸਰਕਾਰ ਬਣਨ ਤੋਂ ਬਾਅਦ 01-01-2004 ਤੋਂ ਬਾਅਦ ਭਰਤੀ ਸਾਰੇ ਮੁਲਾਜ਼ਮਾਂ ਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇਗੀ ਪਰ ਸਰਕਾਰ ਦੇ ਸਾਢੇ ਤਿੰਨ ਸਾਲ ਬੀਤ ਜਾਣ ਤੋਂ ਬਾਅਦ ਵੀ ਪੰਜਾਬ ਦੇ ਇੱਕ ਵੀ ਮੁਲਾਜ਼ਮ ਦਾ ਜੀ.ਪੀ.ਐਫ ਖਾਤਾ ਨਹੀਂ ਖੋਲ੍ਹਿਆ, ਜਦਕਿ ਰਾਜਸਥਾਨ, ਛੱਤੀਸਗੜ੍ਹ, ਝਾੜਖੰਡ, ਹਿਮਾਚਲ ਪ੍ਰਦੇਸ਼ ਦੀਆਂ ਸੂਬਾ ਸਰਕਾਰਾਂ ਵੱਲੋਂ ਨਵੀਂ ਪੈਨਸ਼ਨ ਸਕੀਮ ਬੰਦ ਕਰਕੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰ ਦਿੱਤੀ ਹੈ। ਆਗੂਆਂ ਵੱਲੋਂ ਕੇਂਦਰ ਸਰਕਾਰ ਵੱਲੋਂ ਜਾਰੀ ਕੀਤੀ ਜਾ ਰਹੀ ਯੂਨੀਫਾਈਡ ਪੈਨਸ਼ਨ ਸਕੀਮ ਨੂੰ ਰੱਦ ਕਰਦੇ ਹੋਏ ਪੰਜਾਬ ਸਰਕਾਰ ਤੋਂ 1972 ਦੇ ਪੈਂਨਸ਼ਨ ਨਿਯਮਾਂ ਅਨੁਸਾਰ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੀ ਮੰਗ ਕੀਤੀ।



30 Oct Page 6.qxd 10/29/2025 11:13 PM Page 1



# ਹੜ੍ਹਾਂ ਦੇ ਨੁਕਸਾਨ ਤੇ ਝੋਨੇ ਦੇ ਖਰਾਬੇ ਸੰਬੰਧੀ ਡੀ ਸੀ ਨੂੰ ਸੌਂਪਿਆ ਮੰਗ ਪੱਤਰ

**ਮੋਗਾ (ਇਕਬਾਲ ਸਿੰਘ ਖਹਿਰਾ)** ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਵੱਲੋਂ ਜ਼ਿਲ੍ਹਾ ਮੋਗਾ 'ਚ ਕਿਸਾਨਾਂ ਦੀਆਂ ਲੰਬੇ ਸਮੇਂ ਤੋਂ ਬਾਕੀ ਮੰਗਾਂ ਤੇ ਖੇਤਾਂ ਵਿੱਚ ਹੋਏ ਨੁਕਸਾਨ ਸਬੰਧੀ ਇੱਕ ਵੱਡਾ ਜਥੇਬੰਦੀ ਇਕੱਠ ਕੀਤਾ ਗਿਆ। ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਰਜਿੰਦਰ ਸਿੰਘ ਮੱਖਣ ਬਰਾੜ ਦੀ ਅਗਵਾਈ ਹੇਠ ਪਾਰਟੀ ਜਥੇਬੰਦੀ ਨੇ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੂੰ ਕੇਂਦਰ ਤੇ ਰਾਜ ਸਰਕਾਰ ਦੇ ਨਾਂਅ ਮੰਗ ਪੱਤਰ ਸੌਂਪਿਆ।ਮੰਗ ਪੱਤਰ ਰਾਹੀਂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਜ਼ੋਰ ਦਿੱਤਾ ਕਿ ਹਾਲ ਹੀ ਦੇ ਮੌਸਮੀ ਉਤਾਰ-ਚੜ੍ਹਾਵਾਂ ਤੇ ਖੇਤਾਂ 'ਚ ਬਿਮਾਰੀਆਂ ਦੇ ਵਧਣ ਕਰਕੇ ਝੋਨੇ ਦੀ ਫ਼ਸਲ ਨੂੰ ਭਾਰੀ ਨੁਕਸਾਨ ਹੋਇਆ ਹੈ।ਅਕਾਲੀ ਆਗੂਆਂ ਨੇ ਕਿਹਾ ਕਿ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਕਰਨਾ ਸਰਕਾਰ ਦੀ ਜ਼ਿੰਮੇਵਾਰੀ ਹੈ ਤੇ ਇਸ ਲਈ ਫ਼ਸਲ ਦੇ ਨੁਕਸਾਨ ਦਾ ਵਾਜਬ ਮੁਆਵਜ਼ਾ ਤੁਰੰਤ ਦਿੱਤਾ ਜਾਵੇ, ਤਾਂ ਜੁ ਕਿਸਾਨ ਆਪਣੀ ਅਗਲੀ ਬਿਜਾਈ ਦੀ ਤਿਆਰੀ ਕਰ ਸਕਣ।ਬਰਜਿੰਦਰ ਸਿੰਘ ਮੱਖਣ ਬਰਾੜ ਨੇ ਕਿਹਾ ਕਿ ਮੋਗਾ ਜ਼ਿਲ੍ਹੇ ਦੇ ਕਈ ਪਿੰਡਾਂ 'ਚ ਖੇਤੀਬਾੜੀ ਪੂਰੀ ਤਰ੍ਹਾਂ ਪ੍ਰਭਾਵਤ ਹੋ ਚੁੱਕੀ ਹੈ।ਝੋਨੇ ਦੀ ਫ਼ਸਲ 'ਚ ਆਈ ਬਿਮਾਰੀ ਕਾਰਨ ਕਿਸਾਨਾਂ ਨੂੰ ਭਾਰੀ ਆਰਥਿਕ ਨੁਕਸਾਨ ਹੋਇਆ ਹੈ, ਪਰ ਸਰਕਾਰਾਂ ਨੇ ਅਜੇ ਤੱਕ ਜ਼ਮੀਨੀ ਪੱਧਰ 'ਤੇ ਕੋਈ ਢੰਗ ਦਾ ਸਰਵੇ ਨਹੀਂ ਕੀਤਾ।ਅਸੀਂ ਮੰਗ ਕਰਦੇ ਹਾਂ ਕਿ ਤੁਰੰਤ ਵਿਭਾਗੀ ਟੀਮਾਂ ਭੇਜ ਕੇ ਮੁਆਇਨਾ ਕਰਵਾਇਆ ਜਾਵੇ ਅਤੇ ਕਿਸਾਨਾਂ ਨੂੰ ਮਾਲੀ ਮਦਦ ਦਿੱਤੀ ਜਾਵੇ।ਸ਼੍ਰੋਮਣੀ ਅਕਾਲੀ ਦਲ ਦੀ ਜ਼ਿਲ੍ਹਾ ਮੋਗਾ ਦੀ ਸੀਨੀਅਰ ਲੀਡਰਸ਼ਿਪ ਵੱਡੀ ਗਿਣਤੀ 'ਚ ਹਾਜ਼ਰ ਰਹੀ।ਉਨ੍ਹਾਂ ਕਿਹਾ ਕਿ ਪਾਰਟੀ ਹਮੇਸ਼ਾ ਪੰਜਾਬ ਦੇ ਕਿਸਾਨਾਂ ਦੀ ਆਵਾਜ਼ ਰਹੀ ਹੈ ਤੇ ਆਉਣ ਵਾਲੇ ਸਮੇਂ 'ਚ ਵੀ ਕਿਸਾਨਾਂ ਨਾਲ ਖੜੀ ਰਹੇਗੀ।



# ਕਿਸਾਨ ਜਾਗਰੂਕ ਕਰਨ ਲਈ ਪਰਾਲੀ ਪ੍ਰੋਟੈਕਸ਼ਨ ਫੋਰਸ ਤਾਇਨਾਤ

**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)** ਜ਼ਿਲ੍ਹੇ 'ਚ ਪਰਾਲੀ ਪ੍ਰਬੰਧਨ ਨੂੰ ਮਜ਼ਬੂਤੀ ਨਾਲ ਲਾਗੂ ਕਰਨ ਦੇ ਉਦੇਸ਼ ਨਾਲ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਤੇ ਐਸ.ਐਸ.ਪੀ. ਡਾ. ਪ੍ਰਗਿਆ ਜੈਨ ਵੱਲੋਂ ਕਈ ਪਿੰਡਾਂ ਦਾ ਦੌਰਾ ਕੀਤਾ ਗਿਆ।ਇਸ ਦੌਰਾਨ ਉਨ੍ਹਾਂ ਨੇ ਪਰਾਲੀ ਸਬੰਧੀ ਡੰਪਾਂ ਤੇ ਪਹੁੰਚ ਕੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਤੇ ਕਿਸਾਨਾਂ ਨਾਲ ਰੂਬਰੂ ਹੋ ਕੇ ਉਨ੍ਹਾਂ ਨੂੰ ਪਰਾਲੀ ਨੂੰ ਅੱਗ ਨਾ ਲਾਉਣ ਲਈ ਜਾਗਰੂਕ ਕੀਤਾ। ਸਿਵਲ ਤੇ ਪੁਲਸ ਪ੍ਰਸ਼ਾਸਨ ਦੇ ਅਧਿਕਾਰੀਆਂ ਦੇ ਨਾਲ-ਨਾਲ ਖੇਤੀਬਾੜੀ ਵਿਭਾਗ ਦੀਆਂ ਟੀਮਾਂ ਵੀ ਮੌਜੂਦ ਸਨ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਹਰ ਪਿੰਡ ਵਿੱਚ ਕਿਸਾਨਾਂ ਨਾਲ ਸਿੱਧਾ ਸੰਪਰਕ ਕਰਕੇ ਪਰਾਲੀ ਨੂੰ ਅੱਗ ਨਾ ਲਾਉਣ ਅਤੇ ਇਸਦਾ ਵਿਗਿਆਨਕ ਢੰਗ ਨਾਲ ਪ੍ਰਬੰਧ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਪ੍ਰਬੰਧਨ ਕਰਨ ਵਾਲੇ ਕਿਸਾਨਾਂ ਦਾ ਸਨਮਾਨ ਤੇ ਬੇਲਰ ਮਾਲਕਾਂ ਨੂੰ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਕਿਹਾ ਕਿ ਜਿਹੜੇ ਕਿਸਾਨ ਵਾਤਾਵਰਣ-ਅਨੁਕੂਲ ਤਰੀਕੇ ਨਾਲ ਪਰਾਲੀ ਪ੍ਰਬੰਧਨ ਕਰ ਰਹੇ ਹਨ, ਉਨ੍ਹਾਂ ਨੂੰ ਪ੍ਰਸ਼ੰਸਾ ਪੱਤਰ ਦਿੱਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਬੇਲਰ ਮਾਲਕਾਂ ਨੂੰ ਗੱਠਾਂ ਸੰਭਾਲਣ ਲਈ ਸਰਕਾਰੀ ਜਗ੍ਹਾ ਵੀ ਉਪਲਬਧ ਕਰਵਾਈ ਜਾ ਰਹੀ ਹੈ, ਤਾਂ ਜੁ ਕਿਸੇ ਨੂੰ ਕੋਈ ਦਿੱਕਤ ਨਾ ਆਵੇ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬੇਲਰ ਵਾਲਿਆਂ ਨੂੰ ਪਰਾਲੀ ਡੰਪ ਕਰਨ 'ਚ ਆਉਂਦੀ ਦਿੱਕਤ ਨੂੰ ਦੂਰ ਕੀਤਾ ਜਾਵੇਗਾ। ਐਸ.ਐਸ.ਪੀ. ਡਾ. ਪ੍ਰਗਿਆ ਜੈਨ ਨੇ ਕਿਹਾ ਕਿ ਨੋਡਲ ਅਧਿਕਾਰੀ, ਕਲਸਟਰ ਅਫਸਰ ਅਤੇ ਪੁਲਿਸ ਅਧਿਕਾਰੀਆਂ ਨੂੰ ਡਿਊਟੀ 'ਤੇ ਤਾਇਨਾਤ ਕੀਤਾ ਗਿਆ ਹੈ, ਜੋ ਜੁਆਇੰਟ ਆਪਰੇਸ਼ਨ 'ਚ ਮਿਲਜੁਲ ਕੇ ਕੰਮ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਇਸ ਟੀਮ ਨੂੰ 'ਪਰਾਲੀ ਪ੍ਰੋਟੈਕਸ਼ਨ ਫੋਰਸ' ਦਾ ਨਾਂਅ ਦਿੱਤਾ ਗਿਆ ਹੈ ਤੇ ਸਾਰੇ ਗਜ਼ਟਿਡ ਅਧਿਕਾਰੀ ਵੱਧ ਤੋਂ ਵੱਧ ਫੋਰਸ ਦੇ ਨਾਲ ਮੈਦਾਨ ਵਿੱਚ ਮੌਜੂਦ ਹਨ।ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਤੇ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਦੇ ਅਨੁਸਾਰ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ ਤੇ ਜ਼ਿਲ੍ਹੇ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਵਿੱਚ ਸਫਲਤਾ ਮਿਲ ਰਹੀ ਹੈ।ਉਨ੍ਹਾਂ ਵਿਸ਼ੇਸ਼ ਤੌਰ 'ਤੇ ਦੱਸਿਆ ਕਿ ਇਸ ਸਾਲ ਪਿਛਲੇ ਸਾਲ ਦੇ ਮੁਕਾਬਲੇ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ ਕਮੀ ਆਈ ਹੈ।



# ਸੇਫ ਸਕੂਲ ਵਾਹਨ ਪਾਲਿਸੀ ਤਹਿਤ ਕੀਤੀ ਚੈਕਿੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪੱਧਰ ਤੇ ਟਾਸਕ ਫੋਰਸ ਟੀਮ ਨਾਲ ਮਿਲ ਕੇ ਜ਼ਿਲ੍ਹਾ ਬਾਲ ਸੁਰੱਖਿਆ ਦਫਤਰ ਵੱਲੋਂ ਫਿਰੋਜ਼ਪੁਰ ਤੇ ਜ਼ੀਰਾ ਵਿਖੇ ਵੱਖ-ਵੱਖ ਸਕੂਲਾਂ ਦੀਆਂ 22 ਬੱਸਾਂ ਦੀ ਚੈਕਿੰਗ ਕੀਤੀ ਗਈ ਤੇ 8 ਸਕੂਲੀ ਬੱਸਾਂ ਦੇ ਚਲਾਨ ਕੀਤੇ ਗਏ। ਟੀਮ ਦੇ ਮੈਂਬਰਾਂ ਨੇ ਦੱਸਿਆ ਕਿ ਇਸ ਪਾਲਸੀ ਤਹਿਤ ਬੱਚਿਆ ਦੀ ਸੁਰੱਖਿਆ ਨੂੰ ਸੁਨਿਸ਼ਚਿਤ ਕਰਨ ਲਈ ਮਹਿਲਾ ਅਟੈਂਡੈਂਟ ਦਾ ਹੋਣਾ ਲਾਜ਼ਮੀ ਹੈ, ਸਕੂਲ ਵੈਨ 'ਚ ਫਸਟ ਏਡ ਬਾਕਸ, ਸੀਸੀਟੀ ਕੈਮਰੇ ਅਤੇ ਅੱਗ ਬੁਝਾਊ ਯੰਤਰ ਹੋਣਾ ਲਾਜ਼ਮੀ ਹੈ। ਏਐੱਸਆਈ ਸਰਵਨ ਸਿੰਘ, ਟਰੈਫਿਕ ਪੁਲਿਸ ਹਰਮੀਤ ਸਿੰਘ, ਆਰਟੀਓ ਦਫਤਰ ਤੋਂ ਗਗਨਦੀਪ ਸਿੰਘ, ਬਾਲ ਸੁਰੱਖਿਆ ਅਫਸਰ ਸੀਮਾ ਰਾਣੀ ਅਤੇ ਬਾਲ ਸੁਰੱਖਿਆ ਅਫਸਰ ਜਸਵਿੰਦਰ ਕੌਰ, ਚਾਈਲਡ ਲਾਈਨ ਸੁਪਰਵਾਈਜ਼ਰ ਗੁਰਮੀਤ ਸਿੰਘ ਹਾਜ਼ਰ ਸਨ।

# ਪ੍ਰੋ. ਮੋਹਨ ਸਿੰਘ ਦੇ ਜਨਮ ਦਿਨ ਨੂੰ ਸਮਰਪਤ ਲੈਕਚਰ ਤੇ ਕਾਵਿ ਉਚਾਰਨ ਮੁਕਾਬਲਾ ਕਰਾਇਆ

**ਦੋਰਾਹਾ (ਹਰਮਿੰਦਰ ਸੇਠ)** ਮਾਤਾ ਗੰਗਾ ਖ਼ਾਲਸਾ ਕਾਲਜ, ਮੰਜੀ ਸਾਹਿਬ ਕੋਟਾਂ (ਪ੍ਰਬੰਧ ਅਧੀਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਵਿਖੇ 25 ਅਕਤੂਬਰ ਨੂੰ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਦੇ ਪੰਜਾਬੀ ਸਾਹਿਤ ਸਭਾ ਤੇ ਕਲਚਰਲ ਕਲੱਬ ਵੱਲੋਂ ਪ੍ਰੋ. ਮੋਹਨ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਤ ਲੈਕਚਰ ਤੇ ਕਾਵਿ-ਉਚਾਰਨ ਮੁਕਾਬਲਾ ਕਰਾਇਆ ਗਿਆ। ਪ੍ਰੋ. ਮਨਜੀਤ ਕੌਰ ਭੱਟੀ (ਮੁਖੀ ਪੰਜਾਬੀ ਵਿਭਾਗ) ਨੇ ਆਧੁਨਿਕ ਕਾਵਿ ਜਗਤ ਦੇ ਸਿਰਮੌਰ ਸ਼ਾਇਰ/ਗੀਤਕਾਰ/ਗਜ਼ਲਕਾਰ ਪ੍ਰੋ. ਮੋਹਨ ਸਿੰਘ ਦੇ ਜੀਵਨ, ਸਿਰਜਣ ਪ੍ਰਕਿਰਿਆ ਦੀਆਂ ਵਿਧੀਆਂ, ਕਾਵਿ ਸੰਵੇਦਨਾ ਦੇ ਵੱਖ-ਵੱਖ ਪਹਿਲੂਆਂ ਤੇ ਕਾਵਿ ਜਗਤ ਵਿੱਚ ਪਾਏ ਯੋਗਦਾਨ ਸੰਬੰਧੀ ਵਿਚਾਰ ਸਾਂਝੇ ਕੀਤੇ।ਇਸ ਤੋਂ ਉਪਰੰਤ ਵਿਦਿਆਰਥੀਆਂ ਵਿੱਚ ਕਾਵਿ ਉਚਾਰਨ ਮੁਕਾਬਲਾ ਕਰਾਇਆ ਗਿਆ, ਜਿਸ ਵਿੱਚ 12 ਦੇ ਕਰੀਬ ਵਿਦਿਆਰਥੀਆਂ ਨੇ ਹਿੱਸਾ ਲਿਆ।ਮੁਕਾਬਲੇ ਵਿੱਚ ਸੁਖਮਨਪ੍ਰੀਤ ਕੌਰ ਨੇ ਪਹਿਲਾ ਸਥਾਨ, ਅਰਸ਼ਦੀਪ ਕੌਰ ਨੇ ਦੂਜਾ ਤੇ ਜੈਸਮੀਨ ਨੇ ਤੀਜਾ ਸਥਾਨ ਹਾਸਲ ਕੀਤਾ। ਜੇਤੂ ਵਿਦਿਆਰਥੀਆਂ ਨੂੰ ਪ੍ਰੋ. ਮਨਜੀਤ ਕੌਰ ਭੱਟੀ ਦੁਆਰਾ ਰਚਿਤ ਪੁਸਤਕਾਂ ਅਜਮੇਰ ਔਲਖ ਦੇ ਨਾਟਕ ਸੱਤ ਬਗਾਨੇ ਸ਼ੈਲੀ ਵਿਗਿਆਨਿਕ ਅਧਿਐਨ ਤੇ ਭਾਵ ਜੁਗਤ ਭੇਟ ਕੀਤੀਆਂ ਗਈਆਂ। ਡਾ. ਰੂਪਾ ਕੌਰ ਨੇ ਆਧੁਨਿਕ ਕਾਵਿ ਜਗਤ ਦੀ ਦੂਜੀ ਪੀੜ੍ਹੀ ਦੇ ਇਸ ਵਿਲੱਖਣ ਸ਼ਾਇਰ ਦੀਆਂ ਰਚਨਾਵਾਂ ਦੇ ਵਿਸ਼ਿਆਂ 'ਤੇ ਵਿਚਾਰ ਚਰਚਾ ਕੀਤੀ।ਲੈਕਚਰਾਰ ਸੁਰਿੰਦਰ ਕੌਰ (ਪੰਜਾਬੀ ਵਿਭਾਗ) ਨੇ ਵੀ ਵਿਦਿਆਰਥੀਆਂ ਨੂੰ ਪੁਸਤਕਾਂ ਨਾਲ ਸਾਂਝ ਪਾਉਣ ਲਈ ਪ੍ਰੇਰਿਆ।ਇਸ ਮੌਕੇ ਪੰਜਾਬੀ ਵਿਭਾਗ ਤੋਂ ਇਲਾਵਾ ਕੰਪਿਊਟਰ ਸਾਇੰਸ ਵਿਭਾਗ ਦੇ ਲੈਕ. ਗੁਰਪ੍ਰੀਤ ਕੌਰ (ਮੁਖੀ ਕੰਪਿਊਟਰ ਸਾਇੰਸ ਵਿਭਾਗ ਤੇ ਪ੍ਰੋ. ਸੁਖਵਿੰਦਰ ਕੌਰ ਨੇ ਵੀ ਸ਼ਮੂਲੀਅਤ ਕੀਤੀ।ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਵਿਦਿਆਰਥੀਆਂ ਨੂੰ ਚੰਗੇ ਸਾਹਿਤ ਨਾਲ ਜੁੜਨ ਲਈ ਉਤਸ਼ਾਹਤ ਕੀਤਾ।



# ਮੈਡੀਕਲ ਪ੍ਰੈਕਟੀਸ਼ਨਰ ਅੱਜ ਤਰਨ ਤਾਰਨ 'ਚ ਕਰਨਗੇ ਕਨਵੈਨਸ਼ਨ : ਗੋਇਲ

**ਮੋਗਾ (ਇਕਬਾਲ ਸਿੰਘ ਖਹਿਰਾ)**- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਦੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਅਤੇ ਸੂਬਾ ਜਨਰਲ ਸਕੱਤਰ ਡਾ. ਗੁਰਮੇਲ ਸਿੰਘ ਮਾਛੀਕੇ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਜਥੇਬੰਦਕ ਕਨਵੈਨਸ਼ਨਾਂ ਦੀ ਲੜੀ ਵਜੋਂ ਸੱਤਵੀਂ ਕਨਵੈਨਸ਼ਨ 30 ਅਕਤੂਬਰ ਨੂੰ ਐਨ. ਕੇ ਪੂਨੀਆ ਪੈਲੇਸ ਗੋਇੰਦਵਾਲ ਬਾਈਪਾਸ ਤਰਨ ਤਾਰਨ ਵਿਖੇ ਜ਼ਿਲ੍ਹਾ ਪ੍ਰਧਾਨ ਡਾ. ਨਛੱਤਰ ਸਿੰਘ ਚੀਮਾ, ਸੂਬਾ ਸਹਾਇਕ ਸਕੱਤਰ ਡਾ. ਸੁਖਚੈਨ ਸਿੰਘ ਬੋਪਾਰਾਏ ਅਤੇ ਸੂਬਾ ਕਮੇਟੀ ਮੈਂਬਰ ਗੁਰਜੀਤ ਸਿੰਘ ਦੁਬਲੀ ਦੀ ਅਗਵਾਈ ਹੇਠ ਜਥੇਬੰਦਕ ਸਿੱਖਿਆ, ਭਰਾਤਰੀ ਸਾਂਝ ਅਤੇ ਵਿਧਾਨ ਸਭਾ ਦੀ ਜ਼ਿਮਨੀ ਚੋਣ ਸੰਬੰਧੀ ਕੀਤੀ ਜਾਵੇਗੀ । ਜਿਸ ਵਿੱਚ ਸੂਬਾ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਅਣਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਦੀ ਕਾਨੂੰਨੀ ਮਾਨਤਾ ਦੀ ਮੰਗ ਅਤੇ ਲੋਕਾਂ ਨਾਲ ਕੀਤੇ ਵਾਅਦਿਆਂ ਪ੍ਰਤੀ ਵੱਖ ਵੱਖ ਸਿਆਸੀ ਪਾਰਟੀਆਂ ਦੇ ਚੋਣ ਲੜ ਰਹੇ ਉਮੀਦਵਾਰਾਂ ਨੂੰ ਸਵਾਲ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਅਣਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰ ਪਿਛਲੇ ਲੰਮੇ ਸਮੇਂ ਤੋਂ ਆਪਣੀ ਕਾਨੂੰਨੀ ਮਾਨਤਾ ਦੀ ਮੰਗ ਨੂੰ ਲੈ ਕੇ ਲਗਾਤਾਰ ਸੰਘਰਸ਼ ਕਰ ਰਹੇ ਹਨ ਪਰ ਵੱਖ ਵੱਖ ਸਿਆਸੀ ਪਾਰਟੀਆਂ ਵੱਲੋਂ ਚੋਣ ਮੈਨੀਫੈਸਟੋ ਵਿੱਚ ਦਰਜ ਕਰਕੇ ਵੀ ਚੋਣਾਂ ਸਮੇਂ ਵਾਅਦੇ ਕੀਤੇ ਗਏ ਪਰ ਵਫ਼ਾ ਨਹੀਂ ਹੋਏ। ਪੰਜਾਬ ਵਿੱਚ ਆਮ ਆਦਮੀ ਪਾਰਟੀ ਵੱਲੋਂ ਵੀ 2022 ਵਿਧਾਨ ਸਭਾ ਚੋਣਾਂ ਸਮੇ ਮਾਨਤਾ ਦੇਣ ਦਾ ਵਾਅਦਾ ਕੀਤਾ ਗਿਆ ਸੀ ਅਤੇ ਵਿਧਾਨ ਸਭਾ ਦੇ ਵੱਖ ਵੱਖ ਸੈਸ਼ਨਾਂ ਦੌਰਾਨ ਆਮ ਆਦਮੀ ਪਾਰਟੀ ਦੇ ਪੰਜ ਹਲਕਾ ਵਿਧਾਇਕਾਂ ਵੱਲੋਂ ਅਣਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਦੇ ਮਸਲੇ ਨੂੰ ਮੁੱਖ ਮੰਤਰੀ ਦੇ ਧਿਆਨ ਵਿੱਚ ਲਿਆਂਦਾ ਗਿਆ ਅਤੇ 26 ਨਵੰਬਰ, 2024 ਨੂੰ ਸਿਹਤ ਮੰਤਰੀ ਦੀ ਰਹਿਨੁਮਾਈ ਹੇਠ ਸਿਵਲ ਸਕੱਤਰੇਤ ਚੰਡੀਗੜ੍ਹ ਵਿਖੇ ਸੂਬਾ ਕਮੇਟੀ ਨਾਲ ਪੈਨਲ ਮੀਟਿੰਗ ਵਿੱਚ ਸ਼ਾਰਟ ਟਾਈਮ ਕੋਰਸ ਰਾਹੀਂ ਕਾਨੂੰਨੀ ਮਾਨਤਾ ਦੇਣ ਦਾ ਵਾਅਦਾ ਕੀਤਾ ਸੀ ਪਰ ਇੱਕ ਸਾਲ ਬੀਤ ਜਾਣ ਦੇ ਬਾਵਜੂਦ ਕੋਈ ਵਿਸ਼ੇਸ਼ ਉਪਰਾਲਾ ਨਹੀਂ ਕੀਤਾ ਗਿਆ। ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਅਣਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਦੇ ਸਮਾਜਿਕ ਮਸਲੇ ਨੂੰ ਕਾਨੂੰਨੀ ਨੁਕਤਾ ਨਜ਼ਰ ਨਾਲ ਦੇਖਣ ਦੀ ਬਜਾਇ ਸਮਾਜਿਕ ਮਸਲੇ ਵਜੋਂ ਹੱਲ ਕੀਤਾ ਜਾਵੇ। ਜੇਕਰ ਮੈਡੀਕਲ ਪ੍ਰੈਕਟੀਸ਼ਨਰਾਂ ਦੀ ਅੱਖੋ ਪਰੋਖੇ ਕਰਨ ਦੀ ਕੋਸ਼ਿਸ਼ ਕੀਤੀ ਤਾਂ ਮੌਜੂਦਾ ਚੋਣ ਸਮੇਂ ਜ਼ਬਰਦਸਤ ਵਿਰੋਧ ਦਾ ਸਾਹਮਣਾ ਕਰਨ ਲਈ ਤਿਆਰ ਰਹੇ। ਉਨ੍ਹਾਂ ਸਮੂਹ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਅਪੀਲ ਕੀਤੀ ਕਿ ਪੰਜਾਬ ਸਰਕਾਰ ਦੀ ਵਾਅਦਾ ਖਿਲਾਫੀ ਵਿਰੁੱਧ ਸੰਘਰਸ਼ ਲਈ ਤਿਆਰ ਰਹਿਣ।



# ਡੇਂਗੂ ਜਾਗਰੂਕਤਾ ਮੁਹਿੰਮ ਜਾਰੀ, 241 ਮਰੀਜ਼ਾਂ ਦੀ ਜਾਂਚ

**ਨਾਭਾ (ਵਰਿੰਦਰ ਵਰਮਾ)** ਸਿਵਲ ਸਰਜਨ ਪਟਿਆਲਾ ਡਾ. ਜਗਪਾਲਇੰਦਰ ਸਿੰਘ ਦੇ ਹੁਕਮਾਂ ਅਨੁਸਾਰ ਡਾ. ਵੀਨੂੰ ਗੋਇਲ ਐਸ.ਐਮ.ਓ. ਦੀ ਯੋਗ ਅਗਵਾਈ ਹੇਠ ਡੇਂਗੂ ਜਾਗਰੂਕਤਾ ਮੁਹਿੰਮ ਲਗਾਤਾਰ ਜਾਰੀ ਹੈ।27 ਅਕਤੂਬਰ ਤੋਂ ਸ਼ੁਰੂ ਹੋਈ ਇਸ ਹਫ਼ਤਾਵਾਰ ਮੁਹਿੰਮ ਤਹਿਤ 28 ਅਕਤੂਬਰ ਨੂੰ ਬੌੜਾ ਗੇਟ ਤੇ ਕਰਤਾਰਪੁਰਾ ਮੁਹੱਲੇ ਵਿੱਚ ਹੈਲਥ ਕੈਂਪ ਲਾਏ ਗਏ, ਜਿੱਥੇ 241 ਮਰੀਜ਼ਾਂ ਦੀ ਜਾਂਚ ਕੀਤੀ ਗਈ ਤੇ 17 ਬਲੱਡ ਸੈਂਪਲ ਲਏ ਗਏ। ਡਾ. ਵੀਨੂੰ ਗੋਇਲ ਨੇ ਕਿਹਾ ਕਿ ਡੇਂਗੂ ਬੁਖਾਰ ਏਡੀਜ਼ ਮੱਛਰ ਦੇ ਕੱਟਣ ਨਾਲ ਫੈਲਦਾ ਹੈ, ਜੋ ਸਾਫ਼ ਖੜੇ ਪਾਣੀ ਵਿਚ ਪੈਦਾ ਹੁੰਦਾ ਹੈ ਤੇ ਦਿਨ ਦੇ ਸਮੇਂ ਕੱਟਦਾ ਹੈ।ਉਨ੍ਹਾਂ ਨੇ ਦੱਸਿਆ ਕਿ ਡੇਂਗੂ ਦੀਆਂ ਮੁੱਖ ਨਿਸ਼ਾਨੀਆਂ ਵਿੱਚ ਤੇਜ਼ ਬੁਖਾਰ, ਸਿਰ ਦਰਦ, ਮਾਸਪੇਸ਼ੀਆਂ ਤੇ ਜੋੜਾਂ ਦਾ ਦਰਦ, ਅੱਖਾਂ ਦੇ ਪਿੱਛੇ ਦਰਦ, ਚਮੜੀ 'ਤੇ ਦਾਣੇ ਤੇ ਮਸੂੜਿਆਂ 'ਚੋਂ ਖੂਨ ਆਉਣਾ ਸ਼ਾਮਲ ਹਨ। ਉਨ੍ਹਾਂ ਲੋਕਾਂ ਤੋਂ ਸਹਿਯੋਗ ਦੀ ਅਪੀਲ ਕਰਦਿਆਂ ਕਿਹਾ ਕਿ ਨਾਭਾ ਵਾਸੀ ਘਰਾਂ ਦੇ ਆਲੇ ਦੁਆਲੇ ਪਾਣੀ ਇਕੱਠਾ ਨਾ ਹੋਣ ਦਿਣ, ਕੂਲਰਾਂ, ਗਮਲਿਆਂ ਤੇ ਟੈਂਕੀਆਂ ਨੂੰ ਹਫ਼ਤੇ ਵਿੱਚ ਇੱਕ ਵਾਰ ਸਾਫ਼ ਕਰਕੇ ਸੁੱਕਾ ਰੱਖਣ ਤੇ ਟੁੱਟੇ ਭਾਂਡੇ, ਟਾਇਰ ਆਦਿ ਖੁੱਲ੍ਹੇ ਵਿੱਚ ਨਾ ਪਏ ਰਹਿਣ।ਡਾ. ਪ੍ਰੇਰਨਾ ਤੇ ਡਾ. ਅਸਵਿੰਦਰ ਨੇ ਲੋਕਾਂ ਨੂੰ ਡੇਂਗੂ ਹੈਮੋਰੈਜਿਕ ਬੁਖਾਰ ਦੇ ਚੇਤਾਵਨੀ ਸੰਕੇਤਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜੇਕਰ ਪੇਟ ਵਿੱਚ ਦਰਦ ਹੋਵੇ, ਚਮੜੀ ਠੰਢੀ ਤੇ ਪੀਲੀ ਪੈ ਜਾਵੇ, ਨੱਕ ਜਾਂ ਮਸੂੜਿਆਂ 'ਚੋਂ ਖੂਨ ਆਵੇ, ਲਗਾਤਾਰ ਉਲਟੀਆਂ ਹੋਣ ਜਾਂ ਨਬਜ਼ ਤੇਜ਼ ਚੱਲਣ, ਤਾਂ ਤੁਰੰਤ ਨਜ਼ਦੀਕੀ ਸਰਕਾਰੀ ਹਸਪਤਾਲ ਵਿਚ ਸੰਪਰਕ ਕਰੋ।



# ਕੰਪਿਊਟਰ ਤੇ ਆਈ ਟੀ ਵਿਦਿਆਰਥੀਆਂ ਕੀਤਾ ਉਦਯੋਗਿਕ ਦੌਰਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ ਪੂਜਾ)**- ਪੰਜਾਬ ਸਰਕਾਰ ਦੁਆਰਾ ਸਥਾਪਿਤ ਸੰਸਥਾ ਮਲੋਟ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਇਨਫਰਮੇਸ਼ਨ ਟੈਕਨਾਲੋਜੀ ਮਲੋਟ ਵਿਖੇ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ ਉਦਯੋਗ ਅੰਦਰ ਕੰਮ ਕਰਨ ਦੇ ਸੰਪੂਰਨ ਗਿਆਨ ਨੂੰ ਨੇੜੇ ਤੋਂ ਵੇਖਣ ਲਈ ਸਮੇਂ ਸਮੇਂ ਅਨੁਸਾਰ ਉਦਯੋਗਿਕ ਟੂਰਾਂ ਦਾ ਪ੍ਰਬੰਧ ਕਰਦੀ ਹੈ। ਇਸੇ ਲੜੀ ਤਹਿਤ ਮਿਮਿਟ ਮਲੋਟ ਦੇ ਕੰਪਿਊਟਰ ਸਾਇੰਸ ਐਂਡ ਇੰਜੀਨੀਅਰਿੰਗ ਵਿਭਾਗ ਅਤੇ ਆਈ ਟੀ ਵਿਭਾਗ ਦੇ ਵਿਦਿਆਰਥੀਆਂ ਲਈ ਇੱਕ ਰੋਜ਼ਾ ਉਦਯੋਗਿਕ ਟੂਰ ਦਾ ਪ੍ਰਬੰਧ ਕੀਤਾ ਗਿਆ। ਇਸ ਟੂਰ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਕੰਪਿਊਟਰ ਸਾਇੰਸ ਐਂਡ ਇੰਜੀਨੀਅਰਿੰਗ ਵਿਭਾਗ ਦੇ ਮੁਖੀ ਡਾ. ਸੋਨੀਆ ਸ਼ਰਮਾ ਅਤੇ ਇਨਫਾਰਮੇਸ਼ਨ ਟੈਕਨਾਲੋਜੀ ਵਿਭਾਗ ਦੇ ਮੁਖੀ ਡਾ. ਹਰਮਿੰਦਰ ਸਿੰਘ ਬਿੰਦਰਾ ਨੇ ਦੱਸਿਆ ਕਿ ਕੰਪਿਊਟਰ ਅਤੇ ਆਈ ਟੀ ਦੇ 100 ਵਿਦਿਆਰਥੀਆਂ ਨੇ ਸੌਫਟਵੇਅਰ ਡਿਵੈਲਪਮੈਂਟ ਕੰਪਨੀ ਸੀ ਐਸ ਸੋਫਟ ਮੋਹਾਲੀ ਵਿਖੇ ਦੌਰਾ ਕੀਤਾ, ਜਿਸ ਵਿੱਚ ਵਿਦਿਆਰਥੀਆਂ ਦੇ ਨਾਲ ਡਾ. ਹਰਕੀਰਤ ਸਿੰਘ ਬਰਾੜ, ਇੰਜ. ਗੁਰਪ੍ਰੀਤ ਸਿੰਘ, ਇੰਜ. ਜੋਗਿੰਦਰ ਸਿੰਘ, ਇੰਜ. ਵਨੀਸ਼ ਟੰਡਨ, ਇੰਜ. ਸ਼ਵੀ ਜੁਨੇਜਾ, ਇੰਜ. ਗੁਰਪ੍ਰੀਤ ਕੌਰ ਵੀ ਵਿਦਿਆਰਥੀਆਂ ਦੇ ਨਾਲ ਸੀ.ਐਸ ਸੋਫਟ ਮੋਹਾਲੀ ਵਿਖੇ ਪਹੁੰਚੇ । ਸੀ ਐਸ ਸੋਫਟ ਮੋਹਾਲੀ ਵਿਖੇ ਐਚ ਆਰ ਡਾਇਰੈਕਟਰ ਰੋਹਿਤ ਸ਼ਰਮਾ ਨੇ ਇਹਨਾਂ ਵਿਦਿਆਰਥੀਆਂ ਨੂੰ ਕੰਪਨੀ ਵਿੱਚ ਚੱਲ ਰਹੇ ਪ੍ਰੋਜੈਕਟਾਂ ਬਾਰੇ, ਕੰਪਨੀ ਦੀਆਂ ਨੌਕਰੀ ਲਈ ਨੀਤੀਆਂ ਬਾਰੇ ਅਤੇ ਆਉਣ ਵਾਲੇ ਭਵਿੱਖ ਵਿੱਚ ਸੂਚਨਾ ਤਕਨਾਲੋਜੀ ਦੇ ਵਿੱਚ ਆਉਣ ਵਾਲੀਆਂ ਤਬਦੀਲੀਆਂ ਬਾਰੇ ਵਿਚਾਰ ਸਾਂਝੇ ਕੀਤੇ। ਮਿਮਿਟ ਮਲੋਟ ਦੇ ਡਾਇਰੈਕਟਰ ਡਾ. ਜਸਕਰਨ ਸਿੰਘ ਭੁੱਲਰ ਨੇ ਵਿਦਿਆਰਥੀਆਂ ਦੇ ਇਸ ਸਫਲਤਾ ਪੂਰਵਕ ਦੌਰੇ ਲਈ ਵਿਦਿਆਰਥੀਆਂ ਅਤੇ ਵਿਭਾਗ ਦੇ ਸਟਾਫ ਨੂੰ ਵਧਾਈਆਂ ਦਿੱਤੀਆਂ।



# ਸੀ ਸੈੱਟ ਦੀ ਆਨਲਾਈਨ ਕਲਾਸ ਲਾਈ

**ਦੋਰਾਹਾ (ਹਰਮਿੰਦਰ ਸੇਠ)** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਕਾਰਜਸ਼ੀਲ ਸੰਸਥਾ ਮਾਤਾ ਗੰਗਾ ਖ਼ਾਲਸਾ ਕਾਲਜ, ਮੰਜੀ ਸਾਹਿਬ ਕੋਟਾਂ ਵਿਖੇ ਨਿਸ਼ਚੈ ਸਿਵਲ ਸਰਵਿਸਿਜ਼ ਕੋਚਿੰਗ ਅਕੈਡਮੀ, ਚੰਡੀਗੜ੍ਹ ਵੱਲੋਂ ਪ੍ਰੋ. ਹਰਿੰਦਰ ਕੌਰ (ਮੁਖੀ ਗਣਿਤ ਵਿਭਾਗ) ਤੇ ਪ੍ਰੋ. ਸਿਮਰਨਜੀਤ ਕੌਰ ਦੀ ਨਿਗਰਾਨੀ ਹੇਠ ਵਿਦਿਆਰਥੀਆਂ ਦੀ ਸੀ ਸੈਟ ਦੀ ਆਨਲਾਈਨ ਕਲਾਸ ਲਾਈ ਗਈ। ਜ਼ਿਕਰਯੋਗ ਹੈ ਡਾਇਰੈਕਟੋਰੇਟ ਆਫ ਐਜੂਕੇਸ਼ਨ ਵੱਲੋਂ ਵਿਦਿਆਰਥੀਆਂ ਲਈ ਸਕੂਲਾਂ, ਕਾਲਜਾਂ ਵਿੱਚ ਹੀ ਸਿਲੇਬਸ ਦੀ ਪੜ੍ਹਾਈ ਦੇ ਨਾਲ਼-ਨਾਲ਼ ਯੂ.ਪੀ.ਐੱਸ.ਈ. ਤੇ ਪੀ.ਸੀ.ਐੱਸ. ਦੇ ਦਾਖਲੇ ਲਈ ਮੁਫ਼ਤ ਆਨਲਾਈਨ ਕਲਾਸਾਂ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ, ਜਿਸਦਾ ਵਿਦਿਆਰਥੀ ਪੂਰਾ ਲਾਹਾ ਲੈ ਰਹੇ ਹਨ ਤੇ ਹਰ ਹਫ਼ਤੇ ਲੱਗਣ ਵਾਲੀ ਕਲਾਸ ਵਿੱਚ ਸੁਚੱਜੇ ਤੇ ਸੁਚਾਰੂ ਢੰਗ ਨਾਲ ਦਿਲਚਸਪੀ ਲੈ ਰਹੇ ਹਨ।ਇਸੇ ਦੇ ਅੰਤਰਗਤ ਕਾਲਜ 'ਚ ਪ੍ਰੋਫੈਸਰ ਬੁੱਧ ਸਿੰਘ ਰਾਣਾ ਵੱਲੋਂ ਵਿਦਿਆਰਥੀਆਂ ਦੀ ਗਣਿਤ ਵਿਸ਼ੇ ਨਾਲ਼ ਸੰਬੰਧਿਤ ਆਨਲਾਈਨ ਕਲਾਸ ਲਾਈ ਗਈ, ਜਿਸ 'ਚ ਉਨ੍ਹਾਂ ਵਿਦਿਆਰਥੀਆਂ ਨੂੰ ਘੜੀ ਦੇ ਸਮੇਂ 'ਤੇ ਅਧਾਰਤ ਕੋਣ ਕਿਵੇਂ ਹੱਲ ਕੀਤੇ ਜਾਂਦੇ ਹਨ, ਇਸ ਨਾਲ਼ ਸੰਬੰਧਿਤ ਸਵਾਲਾਂ ਨੂੰ ਹੱਲ ਕਰਨ ਦੇ ਤਰੀਕੇ ਨੂੰ ਦੱਸਿਆ ਤੇ ਕਈ ਸਵਾਲਾਂ ਨੂੰ ਹੱਲ ਕਰਕੇ ਵੀ ਸਮਝਾਇਆ। ਵਿਦਿਆਰਥੀਆਂ ਨੇ ਪੂਰੀ ਦਿਲਚਸਪੀ ਲੈਂਦਿਆਂ ਸਵਾਲਾਂ ਨੂੰ ਹੱਲ ਕਰਨ ਦਾ ਢੰਗ ਸਿੱਖਦਿਆਂ ਨੋਟ ਕੀਤਾ।ਪ੍ਰੋਫੈਸਰ ਹਰਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਸਵਾਲਾਂ ਨੂੰ ਸਮਝਣ ਤੇ ਹੱਲ ਕਰਨ ਵਿੱਚ ਸਹਿਯੋਗ ਦਿੱਤਾ।ਪ੍ਰਿੰਸੀਪਲ ਡਾ ਗਗਨਦੀਪ ਸਿੰਘ ਨੇ ਐੱਸ.ਜੀ. ਪੀ.ਸੀ. ਤੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਦਾ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਦੀ ਸੁਚਾਰੂ ਭਾਗੀਦਾਰੀ ਦੀ ਪ੍ਰਸ਼ੰਸਾ ਕੀਤੀ।




# ਏਕਤਾ ਮਾਰਚ ਲਈ ਪ੍ਰਬੰਧਾਂ ਦਾ ਵਧੀਕ ਡਿਪਟੀ ਕਮਿਸ਼ਨਰ ਨੇ ਲਿਆ ਜਾਇਜ਼ਾ

**ਮਾਲੇਰਕੋਟਲਾ (ਅਸਗਰ ਪਰਿਹਾਰ)** ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ ਨੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਜਾਣਕਾਰੀ ਦਿੱਤੀ ਕਿ ਭਾਰਤ ਸਰਕਾਰ ਦੇ ਯੁਵਕ ਸੇਵਾਵਾਂ ਤੇ ਖੇਡ ਮੰਤਰਾਲੇ ਵੱਲੋਂ ਸਰਦਾਰ ਵੱਲਭਭਾਈ ਪਟੇਲ ਦੇ 150ਵੇਂ ਜਨਮ ਦਿਵਸ ਮੌਕੇ 01 ਨਵੰਬਰ ਨੂੰ ਜ਼ਿਲ੍ਹੇ ਵਿੱਚ 'ਏਕਤਾ ਮਾਰਚ' ਆਯੋਜਿਤ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ 560 ਤੋਂ ਵੱਧ ਰਿਆਸਤਾਂ ਨੂੰ ਇੱਕ ਰਾਸ਼ਟਰ ਵਿੱਚ ਜੋੜਨ ਵਿੱਚ ਸਰਦਾਰ ਪਟੇਲ ਦਾ ਯੋਗਦਾਨ ਦੇਸ਼ ਦੇ ਇਤਿਹਾਸ ਦਾ ਪ੍ਰੇਰਨਾਦਾਇਕ ਅਧਿਆਇ ਹੈ। ਇਸ ਮਾਰਚ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੂੰ ਏਕਤਾ, ਦੇਸ਼ ਭਗਤੀ ਅਤੇ ਰਾਸ਼ਟਰ ਨਿਰਮਾਣ ਦੇ ਮੁੱਲਾਂ ਨਾਲ ਜੋੜਨਾ ਹੈ। ਇਸ ਸਬੰਧੀ ਰਚਨਾਤਮਕ ਮੁਕਾਬਲੇ, ਜਾਗਰੂਕਤਾ ਪ੍ਰੋਗਰਾਮ ਅਤੇ ਪ੍ਰਦਰਸ਼ਨੀਆਂ ਵੀ ਕਰਵਾਈਆਂ ਜਾਣਗੀਆਂ। ਵਧੀਕ ਡਿਪਟੀ ਕਮਿਸ਼ਨਰ ਨੇ ਪੁਲਿਸ ਪ੍ਰਸ਼ਾਸਨ ਨੂੰ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਮਾਰਚ ਦੌਰਾਨ ਟਰੈਫਿਕ ਪ੍ਰਬੰਧ ਸੁਚਾਰੂ ਬਣਾਇਆ ਜਾਵੇ ਤਾਂ ਜੋ ਕਿਸੇ ਵੀ ਪ੍ਰਕਾਰ ਦੀ ਰੁਕਾਵਟ ਜਾਂ ਅਸੁਵਿਧਾ ਪੈਦਾ ਨਾ ਹੋਵੇ। ਉਨ੍ਹਾਂ ਨੇ ਕਾਰਜ ਸਾਧਕ ਅਫਸਰ ਨੂੰ ਨਿਰਦੇਸ਼ ਦਿੱਤੇ ਕਿ ਮਾਰਚ ਵਾਲੀ ਥਾਂ 'ਤੇ ਸਾਫ਼-ਸਫ਼ਾਈ ਅਤੇ ਹੋਰ ਲੋੜੀਂਦੇ ਪ੍ਰਬੰਧ ਸੁਨਿਸ਼ਚਿਤ ਕੀਤੇ ਜਾਣ। ਉਨ੍ਹਾਂ ਹੋਰ ਸਬੰਧਤ ਵਿਭਾਗਾਂ ਨੂੰ ਮੈਡੀਕਲ ਸਹਾਇਤਾਂ ਅਤੇ ਐਂਬੂਲੈਂਸ,ਪੀਣ ਯੋਗ ਪਾਣੀ ਦੇ ਪੁਖਤਾ ਪ੍ਰਬੰਧ ਇਸ ਮੌਕੇ ਐਸ .ਪੀ ਗੁਰਸ਼ਰਨਜੀਤ ਸਿੰਘ, ਐਸ.ਡੀ.ਐਮ ਮਾਲੇਰਕੋਟਲਾ/ਅਹਿਮਦਗੜ੍ਹ ਗੁਰਮੀਤ ਕੁਮਾਰ ਬਾਂਸਲ, ਸਹਾਇਕ ਸਿਵਲ ਸਰਜਨ ਡਾ.ਸਜੀਲਾ ਖਾਨ, ਸਹਾਇਕ ਮਿਊਂਸਪਲ ਇੰਜਨੀਅਰ (ਸਿਵਲ) ਇੰਜ.ਨਰਿੰਦਰ ਕੁਮਾਰ, ਜ਼ਿਲਾ ਯੂਥ ਅਫਸਰ ਨਹਿਰੂ ਯੂਵਾ ਕੇਂਦਰ ਰਾਹੁਲ ਸੈਨੀ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।




# 13 ਦਸੰਬਰ ਨੂੰ ਹੋਵੇਗੀ ਮੋਗਾ, ਨਿਹਾਲ ਸਿੰਘ ਵਾਲਾ ਤੇ ਬਾਘਾ ਪੁਰਾਣਾ 'ਚ ਰਾਸ਼ਟਰੀ ਲੋਕ ਅਦਾਲਤ

**ਮੋਗਾ (ਇਕਬਾਲ ਸਿੰਘ ਖਹਿਰਾ)** ਨੈਸ਼ਨਲ ਲੀਗਲ ਸਰਵਿਸਜ ਅਥਾਰਟੀ ਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ 13 ਦਸੰਬਰ ਨੂੰ ਮੋਗਾ, ਨਿਹਾਲ ਸਿੰਘ ਵਾਲਾ ਤੇ ਬਾਘਾਪੁਰਾਣਾ ਦੀਆਂ ਅਦਾਲਤਾਂ ਅਤੇ ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ) ਮੋਗਾ ਵਿਖੇ ਰਾਸ਼ਟਰੀ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ । ਲੋਕ ਅਦਾਲਤ ਦਾ ਵੱਧ ਤੋਂ ਵੱਧ ਲੋੜਵੰਦਾਂ ਤੱਕ ਲਾਭ ਪੁਚਾਉਣ ਦੇ ਮਕਸਦ ਨਾਲ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੋਗਾ ਨੀਲਮ ਅਰੋੜਾ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦਾ ਆਯੋਜਨ ਕੀਤਾ। ਮੀਟਿੰਗ ਵਿੱਚ ਜ਼ਿਲ੍ਹਾ ਲੀਡ ਬੈਂਕ ਮੈਨੇਜਰ, ਵਾਟਰ ਤੇ ਸੈਨੀਟੇਸ਼ਨ ਵਿਭਾਗ, ਬੀ.ਐਸ.ਐਨ.ਐਲ, ਵੱਖ ਵੱਖ ਬੈਂਕਾਂ ਦੇ ਮੈਨੇਜਰਾਂ ਤੇ ਹੋਰ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।ਮੀਟਿੰਗ ਦੌਰਾਨ ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਦੱਸਿਆ ਕਿ ਇਸ ਲੋਕ ਅਦਾਲਤ 'ਚ ਅਦਾਲਤੀ ਅਤੇ ਪ੍ਰੀ-ਲੀਟੀਗੇਟਿਵ ਪੜਾਅ 'ਤੇ ਆਏ ਰਾਜ਼ੀਨਾਮਾ ਹੋਣ ਯੋਗ ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਜਾਵੇਗਾ।ਇਸ ਲੋਕ ਅਦਾਲਤ ਵਿੱਚ ਦੀਵਾਨੀ ਕੇਸ, ਘਰੇਲੂ ਝਗੜੇ, ਮੋਟਰ ਵਹੀਕਲ ਸੜਕ ਦੁਰਘਟਨਾਵਾਂ ਦੇ ਮੁਆਵਜੇ ਦੇ ਮਸਲੇ, ਜ਼ਮੀਨੀ ਝਗੜੇ ਦੇ ਮਸਲੇ, ਬਿਜਲੀ ਚੋਰੀ ਦੇ ਮਸਲੇ, ਚੈੱਕ ਬਾਊਂਸਿੰਗ ਦੇ ਮਸਲੇ, ਟ੍ਰੈਫਿਕ ਚਲਾਨ, ਰਿਕਵਰੀ ਸੂਟ, ਲੇਬਰ ਆਦਿ ਦੇ ਮਸਲੇ ਲਾਏ ਜਾ ਸਕਦੇ ਹਨ। ਨੀਲਮ ਅਰੋੜਾ ਨੇ ਦੱਸਿਆ ਕਿ ਇਨ੍ਹਾਂ ਲੋਕ ਅਦਾਲਤਾਂ ਦੇ ਨਾਲ ਜਿੱਥੇ ਆਮ ਲੋਕਾਂ ਨੂੰ ਰਾਹਤ ਮਿਲਦੀ ਹੈ, ਉਥੇ ਉਨ੍ਹਾਂ ਲੋਕਾਂ ਦਾ ਸਮਾਂ ਤੇ ਪੈਸੇ ਦੀ ਵੀ ਬੱਚਤ ਹੁੰਦੀ ਹੈ।ਲੋਕ ਅਦਾਲਤ ਵੱਲੋਂ ਦੋਨੋਂ ਪਾਰਟੀਆਂ 'ਚ ਆਪਸੀ ਦੁਸ਼ਮਣੀ ਖਤਮ ਹੋ ਜਾਂਦੀ ਹੈ ਤੇ ਆਪਸੀ ਭਾਈਚਾਰਾ ਵਧਦਾ ਹੈ।ਲੋਕ ਅਦਾਲਤ 'ਚ ਫ਼ੈਸਲਾ ਹੋਣ ਤੋਂ ਬਾਅਦ ਕੇਸ ਵਿੱਚ ਲੱਗੀ ਸਾਰੀ ਕੋਰਟ ਫੀਸ ਵਾਪਸ ਮਿਲ ਜਾਂਦੀ ਹੈ।ਇਸਦੇ ਫ਼ੈਸਲੇ ਨੂੰ ਦੀਵਾਨੀ ਅਦਾਲਤ ਦੀ ਡਿਗਰੀ ਦੀ ਮਾਨਤਾ ਪ੍ਰਾਪਤ ਹੈ।ਇਸ ਫ਼ੈਸਲੇ ਦੇ ਖਿਲਾਫ ਕੋਈ ਅਪੀਲ ਨਹੀਂ ਹੋ ਸਕਦੀ।ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੇ ਕੇਸਾਂ ਦਾ ਲੋਕ ਅਦਾਲਤ ਵਿੱਚ ਫੈਸਲਾ ਕਰਾ ਕੇ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ।




# ਡੀ ਏ ਪੀ ਦੀ ਕਮੀ ਤੁਰੰਤ ਪੂਰੀ ਕਰੇ ਸਰਕਾਰ : ਭੱਟੀਆਂ, ਸ਼ੇਰੀਆਂ

## ਝੋਨੇ ਦਾ ਘੱਟ ਝਾੜ ਨਿਕਲਣ ਦਾ ਮੁਆਵਜ਼ਾ ਜਲਦ ਦਿੱਤਾ ਜਾਵੇ



**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਬੀ.ਕੇ.ਯੂ. ਰਾਜੇਵਾਲ ਦੇ ਆਗੂਆਂ ਦੀ ਇੱਕ ਮੀਟਿੰਗ ਸੂਬਾ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਭੱਟੀਆਂ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਵੱਖ-ਵੱਖ ਕਿਸਾਨੀ ਮੁੱਦਿਆਂ 'ਤੇ ਵਿਚਾਰਾਂ ਕੀਤੀਆਂ। ਬਲਾਕ ਪ੍ਰਧਾਨ ਕਰਮਜੀਤ ਸਿੰਘ ਅਢਿਆਣਾ, ਹਰਬੰਤ ਸਿੰਘ ਬਾਬਾ, ਕਰਮਜੀਤ ਸਿੰਘ ਮਾਛੀਵਾੜਾ ਵੀ ਹਾਜ਼ਰ ਸਨ। ਸੁਖਵਿੰਦਰ ਸਿੰਘ ਭੱਟੀਆਂ ਤੇ ਅਵਤਾਰ ਸਿੰਘ ਸ਼ੇਰੀਆਂ ਨੇ ਦੱਸਿਆ ਕਿ ਆਲੂ ਤੇ ਕਣਕ ਦੀ ਬਿਜਾਈ ਲਈ ਕਿਸਾਨਾਂ ਨੂੰ ਡੀ.ਏ.ਪੀ. ਖਾਦ ਦੀ ਬਹੁਤ ਲੋੜ ਹੈ ਪਰ ਨਾ ਹੀ ਸਹਿਕਾਰੀ ਸਭਾਵਾਂ ਤੇ ਨਾ ਹੀ ਬਜ਼ਾਰ ਵਿਚ ਦੁਕਾਨਦਾਰਾਂ ਤੋਂ ਲੋੜੀਂਦਾ ਖਾਦ ਮਿਲ ਰਿਹਾ ਹੈ, ਜਿਸ ਕਾਰਨ ਬਿਜਾਈ ਵਿਚ ਦੇਰੀ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਕੀਟਨਾਸ਼ਕ ਦਵਾਈ ਵਿਕ੍ਰੇਤਾ ਕਿਸਾਨਾਂ ਦੀ ਇਸ ਮੁਸ਼ਕਲ ਦਾ ਲਾਭ ਉਠਾ ਕੇ ਖਾਦ ਦੇ ਨਾਲ ਗੈਰ ਜ਼ਰੂਰੀ ਵਸਤਾਂ ਧੱਕੇ ਨਾਲ ਵੇਚ ਰਹੇ ਹਨ, ਜਿਸ ਕਾਰਨ ਉਨ੍ਹਾਂ ਦੀ ਲੁੱਟ ਹੋ ਰਹੀ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਡੀ.ਏ.ਪੀ. ਖਾਦ ਦੀ ਕਮੀ ਤੁਰੰਤ ਪੂਰੀ ਕਰੇ ਤਾਂ ਜੁ ਫ਼ਸਲ ਦੀ ਬਿਜਾਈ ਦਾ ਕੰਮ ਸਮੇਂ ਸਿਰ ਮੁਕੰਮਲ ਹੋ ਸਕੇ। ਉਨ੍ਹਾਂ ਕਿਹਾ ਕਿ ਹੜ੍ਹਾਂ ਕਾਰਨ ਪੰਜਾਬ ਦੇ ਕਾਫ਼ੀ ਜ਼ਿਲ੍ਹਿਆਂ 'ਚ ਫ਼ਸਲ ਬਿਲਕੁਲ ਤਬਾਹ ਹੋ ਚੁੱਕੀ ਹੈ, ਪਰ ਸਰਕਾਰ ਨੇ ਆਪਣੇ ਕੀਤੇ ਵਾਅਦੇ ਅਨੁਸਾਰ ਪੂਰਾ ਮੁਆਵਜ਼ਾ ਨਹੀਂ ਦਿੱਤਾ, ਜੋ ਨਿੰਦਣਯੋਗ ਹੈ। ਇਸ ਤੋਂ ਇਲਾਵਾ ਭਾਰੀ ਮੀਂਹਾਂ ਕਾਰਨ ਫਸਲਾਂ ਦਾ ਝਾੜ ਬੇਹੱਦ ਘੱਟ ਨਿਕਲਿਆ ਅਤੇ ਸਰਕਾਰ ਵਲੋਂ ਕਿਸਾਨਾਂ ਨੂੰ 1 ਰੁਪਏ ਮੁਆਵਜ਼ਾ ਨਹੀਂ ਦਿੱਤਾ ਗਿਆ, ਜਿਸ ਕਾਰਨ ਉਹ ਬੇਹੱਦ ਆਰਥਿਕ ਮੰਦਹਾਲੀ ਦੇ ਦੌਰ 'ਚੋਂ ਗੁਜ਼ਰ ਰਹੇ ਹਨ। ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਕੇਂਦਰ ਤੇ ਸੂਬਾ ਸਰਕਾਰ ਹਰੇਕ ਕਿਸਾਨ ਦਾ ਜੋ ਫ਼ਸਲੀ ਘਾਟਾ ਪਿਆ ਹੈ, ਉਸ ਨੂੰ ਪੂਰਾ ਕਰਨ ਲਈ ਵੱਧ ਤੋਂ ਵੱਧ ਮੁਆਵਜ਼ਾ ਦੇਵੇ।

# ਡੀ ਐੱਸ ਪੀ ਗੁਰਿੰਦਰ ਸਿੰਘ ਬੱਲ ਨੂੰ ਸਦਮਾ, ਜੀਜੇ ਦਾ ਦੇਹਾਂਤ

**ਨਾਭਾ (ਵਰਿੰਦਰ ਵਰਮਾ)**- ਡੀ ਐਸ ਪੀ ਗੁਰਿੰਦਰ ਸਿੰਘ ਬੱਲ ਨੂੰ ਉਸ ਸਮੇਂ ਗਹਿਰਾ ਸਦਮਾ ਪਹੁੰਚਿਆ ਜਦੋਂ ਸੋਮਵਾਰ ਕੈਨੇਡਾ ਦੇ ਐਬਟਸਫੋਰਡ ਵਿਚ ਉਨ੍ਹਾਂ ਦੇ ਜੀਜੇ ਉੱਘੇ ਕਾਰੋਬਾਰੀ ਦਰਸ਼ਨ ਸਿੰਘ ਸਹਾਸੀ (68) ਦਾ ਕਤਲ ਕਰ ਦਿੱਤਾ ਗਿਆ। ਮ੍ਰਿਤਕ ਦਰਸ਼ਨ ਸਿੰਘ ਸਹਾਸੀ ਪੰਜਾਬ ਦੇ ਲੁਧਿਆਣਾ ਜ਼ਿਲ੍ਹੇ ਦੇ ਦੋਰਾਹਾ ਪਿੰਡ ਰਾਜਗੜ੍ਹ ਦਾ ਰਹਿਣ ਵਾਲਾ ਸੀ ਅਤੇ ਉਹ ਕੇਨਮ ਇੰਟਰਨੈਸ਼ਨਲ ਕੰਪਨੀ ਦਾ ਪ੍ਰਧਾਨ ਸੀ, ਜਿਸ ਨੂੰ ਦੁਨੀਆ ਦੀਆਂ ਸਭ ਤੋਂ ਵੱਡੀਆਂ ਕੱਪੜਿਆਂ ਦੀ ਰੀਸਾਈਕਲਿੰਗ ਕੰਪਨੀਆਂ ਵਿਚੋਂ ਇਕ ਮੰਨਿਆ ਜਾਂਦਾ ਹੈ। ਦਰਸ਼ਨ ਸਿੰਘ ਸਹਾਸੀ ਦੀ ਮੌਤ ਉਪਰੰਤ ਡੀ ਐਸ ਪੀ ਗੁਰਿੰਦਰ ਸਿੰਘ ਬੱਲ ਨਾਲ ਦੁੱਖ ਸਾਂਝਾ ਕਰਨ ਵਾਲਿਆਂ ਵਿੱਚ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਗੁਰਬਚਨ ਸਿੰਘ ਬਿੱਲੂ ਮੱਲੇਵਾਲ, ਆਪ ਆਗੂ ਤੇਜਿੰਦਰ ਸਿੰਘ ਚੌਧਰੀ ਮਾਜਰਾ, ਇੰਪਰੂਵਮੈਂਟ ਟਰਸੱਟ ਚੇਅਰਮੈਨ ਨਾਭਾ ਜਸਵੀਰ ਸਿੰਘ ਜੱਸੀ ਸੋਹੀਆ ਵਾਲਾ, ਹੀਰਾ ਆਟੋਮੋਬਾਇਲ ਦੇ ਸੀ ਈ ਓ ਗੌਰਵ ਗਾਬਾ, ਹਰਦੇਵ ਸਿੰਘ ਸਰਾਓ, ਸੀਨੀਅਰ ਅਕਾਲੀ ਆਗੂ ਅਸ਼ੋਕ ਬਾਂਸਲ, ਰਣਜੀਤ ਸਿੰਘ ਨੰਬਰਦਾਰ ਸੰਗਤਪੁਰਾ ਭੌਂਕੀ, ਯਾਦਵਿੰਦਰ ਸਿੰਘ ਮਝੈਲ, ਅਰਵਿੰਦਰ ਸਿੰਘ ਪੱਪੂ ਢਿੱਲੋਂ, ਐਡਵੋਕੇਟ ਹਰਪ੍ਰੀਤ ਸਿੰਘ ਨੌਟੀ, ਐਡਵੋਕੇਟ ਜਤਿੰਦਰਪਾਲ ਸਿੰਘ ਜੇਪੀ, ਨਰਿੰਦਰ ਬਾਂਸਲ, ਪੁਨੀਤ ਗਰਗ, ਗੁਰਕੀਰਤ ਸਿੰਘ ਸਰਪੰਚ ਕਾਲਸਨਾ ਅਤੇ ਰਾਕੇਸ਼ ਗੁਪਤਾ ਆਦਿ ਮੌਜੂਦ ਸਨ।




## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਸੂਚਨਾ ਨੰਬਰ 433_Sig_JAT_15_24_25 ਤਾਰੀਕ : - 26.10.2025
ਅੰਤਮ ਮਿਤੀ/ਸਮਾਂ: 17.11.2025 15:00

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਅਤੇ ਉਨ੍ਹਾਂ ਦੇ ਲਈ ਕੰਮ ਕਰਨ ਵਾਲੇ DSTE/JAT ਟੈਂਡਰ ਨੋਟਿਸ ਨੰਬਰ 433_JAT-15_24-25ਦੇ ਸੁਧਾਰ ਦੇ ਖਿਲਾਫ https://www.ireps.gov.in 'ਤੇ ਈ-ਨਿਵਿਦਾਵਾਂ ਦੀ ਮੰਗ ਕਰਦੇ ਹਨ। ਸਮਾਪਤੀ ਮਿਤੀ/ਸਮਾਂ 17.11.2025 ਨੂੰ 15:00 ਵਜੇ ਬੋਲੀਦਾਤਾ ਆਪਣੀ ਮੂਲ/ ਸੰਸ਼ੋਧਿਤ ਬੋਲੀਆਂ ਅੰਤਮ ਮਿਤੀ ਅਤੇ ਸਮੇਂ ਤਕ ਹੀ ਜਮ੍ਹਾ ਕਰ ਸਕਣਗੇ। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਆਫਰ ਦੀ ਇਜਾਜਤ ਨਹੀਂ ਹੈ, ਅਤੇ ਪ੍ਰਾਪਤ ਐਸੇ ਕਿਸੇ ਵੀ ਮੈਨੂੰਅਲ ਆਫਰ ਨੂੰ ਅਣਦੇਖਾ ਕਰ ਦਿਤਾ ਜਾਵੇਗਾ। ਠੇਕੇਦਾਰਾਂ ਨੂੰ ਇਸ ਨਿਵਿਦਾ ਦੇ ਲਈ ਨਿਵਿਦਾ ਦਸਤਾਵੇਜ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ ਆਈਆਰਈਪੀਐਸ ਪੋਰਟ ਤੇ ਉਪਲਬਧ ਆਨਲਾਈਨ ਭੁਗਤਾਨ ਮੋਡ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਕਰੇਡਿਟ ਕਾਰਡ ਆਦਿ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਜਮ੍ਹਾ ਰਸੀਦਾਂ, FDR ਆਦਿ ਦੇ ਮਾਧਿਅਮ ਨਾਲ ਮੈਨੂੰਅਲ ਦੀ ਇਜਾਜਤ ਨਹੀਂ ਹੈ।
ਐਨਆਈਟੀ

| ਕਾਂਟਰੈਕਟ ਪ੍ਰਕਾਰ | ਕੰਮ ਕਰਦਾ ਹੈ |
|---|---|
| ਕੰਮ ਦਾ ਨਾਮ | ਜੰਮੂ ਸੰਭਾਗ ਵਿਚ ਪੀਟੀਕੇ-ਜੇਈਟੀ ਸੈਕਸ਼ਨ ਉਤੇ 20000 ਤੋਂ ਜਿਆਦਾ ਟੀਵੀਯੂ ਵਾਲੇ 7 ਐਲ-ਅਕਿੰਸਗ ਗੇਟਾਂ ਯਾਨੀ ਬੀ-2-2 ਅਤੇ ਸੀ-9 ਅਤੇ ਪੀਟੀਕੇਸੀ-ਬੀਪੀਆਰਐਸ ਸੈਕਸ਼ਨ ਉਤੇ ਸੀ-46ਏ, ਸੀ-51, ਸੀ-97, ਸੀ-134 ਅਤੇ ਸੀ-142 ਦਾ ਇੰਟਰਲਾਕਿੰਗ ਅਤੇ ਜੰਮੂ ਸੰਭਾਵ ਦੇ ਪੀਟੀਕੇ-ਜੇਈਟੀ ਸੈਕਸ਼ਨ ਉਤੇ 5 ਬਲਾਕ ਸੇਕਸ਼ਨਾਂ ਵਿਚ ਬਲਾਕ ਕੰਮ ਦੇ ਲਈ ਦੋਹਰੀ ਪਹਿਚਾਨ ਦਾ ਪ੍ਰਾਵਧਾਨ। (ਐਸਐਮਬੀਐਕਸ-ਜੀਐਚਜੀਐਲ ਅਪ/ਡਾਊਨ ਐਚਆਰਐਨਆਰ-ਸੀਐਚਐਨਆਰ ਅਪ/ਡਾਊਨ, ਸੀਐਚਐਨਆਰ-ਬੀਡੀਐਚਵਾਈ ਅਪ/ਡਾਊਨ, ਬੀਡੀਐਚਵਾਈ-ਕੇਟੀਐਚਯੂ ਅਪ/ਡਾਊਨ ਅਤੇ ਅਸਜੇਐਨਪੀ-ਬੀਐਚਆਰਐਲ ਅਪ/ਡਾਊਨ) |

ਬਦਲੇ ਗਏ ਆਈਟਮ — ਨਵੇਂ ਆਈਟਮ

| ਪ੍ਰੋਗਰਾਮ | ਵਸਤੂ ਵੇਰਵਾ | ਆਈਟਮ ਕੋਟ | ਵਸਤੂ ਮਾਤ੍ਰਾਂ | ਮਾਤ੍ਰਾ ਇਕਾਈ | ਇਕਕ ਦਰ | ਬੁਨਿਆਦੀ ਮੁੱਲ | ਤੀਵ੍ਰਤਾ | ਰਾਸ਼ੀ |
|---|---|---|---|---|---|---|---|---|
| ਅਨੁਸੂਚੀ ਬੀ-ਸਪਲਾਈ ਆਈਟਮ | ਹਾਰਡ ਰਬਰ ਕੰਟੇਨਰ ਨਾਲ ਬਣੇ ਅਤੇ ਸ਼ੁਰੂਆਤੀ ਚਾਰਜਿੰਗ ਦੇ ਨਾਲ ਨਾਮ ਮਾਤਰ ਵੋਲਟੇਜ 2 ਵੋਲਟਰ 200 AH ਦੇ S&T ਸਥਾਪਨਾ ਦੇ ਲਈ ਲੇਡ ਅਸਿਡ ਸੇਕੇਂਡਰੀ ਸੇਲਸ ਦੀ ਸਪਲਾਈ, ਵਿਸ਼ਿਸ਼ਟਤਾ ਨੰਬਰ IRS-S-88-/2004 ਦੇ ਅਨੁਸਾਰ ਨਵੀਨਤਮ ਸੰਸ਼ੋਧਨ ਸਮੇਤ। ਨਿਰੀਖਣ RDSO ਦੁਆਰਾ। | 13 | 590 | ਸੰਖਿਆਵਾਂ | 4964.49 | 2929049.10 | 0.00 | 2929049.10 |

ਹਟਾਏ ਗਏ ਆਈਟਮ

| ਲੜੀ ਨੰਬਰ | ਕੋਡ | ਵਸਤੂ ਵੇਰਵਾ |
|---|---|---|
| | ਅਨੁਸੂਚੀ ਬੀ-ਦੀ ਵਸਤੂ 1 | ਐਸ ਐਂਡ ਟੀ ਸੰਸਥਾਪਨਾ ਦੇ ਲਈ ਲੇਡ ਅਸਿਡ ਸੇਕੇਂਡਰੀ ਸੇਲਸ ਦੀ ਸਪਲਾਈ, ਜੋ ਕਠੋਰ ਰਬਰ ਕੰਟੇਨਰ ਨਾਲ ਬਣੀ ਹੋਵੇ ਅਤੇ ਜਿਨ੍ਹਾਂ ਵਿਚ ਸ਼ੁਰੂਆਤੀ ਚਾਰਜਿੰਗ ਦੇ ਨਾਲ ਨਾਮਾਤਰ ਵੋਲਟੇਜ 2 ਵੋਲਟ ਅਤੇ 200 ਏਐਚ ਸਮਰਥਾ ਹੋਵੇ, ਵਿਨਿਰਦੇਸ਼ ਨੰਬਰ IRS-S-88/2004 (ਨਵੀਨਤਮ ਸੰਸ਼ੋਧਨ ਸਮੇਤ) ਦੇ ਅਨੁਸਾਰ। ਨਿਰੀਖਣ ਆਰਡੀਐਸਓ ਦੁਆਰਾ ਕੀਤਾ ਜਾਵੇਗਾ। |

| | | | |
|---|---|---|---|
| ਨਿਵਿਦਾ ਸਮਾਪਨ ਮਿਤੀ ਸਮਾਂ | 17.11.2025 15:00 | ਨਿਵਿਦਾ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 26.10.2025 17:16 |
| ਵਿਗਿਆਪਤ ਮੂਲ (ਰੁ) | 2929049.10. | ਆਈਆਰਈਪੀਐਸ ਦੇ ਅਨੁਸਾਰ ਬੋਲੀ ਸ਼ੁਰੂ ਮਿਤੀ | 01.11.2025 |
| ਬਿਆਨਾ ਰਾਸ਼ੀ (ਰੁ.) | 58580.98 | ਪੂਰਾ ਹੋਣ ਦੀ ਮਿਤੀ | 6 Months |

3351/25
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਟਰਾਈਡੈਂਟ ਗਰੁੱਪ ਵੱਲੋਂ ਫਰੀ ਮੈਗਾ ਮੈਡੀਕਲ ਕੈਂਪ ਦਾ ਆਗਾਜ਼

**ਬਰਨਾਲਾ (ਰਾਜਿੰਦਰ ਬਰਾੜ)**- ਟਰਾਈਡੈਂਟ ਗਰੁੱਪ ਦੇ ਸੰਸਥਾਪਕ ਅਤੇ ਮੈਂਬਰ ਰਾਜ ਸਭਾ ਪਦਮਸ਼੍ਰੀ ਰਜਿੰਦਰ ਗੁਪਤਾ ਅਤੇ ਸੀ.ਐੱਸ.ਆਰ ਹੈੱਡ ਮੈਡਮ ਮਧੂ ਗੁਪਤਾ ਦੀ ਦੂਰਅੰਦੇਸ਼ੀ ਸੋਚ ਅਤੇ ਸਿਹਤਮੰਦ ਸਮਾਜ ਵੱਲ ਵੱਡੀ ਕੋਸ਼ਿਸ਼ ਸਦਕਾ ਟਰਾਈਡੈਂਟ ਗਰੁੱਪ ਵੱਲੋਂ ਫਰੀ ਮੈਗਾ ਮੈਡੀਕਲ ਕੈਂਪ 2025 29 ਅਕਤੂਬਰ ਨੂੰ ਸ਼ੁਰੂ ਹੋਇਆ, ਜਿਸ ਦਾ ਉਦਘਾਟਨ ਮੁੱਖ ਮਹਿਮਾਨ ਡਿਪਟੀ ਕਮਿਸ਼ਨਰ ਬਰਨਾਲਾ ਟੀ.ਬੈਨਿਥ ਆਈ.ਏ.ਐੱਸ. ਅਤੇ ਗੈਸਟ ਆਫ਼ ਆਨਰ ਐੱਸ.ਐੱਸ.ਪੀ ਮੁਹੰਮਦ ਸਰਫ਼ਰਾਜ ਆਲਮ ਆਈ.ਪੀ.ਐੱਸ. ਵੱਲੋਂ ਕੀਤਾ ਗਿਆ। ਉਨ੍ਹਾਂ ਦੇ ਨਾਲ ਪ੍ਰੀਜ਼ਾਇਡਿੰਗ ਅਫ਼ਸਰ ਸਿਵਲ ਸਰਜਨ ਬਰਨਾਲਾ ਡਾ. ਬਲਜੀਤ ਸਿੰਘ ਵੀ ਹਾਜ਼ਰ ਸਨ। ਕੈਂਪ ਦੀ ਸ਼ੁਰੂਆਤ ਮੁੱਖ ਮਹਿਮਾਨਾਂ ਵੱਲੋਂ ਜਯੋਤੀ ਪ੍ਰਚੰਡ ਕਰਕੇ ਕੀਤੀ ਗਈ। ਉਪਰੰਤ ਸੀ.ਐੱਮ.ਸੀ. ਕਾਲਜ ਆਫ਼ ਨਰਸਿੰਗ ਲੁਧਿਆਣਾ ਦੇ ਵਿਦਿਆਰਥੀਆਂ ਵੱਲੋਂ ਪ੍ਰਾਰਥਨਾ ਕੀਤੀ ਗਈ। ਇਸ ਮੌਕੇ ਮੰਚ 'ਤੇ ਡੀ.ਸੀ. ਬਰਨਾਲਾ ਟੀ. ਬੈਨਿਥ, ਐੱਸ.ਐੱਸ.ਪੀ ਮੁਹੰਮਦ ਸਰਫ਼ਰਾਜ ਆਲਮ, ਸਾਬਕਾ ਐੱਮ.ਪੀ. ਤੇ ਸੀਨੀਅਰ ਐਡਵੋਕੇਟ ਰਾਜਦੇਵ ਸਿੰਘ ਖ਼ਾਲਸਾ, ਸਵਾਮੀ ਅੰਮ੍ਰਿਤਾਨੰਦ ਝਲੂਰ ਧਾਮ ਵਾਲੇ, ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਦੇ ਪ੍ਰਧਾਨ ਤੇ ਸਟੇਟ ਐਵਾਰਡੀ ਭੋਲਾ ਸਿੰਘ ਵਿਰਕ, ਸੀ.ਐੱਮ.ਸੀ ਹਸਪਤਾਲ ਲੁਧਿਆਣਾ ਦੇ ਡਾਇਰੈਕਟਰ ਡਾ. ਵਿਲੀਅਮ ਭੱਟੀ, ਮੈਡੀਕਲ ਸੁਪਰੀਟੈਨਡੈਂਟ ਡਾ. ਐਲਨ ਜੋਜ਼ਫ਼, ਬਰਨਾਲਾ ਵੈੱਲਫ਼ੇਅਰ ਕਲੱਬ ਦੇ ਚੇਅਰਮੈਨ ਵਿਵੇਕ ਸਿੰਧਵਾਨੀ, ਟੰਡਨ ਇੰਟਰਨੈਸ਼ਨਲ ਸਕੂਲ ਦੇ ਡਾਇਰੈਕਟਰ ਸ਼ਿਵ ਸਿੰਗਲਾ, ਸੀਨੀਅਰ ਐਡਵੋਕੇਟ ਸਤਨਾਮ ਸਿੰਘ ਰਾਹੀ, ਸੀਨੀਅਰ ਐਡਵੋਕੇਟ ਰਾਹੁਲ ਗੁਪਤਾ, ਆਸਥਾ ਐਨਕਲੇਵ ਦੇ ਐੱਮ.ਡੀ. ਦੀਪਕ ਬਾਂਸਲ ਸੋਨੀ, ਪ੍ਰਧਾਨ ਗੁਰਜੀਤ ਸਿੰਘ ਰਾਮਣਵਾਸੀਆ, ਕੌਂਸਲਰ ਨਰਿੰਦਰ ਗਰਗ ਨੀਟਾ ਆਦਿ ਹਾਜ਼ਰ ਸਨ।ਡਿਪਟੀ ਕਮਿਸ਼ਨਰ ਟੀ. ਬੈਨਿਥ ਨੇ ਕਿਹਾ ਕਿ ਟਰਾਈਡੈਂਟ ਗਰੁੱਪ ਵੱਲੋਂ ਸਮਾਜ ਸੇਵਾ ਦੇ ਖੇਤਰ ਵਿੱਚ ਪਾਇਆ ਗਿਆ ਇਹ ਯੋਗਦਾਨ ਬਹੁਤ ਹੀ ਸ਼ਲਾਘਾਯੋਗ ਹੈ। ਅਜਿਹੇ ਕੈਂਪਾਂ ਨਾਲ ਉਨ੍ਹਾਂ ਲੋੜਵੰਦ ਲੋਕਾਂ ਤੱਕ ਸਿਹਤ ਸਹੂਲਤਾਂ ਪਹੁੰਚਦੀਆਂ ਹਨ, ਜੋ ਕਈ ਵਾਰ ਸ਼ਹਿਰਾਂ ਦੇ ਵੱਡੇ ਹਸਪਤਾਲਾਂ ਤੱਕ ਨਹੀਂ ਪਹੁੰਚ ਸਕਦੇ।ਸੰਬੋਧਨ ਦੌਰਾਨ ਐੱਸ.ਐੱਸ.ਪੀ ਮੁਹੰਮਦ ਸਰਫ਼ਰਾਜ ਆਲਮ ਨੇ ਕਿਹਾ ਕਿ ਟਰਾਈਡੈਂਟ ਗਰੁੱਪ ਨਾ ਸਿਰਫ਼ ਉਦਯੋਗਿਕ ਖੇਤਰ ਵਿੱਚ ਨਾਮ ਕਮਾ ਰਿਹਾ ਹੈ, ਸਗੋਂ ਆਪਣੀ ਸਮਾਜਿਕ ਜ਼ਿੰਮੇਵਾਰੀ ਨੂੰ ਵੀ ਬਾਖ਼ੂਬੀ ਨਿਭਾ ਰਿਹਾ ਹੈ। ਸਵਾਮੀ ਅੰਮ੍ਰਿਤਾਨੰਦ (ਝਲੂਰ ਧਾਮ ਵਾਲੇ) ਨੇ ਕਿਹਾ ਕਿ ਜਦੋਂ ਵੱਡੇ ਸਨਅਤੀ ਅਦਾਰੇ ਆਪਣੀ ਜ਼ਿੰਮੇਵਾਰੀ ਸਮਝਦਿਆਂ ਸਮਾਜ ਸੇਵਾ ਲਈ ਅੱਗੇ ਆਉਂਦੇ ਹਨ, ਤਾਂ ਇਸ ਨਾਲ ਸਮਾਜ ਵਿੱਚ ਇੱਕ ਸਕਾਰਾਤਮਕ ਸੁਨੇਹਾ ਜਾਂਦਾ ਹੈ। ਸਾਬਕਾ ਮੈਂਬਰ ਪਾਰਲੀਮੈਂਟ ਅਤੇ ਸੀਨੀਅਰ ਐਡਵੋਕੇਟ ਰਾਜਦੇਵ ਸਿੰਘ ਖ਼ਾਲਸਾ ਨੇ ਕਿਹਾ ਕਿ ਫ਼ਰੀ ਮੈਗਾ ਮੈਡੀਕਲ ਕੈਂਪ ਲਗਾਉਣ ਦਾ ਟਰਾਈਡੈਂਟ ਗਰੁੱਪ ਵੱਲੋਂ ਬਹੁਤ ਹੀ ਵਧੀਆ ਉਪਰਾਲਾ ਕੀਤਾ ਗਿਆ ਹੈ।ਮੰਚ ਤੋਂ ਸੰਬੋਧਨ ਕਰਦਿਆਂ ਬਰਨਾਲਾ ਵੈੱਲਫ਼ੇਅਰ ਕਲੱਬ ਦੇ ਚੇਅਰਮੈਨ ਵਿਵੇਕ ਸਿੰਧਵਾਨੀ ਨੇ ਇਸ ਫ਼ਰੀ ਮੈਗਾ ਮੈਡੀਕਲ ਕੈਂਪ 2025 ਦਾ ਆਯੋਜਨ ਕਰਨ 'ਤੇ ਟਰਾਈਡੈਂਟ ਗਰੁੱਪ ਦੇ ਸੰਸਥਾਪਕ ਅਤੇ ਮੈਂਬਰ ਰਾਜ ਸਭਾ ਪਦਮਸ਼੍ਰੀ ਰਜਿੰਦਰ ਗੁਪਤਾ ਦਾ ਧੰਨਵਾਦ ਕੀਤਾ। ਇਸ ਮੌਕੇ ਸੀਨੀਅਰ ਐਡਵੋਕੇਟ ਰੁਪਿੰਦਰ ਸਿੰਘ ਸੰਧੂ ਅਤੇ ਸੀਨੀਅਰ ਐਡਵੋਕੇਟ ਸਤਨਾਮ ਸਿੰਘ ਰਾਹੀਂ ਨੇ ਕਿਹਾ ਕਿ ਪਦਮਸ਼੍ਰੀ ਰਜਿੰਦਰ ਗੁਪਤਾ ਨੇ ਬਰਨਾਲਾ ਨੂੰ ਵਿਕਾਸ ਦੀਆਂ ਲੀਹਾਂ 'ਤੇ ਤੋਰਿਆ।ਉਨ੍ਹਾਂ ਕਿਹਾ ਕਿ ਨੇਕ ਕਮਾਈ ਕਾਰਨ ਹੀ ਗੁਪਤਾ ਜੀ ਨੂੰ ਪਦਮਸ਼੍ਰੀ ਦੀ ਉਪਾਧੀ ਮਿਲੀ ਹੈ। ਟਰਾਈਡੈਂਟ ਗਰੁੱਪ ਦੇ ਐਡਮਿਨ ਹੈੱਡ ਰੁਪਿੰਦਰ ਗੁਪਤਾ ਨੇ ਦੱਸਿਆ ਕਿ ਇਹ ਕੈਂਪ 29 ਅਕਤੂਬਰ ਤੋਂ ਸ਼ੁਰੂ ਹੋ ਕੇ 5 ਦਸੰਬਰ ਤੱਕ ਜਾਰੀ ਰਹੇਗਾ। ਕੈਂਪ ਦੌਰਾਨ ਵਿਦੇਸ਼ੀ ਮਹਿਮਾਨਾਂ ਨੇ ਵੀ ਕੈਂਪ ਸਥਾਨ ਦਾ ਦੌਰਾ ਕੀਤਾ। ਇਸ ਤੋਂ ਇਲਾਵਾ ਸੀਨੀਅਰ ਐਡਵੋਕੇਟ ਜਤਿੰਦਰ ਨਾਥ ਸ਼ਰਮਾ, ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਯਾਦਵਿੰਦਰ ਸਿੰਘ ਬਿੱਟੂ ਦੀਵਾਨਾ, ਸਟੈਂਡਰਡ ਕੰਬਾਇਨ ਦੇ ਐੱਮ.ਡੀ. ਨਛੱਤਰ ਸਿੰਘ, ਰਾਜੀਵ ਵਰਮਾ ਰਿੰਪੀ, ਨਗਰ ਕੌਂਸਲ ਤਪਾ ਦੇ ਸਾਬਕਾ ਪ੍ਰਧਾਨ ਤੇ ਮੌਜੂਦਾ ਕੌਂਸਲਰ ਤਰਲੋਚਨ ਬਾਂਸਲ, ਸਰਪੰਚ ਗੁਰਦਰਸ਼ਨ ਬਰਾੜ, ਕੌਂਸਲਰ ਧਰਮ ਸਿੰਘ ਫ਼ੌਜੀ, ਸਣੇ ਵੱਡੀ ਗਿਣਤੀ 'ਚ ਧਾਰਮਿਕ, ਰਾਜਨੀਤਿਕ ਤੇ ਸਮਾਜਸੇਵੀ ਸ਼ਖ਼ਸੀਅਤਾਂ ਹਾਜ਼ਰ ਸਨ। ਮੰਚ ਸੰਚਾਲਨ ਦੀ ਭੂਮਿਕਾ ਐੱਸ.ਐੱਸ.ਡੀ. ਕਾਲਜ ਦੇ ਪ੍ਰਿੰਸੀਪਲ ਡਾ. ਰਾਕੇਸ਼ ਜਿੰਦਲ ਨੇ ਨਿਭਾਈ।



00- Oct - Page - 7.qxd 10/29/2025 11:14 PM Page 1



# ਬਾਬਾ ਅਵਤਾਰ ਸਿੰਘ ਧੱਤਲ ਨੇ ਧਰਮਕੋਟ ਰੰਧਾਵਾ ਵਿਖੇ ਕਣਕ ਬੀਜਣ ਦੀ ਸੇਵਾ ਸ਼ੁਰੂ ਕਰਵਾਈ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਧੰਨ ਧੰਨ ਗੁਰਦੁਆਰਾ ਬਾਬਾ ਮੱਲਾਂ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਅਵਤਾਰ ਸਿੰਘ ਧੱਤਲ ਅਤੇ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਵੱਲੋਂ ਹੜ੍ਹ ਪ੍ਰਭਾਵਿਤ ਪਿੰਡ ਧਰਮਕੋਟ ਰੰਧਾਵਾ ਵਿਖੇ ਕਣਕ ਦੀ ਬਿਜਾਈ ਦੀ ਸੇਵਾ ਸ਼ੁਰੂ ਕਰਵਾਈ ਗਈ।ਇਸ ਮੌਕੇ ਐਡਵੋਕੇਟ ਬਲਰਾਜ ਸਿੰਘ ਦੇ ਗ੍ਰਹਿ ਵਿਖੇ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ, ਬਾਬਾ ਅਵਤਾਰ ਸਿੰਘ ਅਤੇ ਸੰਗਤਾਂ ਵੱਲੋਂ ਸਤਿਨਾਮ ਵਾਹਿਗੁਰੂ ਦਾ ਜਾਪ ਕਰਦੇ ਹੋਏ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ।ਐਡਵੋਕੇਟ ਬਲਰਾਜ ਸਿੰਘ ਵੱਲੋਂ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ, ਸੰਤ ਬਾਬਾ ਅਵਤਾਰ ਸਿੰਘ ਅਤੇ ਹੋਰ ਆਈਆਂ ਹੋਈਆਂ ਮਹਾਨ ਸ਼ਖ਼ਸੀਅਤਾਂ ਨੂੰ ਗੁਰੂ ਘਰ ਦੀ ਬਖ਼ਸ਼ਿਸ਼ ਸਿਰਪਾਓ ਸਾਹਿਬ ਨਾਲ ਨਿੱਘਾ ਸਵਾਗਤ ਕੀਤਾ ਗਿਆ।ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਪਿਛਲੇ ਸਮੇਂ ਦੌਰਾਨ ਹੜ੍ਹ ਦੀ ਮਾਰ ਹੇਠ ਆਏ ਪਿੰਡ ਧਰਮਕੋਟ ਰੰਧਾਵਾ ਵਿਖੇ ਸੰਤ ਬਾਬਾ ਅਵਤਾਰ ਸਿੰਘ ਵੱਲੋਂ ਜੋ ਸੰਗਤਾਂ ਦੇ ਸਹਿਯੋਗ ਨਾਲ ਕਣਕ ਦੀ ਬਿਜਾਈ ਦੇ ਮਹਾਨ ਕਾਰਜ ਆਰੰਭ ਕਰਵਾਏ ਗਏ ਹਨ, ਦੀ ਸ਼ਲਾਘਾ ਕੀਤੀ।ਸੰਤ ਬਾਬਾ ਅਵਤਾਰ ਸਿੰਘ ਨੇ ਦੱਸਿਆ ਕਿ ਡੇਰਾ ਬਾਬਾ ਨਾਨਕ ਦੇ ਪਿੰਡਾਂ ਦਾ ਬਹੁਤ ਵੱਡਾ ਨੁਕਸਾਨ ਹੋਇਆ ਸੀ ਤੇ ਸਾਡੇ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਪਿੰਡ ਧਰਮਕੋਟ ਰੰਧਾਵਾ ਵਿਖੇ ਕਣਕ ਦੀ ਬਿਜਾਈ ਦੀ ਸੇਵਾ ਸ਼ੁਰੂ ਕਰਵਾਈ ਗਈ ਹੈ ਜਿਸ ਵਿੱਚ ਖਾਦ ਬੀਜ ਡੀਜ਼ਲ ਅਤੇ ਟਰੈਕਟਰ ਸੁਪਰ ਸੀਡਰ ਦਾ ਪੂਰਾ ਪ੍ਰਬੰਧ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਫਿਲਹਾਲ ਅਸੀਂ 200 ਏਕੜ ਖੇਤਾਂ ਵਿੱਚ ਕਣਕ ਦੀ ਬਿਜਾਈ ਦਾ ਟੀਚਾ ਲੈ ਕੇ ਚੱਲੇ ਹਾਂ ਤੇ ਅੱਗੇ ਜਿਵੇਂ ਜਿਵੇਂ ਸੰਗਤਾਂ ਸਹਿਯੋਗ ਕਰਨਗੀਆਂ ਉਵੇਂ ਉਵੇਂ ਇਹ ਮਹਾਨ ਕਾਰਜ ਇਸੇ ਤਰ੍ਹਾਂ ਨਿਰੰਤਰ ਜਾਰੀ ਰਹਿਣਗੇ।ਇਸ ਮੌਕੇ ਐਡਵੋਕੇਟ ਬਲਰਾਜ ਸਿੰਘ ਅਤੇ ਪਿੰਡ ਧਰਮਕੋਟ ਰੰਧਾਵਾ ਦੀਆਂ ਸਮੂਹ ਸੰਗਤਾਂ ਵੱਲੋਂ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਅਤੇ ਸੰਤ ਬਾਬਾ ਅਵਤਾਰ ਸਿੰਘ ਧੱਤਲ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਬਲਜਿੰਦਰ ਸਿੰਘ, ਗੁਰਬਖ਼ਸ਼ ਸਿੰਘ, ਗੁਰਨਾਮ ਸਿੰਘ, ਸੁਖਵਿੰਦਰ ਸਿੰਘ, ਗੁਰਜੀਤ ਸਿੰਘ, ਮਹਿਲ ਸਿੰਘ, ਵਿਰਸਾ ਸਿੰਘ, ਡਾ. ਗੁਰਨਾਮ ਸਿੰਘ, ਕਵਲਬੀਰ ਸਿੰਘ ਸਰਪੰਚ ਧਰਮਕੋਟ ਰੰਧਾਵਾ, ਰਤਨ ਸਿੰਘ, ਊਧਮ ਸਿੰਘ, ਅਮਰਜੀਤ ਸਿੰਘ, ਸੁਖਰਾਜ ਸਿੰਘ, ਮੋਹਨ ਸਿੰਘ ਸਾਬਕਾ ਸਰਪੰਚ, ਪ੍ਰਕਾਸ਼ ਸਿੰਘ, ਧਰਮਿੰਦਰ ਸਿੰਘ, ਸੁਖਦੇਵ ਸਿੰਘ, ਜਸਕਰਨ ਸਿੰਘ ਆਦਿ ਹਾਜ਼ਰ ਸਨ।

# ਕਾਂਗਰਸ ਨੂੰ ਵੱਡਾ ਝਟਕਾ : ਸੈਂਕੜੇ ਕਾਂਗਰਸੀ ਆਗੂ ਤੇ ਵਰਕਰ 'ਆਪ' ਵਿੱਚ ਸ਼ਾਮਲ



ਤਰਨ ਤਾਰਨ, (ਪ੍ਰਿਤਪਾਲ ਸਿੰਘ)-ਤਰਨਤਾਰਨ ਜ਼ਿਮਨੀ ਚੋਣ ਤੋਂ ਪਹਿਲਾਂ ਆਮ ਆਦਮੀ ਪਾਰਟੀ (ਆਪ) ਨੂੰ ਉਸ ਵੇਲੇ ਵੱਡੀ ਮਜ਼ਬੂਤੀ ਮਿਲੀ ਜਦੋਂ ਕਾਂਗਰਸ ਪਾਰਟੀ ਦੇ ਸੈਂਕੜੇ ਸਥਾਨਕ ਆਗੂਆਂ ਅਤੇ ਵਰਕਰਾਂ ਨੇ ਆਪਣੀ ਪਾਰਟੀ ਛੱਡ ਕੇ ਆਪ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।ਇਸ ਵੱਡੀ ਸ਼ਮੂਲੀਅਤ ਨੂੰ ਜ਼ਿਮਨੀ ਚੋਣ ਤੋਂ ਪਹਿਲਾਂ ਕਾਂਗਰਸ ਲਈ ਵੱਡੇ ਝਟਕੇ ਵਜੋਂ ਦੇਖਿਆ ਜਾ ਰਿਹਾ ਹੈ।ਆਪ ਪੰਜਾਬ ਦੇ ਸੂਬਾ ਕਾਰਜਕਾਰੀ ਪ੍ਰਧਾਨ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਨੇ ਸੂਬਾ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ, ਡਾ. ਐੱਸ. ਐੱਸ. ਆਹਲੂਵਾਲੀਆ, ਸੂਬਾ ਸਕੱਤਰ ਗੁਰਦੇਵ ਸਿੰਘ ਲਾਖਣਾ ਅਤੇ ਆਪ ਆਗੂ ਜਸਬੀਰ ਸਿੰਘ ਅਤੇ ਸੁਰ ਸਿੰਘ ਦੀ ਮੌਜੂਦਗੀ ਵਿੱਚ ਸਾਰੇ ਨਵੇਂ ਮੈਂਬਰਾਂ ਨੂੰ ਜੀ ਆਇਆਂ ਆਖਿਆ ਅਤੇ ਪਾਰਟੀ ਵਿੱਚ ਰਸਮੀ ਤੌਰ 'ਤੇ ਸ਼ਾਮਲ ਕਰਵਾਇਆ।ਇਸ ਮੌਕੇ ਕਾਂਗਰਸ ਛੱਡ ਕੇ ਆਪ ਵਿਚ ਸ਼ਾਮਲ ਹੋਣ ਵਾਲਿਆਂ ਵਿਚ ਬਾਬਾ ਸਰੂਪ ਸਿੰਘ, ਸੁਖਪਾਲ ਸਿੰਘ, ਰਛਪਾਲ ਸਿੰਘ, ਜਤਿੰਦਰ ਸਿੰਘ, ਸੁਰਜੀਤ ਸਿੰਘ, ਲਖਵਿੰਦਰ ਸਿੰਘ, ਦਿਲਬਾਗ ਸਿੰਘ, ਬਲਵਿੰਦਰ ਸਿੰਘ, ਅਮਰੀਕ ਸਿੰਘ, ਵੀਰ ਸਿੰਘ, ਗੁਰਮੇਲ ਸਿੰਘ, ਗੁਰਬੀਰ ਸਿੰਘ, ਪਰਮਬੀਰ ਸਿੰਘ, ਸਾਹਿਬ ਸਿੰਘ, ਜਸਕਰਨ ਸਿੰਘ, ਸੁਖਵਿੰਦਰ ਸਿੰਘ, ਪ੍ਰਗਟ ਸਿੰਘ, ਗੁਰਦੇਵ ਸਿੰਘ, ਚਮਕੌਰ ਸਿੰਘ ਅਤੇ ਬਲਦੇਵ ਸਿੰਘ ਸਮੇਤ ਸੈਂਕੜੇ ਹੋਰ ਆਗੂ ਅਤੇ ਵਰਕਰ ਸ਼ਾਮਲ ਸਨ।ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਇਮਾਨਦਾਰ ਸ਼ਾਸਨ ਅਤੇ ਲੋਕ-ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਹਰ ਰੋਜ਼ ਚੰਗੇ ਲੋਕ ਆਪ ਨਾਲ ਜੁੜ ਰਹੇ ਹਨ। ਕਾਂਗਰਸ ਅਤੇ ਅਕਾਲੀ ਦਲ ਨੇ ਹਮੇਸ਼ਾ ਤਰਨਤਾਰਨ ਦੇ ਲੋਕਾਂ ਨੂੰ ਧੋਖਾ ਦਿੱਤਾ ਹੈ।ਸੈਂਕੜੇ ਸਾਥੀਆਂ ਦੇ ਆਉਣ ਨਾਲ ਪਾਰਟੀ ਨੂੰ ਜ਼ਮੀਨੀ ਪੱਧਰ ਤੇ ਵੱਡੀ ਤਾਕਤ ਮਿਲੀ ਹੈ। ਮੈਨੂੰ ਯਕੀਨ ਹੈ ਕਿ ਇਹ ਸਾਰੇ ਆਗੂ ਸਾਡੇ ਉਮੀਦਵਾਰ ਹਰਮੀਤ ਸਿੰਘ ਸੰਧੂ ਦੀ ਜਿੱਤ ਨੂੰ ਯਕੀਨੀ ਬਣਾਉਣ ਲਈ ਪੂਰੀ ਮਿਹਨਤ ਕਰਨਗੇ।ਸ਼ਾਮਲ ਹੋਏ ਆਗੂਆਂ ਨੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ ਅਤੇ ਭਰੋਸਾ ਦਿਵਾਇਆ ਕਿ ਉਹ ਆਪ ਉਮੀਦਵਾਰ ਹਰਮੀਤ ਸਿੰਘ ਸੰਧੂ ਦੀ ਜਿੱਤ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।

## ਰਜਿਸਟਰੀ ਗੁੰਮਸ਼ੁਦਗੀ ਸੂਚਨਾ

ਇੱਕ ਰਜਿਸਟਰੀ ਜਿਸ ਦਾ ਪਲਾਟ ਨੰਬਰ 29, ਜਿਸਦਾ ਖਸਰਾ ਨੰਬਰ 70//1, 70//2/1/1 ਮਿੰਨ ਖੇਵਟ ਖਤੌਨੀ ਨੰਬਰ 1750/2425 ਵਾਕਿਆ ਰਕਬਾ ਕਾਲਾ ਘਨੂੰਪੁਰ ਸਬ ਅਰਬਨ ਅਬਾਦੀ ਮਿਲਾਪ ਐਵੀਨਿਊ ਛੇਹਰਟਾ ਤਹਿਸੀਲ ਅਤੇ ਜਿਲ੍ਹਾ ਅੰਮ੍ਰਿਤਸਰ ਜੋ ਕਿ ਮੇਰੀ ਪਤਨੀ ਲੇਟ ਦਵਿੰਦਰਜੀਤ ਕੌਰ ਦੇ ਨਾਮ ਤੇ ਮਹਿਕਮਾ ਮਾਲ ਤੋਂ ਤਸਦੀਕਸ਼ੁਦਾ ਹੈ ਜਿਸਦੀ ਪੈਮਾਇਸ਼ ਲੰਬਾਈ 41 ਫੁੱਟ, ਚੌੜਾਈ 22 ਫੁੱਟ, ਕੁੱਲ ਰਕਬਾ 100.22 ਵਰਗ ਗਜ ਜੋ ਕਿ ਛੇਹਰਟਾ ਚੌਕ ਵਿਖੇ ਕਿਧਰੇ ਗੁੰਮ ਹੋ ਗਈ ਹੈ ਅਤੇ ਕਾਫ਼ੀ ਭਾਲ ਕਰਨ ਤੇ ਵੀ ਨਹੀ ਮਿਲੀ। ਇਸ ਸੰਬੰਧ ਵਿੱਚ ਪੁਲਿਸ ਥਾਣਾ ਛੇਹਰਟਾ ਵਿਖੇ ਰਿਪੋਰਟ ਦਰਜ ਕਰਵਾਈ ਗਈ ਹੈ ਜਿਸਦਾ ਰੋਜਨਾਮਚਾ ਨੰਬਰ 042 ਰੋਜਨਾਮਚਾ ਮਿਤੀ 28/10/2025 ਹੈ। ਜੇਕਰ ਇਹ ਰਜਿਸਟਰੀ ਕਿਸੇ ਨੂੰ ਮਿਲਦੀ ਹੈ ਤਾਂ ਉਹ ਹੇਠ ਲਿਖੇ ਨੰਬਰ ਤੇ ਸੂਚਿਤ ਕਰ ਸਕਦਾ ਹੈ। ਰਜਿਸਟਰੀ ਦੀ ਗਲਤ ਵਰਤੋਂ ਕਰਨ ਵਾਲਾ ਜਾਂ ਕੋਈ ਖ੍ਰੀਦੋ ਫਰੋਕਤ ਕਰਨ ਵਾਲਾ ਖੁਦ ਆਪ ਜਿੰਮੇਵਾਰ ਹੋਵੇਗਾ।

## ਉੱਤਰ ਰੇਲਵੇ

### ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਣਿਜ ਪ੍ਰਬੰਧਕ/ ਮਾਲਭਾੜਾ, ਉੱਤਰ ਰੇਲਵੇ, ਫਿਰੋਜ਼ਪੁਰ ਦੁਆਰਾ ਹੇਠਾਂ ਦਿੱਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| ਨੀਲਾਮੀ ਸੂਚੀ ਨੰ. | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SLR25-120 | 12.11.25 ਨੂੰ 11:00 ਵਜੇ | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ਼ 'ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ / ਐਸਐਲਆਰ ਕੰਪਾਰਟਮੈਂਟ): 15532/F1, 14680/F1, 14626/F1, 22446/F1, 22552/F1, 14614/R1, 14614/F1, 19326/F1, 14682/F1, 14604/F1 & 12030/F1. |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ। 3354/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## AXIS BANK LTD.

ਰਿਟੇਲ ਐਸੇਟ ਸੈਂਟਰ : ਦੂਸਰੀ ਅਤੇ ਤੀਸਰੀ ਮੰਜ਼ਲ, ਪ੍ਰਾਪਰਟੀ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001
ਕਾਰਪੋਰੇਟ ਦਫ਼ਤਰ : 'ਐਕਸਿਸ ਹਾਊਸ', ਬਲਾਕ-ਬੀ, ਬੰਬੇ ਡਾਇੰਗ ਮਿਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025,
ਰਜਿਸਟਰਡ ਦਫ਼ਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ, ਅਹਿਮਦਾਬਾਦ-380006

### ਅਚੱਲ ਜਾਇਦਾਦ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

[illegible]

| | |
|---|---|
| ਜਾਣਕਾਰੀ 'ਚ ਲਿਆਂ (ਲੈਣਦਾਰੀ ਤੋਂ) | ਕੋਈ ਨਹੀਂ |
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 12,17,280/- [illegible] |
| ਬਿਆਨਾ ਰਕਮ ਡਿਪਾਜ਼ਿਟ (ਰੁਪਏ 'ਚ) | ਰੁਪਏ 1,21,728/- [illegible] |
| ਬੋਲੀ ਵਾਧਾ ਰਕਮ | ਰੁਪਏ 10,000/- (ਦਸ ਹਜ਼ਾਰ ਰੁਪਏ ਕੇਵਲ) |
| ਈ ਐਮ ਡੀ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ, ਸਮਾਂ ਅਤੇ ਸਥਾਨ | [illegible] |
| ਜਨਤਕ ਈ-ਨੀਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ https://www.bankeauctions.com 'ਤੇ 20 ਨਵੰਬਰ 2025 ਨੂੰ [illegible] |

ਜਾਇਦਾਦ ਦਾ ਵੇਰਵਾ

ਬੈਨਾਮਾ [illegible] ਨਾਂਅ ਰਜਿ[illegible] ਵਿਖੇ ਸਥਿਤ, ਹੱਦਬਸਤ ਨੰ. 433, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਦਸਤਾਵੇਜ਼ ਅਨੁਸਾਰ) ਪੂਰਬ : ਮਕਾਨ : ਦਿਲਪ੍ਰੀਤ ਸਿੰਘ, ਪੱਛਮ : ਹੋਰਨਾਂ ਦਾ ਪਲਾਟ, ਉੱਤਰ : ਸੜਕ, ਦੱਖਣ : ਮਕਾਨ : ਦਿਲਪ੍ਰੀਤ ਸਿੰਘ

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ https://www.axisbank.com/auction-retail ਅਤੇ ਬੈਂਕ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਦਾ ਹਵਾਲਾ ਲਿਆ ਜਾਵੇ। ਈ-ਨਿਲਾਮੀ ਬੈਂਕ ਦੇ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਰਾਹੀਂ ਆਨਲਾਈਨ ਕੀਤੀ ਜਾਵੇਗੀ। ਹੋਰ ਸਹਾਇਤਾ ਲਈ ਚਾਹਵਾਨ ਬੋਲੀਕਾਰ ਸ੍ਰੀ ਸੰਦੀਪ ਬਵੇਜਾ (ਮੋਬਾਈਲ ਨੰ. 89207-05598) ਬੈਂਕ ਦੇ ਅਧਿਕਾਰਤ ਅਫਸਰ ਨਾਲ ਦਫਤਰੀ ਸਮੇਂ ਸਵੇਰੇ10 ਵਜੇ ਤੋਂ ਸ਼ਾਮ ਦੇ 4.00 ਵਜੇ ਤੱਕ ਸੰਪਰਕ ਕਰ ਸਕਦੇ ਹਨ। ਇਸ ਨੋਟਿਸ ਨੂੰ ਕਰਜ਼ਦਾਰਾਂ ਲਈ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 8 (6) ਤਹਿਤ 15 ਦਿਨਾਂ ਦਾ ਨੋਟਿਸ ਮੰਨਿਆ ਜਾਵੇ।

ਮਿਤੀ : 30 ਅਕਤੂਬਰ 2025, ਸਥਾਨ : ਜਲੰਧਰ | ਸਹੀ/-(ਅਧਿਕਾਰਤ ਅਫਸਰ) ਐਕਸਿਸ ਬੈਂਕ ਲਿਮਟਿਡ

## SGL NURSING COLLEGE

Managed by : Baba Kashmira Singh Jan Sewa Trust
Address: Village Semi, Jalandhar | 87250-45701 |
info@sglnuring.org | www.sglnursing.org

### NOTICE

**Semi Online Counselling for leftover seats in ANM & GNM Courses (Session 2025-26) for SGL Nursing College**

It is informed that the process for Semi Online Counselling of leftover seats for SGL Nursing College will be conducted at institute level as per following schedule.

Only the candidates, who have completed application in all respects on Counselling admission portal 2025-26 of PNRC and not holding any seat in any institute, shall be allowed to appear in this round. After preparation of merit list no candidate shall be allowed to participate.

| Description | Date |
|---|---|
| Semi Online Counselling and joining of candidates for SGL Nursing College | 30-10-2025 |

PNRC Helpline for Counselling
+91 62836-18852 (Mon-Fri, 9am-5pm) | admissionspnrc@gmail.com

## LALA LAJPAT RAI INSTITUTE OF NURSING EDUCATION

GULAB DEVI HOSPITAL, JALANDHAR., Mobile No: 9815644441
Email: gulabdevihospital124@gmail.com, www.llrgdhnursing.com

Semi online counseling for leftover seats in GNM Course (Session 2025-26) for Lala Lajpat Rai Institute of Nursing Education, Jalandhar

It is informed that the process for Semi Online Counselling of leftover seats for Lala Lajpat Rai Institute of Nursing Education, Jalandhar will be conducted at institute level as per following schedule.

Only the candidates, who have completed application in all respects on counseling admission portal 2025-26 of PNRC and not holding any seat in any institute, shall be allowed to appear in this round. After preparation of merit list no candidate shall be allowed to participate.

| Description | Date | Reporting Time |
|---|---|---|
| Semi Online Counselling and joining of candidates for Lala Lajpat Rai Institute of Nursing Education, Gulab Devi Hospital, Jalandhar | 31-10-2025 | 9:00 am to 10:00 am |

PNRC Helpline for Counselling
+91 62836-18852 (Mon-Fri, 9am – 5pm) admissionspnrc@gmail.com

Principal
Lala Lajpat Rai Institute of Nursing Education, Jalandhar

## AXIS BANK

**Retail Asset Centre:** AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana - 141001., **Corporate Office:** 'Axis House', Block-B, Bombay Dyeing Mills Compound, Pandurang Budhkar Marg, Worli, Mumbai-400025, **Registered Office:** 'Trishul', 3rd Floor, Opposite Samartheswar Temple, Law Garden, Ellisbridge, Ahmedabad-380006.

### [ਰੂਲ 8 (1)] ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 (2002 ਦਾ 54) ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ੇ ਖਾਤੇ ਵਿਰੁੱਧ ਦਰਸਾਈਆਂ ਮਿਤੀਆਂ 'ਤੇ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਵਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖ਼ਰੀ ਨੇ ਉਕਤ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਵਰਣਨ ਜਾਇਦਾਦ ਦਾ ਹੇਠਾਂ ਦਰਸਾਏ ਖਾਤੇ ਵਿਰੁੱਧ ਦਰਸਾਈਆਂ ਮਿਤੀਆਂ ਨੂੰ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖ਼ਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖ਼ਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦਾ ਲੈਣ-ਦੇਣ ਕਰਨ 'ਤੇ ਐਕਸਿਸ ਬੈਂਕ ਲਿਮਟਿਡ ਦੀ ਕੁੱਲ ਰਕਮ ਅਤੇ ਉਸ ਉੱਪਰ ਵਿਆਜ ਸਮੇਤ ਲਿ. ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲਬਧ ਸਮੇਂ 'ਚ ਸਕਿਉਰਡ ਐਸੇਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ ਦਾ ਨਾਂਅ ਅਤੇ ਪਤਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਾਸ਼ੀ (ਰੁਪਏ) |
|---|---|---|---|---|
| 1. | ਸ੍ਰੀ ਜੰਗਿੰਦਰ ਸਿੰਘ ਪੁੱਤਰ ਬੀਰ ਸੈਨ (ਕਰਜ਼ਦਾਰ) ਅਤੇ 2. ਸ੍ਰੀਮਤੀ ਬਲੀਤਾ ਪਤਨੀ ਜੰਗਿੰਦਰ ਸਿੰਘ (ਸਹਿ-ਕਰਜ਼ਦਾਰ/ਗਰੰਟਰ) | 22 ਜਨਵਰੀ 2020 | 27 ਅਕਤੂਬਰ 2025 | ਰੁਪਏ 16,37,091/- (ਸੋਲਾਂ ਲੱਖ ਸੈਂਤੀ ਹਜ਼ਾਰ ਇਕਾਨਵੇਂ ਰੁਪਏ ਕੇਵਲ) |

ਜਾਇਦਾਦ ਦਾ ਵੇਰਵਾ

ਬੈਨਾਮਾ [illegible] 07.01.2019 ਅਨੁਸਾਰ [illegible] ਸ੍ਰੀਮਤੀ ਬਲੀਤਾ ਪਤਨੀ ਜੰਗਿੰਦਰ ਸਿੰਘ [illegible] 157/3/204/1 [illegible] 734/798/735/799/736/800-737/801-742/806-744/808 [illegible] ਨੰ. 261 [illegible] 15'-6'' [illegible]

ਉਪਰੋਕਤ [illegible] ਨਹੀਂ [illegible] (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਅਤੇ 9 [illegible]

ਮਿਤੀ : 30.10.2025 | ਸਹੀ/- (ਅਧਿਕਾਰਤ ਅਫਸਰ)
ਸਥਾਨ : ਲੁਧਿਆਣਾ | ਐਕਸਿਸ ਬੈਂਕ ਲਿਮਟਿਡ

# ਕਲਾਸੀਫਾਈਡ ਇਸ਼ਤਿਹਾਰ

## Change of Name

I, Chahatpreet Singh S/o Juzar Singh R/o Village Mehna, PO Bassi Kalan, Distt. Hoshiarpur Punjab declare that my name is Chahatpreet Singh. Singh is my surname and my given name is Chahatpreet. Concerned note.

I, Mena Rani W/o Surinder Pal, R/o VPO Kandhali Narangpur, Teh. Dasuya, Distt. Hoshiarpur Punjab-144212 have changed my name and shall hereafter be known as Meena Rani. Please note.

I Balinder Singh S/O Som Nath R/O Vpo Mehatpur Teh Balachaur Distt Sbs Nagar Punjab Have Changed My Name To Singh Balinder. All Please Note

I, Nirmal Singh Saggu S/o Rattan Singh R/o H.No.78-A, Street No.4, Mandir Wala Bazar, Sultanwind Road, Gobind Nagar, Amritsar have changed my name from Nirmal Singh Saggu to Nirmal Singh

I, Barun Sharma S/o Bodh Raj Sharma R/o 1187-A, Gali Thane Wali Near Sahib Tent House, Japani Mill, Amritsar have changed my name from Barun Sharma to Varun Sharma

I Ritu Bamba D/o Sh. Jagdish Chander Bamba W/o Sh. Rajesh Bawa R/o 176/283, Gali Upla wali, Guru Bazar, Amritsar. I have changed my name after marriage from Ritu Bamba to Ritu Bawa all concerned please note.

I, Arshpreet Singh S/o Hira Singh R/o VPO Dhandal District Gurdaspur have declare that Arshpreet is my Given name and Singh is my Surname.

I, Lakhvinder Kaur W/o Narinder Singh R/o Othian, Amritsar, Punjab-143102 have changed my name from Lakhvinder Kaur to Lakhwinder Kaur.

I, Gurjant Singh S/o Dalwej Singh R/o Village Chabhal Khurd, PO Chabhal Kalan, Distt. TarnTaran have changed my name from Gurjant Singh to Singh is my surname and Gurjant is my given name.

I, Raman Wadhwa S/o Raghunath Dass R/O 424, Basant Avenue, Amritsar, Punjab have changed my name from Raman Wadhwa to Raman Kumar. Concerned note.

I, Gurparneet Singh S/o Sawinder Singh R/o Vill. Riali Khurd Tehsil Batala Distt. Gurdaspur have changed my name from Gurparneet Singh to Given name Gurparneet Surname Singh.

I, hitherto known as Anu Arya D/O Gurcharan Singh residing at H. No. 21-A/263, Gali No. 5, Jaimal Nagar, Distt. Jalandhar - 144009, Punjab, India have changed my name and shall hereafter be known as Amandeep Kaur.

I, Lavita d/o Vijay Kumar r/o B-IX-700, Santokhpura, Industrial Town, Jalandhar have changed my name from Lavita to Lavita Kaur. All Please Note.

I, Shavina d/o Vijay Kumar r/o B-IX-700, Santokhpura, Industrial Town, Jalandhar have changed my name from Shavina to Shavina Kaur. All Please Note.

I, Amita W/o Rajesh Kumar Thakur R/o H.No. 58, St No.1, Isharpuri Colony, Urban Estate, Ph-2, Po. Mithapur, Jalandhar has change my name from Amita to Amita Jaswal.

I, Sandeep Kumar S/o Ramesh Kumar R/o Cool Wala Muhalla, PO. Sarna, Distt. Pathankot, Punjab-145025 have changed the name of my minor daughter Anamika aged 14 Years and she shall hereafter be known as Anamika Majotra.

I, Rajwinder W/o Amarjit Singh R/o Patti Laksian, VPO Malsian, Jalandhar-144701,Punjab, have changed my name from Rajwinder to Rajwinder Kaur. All concerned please note.

## ਆਮ ਸੂਚਨਾ

ਮੈਂ, ਕਵਿਤਾ ਕੁਮਾਰੀ ਵਿਧਵਾ ਰਾਕੇਸ਼ ਸੈਣੀ ਵਾਸੀ ਮਕਾਨ ਨੰ. 338 ਦ.ਫ ਮੌਹੱਲਾ ਰਾਮਨਗਰ ਪਠਾਨਕੋਟ ਤਹਿਸੀਲ ਅਤੇ ਜਿਲ੍ਹਾ ਪਠਾਨਕੋਟ ਬਿਆਨ ਕਰਦੀ ਹਾਂ ਕਿ ਮੈਂ, ਆਪਣੇ ਲੜਕੇ ਅਰਪਿਤ ਸੈਣੀ ਜੋ ਮੇਰੇ ਕਹਿਣੇ ਤੋਂ ਬਾਹਰ ਸੀ ਨੂੰ ਬਿਆਨ ਹਲਫਿਆ ਇੱਕ ਰੋਜਾਨਾ ਅਖਬਾਰ ਵਿੱਚ ਛਪਵਾ ਕੇ ਬੇਦਖਲ ਕਰ ਦਿੱਤਾ ਸੀ, ਦੀ ਬੇਦਖਲੀ ਕੈਂਸਲ ਕਰਦੀ ਹਾਂ ਕਿਉਂਕਿ ਇਹ ਹੁਣ ਮੇਰੇ ਕਹਿਣੇ ਵਿੱਚ ਹੈ । ਹੁਣ ਇਹ ਮੇਰੀ ਜਾਇਦਾਦ ਵਿੱਚ ਬਰਾਬਰ ਦਾ ਹਿੱਸੇਦਾਰ ਹੈ ।

ਮੈਂ, ਸਬੇਗ ਸਿੰਘ ਪੁੱਤਰ ਕੁੰਨਣ ਸਿੰਘ ਪਿੰਡ ਸੋਹਲ ਠੱਠੀ ਤਹਿਸੀਲ ਤੇ ਜਿਲ੍ਹਾ ਤਰਨ ਤਾਰਨ ਮੇਰਾ 10 ਹਾਰਸ ਪਾਵਰ ਦਾ ਟਿਊਬਵੈਲ ਕੁਨੈਕਸ਼ਨ ਖਾਤਾ ਨੰਬਰ ਏ ਪੀ. 09/17898 ਜੋ ਕਿ ਮੇਰੇ ਨਾਮ ਚੱਲ ਰਿਹਾ ਹੈ । ਉਪਰੋਕਤ ਟਿਊਬਵੈਲ ਕੁਨੈਕਸ਼ਨ ਆਪਣੇ ਲੜਕੇ ਸਤਨਾਮ ਸਿੰਘ ਪੁੱਤਰ ਸਬੇਗ ਸਿੰਘ ਪਿੰਡ ਸੋਹਲ ਠੱਠੀ ਨੂੰ ਦੇ ਦਿੱਤਾ ਹੈ । ਜੇਕਰ ਕਿਸੇ ਨੂੰ ਇਤਰਾਜ਼ ਹੋਵੇ ਤੇ 7 ਦਿਨਾਂ ਅੰਦਰ ਇਤਰਾਜ਼ ਕਰ ਸਕਦਾ।

## ਆਮ ਸੂਚਨਾ

ਮੈਂ ਸਰਬਜੀਤ ਸਿੰਘ ਪੁੱਤਰ ਦਰਸ਼ਨ ਸਿੰਘ ਵਾਰਡ ਨੰਬਰ ਅੱਠ ਬਰੇਟਾ ਜਿਲਾ ਮਾਨਸਾ ਹਰ ਆਮ ਤੇ ਖਾਸ ਨੂੰ ਸੂਚਿਤ ਕਰਦਾ ਹਾਂ ਕਿ ਜਿੱਥੇ ਮੈਂ ਰਹਿ ਰਿਹਾ ਹਾਂ ਉਹ ਮੇਰਾ ਵਿਰਾਸਤੀ ਰਕਬਾ ਹੈ। ਮੇਰੇ ਹਿੱਸੇ ਵਿੱਚ ਆਇਆ ਹੈ ਅਤੇ ਮੈਂ ਇਸਦਾ ਹਾਊਸ ਟੈਕਸ ਭਰ ਰਿਹਾ ਹਾਂ ਮੈਂ ਇਸ ਰਕਬੇ ਦਾ ਨਕਸ਼ਾ ਨਗਰ ਕੌਂਸਲ ਬਰੇਟਾ ਵੱਲੋਂ ਪਾਸ ਕਰਵਾਉਣਾ ਚਾਹੁੰਦਾ ਹਾਂ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ 30 ਦਿਨਾਂ ਦੇ ਅੰਦਰ ਅੰਦਰ ਨਗਰ ਕੌਂਸਲ ਦਫਤਰ ਬਰੇਟਾ ਨੂੰ ਪੇਸ਼ ਕਰ ਸਕਦਾ ਹੈ। ਸੰਬੰਧਿਤ ਨੋਟ ਕਰਨ।

## PUBLIC NOTICE

I, Mangat Ram Thakur S/o Late Chajju Ram Thakur (C.R Thakur) R/o RZ-64, Gali No. 10, Madanpuri West Sagarpur, Delhi - 110046, declare that Mangat Ram Thakur, M.R. Thakur and Mangat Rai Thakur. All three names are mine & one and the same person.

I, Prithipal Singh S/o Late Inder Singh R/o 16/1896, Guru Nanak Nagar, Navi Abadi Verka, near Atta Chakki of Shankar Amritsar now at Mohan Nagar, Near Singh Sabha Gurudwara wali Gali, Verka, Amritsar, declare that Satya Devi (my wife), Atinderpal Singh (my son), Harpreet Kaur (my daughter) W/o Manjit Singh, Harjit Kaur (my daughter) W/o Pankaj Kumar and Amarjit Singh (my son) are not in my Control, saying and they are not obedient to me and always beats me and I am under apprehension that they can kill me. I disinherit Satya Devi (my wife), Atinderpal Singh (my son), Harpreet Kaur (my daughter) W/o Manjit Singh, Harjit Kaur (my daughter) W/o Pankaj Kumar and Amarjit Singh (my son) from all my moveable and immovable property if anybody deals with them, he/she shall be responsible himself/herself and I will be not responsible for any act of them.

I, Sawinder Singh S/o Sadha Singh, R/o Village Chore Sidhwan, Tehsil/Distt. Gurdaspur declare that my Son Surjit Singh & Daughter-in-law Simranjit Kaur are not in my and my family saying out of control. So I disinherit them from my moveable and immoveable properties. I shall not be responsible.

## ਬੇਦਖਲੀ ਨੋਟਿਸ

ਮੈਂ, ਅਮਿਤ ਕੁਮਾਰ ਚੱਡਾ ਪੁੱਤਰ ਸ਼੍ਰੀ ਚੰਦਰ ਮੋਹਨ ਚੱਡਾ ਵਾਸੀ ਮਕਾਨ ਨੰ: 35, ਉਦੈ ਨਗਰ, ਨੇੜੇ ਵਿਸ਼ਵਕਰਮਾ ਮੰਦਰ, ਨਾਖਾ ਵਾਲਾ ਬਾਗ, ਖੁਰਲਾ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਵੱਡਾ ਭਰਾ ਪੰਕਜ ਕੁਮਾਰ ਚੱਡਾ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ ਸੁਖਚੈਨ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਹਾਊਸ ਨੰਬਰ 357, ਖਾਪੜਖੇੜੀ ਅੰਮ੍ਰਿਤਸਰ ਆਪਣੇ ਲੜਕੇ ਕਰਨਦੀਪ ਸਿੰਘ ਜੋ ਮੇਰੇ ਕਹਿਣੇ ਵਿੱਚ ਨਹੀ ਹੈ, ਮੇਰੀ ਕੋਈ ਗੱਲ ਨਹੀਂ ਮੰਨਦਾ, ਆਪਣੀ ਮਰਜੀ ਕਰਦਾ ਹੈ ਨੂੰ ਆਪਣੀ ਚੱਲ ਅਚੱਲ, ਝੁੱਕਵੀ ਅਣਝੁਕਵੀ ਜਾਇਦਾਦ ਤੋਂ ਬੇਦਖਲ ਕਰਦਾ ਹਾਂ. ਉਸਦੇ ਕਿਸੇ ਵੀ ਮਾੜੇ ਚੰਗੇ ਕੰਮ ਨਫ਼ੇ ਨੁਕਸਾਨ, ਲੈਣ ਦੇਣ, ਲੜਾਈ ਝਗੜੇ ਦੇ ਲਈ ਮੈਂ ਜਿੰਮੇਵਾਰ ਨਹੀ ਹੋਵਾਗਾ. ਮੇਰਾ ਕਰਨਦੀਪ ਸਿੰਘ ਨਾਲ ਕੋਈ ਸਬੰਧ ਨਹੀ ਹੈ.

ਮੈਂ ਬਲਵਿੰਦਰ ਕੌਰ ਪਤਨੀ ਤਰਸੇਮ ਸਿੰਘ ਵਾਸੀ ਕੋਟਲੀ ਨਸੀਰ ਖਾਂ ਅੰਮ੍ਰਿਤਸਰ ਆਪਣੇ ਬੇਟੇ ਹਰਮਨਦੀਪ ਸਿੰਘ ਜੋ ਮੇਰੇ ਕਹਿਣੇ ਵਿੱਚ ਨਹੀ ਹੈ, ਮੇਰੀ ਕੋਈ ਗੱਲ ਨਹੀਂ ਮੰਨਦਾ, ਆਪਣੀ ਮਰਜੀ ਕਰਦਾ ਹੈ ਨੂੰ ਆਪਣੀ ਚੱਲ ਅਚੱਲ, ਝੁੱਕਵੀ ਅਣਝੁਕਵੀ ਜਾਇਦਾਦ ਤੋ ਬੇਦਖਲ ਕਰਦੀ ਹਾਂ. ਉਸ ਦੇ ਕਿਸੇ ਵੀ ਮਾੜੇ ਚੰਗੇ ਕੰਮ, ਨਫ਼ੇ ਨੁਕਸਾਨ, ਲੈਣ ਦੇਣ, ਲੜਾਈ ਝਗੜੇ ਦੇ ਲਈ ਮੈਂ ਜਿੰਮੇਵਾਰ ਨਹੀ ਹੋਵਾਂਗੀ. ਮੇਰਾ ਹਰਮਨਦੀਪ ਸਿੰਘ ਨਾਲ ਕੋਈ ਸੰਬੰਧ ਨਹੀ ਹੈ।

ਮੈ ਹੀਰਾ ਸਿੰਘ ਪੁੱਤਰ ਚਾਨਣ ਸਿੰਘ ਵਾਸੀ ਸਰਾਲੀ ਮੰਡਾਂ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ। ਮੇਰਾ ਲੜਕਾ ਹਰਪਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ । ਮੈਂ ਆਪਣੇ ਲੜਕੇ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ।

ਮੈਂ, ਰਮਨਦੀਪ ਪੁੱਤਰ ਮੁੱਖਾ, ਵਾਸੀ 181, ਗਲੀ ਨੰ: 3, ਦਸਮੇਸ਼ ਨਗਰ, ਕੋਟ ਖਾਲਸਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੇ ਲੜਕੇ ਰਾਹੁਲ ਅਤੇ ਅਰੁਣ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹਨ। ਮੇਰੇ ਲੜਕੇ ਰਾਹੁਲ ਨੇ ਮੇਰੇ ਤੇ ਮੇਰੀ ਘਰਵਾਲੀ ਦੀ ਮਰਜ਼ੀ ਤੋਂ ਬਿਨਾਂ ਲਵ ਮੈਰਿਜ ਦਿਵਿਆ ਨਾਲ ਕਰ ਲਈ ਹੈ ਅਤੇ ਅਰੁਣ ਕੁਮਾਰ ਸਾਨੂੰ ਧਮਕੀਆਂ ਦਿੰਦਾ ਤੇ ਤੰਗ ਪ੍ਰੇਸ਼ਾਨ ਕਰਦਾ ਹੈ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਸਾਡਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਨੀਲਮ ਉਰਫ ਨੀਰੂ ਪਤਨੀ ਜਗਜੀਤ ਸਿੰਘ, ਵਾਸੀ ਮਕਾਨ ਨੰਬਰ ਐੱਲ-3/261, ਗਲੀ ਨੰਬਰ 2, ਸੁਲਤਾਨਵਿੰਡ ਰੋਡ, ਜਸਪਾਲ ਨਗਰ, ਅੰਮ੍ਰਿਤਸਰ-1, ਅੰਮ੍ਰਿਤਸਰ, ਪੰਜਾਬ-143001 ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਕਰਮਜੀਤ ਸਿੰਘ ਅਤੇ ਉਸ ਦੀ ਪਤਨੀ ਅਕਬੀਰ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ- ਝਗੜਾ, ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਸੰਬੰਧ ਨਹੀਂ ਹੈ।

## ਬੇਦਖਲੀ ਨੋਟਿਸ

ਮੈਂ, ਤਰਸੇਮ ਸਿੰਘ ਪੁੱਤਰ ਜਗੀਰ ਸਿੰਘ, ਵਾਸੀ ਪਿੰਡ ਮੰਨਣ, ਤਹਿ. ਤੇ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਮਨਦੀਪ ਕੌਰ (27 ਸਾਲ) ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖ਼ਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਹੈ।

ਮੈਂ, ਸੁਖਵਿੰਦਰ ਸਿੰਘ ਪੁੱਤਰ ਰਣਜੀਤ ਸਿੰਘ, ਵਾਸੀ ਪਿੰਡ ਕੋਟ ਧਰਮ ਚੰਦ ਕਲਾਂ, ਤਹਿਸੀਲ/ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਸ਼ਰਨ ਸਿੰਘ ਅਤੇ ਉਸ ਦੀ ਪਤਨੀ ਸਿਮਰਜੀਤ ਕੌਰ ਅਤੇ ਇਨ੍ਹਾਂ ਦਾ ਲੜਕਾ ਗੁਰਅਵਤਾਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲੋਂ ਅਲੱਗ ਰਹਿੰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖ਼ਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਹੈ।

ਮੈਂ, ਯੋਗਰਾਜ ਸੰਧੂ ਪੁੱਤਰ ਮਦਨ ਲਾਲ, ਵਾਸੀ 81, ਗਿਲਵਾਲੀ ਗੇਟ, ਗੁਰੂ ਰਾਮ ਦਾਸ ਨਗਰ, ਦਸਮੇਸ਼ ਐਵੀਨਿਊ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਯਤਿਨ (21 ਸਾਲ) ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੇਰੇ ਨਾਲ ਲੜਾਈ-ਝਗੜਾ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖ਼ਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਗੁਰਮੇਲ ਸਿੰਘ ਪੁੱਤਰ ਗੁਰਦੀਪ ਸਿੰਘ, ਵਾਸੀ ਪਿੰਡ ਬੋਹਣਾ, ਤਹਿਸੀਲ ਵਾ ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਮੁੱਖ ਸਿੰਘ ਅਤੇ ਮੇਰੀ ਨੂੰਹ ਕੁਲਦੀਪ ਕੌਰ ਪਤਨੀ ਗੁਰਮੁੱਖ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ- ਝਗੜਾ, ਤੰਗ-ਪ੍ਰੇਸ਼ਾਨ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖ਼ਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਮੁਖਤਿਆਰ ਸਿੰਘ ਪੁੱਤਰ ਹੰਸਾ ਸਿੰਘ ਵਾਸੀ ਮਕਾਨ ਨੰਬਰ 234, ਮੁਹੱਲਾ ਮਹਿਤਾਬਗੜ੍ਹ, ਕਪੂਰਥਲਾ ਘੋਸ਼ਣਾ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਰਣਜੀਤ ਸਿੰਘ ਨੂੰ ਕਹਿਣੇ ਵਿੱਚੋਂ ਬਾਹਰ ਹੋਣ ਕਰਕੇ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੈਂ ਆਪਣੇ ਲੜਕੇ ਦੀ ਬੇਦਖਲੀ ਵਾਪਸ ਲੈਂਦਾ ਹਾਂ। ਸਮੂਹ ਸਬੰਧਤ ਨੋਟ ਕਰਨ।

ਮੈਂ, ਸੁਰਿੰਦਰ ਕੌਰ ਪਤਨੀ ਨਿਰਮਲ ਦਾਸ ਵਾਸੀ ਨੇੜੇ ਪ੍ਰਾਇਮਰੀ ਸਕੂਲ, ਕਬੂਲਪੁਰ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸਤਨਾਮ ਸਿੰਘ ਪੁੱਤਰ ਨਿਰਮਲ ਦਾਸ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ, ਵਰਿੰਦਰ ਕੁਮਾਰ ਮਹਿਤਾ ਪੁੱਤਰ ਹਰਬੰਸ ਲਾਲ ਅਤੇ ਹੇਮਾ ਮਹਿਤਾ ਪਤਨੀ ਵਰਿੰਦਰ ਕੁਮਾਰ ਮਹਿਤਾ ਵਾਸੀਆਨ ਈ. ਜੇ-231, ਚਹਾਰ ਬਾਗ, ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਾਘਵ ਮਹਿਤਾ ਅਤੇ ਉਸਦੀ ਪਤਨੀ ਕੁਸਮ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਹਨਾਂ ਦੋਨਾਂ ਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ, ਤਰਸੇਮ ਲਾਲ ਪੁੱਤਰ ਖੁਸ਼ੀਆ ਅਤੇ ਸਰਬਜੀਤ ਕੌਰ ਪਤਨੀ ਤਰਸੇਮ ਲਾਲ ਵਾਸੀਆਨ ਪਿੰਡ ਤਲਵੰਡੀ ਚੌਧਰੀਆਂ, ਜ਼ਿਲਾਂ ਕਪੂਰਥਲਾ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਮਨਦੀਪ ਕੁਮਾਰ ਅਤੇ ਉਸਦੀ ਪਤਨੀ ਅਮਰਜੀਤ ਕੌਰ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਹਨਾਂ ਦੋਨਾਂ ਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਬਲਵਿੰਦਰ ਕੌਰ ਪਤਨੀ ਲੇਟ ਭਜਨ ਸਿੰਘ ਵਾਸੀ ਮਕਾਨ ਨੰ. 108, ਟੈਗੋਰ ਨਗਰ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਵੀਰ ਸਿੰਘ ਅਤੇ ਉਸਦੀ ਪਤਨੀ ਲਵਪ੍ਰੀਤ ਕੌਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਗੁਰਦੇਵ ਸਿੰਘ ਪੁੱਤਰ ਬੁਝ ਸਿੰਘ ਵਾਸੀ ਪਿੰਡ ਘੱਸ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਕੁਲਜੀਤ ਕੋਰ ਅਤੇ ਮੇਰਾ ਲੜਕਾ ਸ਼ਮਸ਼ੇਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਅਮਿਤ ਕੁਮਾਰ ਚੱਡਾ ਪੁੱਤਰ ਸ਼੍ਰੀ ਚੰਦਰ ਮੋਹਨ ਚੱਡਾ ਵਾਸੀ ਮਕਾਨ ਨੰ: 35, ਉਦੈ ਨਗਰ, ਨੇੜੇ ਵਿਸ਼ਵਕਰਮਾ ਮੰਦਰ, ਨਾਖਾ ਵਾਲਾ ਬਾਗ, ਖੁਰਲਾ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਵੱਡਾ ਭਰਾ ਪੰਕਜ ਕੁਮਾਰ ਚੱਡਾ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਹਰਜਿੰਦਰ ਸਿੰਘ ਪੁੱਤਰ ਅਮਰਜੀਤ ਸਿੰਘ ਵਾਸੀ ਪਿੰਡ ਨਿਧਾਂਵਾਲਾ, ਤਹਿਸੀਲ ਤੇ ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਖਮੰਦਰ ਸਿੰਘ ਅਤੇ ਨੂੰਹ ਵੀਰਪਾਲ ਰਾਣੀ, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

## ਪਬਲਿਕ ਨੋਟਿਸ

ਮੈਂ, ਬਲਦੇਵ ਸਿੰਘ ਪੁੱਤਰ ਹਜਾਰਾ ਸਿੰਘ, ਵਾਸੀ ਪਿੰਡ ਮਾਛੀ ਨੰਗਲ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਦਾ ਰਹਿਣ ਵਾਲਾ ਹਾਂ ਅਤੇ ਬਿਆਨ ਕਰਦਾ ਹਾਂ ਕਿ ਮੇਰੀ ਜਾਇਦਾਦ/ਮਕਾਨ ਜਿਸ ਦਾ ਖਸਰਾ ਨੰਬਰ 91//8/2 ਮਿਨ ਰਕਬਾ ਪਿੰਡ ਨੰਗਲੀ, ਅਬਾਦੀ ਪ੍ਰੀਤ ਨਗਰ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਮਾਲਕੀ ਹੈ। ਮੈਂ ਮਿਤੀ 19-09-2025 ਨੂੰ ਦੁਪਹਿਰ 12 ਵਜੇ ਆਪਣੇ ਘਰ ਤੋਂ ਅਜਨਾਲਾ ਜ਼ਰੂਰੀ ਕੰਮ ਲਈ ਗਿਆ ਸੀ, ਜਿਥੇ ਰਸਤੇ ਵਿੱਚ ਮੇਰਾ ਹੈਂਡ ਬੈਗ ਗੁੰਮ ਹੋ ਗਿਆ, ਜਿਸ ਵਿੱਚ ਮੇਰੀ ਮਾਲਕੀ ਜਾਇਦਾਦ ਸੰਬੰਧੀ ਮੁਖਤਾਰਨਾਮਾ ਵੱਲੋਂ ਬਲਵਿੰਦਰ ਸਿੰਘ ਪੁੱਤਰ ਅਵਤਾਰ ਸਿੰਘ ਬਾਹੱਕ ਗੁਰਦਿਆਲ ਸਿੰਘ ਪੁੱਤਰ ਰਾਮ ਪ੍ਰਕਾਸ਼ ਦਸਤਾਵੇਜ਼ ਨੰਬਰ 2786, ਬਹੀ ਨੰਬਰ 4, ਜਿਲਦ ਨੰਬਰ 594, ਸਫਾ ਨੰਬਰ 87/88 ਦਰਜ ਮਿਤੀ 29-08-2003 ਅਤੇ ਬੈਨਾਮਾ ਦਰਸ਼ਨ ਕੌਰ ਪਤਨੀ ਚਰਨ ਸਿੰਘ ਬਾਹੱਕ ਕਰਤਾਰ ਸਿੰਘ ਪੁੱਤਰ ਭਗਤ ਸਿੰਘ ਦਸਤਾਵੇਜ਼ ਨੰਬਰ 17306, ਬਹੀ ਨੰਬਰ 1, ਜਿਲਦ ਨੰਬਰ 7044, ਸਫਾ ਨੰਬਰ 54, ਦਰਜ ਮਿਤੀ 10-11-1994 ਗਵਾਚ ਗਏ ਹਨ, ਜਿਸ ਬਾਬਤ ਮੈਂ ਡੀ. ਡੀ. ਆਰ. ਨੰਬਰ 15 ਮਿਤੀ 27-10-2025 ਥਾਣਾ ਅਜਨਾਲਾ ਵਿਖੇ ਦਰਜ ਕਰਵਾਈ ਹੋਈ ਹੈ।ਮੇਰੇ ਉਕਤ ਦਸਤਾਵੇਜ਼ ਜਿਸ ਨੂੰ ਵੀ ਮਿਲਣ, ਉਹ ਮੈਨੂੰ ਮੇਰੇ ਮੋਬਾਇਲ ਨੰਬਰ 94647-80118 'ਤੇ ਸੂਚਿਤ ਕਰੇ। ਸੂਚਨਾ ਦੇਣ ਵਾਲੇ ਨੂੰ ਉੱਚਿਤ ਇਨਾਮ ਦਿੱਤਾ ਜਾਵੇਗਾ ।

## COURT NOTICE

Civil Courts, Ludhiana
In the Court of Ms. Pavleen Singh
Addl. Civil Judge (Senior Division)
Ludhiana
CNR-No: PBLD02-000690-2025
Peshi: 19.11.2025
M/S Vansh Homeo Pharma & Anr.
V/S
General Public & Others
Application U/S 7 Read With Section 10 Of Provincial Insolvency Act, 1970
Publication Issued to:
1. General Public

Whereas the above named petitioner M/s Vansh Homeo Pharma & Anr. Has filed petition u/s 7 and section 10 of the provincial insolvency Act, for adjudication of the petitioner as insolvent.

Notice is issued in the name of General Public that in case anybody has any objection for passing an order of adjudication the petitioner as insolvent, he/she can file objections to the same on or before 19.11.2025 failing which the petition shall be decided in accordance with law.

Given under my hand and the seal of the Court, this 27.10.2025

For details logon to https://highcourtchd.gov.in/?trs=district_notice&district=ludhiana

Addi Civil Judge (Senior Division)
Ludhiana (Duty)

## ਨਾਂਅ ਦੀ ਬਦਲੀ

ਮੈਂ, ਰਾਜਨ ਪੁੱਤਰ ਰਾਮ ਕਿਸ਼ਨ ਵਾਸੀ ਮਕਾਨ ਨੰ. ਡਬਲਯੂ ਟੀ-230, ਕੋਟ ਮੁਹੱਲਾ, ਬਸਤੀ ਸ਼ੇਖ, ਜਲੰਧਰ ਨੇ ਆਪਣੇ ਨਾਬਾਲਗ ਲੜਕੇ ਦਾ ਨਾਮ ਇਸ਼ਾਂਤ ਤੋਂ ਇਸ਼ਾਂਤ ਕੁਮਾਰ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ, ਮੋਹਿਤ ਪੁੱਤਰ ਮੋਹਨ ਲਾਲ ਵਾਸੀ ਪਿੰਡ ਭੰਗਲ ਕਲਾਂ, ਡਾਕਖਾਨਾ ਕਰੀਮ, ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਨੇ ਆਪਣਾ ਨਾਮ ਮੋਹਿਤ ਤੋਂ ਬਦਲ ਕੇ ਮੋਹਿਤ ਸਿੰਘ (ਸਰਨੇਮ ਸਿੰਘ) ਸੰਬੰਧਿਤ ਨੋਟ ਕਰਨ।

ਮੈਂ, ਵਿਨੇ ਪੁੱਤਰ ਨਰਿੰਦਰ ਕੁਮਾਰ ਵਾਸੀ Z-B-3/346, ਰਾਮ ਤੀਰਥ ਰੋਡ ਆਰ ਡੀ ਖੋਸਲਾ ਸਕੂਲ, ਇੱਸਾ ਨਗਰ, ਬਟਾਲਾ, ਡਾਕਖਾਨਾ ਬਟਾਲਾ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ-143505 ਬਿਆਨ ਕਰਦਾ ਹਾਂ ਕਿ ਮੈਂ ਆਪਣਾ ਨਾਮ ਵਿਨੇ ਤੋਂ ਬਦਲ ਕੇ ਵਿਨੇ ਕੁਮਾਰ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ, ਅੰਸ਼ ਕਸ਼ਯਪ ਪੁੱਤਰ ਦਵਿੰਦਰ ਜੀਤ ਵਾਸੀ ਮਕਾਨ ਨੰ: 247, ਗਲੀ ਨੰ: 5, ਗੁਰੂ ਅਰਜਨ ਪੁਰਾ, ਫਗਵਾੜਾ, ਜ਼ਿਲ੍ਹਾ ਕਪੂਰਥਲਾ, ਪੰਜਾਬ ਨੇ ਆਪਣਾ ਨਾਮ ਅੰਸ਼ ਤੋਂ ਬਦਲ ਕੇ ਅੰਸ਼ ਕਸ਼ਯਪ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ ਸੁਖਚੈਨ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਹਾਊਸ ਨੰਬਰ 357, ਖਾਪੜਖੇੜੀ ਅੰਮ੍ਰਿਤਸਰ ਆਪਣੇ ਲੜਕੇ ਕਰਨਦੀਪ ਸਿੰਘ ਜੋ ਮੇਰੇ ਕਹਿਣੇ ਵਿੱਚ ਨਹੀ ਹੈ, ਮੇਰੀ ਕੋਈ ਗੱਲ ਨਹੀਂ ਮੰਨਦਾ, ਆਪਣੀ ਮਰਜੀ ਕਰਦਾ ਹੈ ਨੂੰ ਆਪਣੀ ਚੱਲ ਅਚੱਲ, ਝੁੱਕਵੀ ਅਣਝੁਕਵੀ ਜਾਇਦਾਦ ਤੋ ਬੇਦਖਲ ਕਰਦਾ ਹਾਂ. ਉਸਦੇ ਕਿਸੇ ਵੀ ਮਾੜੇ ਚੰਗੇ ਕੰਮ ਨਫ਼ੇ ਨੁਕਸਾਨ, ਲੈਣ ਦੇਣ, ਲੜਾਈ ਝਗੜੇ ਦੇ ਲਈ ਮੈਂ ਜਿੰਮੇਵਾਰ ਨਹੀ ਹੋਵਾਗਾ. ਮੇਰਾ ਕਰਨਦੀਪ ਸਿੰਘ ਨਾਲ ਕੋਈ ਸਬੰਧ ਨਹੀ ਹੈ.

ਮੈਂ ਬਲਵਿੰਦਰ ਕੌਰ ਪਤਨੀ ਤਰਸੇਮ ਸਿੰਘ ਵਾਸੀ ਕੋਟਲੀ ਨਸੀਰ ਖਾਂ ਅੰਮ੍ਰਿਤਸਰ ਆਪਣੇ ਬੇਟੇ ਹਰਮਨਦੀਪ ਸਿੰਘ ਜੋ ਮੇਰੇ ਕਹਿਣੇ ਵਿੱਚ ਨਹੀ ਹੈ, ਮੇਰੀ ਕੋਈ ਗੱਲ ਨਹੀਂ ਮੰਨਦਾ, ਆਪਣੀ ਮਰਜੀ ਕਰਦਾ ਹੈ ਨੂੰ ਆਪਣੀ ਚੱਲ ਅਚੱਲ, ਝੁੱਕਵੀ ਅਣਝੁਕਵੀ ਜਾਇਦਾਦ ਤੋ ਬੇਦਖਲ ਕਰਦੀ ਹਾਂ. ਉਸ ਦੇ ਕਿਸੇ ਵੀ ਮਾੜੇ ਚੰਗੇ ਕੰਮ, ਨਫ਼ੇ ਨੁਕਸਾਨ, ਲੈਣ ਦੇਣ, ਲੜਾਈ ਝਗੜੇ ਦੇ ਲਈ ਮੈਂ ਜਿੰਮੇਵਾਰ ਨਹੀ ਹੋਵਾਂਗੀ. ਮੇਰਾ ਹਰਮਨਦੀਪ ਸਿੰਘ ਨਾਲ ਕੋਈ ਸੰਬੰਧ ਨਹੀ ਹੈ।

ਮੈਂ ਸਵਿੰਦਰਜੀਤ ਸਿੰਘ ਸਪੁੱਤਰ ਅਰਜਨ ਸਿੰਘ, ਪਿੰਡ ਪੱਲ੍ਹਾ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਆਪਣੇ ਲੜਕੇ ਬਲਰਾਜ ਸਿੰਘ ਨੂੰ ਕਹਿਣਿਓਂ ਬਾਹਰੀ ਹੋਣ ਕਾਰਣ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ, ਰਛਪਾਲ ਸਿੰਘ ਪੁੱਤਰ ਸ੍ਰੀ ਪਿਆਰਾ ਸਿੰਘ ਵਾਸੀ ਪਿੰਡ ਤੇ ਡਾਕ: ਮਾਹਲ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਪੰਜਾਬ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਹਰਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## COURT NOTICE

(U/o 5 Rule 20 CPC)
In the Court of
Garima Gupta
Civil Judge (Junior Division),
Amritsar
CS/2559/2025 RENDITION OF ACC
CNR No. PBAS02-004086-2025
Next Date:-20-12-2025
Jashan Enterprises Through Jashandeep Singh Bhullar and others
Vs.
M/S Vidya International
Publication Issued To:
1. Vidya International having Office at 154/496, Ground Floor, Village Pooth Khurd, Delhi-110039 Through its Prop. Anil Kumar Gupta
2. Anil Kumar Gupta, Prop. of M/S Vidya International having Office at 154/496, Ground Floor, Village Pooth Khurd, Delhi- 110039
3. Neeraj Garg S/o Prahlad Rai, Manager of M/S Vidya International, having office at 154/496, Ground Floor, Village Pooth Khurd, Delhi-110039

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 20-12-2025 at 10:00 a.m.

For details logon to https://highcourtchd.gov.in/?trs=district_notice&district=Amritsar

Civil Judge (Junior Division)
Amritsar
Dated, this day of 28-10-2025

## COURT NOTICE

(U/o 5 Rule 20 CPC)
In the Court of Garima Gupta
Civil Judge (Junior Division),
Amritsar
CNR No. PBAS02-004085-2025
Next Date: 20-12-2025
Rawmonk Exports Pvt. Ltd. Registered office at Shop No. 3, Gumtala Sub Urban, Abadi Karam Singh Colony, Palah Sahib Road, Amritsar, Punjab Through Authoriszed Representative Jashandeep Singh Bhullar S/o Baljit Singh R/O H.No. 36-37, New Golden Avenue, Amritsar
Vs.
Vidya International
Publication Issued To:
1. Vidya International Having Office At 154/496, Ground Floor, Village Pooth Khurd, Delhi-110039 Through Its Prop. Anil Kumar Gupta
2. Anil Kumar Gupta, Prop. Of M/S Vidya International Having Office At 154/496, Ground Floor, Village Pooth Khurd, Delhi- 110039

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 20-12-2025 at 10:00 a.m.

For details logon to https://highcourtchd.gov.in/?trs=district_notice&district=Amritsar

Civil Judge (Junior Division)
Amritsar
Dated, this day of 28-10-2025

## NOTICE

(U/o 5 Rule 20 CPC)
(Succession Case)
In the Court of
Parminder Kaur Bains
Civil Judge (Senior Division),
Amritsar
CNR No. PBAS02-004763-2025
Next Date:- 27-11-2025
Nirmala Devi
Vs. General Public
Application Under Section 372 Of The Indian Succession Act For The Grant of Succession Certificate to The Estate of Sh. Omkar Son of Sh. Chet Ram, Who Had Died on 21.03.2025
Notice To:
General Public
:- Whom May Its Concern

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 27-11-2025 at 10 a.m.

For details logon to https://highcourtchd.gov.in/?trs=district_notice&district=Amritsar

Civil Judge (Senior Division)
Amritsar
Dated, this day of 27-10-2025

## COURT NOTICE

(U/o 5 Rule 20 CPC)
In The Court of
Ms. Monika Chouhan
Additional Civil Judge (Senior Division) Khadoor Sahib
Next Date, Purpose of case, Orders and Judgments as well as other case information is available on http://districts.ecourts.gov.in
CNR No. PBTTB0-000199-2024
Next Date:- 28-11-2025
Sawinder Pal
Vs.
Atma Singh
Publication Issued To:
Atma Singh
Father: Sucha Singh S/O Major Singh, R/o Vill. Mal Chak, Teh. Khadur Sahib, Distt. Tarn Taran

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 28-11-2025 at 10:00 am.

For details logon to https://highcourtchd.gov.in/?trs=district_notice&district=Tarn Taran

Additional Civil Judge (Senior Division), Khadoor Sahib
Dated, this day of 29-10-2025

## COURT NOTICE

(U/o 5 Rule 20 CPC)
In the Court of Garima Gupta
Civil Judge (Junior Division),
Amritsar
CS/960/2025 DAMAGES
CNR No. PBAS02-001600-2025
Next Date:- 15-11-2025
Tarlok Singh S/O Hazara Singh & Others
Vs.
Ashok Kumar & Others
Publication Issued To:
Rani W/O Shri Lal, D/O Bua Dass, R/O Near Police Chowki, Verka, Tehsil And Distt. Amritsar

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 15-11-2025 at 10:00 a.m.

For details logon to https://highcourtchd.gov.in/?trs-district notice & district= Amritsar

Civil Judge (Junior Division)
Amritsar
Dated, this day of 29-10-2025

## LOVELY PROFESSIONAL UNIVERSITY

Jalandhar-Delhi G.T. Road, Phagwara, Distt. Kapurthala, Punjab (India) - 144411

### PUBLIC NOTICE

Launch of B.Sc. Clinical Psychology (Hons.) Program

Lovely Professional University (LPU) is pleased to announce the launch of the B.Sc. Clinical Psychology (Hons.) program, approved by the Rehabilitation Council of India (RCI), for the academic session 2025–26.

This four-year RCI-approved graduate program is designed to provide rigorous academic and clinical training in the field of Clinical Psychology. It aims to develop professionals equipped to offer first-level mental health support, promote psychological well-being, and identify mental health issues early. Graduates will be eligible for RCI registration and can pursue careers in hospitals, rehabilitation centres and recognized mental health institutions across India.

**Eligibility Criteria:**
A minimum of 60% marks in 10+2 with Science stream or equivalent and subject to qualifying LPUNEST-2025.

**Admission Process:**
Last date to apply for LPUNEST: 31st October 2025
Number of Seats: 20
Program Fee: ₹1, 20,000 per semester

For detailed information on the program & admission process, visit (http://www.lpu.in) or contact the LPU Admission Office at 1800-102-4431.

Registrar

## SBI

BRANCH: HLC SANGRUR
DISTRICT : SANGRUR (PB)
email : sbi.64793@sbi.co.in

### ਰੂਲ 8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨ ਹਸਤਾਖਰੀ ਨੇ ਸਟੇਟ ਬੈਂਕ ਆਫ ਇੰਡੀਆ, ਐੱਚ ਐੱਲ ਸੀ, ਸੰਗਰੂਰ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਰਕਮ ਵਾਪਸ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ।

ਕਰਜ਼ਦਾਰ ਅਤੇ ਗਰੰਟਰ ਰਕਮ ਅਦਾ ਕਰਨ 'ਚ ਅਸਫਲ ਰਹੇ ਹਨ, ਜਾਇਦਾਦ ਦੇ ਕਰਜ਼ਦਾਰ, ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਹੇਠਾਂ ਦਰਸਾਏ ਖਾਤਿਆਂ ਵਿਰੁੱਧ ਇਨ੍ਹਾਂ ਮਿਤੀਆਂ ਨੂੰ ਕਬਜ਼ਾ ਹਾਸਲ ਕਰ ਲਿਆ ਹੈ।

ਖਾਸ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕੀਤੇ ਜਾਣ ਲਈ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕਰਨ 'ਤੇ ਸਟੇਟ ਬੈਂਕ ਆਫ ਇੰਡੀਆ ਐੱਚ ਐੱਲ ਸੀ ਸੰਗਰੂਰ ਵੱਲੋਂ ਦਰਸਾਈ ਕੁੱਲ ਰਕਮ ਜਮ੍ਹਾਂ ਇਸ ਉੱਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਦੀ ਵਸੂਲੀ ਕੀਤੀ ਜੀਵੇਗੀ।

ਉਪਲਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ | ਕਰਜ਼ਦਾਰ/ਗਰੰਟਰ ਅਤੇ ਜਾਇਦਾਦ ਦੇ ਮਾਲਕ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|---|
| 01. | (ਕਰਜ਼ਦਾਰ) : (ਏ) ਸ੍ਰੀ ਹਰਜਿੰਦਰ ਸਿੰਘ ਪੁੱਤਰ ਸਵ. ਸ੍ਰੀ ਪਰਮਜੀਤ ਸਿੰਘ ਵਾਸੀ ਮਕਾਨ ਨੰ. 38 ਡੀ, ਨਾਨਕਿਆਣਾ ਇਨਕਲੇਵ, ਸ਼ਿਵਾ ਕਲੋਨੀ ਸੰਗਰੂਰ, ਜ਼ਿਲ੍ਹਾ ਸੰਗਰੂਰ (ਪੰਜਾਬ) 148001 (ਬੀ) ਸ੍ਰੀਮਤੀ ਰਾਜਵਿੰਦਰ ਕੌਰ ਪਤਨੀ ਸ੍ਰੀ ਹਰਜਿੰਦਰ ਸਿੰਘ ਵਾਸੀ ਮਕਾਨ ਨੰ. 38 ਡੀ, ਨਾਨਕਿਆਣਾ ਇਨਕਲੇਵ, ਸ਼ਿਵਾ ਕਲੋਨੀ ਸੰਗਰੂਰ, ਜ਼ਿਲ੍ਹਾ ਸੰਗਰੂਰ (ਪੰਜਾਬ) 148001 | ਬੈਨਾਮਾ ਵਸੀਕਾ ਨੰ. 5429 ਮਿਤੀ 23/01/2012 ਅਨੁਸਾਰ ਸ੍ਰੀ ਹਰਜਿੰਦਰ ਸਿੰਘ ਪੁੱਤਰ ਸਵ. ਸ੍ਰੀ ਪਰਮਜੀਤ ਸਿੰਘ ਅਤੇ ਸ੍ਰੀਮਤੀ ਰਾਜਵਿੰਦਰ ਕੌਰ ਪਤਨੀ ਸ੍ਰੀ ਹਰਜਿੰਦਰ ਸਿੰਘ ਦੇ ਨਾਂਅ ਜ਼ਮੀਨ ਅਤੇ ਇਮਾਰਤ ਖੱਤਾ ਨੰ. 1222/1662, ਖਸਰਾ ਨੰ. 75//6(7-16), 74//7 (8-0), 74//8/2 (7-16), 74//13/1(2-4), 74//14 (8-0), 74//15(7-11), 75//10/2(1-15), 75/11(7-14) ਖੇਤਰ ਰਕਬਾ ਕੁਲ ਜ਼ਮੀਨ 50 ਕਨਾਲ 16 ਮਰਲੇ ਦਾ 195/30480 ਹਿੱਸਾ, ਜੋ ਕਿ 0-6.15/30 ਮਰਲੇ (195 ਵਰਗ ਗਜ਼) ਪਿੰਡ ਸੰਗਰੂਰ ਏ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਸੰਗਰੂਰ (ਪੰਜਾਬ) ਜਮ੍ਹਾਂਬੰਦੀ ਸਾਲ 2019-20 ਨਾਲ ਸੰਬੰਧਤ ਸਭ ਕੁਝ। ਉਕਤ ਜਾਇਦਾਦ ਦੀਆਂ ਹੱਦਾਂ :- ਪੂਰਬ: ਬਾਹੀ 58 ਫੁੱਟ 6 ਇੰਚ ਸ੍ਰੀ ਸੁਰਿੰਦਰ ਕੁਮਾਰ ਦੀ ਜਾਇਦਾਦ, ਪੱਛਮ : ਬਾਹੀ 58 ਫੁੱਟ 6 ਇੰਚ, ਖਾਲੀ ਪਲਾਟ, ਉੱਤਰ : ਬਾਹੀ 30 ਫੁੱਟ ਖਾਲੀ ਪਲਾਟ, ਦੱਖਣ : ਬਾਹੀ 30 ਫੁੱਟ, ਗਲੀ 20 ਫੁੱਟ | 18.08.2025 | 24.10.2025 | ਸੰਕੇਤਕ ਕਬਜ਼ਾ 13/08/2025 ਨੂੰ ਰੁਪਏ 9,17,679.00/- (ਨੌਂ ਲੱਖ ਸਤਾਰਾਂ ਛੇ ਸੌ ਉਨਾਸੀ ਰੁਪਏ ਕੇਵਲ) ਜਮ੍ਹਾਂ ਇਸ 'ਤੇ ਵਿਆਜ ਅਤੇ ਹੋਰ ਚਾਰਜਿਜ਼। |
| 02. | (2) (ਕਰਜ਼ਦਾਰ) : ਸਵ. ਸ੍ਰੀਮਤੀ ਸੁਰਿੰਦਰ ਕੌਰ ਪਤਨੀ ਸ੍ਰੀ ਨਿਰਮਲ ਸਿੰਘ ਰਾਹੀਂ ਇਸ ਦੇ ਕਾਨੂੰਨੀ ਵਾਰਿਸ ਸ੍ਰੀ ਨਿਰਮਲ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਮਕਾਨ ਨੰ. 157, ਵਾਰਡ ਨੰ. 2 (ਪੁਰਾਣਾ) ਨੇੜੇ ਨਾਨਕਸਰ ਗੁਰਦੁਆਰਾ, ਜਨਤਾ ਨਗਰ, ਧੂਰੀ, ਜ਼ਿਲ੍ਹਾ ਸੰਗਰੂਰ (ਪੰਜਾਬ)-148024 | ਬੈਨਾਮਾ ਵਸੀਕਾ ਨੰ. 3313 ਮਿਤੀ 05/12/2005 ਅਨੁਸਾਰ ਸਬ-ਰਜਿਸਟਰਾਰ ਧੂਰੀ ਕੋਲ ਰਜਿਸਟਰਡ ਸ੍ਰੀਮਤੀ ਸੁਰਿੰਦਰ ਕੌਰ ਪਤਨੀ ਸ੍ਰੀ ਨਿਰਮਲ ਸਿੰਘ ਦੇ ਨਾਂਅ ਰਿਹਾਇਸ਼ੀ ਜਾਇਦਾਦ ਰਕਬਾ 0-8 ਵਿਸਵੇ ਜ਼ਮੀਨ 17 ਬਿਘੇ 6 ਵਿਸਵੇ ਜ਼ਮੀਨ ਦਾ 160/6920 ਹਿੱਸਾ, ਖੱਤਾ ਨੰ. 1017/2009 (ਮੌਜੂਦਾ ਖੱਤਾ ਨੰ. 1037/1980), ਖਸਰਾ ਨੰ. 876/17-6, ਹੱਦਾਂ : 38', ਪੱਛਮ : 37'-4-1/2'' ਮਾਰਕਫੈੱਡ, ਉੱਤਰ : 93'-10-1/2'', ਗੁਰਮੇਲ ਸਿੰਘ, ਦੱਖਣ : 96'-10'', ਮੇਜਰ ਸਿੰਘ | 25.05.2025 | 24.10.2025 | ਸੰਕੇਤਕ ਕਬਜ਼ਾ 25/05/2025 ਨੂੰ ਰੁਪਏ 12,01,932.00/- (ਬਾਰਾਂ ਲੱਖ ਇੱਕ ਹਜ਼ਾਰ ਨੌ ਸੌ ਬੱਤੀ ਰੁਪਏ ਕੇਵਲ) ਜਮ੍ਹਾਂ ਇਸ 'ਤੇ ਵਿਆਜ ਅਤੇ ਹੋਰ ਚਾਰਜਿਜ਼। |

ਮਿਤੀ : 29.10.2025 | ਸਥਾਨ : ਸੰਗਰੂਰ | ਅਧਿਕਾਰਤ ਅਫਸਰ

# ਬਿਆਸ ਪਿੰਡ-ਅਲਾਵਲਪੁਰ ਰੇਲਵੇ ਫਾਟਕ ਚਾਰ ਦਿਨ ਲਈ ਬੰਦ ਰਹੇਗਾ



**ਅਲਾਵਲਪੁਰ, (ਮਦਨ ਬੰਗੜ)**

ਕਸਬਾ ਅਲਾਵਲਪੁਰ ਤੋਂ ਬਿਆਸ ਪਿੰਡ ਨੂੰ ਜਾਣ ਵਾਲੀ ਸੜਕ ਦੇ ਉੱਪਰ ਸਥਿਤ ਰੇਲਵੇ ਫਾਟਕ ਨੰਬਰ 24 ਫਰਸ਼ ਦੀ ਰਿਪੇਅਰ ਕਰਨ ਦੇ ਲਈ ਵਿਭਾਗ ਵੱਲੋਂ ਚਾਰ ਦਿਨ ਲਈ ਬੰਦ ਕੀਤਾ ਗਿਆ ਹੈ। ਮੋਹਤਬਰਾਂ ਨੇ ਦੱਸਿਆ ਕਿ ਅਲਾਵਲਪੁਰ ਤੋਂ ਬਿਆਸ ਪਿੰਡ ਨੂੰ ਜਾਣ ਵਾਲੇ ਵਾਹਨ ਚਾਲਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਰੇਲਵੇ ਵਿਭਾਗ ਵੱਲੋਂ ਅਚਾਨਕ ਰੇਲਵੇ ਦੇ ਫਰਸ਼ ਦੀ ਪੁਟਾਈ ਸ਼ੁਰੂ ਕਰ ਦਿੱਤੀ ਗਈ। ਜਿਸ ਦੀ ਸੂਚਨਾ ਦਾ ਕੋਈ ਬੋਰਡ ਅਲਾਵਲਪੁਰ ਸੜਕ ਉੱਪਰ ਨਹੀਂ ਲਗਾਇਆ ਗਿਆ ਅਤੇ ਨਾ ਹੀ ਬਿਆਸ ਪਿੰਡ ਵੱਲੋਂ ਆਉਣ ਵਾਲੇ ਵਾਹਨ ਚਾਲਕਾਂ ਨੂੰ ਸੂਚਨਾ ਸਬੰਧੀ ਕੋਈ ਬੋਰਡ ਲਗਾਇਆ ਗਿਆ ਹੈ। ਜਿਸ ਕਾਰਨ ਵਾਹਨ ਚਾਲਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜ਼ਿਕਰਯੋਗ ਹੈ ਕਿ ਅਲਾਵਲਪੁਰ ਤੋਂ ਬਿਆਸ ਪਿੰਡ ਲਗਭਗ ਡੇਢ ਕਿਲੋਮੀਟਰ ਤੋਂ ਲੋਕਾਂ ਨੂੰ ਰੇਲਵੇ ਫਾਟਕ ਬੰਦ ਹੋਣ ਕਾਰਨ ਵਾਪਸ ਮੁੜਨਾ ਪੈ ਰਿਹਾ ਹੈ। ਫਾਟਕ ਦੇ ਬੰਦ ਹੋਣ ਸੰਬੰਧੀ ਜਦੋਂ ਰੇਲਵੇ ਫਾਟਕਾਂ ਤੇ ਗੇਟਮੈਨ ਨਾਲ ਗੱਲਬਾਤ ਕੀਤੀ ਗਈ ਤਾਂ ਉਸ ਦੇ ਕੋਲ ਕੋਈ ਸੂਚਨਾ ਨਹੀਂ ਸੀ ਕਿ ਫਾਟਕ ਕਿੰਨੀ ਤਰੀਕ ਤੱਕ ਬੰਦ ਰਹੇਗਾ। ਗੇਟਮੈਨ ਤਸੱਲੀਬਖਸ਼ ਜਵਾਬ ਨਹੀਂ ਦੇ ਸਕਿਆ। ਇਸ ਸਬੰਧੀ ਜਦੋਂ ਜੇ ਈ ਨੂੰ ਫੋਨ ਕੀਤਾ ਗਿਆ ਤਾਂ ਉਸ ਦਾ ਫੋਨ ਬੰਦ ਆ ਰਿਹਾ ਸੀ।

# ਭੰਗੀ ਚੋਅ ’ਤੇ ਬਣੇ ਪੁਲ ਦੀ ਹਾਲਤ ਖਸਤਾ ਕਾਰਨ ਹੋ ਰਹੇ ਹਾਦਸੇ : ਧੀਮਾਨ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**



ਟੈਕਸ ਦੇਣ ਦੇ ਬਾਵਜੂਦ ਹੁਸ਼ਿਆਰਪੁਰ ਟਾਡਾਂ ਬਾਈਪਾਸ ਤੇ ਭੰਗੀ ਚੋਅ ਉਤੇ ਬਣੀ ਸੜਕ ਦੀ ਖਸਤਾ ਹਾਲਤ ਰੱਖ ਕੇ ਲੋਕਾਂ ਦਾ ਜਾਨੀ ਮਾਲੀ ਅਤੇ ਆਰਥਿਕ ਨੁਕਸਾਨ ਪ੍ਰਤੀ ਸਰਕਾਰ ਵਲੋਂ ਧਿਆਨ ਨਾ ਦੇਣ ਤੇ ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਹਾਲਾਤ ਇਹ ਹਨ ਕਿ ਇਨ੍ਹਾਂ ਸੜਕਾਂ ਦੀ ਤਰਸਯੋਗ ਹਾਲਤ ਕਰਕੇ ਐਕਸੀਡੈਂਟਾਂ ਵਿਚ ਵਾਧਾ ਹੋ ਰਿਹਾ ਹੈ,ਸੜਕਾਂ ਧੂੜ ਮਿੱਟੀ ਘੱਟੇ ਨਾਲ ਭਰੀਆਂ ਰਹਿੰਦੀਆਂ ਹਨ,ਲੋਕਾਂ ਦੇ ਕੀਮਤੀ ਵਹੀਕਲਾਂ ਦਾ ਭਾਰੀ ਆਰਥਿਕ ਨੁਕਸਾਨ ਹੁੰਦਾ ਹੈ ਤੇ ਵਾਤਾਵਰਣ ਲਈ ਅਤਿ ਘਾਤਕ ਹਨ।ਉਨ੍ਹਾਂ ਕਿਹਾ ਕਿ ਹਰ ਰੋਜ਼ ਸਰਕਾਰ ਸੜਕਾਂ ਦੀ ਉਸਾਰੀ ਦੀਆਂ ਗੱਲਾਂ ਕਰ ਰਹੀ ਹੈ ਪਰ ਅਸਲ ਵਿਚ ਸੜਕਾਂ ਦੀ ਉਸਾਰੀ ਹੋਣ ਦੀ ਥਾਂ ਤੇਜੀ ਨਾਲ ਟੁੱਟ ਰਹੀਆਂ ਹਨ।ਜਦੋਂ ਹੈਵੀ ਡਿਊਟੀ ਵਾਲੀਆਂ ਗੱਡੀਆਂ ਉਸ ਪੁਲ ਉਤੋਂ ਲੰਘ ਦੀਆਂ ਹਨ ਤਾ ਪੁਲ ਨੂੰ ਭਾਰੀ ਜਰਕ ਲਗਦੀ ਹੈ ਤੇ ਪੁਲ ਦੀ ਤਾਕਤ ਕੰਮਜੋਰ ਹੁੰਦੀ ਹੈ ਤੇ ਵੱਡਾ ਨੁਕਸਾਨ ਹੋ ਸਕਦਾ ਹੈ। ਸੜਕਾਂ ਦੀ ਖਸਤਾ ਹਾਲਤ ਕਰਕੇ ਜ਼ਹਿਰੀਲਾ ਧੂੜ ਮਿੱਟੀ ਘੱਟਾ ਪੈਦਾ ਹੁੰਦਾ ਹੈ,ਉਸ ਨਾਲ ਲੋਕਾਂ ਨੂੰ ਦਮਾ,ਕੈਂਸਰ,ਚਮੜੀ ਰੋਗ,ਅੱਖਾਂ ਦੇ ਰੋਗ ਆਦਿ ਤਾਂ ਹੁੰਦੇ ਹਨ ਅਤੇ ਆਸ ਪਾਸ ਲੱਗੇ ਦਰਖਤਾਂ ਸਿਹਤ ਅਤੇ ਉਨ੍ਹਾਂ ਉਤੇ ਬੈਠੇ ਪੰਛੀਆਂ ਦੀ ਸਿਹਤ ਵੀ ਨੁਕਸਾਨੀ ਜਾਂਦੀ ਹੈ। ਧੀਮਾਨ ਨੇ ਕਿਹਾ ਕਿ ਭੰਗੀ ਚੋਅ ’ਤੇ ਬਣੇ ਪੁਲ ਦੇ ਆਲੇ ਦੁਆਲੇ ਸੜਕ ਦੇ ਕਿਨਾਰੇ ਸੁੱਰਖਿਅਤ ਨਾ ਹੋਣ ਕਾਰਨ ਕਦੇ ਵੀ ਕੋਈ ਵਹੀਕਲ ਉਥੇ ਡਿੱਗ ਸਕਦਾ ਹੈ।

# ਗੜ੍ਹਸ਼ੰਕਰ ਦੇ ਕੁਝ ਪਿੰਡਾਂ ਨੂੰ ਕਿਸੇ ਹੋਰ ਜ਼ਿਲ੍ਹੇ ਨਾਲ ਜੋੜਣ ਦਾ ਵਿਰੋਧ

**ਮਾਹਿਲਪੁਰ (ਸਫ਼ਰੀ)**

ਰੂਪਨਗਰ ਜ਼ਿਲੇ ਦੀ ਤਹਿਸੀਲ ਸ੍ਰੀ ਅਨੰਦਪੁਰ ਸਾਹਿਬ ਨੂੰ ਜ਼ਿਲਾ ਬਣਾਉਣ ਦੀ ਚਰਚਾ ਤਹਿਤ ਗੜ੍ਹਸ਼ੰਕਰ ਦੇ ਤਹਿਸੀਲ ਗੜ੍ਹਸ਼ੰਕਰ ਪਿੰਡਾਂ ਨੂੰ ਇਸ ਨਵੇਂ ਬਣ ਰਹੇ ਜ਼ਿਲ੍ਹੇ ਵਿੱਚ ਮਿਲਾਉਣ ਦੇ ਖਿਲਾਫ ਗੜ੍ਹਸ਼ੰਕਰ ਇਲਾਕੇ ’ਚ ਕੰਮ ਕਰਦੀਆਂ ਸਮੂਹ ਪਾਰਟੀਆਂ ਤੇ ਜਨਤਕ ਜਥੇਬੰਦੀਆਂ ਵਲੋਂ ਸਥਾਨਕ ਯੋਕੋ ਹਾਮਾ ਪੈਲਸ ਵਿੱਚ ਇਕੱਤਰ ਹੋ ਕੇ ਇਸ ਸਬੰਧੀ ਵਿਚਾਰ ਚਰਚਾ ਕਰਕੇ ਇੱਕ ਰਾਇ ਬਣਾਉਣ ਦੀ ਕੋਸ਼ਿਸ਼ ਕੀਤੀ ਗਈ ਜਿਸ ਦੇ ਤਹਿਤ ਵੱਖ ਵੱਖ ਪਾਰਟੀਆਂ ਤੇ ਜਨਤਕ ਜਥੇਬੰਦੀਆਂ ਦੀਆਂ ਆਗੂਆਂ ਨੇ ਸਰਬ ਸੰਮਤੀ ਨਾਲ ਫੈਸਲਾ ਕਰਕੇ ਸਥਾਨਕ ਵਿਧਾਇਕ ਨੂੰ ਮਿਲ ਕੇ ਇਸ ਸਬੰਧੀ ਆਪਣਾ ਰੋਸ ਪ੍ਰਗਟਾਉਣ ਦਾ ਫੈਸਲਾ ਕੀਤਾ ਤੇ ਮੁੱਖ ਮੰਤਰੀ ਨੂੰ ਇਸ ਖਿਲਾਫ ਰੋਸ ਪੱਤਰ ਭੇਜਿਆ ਜਾਵੇਗਾ ਅਤੇ ਜੇਕਰ ਪ੍ਰਸਤਾਵਿਤ ਪਿੰਡਾਂ ਨੂੰ ਤੋੜਨ ਦਾ ਫੈਸਲਾ ਵਾਪਸ ਨਾ ਲਿਆ ਤਾਂ ਸਮੂਹ ਪਿੰਡਾਂ ਦੀਆਂ ਪੰਚਾਇਤਾਂ ਨੂੰ ਅਤੇ ਹੋਰ ਲੋਕਾਂ ਨੂੰ ਲੈ ਕੇ ਇਸ ਖਿਲਾਫ ਲਾਮਬੰਦੀ ਕੀਤੀ ਜਾਵੇਗੀ।ਇਸ ਸਮੇਂ ਵੱਖ-ਵੱਖ ਪਾਰਟੀਆਂ ਦੇ ਆਗੂਆਂ, ਗੁਰਨੇਕ ਸਿੰਘ ਭੱਜਲ, ਦਰਸ਼ਨ ਸਿੰਘ ਮੱਟੂ, ਦਵਿੰਦਰ ਮਹਿੰਦਵਾਣੀ, ਰਾਮ ਜੀ ਦਾਸ ਚੌਹਾਨ,ਚਰਨਜੀਤ ਸਿੰਘ ਚੰਨੀ ਓ ਐਸ ਡੀ ਸਥਾਨਕ ਵਿਧਾਇਕ ਜੈ ਕ੍ਰਿਸ਼ਨ ਸਿੰਘ ਰੌੜੀ,ਲਵ ਕੁਮਾਰ ਗੋਲਡੀ,ਅਮਨਪ੍ਰੀਤ ਲਾਲੀ,ਹਰਜੀਤ ਭਾਤਪੁਰੀ, ਹਰਭਜਨ ਸਿੰਘ,ਰਮਨ ਕੁਮਾਰ,ਰਾਜ ਕੁਮਾਰ ਭੱਟੀ, ਬੀਬੀ ਸੁਭਾਸ਼ ਮੱਟੂ,ਕਲਭੂਸ਼ਨ ਮਹਿਦਵਾਣੀ, ਸਿੰਘ ਬੂਟਾ ਸਿੰਘ ਅਲੀਪੁਰ, ਬਲਵੰਤ ਰਾਮ, ਚੌਧਰੀ ਅੱਛਰ ਸਿੰਘ ਭਜਨ ਸਿੰਘ ਠੇਕੇਦਾਰ, ਰਜੇਸ਼ ਗੁਪਤਾ, ਅਮਰਜੀਤ ਸਿੰਘ, ਨਮਿਸ਼ਾ



ਮਹਿਤਾ, ਮਹਿੰਦਰ ਕੁਮਾਰ ਵੱਡੋਆਣ, ਕੁਲਵਿੰਦਰ ਸਿੰਘ ਸੰਘਾ, ਗਰੀਬੀ ਦਾਸ ਬੀਟਣ, ਦੀਪਕ ਕੁਮਾਰ ਐਮਸੀ, ਲੇਖਰਾਜ ਐਮ ਸੀ, ਦੀਪੂ ਬੀਣੇਵਾਲੀਆ, ਜਸਵੀਰ ਸਿੰਘ ਪੁਰਖੋਵਾਲ, ਜਸਕਰਨ ਸਿੰਘ, ਬਲਦੇਵ ਰਾਜ ਖੇਪੜ, ਅਮਨਦੀਪ ਬੀਣੇਵਾਲ, ਹਰਜੀਤ ਸਿੰਘ ਭਾਤਪੁਰੀ, ਸਰਬਜੀਤ ਸਿੰਘ, ਰੱਖਾ ਸਿੰਘ, ਤਰਲੋਕ ਸਿੰਘ ਨਾਗਪਾਲ, ਰੌਕੀ ਮੋਇਲਾ, ਸ਼ੋਪਕੀਪਰ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਰਾਜ ਬਰਿੰਦਰ ਸਿੰਘ ਉਰਫ ਰਾਜਾ, ਬੀਐਸਪੀ ਛਿੰਦਾ ਗੋਲੀਆਂ, ਜਿੰਦਰ ਪਾਲ ਸਰਪੰਚ,ਹੈਪੀ ਸਾਧੋਵਾਲ, ਸੁਭਾਸ਼ ਕੁਮਾਰ ਸ਼ਰਮਾ, ਸਤਪਾਲ ਵਕੀਲ, ਰਾਜਕੁਮਾਰ, ਹਰਵਿੰਦਰ ਸਿੰਘ,ਸੰਜੀਵ ਡੋਡ, ਹੰਸਰਾਜ ਗੜ੍ਹਸ਼ੰਕਰ ਆਦਿ ਹਾਜ਼ਰ ਸਨ।

# ਅੱਖਾਂ ਦਾ ਮੁਫਤ ਅਪ੍ਰੇਸ਼ਨ ਕੈਂਪ ਲਗਾਇਆ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਆਚਾਰੀਆ ਸਮਰਾਟ ਸ਼੍ਰੀ ਦੇਵੇਂਦਰ ਮੁਨੀ ਮਹਾਰਾਜ ਦੇ 95ਵੇਂ ਜਨਮ ਦਿਹਾੜੇ ਦੇ ਸ਼ੁਭ ਅਵਸਰ ’ਤੇ ਪੂਜਨੀਕ ਗੁਰੁਨੀ ਮਹਾਸਾਧਵੀ ਸ਼੍ਰੀ ਪ੍ਰਿਯਦਰਸ਼ਨਾ ਜੀ ਮਹਾਰਾਜ ਠਾਣੇ 7 ਦੀ ਪ੍ਰੇਰਨਾ ਨਾਲ ਸ਼੍ਰੀ ਵਰਧਮਾਨ ਜੈਨ ਸੇਵਾ ਸੰਘ, ਨਵਾਂਸ਼ਹਿਰ ਵੱਲੋਂ ਐੱਸ.ਐੱਸ. ਜੈਨ ਸਭਾ ਦੇ ਸਹਿਯੋਗ ਨਾਲ ਅੱਖਾਂ ਦਾ ਮੁਫ਼ਤ ਆਪ੍ਰੇਸ਼ਨ ਕੈਂਪ ਲਗਾਇਆ ਗਿਆ। ਕੈਂਪ ਦਾ ਉਦਘਾਟਨ ਉਘੇ ਸਮਾਜ ਸੇਵੀ ਨਰੇਸ਼ ਜੈਨ ਵਾਸੀ ਲੁਧਿਆਣਾ, ਉਨ੍ਹਾਂ ਦੀ ਪਤਨੀ ਸ਼੍ਰੀਮਤੀ ਰਿਤੂ ਜੈਨ ਅਤੇ ਪੁੱਤਰ ਹਿਮਾਂਸ਼ੂ ਜੈਨ ਨੇ ਕੀਤਾ। ਕੈਂਪ ਦੇ ਉਦਘਾਟਨ ਮੌਕੇ ਮਹਾਸਾਧਵੀ ਸ਼੍ਰੀ ਪ੍ਰਿਯਦਰਸ਼ਨਾ ਜੀ ਮਹਾਰਾਜ, ਸ਼੍ਰੀ ਕਿਰਨ ਪ੍ਰਭਾ ਜੀ, ਸ਼੍ਰੀ ਰਤਨ ਜੋਤੀ ਜੀ, ਸ਼੍ਰੀ ਵਿਚਕਸ਼ਨ ਸ਼੍ਰੀ ਜੀ, ਸ਼੍ਰੀ ਅਰਪਿਤਾ ਜੀ, ਸ਼੍ਰੀ ਵੰਦਿਤਾ ਜੀ ਅਤੇ ਸ਼੍ਰੀ ਮੋਕਸ਼ਦਾ ਜੀ ਮਹਾਰਾਜ ਮੌਜੂਦ ਸਨ, ਜਿਨ੍ਹਾਂ ਨੇ ਮੰਗਲ ਪਾਠ ਸੁਣਾਇਆ ਅਤੇ ਕੈਂਪ ਦੀ ਸਫਲਤਾ ਦੀ ਕਾਮਨਾ ਕੀਤੀ ਅਤੇ ਸਾਰਿਆਂ ਨੂੰ ਆਸ਼ੀਰਵਾਦ ਦਿੱਤਾ। ਇਸ ਮੌਕੇ ਸ੍ਰੀ ਵਰਧਮਾਨ ਜੈਨ ਸੇਵਾ ਸੰਘ ਨਵਾਂਸ਼ਹਿਰ ਦੀ ਤਰਫੋਂ ਐੱਸ ਐੱਸ ਜੈਨ ਸਭਾ ਦੇ ਪ੍ਰਧਾਨ ਸੁਰਿੰਦਰ ਜੈਨ, ਨੇਮ ਕੁਮਾਰ ਜੈਨ, ਚੰਦਰ ਮੋਹਨ ਜੈਨ, ਸ਼੍ਰੀਪਾਲ ਜੈਨ, ਪ੍ਰਧਾਨ ਮਨੀਸ਼ ਜੈਨ, ਸੈਕਟਰੀ ਰਤਨ ਕੁਮਾਰ ਜੈਨ, ਖਜ਼ਾਨਚੀ ਅਚਲ ਜੈਨ, ਸ਼੍ਰੀ ਰਾਕੇਸ਼ ਜੈਨ ਬੱਬੀ, ਮਨੋਜ ਜੈਨ, ਜੈਨ ਮਹਿਲਾ ਮੰਡਲ ਦੀ ਪ੍ਰਧਾਨ ਕੰਚਨ ਜੈਨ, ਜੈਨ ਯੁਵਤੀ ਮੰਡਲ ਦੀ ਪ੍ਰਧਾਨ ਗੀਤੂ ਜੈਨ, ਸ਼੍ਰੀ ਮਹਾਵੀਰ ਜੈਨ ਯੁਵਕ ਮੰਡਲ ਦੇ ਪ੍ਰਧਾਨ ਪੰਕਜ ਜੈਨ, ਮੰਤਰੀ ਦੀਪਕ ਜੈਨ, ਪ੍ਰਯਾਸ ਸੋਸਾਇਟੀ ਦੇ ਦਿਨੇਸ਼ ਜੈਨ, ਮੋਹਿਤ ਜੈਨ ਅਤੇ ਹੋਰ ਮੈਂਬਰਾਂ ਨੇ ਮੁੱਖ ਮਹਿਮਾਨ ਸ਼੍ਰੀਮਤੀ ਰਿਤੂ ਜੈਨ, ਨਰੇਸ਼ ਜੈਨ, ਹਿਮਾਂਸ਼ੂ ਜੈਨ, ਸਮਾਜ ਸੇਵੀ ਬਲਜੀਤ ਸੁਢੇਰਾ, ਸ਼ੰਕਰਾ ਆਈ ਹਸਪਤਾਲ ਦੀ ਟੀਮ ਨੂੰ ਸਨਮਾਨਿਤ ਕੀਤਾ ਤੇ ਉਨ੍ਹਾਂ ਨੂੰ ਸ਼ਾਲ ਭੇਟ ਕੀਤੀ। ਇਸ ਮੌਕੇ ਮੁੱਖ ਮਹਿਮਾਨ ਰਿਤੂ ਜੈਨ ਤੇ ਨਰੇਸ਼ ਜੈਨ ਨੇ ਕਿਹਾ ਕਿ ਅਜਿਹੇ ਕੈਂਪ ਲਗਾਉਣ ਨਾਲ, ਲੋੜਵੰਦ ਅਤੇ ਗਰੀਬ ਵੀ ਵੱਡੇ ਹਸਪਤਾਲਾਂ ਦੇ ਡਾਕਟਰਾਂ ਤੋਂ ਇਲਾਜ ਕਰਵਾ ਸਕਦੇ ਹਨ। ਉਨ੍ਹਾਂ ਨੇ ਸ਼੍ਰੀ ਵਰਧਮਾਨ ਜੈਨ ਸੇਵਾ ਸੰਘ ਦੀਆਂ ਸਾਰੀਆਂ ਸੇਵਾਵਾਂ ਲਈ ਆਪਣਾ ਪੂਰਾ ਸਮਰਥਨ ਦੇਣ ਦਾ ਵੀ ਵਾਅਦਾ ਕੀਤਾ। ਇਸ ਮੌਕੇ ਸ਼੍ਰੀ ਵਰਧਮਾਨ ਜੈਨ ਸੇਵਾ ਸੰਘ ਦੇ ਪ੍ਰਧਾਨ ਮਨੀਸ਼ ਜੈਨ ਅਤੇ ਜਨਰਲ ਸਕੱਤਰ ਰਤਨ ਕੁਮਾਰ ਜੈਨ ਨੇ ਦੱਸਿਆ ਕਿ ਸ਼ੰਕਰਾ ਆਈ ਹਸਪਤਾਲ, ਲੁਧਿਆਣਾ ਦੀ ਟੀਮ ਵੱਲੋਂ ਸ਼ੰਕਰਾ ਆਈ ਹਸਪਤਾਲ, ਲੁਧਿਆਣਾ ਵਿਖੇ ਲਗਭਗ 270 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਅਤੇ 45 ਨੂੰ ਸਰਜਰੀ ਲਈ ਚੁਣਿਆ। ਡਾਇਰੈਕਟਰ ਸੁਦਰਸ਼ਨ ਜੈਨ ਆਦਰਸ਼ ਬਾਲ ਵਿਦਿਆਲਿਆ ਹਾਈ ਸਕੂਲ, ਰਾਹੋਂ ਅਤੇ ਸ਼੍ਰੀ ਮਹਾਂਵੀਰ ਜੈਨ ਯੁਵਕ ਮੰਡਲ ਦੇ ਮੈਂਬਰਾਂ ਨੇ ਇਸ ਕੈਂਪ ਵਿੱਚ ਵਿਸ਼ੇਸ਼ ਸਹਾਇਤਾ ਪ੍ਰਦਾਨ ਕੀਤੀ। ਲਾਈਫ ਕੇਅਰ ਫਾਊਂਡੇਸ਼ਨ ਟੀਮ ਨੇ ਲੋੜਵੰਦਾਂ ਲਈ ਮੁਫ਼ਤ ਖੂਨ ਦੀ ਜਾਂਚ ਵੀ ਕੀਤੀ। ਇਸ ਮੌਕੇ ਐਸ.ਐਸ ਜੈਨ ਸਭਾ, ਸ੍ਰੀ ਮਹਾਂਵੀਰ ਜੈਨ ਨੌਜਵਾਨ ਮੰਡਲ, ਸ਼੍ਰੀ ਵਰਧਮਾਨ ਜੈਨ ਸੇਵਾ ਸੰਘ, ਪ੍ਰਯਾਸ ਸੋਸਾਇਟੀ, ਜੈਨ ਮਹਿਲਾ ਮੰਡਲ, ਸ੍ਰੀ ਚੰਦਨਬਾਲਾ ਜੈਨ ਯੁਵਤੀ ਮੰਡਲ, ਦੋਆਬਾ ਸੇਵਾ ਸੰਮਤੀ, ਨੇਤਰ ਦਾਨ ਸੰਸਥਾ, ਸ਼ਿਵ ਸ਼ੰਕਰ ਗੋਲਡਨ ਕਲੱਬ ਤੇ ਇਲਾਕੇ ਦੇ ਪ੍ਰਮੁੱਖ ਮੈਂਬਰ ਹਾਜ਼ਰ ਸਨ।



# ਖੇਤ ਮਜ਼ਦੂਰ ਯੂਨੀਅਨ ਦੀਆਂ ਯੂਨਿਟ ਚੋਣਾਂ ਸ਼ੁਰੂ



**ਬੰਗਾ (ਅਵਤਾਰ ਕਲੇਰ)** ਕੁੱਲ ਹਿੰਦ ਖੇਤ ਮਜਦੂਰ ਯੂਨੀਅਨ ਦੀ ਸੂਬਾ ਵਰਕਿੰਗ ਕਮੇਟੀ ਦੇ ਫੈਸਲੇ ਮੁਤਾਬਕ 30 ਨਵੰਬਰ ਤੱਕ ਯੂਨਿਟ ਚੋਣਾਂ ਕਰਨੀਆਂ ਹਨ। ਤਹਿਸੀਲ ਹੈੱਡਕੁਆਟਰਾਂ ਤੇ ਪੁੱਜੀਆਂ ਰਿਪੋਰਟਾਂ ਅਨੁਸਾਰ ਪਿੰਡ ਗੋਬਿੰਦਪੁਰ, ਪੱਦੀ ਮਟਵਾਲੀ, ਖਮਾਚੋਂ, ਪ੍ਰੇਮ ਨਗਰ, ਗੁਣਾਚੌਰ ਅਤੇ ਬੰਗਿਆਂ ਦੀਆਂ ਯੂਨਿਟ ਚੋਣਾਂ ਕੀਤੀਆਂ। ਹਾਜ਼ਰ ਆਗੂਆ ਯੂਨੀਅਨ ਦੇ ਪ੍ਰੋਗਰਾਮ ਅਤੇ ਮੰਗਾ ਤੋਂ ਜਾਣੂ ਕਰਾਇਆ ਅਤੇ 30 ਅਕਤੂਬਰ ਨੂੰ ਬੰਗਾ ਪੁੱਜਣ ਦੀ ਅਪੀਲ ਕੀਤੀ। ਸੰਬੋਧਨ ਕਰਨ ਵਾਲਿਆਂ ਚ ਗੁਰਦੇਵ ਰਾਮ, ਹਰਬੰਸ ਪੰਚ,ਮੋਹਨ ਲਾਲ, ਲਛਮਣ ਰਾਮ, ਗੁਰਦੀਪ ਗੁਲਾਟੀ, ਰੌਣਕੀ ਰਾਮ, ਮਨਫੂਲ, ਲਾਲ ਚੰਦ ,ਮੱਖਣ ਸਿੰਘ ਅਤੇ ਜਗਤਾਰ ਰਾਮ ਮੌਜੂਦ ਸਨ।

# ਨਸ਼ਿਆਂ ਦੀ ਦੁਰਵਰਤੋਂ ਸੰਬੰਧੀ ਰੂਬਰੂ ਸਮਾਗਮ

**ਆਦਮਪੁਰ (ਪਰਮਜੀਤ ਸਿੰਘ)**

ਸਤਿਕਾਰ ਯੋਗ ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ ਮਾਣਯੋਗ ਚਾਂਸਲਰ ਸੰਤ ਮਨਮੋਹਨ ਸਿੰਘ ਅਤੇ ਉਪ-ਕੁਲਪਤੀ ਡਾ.ਧਰਮਜੀਤ ਸਿੰਘ ਪਰਮਾਰ, ਹਰਦਮਨ ਸਿੰਘ ਮਿਨਹਾਸ ਜੀ (ਸਕੱਤਰ) ਦੇ ਦਿਸ਼ਾ ਨਿਰਦੇਸ਼ ਤਹਿਤ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਵਿਚ ਨਸ਼ਿਆਂ ਦੀ ਦੁਰਵਰਤੋਂ ਸਬੰਧੀ ਰੂਬਰੂ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦੇ ਮੁੱਖ ਵਕਤਾ ਦਿਲਬਾਗ ਸਿੰਘ ਸਨ ਜਿਨਾਂ ਨੇ ਆਪਣੀ ਜ਼ਿੰਦਗੀ ਨੂੰ ਨਸ਼ੇ ਦੀ ਲੱਤ ਤੋਂ ਸਫਲਤਾ ਤੱਕ ਦੇ ਸਫਰ ਵਿੱਚ ਕਿੰਝ ਬਦਲਿਆ ਇਹ ਬਦਲਾਅ ਉਹਨਾਂ ਦੀ ਹਿੰਮਤ ਦ੍ਰਿੜ ਨਿਸ਼ਚੇ ਅਤੇ ਖੁਦ ਉੱਤੇ ਵਿਸ਼ਵਾਸ ਦਾ ਜੀਵੰਤ ਉਦਾਹਰਨ ਹੈ। ਦਿਲਬਾਗ ਸਿੰਘ ਨੇ ਆਪਣੀ ਜੀਵਨ ਕਹਾਣੀ ਸਾਂਝੇ ਕਰਦੇ ਹੋਏ ਦੱਸਿਆ ਕਿ ਕਿਵੇਂ ਉਹਨਾਂ ਨੇ ਨਸ਼ੇ ਦੀ ਲੱਤ ਨਾਲ ਲੰਬੀ ਲੜਾਈ ਲੜੀ ਅਤੇ ਆਖਿਰਕਾਰ ਉਸ ਉੱਤੇ ਜਿੱਤ ਪ੍ਰਾਪਤ ਕਰਕੇ ਆਪਣੀ ਜ਼ਿੰਦਗੀ ਨੂੰ ਮੁੜ ਸਵਾਰਿਆ ਅੱਜ ਉਹ ਇੱਕ ਮਾਣਯੋਗ ਕੰਪਨੀ ਵਿੱਚ ਸਫਲਤਾ ਪੂਰਵਕ ਕੰਮ ਕਰ ਰਹੇ ਹਨ। ਇਸ ਮੌਕੇ ਡਾ. ਅਨੀਤ ਕੁਮਾਰ , ਡਾ. ਵਿਜੈ ਧੀਰ, ਡੀਨ ਅਕਾਦਮਿਕਸ, ਸਾਇਨਾ ਪਰਮਾਰ, ਯੂਥ ਵੈਲਫੇਅਰ ਡਾਇਰੈਕਟਰ, ਰੂਪ ਸਿੰਘ, ਡਿਪਟੀ ਰਜਿਸਟਰਾਰ ਅਤੇ ਵੱਖ-ਵੱਖ ਵਿਭਾਗਾਂ ਦੇ ਡੀਨ, ਪ੍ਰੋਫੈਸਰ ਵੀ ਹਾਜ਼ਰ ਸਨ। ਅੰਤ ਵਿੱਚ ਸ਼ਾਇਨਾ ਪਰਮਾਰ ਨੇ ਦਿਲਬਾਗ ਸਿੰਘ ਦਾ ਧੰਨਵਾਦ ਕੀਤਾ ਜਿੰਨਾ ਦੀ ਪ੍ਰੇਰਨਾਦਾਇਕ ਕਹਾਣੀ ਵਿਦਿਆਰਥੀਆਂ ਨੂੰ ਅਨੁਸ਼ਾਸਿਤ ਤੇ ਅਰਥ ਪੂਰਨ ਜੀਵਨ ਜਿਉਣ ਲਈ ਉਤਸਾਹਿਤ ਕਰਦੀ ਹੈ।



# ਅੰਤਰ ਜ਼ਿਲ੍ਹਾ ਸਕੂਲ ਖੇਡਾਂ ਸ਼ੁਰੂ

**ਅੱਡਾ ਸਰਾਂ (ਜਸਵੀਰ ਕਾਜਲ)**

ਜ਼ਿਲ੍ਹਾ ਸਿੱਖਿਆ ਅਫਸਰ ਸ਼੍ਰੀਮਤੀ ਲਲਿਤਾ ਅਰੋੜਾ ਅਤੇ ਉਪ ਜਿਲਾ ਸਿੱਖਿਆ ਅਫਸਰ ਅਮਨਦੀਪ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਜਗਜੀਤ ਸਿੰਘ ਦੀ ਦੇਖ ਰੇਖ ਵਿੱਚ 68 ਵੀਆਂ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਹੈਡਬਾਲ ਅੰਡਰ 17 ਲੜਕੀਆਂ ਸਰਕਾਰੀ ਹਾਈ ਸਕੂਲ ਮੇਗੋਵਾਲ ਗੰਜਿਆਂ ਵਿੱਚ ਸ਼ੁਰੂ ਹੋਈਆਂ। ਇਨਾ ਖੇਡਾਂ ਦਾ ਉਦਘਾਟਨ ਡੇਰਾ ਸੰਤ ਸਾਹਿਬ ਦੇ ਮੁਖੀ ਸੰਤ ਇੰਦਰ ਦਾਸ ਮੇਗੋਵਾਲ ਗੰਜਿਆ ਵੱਲੋਂ ਕੀਤਾ ਗਿਆ। ਇਸ ਮੌਕੇ ਉਹਨਾਂ ਖਿਡਾਰਨਾਂ ਨੂੰ ਆਪਣਾ ਅਸ਼ੀਰਵਾਦ ਦਿੰਦੇ ਹੋਏ ਜੀਵਨ ਵਿੱਚ ਵੱਧ ਤੋਂ ਵੱਧ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।ਅੱਜ ਖੇਡੇ ਗਏ ਮੈਚਾਂ ਵਿੱਚ ਹੁਸ਼ਿਆਰਪੁਰ ਨੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਮਾਨਸਾ ਨੇ ਪੀ ਆਈ ਐੱਸ ਮੁਹਾਲੀ, ਫਰੀਦਕੋਟ ਨੇ ਸੰਗਰੂਰ ਫਾਜ਼ਿਲਕਾ ਨੇ ਮੋਗਾ, ਫਤਿਹਗੜ੍ਹ ਸਾਹਿਬ ਨੇ ਬਰਨਾਲਾ, ਜਲੰਧਰ ਨੇ ਮੁਕਤਸਰ, ਬਠਿੰਡਾ ਨੇ ਲੁਧਿਆਣਾ, ਰੂਪਨਗਰ ਨੇ ਮਾਨਸਾ, ਫਾਜ਼ਲਕਾ ਨੇ ਮੁਕਤਸਰ ਦੀਆਂ ਟੀਮਾਂ ਨੂੰ ਹਰਾ ਕੇ ਅਗਲੇ ਦੌਰ ਵਿੱਚ ਪ੍ਰਵੇਸ਼ ਕੀਤਾ। ਇਸ ਮੌਕੇ ਮੁੱਖ ਅਧਿਆਪਕਾ ਰਵਿੰਦਰ ਕੌਰ, ਪ੍ਰਿੰਸੀਪਲ ਭਾਰਤ ਭੂਸ਼ਣ ਮੀਤ ਪ੍ਰਧਾਨ, ਲੈਕਚਰਾਰ ਪ੍ਰਭਜੋਤ ਸਿੰਘ ਸਕੱਤਰ, ਲੈਕਚਰਾਰ ਸੁਖਦੇਵ ਸਿੰਘ, ਸੁਖਜੀਵਨ ਸਿੰਘ ਸਫਰੀ, ਲੈਕਚਰਾਰ ਰਾਜਾ ਸਿੰਘ, ਜਸਵੰਤ ਸਿੰਘ, ਲੈਕਚਰਾਰ ਰਵਿੰਦਰ ਕੌਰ, ਲੈਕਚਰਾਰ ਨਰੇਸ਼ ਕੁਮਾਰ, ਕ੍ਰਾਂਤੀਪਾਲ, ਲੈਕਚਰਾਰ ਸੰਦੀਪ ਕੁਮਾਰ ,ਅਮਰਜੀਤ ਸਿੰਘ, ਹੇਮਰਾਜ ਰਾਜੇਸ਼ ਕੁਮਾਰ ਬੱਗਾ, ਕੋਚ ਸ਼ਾਮ ਲਾਲ, ਨੀਨਾ ਠਾਕੁਰ, ਹਰਦੀਪ ਸਿੰਘ, ਸਿੰਮੀ, ਕਵਿਤਾ, ਰਾਮ ਕਿਸ਼ੋਰ ਆਦਿ ਵੀ ਹਾਜ਼ਰ ਸਨ।



# ਸਾਲਾਨਾ ਸੰਗੀਤ ਮੇਲਾ 1 ਨੂੰ : ਬੂਟਾ ਮੁਹੰਮਦ

**ਬੰਗਾ (ਅਵਤਾਰ ਕਲੇਰ)**-ਬੰਗਾ ਹਲਕੇ ਦੇ ਪਿੰਡ ਨੂਰਪੁਰ ਵਿਖੇ ਸਰਦਾਰ ਮੁਹੰਮਦ ਸਟੇਡੀਅਮ ਵਿਖੇ ਪ੍ਰਸਿੱਧ ਸੰਗੀਤਕਾਰ ਸਰਦਾਰ ਮੁਹੰਮਦ ਤੇ ਗੁਲਜ਼ਾਰ ਮੁਹੰਮਦ ਦੀ ਯਾਦ ਵਿੱਚ 35 ਵਾਂ ਸਲਾਨਾ ਸੰਗੀਤ ਮੇਲਾ 1 ਨਵੰਬਰ ਦਿਨ ਸ਼ਨੀਵਾਰ ਨੂੰ ਸਮੂਹ ਨਗਰ ਨਿਵਾਸੀਆਂ ਅਤੇ ਗ੍ਰਾਮ ਪੰਚਾਇਤ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਮੇਲਾ ਸਬੰਧੀ ਜਾਣਕਾਰੀ ਦਿੰਦਿਆਂ ਟਰੱਸਟ ਦੇ ਪ੍ਰਧਾਨ ਇੰਟਰਨੈਸ਼ਨਲ ਕਲਾਕਾਰ ਬੂਟਾ ਮੁਹੰਮਦ ਨੇ ਦੱਸਿਆ ਕਿ ਮੇਲੇ ਦੀਆਂ ਤਿਆਰੀਆਂ ਜ਼ੋਰਾਂ ਤੇ ਚੱਲ ਰਹੀਆਂ ਹਨ। ਮੇਲੇ ਤੇ ਪ੍ਰਸਿੱਧ ਕਲਾਕਾਰ ਦੇਰ ਰਾਤ ਤੱਕ ਦਰਸ਼ਕਾਂ ਦਾ ਮਨੋਰੰਜਨ ਕਰਨਗੇ। ਉਨ੍ਹਾਂ ਦੱਸਿਆ ਕਿ ਇਹ ਮੇਲਾ ਇਸ ਵਾਰ ਵਿਛੜੇ ਕਲਾਕਾਰਾਂ ਦੀ ਯਾਦ ਨੂੰ ਸਮਰਪਿਤ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਪ੍ਰਸਿੱਧ ਕਮੇਡੀ ਕਲਾਕਾਰ ਜਸਵਿੰਦਰ ਭੱਲਾ ਤੇ ਰਾਜਵੀਰ ਜਵੰਦਾ ਨੂੰ ਸਮਰਪਿਤ ਹੋਵੇਗਾ। ਇਸ ਮੇਲੇ ਦੌਰਾਨ ਪ੍ਰਸਿੱਧ ਗਾਇਕ ਹੰਸ ਰਾਜ ਹੰਸ ਤੋਂ ਇਲਾਵਾ ਪੰਜਾਬ ਦੇ ਨਾਮੀ ਕਲਾਕਾਰਾਂ ਪ੍ਰੋਗਰਾਮ ਪੇਸ਼ ਕਰਨਗੇ। ਮੇਲੇ ਦੌਰਾਨ ਵੱਖ ਵੱਖ ਸ਼ਖ਼ਸ਼ੀਅਤਾਂ ਦਾ ਸਨਮਾਨ ਵੀ ਕੀਤਾ ਜਾਵੇਗਾ। ਇਸ ਮੌਕੇ ਮੁਖਤਿਆਰ ਰਾਏ ਐਸ ਪੀ ਪੰਜਾਬ ਪੁਲਸ, ਲਖਵਿੰਦਰ ਸਾਬੀ ਸਾਬਕਾ ਸਰਪੰਚ, ਇੰਜੀਨੀਅਰ ਨਰਿੰਦਰ ਬੰਗਾ , ਸੁਲਤਾਨ ਮੁਹੰਮਦ ਮੁੱਖ ਪ੍ਰਬੰਧਕ, ਦੇਸ ਰਾਜ ਬੰਗਾ, ਅਜਮੇਰ ਸੋਹਤਾ, ਜਸਬੀਰ ਸਿੰਘ ਨੂਰਪੁਰ, ਗੁਰਸੇਵਕ ਸਿੰਘ ਧਾਲੀਵਾਲ, ਰਣਜੀਤ ਰਾਣਾ, ਦਿਲਬਰ ਬੱਲੀ, ਸਦੀਕ ਸੀਕਾ, ਸੋਮ ਨਾਥ ਥਿੰਦ, ਸੁੱਚਾ ਸਿੰਘ ਝਿੰਗੜ, ਮੋਹਣ ਬੀਕਾ, ਬਲਵੀਰ ਸਾਧਪੁਰ ਆਦਿ ਹਾਜ਼ਰ ਸਨ।

# ਐੱਸ ਸੀ ਵਿੰਗ ਦੇ ਜ਼ਿਲ੍ਹਾਂ ਪ੍ਰਧਾਨ ਨੇ ਵਰਕਰਾਂ ਨਾਲ ਕੀਤੀ ਮੀਟਿੰਗ



**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**-ਹਲਕਾ ਗੜ੍ਹਸ਼ੰਕਰ ਤੋਂ ਆਮ ਆਦਮੀ ਪਾਰਟੀ ਦੇ ਐਸ .ਸੀ ਵਿੰਗ ਦੇ ਜਿਲ੍ਹਾਂ ਪ੍ਰਧਾਨ ਮਨਪ੍ਰੀਤ ਰੌਕੀ (ਮੌਲਾ ) ਅਤੇ ਹਲਕਾ ਪ੍ਰਧਾਨ ਸਤਬੀਰ ਸਿੰਘ ਦੀ ਅਗਵਾਈ ਹੇਠ ਪਲੇਠੀ ਮੀਟਿੰਗ ਹੋਈ । ਇਸ ਮੌਕੇ ਐੱਸ ਸੀ ਵਿੰਗ ਦੇ ਪ੍ਰਧਾਨ ਨੇ ਗੱਲਬਾਤ ਕਰਦਿਆਂ ਕਿਹਾ ਪੰਜਾਬ ਭਰ ਵਿੱਚ ਆਮ ਆਦਮੀ ਪਾਰਟੀ ਨੂੰ ਭਰਾਵਾਂ ਹੁੰਗਾਰਾ ਮਿਲ ਰਿਹਾ ਹੈ ਅਤੇ ਹਰ ਇਲਾਕੇ ਵਿੱਚ ਵੱਡੀ ਗਿਣਤੀ ਵਿੱਚ ਲੋਕ ਦੂਜੀਆਂ ਪਾਰਟੀਆਂ ਛੱਡ ਕੇ ਆਪ ਮੁਹਾਰੇ ਆਪ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਅਗਰ ਕਿਸੇ ਐਸ.ਸੀ ਭਾਈਚਾਰੇ ਨੂੰ ਕਿਸੇ ਵੀਂ ਪ੍ਰਕਾਰ ਦੀ ਸਮੱਸਿਆ ਪੇਸ਼ ਆਉਂਦੀ ਹੈ ਤਾਂ ਉਹ ਸਾਡੇ ਨਾਲ ਜਾਂ ਸਾਡੀ ਟੀਮ ਨਾਲ ਮੁਲਾਕਾਤ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਪਹਿਲੀਆਂ ਪਾਰਟੀਆਂ ਵਲੋਂ ਪੰਜਾਬ ਦੇ ਲੋਕਾਂ ਨੂੰ ਤਰ੍ਹਾਂ-ਤਰ੍ਹਾਂ ਦੇ ਝੂਠੇ ਲਾਰੇ ਲਗਾਏ ਜਾ ਰਹੇ ਹਨ ਪਰ ਪੰਜਾਬ ਦੇ ਲੋਕ ਜਾਣਦੇ ਹਨ ਕਿ ਆਪ ਪਾਰਟੀ ਦੀ ਸਰਕਾਰ ਸਮੇਂ ਹੀ ਪੰਜਾਬ ਦਾ ਵਿਕਾਸ ਹੋਇਆ ਹੈ।

ਇਸ ਮੌਕੇ ਪ੍ਰਵੇਸ਼ ਪਾਲ ਸਿੰਘ ਮੈਰਾ , ਕੇਬਲ ਕ੍ਰਿਸ਼ਨ, ਡਾ. ਰਾਮ ਲਾਲ, ਰਾਮ ਕਿਸ਼ਨ, ਭੁਪਿੰਦਰ ਸਿੰਘ, ਸੁਰਿੰਦਰ ਸਿੰਘ ਖਾਲਸਾ , ਭਾਗ ਸਿੰਘ, ਜੋਗਿੰਦਰ ਸਿੰਘ, ਬਲਵੀਰ ਸਿੰਘ, ਸੁਨੀਲ ਕੁਮਾਰ, ਨਰੇਸ਼ ਕੁਮਾਰ ਅਤੇ ਮਨਜੀਤ ਕੌਰ ਇਸ ਮੀਟਿੰਗ ਵਿੱਚ ਸ਼ਾਮਿਲ ਹੋਏ।

# ਰਣਬੀਰ ਕੁਮਾਰ ਜੈਨ ਨਹੀਂ ਰਹੇ

## ਪਾਸਲਾ ਤੇ ਸਾਥੀਆਂ ਨੇ ਵਿਛੜੇ ਆਗੂ ਨੂੰ ਭੇਟ ਕੀਤੀ ਸ਼ਰਧਾਂਜਲੀ

**ਜਲੰਧਰ (ਰਾਜੇਸ਼ ਥਾਪਾ)**

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਦੀ ਸਰਦੂਲਗੜ੍ਹ ਤਹਿਸੀਲ ਕਮੇਟੀ ਦੇ ਪ੍ਰਧਾਨ ਸਾਥੀ ਰਣਬੀਰ ਕੁਮਾਰ ਜੈਨ ਦੇ ਬੇਵਕਤੀ ਵਿਛੋੜੇ ਦਾ ਦੁਖਦਾਈ ਸਮਾਚਾਰ ਪ੍ਰਾਪਤ ਹੋਇਆ ਹੈ।ਸਵੇਰੇ ਸਾਝਰੇ ਪਿਆ ਦਿਮਾਗ਼ ਦਾ ਦੌਰਾ (ਬ੍ਰੇਨ ਹੈਮਰੇਜ਼) ਉਨ੍ਹਾਂ ਲਈ ਜਾਨਲੇਵਾ ਸਾਬਤ ਹੋਇਆ।ਮੂਲ ਰੂਪ ’ਚ ਨੇੜਲੇ ਪਿੰਡ ਖੈਰਾ ਕਲਾਂ ਦੇ ਜੰਮਪਲ ਸਾਥੀ ਰਣਵੀਰ ਕੁਮਾਰ ਜੈਨ ਲੰਘੀ ਸਦੀ ਦੇ ਅੰਤਲੇ ਦਹਾਕੇ ’ਚ ਸੀਪੀਆਈ (ਐਮ) ਨਾਲ ਜੁੜੇ ਸਨ। ਸੀ ਪੀ ਐਮ ਪੰਜਾਬ ਅਤੇ ਆਰ ਐੱਮ ਪੀ ਆਈ ਦੀ ਸਥਾਪਨਾ ਅਤੇ ਵਿਕਾਸ ’ਚ ਉਨ੍ਹਾਂ ਨੇ ਸ਼ਾਨਦਾਰ ਯੋਗਦਾਨ ਪਾਇਆ ਸੀ।



ਆਰ ਐੱਮ ਪੀ ਆਈ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ, ਪੰਜਾਬ ਰਾਜ ਕਮੇਟੀ ਦੇ ਪ੍ਰਧਾਨ ਤੇ ਸਕੱਤਰ ਸਾਥੀ ਰਤਨ ਸਿੰਘ ਰੰਧਾਵਾ ਤੇ ਪਰਗਟ ਸਿੰਘ ਜਾਮਾਰਾਏ, ਕੇਂਦਰੀ ਕਮੇਟੀ ਦੇ ਮੈਂਬਰ ਸਾਥੀ ਮਹੀਪਾਲ, ਬਜ਼ੁਰਗ ਰਹਿਬਰ ਸਾਥੀ ਛੱਜੂ ਰਾਮ ਰਿਸ਼ੀ, ਬਠਿੰਡਾ-ਮਾਨਸਾ ਜਿਲ੍ਹਾ ਕਮੇਟੀ ਦੇ ਸਕੱਤਰ ਸਾਥੀ ਲਾਲ ਚੰਦ ਨੇ ਸਾਥੀ ਰਣਬੀਰ ਦੇ ਯੋਗਦਾਨ ਅਤੇ ਬੇਦਾਗ ਜੀਵਨ ਨੂੰ ਸਨਮਾਨ ਨਾਲ ਸਿਜਦਾ ਕਰਦਿਆਂ ਉਨ੍ਹਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ। ਪਾਰਟੀ ਆਗੂਆਂ ਨੇ ਵਿਛੜੇ ਸਾਥੀ ਦੇ ਪਰਿਵਾਰ ਨਾਲ ਆਪਣੀਆਂ ਸੰਵੇਦਨਾਵਾਂ ਵੀ ਸਾਂਝੀਆਂ ਕੀਤੀਆਂ ਹਨ।

# ਵਿਜੀਲੈਂਸ ਜਾਗਰੂਕਤਾ ਸਪਤਾਹ ਤਹਿਤ ਸੈਮੀਨਾਰ ਕਰਵਾਇਆ




**ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ)**

‘ਭ੍ਰਿਸ਼ਟਾਚਾਰ ਵਿਰੁੱਧ ਚੌਕਸੀ : ਸਾਡੀ ਸਾਂਝੀ ਜ਼ਿੰਮੇਵਾਰੀ’ ਥੀਮ ਤਹਿਤ ਵਿਜੀਲੈਂਸ ਬਿਊਰੋ ਯੂਨਿਟ ਹੁਸ਼ਿਆਰਪੁਰ ਵੱਲੋਂ ਜ਼ਿਲ੍ਹੇ ਵਿਚ ਵਿਜੀਲੈਂਸ ਜਾਗਰੂਕਤਾ ਸਪਤਾਹ ਮਨਾਇਆ ਜਾ ਰਿਹਾ ਹੈ। ਇਸ ਦੌਰਾਨ ਜ਼ਿਲ੍ਹੇ ਭਰ ਵਿੱਚ 2 ਨਵੰਬਰ ਤੱਕ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਇਸੇ ਸਬੰਧ ਵਿੱਚ ਉਪ-ਕਪਤਾਨ ਪੁਲਿਸ ਵਿਜੀਲੈਂਸ ਬਿਊਰੋ ਯੂਨਿਟ ਹੁਸ਼ਿਆਰਪੁਰ ਮਨਦੀਪ ਸਿੰਘ ਦੀ ਅਗਵਾਈ ਹੇਠ ਖ਼ਾਲਸਾ ਕਾਲਜ ਮਾਹਿਲਪੁਰ ਵਿਖੇ ਇੱਕ ਵਿਸ਼ਾਲ ਸੈਮੀਨਾਰ ਕਰਵਾਇਆ ਗਿਆ। ਸੀਨੀਅਰ ਕਪਤਾਨ ਪੁਲਿਸ ਵਿਜੀਲੈਂਸ ਬਿਊਰੋ, ਰੇਂਜ ਜਲੰਧਰ ਹਰਪ੍ਰੀਤ ਸਿੰਘ ਮੰਡੇਰ ਨੇ ਇਸ ਸੈਮੀਨਾਰ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਹਾਜ਼ਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ/ਕਰਮਚਾਰੀਆਂ, ਕਾਲਜ ਦੇ ਸਟਾਫ ਅਤੇ ਵਿਦਿਆਰਥੀਆਂ ਨੂੰ ਆਪਣੀ ਡਿਊਟੀ ਇਮਾਨਦਾਰੀ ’ਤੇ ਮਿਹਨਤ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ ਅਤੇ ਭ੍ਰਿਸ਼ਟਾਚਾਰ ਰੋਕਣ ਸਬੰਧੀ ਸਹੁੰ ਚੁਕਾਈ।ਵਿਜੀਲੈਂਸ ਬਿਊਰੋ ਦੀ ਕਾਰਜਸ਼ੈਲੀ ਦੀ ਜਾਣਕਾਰੀ ਦਿੰਦੇ ਹੋਏ ਉਨ੍ਹਾਂ ਦੱਸਿਆ ਕਿ ਜੇਕਰ ਕੋਈ ਸਰਕਾਰੀ ਅਧਿਕਾਰੀ ਜਾਂ ਕਰਮਚਾਰੀ ਕੋਈ ਸਰਕਾਰੀ ਕੰਮ ਕਰਨ ਬਦਲੇ ਰਿਸ਼ਵਤ ਦੀ ਮੰਗ ਕਰਦਾ ਹੈ, ਤਾਂ ਇਸ ਸਬੰਧੀ ਤੁਸੀਂ ਵਿਜੀਲੈਂਸ ਬਿਊਰੋ ਪਾਸ ਸ਼ਿਕਾਇਤ ਕਰ ਸਕਦੇ ਹੋ ਜਾਂ ਉਸ ਅਧਿਕਾਰੀ/ਕਰਮਚਾਰੀ ਨੂੰ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਵਿਜੀਲੈਂਸ ਵਿਭਾਗ ਪਾਸ ਗ੍ਰਿਫ਼ਤਾਰ ਕਰਵਾ ਸਕਦੇ ਹੋ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਭ੍ਰਿਸ਼ਟਾਚਾਰ ਸਬੰਧੀ ਸ਼ਿਕਾਇਤ ਵਿਜੀਲੈਂਸ ਬਿਊਰੋ ਦੇ ਟੋਲ ਫਰੀ ਨੰਬਰ 1800-1800-1000, ਐਂਟੀ ਕਰੱਪਸ਼ਨ ਐਕਸ਼ਨ ਲਾਈਨ ਨੰਬਰ 95012-00200 ਤੇ ਦਰਜ ਕਰਵਾ ਸਕਦਾ ਹੈ। ਇਸ ਮੌਕੇ ਵਿਜੀਲੈਂਸ ਵਿਭਾਗ ਨੂੰ ਭ੍ਰਿਸ਼ਟਾਚਾਰ ਸਬੰਧੀ ਇਤਲਾਹ ਦੇਣ ਸਬੰਧੀ ਟੋਲ ਫ੍ਰੀ ਨੰਬਰ,ਐਕਸ਼ਨ ਹੈਲਪ ਲਾਈਨ ਨੰਬਰ, ਡੀ.ਐਸ.ਪੀ ਵਿਜੀਲੈਂਸ ਹੁਸ਼ਿਆਰਪੁਰ ਦਾ ਨੰਬਰ ਅਤੇ ਐਸ.ਐਸ.ਪੀ ਵਿਜੀਲੈਂਸ ਰੇਂਜ ਜਲੰਧਰ ਦੇ ਸੰਪਰਕ ਨੰਬਰਾਂ ਵਾਲੇ ਪੈਂਫਲਿਟ ਵੀ ਵੰਡੇ ਗਏ।ਇਸ ਮੌਕੇ ਐਸ.ਪੀ ਮੇਜਰ ਸਿੰਘ, ਐਸ.ਪੀ ਮਨੋਜ ਠਾਕੁਰ ਤੋਂ ਇਲਾਵਾ ਸਰਕਾਰੀ ਵੱਖ-ਵੱਖ ਸਰਕਾਰੀ ਮਹਿਕਮਿਆਂ ਦੇ ਅਧਿਕਾਰੀ/ਕਰਮਚਾਰੀ, ਪ੍ਰਿੰਸੀਪਲ ਖ਼ਾਲਸਾ ਕਾਲਜ ਮਾਹਿਲਪੁਰ ਪਰਵਿੰਦਰ ਸਿੰਘ, ਕਾਲਜ ਦਾ ਸਟਾਫ ਅਤੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਡੀ ਸੀ ਨੇ ਕੀਤਾ ਲਿਟਲ ਕਿੰਗਡਮ ਇੰਟਰਨੈਸ਼ਨਲ ਸਕੂਲ ਦਾ ਦੌਰਾ

**ਟਾਂਡਾ ਉੜਮੁੜ/ਅੱਡਾ ਸਰਾਂ (ਜਸਵਿੰਦਰ ਸਿੰਘ ਸੰਧੂ, ਉਂਕਾਰ ਸਿੰਘ, ਜਸਵੀਰ ਕਾਜਲ)**

ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਲਿਟਲ ਕਿੰਗਡਮ ਇੰਟਰਨੈਸ਼ਨਲ ਸਕੂਲ ਉੜਮੁੜ ਦਾ ਡੀ ਸੀ ਹੁਸ਼ਿਆਰਪੁਰ ਆਸ਼ਿਕਾਂ ਜੈਨ ਨੇ ਦੌਰਾ ਕੀਤਾ ਹੈ । ਸਕੂਲ ਪਹੁੰਚਣ ਤੇ ਸਕੂਲ ਦੀ ਵਾਈਸ ਚੇਅਰਪਰਸਨ ਨੇਹਾ ਵੈਦ,ਬਲਵਿੰਦਰ ਕੌਰ ਗਿੱਲ ਅਤੇ ਪ੍ਰਿੰਸੀਪਲ ਮੀਤਾ ਆਨੰਦ ਦੀ ਅਗਵਾਈ ਵਿਚ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੇ ਭਰਵਾਂ ਸਵਾਗਤ ਕੀਤਾ। ਇਸ ਦੌਰਾਨ ਡੀ ਸੀ ਜੈਨ ਨੇ ਸਕੂਲ ਵੱਲੋਂ ਕ੍ਰਿਕੇਟ ਖੇਡ ਨੂੰ ਪ੍ਰਫੁੱਲਿਤ ਕਰਨ ਲਈ ਬਣਾਈ ਗਈ ਗਿੱਲ ਬਾਕਸ ਕ੍ਰਿਕੇਟ ਅਕੈਡਮੀ ਦਾ ਨਿਰੀਖਣ ਕੀਤਾ। ਇਸ ਮੌਕੇ ਨੇਹਾ ਵੈਦ ਅਤੇ ਪ੍ਰਿੰਸੀਪਲ ਮੀਤਾ ਨੇ ਡੀ ਸੀ ਨੂੰ ਸਿੱਖਿਆ ਅਤੇ ਖੇਡਾਂ ਲਈ ਵਿਦਿਆਰਥੀਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ। ਡੀ. ਸੀ. ਜੈਨ ਨੇ ਸਕੂਲ ਦੇ ਪ੍ਰਬੰਧਾਂ ਜਾ ਜਾਇਜ਼ਾ ਲੈਣ ਉਪਰੰਤ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਰੂਬਰੂ ਹੁੰਦੇ ਹੋਏ ਆਖਿਆ ਕਿ ਜੀਵਨ ਵਿਚ ਉੱਚੇ ਮੁਕਾਮ ਹਾਸਲ ਕਰਨ ਅਤੇ ਵਧੀਆ ਨਾਗਰਿਕ ਅਤੇ ਇਨਸਾਨ ਬਣਨ ਲਈ ਵਿਦਿਆਰਥੀ ਸਖਤ ਮੇਹਨਤ ਕਰਨ। ਉਨ੍ਹਾਂ ਆਖਿਆ ਕਿ ਸਿੱਖਿਆ ਦੇ ਪ੍ਰਸਾਰ ਲਈ ਸਰਕਾਰੀ ਸਿੱਖਿਆ ਸੰਸਥਾਵਾਂ ਦੇ ਨਾਲ ਨਾਲ ਪ੍ਰਾਈਵੇਟ ਸਕੂਲਾਂ ਦਾ ਵੀ ਅਹਿਮ ਯੋਗਦਾਨ ਹੈ । ਇਸ ਮੌਕੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਨੇਹਾ ਵੈਦ ਨੇ ਡੀ ਸੀ ਜੈਨ ਦਾ ਸਨਮਾਨ ਕੀਤਾ। ਇਸ ਮੌਕੇ ਵਾਈਸ ਪ੍ਰਿੰਸੀਪਲ ਸੂਰਜ ਸਹੋਤਾ, ਨੀਨਾ ਵਾਲੀਆ, ਮਮਤਾ, ਸਰਬਜੀਤ ਕੌਰ, ਸ਼ੀਤਲ ਕੌਰ, ਪਵਨਦੀਪ, ਹਰਮਨ ਕੌਰ, ਸੁਖਜਿੰਦਰ ਕੌਰ, ਸਿਮਰਨਦੀਪ ਕੌਰ, ਸੁਰਭੀ ਵਰਮਾ, ਲਖਵੀਰ ਸਿੰਘ, ਨੇਕਤਾ ਸ਼ਰਮਾ, ਗਗਨਦੀਪ ਕੌਰ, ਗੀਤੂ, ਰਜਨੀ, ਮੀਨੂੰ ਕਤਿਆਲ, ਚਰਨਜੀਤ ਕੌਰ, ਹਰਪ੍ਰੀਤ ਕੌਰ ਆਦਿ ਹਾਜ਼ਰ ਸਨ।



# ਬਲਾਚੌਰ ਦੇ ਕੁਝ ਪਿੰਡਾਂ ਨੂੰ ਕਿਸੇ ਹੋਰ ਜ਼ਿਲ੍ਹੇ ਨਾਲ ਨਾ ਜੋੜਿਆ ਜਾਵੇ : ਰਾਣਾ

**ਬਲਾਚੌਰ (ਜਸਵਿੰਦਰ ਬੈਂਸ)**-ਬੀਤੇ ਕੁਝ ਦਿਨਾਂ ਤੋਂ ਸ੍ਰੀ ਅਨੰਦਪੁਰ ਸਾਹਿਬ ਨੂੰ ਨਵਾਂ ਜ਼ਿਲ੍ਹਾ ਬਣਾਉਣ ਦੀ ਚਰਚਾ ਚੱਲ ਰਹੀ ਹੈ। ਭਾਵੇਂ ਸਰਕਾਰੀ ਤੌਰ ਤੇ ਅਜਿਹੀ ਕੋਈ ਤਜਵੀਜ਼ ਲੋਕਾਂ ਕੋਲ ਨਹੀਂ ਪੁੱਜੀ ਹੈ ਫੇਰ ਵੀ ਇਹ ਚਰਚਾ ਰਾਜਨੀਤਕ ਵਿਸ਼ਾ ਬਣਦੀ ਜਾ ਰਹੀ ਹੈ। ਇਸ ਸਬੰਧੀ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਕੁਝ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪੰਜਾਬ ਇਸ ਵੇਲੇ ਕਰਜੇ ਦੇ ਬਿਆਜ ਨੂੰ ਮੋੜਨ ਦਾ ਵੀ ਸੰਕਟ ਚੱਲ ਰਿਹਾ ਹੈ। ਅਜਿਹੇ ਵਿੱਚ ਨਵੇਂ ਜ਼ਿਲ੍ਹੇ ਬਣਾਉਣਾ ਕਿਸੇ ਤਰ੍ਹਾਂ ਵੀ ਵਾਜਬ ਨਹੀਂ ਹੈ। ਕਿਉਂਕਿ ਨਵਾਂ ਜ਼ਿਲ੍ਹਾ ਬਣਾਉਣ ਨਾਲ ਸੂਬੇ ਤੇ ਵੱਡਾ ਆਰਥਿਕ ਬੋਝ ਪਵੇਗਾ। ਸਾਥੀ ਰਾਣਾ ਨੇ ਕਿਹਾ ਕਿ ਫਿਰ ਵੀ ਜੇ ਸਰਕਾਰ ਨੇ ਸ੍ਰੀ ਆਨੰਦਪੁਰ ਸਾਹਿਬ ਨੂੰ ਨਵਾਂ ਜ਼ਿਲ੍ਹਾ ਬਣਾਉਣਾ ਹੈ ਤਾਂ ਇਸ ਵਿੱਚ ਹਲਕਾ ਬਲਾਚੌਰ ਦਾ ਕੋਈ ਵੀ ਪਿੰਡ ਨਾ ਜੋੜਿਆ ਜਾਵੇ ਕਿਉਂਕਿ ਲੋਕਾਂ ਵਿੱਚ ਚਰਚਾ ਹੈ ਕਿ ਹਲਕਾ ਬਲਾਚੌਰ ਦੇ ਕੁਝ ਪਿੰਡਾਂ ਨੂੰ ਨਵੇਂ ਜਿਲ੍ਹੇ ਵਿੱਚ ਸ਼ਾਮਿਲ ਕੀਤਾ ਜਾ ਰਿਹਾ ਹੈ।ਸਾਥੀ ਰਾਣਾ ਨੇ ਕਿਹਾ ਕਿ ਹਲਕਾ ਬਲਾਚੌਰ ਅਤੇ ਸ੍ਰੀ ਅਨੰਦਪੁਰ ਸਾਹਿਬ ਵਿਚਕਾਰ ਸ਼ਿਵਾਲਕ ਦੀਆਂ ਪਹਾੜੀਆਂ ਮੌਜੂਦ ਹਨ ਜੋ ਦੋਨਾਂ ਖਿੱਤਿਆਂ ਨੂੰ ਵੱਖਰੀ ਭਗੋਲਿਕ ਪਹਿਚਾਣ ਦੇਦੀ ਹੈ। ਹਲਕਾ ਬਲਾਚੌਰ ਦੀ ਪਛਾਣ ਦੁਆਬੇ ਦੇ ਕੰਢੀ ਖੇਤਰ ਵਜੋ ਹੈ ਜਦਕਿ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੀ ਪਹਿਚਾਣ ਦੂਣ ਅਤੇ ਘਾੜ ਖੇਤਰ ਵਜੋਂ ਹੈ। ਦੋਨਾਂ ਖਿੱਤਿਆਂ ਵਿਚਕਾਰ ਵੱਖਰੀ ਵੱਖਰੀ ਉਪ ਬੋਲੀ ਮੌਜੂਦ ਹੈ ਅਤੇ ਦੋਹਾਂ ਖਿੱਤਿਆਂ ਦਾ ਵੱਖਰਾ ਸੱਭਿਆਚਾਰ ਹੈ। ਇਸ ਲਈ ਚਰਚਾ ਅਧੀਨ ਨਵਾਂ ਜ਼ਿਲ੍ਹਾ ਸ੍ਰੀ ਅਨੰਦਪੁਰ ਸਾਹਿਬ ਵਿੱਚ ਬਲਾਚੌਰ ਹਲਕੇ ਦੇ ਕੁਝ ਪਿੰਡਾਂ ਨੂੰ ਸ਼ਾਮਿਲ ਕਰਨ ਦਾ ਕੋਈ ਆਧਾਰ ਨਹੀਂ ਹੈ। ਉਹਨਾਂ ਮੰਗ ਕੀਤੀ ਕਿ ਸਰਕਾਰ ਆਪਣੀ ਤਜਵੀਜ਼ ਬਾਰੇ ਲੋਕਾਂ ਨੂੰ ਜਾਣੂ ਕਰਾਵੇ।



# ਇੱਕ ਰੋਜ਼ਾ ਮੈਡੀਕਲ ਚੈੱਕਅੱਪ ਕੈਂਪ ਲਗਾਇਆ




**ਕਾਲਾ ਸੰਘਿਆਂ (ਮਨਜੀਤ ਮਾਨ)**

ਸੰਤ ਹੀਰਾ ਦਾਸ ਕੰਨਿਆ ਮਹਾਂ ਵਿਦਿਆਲਿਆ ਕਾਲਾ ਸੰਘਿਆਂ ਦੇ ਐਨ.ਐਸ ਐਸ /ਰੈਡ ਰਿਬਨ ਤੇ ਇਕੋ ਕਲੱਬ ਵੱਲੋਂ ਪ੍ਰਿੰਸੀਪਲ ਬਲਜਿੰਦਰ ਕੌਰ ਸੱਚਦੇਵਾ ਦੀ ਅਗਵਾਈ ਹੇਠ ਸਿਵਲ ਹਸਪਤਾਲ ਵਿਖੇ ਐਸ ਐਮ ਓ ਡਾ. ਭੁਪਿੰਦਰ ਕੌਰ ਦੇ ਸਹਿਯੋਗ ਨਾਲ ਇੱਕ ਰੋਜ਼ਾ ਮੈਡੀਕਲ ਚੈੱਕਅੱਪ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਸਿਵਲ ਹਸਪਤਾਲ ਵਿੱਚ ਵਿਦਿਆਰਥੀਆਂ ਦੇ ਐਚ ਬੀ ਤੇ ਬਲੱਡ ਗਰੁੱਪ ਦੀ ਜਾਂਚ ਕੀਤੀ ਗਈ ਅਤੇ ਲੋੜੀਂਦੀਆਂ ਦਵਾਈਆਂ ਵੀ ਦਿੱਤੀਆਂ।ਇਸ ਮੌਕੇ ਸਿਵਲ ਹਸਪਤਾਲ ਦੇ ਸੁਰਿੰਦਰ ਕੌਰ ਨੇ (ਐਮ ਪੀ ਐਚ ਡਬਲਯੂ ਐਫ) ਵਿਦਿਆਰਥੀਆਂ ਨੂੰ ਨਿੱਜੀ ਸਫਾਈ ਰੱਖਣ ਸਬੰਧੀ ਆਪਣੇ ਵਿਚਾਰ ਪ੍ਰਗਟ ਕੀਤੇ ਤੇ ਚੰਗੀ ਸਿਹਤ ਲਈ ਸੰਤੁਲਿਤ ਭੋਜਨ ਖਾਣ ਲਈ ਪ੍ਰੇਰਿਆ। ਇਸ ਸਮੇਂ ਡਾ. ਸੁਭਾਸ਼ ਕੁਮਾਰ ਨੇ ਵਿਦਿਆਰਥੀਆਂ ਦਾ ਚੈੱਕਅੱਪ ਕੀਤਾ ਅਤੇ ਜੰਕਫੂਡ ਖਾਣ ਦੀ ਬਜਾਏ ਘਰ ਦਾ ਖਾਣਾ ਖਾਣ ਲਈ ਕਿਹਾ। ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ ਨੇ ਸਿਵਲ ਹਸਪਤਾਲ ਦੇ ਡਾ. ਸਾਹਿਬਾਨ ਵੱਲੋਂ ਬੱਚਿਆਂ ਦਾ ਚੈੱਕਅੱਪ ਕਰਨ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸਮੇਂ- ਸਮੇਂ ਸਿਰ ਜੇਕਰ ਅਸੀਂ ਆਪਣਾ ਚੈੱਕਅੱਪ ਕਰਵਾਉਂਦੇ ਹਾਂ ਤਾਂ ਅਨੇਕਾਂ ਬਿਮਾਰੀਆਂ ਤੋਂ ਬਚ ਸਕਦੇ ਹਾਂ।ਇਸ ਕੈਂਪ ਵਿੱਚ ਸਿਵਲ ਹਸਪਤਾਲ ਦੇ ਐਸ ਐਮ ਓ ਡਾ. ਭੁਪਿੰਦਰ ਕੌਰ, ਸੁਰਿੰਦਰ ਕੌਰ ਐਮ ਪੀ ਐਚ ਡਬਲਯੂ ਐਫ, ਡਾ. ਸੁਭਾਸ਼ ਕੁਮਾਰ, ਐੱਨ ਐੱਸ ਐਸ ਤੇ ਰੈਡ ਰਿਬਨ ਕਲੱਬ ਦੇ ਇੰਚਾਰਜ ਡਾ.ਕੁਲਵਿੰਦਰ ਕੌਰ, ਮੈਡਮ ਸੂਜਨ, ਮੈਡਮ ਇਰਮਾ ਅਤੇ ਸਮੂਹ ਵਿਦਿਆਰਥੀ ਹਾਜ਼ਰ ਸਨ।

# ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੈਮੀਨਾਰ

**ਨੰਗਲ (ਸੁਰਜੀਤ ਸਿੰਘ)**

ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਨੂੰ ਦਿਹਾੜੇ ਸਮਰਪਿਤ ਸਰਕਾਰੀ ਆਈਟੀਆਈ ਨੰਗਲ ਵਿਖੇ ਇੱਕ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਹ ਸੈਮੀਨਾਰ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ ਦੇ ਮੰਤਰੀ ਹਰਜੋਤ ਸਿੰਘ ਬੈਂਸ ਦੇ ਨਿਰਦੇਸ਼ਾਂ ਅਤੇ ਡਾਇਰੈਕਟਰ ਤਕਨੀਕੀ ਸਿੱਖਿਆਂ ਅਤੇ ਉਦਯੋਗਿਕ ਸਿਖਲਾਈ ਵਿਭਾਗ ਵੱਲੋਂ ਜਾਰੀ ਹੁਕਮਾਂ ਅਨੁਸਾਰ ਕਰਵਾਏ ਗਏ। ਇਸ ਸੈਮੀਨਾਰ ਵਿੱਚ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਸੂਬਾ ਪ੍ਰਧਾਨ ਹਰਜੀਤ ਸਿੰਘ ਅਤੇ ਸੂਬਾ ਸਕੱਤਰ ਹਰਮੋਹਿੰਦਰ ਸਿੰਘ ਵਲੋਂ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਗਈ।ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਅਤੇ ਸਟਾਫ਼ ਨੂੰ ਗੁਰੂ ਸਾਹਿਬ ਦੇ ਜੀਵਨ ਸੰਦੇਸ਼ਾਂ, ਉਨ੍ਹਾਂ ਦੇ ਬਲਿਦਾਨ ਅਤੇ ਮਨੁੱਖਤਾ ਪ੍ਰਤੀ ਉਨ੍ਹਾਂ ਦੇ ਯੋਗਦਾਨ ਬਾਰੇ ਜਾਣੂ ਕਰਵਾਉਣਾ ਸੀ। ਸੈਮੀਨਾਰ ਦੀ ਸ਼ੁਰੂਆਤ ਮੌਕੇ ਸਿੱਖਿਆਰਥੀਆਂ ਨੂੰ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਨਾਲ ਸਬੰਧਤ ਵਿਸ਼ੇਸ਼ ਧਾਰਮਿਕ ਦਸਤਾਵੇਜੀ ਫਿਲਮ ਵਿਖਾਈ ਗਈ, ਜਿਸ ਨਾਲ ਪੂਰੇ ਪ੍ਰੋਗਰਾਮ ਦਾ ਮਾਹੌਲ ਆਧਿਆਤਮਿਕ ਹੋ ਗਿਆ। ਪ੍ਰਿੰਸੀਪਲ ਗੁਰਨਾਮ ਸਿੰਘ ਭੱਲੜੀ ਨੇ ਮਹਿਮਾਨਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਅਸੀ ਆਪਣੀ ਵਿਰਾਸਤ ਨਾਲ ਜੁੜਦੇ ਹਾਂ ਅਤੇ ਨਵੀਂ ਪੀੜ੍ਹੀ ਨੂੰ ਗੁਰੂ ਸਾਹਿਬਾਂ ਦੇ ਰਾਹ ਤੇ ਤੁਰਨ ਲਈ ਪ੍ਰੇਰਿਤ ਕਰਦੇ ਹਨ। ਗੁਰੂ ਜੀ ਦੀ ਸ਼ਹਾਦਤ ਨੂੰ ਸਿੱਜਦਾ ਕਰਦਿਆਂ ਉਨਾਂ ਕਿਹਾ ਕਿ ਗੁਰੂ ਜੀ ਵਲੋਂ ਜਬਰ ਅਤੇ ਜੁਲਮ ਦੇ ਖਿਲਾਫ ਆਪਣੀ ਸ਼ਹਾਦਤ ਦੇ ਕੇ ਹਿੰਦੂ ਧਰਮ ਦੀ ਰਾਖੀ ਕੀਤੀ। ਇਸ ਮੌਕੇ ਟਰੇਨਿੰਗ ਅਫਸਰ ਰਾਕੇਸ਼ ਕੁਮਾਰ ਵਲੋਂ ਗੁਰੂ ਸਾਹਿਬ ਦੇ ਜੀਵਨ ਅਤੇ ਉਨਾਂ ਵਲੋਂ ਲੋਕਾਈ ਨੂੰ ਦਿੱਤੇ ਗਏ ਉਪਦੇਸ਼ਾ ਵਾਰੇ ਜਾਣੂ ਕਰਵਾਇਆਂ ਗਿਆ। ਇਸ ਮੌਕੇ ਟਰੇਨਿੰਗ ਅਫਸਰ ਅਸ਼ਵਨੀ ਕੁਮਾਰ, ਟਰੇਨਿੰਗ ਅਫਸਰ ਅਜੈ ਕੁਮਾਰ, ਟਰੇਨਿੰਗ ਅਫਸਰ ਸੰਜੀਵ ਕੁਮਾਰ ਮੱਲੀ, ਟਰੇਨਿੰਗ ਅਫਸਰ ਗੁਰਮੇਲ ਸਿੰਘ, ਬਲਜੀਤ ਸਿੰਘ ਜੇਤੇਵਾਲ, ਗੁਰਦੀਪ ਕੁਮਾਰ,ਦਲਜੀਤ ਸਿੰਘ, ਵਰਿੰਦਰ ਸਿੰਘ, ਮਨੋਜ ਕੁਮਾਰ ਤੇ ਸਮੂਹ ਸਟਾਫ਼ ਮੈਂਬਰਾਂ ਹਾਜ਼ਰ ਸਨ।



# ਹਰਬੰਸ ਸਿੰਘ ਮੰਝ ਠੱਕਰਵਾਲ ਦੇ ਦੇਹਾਂਤ ’ਤੇ ਇਲਾਕੇ ’ਚ ਸੋਗ ਦੀ ਲਹਿਰ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਠੱਕਰਵਾਲ ਦੇ ਉੱਘੇ ਸਮਾਜ ਸੇਵਕ ਅਤੇ ਖੇਡ ਪ੍ਰਮੋਟਰ ਮਾਸਟਰ ਹਰਬੰਸ ਸਿੰਘ ਮੰਝ ਠੱਕਰਵਾਲ ਦਾ ਬੀਤੀ ਦਿਨੀ ਕੈਨੇਡਾ ਦੇ ਵਿੱਚ ਦੇਹਾਂਤ ਹੋ ਗਿਆ ਸੀ। ਇਸ ਮੌਕੇ ਦੁੱਖ ਦੀ ਖਬਰ ਸੁਣਦਿਆਂ ਸਾਰ ਹੀ ਪੂਰੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਇਸ ਮੌਕੇ ਪੂਰੇ ਇਲਾਕੇ ਤੋਂ ਵੱਖ ਵੱਖ ਰਾਜਨੀਤਿਕ ਪਾਰਟੀਆਂ, ਸਮਾਜਿਕ , ਧਾਰਮਿਕ ਜਥੇਬੰਦੀਆਂ, ਪੱਤਰਕਾਰ ਭਾਈਚਾਰਾ ਅਤੇ ਸਿਆਸੀ ਆਗੂਆਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਉਹਨਾਂ ਦੇ ਬੇਟੇ ਰਣਵੀਰ ਸਿੰਘ ਮੰਝ ਕੈਨੇਡਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਾਡੇ ਪੂਜਨੀਕ ਪਿਤਾ ਮਾਸਟਰ ਹਰਬੰਸ ਸਿੰਘ ਮੰਝ ਦੀ ਆਤਮਿਕ ਸ਼ਾਂਤੀ ਲਈ 2 ਨਵੰਬਰ ਨੂੰ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਗੁਰਦੁਆਰਾ ਸ੍ਰੀ ਸਿੰਘ ਸਭਾ ਠੱਕਰਵਾਲ ਵਿਖੇ ਪਾਏ ਜਾਣਗੇ। ਉਪਰੰਤ ਦੀਵਾਨ ਹਾਲ ਵਿੱਚ ਵੈਰਾਗਮਈ ਕੀਰਤਨ ਕੀਤਾ ਜਾਵੇਗਾ। ਇਸ ਮੌਕੇ 2 ਨਵੰਬਰ ਨੂੰ ਮਾਸਟਰ ਹਰਬੰਸ ਸਿੰਘ ਮੰਝ ਠੱਕਰਵਾਲ ਦੀ ਅੰਤਿਮ ਅਰਦਾਸ ਅਤੇ ਸ਼ਰਧਾਜਲੀ ਸਮਾਗਮ 12 ਤੋ 2 ਵਜੇ ਤੱਕ ਕਰਵਾਏ ਜਾਣਗੇ। ਇਸ ਮੌਕੇ ਉੱਘੇ ਸਮਾਜ ਸੇਵਕ ਅਤੇ ਖੇਡ ਪ੍ਰਮੋਟਰ ਮਾਸਟਰ ਹਰਬੰਸ ਸਿੰਘ ਮੰਝ ਦੀ ਦੇਹਾਂਤ ਦੀ ਖਬਰ ਸੁਣਦਿਆਂ ਪੂਰੇ ਇਲਾਕੇ ਦੇ ਵਿੱਚ ਸੋਗ ਦੀ ਲਹਿਰ ਦੌੜ ਗਈ। ਇਸ ਮੌਕੇ ਸਾਬਕਾ ਪ੍ਰਿੰਸੀਪਲ ਮਾਸਟਰ ਜਗਮੋਹਣ ਸਿੰਘ ਡਾਂਡੀਆਂ, ਕਿਸ਼ਨ ਚੰਦ ਭਨੋਟ ਪਟਵਾਰੀ ਠੱਕਰਵਾਲ, ਕਮਲਜੀਤ ਸਿੰਘ ਫੋਜੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮਾਸਟਰ ਹਰਬੰਸ ਸਿੰਘ ਮੰਝ ਜਿਨਾਂ ਦੀ ਬੀਤੀ ਦਿਨੀ ਕਨੇਡਾ ਦੇ ਵਿੱਚ ਦੇਹਾਂਤ ਹੋ ਗਿਆ ਸੀ। ਉਨ੍ਹਾਂ ਕਿਹਾ ਕਿ ਮਾਸਟਰ ਹਰਬੰਸ ਸਿੰਘ ਮੰਝ ਠੱਕਰਵਾਲ ਬਹੁਤ ਹੀ ਨੇਕ ਦਿਲ, ਮਿੱਠ ਬੋਲੜੇ ,ਮਿਲਣ ਸਾਰ ਵਿਅਕਤੀ ਸਨ। ਉਨ੍ਹਾਂ ਕਿਹਾ ਕਿ ਮਾਸਟਰ ਹਰਬੰਸ ਸਿੰਘ ਮੰਝ ਠੱਕਰਵਾਲ ਦੇ ਦੇਹਾਂਤ ਨਾਲ ਪੂਰੇ ਇਲਾਕੇ ਵਿੱਚ ਨਾ ਪੂਰਾ ਹੋਣ ਵਾਲਾ ਬਹੁਤ ਵੱਡਾ ਘਾਟਾ ਪਿਆ ਹੈ। ਇਸ ਮੌਕੇ ਸੋਗ ਸਭਾ ਦੋਰਾਨ ਮਾਸਟਰ ਹਰਬੰਸ ਸਿੰਘ ਮੰਝ ਠੱਕਰਵਾਲ ਦੀ ਆਤਮਿਕ ਸ਼ਾਂਤੀ ਲਈ ਦੋ ਮਿੰਟ ਦਾ ਮੋਨ ਰੱਖ ਕੇ ਨਿੱਘੀਆ ਸ਼ਰਧਾਂਜਲੀਆਂ ਪੇਟ ਕੀਤੀਆਂ ਗਈਆਂ।



30-Oct-PAGE-9.qxd 10/29/2025 11:23 PM Page 1



# ਸੁਨਿਆਰੇ ਦੀ ਦੁਕਾਨ 'ਚ ਸੰਨ੍ਹ ਲਾ ਕੇ ਕੀਤੀ ਚੋਰੀ




**ਅੱਪਰਾ (ਨਿਰਮਲ ਗੁੜਾ)**
ਹਲਕਾ ਫਿਲੌਰ ਦੇ ਪਿੰਡ ਦੁਸਾਂਝ ਕਲਾਂ ਵਿਖੇ ਅੱਜ ਤੜਕਸਾਰ ਚੋਰਾਂ ਨੇ ਇਕ ਸੋਨੇ ਦੀ ਦੁਕਾਨ ਨੂੰ ਸੰਨ ਲਗਾ ਕੇ ਚੋਰੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਘਟਨਾ ਦੀ ਜਾਣਕਾਰੀ ਦਿੰਦਿਆਂ ਪਰਮ ਜਿਊਲਰਜ ਦੁਸਾਂਝ ਕਲਾਂ ਦੇ ਮਾਲਕ ਪੀੜਤ ਬਲਰਾਮ ਕੁਮਾਰ ਪੁੱਤਰ ਸੰਤੋਸ਼ ਕੁਮਾਰ ਵਾਸੀ ਦੁਸਾਂਝ ਕਲਾਂ ਨੇ ਦੱਸਿਆ ਕਿ ਉਹ ਬੀਤੀ ਰਾਤ ਰੋਜ਼ਾਨਾ ਦੀ ਤਰਾਂ ਆਪਣੀ ਦੁਕਾਨ ਬੰਦ ਕਰਕੇ ਘਰ ਗਏ, ਸਵੇਰ ਵੇਲੇ ਜਦੋਂ ਦੁਕਾਨ ਦਾ ਛਟਰ ਚੁੱਕ ਕੇ ਵੇਖਿਆ ਤਾਂ ਪਿਛਲੀ ਕੰਧ ਪਾੜ ਕੇ ਚੋਰਾਂ ਵਲੋਂ ਦੁਕਾਨ ਅੰਦਰ ਵੜ ਕੇ ਫੋਲਾ ਫਰੋਲੀ ਕੀਤੀ ਹੋਈ ਸੀ। ਮੌਕੇ 'ਤੇ ਪੁੱਜੀ ਦੁਸਾਂਝ ਕਲਾਂ ਦੀ ਪੁਲਸ ਵੱਲੋਂ ਸੀ ਸੀ ਕੈਮਰੇ ਚੈਕ ਕਰਨ ਤੇ ਪਤਾ ਲਗਿਆ ਕਿ ਚੋਰ ਕਰੀਬ ਤੜਕੇ ਚਾਰ ਵਜੇ ਦੁਕਾਨ ਦੀ ਕੰਧ ਪਾੜ ਕੇ ਦਾਖਲ ਹੋਏ ਚੋਰ ਨੇ ਮੂੰਹ ਕਪੜੇ ਨਾਲ ਚੰਗੀ ਤਰਾਂ ਲਪੇਟਿਆ ਹੋਇਆ ਸੀ ਤਾਂ ਕਿ ਪਹਿਚਾਣ ਨਾ ਹੋ ਸਕੇ। ਪੀੜਤ ਦੁਕਾਨਦਾਰ ਨੇ ਚੋਰਾਂ ਨੂੰ ਫੜ ਕੇ ਸਖਤ ਕਾਰਵਾਈ ਕਰਨ ਦੀ ਮੰਗ ਕੀਤੀ।

# ਪੰਜਾਬ ਰਾਜ ਅੰਤਰ-ਜ਼ਿਲ੍ਹਾ ਖੇਡਾਂ ਦੇ ਵੇਟ ਲਿਫਟਿੰਗ ਮੁਕਾਬਲੇ ਸ਼ੁਰੂ

**ਅੱਡਾ ਸਰਾਂ (ਜਸਵੀਰ ਕਾਜਲ)**
ਸਰਕਾਰੀ ਹਾਈ ਸਕੂਲ ਦੇਹਰੀਵਾਲ ਵਿਖੇ 69ਵੀਆਂ ਪੰਜਾਬ ਰਾਜ ਅੰਤਰ-ਜ਼ਿਲਾ ਖੇਡਾਂ ਦੇ ਅੰਡਰ-19 ਵੇਟਲਿਫਟਿੰਗ ਮੁਕਾਬਲੇ ਸ਼ਾਨੋ-ਸ਼ੌਕਤ ਨਾਲ ਸ਼ੁਰੂ ਹੋ ਗਏ । ਇਸ ਮੌਕੇ ਖਿਡਾਰੀਆਂ ਨੇ ਮਾਰਚ ਪਾਸਟ ਵਿਚ ਹਿੱਸਾ ਲਿਆ। ਜ਼ਿਲ੍ਹਾ ਸਿੱਖਿਆ ਅਫਸਰ ਲਲਿਤਾ ਅਰੋੜਾ, ਡਿਪਟੀ ਡੀ. ਈ. ਓ. ਅਮਨਦੀਪ ਸ਼ਰਮਾ ਅਤੇ ਜ਼ਿਲਾ ਸਪੋਰਟਸ ਕੋਆਰਡੀਨੇਟਰ ਜਗਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਕਨਵੀਨਰ ਕੋਚ ਬਲਜਿੰਦਰ ਸਿੰਘ ਭਿੰਡਰ, ਪ੍ਰਿੰਸੀਪਲ ਰਾਜੇਸ਼ ਕੁਮਾਰ ਦੀ ਦੇਖ-ਰੇਖ ਵਿਚ ਕਰਵਾਏ ਜਾ ਰਹੇ ਇਨ੍ਹਾਂ ਸੂਬਾਈ ਮੁਕਾਬਲਿਆਂ ਦਾ ਉਦਘਾਟਨ ਮੁੱਖ ਮਹਿਮਾਨ ਡੀ ਸੀ ਹੁਸ਼ਿਆਰਪੁਰ ਆਸ਼ਿਕਾ ਜੈਨ ਅਤੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਕੀਤਾ । ਇਸ ਮੌਕੇ ਡੀ ਸੀ ਤੇ ਵਿਧਾਇਕ ਰਾਜਾ ਨੇ ਸੂਬੇ ਦੇ ਵੱਖ-ਵੱਖ ਜ਼ਿਲਿਆਂ ਤੋਂ ਆਏ ਖਿਡਾਰੀਆਂ ਨੂੰ ਸ਼ੁੱਭਕਾਮਨਾਵਾਂ ਦਿੰਦੇ ਹੋਏ ਖੇਡ ਭਾਵਨਾ ਨਾਲ ਖੇਡਣ ਦੀ ਪ੍ਰੇਰਨਾ ਦਿੱਤੀ। ਖੇਡਾਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦੇ ਹੋਏ ਪੰਜਾਬ ਸਰਕਾਰ ਵੱਲੋਂ ਖੇਡ ਅਤੇ ਖਿਡਾਰੀਆਂ ਨੂੰ ਪ੍ਰਫੁੱਲਿਤ ਕਰਨ ਦੇ ਉਪਰਾਲਿਆਂ ਬਾਰੇ ਦੱਸਿਆ । ਇਸ ਮੌਕੇ ਉਨ੍ਹਾਂ ਵੱਲੋਂ ਸਕੂਲ ਲਈ 1 ਲੱਖ ਰੁਪਏ ਗ੍ਰਾਂਟ ਦੇਣ ਦਾ ਐਲਾਨ ਕੀਤਾ ਗਿਆ। ਪਹਿਲੇ ਦਿਨ ਦੇ ਮੁਕਾਬਲਿਆਂ ਵਿਚ 48 ਕਿੱਲੋ ਭਾਰ ਵਰਗ ਵਿਚ ਮੋਹਾਲੀ ਦੀ ਸੰਜਨਾ ਪਹਿਲੇ, ਰੂਪਨਗਰ ਦੀ ਹਰਪ੍ਰੀਤ ਦੂਜੇ ਅਤੇ ਜਲੰਧਰ ਦੀ ਅੰਜਲੀ ਕੁਮਾਰੀ ਤੀਜੇ ਸਥਾਨ 'ਤੇ ਰਹੀ । 53 ਕਿੱਲੋ ਭਾਰ ਵਰਗ ਵਿਚ ਅੰਮ੍ਰਿਤਸਰ ਦੀ ਪੂਨਮ ਪ੍ਰੀਤ ਕੌਰ ਪਹਿਲੇ, ਲੁਧਿਆਣਾ ਦੀ ਸ਼ਾਲਿਨੀ ਦੂਜੇ ਅਤੇ ਫਾਜ਼ਿਲਕਾ ਦੀ ਅੰਜੂ ਬਾਲਾ ਤੀਜੇ ਸਥਾਨ 'ਤੇ ਰਹੀ । 60 ਕਿੱਲੋ ਭਾਰ ਲੜਕਿਆਂ ਦੇ ਵਰਗ ਵਿਚ ਅੰਮ੍ਰਿਤਸਰ ਦਾ ਵਿਸ਼ਾਲ ਪਹਿਲੇ, ਰੂਪਨਗਰ ਦਾ ਜਤਿਨ ਸਿੰਘ ਦੂਜੇ ਅਤੇ ਹੁਸ਼ਿਆਰਪੁਰ ਦਾ ਕਰਨ ਤੀਜੇ ਸਥਾਨ 'ਤੇ ਰਿਹਾ। ਇਸ ਮੌਕੇ ਲਿਟਲ ਕਿੰਗਡਮ ਸਕੂਲ ਦੀ ਵਾਈਸ ਚੇਅਰਪਰਸਨ ਨੇਹਾ ਵੈਦ, ਪ੍ਰਿੰਸੀਪਲ ਭਾਰਤ ਭੂਸ਼ਨ, ਹਰਦੀਪ ਸਿੰਘ ਬੀਰਮਪੁਰ, ਤਾਰਾ ਸਿੰਘ, ਸਰਬਜੋਤ ਸਿੰਘ, ਹਰਵਿੰਦਰ ਸਿੰਘ, ਸੰਦੀਪ ਕੁਮਾਰ, ਹਰਚਰਨ ਸਿੰਘ, ਲੋਕੇਸ਼ ਵਸ਼ਿਸ਼ਟ, ਦੀਪਕ ਸੋਂਧੀ, ਅਜਾਇਬ ਸਿੰਘ, ਸੋਹਣ ਸਿੰਘ, ਜਸਪਾਲ ਸਿੰਘ, ਸਰਬਜੀਤ ਕੌਰ, ਹਰਦੀਪ ਸਿੰਘ, ਪ੍ਰਭਜੋਤ ਸਿੰਘ, ਹਰਵਿੰਦਰ ਸਿੰਘ, ਗੁਰਚਰਨ ਸਿੰਘ, ਸੁਮੀਤ ਚੌਹਾਨ, ਸਰਬਜੀਤ ਸਿੰਘ, ਸਾਬਕਾ ਸਰਪੰਚ ਹਰਦਿਆਲ ਸਿੰਘ, ਨੰਬਰਦਾਰ ਉਂਕਾਰ ਸਿੰਘ, ਸੰਜੇ ਕੁਮਾਰ, ਸ਼ਿੰਦਰਪਾਲ ਮੱਲੀ, ਨੰਬਰਦਾਰ ਮਨਪ੍ਰੀਤ ਸਿੰਘ, ਡਾ. ਦਵਿੰਦਰ ਸਿੰਘ, ਸੁਰਜੀਤ ਸਿੰਘ ਮੱਲੀ, ਨੰਬਰਦਾਰ ਤੀਰਥ ਸਿੰਘ, ਸੋਹਣ ਸਿੰਘ, ਬਹਾਦਰ ਸਿੰਘ, ਗੁਰਦੀਪ ਕੌਰ, ਜਰਨੈਲ ਸਿੰਘ ਧੂਤ, ਮਨਦੀਪ ਸਿੰਘ, ਮਨੀ, ਸਨੀ, ਮਲਕੀਤ ਸਿੰਘ ਸੋਢੀ ਕੁਰਾਲਾ, ਹਰਜਿੰਦਰ ਸਿੰਘ ਸੈਣੀ, ਮਨਪ੍ਰੀਤ ਕੌਰ, ਕੁਲਦੀਪ ਸਿੰਘ ਬੈਂਚਾਂ, ਕੁਲਵਿੰਦਰ ਕਾਕਾ, ਲੱਬੀ, ਉਪਕਾਰ ਸਿੰਘ, ਡਾ. ਸ਼ੰਮੀ, ਰਮਨਦੀਪ ਸਿੰਘ, ਕੋਚ ਮੀਨੂ ਡੋਗਰਾ, ਕੋਚ ਹਰਪਾਲ ਸਿੰਘ, ਕੋਚ ਨਵਨੀਤ ਕੌਰ, ਜਸਵੀਰ ਕੌਰ, ਸੰਜੀਵ ਕੁਮਾਰ, ਕੋਚ ਕਮਲਜੀਤ ਸਿੰਘ ਆਦਿ ਮੌਜੂਦ ਸਨ।



# ਰੋਬਿਨ ਠਾਕੁਰ ਸਾਥੀਆਂ ਸਮੇਤ ਕਾਂਗਰਸ 'ਚ ਸ਼ਾਮਲ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**
ਜ਼ੀਰਕਪੁਰ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਰੋਬਿਨ ਠਾਕੁਰ ਨੇ ਵੱਡੀ ਗਿਣਤੀ 'ਚ ਆਪਣੇ ਸਾਥੀਆਂ ਸਮੇਤ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਰੋਬਿਨ ਠਾਕੁਰ ਸਾਬਕਾ ਵਿਧਾਇਕ ਐੱਨ ਕੇ ਸ਼ਰਮਾ ਦੇ ਬਹੁਤ ਕਰੀਬੀਆਂ ਵਿੱਚੋਂ ਹਨ।ਇਸ ਬਾਰੇ ਜਾਣਕਾਰੀ ਕਾਂਗਰਸ ਦੇ ਹਲਕਾ ਇੰਚਾਰਜ ਦੀਪਇੰਦਰ ਸਿੰਘ ਢਿੱਲੋਂ ਨੇ ਦਿੱਤੀ। ਉਹਨਾਂ ਕਿਹਾ ਕਿ ਬਲਟਾਣਾ ਵਿਖੇ ਅਕਾਲੀ ਦਲ ਛੱਡ ਕੇ ਕਾਂਗਰਸ ਪਰਿਵਾਰ ਵਿੱਚ ਸ਼ਾਮਲ ਹੋਣ 'ਤੇ ਮੈਂ ਸਾਰੇ ਸਾਥੀਆਂ ਦਾ ਸਵਾਗਤ ਕਰਦਾ ਹਾਂ ਅਤੇ ਭਰੋਸਾ ਦਿੰਦਾ ਹਾਂ ਕਿ ਉਨ੍ਹਾਂ ਨੂੰ ਪਾਰਟੀ ਵਿੱਚ ਬਣਦਾ ਪੂਰਾ ਮਾਣ-ਸਨਮਾਣ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਇਹਨਾਂ ਦੇ ਆਉਣ ਨਾਲ ਕਾਂਗਰਸ ਨੂੰ ਵੱਡਾ ਬਲ ਮਿਲਿਆ ਹੈ। ਢਿੱਲੋਂ ਨੇ ਕਿਹਾ ਕਿ ਹਲਕਾ ਡੇਰਾਬੱਸੀ ਵਿੱਚ ਵਿਰੋਧੀ ਪਾਰਟੀਆਂ ਦੇ ਆਗੂ ਵੀ ਹੁਣ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋਣ ਲਈ ਤਿਆਰ ਹਨ। ਉਨ੍ਹਾਂ ਅਕਾਲੀ ਦਲ ਛੱਡ ਕੇ ਕਾਂਗਰਸ 'ਚ ਸ਼ਾਮਿਲ ਹੋਣ ਸਾਰੇ ਮੈਂਬਰਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਉਨ੍ਹਾ ਨੂੰ ਪਾਰਟੀ ਵਿੱਚ ਬਣਦਾ ਮਾਣ ਸਨਮਾਨ ਦੇਣ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਊਧੈਵੀਰ ਸਿੰਘ ਢਿੱਲੋਂ, ਹਰਸ਼ ਰਿਸ਼ੀ ਬਲਾਕ ਪ੍ਰਧਾਨ, ਬੁੱਧ ਰਾਮ ਧੀਮਾਨ, ਕੌਂਸਲਰ ਸ਼ਿਵਾਨੀ ਗੋਇਲ, ਕੌਂਸਲਰ ਰੇਨੂੰ ਨਹਿਰੂ, ਕੌਂਸਲਰ ਗੁਰਸੇਵਕ ਸਿੰਘ ਪੂਨੀਆ, ਲਲਿਤ ਪੁਰੀ, ਟੋਨੀ, ਆਰਤੀ ਸ਼ਰਮਾ, ਦੀਪਤੀ ਸ਼ਰਮਾ ਸਮੇਤ ਹੋਰ ਕਾਂਗਰਸ ਦੇ ਸਮਰਥਕ ਵੀ ਮੌਜੂਦ ਸਨ।



# ਯੁੱਧ ਨਸ਼ਿਆਂ ਵਿਰੁਧ ਮੁਹਿੰਮ ਤਹਿਤ ਸਿਖਲਾਈ ਕੈਂਪ 6-7 ਨੂੰ




**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਸੂਬੇ ਵਿੱਚ ਚੱਲ ਰਹੀ 'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਤਹਿਤ, ਡਿਪਟੀ ਕਮਿਸ਼ਨਰ ਕੋਮਲ ਮਿੱਤਲ ਅਤੇ ਸੀਨੀਅਰ ਪੁਲਿਸ ਕਪਤਾਨ ਹਰਮਨਦੀਪ ਸਿੰਘ ਹਾਂਸ ਨੇ 28 ਅਕਤੂਬਰ ਨੂੰ ਸਾਂਝੇ ਤੌਰ 'ਤੇ ਜ਼ਿਲ੍ਹੇ ਵਿੱਚੋਂ ਨਸ਼ਿਆਂ ਦੀ ਅਲਾਮਤ ਨੂੰ ਖ਼ਤਮ ਕਰਨ ਦੇ ਉਦੇਸ਼ ਨਾਲ ਚਲਾਈ ਜਾ ਰਹੀ ਨਸ਼ਾ ਮੁਕਤੀ ਯਾਤਰਾ ਅਤੇ ਸਮਾਜਿਕ ਲਾਮਬੰਦੀ ਪਹਿਲਕਦਮੀਆਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਹੁਣ ਤੱਕ ਲਗਭਗ ਸਾਰੇ ਪਿੰਡਾਂ ਅਤੇ ਵਾਰਡਾਂ ਨੂੰ ਜਾਗਰੂਕ ਕਰ ਚੁੱਕੀ ਹੈ ਤਾਂ ਜੋ ਲੋਕਾਂ ਨੂੰ ਨਸ਼ਿਆਂ ਦੇ ਨੁਕਸਾਨਦੇਹ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਸਕੇ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਬਚਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਦੂਜੇ ਪੜਾਅ ਵਿੱਚ ਪਿੰਡ ਅਤੇ ਵਾਰਡ ਰੱਖਿਆ ਕਮੇਟੀਆਂ (ਵੀ ਡੀ ਸੀ/ਡਬਲਯੂ ਡੀ ਸੀ) ਦਾ ਗਠਨ ਮੁਕੰਮਲ ਹੋ ਗਿਆ ਹੈ।ਸ੍ਰੀਮਤੀ ਮਿੱਤਲ ਨੇ ਕਿਹਾ, ਅਗਲੇ ਪੜਾਅ ਵਿੱਚ, ਨਵੰਬਰ ਤੋਂ ਸ਼ੁਰੂ ਹੋ ਕੇ, ਇਨ੍ਹਾਂ ਕਮੇਟੀ ਮੈਂਬਰਾਂ ਲਈ ਸਿਖਲਾਈ ਸੈਸ਼ਨ ਆਯੋਜਿਤ ਕੀਤੇ ਜਾਣਗੇ ਤਾਂ ਜੋ ਉਨ੍ਹਾਂ ਨੂੰ ਉਨ੍ਹਾਂ ਦੀਆਂ ਭੂਮਿਕਾਵਾਂ ਅਤੇ ਜ਼ਿੰਮੇਵਾਰੀਆਂ ਬਾਰੇ ਗਿਆਨ ਦਿੱਤਾ ਜਾ ਸਕੇ। ਜ਼ਿਲ੍ਹੇ ਵਿੱਚ 6 ਅਤੇ 7 ਨਵੰਬਰ ਨੂੰ ਸਿਖਲਾਈ ਕੈਂਪ ਲਾਏ ਜਾਣਗੇ, ਜਿਸ ਵਿੱਚ ਹਰ ਰੋਜ਼ ਦੋ ਸੈਸ਼ਨ ਹੋਣਗੇ-ਸਵੇਰੇ ਅਤੇ ਦੁਪਹਿਰ।ਐੱਸ ਐੱਸ ਪੀ ਨੇ ਸਾਰੇ ਡਿਪਟੀ ਸੁਪਰਡੈਂਟਾਂ ਨੂੰ ਹਦਾਇਤ ਕੀਤੀ ਕਿ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਨਸ਼ਾ ਮੁਕਤ ਪੰਜਾਬ ਦੇ ਸੁਪਨੇ ਨੂੰ ਸਕਾਰ ਕਰਨ ਲਈ ਸਥਾਨਕ ਕਮੇਟੀਆਂ ਦੇ ਸਹਿਯੋਗ ਨਾਲ ਸਰਗਰਮੀ ਨਾਲ ਕੰਮ ਕਰਨ।

# ਨਵੇਂ ਬਣ ਰਹੇ ਜ਼ਿਲ੍ਹੇ ਆਨੰਦਪੁਰ ਸਾਹਿਬ 'ਚ ਬਲਾਚੌਰ ਦੇ ਪਿੰਡਾਂ ਨੂੰ ਨਾ ਜੋੜਿਆ ਜਾਵੇ : ਮੰਗੂਪੁਰ

**ਬਲਾਚੌਰ (ਜਸਵਿੰਦਰ ਬੈਂਸ)**
ਬੀਤੇ ਕੁੱਝ ਸਮੇਂ ਤੋਂ ਅਖਬਾਰਾਂ ਅਤੇ ਸੋਸ਼ਲ ਮੀਡੀਆ ਉੱਤੇ ਚੱਲ ਰਹੀਆਂ ਖਬਰਾਂ ਤੇ ਚਰਚਾ ਦਾ ਵਿਸ਼ਾ ਬਣੇ ਪੰਜਾਬ ਸਰਕਾਰ ਵੱਲੋਂ ਐਲਾਨੇ ਜਾਣ ਵਾਲੇ ਸ੍ਰੀ ਆਨੰਦਪੁਰ ਸਾਹਿਬ ਦਾ ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਕਾਂਗਰਸ ਵੱਲੋਂ ਸਮਰਥਨ ਦਿੱਤਾ ਗਿਆ ਪਰੰਤੂ ਉਨ੍ਹਾਂ ਹਲਕਾ ਬਲਾਚੌਰ ਦੇ ਪਿੰਡਾਂ ਨੂੰ ਨਵੇਂ ਬਣੇ ਜ਼ਿਲ੍ਹੇ ਵਿੱਚ ਸ਼ਾਮਲ ਕਰਨ ਦਾ ਵਿਰੋਧ ਕੀਤਾ ਹੈ। ਅਜੇ ਮੰਗੂਪੁਰ ਨੇ ਕਿਹਾ ਕਿ ਬਲਾਚੌਰ ਦੇ ਜਿਨ੍ਹਾਂ ਪਿੰਡਾਂ ਨੂੰ ਸੀ ਆਨੰਦਪੁਰ ਸਾਹਿਬ ਜ਼ਿਲ੍ਹੇ ਵਿੱਚ ਜੋੜਨ ਦੀ ਚਰਚਾ ਚੱਲ ਰਹੀ ਹੈ ਉਨ੍ਹਾਂ ਤੋਂ ਨਵੇਂ ਜ਼ਿ ਤੱਕ ਜਾਣ ਦਾ ਰਸਤਾ ਬਹੁਤ ਖਰਾਬ ਹੈ, ਏਕਾਂਤ ਹੈ ਅਤੇ ਜੰਗਲ ਦਾ ਵਧੇਰੇ ਪੈਂਡਾ ਇਸ ਰਸਤੇ ਵਿੱਚ ਪੈਣ ਕਾਰਨ ਇਹ ਰਾਹ ਆਮ ਲੋਕਾਂ ਲਈ ਸੁਰਖਿਅਤ ਨਹੀਂ ਹੈ।



# ਜੀ ਟੀ ਯੂ ਦੀ ਜਨਰਲ ਕੌਂਸਲ ਦੀ ਤਿਆਰੀ ਸੰਬੰਧੀ ਵੱਖ-ਵੱਖ ਸਕੂਲਾਂ 'ਚ ਮੀਟਿੰਗ



**ਫਿਲੌਰ, (ਨਿਰਮਲ)**
ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੀ ਜਲੰਧਰ ਵਿਖੇ 8 ਨਵੰਬਰ ਨੂੰ ਹੋ ਰਹੀ ਜਨਰਲ ਕੌਂਸਲ ਦੀ ਤਿਆਰੀ ਸੰਬੰਧੀ ਗੌਰਮਿੰਟ ਟੀਚਰਜ਼ ਯੂਨੀਅਨ ਜ਼ਿਲਾ ਜਲੰਧਰ ਦੇ ਫੈਸਲੇ ਅਨੁਸਾਰ ਵੱਖ ਵੱਖ ਸਕੂਲਾਂ ਵਿੱਚ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਸ ਸੰਬੰਧੀ ਬਲਾਕ ਫਿਲੌਰ ਦੇ ਕਈ ਸਕੂਲ ਇਸ ਮੁਹਿੰਮ ਤਹਿਤ ਕਵਰ ਕੀਤੇ ਗਏ, ਇਸ ਸੰਬੰਧੀ ਸਰਕਾਰੀ ਹਾਈ ਸਕੂਲ ਮਾਓ ਸਾਹਿਬ, ਪ੍ਰਾਇਮਰੀ ਸਕੂਲ ਮਾਓ ਸਾਹਿਬ, ਮਿਡਲ ਸਕੂਲ ਮੀਆਂਵਾਲ, ਪ੍ਰਾਇਮਰੀ ਸਕੂਲ ਮੀਆਂਵਾਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਰਤਬਪੁਰਾ, ਸਰਕਾਰੀ ਪ੍ਰਾਇਮਰੀ ਸਕੂਲ ਪਰਤਾਬਪੁਰਾ, ਸਰਕਾਰੀ ਪ੍ਰਾਇਮਰੀ ਸਕੂਲ ਬੇਗਮਪੁਰ, ਸਰਕਾਰੀ ਮਿਡਲ ਸਕੂਲ ਕੰਗ ਅਰਈਆਂ, ਪ੍ਰਾਇਮਰੀ ਸਕੂਲ ਕੰਗ ਆਦਿ ਵਿੱਚ ਮੀਟਿੰਗਾਂ ਕਰਕੇ ਜਿੱਥੇ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੀ ਜਨਰਲ ਕੌਂਸਿਲ ਦੀ ਮਹੱਤਤਾ ਬਾਰੇ ਕਰਨੈਲ ਫਿਲੌਰ, ਰਾਜਿੰਦਰ ਕੁਮਾਰ, ਸੰਦੀਪ ਕੁਮਾਰ, ਲੇਖ ਰਾਜ ਪੰਜਾਬੀ ਵਲੋਂ ਜਾਣਕਾਰੀ ਦਿੱਤੀ ਅਤੇ ਦੋ ਨਵੰਬਰ ਨੂੰ ਪੁਰਾਣੀ ਪੈਨਸ਼ਨ ਬਹਾਲੀ ਅਤੇ ਸੀ ਪੀ ਐਫ ਕਰਮ ਚਾਰੀ ਯੂਨੀਅਨ ਵਲੋਂ ਸਾਂਝੇ ਤੌਰ ਤੇ ਮਾਰਚ ਕਰਨ ਲਈ ਤਰਨ ਤਾਰਨ ਜਿਮਨੀ ਚੋਣ ਅਧਿਆਪਕਾਂ ਦੇ ਵੱਖ-ਵੱਖ ਮਸਲਿਆਂ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਸਰਕਾਰ ਵੱਲੋਂ ਅਧਿਆਪਕਾਂ ਦੀਆਂ ਜਾਇਜ਼ ਤੇ ਹੱਕੀ ਮੰਗਾਂ ਵਿੱਚ ਵਾਰ ਵਾਰ ਟਾਲਮਟੋਲ ਕਰਨ ਦੀ ਨੀਤੀ ਦੀ ਨਿਖੇਧੀ ਕੀਤੀ ਗਈ ਅਧਿਆਪਕਾਂ ਦੇ ਮਸਲਿਆਂ ਅਤੇ ਮੰਗਾਂ ਦੀ ਪ੍ਰਾਪਤੀ ਲਈ ਲਗਾਤਾਰ ਅਤੇ ਬੱਝਵੇਂ ਸੰਘਰਸ਼ ਲਾਮਬੰਦ ਕਰਨ ਲਈ ਪ੍ਰੇਰਿਤ ਕੀਤਾ ਗਿਆ। ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜਨਰਲ ਕੌਂਸਲ ਦੇ ਸਬੰਧੀ ਜੋ ਡਿਊਟੀ ਬਲਾਕ ਦੇ ਸਾਥੀਆਂ ਨੂੰ ਸੌਂਪੀ ਗਈ ਹੈ, ਉਸ ਨੂੰ ਕਾਮਯਾਬੀ ਨਾਲ ਨੇਪਰ ਚਾੜਨ ਲਈ ਵੱਖ ਵੱਖ ਪਹਿਲੂਆਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਅਮਨ ਕੁਮਾਰ, ਰੋਹਿਤ ਸੋਬਤੀ, ਰਾਜ ਕੁਮਾਰ , ਹਰਭਜਨ ਸਿੰਘ, ਬਹਾਦੁਰ ਸਿੰਘ , ਜਗਸੀਰ ਸਿੰਘ, ਸੁਸ਼ੀਲ ਕੁਮਾਰ, ਪ੍ਰਮਜੀਤ ਸੁਮਨ, ਪੁਸ਼ਪਿੰਦਰ ਕੌਰ, ਨੀਰੂ ਸ਼ਰਮਾ, ਰਾਜਦੀਪ ਕੌਰ, ਰੀਨਾ ਰਾਣੀ, ਹਰਵਿੰਦਰ ਕੌਰ, ਆਰਤੀ, ਗੁਰਪ੍ਰੀਤ ਕੌਰ, ਸਰੋਜ ਰਾਣੀ, ਸਵਰਨਜੀਤ ਕੌਰ, ਹਰਦੀਪ ਕੌਰ ਹਾਜ਼ਰ ਸਨ।

# ਮਨਵੀਰ ਸਿੰਘ ਨੇ 65 ਕਿਲੋ ਸ਼੍ਰੇਣੀ 'ਚ ਚਾਂਦੀ ਦਾ ਤਮਗਾ ਕੀਤਾ ਹਾਸਿਲ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਸ਼ਹੀਦ ਮੇਜਰ ਹਰਮਿੰਦਰਪਾਲ ਸਿੰਘ (ਸ਼ੌਰਿਆ ਚੱਕਰ) ਸਰਕਾਰੀ ਕਾਲਜ, ਐਸ ਏ ਐਸ ਨਗਰ ਦੀ ਕੁਸ਼ਤੀ ਟੀਮ ਨੇ ਪ੍ਰਿੰਸੀਪਲ ਗੁਰਿੰਦਰਜੀਤ ਕੌਰ ਦੀ ਅਗਵਾਈ ਹੇਠ ਪੰਜਾਬੀ ਯੂਨੀਵਰਸਿਟੀ ਵੱਲੋਂ ਆਯੋਜਿਤ ਇੰਟਰ ਕਾਲਜ ਟੂਰਨਾਮੈਂਟ ਵਿੱਚ ਭਾਗ ਲਿਆ। ਇਸ ਮੁਕਾਬਲੇ ਵਿੱਚ ਕਾਲਜ ਦੇ ਵਿਦਿਆਰਥੀ ਮਨਵੀਰ ਸਿੰਘ ਨੇ 65 ਕਿਲੋ ਭਾਰ ਸ਼੍ਰੇਣੀ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਿਲਵਰ ਮੈਡਲ ਹਾਸਿਲ ਕੀਤਾ ਹੈ।ਮਨਵੀਰ ਸਿੰਘ ਦੀ ਚੋਣ ਹੁਣ ਆਲ ਇੰਡੀਆ ਇੰਟਰ ਯੂਨੀਵਰਸਿਟੀ ਕੈਂਪ ਲਈ ਹੋਈ ਹੈ, ਜੋ ਕਾਲਜ ਅਤੇ ਜ਼ਿਲ੍ਹੇ ਲਈ ਮਾਣ ਦੀ ਗੱਲ ਹੈ। ਇਸ ਮੌਕੇ ਕਾਲਜ ਦੇ ਸੀਨੀਅਰ ਪ੍ਰੋਫੈਸਰ ਪ੍ਰੋ. ਜਸਪ੍ਰੀਤ ਬੈਂਸ ਅਤੇ ਪ੍ਰੋ. ਹਰਸ਼ ਨੇ ਵਿਦਿਆਰਥੀ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਵਿਭਾਗ ਦੇ ਮੁਖੀ ਪ੍ਰੋ. ਸਿਮਰਪ੍ਰੀਤ ਅਤੇ ਪ੍ਰੋ. ਜਗਤਾਰ ਸਿੰਘ ਚਿੱਲਾ ਵੱਲੋਂ ਵੀ ਮਨਵੀਰ ਸਿੰਘ ਦੀ ਹੌਸਲਾ ਅਫਜ਼ਾਈ ਕੀਤੀ ਗਈ।

# ਨਾਇਬ ਸਿੰਘ ਸੈਣੀ ਨੇ ਜੋਤੀਸਰ ਅਨੁਭਵ ਕੇਂਦਰ ਦਾ ਕੀਤਾ ਨਿਰੀਖਣ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਪ੍ਰਧਾਨਗੀ ਹੇਠ ਦੇਸ਼ ਦੀ ਸੱਭਿਆਚਾਰਕ ਵਿਰਾਸਤ ਨੂੰ ਮਜ਼ਬੂਤੀ ਮਿਲੀ ਹੈ। ਇਸੇ ਵਿਰਾਸਤ ਨੂੰ ਸਾਂਭ ਕੇ ਰੱਖਣ ਲਈ ਸਰਕਾਰ ਵੱਲੋਂ ਜੋਤੀਸਰ ਵਿੱਚ ਮਹਾਭਾਰਤ ਥੀਮ 'ਤੇ ਅਧਾਰਿਤ ਪ੍ਰੋਜੈਕਟ ਤਿਆਰ ਕੀਤਾ ਜਾ ਰਿਹਾ ਹੈ। ਇਸ ਦੇ ਤਹਿਤ ਗੀਤਾ ਸਥਲੀ ਜੋਤੀਸਰ ਨੂੰ ਸੈਰ-ਸਪਾਟੇ ਦੀ ਦ੍ਰਿਸ਼ਟੀ ਨਾਲ ਵਿਕਸਿਤ ਕਰਦੇ ਹੋਏ ਦੁਨੀਆ ਦਾ ਸਭ ਤੋਂ ਦਾਰਸ਼ਨਿਕ ਇਤਿਹਾਸਕ ਸਥਲ ਬਣਾਇਆ ਜਾ ਰਿਹਾ ਹੈ।ਮੁੱਖ ਮੰਤਰੀ ਮੰਗਲਵਾਰ ਨੂੰ ਜ਼ਿਲ੍ਹਾ ਕੁਰੂਕਸ਼ੇਤਰ ਵਿੱਚ ਜੋਤੀਸਰ ਤੀਰਥ ਸਥਿਤ ਅਨੁਭਵ ਕੇਂਦਰ ਦਾ ਨਿਰੀਖਣ ਕਰ ਰਹੇ ਸਨ। ਇਸ ਮੌਕੇ ਵਿਰਾਸਤ ਅਤੇ ਸੈਰ-ਸਪਾਟੇ ਮੰਤਰੀ ਡਾ. ਅਰਵਿੰਦ ਸ਼ਰਮਾ, ਗੀਤਾ ਮਨੀਸ਼ੀ ਸਵਾਮੀ ਗਿਆਨਾਨੰਦ ਮਹਾਰਾਜ ਅਤੇ ਮੁੱਖ ਸਕੱਤਰ ਅਨੁਰਾਗ ਰਸਤੋਗੀ ਵੀ ਮੌਜੂਦ ਰਹੇ।ਮੁੱਖ ਮੰਤਰੀ ਨੇ ਅਨੁਭਵ ਕੇਂਦਰ ਵਿੱਚ ਸੁਆਗਤ ਕਮਰਾ, ਮਹਾਕਾਵਿ ਦਾ ਸਿਰਜਨ ਕਮਰਾ, ਪ੍ਰਾਚੀਨ ਮਹਾਭਾਰਤ, ਕੁਰੂ ਵੰਸ਼ਵਾਲੀ, ਗੀਤਾ ਸ਼ਲੋਕ, ਕ੍ਰਿਸ਼ਨ ਭੂਮਿਕਾ, ਦਸ਼ਵ ਅਵਤਾਰ ਸਮੇਤ ਹੋਰ ਕਮਰਿਆਂ ਦਾ ਬਾਰੀਕੀ ਨਾਲ ਨਿਰੀਖਣ ਕੀਤਾ ਅਤੇ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਨੇ ਕਿਹਾ ਕਿ ਜੋਤੀਸਰ ਅਨੁਭਵ ਕੇਂਦਰ ਵਿੱਚ ਦੇਸ਼-ਵਿਦੇਸ਼ ਤੋਂ ਆਉਣ ਵਾਲੇ ਸੈਲਾਨਿਆਂ ਨੂੰ ਕੁਰੂਕਸ਼ੇਤਰ ਦੇ ਇਤਿਹਾਸਕ ਦੇ ਜੀਵੰਤ ਦਰਸ਼ਨ ਹੋਣਗੇ।ਇਸ ਦੌਰਾਨ ਵਿਰਾਸਤ ਅਤੇ ਸੈਰ-ਸਪਾਟੇ ਵਿਭਾਗ ਦੀ ਪ੍ਰਧਾਨ ਸਕੱਤਰ ਕਲਾ ਰਾਮਚੰਦਰਨ ਨੇ ਮੁੱਖ ਮੰਤਰੀ ਨੂੰ ਪੀਪੀਟੀ ਪੇਸ਼ਗੀ ਰਾਹੀਂ ਅਨੁਭਵ ਕੇਂਦਰ ਦੀਆਂ ਬਾਰੀਕਿਆਂ ਤੋਂ ਜਾਣੂ ਕਰਵਾਇਆ।

# ਖੇਡਾਂ ਬੱਚਿਆਂ ਦੇ ਸਮੁੱਚੇ ਵਿਕਾਸ ਦਾ ਅਟੁੱਟ ਹਿੱਸਾ : ਡੀ ਸੀ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਦੀ ਸਿੱਖਿਆ ਤੇ ਖੇਡਾਂ ਪ੍ਰਤੀ ਵਚਨਬੱਧਤਾ ਅਧੀਨ, ਸਕੂਲ ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ 28 ਅਕਤੂਬਰ ਨੂੰ ਸਕੂਲ ਆਫ਼ ਐਮੀਨੈਂਸ ਫੇਜ਼-3 ਬੀ-1 ਵਿਖੇ ਜ਼ਿਲ੍ਹਾ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਦੀ ਸ਼ੁਰੂਆਤ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਵੱਲੋਂ ਝੰਡਾ ਲਹਿਰਾ ਕੇ ਕੀਤੀ ਗਈ। ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਦਰਸ਼ਨਜੀਤ ਸਿੰਘ ਨੇ ਮੁੱਖ ਮਹਿਮਾਨ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦਾ ਸਵਾਗਤ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਸ਼ਮਾਂ ਰੌਸ਼ਨ ਕਰਨ ਉਪਰੰਤ ਗੁਬਾਰੇ ਛੱਡ ਕੇ ਖੇਡਾਂ ਦਾ ਸ਼ੁਭ ਆਗਾਜ਼ ਕੀਤਾ ਗਿਆ।ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਖੇਡਾਂ ਬੱਚਿਆਂ ਦੇ ਸਮੁੱਚੇ ਵਿਕਾਸ ਦਾ ਅਟੁੱਟ ਹਿੱਸਾ ਹਨ। ਇਹ ਸਿਰਫ਼ ਸਰੀਰਕ ਤੰਦਰੁਸਤੀ ਹੀ ਨਹੀਂ, ਸਗੋਂ ਸਾਂਝ, ਅਨੁਸ਼ਾਸਨ ਤੇ ਖੇਡ ਭਾਵਨਾ ਦਾ ਵਿਕਾਸ ਵੀ ਕਰਦੀਆਂ ਹਨ। ਉਨ੍ਹਾਂ ਸਾਰੇ ਖਿਡਾਰੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਜਿੱਤ-ਹਾਰ ਦੀ ਸੋਚ ਤੋਂ ਉਪਰ ਉਠ ਕੇ ਖੇਡਾਂ ਨੂੰ ਜੀਵਨ ਦਾ ਅਹਿਮ ਹਿੱਸਾ ਬਣਾਉਣ।ਉਨ੍ਹਾਂ ਨੇ ਬੱਚਿਆਂ ਨੂੰ ਮਨ ਲਾ ਕੇ ਖੇਡਣ ਅਤੇ ਆਪਣੀ ਪ੍ਰਤਿਭਾ ਨੂੰ ਪੂਰੀ ਤਰ੍ਹਾਂ ਨਿਖਾਰਨ ਲਈ ਉਤਸ਼ਾਹਿਤ ਕੀਤਾ।ਡੀ ਈ ਓ (ਐਲੀਮੈਂਟਰੀ) ਦਰਸ਼ਨਜੀਤ ਸਿੰਘ ਨੇ ਦੱਸਿਆ ਕਿ ਡਿਪਟੀ ਡੀ ਈ ਓ (ਐਲੀਮੈਂਟਰੀ) ਪਰਮਿੰਦਰ ਕੌਰ ਅਤੇ ਜ਼ਿਲ੍ਹਾ ਖੇਡ ਕਨਵੀਨਰ ਬਲਜੀਤ ਸਿੰਘ ਸਨੇਟਾ ਦੀ ਟੀਮ ਵੱਲੋਂ ਖੇਡਾਂ ਦੇ ਸਮੁੱਚੇ ਪ੍ਰਬੰਧ ਬਹੁਤ ਵਧੀਆ ਤਰੀਕੇ ਨਾਲ ਕੀਤੇ ਗਏ ਹਨ। ਉਨ੍ਹਾਂ ਅਨੁਸਾਰ, ਅੱਠ ਬਲਾਕਾਂ ਦੀਆਂ ਟੀਮਾਂ ਖੇਡਾਂ ਵਿੱਚ ਭਾਗ ਲੈ ਰਹੀਆਂ ਹਨ। ਕੁਝ ਐਥਲੈਟਿਕਸ ਦੇ ਮੁਕਾਬਲੇ ਜ਼ਿਲ੍ਹਾ ਖੇਡ ਕੰਪਲੈਕਸ ਸੈਕਟਰ 78 ਵਿੱਚ ਕਰਵਾਏ ਜਾ ਰਹੇ ਹਨ। ਇਹ ਤਿੰਨ ਦਿਨਾਂ ਤੱਕ ਚੱਲਣਗੀਆਂ।28 ਅਕਤੂਬਰ ਨੂੰ ਖੇਡਾਂ ਦੇ ਪਹਿਲੇ ਦਿਨ ਐਥਲੈਟਿਕਸ ਵਿੱਚ ਵੱਖ-ਵੱਖ ਦੌੜ ਮੁਕਾਬਲਿਆਂ ਵਿੱਚ ਖਰੜ-1, ਡੇਰਾਬਸੀ-1, ਖਰੜ-2 ਅਤੇ ਕੁਰਾਲੀ ਦੀਆਂ ਟੀਮਾਂ ਨੇ ਪਹਿਲੇ ਸਥਾਨ ਪ੍ਰਾਪਤ ਕੀਤੇ। ਜ਼ਿਲ੍ਹਾ ਖੇਡ ਕੰਪਲੈਕਸ ਵਿਖੇ ਬੈਡਮਿੰਟਨ ਤੇ ਜਿਮਨਾਸਟਿਕ ਦੇ ਜਦੋਂ ਕਿ ਸਕੂਲ ਆਫ਼ ਐਮੀਨੈਂਸ ਵਿਖੇ ਸ਼ਾਟਪੁੱਟ ਤੇ ਸ਼ਤਰੰਜ ਦੇ ਮੁਕਾਬਲੇ ਜਾਰੀ ਰਹੇ।



# ਨਸ਼ਿਆਂ ਪ੍ਰਤੀ ਬੱਚਿਆਂ ਨੂੰ ਕੀਤਾ ਜਾਗਰੂਕ

**ਮਾਹਿਲਪੁਰ (ਸ.ਫਰੀ)**- ਐੱਸ ਐੱਸ ਪੀ ਹੁਸ਼ਿਆਰਪੁਰ ਅਤੇ ਡੀ ਐਸ ਪੀ ਗੜ੍ਹਸ਼ੰਕਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਥਾਣਾ ਮੁਖੀ ਮਾਹਿਲਪੁਰ ਦੀ ਅਗਵਾਈ ਹੇਠ ਸਕੂਲੀ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਸੜਕ ਸੁਰਖਿਆ ਨਿਯਮਾਂ ਤਹਿਤ ਜਾਗਰੂਕ ਕੀਤਾ ਗਿਆ। ਥਾਣਾ ਮੁਖੀ ਸ੍ਰੀ ਜੈ ਪਾਲ ਸਿੰਘ ਮਾਹਿਲਪੁਰ ਨੇ ਬੱਚਿਆਂ ਨੂੰ ਦੱਸਿਆ ਕਿ ਨਸ਼ਿਆਂ ਦੇ ਵਗ ਰਹੇ ਦਰਿਆ ਨੂੰ ਠੱਲ੍ਹ ਪਾਉਣ ਲਈ ਸਾਨੂੰ ਨਸ਼ਿਆਂ ਤੋਂ ਦੂਰ ਰਹਿਣਾ ਚਾਹੀਦਾ ਅਤੇ ਸਿਹਤ ਨੂੰ ਤੰਦਰੁਸਤ ਰੱਖਣ ਲਈ ਉਚਿਤ ਉਪਰਾਲਾ ਕਰਨਾ ਚਾਹੀਦਾ ਹੈ। ਉਹਨਾਂ ਨੇ ਸੜਕ ਸੁਰਖਿਆ ਦੇ ਨਿਯਮਾਂ ਵਾਰੇ ਬੱਚਿਆਂ ਨੂੰ ਜਾਗਰੂਕ ਕੀਤਾ ਅਤੇ ਹਰ ਸਮੇਂ ਪੁਲਸ ਤੁਹਾਡੇ ਨਾਲ ਹੈ, ਦਾ ਵਾਅਦਾ ਕੀਤਾ।ਇਸ ਸਮੇਂ ਥਾਣਾ ਮੁਨਸ਼ੀ ਸੁਖਵਿੰਦਰ ਸਿੰਘ, ਏ ਐਸ ਆਈ ਰਸ਼ਪਾਲ ਸਿੰਘ ਅਤੇ ਸੇਵਕ ਸਿੰਘ ਸਾਂਝ ਕੇਂਦਰ ਵਾਲੇ ਮੌਜੂਦ ਸਨ।




# ਵਿੱਤ ਮੰਤਰੀ ਨੇ ਵੈਟਰਨਰੀ ਵਿਦਿਆਰਥੀ ਯੂਨੀਅਨ ਨੂੰ ਮੰਗਾਂ 'ਤੇ ਜਲਦੀ ਕਾਰਵਾਈ ਦਾ ਦਿੱਤਾ ਭਰੋਸਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ 28 ਅਕਤੂਬਰ ਨੂੰ ਵੈਟਰਨਰੀ ਸਟੂਡੈਂਟਸ ਯੂਨੀਅਨ, ਲੁਧਿਆਣਾ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ 15 ਦਿਨਾਂ ਦੇ ਅੰਦਰ-ਅੰਦਰ ਪੂਰਾ ਕਰ ਦਿੱਤਾ ਜਾਵੇਗਾ। ਇਹ ਭਰੋਸਾ ਵਿੱਤ ਮੰਤਰੀ ਦੇ ਦਫ਼ਤਰ ਵਿਖੇ ਹੋਈ ਇੱਕ ਮੀਟਿੰਗ ਦੌਰਾਨ ਯੂਨੀਅਨ ਵੱਲੋਂ ਆਪਣੇ ਮਸਲੇ ਅਤੇ ਮੰਗਾਂ ਪੇਸ਼ ਕਰਨ ਮੌਕੇ ਦਿੱਤਾ ਗਿਆ। ਇਸ ਮੀਟਿੰਗ ਵਿੱਚ ਵਿਸ਼ੇਸ਼ ਮੁੱਖ ਸਕੱਤਰ, ਖੇਡਾਂ ਅਤੇ ਯੁਵਕ ਸੇਵਾਵਾਂ, ਸਰਵਜੀਤ ਸਿੰਘ, ਪ੍ਰਮੁੱਖ ਸਕੱਤਰ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ, ਰਾਹੁਲ ਭੰਡਾਰੀ, ਵਿਸ਼ੇਸ਼ ਸਕੱਤਰ ਵਿੱਤ, ਸ਼ੌਕਤ ਅਹਿਮਦ ਪਰੇ ਅਤੇ ਗੁਰੂ ਅੰਗਦ ਦੇਵ ਵੈਟਰਨਰੀ ਐਂਡ ਐਨੀਮਲ ਸਾਈਸਿੰਜ ਯੂਨੀਵਰਸਿਟੀ ਦੇ ਉਪ ਕੁਲਪਤੀ, ਡਾ. ਜਤਿੰਦਰ ਪਾਲ ਸਿੰਘ ਗਿੱਲ ਨੇ ਸ਼ਿਰਕਤ ਕਰਦਿਆਂ ਵੈਟਰਨਰੀ ਵਿਦਿਆਰਥੀਆਂ ਦੇ ਮਸਲਿਆਂ ਨੂੰ ਹੱਲ ਕਰਨ ਲਈ ਵਿਸਥਾਰ ਵਿੱਚ ਵਿਚਾਰ ਚਰਚਾ ਕੀਤੀ।ਵੈਟਰਨਰੀ ਸਟੂਡੈਂਟਸ ਯੂਨੀਅਨ ਦੇ ਪ੍ਰਧਾਨ ਡਾ. ਅਵਨੀਤ ਜੱਸਲ, ਉਪ ਪ੍ਰਧਾਨ ਡਾ. ਕਮਲਪ੍ਰੀਤ ਸਿੰਘ, ਅਤੇ ਕੋਰ ਕਮੇਟੀ ਮੈਂਬਰਾਂ ਡਾ. ਸੁਨੀਲ ਮੋਮੀ ਤੇ ਡਾ. ਮੁਸਕਾਨ ਠਾਕੁਰ ਨੇ ਵਿੱਤ ਮੰਤਰੀ ਅੱਗੇ ਆਪਣਾ ਪੱਖ ਪੇਸ਼ ਕੀਤਾ। ਯੂਨੀਅਨ ਵੱਲੋਂ ਪੇਸ਼ ਮੰਗਾਂ ਬਾਰੇ ਵਿਚਾਰ ਚਰਚਾ ਕਰਨ ਤੋਂ ਬਾਅਦ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਬੰਧਤ ਅਧਿਕਾਰੀਆਂ ਨੂੰ ਅਗਲੇ 10 ਦਿਨਾਂ ਦੇ ਅੰਦਰ ਮੁੱਖ ਮੁੱਦਿਆਂ ਨੂੰ ਹੱਲ ਕਰਨ ਦੇ ਨਿਰਦੇਸ਼ ਦਿੱਤੇ।



# ਖ਼ੂਨਦਾਨ ਕੈਂਪ ਲਗਾਇਆ

**ਹੁਸ਼ਿਆਰਪੁਰ (ਬਲਵੀਰ ਸੈਣੀ)**- ਪੰਜਾਬ ਰਾਜ ਫਾਰਮੇਸੀ ਆਫੀਸਰਜ਼ ਐਸੋਸੀਏਸ਼ਨ ਜ਼ਿਲ੍ਹਾ ਹੁਸ਼ਿਆਰਪੁਰ ਵਲੋਂ ਜੱਥੇਬੰਦੀ ਦੇ ਸਾਬਕਾ ਜ਼ਿਲ੍ਹਾ ਅਤੇ ਸੂਬਾ ਪ੍ਰਧਾਨ ਸਾਥੀ ਸੁਰਿੰਦਰ ਘਈ ਦੀ ਬਰਸੀ ਮੌਕੇ ਸਾਥੀ ਘਈ, ਜੱਥੇਬੰਦੀ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਸਾਥੀ ਸੱਤਪਾਲ ਲੱਠ, ਸਾਥੀ ਪਰਮਿੰਦਰ ਸਿੰਘ ਅਤੇ ਜੀ ਟੀ ਯੂ ਦੇ ਜ਼ਿਲ੍ਹਾ ਆਗੂ ਅਤੇ ਪ ਸ ਸ ਫ ਦੇ ਸਾਬਕਾ ਜ਼ਿਲ੍ਹਾ ਜਨਰਲ ਸਕੱਤਰ ਡਾ. ਤਰਲੋਚਨ ਸਿੰਘ ਦੀ ਯਾਦ ਵਿੱਚ ਸਿਵਲ ਹਸਪਤਾਲ ਹੁਸ਼ਿਆਰਪੁਰ ਵਿਖੇ ਖ਼ੂਨਦਾਨ ਕੈਂਪ ਲਗਾਇਆ ਗਿਆ।ਫਾਰਮੇਸੀ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਅਤੇ ਪ ਸ ਸ ਫ ਦੇ ਜ਼ਿਲ੍ਹਾ ਜਨਰਲ ਸਕੱਤਰ ਇੰਦਰਜੀਤ ਵਿਰਦੀ ਦੀ ਅਗਵਾਈ ਹੇਠ ਸਿਵਲ ਹਸਪਤਾਲ ਹੁਸ਼ਿਆਰਪੁਰ ਵਿਖੇ ਲਗਾਏ ਇਸ ਖ਼ੂਨਦਾਨ ਕੈਂਪ ਵਿੱਚ ਜੱਥੇਬੰਦੀ ਦੇ ਆਗੂਆਂ ਬਲਰਾਜ ਸਿੰਘ, ਵਰਿੰਦਰ ਸਿੰਘ, ਜਤਿੰਦਰਪਾਲ ਗੋਲਡੀ, ਅਜੈ ਸ਼ਰਮਾ, ਰਘਵੀਰ ਸਿੰਘ, ਸਾਥੀ ਪਰਮਿੰਦਰ ਸਿੰਘ ਦੇ ਸਪੁੱਤਰ ਭਵਨਦੀਪ ਸਿੰਘ ਸਹਿਤ ਵਲੋਂ 15 ਯੂਨਿਟ ਖ਼ੂਨਦਾਨ ਕੀਤੇ ਗਏ।ਇਸ ਕੈਂਪ ਵਿੱਚ ਸਿਵਲ ਹਸਪਤਾਲ ਹੁਸ਼ਿਆਰਪੁਰ ਦੇ ਸੀਨੀਅਰ ਮੈਡੀਕਲ ਅਫਸਰ ਡਾ.ਨਵਜੋਤ ਸਿੰਘ, ਡਾ. ਪ੍ਰਭਲੀਨ ਕੌਰ, ਡਾ. ਨੇਹਾ ਪੌਲ, ਜੱਥੇਬੰਦੀ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਸਾਥੀ ਗੋਪਾਲ ਦਾਸ ਮਨਹੋਤਰਾ, ਸਾਥੀ ਘਈ ਦੀ ਸੁਪਤਨੀ ਸੁਖਵੰਤ ਕੌਰ ਅਤੇ ਸਾਥੀ ਪਰਮਿੰਦਰ ਸਿੰਘ ਦੇ ਸਪੁੱਤਰ ਭਵਨਦੀਪ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਸੰਬੋਧਨ ਕਰਦਿਆਂ ਮਰਹੂਮ ਆਗੂ ਸੁਰਿੰਦਰ ਘਈ ਅਤੇ ਡਾ. ਤਰਲੋਚਨ ਸਿੰਘ ਦੇ ਯੁੱਧ ਸਾਥੀ ਗੋਪਾਲ ਮਨਹੋਤਰਾ, ਬਲਰਾਜ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਆਪਣਾ ਸਮੁੱਚਾ ਜੀਵਨ ਮੁਲਾਜ਼ਮ ਲਹਿਰ ਦੀਆਂ ਸੇਵਾ ਹਾਲਤਾਂ ਨੂੰ ਕਾਰਗਾਰ ਬਣਾਉਣ ਅਤੇ ਮਰਨ ਉਪਰੰਤ ਵੀ ਆਪਣਾ ਸਰੀਰ ਮੈਡੀਕਲ ਖੋਜ ਲਈ ਦਾਨ ਕਰਨ ਵਾਲੇ ਇਹਨਾਂ ਮਹਾਨ ਆਗੂਆਂ ਨੂੰ ਯਾਦ ਕਰਨ ਅਤੇ ਉਸ ਵਲੋਂ ਪਾਏ ਪੂਰਨਿਆਂ ਤੇ ਚੱਲਣ ਦਾ ਅਹਿਦ ਕਰਨ ਲਈ ਜੱਥੇਬੰਦੀਆਂ ਦਾ ਇਹ ਉਪਾਲਾ ਸ਼ਲਾਘਾਯੋਗ ਹੈ। ਉਹਨਾਂ ਆਖਿਆ ਕਿ ਸਮਾਜ ਅੰਦਰ ਬਹੁਤ ਘੱਟ ਲੋਕ ਅਜਿਹੇ ਹੁੰਦੇ ਹਨ ਜਿਹਨਾਂ ਵਲੋਂ ਆਪਣਾ ਸਮੁਚਾ ਜੀਵਨ ਲੋਕ ਭਲਾਈ ਦੇ ਲੇਖੇ ਲਗਾਇਆ ਜਾਂਦਾ ਹੈ। ਇਸ ਮੌਕੇ ਡਾ. ਗੁਰਿਕਾ ਬੀ ਟੀ ਓਜ, ਰਮਨਦੀਪ ਸੈਣੀ, ਬਲਕਾਰ ਸਿੰਘ ਵੀ ਹਾਜ਼ਰ ਸਨ। ਇਸ ਮੌਕੇ ਖ਼ੂਨਦਾਨੀਆਂ ਅਤੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰ ਰਹੇ ਆਗੂਆਂ ਨੂੰ ਇੱਕ-ਇੱਕ ਕਿਤਾਬ ਭੇਟ ਕੀਤੀ ਗਈ।



# ਵਪਾਰੀਆਂ ਤੇ ਦੁਕਾਨਦਾਰਾਂ ਦੇ ਮਸਲੇ ਹੱਲ ਕੀਤੇ ਜਾਣਗੇ : ਸੰਤੋਸ਼ ਕਟਾਰੀਆ

**ਬਲਾਚੌਰ (ਜਸਵਿੰਦਰ ਬੈਂਸ)**- ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ ਵੱਲੋਂ ਵਪਾਰ ਵਿੰਗ ਦੇ ਟ੍ਰੇਡ ਵਿੰਗ ਦੇ ਸਟੇਟ ਸੈਕਟਰੀ ਅਮਿਤ ਨੇਗੀ ਅਤੇ ਜ਼ੋਨ ਇੰਚਾਰਜ ਦਰੀਪਨ ਸੈਣੀ, ਜ਼ਿਲ੍ਹਾ ਪ੍ਰਧਾਨ ਹਨੀ ਡੱਬ, ਹਲਕਾ ਕੋਆਰਡੀਨੇਟਰ ਜਸਵੀਰ ਸਿੰਘ ਘੁੰਮਣ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਵੇਂ ਬਣੇ ਪ੍ਰਧਾਨਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ।ਸੰਤੋਸ਼ ਕਟਾਰੀਆ ਨੇ ਮੀਟਿੰਗ ਦੌਰਾਨ ਸਾਰੇ ਨਵੇਂ ਬਣੇ ਪ੍ਰਧਾਨਾਂ ਨੂੰ ਵਿਸ਼ਵਾਸ ਦਿਵਾਉਂਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੇ ਨਾਲ ਖੜ੍ਹੀ ਹੈ ਅਤੇ ਕਿਸੇ ਵੀ ਛੋਟੇ ਜਾਂ ਵੱਡੇ ਵਪਾਰੀ ਜਾਂ ਦੁਕਾਨਦਾਰ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਵਪਾਰ ਵਿੰਗ ਇਹ ਯਕੀਨੀ ਬਣਾਏਗਾ ਕਿ ਵਪਾਰੀਆਂ ਨੂੰ ਆਪਣਾ ਕਾਰੋਬਾਰ ਕਰਨ ਵਿੱਚ ਕੋਈ ਰੁਕਾਵਟ ਨਾ ਆਵੇ।ਇਸ ਮੌਕੇ ਸੀਨੀਅਰ ਆਮ ਆਦਮੀ ਪਾਰਟੀ ਆਗੂ ਅਸ਼ੋਕ ਕਟਾਰੀਆ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਆਪ ਦੀ ਸਰਕਾਰ ਵਪਾਰ ਅਤੇ ਕਾਰੋਬਾਰ ਨੂੰ ਉਤਸ਼ਾਹਤ ਕਰਨ ਲਈ ਵਚਨਬੱਧ ਹੈ। ਵਪਾਰ ਵਿੰਗ ਨੂੰ ਜ਼ਮੀਨੀ ਪੱਧਰ ਤੇ ਮਜ਼ਬੂਤ ??ਕੀਤਾ ਜਾ ਰਿਹਾ ਹੈ ਤਾਂ ਜੋ ਹਰ ਵਪਾਰੀ ਦੀ ਆਵਾਜ਼ ਸਰਕਾਰ ਤੱਕ ਪਹੁੰਚ ਸਕੇ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕੀਤਾ ਜਾ ਸਕੇ। ਇਹ ਸਰਕਾਰ ਸੂਬੇ ਵਿੱਚ ਵਪਾਰ ਪੱਖੀ ਮਾਹੌਲ ਬਣਾਉਣ ਲਈ ਲਗਾਤਾਰ ਯਤਨਸ਼ੀਲ ਹੈ।ਇਸ ਉਪਰੰਤ, ਵਪਾਰ ਵਿੰਗ ਹਲਕਾ ਪ੍ਰਧਾਨ ਜਸਵੀਰ ਸਿੰਘ ਘੁੰਮਣ ਨੇ ਮੀਟਿੰਗ ਵਿੱਚ ਪੁੱਜੇ ਸਾਰੇ ਨਵੇਂ ਪ੍ਰਧਾਨਾਂ ਅਤੇ ਹੋਰ ਪਤਵੰਤਿਆਂ ਦਾ ਧੰਨਵਾਦ ਕੀਤਾ ਅਤੇ ਭਰੋਸਾ ਦਿਵਾਇਆ ਕਿ ਟ੍ਰੇਡ ਵਿੰਗ ਵਪਾਰੀ ਭਾਈਚਾਰੇ ਦੀ ਭਲਾਈ ਲਈ ਤਨਦੇਹੀ ਨਾਲ ਕੰਮ ਕਰੇਗਾ। ਇਸ ਮੌਕੇ ਸੀਨੀਅਰ ਆਪ ਆਗੂ ਅਸ਼ੋਕ ਕਟਾਰੀਆ, ਟ੍ਰੇਡ ਵਿੰਗ ਦੇ ਸਟੇਟ ਸੈਕਟਰੀ ਅਮਿਤ ਨੇਗੀ ਅਤੇ ਜ਼ੋਨ ਇੰਚਾਰਜ ਦਰੀਪਨ ਸੈਣੀ , ਵਪਾਰ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਹਨੀ ਡੱਬ, ਹਲਕਾ ਕੋਆਰਡੀਨੇਟਰ ਜਸਵੀਰ ਸਿੰਘ ਘੁੰਮਣ, ਸਰਪੰਚ ਹਰਵਿੰਦਰ ਸਿੰਘ, ਰਾਮਪਾਲ , ਭੀਮ ਸੇਨ, ਬਲਵੀਰ ਮੀਲੂ ਬਲਾਕ ਪ੍ਰਧਾਨ, ਲਖਵਿੰਦਰ ਕੁਮਾਰ, ਅਮਰਜੀਤ , ਅਮਰੀਕ ਸਿੰਘ, ਆਦਿ ਹਾਜ਼ਰ ਸਨ।



# ਵਿਦਿਆਰਥੀਆਂ ਨੇ ਕੀਤਾ ਬੈਂਕ ਦਾ ਦੌਰਾ



**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**
ਸਥਾਨਕ ਐਸ ਜੀ ਐਸ ਖ਼ਾਲਸਾ ਸੀ. ਸੈ. ਸਕੂਲ ਦੇ ਵਿਦਿਆਰਥੀਆਂ ਨੇ ਸਟੇਟ ਬੈਂਕ ਆਫ ਇੰਡੀਆ ਦਾ ਦੌਰਾ ਕੀਤਾ । ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ ਨੇ ਦੱਸਿਆ ਕਿ 11ਵੀਂ ਅਤੇ 12ਵੀਂ ਜਮਾਤ ਦੇ ਕਾਮਰਸ ਵਿਭਾਗ ਦੇ ਵਿਦਿਆਰਥੀ ਬੈਂਕ ਦਾ ਕੰਮ ਕਾਜ ਦੇਖਣ ਲਈ ਗਏ । ਉਹਨਾਂ ਦੱਸਿਆ ਕਿ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਦੇ ਲਈ ਅਤੇ ਰੋਜ਼ਾਨਾ ਜੀਵਨ ਦੇ ਕੰਮ ਕਾਜਾਂ ਨੂੰ ਚੰਗੀ ਤਰ੍ਹਾਂ ਸਮਝਣ ਦੇ ਲਈ ਇਹੋ ਜਿਹੇ ਦੌਰੇ ਕਰਵਾਏ ਜਾਂਦੇ ਹਨ । ਆਪਣੇ ਬੈਂਕ ਦੇ ਦੌਰੇ ਦੇ ਦੌਰਾਨ ਵਿਦਿਆਰਥੀਆਂ ਨੇ ਪੈਸੇ ਕਿਸ ਤਰ੍ਹਾਂ ਜਮਾਂ ਹੁੰਦੇ ਹਨ, ਕਿਸ ਤਰ੍ਹਾਂ ਕਢਵਾਏ ਜਾਂਦੇ ਹਨ ਐੱਫ ਡੀ ਕਿਸ ਤਰ੍ਹਾਂ ਬਣਦੀ ਹੈ, ਲੋਨ ਕਿਸ ਤਰ੍ਹਾਂ ਮਿਲਦਾ ਹੈ ਤੇ ਬੈਂਕ ਦੇ ਹੋਰ ਕੰਮ ਕਾਜ ਦੇ ਬਾਰੇ ਵਿਸਥਾਰ ਦੇ ਵਿੱਚ ਜਾਣਕਾਰੀ ਲਈ । ਇਸ ਮੌਕੇ ਤੇ ਬੈਂਕ ਮੈਨੇਜਰ ਪ੍ਰਦੀਪ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਦੇ ਇਹੋ ਜਿਹੇ ਦੌਰੇ ਵਿਦਿਆਰਥੀਆਂ ਦੇ ਭਵਿੱਖ ਦੇ ਲਈ ਬਹੁਤ ਲਾਹੇਵੰਦ ਹਨ । ਇਸ ਮੌਕੇ ਤੇ ਸੁਰਜੀਤ ਕੌਰ ਰਾਜਿੰਦਰ ਕੌਰ ਸਮੇਤ ਸਮੂਹ ਵਿਦਿਆਰਥੀ ਹਾਜ਼ਰ ਸਨ। ਸਟੇਟ ਬੈਂਕ ਆਫ ਇੰਡੀਆ ਦੇ ਪ੍ਰਬੰਧ ਦੇ ਵੱਲੋਂ ਵਿਦਿਆਰਥੀਆਂ ਨੂੰ ਰਿਫਰੈਸ਼ਮੈਂਟ ਵੀ ਦਿੱਤੀ ਗਈ ।ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ ਵੱਲੋਂ ਬੈਂਕ ਮੈਨੇਜਰ ਪ੍ਰਦੀਪ ਸਿੰਘ ਅਤੇ ਸਮੂਹ ਸਟਾਫ ਦਾ ਧੰਨਵਾਦ ਕੀਤਾ ਗਿਆ ।

# ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ, ਵਿਕਰੀ 'ਤੇ ਪਾਬੰਦੀ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**- ਨਗਰ ਨਿਗਮ ਕਮਿਸ਼ਨਰ ਜਯੋਤੀ ਬਾਲਾ ਮੱਟੂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸਿੰਗਲ-ਯੂਜ਼ ਪਲਾਸਟਿਕ ਦੀ ਵਰਤੋਂ ਅਤੇ ਵਿਕਰੀ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾ ਦਿੱਤੀ ਹੈ, ਤਾਂ ਜੋ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਇਆ ਜਾ ਸਕੇ। ਇਸ ਤਹਿਤ ਨਿਗਮ ਦੇ ਸੈਨੇਟਰੀ ਇੰਸਪੈਕਟਰ ਸੰਜੀਵ ਕੁਮਾਰ ਨਾਹਰ ਨੇ ਆਪਣੀ ਪੈਟਰੋਲਿੰਗ ਟੀਮ ਨਾਲ ਸਵੇਰੇ ਸ਼ਹਿਰ ਦੇ ਮੁੱਖ ਬਾਜ਼ਾਰਾਂ ਅਤੇ ਮੁੱਖ ਖੇਤਰਾਂ ਵਿੱਚ ਸਿੰਗਲ ਯੂਜ਼ ਪਲਾਸਟਿਕ ਦੀ ਵਿਕਰੀ, ਵਰਤੋਂ ਅਤੇ ਕੂੜਾ ਸੁੱਟਣ ਵਿਰੁੱਧ ਚੈਕਿੰਗ ਕੀਤੀ। ਇਸ ਦੌਰਾਨ ਕਾਰਵਾਈ ਕਰਦੇ ਹੋਏ ਅਧਿਕਾਰੀ ਨੇ ਸ਼ਹਿਰ ਵਿੱਚ ਕੂੜਾ ਸੁੱਟਣ ਲਈ 2 ਚਲਾਨ ਅਤੇ ਸਿੰਗਲ ਯੂਜ਼ ਪਲਾਸਟਿਕ ਨਾਲ ਸਬੰਧਤ 4 ਚਲਾਨ (ਕੁੱਲ 6 ਚਲਾਨ) ਜਾਰੀ ਕੀਤੇ ਅਤੇ ਸਿੰਗਲ ਯੂਜ਼ ਪਲਾਸਟਿਕ ਦੀਆਂ ਚੀਜ਼ਾਂ ਨੂੰ ਮੌਕੇ 'ਤੇ ਜ਼ਬਤ ਕਰ ਲਿਆ ਗਿਆ।ਇਸ ਦੇ ਨਾਲ ਹੀ ਕਮਿਸ਼ਨਰ ਨਗਰ ਨਿਗਮ ਵੱਲੋਂ ਸਾਰੇ ਨਾਗਰਿਕਾਂ ਨੂੰ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾਉਣ ਦੀ ਅਪੀਲ ਕੀਤੀ ਗਈ ਹੈ, ਤਾਂ ਜੋ ਹੁਸ਼ਿਆਰਪੁਰ ਸ਼ਹਿਰ ਨੂੰ ਹਰਿਆ ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਇਆ ਜਾ ਸਕੇ।



# ਸਰਕਾਰ ਹੁਸ਼ਿਆਰਪੁਰ ਦੇ ਲੋਕਾਂ ਨਾਲ ਧੱਕਾ ਨਾ ਕਰੇ : ਬੀਰਪਾਲ, ਹੈਪੀ, ਬੰਟੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਈਗਰ ਫੋਰਸ ਦੇ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ, ਜਿਲ੍ਹਾ ਪ੍ਰਧਾਨ ਹੈਪੀ ਫਤਹਿਗੜ੍ਹ, ਅਨਿਲ ਕੁਮਾਰ ਬੰਟੀ ਹਲਕਾ ਪ੍ਰਧਾਨ ਹਰਿਆਣਾ ਭੂੰਗਾ, ਚਰਨਜੀਤ ਡਾਡਾ ਅਤੇ ਵਿਪਨ ਕੁਮਾਰ ਬਿਹਾਲਾ ਨੇ ਕੁਝ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸੂਬੇ ਦੀ ਸਰਕਾਰ ਸ੍ਰੀ ਅਨੰਦਪੁਰ ਸਾਹਿਬ ਨੂੰ ਜ਼ਿਲ੍ਹਾ ਬਣਾ ਦੇਵੇ ਕਿਸੇ ਨੂੰ ਕੋਈ ਇਤਰਾਜ਼ ਨਹੀਂ ਹੋਵੇਗਾ ਪਰੰਤੂ ਜਿਲਾ ਹੁਸ਼ਿਆਰਪੁਰ ਵਿੱਚੋਂ ਇੱਕ ਪਿੰਡ ਤਾਂ ਕੀ ਪਿੰਡ ਦੀ ਗਲੀ ਵੀ ਸ੍ਰੀ ਅਨੰਦਪੁਰ ਸਾਹਿਬ ਜ਼ਿਲਾ ਬਣਾਉਣ ਲਈ ਨਾ ਕੱਟੀ ਜਾਵੇ। ਆਗੂਆਂ ਨੇ ਕਿਹਾ ਕਿ ਜ਼ਿਲ੍ਹਾ ਹੁਸ਼ਿਆਰਪੁਰ ਤੇ ਪਹਿਲੇ ਹੀ ਚਿੜ੍ਹੀ ਦੇ ਪੋਹਚੇ ਜਿੰਨਾ ਜ਼ਿਲ੍ਹਾ ਹੈ। ਇਸ ਕਰਕੇ ਜ਼ਿਲਾ ਹੁਸ਼ਿਆਰਪੁਰ ਵਿੱਚੋਂ ਕੋਈ ਵੀ ਪਿੰਡ ਕੱਟਕੇ ਕਿਸੇ ਹੋਰ ਜਿਲ੍ਹੇ ਵਿੱਚ ਪਾਉਣ ਦੀ ਹਰਗਿਜ਼ ਗਲਤੀ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਅਸੀ ਜਿੰਨਾ ਸ੍ਰੀ ਅਨੰਦਪੁਰ ਸਾਹਿਬ ਨੂੰ ਜ਼ਿਲ੍ਹਾ ਬਣਾਏ ਜਾਣ ਦਾ ਸਵਾਗਤ ਕਰਦੇ ਹਾ ਉਸ ਤੋ ਚੌਗਣਾ ਹੁਸ਼ਿਆਰਪੁਰ ਜ਼ਿਲ੍ਹੇ ਦੇ ਹਲਕਾ ਗੜ੍ਹਸ਼ੰਕਰ 'ਚ ਪੈਂਦੇ ਕੁਝ ਇਲਾਕੇ ਨੂੰ ਤੋੜ ਕੇ ਨਵੇਂ ਬਣਨ ਵਾਲੇ ਜ਼ਿਲ੍ਹੇ ਨਾਲ ਜੋੜਨ ਦਾ ਸਖ਼ਤ ਵਿਰੋਧ ਵੀ ਕਰਦੇ ਹਾਂ। ਉਨ੍ਹਾਂ ਕਿਹਾ ਕਿ ਅਜਿਹਾ ਕਰਨਾ ਜਿਲ੍ਹਾ ਹੁਸ਼ਿਆਰਪੁਰ ਦੇ ਲੋਕਾਂ ਨਾਲ ਸ਼ਰ੍ਹੇਆਮ ਧੱਕੇਸ਼ਾਹੀ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਹੀ ਹੁਸ਼ਿਆਰਪੁਰ ਜ਼ਿਲ੍ਹੇ ਨੂੰ ਕਾਫ਼ੀ ਛੋਟਾ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਗੜ੍ਹਸ਼ੰਕਰ ਤੋਂ ਸ੍ਰੀ ਅਨੰਦਪੁਰ ਸਾਹਿਬ ਦਾ ਸਫ਼ਰ ਹੁਸ਼ਿਆਰਪੁਰ ਨਾਲੋਂ ਕਿਤੇ ਵੱਧ ਹੈ ਇਸਦੇ ਚੱਲਦਿਆਂ ਰੋਜ਼ਾਨਾ ਆਉਣ ਜਾਣ ਵਾਲੇ ਲੋਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਵੇਗਾ।




# ਰੰਧਾਵਾ ਵੱਲੋਂ ਅੱਠ ਖੇਡ ਮੈਦਾਨ ਤੇ ਤਿੰਨ ਪੰਚਾਇਤ ਘਰ ਬਣਾਉਣ ਦੀ ਸ਼ੁਰੂਆਤ

**ਡੇਰਾਬੱਸੀ (ਵਿਨੈ ਕੁਮਾਰ ਜੈਨ)**
ਪੰਜਾਬ ਦੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਖੇਡਾਂ ਅਤੇ ਪਿੰਡ ਪੱਧਰੀ ਵਿਕਾਸ ਵੱਲ ਚੁੱਕੇ ਜਾ ਰਹੇ ਕ੍ਰਾਂਤੀਕਾਰੀ ਕਦਮਾਂ ਦੇ ਤਹਿਤ ਡੇਰਾਬੱਸੀ ਹਲਕੇ ਦੇ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਆਪਣੇ ਹਲਕੇ ਦੇ ਨੌਂ ਪਿੰਡਾਂ ਵਿੱਚ ਕੁੱਲ 3.26 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਖੇਡ ਮੈਦਾਨਾਂ ਅਤੇ ਹੋਰ ਵਿਕਾਸ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ।

ਇਹ ਪ੍ਰੋਜੈਕਟ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਵੱਲ ਜੋੜਨ, ਪਿੰਡ ਪੱਧਰ 'ਤੇ ਸਹੂਲਤਾਂ ਵਧਾਉਣ ਅਤੇ ਸਿਹਤਮੰਦ ਜੀਵਨਸ਼ੈਲੀ ਨੂੰ ਉਤਸ਼ਾਹਿਤ ਕਰਨ ਦੀ ਸੋਚ ਨਾਲ ਸ਼ੁਰੂ ਕੀਤੇ ਗਏ ਹਨ।ਉਨ੍ਹਾਂ ਵਿਕਾਸ ਕਾਰਜਾਂ ਦੀ ਵਿਸਥਾਰ ਦਿੰਦਿਆਂ ਦੱਸਿਆ ਕਿ ਪਿੰਡ ਸਾਰੰਗਪੁਰ ਵਿਖੇ 46.09 ਲੱਖ ਰੁਪਏ ਦੀ ਲਾਗਤ ਨਾਲ, ਪਿੰਡ ਬੜਾਣਾ ਵਿਖੇ 18.61 ਲੱਖ ਰੁਪਏ ਦੀ ਲਾਗਤ ਨਾਲ, ਪਿੰਡ ਭਾਗਸੀ ਵਿਖੇ 36.84 ਲੱਖ ਰੁਪਏ ਨਾਲ, ਪਿੰਡ ਮੀਆਪੁਰ ਵਿਖੇ 32.60 ਲੱਖ ਰੁਪਏ ਨਾਲ, ਪਿੰਡ ਬਰੋਲੀ ਵਿਖੇ 52.28 ਲੱਖ ਰੁਪਏ ਦੀ ਲਾਗਤ ਨਾਲ ਅਤੇ ਪਿੰਡ ਬੋਹੜਾ ਵਿਖੇ 38.87 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਖੇਡ ਮੈਦਾਨਾਂ ਦੇ ਨਿਰਮਾਣ ਦਾ ਸ਼ੁਭ ਆਰੰਭ ਕੀਤਾ ਗਿਆ।ਇਸੇ ਤਰ੍ਹਾਂ ਪਿੰਡ ਸਮਗੌਲੀ ਵਿਖੇ 30.38 ਲੱਖ ਰੁਪਏ ਨਾਲ ਖੇਡ ਮੈਦਾਨ ਅਤੇ 25 ਲੱਖ ਰੁਪਏ ਨਾਲ ਪੰਚਾਇਤ ਘਰ ਦਾ ਨਿਰਮਾਣ ਸ਼ੁਰੂ ਕਰਵਾਇਆ ਗਿਆ। ਪਿੰਡ ਜੜੋਤ ਵਿਖੇ 25 ਲੱਖ ਰੁਪਏ ਦੀ ਲਾਗਤ ਨਾਲ ਨਵੇਂ ਪੰਚਾਇਤ ਘਰ ਦਾ ਨਿਰਮਾਣ ਸ਼ੁਰੂ ਕੀਤਾ ਗਿਆ। ਪਿੰਡ ਅਮਲਾਲਾ ਵਿਖੇ 45.65 ਲੱਖ ਰੁਪਏ ਨਾਲ ਖੇਡ ਮੈਦਾਨ ਅਤੇ 25 ਲੱਖ ਰੁਪਏ ਨਾਲ ਪੰਚਾਇਤ ਘਰ ਦਾ ਕੰਮ ਸ਼ੁਰੂ ਕੀਤਾ ਗਿਆ। ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡ ਪੱਧਰ 'ਤੇ ਖੇਡਾਂ ਨੂੰ ਉਤਸ਼ਾਹਤ ਕਰਨ ਲਈ ਵਿਸ਼ੇਸ਼ ਯੋਜਨਾਵਾਂ ਲਾਗੂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਦੀਆਂ ਹਨ ਅਤੇ ਉਨ੍ਹਾਂ ਨੂੰ ਸਰੀਰਕ ਤੇ ਮਾਨਸਿਕ ਤੌਰ 'ਤੇ ਮਜ਼ਬੂਤ ਬਣਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਖੇਡਾਂ ਦੇ ਨਾਲ ਨਾਲ ਪੰਚਾਇਤੀ ਵਿਕਾਸ ਕਾਰਜ ਜਿਵੇਂ ਕਿ ਪੰਚਾਇਤ ਘਰ, ਸੜਕਾਂ, ਪਾਣੀ ਤੇ ਸਫਾਈ ਪ੍ਰਬੰਧ, ਸਰਕਾਰ ਦੀ ਤਰਜੀਹ ਹਨ ਤਾਂ ਜੋ ਪਿੰਡਾਂ ਨੂੰ ਸੁਵਿਧਾਜਨਕ ਤੇ ਵਿਕਸਿਤ ਬਣਾਇਆ ਜਾ ਸਕ। ਹਰ ਪਿੰਡ ਵਿੱਚ ਸਰਪੰਚਾਂ, ਪੰਚਾਇਤ ਮੈਂਬਰਾਂ, ਅਤੇ ਪਿੰਡ ਵਾਸੀਆਂ ਨੇ ਵਿਧਾਇਕ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਤੇ ਉਨ੍ਹਾਂ ਦਾ ਧੰਨਵਾਦ ਕੀਤਾ ।



# ਲੌਂਗੋਵਾਲ ਕਾਲਜ ਦੇ ਵਿਦਿਆਰਥੀਆਂ ਨੇ ਪਿੰਗਲਵਾੜਾ ਸ਼ਾਖਾ ਦਾ ਦੌਰਾ ਕੀਤਾ

**ਸੰਗਰੂਰ (ਪ੍ਰਵੀਨ ਸਿੰਘ)** ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਵੱਲੋਂ ਧੂਰੀ ਰੋਡ ਸਥਿਤ ਪਿੰਗਲਵਾੜਾ ਸ਼ਾਖਾ ਦਾ ਵੱਖ-ਵੱਖ ਵਿੱਦਿਅਕ ਅਦਾਰਿਆਂ ਵੱਲੋਂ ਵਿਸ਼ੇਸ਼ ਦੌਰੇ ਜਾਰੀ ਹਨ। ਇਸੇ ਲੜੀ ਤਹਿਤ ਸ਼ਹੀਦ ਭਾਈ ਮਨੀ ਸਿੰਘ ਕਾਲਜ ਲੌਂਗੋਵਾਲ ਦੇ ਵਿਦਿਆਰਥੀਆਂ ਨੇ ਸ਼ਾਖਾ ਦਾ ਦੌਰਾ ਕੀਤਾ।ਕਾਲਜ ਪ੍ਰਿੰਸੀਪਲ ਡਾ. ਜਸਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਬਲਜਿੰਦਰ ਕੌਰ ਤੇ ਜਗਤਾਰ ਸਿੰਘ ਅਸਿਸਟੈਂਟ ਪ੍ਰੋਫੈਸਰ ਦੀ ਅਗਵਾਈ ਵਿੱਚ 36 ਵਿਦਿਆਰਥੀਆਂ ਦੇ ਗਰੁੱਪ ਦੇ ਸ਼ਾਖਾ ਵਿਖੇ ਪਹੁੰਚਣ 'ਤੇ ਤਰਲੋਚਨ ਸਿੰਘ ਚੀਮਾ ਮੁੱਖ ਪ੍ਰਬੰਧਕ ਅਤੇ ਹਰਜੀਤ ਸਿੰਘ ਅਰੋੜਾ ਵਧੀਕ ਪ੍ਰਬੰਧਕ ਨੇ ਸਵਾਗਤ ਕੀਤਾ। ਮਨਦੀਪ ਕੌਰ ਚੱਠੇ ਨਾਲ ਵਿਦਿਆਰਥੀਆਂ ਨੇ ਵੱਖ-ਵੱਖ ਵਾਰਡਾਂ ਦਾ ਦੌਰਾ ਕੀਤਾ ਤੇ ਮਰੀਜ਼ਾਂ ਨਾਲ ਕੁਝ ਸਮਾਂ ਬਿਤਾਇਆ।ਵਿਸ਼ੇਸ਼ ਲੈਕਚਰ ਸੈਸ਼ਨ ਦੌਰਾਨ ਸੁਰਿੰਦਰ ਪਾਲ ਸਿੰਘ ਸਿਦਕੀ ਪੀ ਆਰ ਓ ਨੇ ਭਗਤ ਪੂਰਨ ਸਿੰਘ ਜੀ ਦੇ ਜੀਵਨ ਬਾਰੇ ਦੱਸਿਆ ਕਿ ਉਹ ਵਾਤਾਵਰਣ ਦੀ ਸੰਭਾਲ ਸਬੰਧੀ ਹਰ ਸਮੇਂ ਹੋਕਾ ਦਿੰਦੇ ਰਹਿੰਦੇ ਸਨ।ਅੱਜ ਦੇ ਸਮੇਂ ਪਾਣੀ, ਧਰਤੀ, ਹਵਾ ਜੋ ਪਲੀਤ ਹੋ ਰਹੀ ਹੈ ਉਸ ਸਬੰਧੀ ਜਾਗਰੂਕ ਹੋਣ ਦੀ ਲੋੜ ਹੈ। ਆਪ ਨੇ ਸੇਵਾ ਦੇ ਵਿਸ਼ੇ 'ਤੇ ਕਿਹਾ ਕਿ ਪਿੰਗਲਵਾੜਾ ਸੇਵਾ ਦਾ ਘਰ ਹੈ ਤੇ ਇਹ ਸੇਵਾ ਦੀ ਸਿਖਲਾਈ ਲਈ ਵਰਕਸ਼ਾਪ ਹੈ। ਪਿੰਗਲਵਾੜਾ ਸ਼ਾਖਾ ਦੇ ਮਰੀਜ਼ਾਂ ਦੀ ਸੇਵਾ ਸੰਭਾਲ ਲਈ ਕੀਤੇ ਪ੍ਰਬੰਧਾਂ ਦੀ ਜਾਣਕਾਰੀ ਤੇ ਭਗਤ ਪੂਰਨ ਸਿੰਘ ਬਾਨੀ ਪਿੰਗਲਵਾੜਾ ਦੀਆਂ ਜੀਵਨ ਦੀਆਂ ਪ੍ਰੇਰਨਾਵਾਂ ਅਤੇ ਡਾਕਟਰ ਇੰਦਰਜੀਤ ਕੌਰ ਦੀ ਅਗਵਾਈ ਵਿੱਚ ਦੇਸ਼-ਵਿਦੇਸ਼ ਵਿੱਚ ਕੀਤੇ ਜਾ ਰਹੇ ਮਾਨਵ ਭਲਾਈ ਦੇ ਕਾਰਜਾਂ ਬਾਰੇ ਵਿਚਾਰ ਵਟਾਂਦਰਾ ਕੀਤਾ।ਡਾ. ਉਪਾਸਨਾ ਨੇ ਮਰੀਜ਼ਾਂ ਦੀ ਸਿਹਤ ਤੰਦਰੁਸਤੀ ਲਈ ਸ਼ਾਖਾ ਦੇ ਵੱਖ-ਵੱਖ ਵਾਰਡਾਂ ਵਿੱਚ ਸਥਾਪਤ ਮੈਡੀਕਲ ਸਹੂਲਤਾਂ ਬਾਰੇ ਦੱਸਿਆ। ਪ੍ਰੋਫੈਸਰ ਬਲਜਿੰਦਰ ਕੌਰ ਨੇ ਕਿਹਾ ਕਿ ਇਸ ਦੌਰੇ ਨਾਲ ਵਿਦਿਆਰਥੀਆਂ ਨੂੰ ਹੱਥੀਂ ਸੇਵਾ ਕਰਨ, ਮਾਨਵ ਭਲਾਈ ਤੇ ਸਦਾਚਾਰਕ ਗੁਣ ਅਪਨਾਉਣ ਦੀ ਪ੍ਰੇਰਨਾ ਮਿਲੀ ਹੈ।



# ਵਿਜੀਲੈਂਸ ਬਿਊਰੋ ਵੱਲੋਂ ਚੌਕਸੀ : ਸਾਡੀ ਸਾਂਝੀ ਜ਼ਿੰਮੇਵਾਰੀ ਦੇ ਨਾਅਰੇ ਤਹਿਤ ਜਾਗਰੂਕਤਾ ਗਤੀਵਿਧੀਆਂ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਵਿਜੀਲੈਂਸ ਬਿਓਰੋ ਦੇ ਚੀਫ ਡਾਇਰੈਕਟਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਵਿਜੀਲੈਂਸ ਜਾਗਰੂਕਤਾ ਸਪਤਾਹ ਆਰੰਭ ਹੋ ਗਿਆ ਹੈ ਜੋ ਕਿ 2 ਨਵੰਬਰ ਤੱਕ ਜਾਰੀ ਰਹੇਗਾ। ਇਸ ਹਫਤੇ ਤਹਿਤ ਕਰਵਾਏ ਜਾਣ ਵਾਲੇ ਸਮਾਗਮਾਂ ਤੇ ਸੈਮੀਨਾਰਾਂ ਰਾਹੀਂ ਨਾਗਰਿਕਾਂ ਤੇ ਵਿਦਿਆਰਥੀਆਂ ਨੂੰ ਭ੍ਰਿਸ਼ਟਾਚਾਰ ਦੇ ਖਾਤਮੇ ਵਿੱਚ ਵਧ ਚੜ੍ਹ ਕੇ ਸਹਿਯੋਗ ਦੇਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।ਰੂਪਨਗਰ ਰੇਂਜ ਦੇ ਸੀਨੀਅਰ ਕਪਤਾਨ ਪੁਲਸ ਵਿਜੀਲੈਂਸ ਬਿਓਰੋ ਦੀਆਂ ਹਦਾਇਤਾਂ ਦੀ ਪਾਲਣਾ ਵਜੋਂ ਇੰਸਪੈਕਟਰ ਸ਼ਕੁੰਤ ਚੌਧਰੀ, ਸਬ ਇੰਸਪੈਕਟਰ ਭੁਪਿੰਦਰ ਕੁਮਾਰ ਤੇ ਟੀਮ ਵੱਲੋਂ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਸਰਹਿੰਦ ਵਿਖੇ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ ਜਿਸ ਵਿੱਚ ਚੌਕਸੀ: ਸਾਡੀ ਸਾਂਝੀ ਜ਼ਿੰਮੇਵਾਰੀ ਤਹਿਤ ਕਰਵਾਈਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਵੀ ਦੱਸਿਆ ਗਿਆ। ਬੁਲਾਰਿਆਂ ਨੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਦੱਸਿਆ ਕਿ ਭ੍ਰਿਸ਼ਟਾਚਾਰ ਨੂੰ ਰੋਕਣ ਲਈ ਵਧ ਚੜ੍ਹ ਕੇ ਅੱਗੇ ਆਉਣਾ ਚਾਹੀਦਾ ਹੈ ਅਤੇ ਜੇਕਰ ਕੋਈ ਵੀ ਸਰਕਾਰੀ ਅਧਿਕਾਰੀ ਜਾਂ ਕਰਮਚਾਰੀ ਕੰਮ ਕਰਨ ਦੇ ਬਦਲੇ ਵਿੱਚ ਰਿਸ਼ਵਤ ਦੀ ਮੰਗ ਕਰਦਾ ਹੈ ਤਾਂ ਐਂਟੀ ਕੁਰੱਪਸ਼ਨ ਐਕਸ਼ਨ ਲਾਈਨ ਨੰਬਰ 9501—200—200 ਅਤੇ ਟੋਲ ਫਰੀ ਨੰਬਰ 1800—1800—1000 'ਤੇ ਆਪਣੀ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ। ਬੁਲਾਰਿਆਂ ਨੇ ਦੱਸਿਆ ਕਿ ਕੋਈ ਵੀ ਨਾਗਰਿਕ ਵਿਜੀਲੈਂਸ ਬਿਓਰੋ ਯੂਨਿਟ ਦਫ਼ਤਰ ਵਿਖੇ ਵੀ ਆਪਣੀ ਸ਼ਿਕਾਇਤ ਦਰਜ ਕਰਵਾ ਸਕਦਾ ਹੈ। ਇਸ ਦੌਰਾਨ ਸਕੂਲੀ ਵਿਦਿਆਰਥੀਆਂ ਨੂੰ ਜਾਗਰੂਕਤਾ ਹਫ਼ਤੇ ਤਹਿਤ ਪੈਫਲੈਂਟ ਵੰਡੇ ਗਏ।ਸੈਮੀਨਾਰ ਦੌਰਾਨ ਸਕੂਲ ਪ੍ਰਿੰਸੀਪਲ ਮਲਕੀਤ ਸਿੰਘ ਗੁਰਾਇਆ ਤੇ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।



# ਵਿਦਿਆਰਥਣ ਜੱਸੀ ਕੌਰ ਨੈਸ਼ਨਲ ਪੱਧਰ 'ਤੇ ਪੰਜਾਬ ਦੀ ਕਰੇਗੀ ਪ੍ਰਤੀਨਿਧਤਾ



**ਮਹਿਲ ਕਲਾਂ (ਬਲਵਿੰਦਰ ਵਜੀਦਕੇ,ਪ੍ਰਦੀਪ ਲੋਹਗੜ੍ਹ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਮੀਦੀ (ਬਰਨਾਲਾ) ਦੀ ਵਿਦਿਆਰਥਣ ਜੱਸੀ ਕੌਰ ਨੇ ਸਕੂਲ ਗੇਮਜ਼ ਫੈਡਰੇਸ਼ਨ ਆਫ ਇੰਡੀਆ ਵੱਲੋਂ ਆਯੋਜਿਤ 69ਵੀਆਂ ਸਟੇਟ ਪੱਧਰੀ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੇ ਸਕੂਲ, ਮਾਪਿਆਂ ਅਤੇ ਜ਼ਿਲ੍ਹੇ ਦਾ ਨਾਂਅ ਰੌਸ਼ਨ ਕੀਤਾ ਹੈ। ਸਕੂਲ ਇੰਚਾਰਜ ਮੈਡਮ ਸ਼ਕੁੰਤਲਾ ਦੇਵੀ ਨੇ ਦੱਸਿਆ ਕਿ ਵਿਦਿਆਰਥਣ ਜੱਸੀ ਕੌਰ ਨੇ ਕਰਾਸ ਕੰਟਰੀ (4 ਕਿਲੋਮੀਟਰ) ਵਿੱਚ ਸੋਨੇ ਦਾ ਤਮਗਾ ਜਿੱਤ ਕੇ ਨੈਸ਼ਨਲ ਪੱਧਰ ਲਈ ਕਵਾਲੀਫਾਈ ਕਰ ਲਿਆ ਹੈ। ਉਹ ਹੁਣ ਪੰਜਾਬ ਰਾਜ ਦੀ ਨੁਮਾਇੰਦਗੀ ਕਰੇਗੀ। ਇਸ ਤੋਂ ਇਲਾਵਾ, ਸਕੂਲ ਦੀ ਹੋਰ ਹੋਣਹਾਰ ਵਿਦਿਆਰਥਣ ਰਮਨਦੀਪ ਕੌਰ ਸੱਤਵੀਂ ਸ਼੍ਰੇਣੀ ਨੇ ਸਟੇਟ ਪੱਧਰ ਰਿਲੇਅ ਰੇਸ 4 * 100 ਮੀਟਰ ਵਿੱਚ ਬਰਾਂਜ਼ ਮੈਡਲ ਪ੍ਰਾਪਤ ਕਰਕੇ ਸਕੂਲ ਦਾ ਮਾਣ ਵਧਾਇਆ ਹੈ। ਇਸ ਮੌਕੇ ਲੈਕਚਰਾਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਸਾਲ ਸਕੂਲ ਦੇ 33 ਵਿਦਿਆਰਥੀਆਂ ਨੇ ਵੱਖ-ਵੱਖ ਖੇਡਾਂ ਵਿੱਚ ਸਟੇਟ ਪੱਧਰ 'ਤੇ ਜ਼ਿਲ੍ਹੇ ਦੀ ਪ੍ਰਤੀਨਿਧਤਾ ਕੀਤੀ, ਜਿਨ੍ਹਾਂ ਦੀ ਕਾਰਗੁਜ਼ਾਰੀ ਬੇਮਿਸਾਲ ਰਹੀ। ਸਕੂਲ ਵਿੱਚ ਵਾਪਸੀ 'ਤੇ ਦੋਵੇਂ ਹੋਣਹਾਰ ਵਿਦਿਆਰਥਣਾਂ ਦਾ ਨਗਰ ਪੰਚਾਇਤ, ਸਕੂਲ ਸਟਾਫ ਤੇ ਵਿਦਿਆਰਥੀਆਂ ਵੱਲੋਂ ਗਰਮ ਜੋਸ਼ੀ ਨਾਲ ਸਵਾਗਤ ਕਰਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਕੋਚ ਲਖਵੀਰ ਸਿੰਘ ਨੇ ਵਿਦਿਆਰਥੀਆਂ ਨੂੰ ਹੋਰ ਮਿਹਨਤ ਤੇ ਨਿਸਚੇ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਏ ਐਸ ਆਈ ਗੁਰਜੀਤ ਸਿੰਘ, ਮੈਡਮ ਹਰਦੀਪ ਕੌਰ, ਅਮਨਿੰਦਰ ਸਿੰਘ, ਗੁਰਮੀਤ ਸਿੰਘ, ਰੁਪਿੰਦਰ ਭੰਡਾਲ, ਭਾਰਤ ਭੂਸ਼ਣ, ਪਲਵਿੰਦਰ ਸਿੰਘ, ਜਗਤਾਰ ਸਿੰਘ, ਗੁਰਬਖਸ਼ ਸਿੰਘ, ਗੌਰਵ ਗੁਪਤਾ, ਧਰਮਪਾਲ, ਗੁਰਸ਼ਰਨ ਕੌਰ, ਜਸਪ੍ਰੀਤ ਕੌਰ ਆਦਿ ਹਾਜ਼ਰ ਸਨ।

# ਕੇਂਦਰ ਸਰਕਾਰ ਨੇ ਸਰਕਾਰੀ ਬੈਂਕ ਵੇਚਣ ਦੀ ਕੀਤੀ ਤਿਆਰੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਸਰਕਾਰ ਵੱਲੋਂ ਇਕ ਸਰਕਾਰੀ ਬੈਂਕ ਵੇਚਣ ਦੀ ਤਿਆਰੀ ਕੀਤੀ ਜਾ ਰਹੀ ਹੈ। ਸਰਕਾਰ ਨੇ ਆਪਣੀ ਹਿੱਸੇਦਾਰੀ ਵੇਚਣ ਲਈ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ। ਸਰਕਾਰ ਆਈ ਡੀ ਬੀ ਆਈ ਬੈਂਕ ਦੀ ਹਿੱਸੇਦਾਰੀ ਵੇਚਣ ਦੀ ਤਿਆਰੀ ਕਰ ਰਹੀ ਹੈ। ਸਰਕਾਰ ਅਪ੍ਰੈਲ ਤੱਕ ਆਈ ਡੀ ਬੀ ਆਈ ਬੈਂਕ ਵਿੱਚ ਆਪਣੀ ਹਿੱਸੇਦਾਰੀ ਵੇਚੇਗੀ। ਸਕਰਾਰ ਨੇ ਅਰਜ਼ੀਆਂ (ਐਕਸਪ੍ਰੈਸ਼ੰਸ ਆਫ ਇੰਟਰੇਸਟ) ਕਰ ਸਕਦੀ ਹੈ। ਮਨੀਕੰਟਰੋਲ ਵੈਬਸਾਈਟ ਦੀ ਖਬਰ ਮੁਤਾਬਕ ਆਈ ਡੀ ਬੀ ਆਈ ਵਿੱਚ ਹਿੱਸੇਦਾਰੀ ਵੇਚਣ ਦੀ ਪ੍ਰਕਿਰਿਆ ਦੀ ਜਾਂਚ ਰਿਜ਼ਰਵ ਬੈਂਕ ਕਰ ਚੁੱਕਿਆ ਹੈ। ਹੁਣ ਆਈ ਡੀ ਬੀ ਆਈ ਬੈਂਕ ਵਿੱਚ ਹਿੱਸੇਦਾਰੀ ਵੇਚਣ ਦਾ ਕੰਮ ਅਗਲੇ 9 ਮਹੀਨਿਆਂ ਵਿਚ ਪੂਰਾ ਕਰ ਸਕਦਾ ਹੈ।ਰਿਪੋਰਟ ਮੁਤਾਬਕ ਸਰਕਾਰ ਅਤੇ ਦੇਸ਼ ਦੀ ਸਭ ਤੋਂ ਵੱਡੀ ਬੀਮਾ ਕੰਪਨੀ ਜੀਵਨ ਬੀਮਾ ਨਿਗਮ ਵਿੱਚ ਆਪਣੀ ਪੂਰੀ ਹਿੱਸੇਦਾਰੀ ਵੇਚਣ ਵਾਲੀ ਹੈ। ਰਿਜ਼ਰਵ ਬੈਂਕ ਦੇ ਨਿਯਮਾਂ ਮੁਤਾਬਕ, ਕਿਸੇ ਵੀ ਬੈਂਕ ਵਿੱਚ ਪ੍ਰਮੋਟਰ ਦੀ ਹਿੱਸੇਦਾਰੀ 26 ਫੀਸਦੀ ਤੋਂ ਜ਼ਿਆਦਾ ਨਹੀਂ ਰਹਿ ਸਕਦੀ।ਇਸ ਮਾਮਲੇ ਵਿੱਚ ਜਾਣਕਾਰੀ ਰੱਖਣ ਵਾਲੇ ਇਕ ਸਰਕਾਰੀ ਅਧਿਕਾਰੀ ਨੇ ਦੱਸਿਆ ਹੈ, 'ਪ੍ਰਾਈਵੇਟ ਬੈਂਕ ਵਿੱਚ ਪ੍ਰਮੋਟਰ ਹੋਲਡਿੰਗ ਦੀ ਵਜ੍ਹਾ ਨਾਲ ਆਈ ਬੀ ਆਈ ਬੈਂਕ ਵਿੱਚ ਹਿੱਸੇਦਾਰੀ ਵੇਚਣ ਦਾ ਦਬਾਅ ਨਹੀਂ ਹੈ। ਸਾਨੂੰ ਪੂਰਾ ਭਰੋਸਾ ਹੈ ਕਿ ਆਈ ਡੀ ਬੀ ਆਈ ਲਈ ਸਾਨੂੰ ਬਹੁਤ ਚੰਗੀ ਪ੍ਰਤੀਕਿਰਿਆ ਮਿਲੇਗੀ।

# ਕੰਨਿਆ ਸਕੂਲ 'ਚ ਲਗਾਇਆ ਵੱਖ-ਵੱਖ ਵਿਸ਼ਿਆਂ ਦਾ ਮੇਲਾ

**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**- ਪੀ ਐਮ ਸ਼੍ਰੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਮਾਛੀਵਾੜਾ ਸਾਹਿਬ ਵਿਖੇ ਸਕੂਲ ਦੇ ਕਾਰਜਕਾਰੀ ਪ੍ਰਿੰਸੀਪਲ ਹਰਦੀਪ ਕੌਰ ਦੀ ਯੋਗ ਅਗਵਾਈ ਹੇਠ ਸਕੂਲ ਦੇ ਵਿੱਚ ਅਰਥਸ਼ਾਸਤਰ, ਮੈਥ, ਵਿਗਿਆਨ, ਸਮਾਜਿਕ ਵਿਗਿਆਨ, ਅੰਗਰੇਜ਼ੀ, ਪੰਜਾਬੀ, ਹਿੰਦੀ ਆਦਿ ਵਿਸ਼ਿਆਂ ਦਾ ਮੇਲਾ ਲਗਾਇਆ ਗਿਆ।ਸਕੂਲ 'ਚ ਪੰਜਾਬੀ ਵਿਸ਼ੇ ਦੇ ਨਾਲ ਵੱਖ-ਵੱਖ ਗਤੀਵਿਧੀਆਂ ਜਿਵੇਂ ਕਹਾਣੀ ਮੁਕਾਬਲਾ, ਭਾਸ਼ਣ ਮੁਕਾਬਲਾ, ਲੋਕ ਗੀਤ, ਬੁਝਾਰਤ ਬੁੱਝਣਾ ਆਦਿ ਗਤੀਵਿਧੀਆਂ ਕੀਤੀਆਂ ਗਈਆਂ। ਇਸੇ ਤਰ੍ਹਾਂ ਹੀ ਹਿੰਦੀ ਵਿਸ਼ੇ ਦੇ ਨਾਲ ਸੰਬੰਧਤ ਕਵਿਤਾ ਉਚਾਰਨ, ਨਾਟਕ ਮੁਕਾਬਲਾ, ਭਾਸ਼ਣ ਮੁਕਾਬਲਾ ਡਿਬੇਟ ਆਦਿ ਕਰਵਾਏ ਗਏ। ਸਕੂਲ ਦੇ ਪ੍ਰਿੰਸੀਪਲ ਵੱਲੋਂ ਇਹਨਾਂ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਸਾਇੰਸ ਵਿਸ਼ੇ ਤੇ ਮੈਥ ਵਿਸ਼ੇ ਨਾਲ ਸੰਬੰਧਿਤ ਵੱਖ ਵੱਖ ਮਾਡਲ ਅਤੇ ਚਾਰਟ ਬਣਾਏ ਗਏ । ਇਸ ਤਰ੍ਹਾਂ ਹੀ ਸਮਾਜਿਕ ਵਿਸ਼ੇ ਦੇ ਨਾਲ ਸੰਬੰਧਤ ਚਾਰਟ ਅਤੇ ਮਾਡਲ ਬਣਾਏ ਗਏ । ਇਸ ਮੌਕੇ ਬੀ ਆਰ ਸੀ ਜਸਵੰਤ ਸਿੰਘ ਵੀ ਹਾਜ਼ਰ ਸਨ ਜਿਨ੍ਹਾਂ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ। ਐਸ ਐਮ ਸੀ ਮੈਂਬਰ ਸੰਦੀਪ ਕੌਰ ਅਤੇ ਪਰਮਿੰਦਰ ਕੌਰ ਵੀ ਹਾਜ਼ਰ ਸਨ। ਉਹਨਾਂ ਨੇ ਵੀ ਬੱਚਿਆਂ ਦੇ ਉਤਸ਼ਾਹ ਨੂੰ ਦੇਖ ਕੇ ਪ੍ਰਸੰਸਾ ਕੀਤੀ। ਸਕੂਲ ਦੇ ਪ੍ਰਿੰਸੀਪਲ ਹਰਦੀਪ ਕੌਰ ਨੇ ਸਮੂਹ ਅਧਿਆਪਕ ਸਾਹਿਬਾਨ ਅਤੇ ਬੱਚਿਆਂ ਦੀ ਹੌਸਲਾ ਅਫਜ਼ਾਈ ਕੀਤੀ, ਜਿਨਾਂ ਦੀ ਮਿਹਨਤ ਦੇ ਸਦਕੇ ਬੱਚਿਆਂ ਨੇ ਇੰਨੇ ਜ਼ਿਆਦਾ ਵਧੀਆ ਚਾਰਟ ਅਤੇ ਮਾਡਲ ਤਿਆਰ ਕੀਤੇ। ਇਸ ਮੇਲੇ ਵਿੱਚ ਕੰਨਿਆ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ।



# ਹਲਕਾ ਬਾਘਾ ਪੁਰਾਣਾ ਨੂੰ ਅਪਰਾਧ ਮੁਕਤ ਕਰਨਾ ਮੇਰਾ ਮੁੱਖ ਫਰਜ਼ : ਥਾਣਾ ਮੁਖੀ ਜਤਿੰਦਰ ਸਿੰਘ

**ਬਾਘਾ ਪੁਰਾਣਾ (ਮਨੀ ਸਿੰਗਲਾ)**- ਥਾਣਾ ਬਾਘਾ ਪੁਰਾਣਾ ਦੇ ਮੁਖੀ ਐਸ.ਐਚ.ਓ. ਜਤਿੰਦਰ ਸਿੰਘ ਨੇ ਕਿਹਾ ਕਿ ਹਲਕੇ ਨੂੰ ਅਪਰਾਧ ਤੇ ਨਸ਼ਿਆਂ ਤੋਂ ਮੁਕਤ ਕਰਨਾ ਉਨ੍ਹਾਂ ਦਾ ਸਭ ਤੋਂ ਵੱਡਾ ਫਰਜ਼ ਅਤੇ ਮਕਸਦ ਹੈ। ਉਨ੍ਹਾਂ ਕਿਹਾ ਕਿ ਪੁਲਸ ਪ੍ਰਸ਼ਾਸਨ ਪੂਰੀ ਜ਼ਿੰਮੇਵਾਰੀ ਨਾਲ ਲੋਕਾਂ ਦੀ ਸੁਰੱਖਿਆ ਲਈ ਕੰਮ ਕਰ ਰਿਹਾ ਹੈ ਅਤੇ ਕਿਸੇ ਵੀ ਤਰ੍ਹਾਂ ਦੇ ਗੈਰ-ਕਾਨੂੰਨੀ ਤੱਤਾਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਬਾਘਾ ਪੁਰਾਣਾ ਹਲਕੇ ਦੇ ਹਰ ਪਿੰਡ ਤੇ ਸ਼ਹਿਰੀ ਇਲਾਕੇ ਵਿੱਚ ਸ਼ਾਂਤੀ ਕਾਇਮ ਰੱਖਣ ਲਈ ਪੁਲਸ ਚੌਕੀਆਂ ਅਤੇ ਨਾਕੇ ਤੈਨਾਤ ਕੀਤੇ ਗਏ ਹਨ। ਜਤਿੰਦਰ ਸਿੰਘ ਨੇ ਕਿਹਾ ਕਿ ਨਸ਼ਾ ਤਸਕਰਾਂ, ਚੋਰਾਂ ਅਤੇ ਅਪਰਾਧਕ ਗਤੀਵਿਧੀਆਂ ਵਿੱਚ ਸ਼ਾਮਲ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਰਵਾਈ ਜਾਰੀ ਹੈ। ਕਈ ਕੇਸਾਂ ਵਿੱਚ ਸਫ਼ਲਤਾ ਪ੍ਰਾਪਤ ਹੋਈ ਹੈ ਅਤੇ ਆਉਂਦੇ ਸਮੇਂ ਵਿੱਚ ਇਹ ਮੁਹਿੰਮ ਹੋਰ ਤੇਜ਼ ਕੀਤੀ ਜਾਵੇਗੀ। ਉਨ੍ਹਾਂ ਨੇ ਸਪੱਸ਼ਟ ਚੇਤਾਵਨੀ ਜਾਰੀ ਕਰਦਿਆਂ ਕਿਹਾ ਕਿ ਜੋ ਵੀ ਸ਼ਰਾਰਤੀ ਅਨਸਰ ਸਮਾਜਕ ਸ਼ਾਂਤੀ ਭੰਗ ਕਰਨ ਦੀ ਕੋਸ਼ਿਸ਼ ਕਰਦੇ ਹਨ, ਉਹ ਜਾਂ ਤਾਂ ਆਪਣਾ ਗੈਰਕਾਨੂੰਨੀ ਕੰਮ ਛੱਡ ਦੇਣ ਜਾਂ ਫਿਰ ਕਾਨੂੰਨੀ ਕਾਰਵਾਈ ਲਈ ਤਿਆਰ ਰਹਿਣ। ਪੁਲਿਸ ਹਰੇਕ ਅਪਰਾਧੀ ਤੱਕ ਪਹੁੰਚ ਕਰੇਗੀ ਅਤੇ ਕਿਸੇ ਨੂੰ ਵੀ ਬਖ਼ਸ਼ਿਆ ਨਹੀਂ ਜਾਵੇਗਾ। ਥਾਣਾ ਮੁਖੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੁਲਸ ਦਾ ਸਹਿਯੋਗ ਕਰਨ ਅਤੇ ਜੇਕਰ ਕਿਸੇ ਵੀ ਸ਼ੱਕੀ ਗਤੀਵਿਧੀ ਬਾਰੇ ਜਾਣਕਾਰੀ ਮਿਲੇ, ਤਾਂ ਤੁਰੰਤ ਪੁਲਸ ਨੂੰ ਸੂਚਿਤ ਕਰਨ।



# ਯੂਨੀਵਰਸਿਟੀ ਕਾਲਜ 'ਚ ਖ਼ੂਨਦਾਨ ਕੈਂਪ



**ਧੂਰੀ (ਮਨੋਹਰ ਸਿੰਘ ਸੱਗੂ)**- ਯੂਨੀਵਰਸਿਟੀ ਕਾਲਜ ਬੇਨੜਾ (ਧੂਰੀ) ਵਿਖੇ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਮੰਡ ਦੀ ਅਗਵਾਈ ਵਿੱਚ ਰੈੱਡ ਰਿਬਨ ਕਲੱਬ ਅਤੇ ਐੱਨ.ਐੱਸ.ਐੱਸ. ਯੂਨਿਟਾਂ ਨੇ ਰੋਟਰੀ ਕਲੱਬ ਧੂਰੀ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਲਗਾਇਆ।ਖ਼ੂਨਦਾਨ ਕੈਂਪ ਦੀ ਸ਼ੁਰੂਆਤ ਕਾਲਜ ਪ੍ਰਿੰਸੀਪਲ ਨੇ ਖ਼ੂਨ ਦਾਨ ਕਰਕੇ ਕੀਤੀ। ਇਸ ਤੋਂ ਬਾਅਦ ਕਾਲਜ ਸਟਾਫ਼ ਅਤੇ ਐੱਨ.ਐੱਸ.ਐੱਸ. ਵਲੰਟੀਅਰਾਂ ਨੇ ਖ਼ੂਨ ਦਾਨ ਕੀਤਾ। ਕੈਂਪ ਦੌਰਾਨ ਕੁੱਲ 36 ਯੂਨਿਟ ਖ਼ੂਨ ਦਾਨ ਕੀਤਾ ਗਿਆ। ਰੋਟਰੀ ਕਲੱਬ ਦੇ ਪ੍ਰਧਾਨ ਮੱਖਣ ਲਾਲ ਗਰਗ, ਡਾ. ਰਮੇਸ਼ ਸ਼ਰਮਾ, ਸਕੱਤਰ ਰਾਜਨ ਗਰਗ, ਸੀ. ਐੱਸ. ਮੁਸਾਫ਼ਿਰ, ਮਦਨ ਲਾਲ ਸ਼ਰਮਾ, ਸੰਜੇ ਗਰਗ, ਨਗੇਸ਼ ਬਾਂਸਲ, ਰਜਨੀਸ਼ ਗਰਗ ਰਜਨੀ, ਖ਼ਜ਼ਾਨਚੀ ਹੁਕਮ ਚੰਦ ਸਿੰਗਲਾ ਨੇ ਖ਼ੂਨ ਦਾਨ ਕਰਨ ਵਾਲਿਆਂ ਨੂੰ ਰਿਫਰੈਸ਼ਮੈਂਟ ਅਤੇ ਮੈਡਲ ਦਿੱਤੇ। ਬਲੱਡ ਬੈਂਕ, ਸਿਵਲ ਹਸਪਤਾਲ ਸੰਗਰੂਰ ਤੋਂ ਡਾ. ਪੱਲਵੀ ਗਰਗ ਦੀ ਅਗਵਾਈ ਵਿੱਚ ਪਹੁੰਚੀ ਮੈਡੀਕਲ ਟੀਮ ਨੇ ਕੈਂਪ ਨੂੰ ਸਫਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ।ਰੈੱਡ ਰਿਬਨ ਕਲੱਬ ਦੇ ਕਨਵੀਨਰ ਡਾ. ਗਗਨਦੀਪ ਸਿੰਘ, ਐੱਨ.ਐੱਸ.ਐੱਸ. ਰੈਗੂਲਰ ਤੇ ਸੈੱਲਫ਼ ਫਾਈਨਾਂਸ ਯੂਨਿਟ ਦੇ ਪ੍ਰੋਗਰਾਮ ਅਫ਼ਸਰ ਡਾ. ਅਸ਼ੋਕ ਕੁਮਾਰ ਤੇ ਡਾ. ਊਸ਼ਾ ਰਾਣੀ ਤੋਂ ਇਲਾਵਾ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

# ਵਿਧਾਇਕ ਰਾਏ ਨੇ ਛੱਠ ਪੂਜਾ ਦੇ ਪ੍ਰੋਗਰਾਮ 'ਚ ਕੀਤੀ ਸ਼ਮੂਲੀਅਤ

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਪਰਵਾਸੀਆਂ ਵੱਲੋਂ ਵੱਡੀ ਗਿਣਤੀ 'ਚ ਸਰਹਿੰਦ ਸੂਏ 'ਤੇ ਇਕੱਤਰ ਹੋ ਕੇ ਛੱਠ ਪੂਜਾ ਦਾ ਤਿਉਹਾਰ ਬਹੁਤ ਹੀ ਧੂਮਧਾਮ ਦੇ ਨਾਲ ਮਨਾਇਆ ਗਿਆ। ਔਰਤਾਂ ਨੇ ਜਿੱਥੇ ਪਾਣੀ 'ਚ ਖੜ੍ਹੇ ਹੋ ਕੇ ਪੂਜਾ ਕੀਤੀ ਉੱਥੇ ਹੀ ਲੰਗਰ ਦਾ ਪ੍ਰਬੰਧ ਕੀਤਾ ਗਿਆ। ਇਸ ਮੌਕੇ ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵਿਸ਼ੇਸ਼ ਤੌਰ 'ਤੇ ਪਹੁੰਚੇ। ਪ੍ਰਬੰਧਕਾਂ ਵੱਲੋਂ ਉਹਨਾਂ ਦਾ ਇੱਥੇ ਪਹੁੰਚਣ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਸੰਬੋਧਨ ਕਰਦਿਆਂ ਕਿਹਾ ਕਿ ਛੱਠ ਪੂਜਾ (ਛਠ ਮਈਆ ਦੀ ਪੂਜਾ) ਇੱਕ ਮਹੱਤਵਪੂਰਨ ਹਿੰਦੂ ਤਿਉਹਾਰ ਹੈ ਜੋ ਮੁੱਖ ਤੌਰ 'ਤੇ ਬਿਹਾਰ, ਪੂਰਬੀ ਉੱਤਰ ਪ੍ਰਦੇਸ਼, ਝਾਰਖੰਡ ਅਤੇ ਨੇਪਾਲ ਦੇ ਕੁਝ ਹਿੱਸਿਆਂ ਵਿੱਚ ਮਨਾਇਆ ਜਾਂਦਾ ਹੈ। ਹੁਣ ਪੰਜਾਬ ਦੇ ਅੰਦਰ ਪ੍ਰਵਾਸੀਆਂ ਦੀ ਵਧੇਰੇ ਗਿਣਤੀ ਹੋਣ ਕਾਰਨ ਇੱਥੇ ਵੀ ਮਨਾਇਆ ਜਾਣ ਲੱਗਿਆ ਹੈ। ਇਹ ਤਿਉਹਾਰ ਸੂਰਜ ਦੇਵਤਾ (ਸੂਰਜ ਭਗਵਾਨ) ਅਤੇ ਉਨ੍ਹਾਂ ਦੀ ਭੈਣ ਛੱਠ ਮਈਆ ਨੂੰ ਸਮਰਪਤ ਹੁੰਦਾ ਹੈ। ਛੱਠ ਪੂਜਾ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ ਲੱਖ ਵਧਾਈਆਂ। ਸਾਨੀਪੁਰ ਰੋਡ ਸੂਏ ਉੱਤੇ ਸਾਂਝੇ ਤੌਰ 'ਤੇ ਛੱਠ ਪੂਜਾ ਦਾ ਤਿਉਹਾਰ ਮਨਾਇਆ ਗਿਆ। ਛੱਠ ਪੂਜਾ ਪਰਿਆਵਰਨ ਨਾਲ ਜੁੜਿਆ ਤਿਉਹਾਰ ਹੈ, ਕਿਉਂਕਿ ਇਸ ਦੇ ਵਿੱਚ ਪਾਣੀ, ਮਿੱਟੀ, ਸੂਰਜ ਅਤੇ ਹਵਾ ਸਭ ਕੁਦਰਤੀ ਤੱਤਾਂ ਦੀ ਪੂਜਾ ਹੁੰਦੀ ਹੈ। ਇਸ ਮੌਕੇ ਰਮੇਸ਼ ਸੋਨੂੰ, ਪ੍ਰਿਤਪਾਲ ਜੱਸੀ, ਬਲਵੀਰ ਸੋਢੀ, ਅਰਵਿੰਦਰ ਸਾ, ਰਵੀ ਸ਼ੰਕਰ ਸਾ, ਅਮਰੇਸ਼, ਬੱਬਲੂ ਸਾਹਨੀ, ਸਿਵਾਸ਼ੀ ਆਦਿ ਵੀ ਹਾਜਰ ਸਨ।



# ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਵਿਭਾਗ ਨੇ ਮਨਾਇਆ ਵਿਸ਼ਵ ਵਿਕਾਸ ਸੂਚਨਾ ਦਿਵਸ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਅਤੇ ਜਨਸੰਚਾਰ ਵਿਭਾਗ ਵੱਲੋਂ ਵਿਸ਼ਵ ਵਿਕਾਸ ਸੂਚਨਾ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਦੀ ਵਿਵਹਾਰਕ ਸਿਰਜਣਾਤਮਕਤਾ ਨੂੰ ਉਭਾਰਨ ਲਈ ਫੋਟੋ ਕੈਪਸ਼ਨ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੂੰ ਵਿਕਾਸ ਨਾਲ ਜੁੜੀ ਇੱਕ ਤਸਵੀਰ 'ਤੇ ਅਰਥਪੂਰਨ ਕੈਪਸ਼ਨ ਲਿਖਣ ਲਈ ਪ੍ਰੇਰਿਤ ਕੀਤਾ ਗਿਆ ਸੀ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਿਹਾ ਕਿ ਅਜਿਹੇ ਉਸਾਰੂ ਮੁਕਾਬਲੇ ਜਿੱਥੇ ਵਿਦਿਆਰਥੀਆਂ ਦੇ ਵਿੱਦਿਅਕ ਅਤੇ ਵਿਹਾਰਕ ਗਿਆਨ ਵਿੱਚ ਵਾਧਾ ਕਰਦੇ ਹਨ, ਉਥੇ ਉਨ੍ਹਾਂ ਵਿੱਚ ਦੇਸ਼-ਦੁਨੀਆ ਵਿਚ ਵਾਪਰ ਰਹੀਆਂ ਘਟਨਾਵਾਂ ਨੂੰ ਵਿਸਥਾਰ ਨਾਲ ਪੜ੍ਹਨ ਅਤੇ ਸਮਝਣ ਦੀ ਰੁਚੀ ਵੀ ਪੈਦਾ ਕਰਦੇ ਹਨ। ਪੱਤਰਕਾਰੀ ਵਿਭਾਗ ਦੇ ਮੁਖੀ ਡਾ. ਹਰਗੁਣਪ੍ਰੀਤ ਸਿੰਘ ਨੇ ਕਿਹਾ ਕਿ ਇਸ ਮੁਕਾਬਲੇ ਨੇ ਵਿਦਿਆਰਥੀਆਂ ਦੀ ਰਚਨਾਤਮਕ ਪ੍ਰਤਿਭਾ ਨੂੰ ਨਿਖਾਰਨ, ਆਮ ਜਾਣਕਾਰੀ ਵਿੱਚ ਵਾਧਾ ਕਰਨ, ਆਲੋਚਨਾਤਮਕ ਚਿੰਤਨ ਪੈਦਾ ਕਰਨ ਅਤੇ ਤਸਵੀਰ ਦਾ ਸਹੀ ਵਿਸ਼ਲੇਸ਼ਣ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ।ਪ੍ਰੋਗਰਾਮ ਦੇ ਕੋਆਰਡੀਨੇਟਰ ਪ੍ਰੋ. ਰੰਜਿਤਾ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਸ਼ਵ ਵਿਕਾਸ ਸੂਚਨਾ ਦਿਵਸ ਮੌਕੇ ਕਰਵਾਏ ਫ਼ੋਟੋ ਕੈਪਸ਼ਨ ਲੇਖਣ ਮੁਕਾਬਲੇ ਵਿੱਚ ਵਿਭਾਗ ਦੇ ਵਿਦਿਆਰਥੀਆਂ ਸੰਤੋਸ਼, ਵੈਦੇਹੀ, ਅਦਿੱਤਯ ਸ਼ੋਰੀ, ਜਸ਼ਨਪ੍ਰੀਤ ਸਿੰਘ, ਭਵਨੀਤ ਕੌਰ ਅਤੇ ਕਿਰਨਜੋਤ ਕੌਰ ਨੇ ਵਧੀਆ ਪ੍ਰਦਰਸ਼ਨ ਕੀਤਾ। ਇਸ ਮੌਕੇ ਵਿਭਾਗ ਦੇ ਪ੍ਰੋ. ਭਗਵੰਤ ਸਿੰਘ, ਪ੍ਰੋ. ਲਵਨੀਤ ਵਸ਼ਿਸ਼ਠ, ਪ੍ਰੋ. ਨਾਦਿਸ਼ ਅਤੇ ਪ੍ਰੋ. ਅਮਨਦੀਪ ਕੌਰ ਹਾਜ਼ਰ ਸਨ।



# ਪੰਜਾਬ ਸਰਕਾਰ ਵੱਲੋਂ ਪਾਵਰਕਾਮ/ਟਰਾਂਸਕੋ ਤੇ ਹੋਰ ਸਰਕਾਰੀ ਜਾਇਦਾਦਾਂ ਵੇਚਣ ਦੀ ਪੁਰਜ਼ੋਰ ਨਿਖੇਧੀ : ਪਿਲਖਣੀ

**ਰਾਜਪੁਰਾ (ਰਮੇਸ਼ ਕਟਾਰੀਆ)**- ਪੀ ਐੱਸ ਈ ਬੀ ਇੰਪਲਾਈਜ ਫੈਡਰੇਸ਼ਨ ਏਟਕ ਪੰਜਾਬ ਡਵੀਜ਼ਨ ਰਾਜਪੁਰਾ ਅਧੀਨ ਆਉਂਦੀ ਸਬ ਡਵੀਜ਼ਨ ਸਰਾਏ ਬੰਜਾਰਾ ਦਾ ਚੋਣ ਇਜਲਾਸ 66 ਕੇ ਵੀ ਗਰਿੱਡ ਸਰਾਏ ਬੰਜਾਰਾ ਵਿਖੇ ਡਵੀਜ਼ਨ ਰਾਜਪੁਰਾ ਦੇ ਪ੍ਰਧਾਨ ਸਾਥੀ ਕੁਲਦੀਪ ਸਿੰਘ ਸਕੱਤਰ ਸਾਥੀ ਜਗਜੀਤ ਸਿੰਘ ਦੇ ਪ੍ਰਧਾਨਗੀ ਮੰਡਲ ਹੇਠ ਹੋਇਆ। ਇਸ ਇਜਲਾਸ ਵਿੱਚ ਵਿਸ਼ੇਸ਼ ਤੌਰ ਤੇ ਕੌਮੀ ਆਗੂ ਸਾਥੀ ਹਰਭਜਨ ਸਿੰਘ ਪਿਲਖਣੀ, ਸੂਬਾ ਵਿੱਤ ਸਕੱਤਰ ਸਾਥੀ ਬਲਜੀਤ ਕੁਮਾਰ, ਸਰਕਲ ਪਟਿਆਲਾ ਪ੍ਰਧਾਨ ਸਾਥੀ ਗੁਰਦਿਆਲ ਸਿੰਘ ਬੱਬੂ ਸ਼ਾਮਿਲ ਹੋਏ ਉਪਰੋਕਤ ਸਾਥੀਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਮੈਨੇਜਮੈਂਟ ਜਾਇਜ਼ ਮੰਗਾਂ ਮੰਨਣ ਉਪਰੰਤ ਲਾਗੂ ਕਰਨ ਤੋਂ ਆਨਾਕਾਨੀ ਕਰਦੀ ਆ ਰਹੀ ਹੈ। ਲੀਡਰਸ਼ਿਪ ਵੱਲੋਂ ਦੱਸਿਆ ਗਿਆ ਕਿ ਹੱਕੀ ਅਤੇ ਜਾਇਜ਼ ਮੰਗਾਂ ਮਨਵਾਉਣ ਲਈ ਲਗਾਤਾਰ ਜਥੇਬੰਦੀਆਂ ਸੰਘਰਸ਼ ਦੇ ਰਾਹ 'ਤੇ ਚੱਲ ਰਹੀਆਂ ਹਨ । ਪੰਜਾਬ ਸਰਕਾਰ ਖ਼ਿਲਾਫ਼ ਪਾਵਰਕੌਮ /ਟਰਾਸਕੋ ਅਤੇ ਹੋਰ ਸਰਕਾਰੀ ਜਾਇਦਾਦਾਂ ਵੇਚਣ ਖਿਲਾਫ ਸੰਯੁਕਤ ਕਿਸਾਨ ਮੋਰਚੇ ਦੇ ਨਾਲ ਸਾਂਝ ਕਰਕੇ 2 ਨਵੰਬਰ ਨੂੰ ਬਿਜਲੀ ਮੰਤਰੀ ਸੰਜੀਵ ਅਰੋੜਾ ਦੀ ਰਿਹਾਇਸ਼ ਲੁਧਿਆਣਾ ਵਿਖੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਜੇਕਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਆਪਣੀਆਂ ਹਰਕਤਾਂ ਤੋਂ ਬਾਜ ਨਾ ਆਈ ਤਾਂ ਆਉਣ ਵਾਲੇ ਸਮੇ ਵਿੱਚ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਡੈਲੀਗੇਟ ਇਜਲਾਸ ਸਮੇਂ ਸਰਵਸੰਮਤੀ ਨਾਲ ਨਵੀਂ ਟੀਮ ਚੁਣੀ ਗਈ ਜਿਸ 'ਚ ਸਰਪ੍ਰਸਤ ਸਾਥੀ ਗੁਰਵਿੰਦਰ ਸਿੰਘ ਪਿਲਖਣੀ ਐਸ ਐਸ ਏ, ਪ੍ਰਧਾਨ ਸਾਥੀ ਦਿਨੇਸ਼ ਕੁਮਾਰ ਲਾਈਨਮੈਨ, ਸੀਨੀਅਰ ਮੀਤ ਪ੍ਰਧਾਨ ਸਾਥੀ ਸੁਦਾਗਰ ਖਾਨ, ਮੀਤ ਪ੍ਰਧਾਨ ਸਾਥੀ ਸਤੀਸ਼ ਕੁਮਾਰ ਜੇ ਈ, ਸਕੱਤਰ ਸਾਥੀ ਹਰਦੀਪ ਸਿੰਘ, ਸਕੱਤਰ ਸਾਥੀ ਕੁਲਵਿੰਦਰ ਸਿੰਘ ਯੂ ਡੀ ਸੀ, ਖਜ਼ਾਨਚੀ ਸਾਥੀ ਗੁਰਦੀਪ ਸਿੰਘ, ਖਜ਼ਾਨਚੀ ਸੁਰਮਖ ਸਿੰਘ ਐਲ ਡੀ ਸੀ, ਆਡਿਟਰ ਸਾਥੀ ਤਨਵੀ ਸ਼ਰਮਾ, ਪ੍ਰਚਾਰ ਸਕੱਤਰ ਕ੍ਰਿਸ਼ਨ ਕੁਮਾਰ, ਪ੍ਰਚਾਰ ਸਕੱਤਰ ਜਸਲੀਨ ਸ਼ਾਮਲ ਸਨ। ਇਸ ਇਜਲਾਸ ਵਿਚ ਡਵੀਜ਼ਨ ਰਾਜਪੁਰਾ ਦੇ ਖਜ਼ਾਨਚੀ ਸਾਥੀ ਹਰਦੀਪ ਸਿੰਘ ਡਵੀਜ਼ਨ ਆਗੂ ਸਾਥੀ ਸਤਨਾਮ ਸਿੰਘ ਅਤੇ ਹੋਰ ਆਗੂਆਂ ਨੇ ਹਿੱਸਾ ਲਿਆ ਅਤੇ ਨਵੀਂ ਚੁਣੀ ਟੀਮ ਨੂੰ ਮੁਬਾਰਕਾਂ ਦਿੱਤੀਆਂ।



# ਗੁਰਬਾਣੀ ਸੁੰਦਰ ਲਿਖਾਈ ਮੁਕਾਬਲਿਆਂ 'ਚ ਉਪਲੀ ਚੱਠੇ ਸਕੂਲ ਦੀ ਚੜ੍ਹਤ

**ਸੰਗਰੂਰ (ਪ੍ਰਵੀਨ ਸਿੰਘ)**- ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਸਮਾਗਮਾਂ ਅਧੀਨ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਸੰਗਰੂਰ ਜ਼ੋਨ ਵੱਲੋਂ ਸਥਾਨਕ ਗੁਰਦੁਆਰਾ ਸਾਹਿਬ ਬ੍ਰਹਮਗਿਆਨੀ ਭਗਤ ਨਾਮਦੇਵ ਜੀ ਵਿਖੇ ਪ੍ਰਬੰਧਕ ਕਮੇਟੀ ਨਾਲ ਸਾਂਝੇ ਉਪਰਾਲੇ ਤਹਿਤ ਗੁਰਬਾਣੀ ਸੁੰਦਰ ਲਿਖਾਈ ਦੇ ਮੁਕਾਬਲੇ ਸੁਰਿੰਦਰ ਪਾਲ ਸਿੰਘ ਸਿਦਕੀ, ਕੁਲਵੰਤ ਸਿੰਘ ਨਾਗਰੀ ਜ਼ੋਨ ਪ੍ਰਧਾਨ, ਹਰਵਿੰਦਰ ਕੌਰ ਕੋਆਰਡੀਨੇਟਰ ਅਤੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੁਖਦੇਵ ਸਿੰਘ ਰਤਨ, ਸਤਨਾਮ ਸਿੰਘ ਦਮਦਮੀ ਪ੍ਰਧਾਨ ਆਲ ਇੰਡੀਆ ਟਾਂਕ ਕਸ਼ੱਤਰੀ ਸਭਾ ਦੀ ਦੇਖ ਰੇਖ ਹੇਠ ਕਰਵਾਏ ਗਏ। ਜੋਗਿੰਦਰ ਸਿੰਘ ਖੇੜੀ ਐਡਵੋਕੇਟ, ਡਾ. ਦਰਸ਼ਨ ਸਿੰਘ ਇੰਗਲੈਂਡ ਦੀ ਨਿਗਰਾਨੀ ਹੇਠ ਹੋਏ ਇਹਨਾਂ ਮੁਕਾਬਲਿਆਂ ਲਈ ਜੂਨੀਅਰ ਗਰੁੱਪ 6 ਤੋਂ 8ਵੀਂ ਅਤੇ ਸੀਨੀਅਰ ਗਰੁੱਪ 9ਵੀਂ ਤੋਂ 10+2 ਤੱਕ ਨਿਰਧਾਰਤ ਕੀਤੇ ਗਏ। ਸ੍ਰੀ ਗੁਰੂ ਗ੍ਰੰਥ ਸਾਹਿਬ 'ਚ ਦਰਜ ਗੁਰੂ ਤੇਗ ਬਹਾਦਰ ਜੀ ਦੇ ਸਲੋਕਾਂ ਨੂੰ ਲਿਖਣ ਦੇ ਮੁਕਾਬਲਿਆਂ ਵਿੱਚ 50 ਤੋਂ ਵੱਧ ਪ੍ਰਤੀਯੋਗੀਆਂ ਨੇ ਸੁੰਦਰ ਤਰੀਕੇ ਨਾਲ ਚਿਤਰਿਆ। ਡਾ. ਇਕਬਾਲ ਸਿੰਘ ਸਕਰੌਦੀ, ਬਲਵੰਤ ਸਿੰਘ ਭਿੱਖੀ ਅਤੇ ਅਮਨਦੀਪ ਕੌਰ ਨੇ ਜੱਜ ਸਾਹਿਬਾਨ ਦੀ ਸੇਵਾ ਨਿਭਾਈ। ਇਸ ਮੌਕੇ ਰਾਜੇਸ਼ ਛਿੱਬਰ ਐਸ ਪੀ (ਐਚ) ਨੇ ਵਿਸ਼ੇਸ਼ ਤੌਰ ਤੇ ਪਹੁੰਚ ਕੇ ਪ੍ਰਤੀਯੋਗੀਆਂ ਦੀਆਂ ਲਿਖਤਾਂ ਨੂੰ ਦੇਖਿਆ ਅਤੇ ਗੁਰੂ ਸਾਹਿਬ ਜੀ ਦੀ ਸ਼ਹੀਦੀ ਸ਼ਤਾਬਦੀ ਨੂੰ ਸਾਰਥਕ ਰੂਪ ਵਿੱਚ ਮਨਾਉਣ ਹਿਤ ਵਿਦਿਆਰਥੀਆਂ ਕੋਲੋਂ ਗੁਰਬਾਣੀ ਲਿਖਣ ਦੇ ਉਪਰਾਲੇ ਲਈ ਪ੍ਰਬੰਧਕਾਂ ਦੀ ਪ੍ਰਸੰਸਾ ਕੀਤੀ। ਸਤਨਾਮ ਸਿੰਘ ਦਮਦਮੀ ਨੇ ਧੰਨਵਾਦ ਕੀਤਾ। ਗਰੁੱਪਾਂ ਅਨੁਸਾਰ ਪਹਿਲੇ ਤਿੰਨ ਸਥਾਨਾਂ ਦੇ ਜੇਤੂਆਂ ਨੂੰ ਪ੍ਰਬੰਧਕ ਕਮੇਟੀ ਵੱਲੋਂ ਨਗਦ ਰਾਸ਼ੀ ਅਤੇ ਸਨਮਾਨ ਚਿੰਨ੍ਹ ਭੇਟ ਕੀਤੇ ਗਏ। ਸੁਰਿੰਦਰ ਪਾਲ ਸਿੰਘ ਸਿਦਕੀ ਦੇ ਸਟੇਜ ਸੰਚਾਲਨ ਅਧੀਨ ਇਨਾਮ ਵੰਡਣ ਦੀ ਰਸਮ ਬਾਬਾ ਸੁਖਦੇਵ ਸਿੰਘ ਗੁਰਦੁਆਰਾ ਸ੍ਰੀ ਸਿਧਾਣਾ ਸਾਹਿਬ, ਚਮਨਦੀਪ ਸਿੰਘ ਮਿਲਖੀ, ਮਨਪ੍ਰੀਤ ਸਿੰਘ ਗੋਲਡੀ, ਹਰਭਜਨ ਸਿੰਘ ਭੱਟੀ, ਗੁਰਮੇਲ ਸਿੰਘ, ਗੁਲਜ਼ਾਰ ਸਿੰਘ, ਹਰਵਿੰਦਰ ਕੌਰ , ਜੱਜ ਸਾਹਿਬਾਨ, ਪ੍ਰੋ. ਜਸਪ੍ਰੀਤ ਸਿੰਘ ਮਸਤੂਆਣਾ ਸਾਹਿਬ, ਕੁਲਦੀਪ ਸਿੰਘ ਬਾਗੀ, ਕਰਮ ਸਿੰਘ ਨਮੋਲ, ਜਸਵਿੰਦਰ ਸਿੰਘ ਖਿਲਰੀਆਂ, ਰਾਜਿੰਦਰ ਸਿੰਘ ਤੱਗੜ ਅਤੇ ਹੋਰ ਪ੍ਰਬੰਧਕ ਕਮੇਟੀ ਮੈਂਬਰਾਂ ਨੇ ਨਿਭਾਈ। ਇਹਨਾਂ ਮੁਕਾਬਲਿਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਉਪਲੀ ਚੱਠੇ ਦੇ ਵਿਦਿਆਰਥੀਆਂ ਦੀ ਚੜ੍ਹਤ ਰਹੀ। ਸਮੁੱਚੇ ਤੌਰ 'ਤੇ ਨਤੀਜੇ ਅਨੁਸਾਰ ਜੂਨੀਅਰ ਗਰੁੱਪ ਵਿੱਚੋਂ ਗੁਰਮਨ ਕੌਰ ਉਪਲੀ ਚੱਠੇ, ਜੰਨਤ ਕੌਰ ਅਕਾਲ ਅਕੈਡਮੀ ਉਭਿਆ ਅਤੇ ਪਲਕਰੋਜ਼ ਕੌਰ ਗੁਰੂ ਤੇਗ ਬਹਾਦਰ ਸੀ ਸੈ ਸਕੂਲ ਬਹਿਰ ਸਾਹਿਬ ਖਨੌਰੀ ਨੇ ਕ੍ਰਮਵਾਰ ਪਹਿਲੇ ਤਿੰਨ ਸਥਾਨ ਹਾਸਲ ਕੀਤੇ ਜਦੋਂ ਕਿ ਰਮਨਦੀਪ ਕੌਰ ਉਪਲੀ ਚੱਠੇ ਅਤੇ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਛਾਜਲੀ ਨੇ ਹੌਸਲਾ ਵਧਾਊ ਇਨਾਮ ਹਾਸਲ ਕੀਤੇ। ਸੀਨੀਅਰ ਗਰੁੱਪ ਵਿੱਚੋਂ ਦਿਲਪ੍ਰੀਤ ਕੌਰ ਸੰਤ ਅਤਰ ਸਿੰਘ ਅਕਾਲ ਅਕੈਡਮੀ ਮਸਤੂਆਣਾ ਸਾਹਿਬ, ਅਰਸ਼ਦੀਪ ਕੌਰ ਅਕਾਲ ਸੀ ਸੈ ਸਕੂਲ ਮਸਤੂਆਣਾ ਬਹਾਦਰਪੁਰ ਅਤੇ ਰਤਨਜੋਤ ਕੌਰ ਉਪਲੀ ਚੱਠੇ ਸਕੂਲ ਨੇ ਕ੍ਰਮਵਾਰ ਪਹਿਲੇ ਤਿੰਨ ਸਥਾਨ ਪ੍ਰਾਪਤ ਕੀਤੇ ਜਦੋਂ ਕਿ ਸਹਿਜਜੋਤ ਕੌਰ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਛਾਜਲੀ ਅਤੇ ਯਸ਼ਮੀਤ ਕੌਰ ਕੈਂਬਰਿਜ ਇੰਟਰਨੈਸ਼ਨਲ ਸਕੂਲ ਸੰਗਰੂਰ ਨੇ ਹੌਸਲਾ ਅਫਜ਼ਾਈ ਇਨਾਮ ਹਾਸਲ ਕੀਤਾ।



# ਵਾਤਾਵਰਣ ਸੰਤੁਲਨ ਲਈ ਰੁੱਖ ਅਤਿ ਜ਼ਰੂਰੀ : ਡਾਇਰੈਕਟਰ ਗਿੱਲ

**ਕੋਟ ਈਸੇ ਖਾਂ (ਅਰੋੜਾ)**- ਅੱਜ ਦੇ ਸਮੇਂ ਵਿਚ ਜਿਥੇ ਪ੍ਰਦੂਸ਼ਣ ਤੇਜ਼ੀ ਨਾਲ ਵੱਧ ਰਿਹਾ ਹੈ, ਉੱਥੇ ਰੁੱਖਾਂ ਦੀ ਮਹੱਤਤਾ ਪਹਿਲਾਂ ਨਾਲੋਂ ਹੋਰ ਵੀ ਵਧ ਗਈ ਹੈ। ਇੱਕ ਸਾਂਝੇ ਬਿਆਨ ਰਾਹੀਂ ਗੱਲਬਾਤ ਕਰਦੇ ਹੋਏ ਸਿਮਰਨਜੀਤ ਸਿੰਘ ਗਿੱਲ ਡਾਇਰੈਕਟਰ ਬੈਟਰ ਸਕਿੱਲ ਇਮੀਗ੍ਰੇਸ਼ਨ ਨੇ ਕਿਹਾ ਕਿ ਰੁੱਖ ਸਾਡੀ ਜ਼ਿੰਦਗੀ ਦਾ ਅਟੁੱਟ ਹਿੱਸਾ ਹਨ ਕਿਉਂਕਿ ਇਹ ਸਾਨੂੰ ਆਕਸੀਜਨ ਪ੍ਰਦਾਨ ਕਰਦੇ ਹਨ, ਪ੍ਰਕਿਰਤੀ ਦਾ ਸੰਤੁਲਨ ਬਣਾਈ ਰੱਖਦੇ ਹਨ ਅਤੇ ਧਰਤੀ ਨੂੰ ਹਰਾ-ਭਰਾ ਬਣਾਉਂਦੇ ਹਨ।ਰੁੱਖ ਸਾਡੇ ਜੀਵਨ ਲਈ ਆਕਸੀਜਨ ਦਾ ਮੁੱਖ ਸਰੋਤ ਹਨ। ਇਹ ਖ਼ਤਰਨਾਕ ਕਾਰਬਨ ਡਾਈਆਕਸਾਈਡ ਨੂੰ ਸੋਖ ਕੇ ਵਾਤਾਵਰਣ ਨੂੰ ਸ਼ੁੱਧ ਬਣਾਉਂਦੇ ਹਨ। ਰੁੱਖਾਂ ਦੀ ਮੌਜੂਦਗੀ ਨਾਲ ਨਾ ਕੇਵਲ ਹਵਾ ਦੀ ਗੁਣਵੱਤਾ ਸੁਧਰਦੀ ਹੈ, ਸਗੋਂ ਧਰਤੀ ਦੀ ਸੁੰਦਰਤਾ, ਜੀਵ ਜੰਤੂਆਂ ਦੀ ਰੱਖਿਆ ਅਤੇ ਮਿੱਟੀ ਦੀ ਕਟਾਅ ਤੋਂ ਬਚਾਵ ਵੀ ਹੁੰਦਾ ਹੈ। ਇਸ ਲਈ ਹਰ ਨਾਗਰਿਕ ਨੂੰ ਚਾਹੀਦਾ ਹੈ ਕਿ ਰੁੱਖਾਂ ਦੀ ਮਹੱਤਤਾ ਨੂੰ ਸਮਝਦੇ ਹੋਏ ਵਾਤਾਵਰਣ ਬਚਾਉਣ ਲਈ ਆਪਣੀ ਜ਼ਿੰਮੇਵਾਰੀ ਨਿਭਾਵੇ। ਘਰਾਂ, ਸਕੂਲਾਂ, ਗੁਰਦੁਆਰਿਆਂ ਅਤੇ ਸਰਕਾਰੀ ਇਦਾਰਿਆਂ ਦੀਆਂ ਖਾਲੀ ਥਾਵਾਂ ਵਿੱਚ ਵੱਧ ਤੋਂ ਵੱਧ ਰੁੱਖ ਲਗਾਏ ਜਾਣ। ਇਕ ਰੁੱਖ ਲਗਾਉਣਾ ਹੀ ਨਹੀਂ, ਸਗੋਂ ਉਸ ਦੀ ਦੇਖਭਾਲ ਕਰਨਾ ਵੀ ਬਹੁਤ ਜ਼ਰੂਰੀ ਹੈ। ਜੇ ਹਰ ਵਿਅਕਤੀ ਸਾਲ ਵਿੱਚ ਘੱਟੋ-ਘੱਟ ਇੱਕ ਰੁੱਖ ਵੀ ਲਗਾ ਦੇਵੇ, ਤਾਂ ਸਾਡੀ ਧਰਤੀ ਨੂੰ ਦੁਬਾਰਾ ਹਰਾ-ਭਰਾ ਬਣਾਇਆ ਜਾ ਸਕਦਾ ਹੈ।



# ਸੰਧਵਾਂ ਵਿਖੇ ਸਪੀਕਰ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ



**ਕੋਟਕਪੂਰਾ (ਰਛਪਾਲ ਭੁੱਲਰ)**- ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਬੁੱਧਵਾਰ ਆਪਣੇ ਹਲਕੇ ਦੇ ਪਿੰਡ ਸੰਧਵਾਂ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਪਿੰਡ ਹਲਕਾ ਵਾਸੀਆਂ ਨੂੰ ਮਿਲੇ ਅਤੇ ਉਹਨਾਂ ਦੀਆਂ ਸਮੱਸਿਆਵਾਂ ਸੁਣੀਆਂ। ਸਪੀਕਰ ਨੇ ਲੋਕਾਂ ਵੱਲੋਂ ਰੱਖੀਆਂ ਗਈਆਂ ਮੰਗਾਂ ਸੁਣਦੇ ਹੋਏ ਕਿਹਾ ਕਿ ਹਰ ਜਾਇਜ਼ ਮੰਗ ਨੂੰ ਤਰਜੀਹੀ ਅਧਾਰ 'ਤੇ ਪੂਰਾ ਕੀਤਾ ਜਾਵੇਗਾ।ਸਪੀਕਰ ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਬਰੂਹਾਂ ਤੱਕ ਸਰਕਾਰ ਦੀਆਂ ਸੇਵਾਂਵਾਂ ਸਮਾਂਬੱਧ ਮੁਹੱਈਆ ਕਰਵਾ ਰਹੀ ਹੈ, ਤਾਂ ਜੋ ਕਿਸੇ ਵੀ ਆਮ ਆਦਮੀ ਨੂੰ ਆਪਣੇ ਕੰਮਾਂ ਲਈ ਦਫ਼ਤਰਾਂ ਦੇ ਚੱਕਰ ਨਾ ਲਗਾਉਣੇ ਪੈਣ। ਉਨ੍ਹਾਂ ਕਿਹਾ ਕਿ ਹਲਕੇ ਵਿੱਚ ਸੜਕਾਂ, ਸਕੂਲਾਂ, ਖੇਡ ਮੈਦਾਨਾਂ ਅਤੇ ਪਾਣੀ ਸਪਲਾਈ ਨਾਲ ਸਬਧਤ ਕਈ ਵਿਕਾਸ ਪ੍ਰੋਜੈਕਟ ਚੱਲ ਰਹੇ ਹਨ, ਜੋ ਜਲਦੀ ਹੀ ਪੂਰੇ ਹੋਣਗੇ।ਉਨ੍ਹਾਂ ਇਹ ਵੀ ਦੱਸਿਆ ਕਿ ਸਰਕਾਰ ਵਲੋਂ ਸਿੱਖਿਆ ਅਤੇ ਸਿਹਤ ਖੇਤਰ ਵਿੱਚ ਨਵੀਂ ਕ੍ਰਾਂਤੀ ਲਿਆਂਦੀ ਜਾ ਰਹੀ ਹੈ। ਸਰਕਾਰੀ ਸਕੂਲਾਂ ਨੂੰ ਆਧੁਨਿਕ ਸੁਵਿਧਾਵਾਂ ਨਾਲ ਸਜਾਇਆ ਜਾ ਰਿਹਾ ਹੈ ਅਤੇ ਆਮ ਲੋਕਾਂ ਨੂੰ ਵਧੀਆ ਇਲਾਜ ਦੀ ਸਹੂਲਤ ਨਜ਼ਦੀਕ ਹੀ ਉਪਲਬਧ ਕਰਵਾਈ ਜਾ ਰਹੀ ਹੈ।ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜ਼ਰ ਸਨ।

# ਕੇਨਰਾ ਬੈਂਕ ਪਰਵਾਰ ਨੇ ਧਨਤੇਰਸ 'ਤੇ ਕੀਤੀ ਸਮੂਹਿਕ ਪੂਜਾ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**- ਬੀਤੇ ਦਿਨੀਂ ਧਨਤੇਰਸ ਦੇ ਸ਼ੁੱਭ ਮੌਕੇ 'ਤੇ ਕੈਨਰਾ ਬੈਂਕ ਪਰਿਸਰ ਵਿੱਚ ਬੈਂਕ ਪਰਵਾਰ ਦੇ ਮੈਂਬਰਾਂ ਨੇ ਸ਼ਰਧਾ ਅਤੇ ਉਤਸ਼ਾਹ ਨਾਲ ਇੱਕ ਸਮੂਹਿਕ ਪੂਜਾ ਦਾ ਆਯੋਜਨ ਕੀਤਾ। ਇਹ ਧਾਰਮਿਕ ਸਮਾਗਮ ਬੈਂਕ ਦੀ ਨਿਰੰਤਰ ਤਰੱਕੀ ਅਤੇ ਸਮੂਹ ਗਾਹਕਾਂ ਤੇ ਕਰਮਚਾਰੀਆਂ ਲਈ ਖੁਸ਼ੀ ਅਤੇ ਖੁਸ਼ਹਾਲੀ ਦੀ ਕਾਮਨਾ ਲਈ ਕੀਤਾ ਗਿਆ।ਪੂਜਾ ਦੀ ਪ੍ਰਧਾਨਗੀ ਬੈਂਕ ਦੇ ਮੁੱਖ ਪ੍ਰਬੰਧਕ ਸੰਦੀਪ ਕੁਮਾਰ ਨੇ ਕੀਤੀ, ਜਿਨ੍ਹਾਂ ਨੇ ਜੋਤ ਜਗਾ ਕੇ ਸਮਾਗਮ ਦਾ ਉਦਘਾਟਨ ਕੀਤਾ। ਪੰਡਿਤ ਚਾਂਦੀ ਰਾਮ ਸ਼ਰਮਾ ਨੇ ਵੈਦਿਕ ਮੰਤਰਾਂ ਨਾਲ ਭਗਵਾਨ ਧਨਵੰਤਰੀ ਅਤੇ ਦੇਵੀ ਲਕਸ਼ਮੀ ਦਾ ਆਰਾਧਨ ਕਰਵਾਇਆ। ਆਪਣੇ ਸੰਬੋਧਨ ਵਿੱਚ ਸੰਦੀਪ ਕੁਮਾਰ ਨੇ ਧਨਤੇਰਸ ਦੇ ਅਸਲ ਸੰਦੇਸ਼ 'ਤੇ ਜ਼ੋਰ ਦਿੱਤਾ, ਜਿਸ ਵਿੱਚ ਸਿਹਤ ਨੂੰ ਸਭ ਤੋਂ ਵੱਡੀ ਦੌਲਤ ਮੰਨਿਆ ਜਾਂਦਾ ਹੈ, ਅਤੇ ਉਮੀਦ ਪ੍ਰਗਟਾਈ ਕਿ ਇਹ ਤਿਉਹਾਰ ਸਾਰਿਆਂ ਲਈ ਸਫਲਤਾ ਦਾ ਨਵਾਂ ਅਧਿਆਇ ਸ਼ੁਰੂ ਕਰੇਗਾ।ਬੈਂਕ ਦੇ ਸੀਨੀਅਰ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਉਤਸ਼ਾਹ ਨਾਲ ਸ਼ਿਰਕਤ ਕੀਤੀ। ਉਨ੍ਹਾਂ ਸਾਰਿਆਂ ਨੇ ਇਕੱਠੇ ਬੈਠ ਕੇ ਆਰਤੀ ਕੀਤੀ ਅਤੇ ਮੰਤਰ ਜਾਪ ਕੀਤਾ।ਅੰਤ ਵਿੱਚ ਪ੍ਰਸ਼ਾਦ ਵੰਡਿਆ ਗਿਆ। ਇਸ ਸਮਾਗਮ ਰਾਹੀਂ ਕੈਨਰਾ ਬੈਂਕ ਨੇ ਆਪਣੀਆਂ ਵਪਾਰਕ ਜ਼ਿੰਮੇਵਾਰੀਆਂ ਦੇ ਨਾਲ-ਨਾਲ ਅਧਿਆਤਮਿਕ ਕਦਰਾਂ-ਕੀਮਤਾਂ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ।

# ਕੈਂਪ ਦੇ ਪੰਜਵੇਂ ਦਿਨ ਹੁਨਰ-ਵਿਕਾਸ ਵਰਕਸ਼ਾਪ ਲਗਾਈ

**ਦੋਰਾਹਾ (ਹਰਮਿੰਦਰ ਸੇਠ)**- ਗੁਰੂ ਨਾਨਕ ਨੈਸ਼ਨਲ ਕਾਲਜ, ਦੋਰਾਹਾ ਵਿਖੇ ਚੱਲ ਰਹੇ ਐੱਨ ਐੱਸ ਐੱਸ ਕੈਂਪ ਦੇ ਪੰਜਵੇਂ ਦਿਨ 'ਭੋਜਨ ਰਾਹੀਂ ਰੁਜ਼ਗਾਰ' ਵਿਸ਼ੇ ਉੱਤੇ ਇੱਕ ਹੁਨਰ ਵਿਕਾਸ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਵਿੱਚ ਫੂਡ ਕ੍ਰਾਫ਼ਟ ਸੈਂਟਰ, ਮੋਗਾ ਦੇ ਸੰਸਥਾਪਕ ਜਸਪ੍ਰੀਤ ਕੌਰ ਕਾਲੜਾ ਨੇ ਮੁੱਖ ਵਕਤਾ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਕਾਲਜ ਪ੍ਰਬੰਧਕੀ ਕਮੇਟੀ ਦੇ ਐਗਜ਼ੀਕਿਊਟਿਵ ਮੈਂਬਰ ਰੁਪਿੰਦਰ ਕੌਰ ਬਰਾੜ ਉਚੇਚੇ ਤੌਰ 'ਤੇ ਇਸ ਵਰਕਸ਼ਾਪ ਵਿੱਚ ਸ਼ਾਮਲ ਹੋਏ। ਪ੍ਰੋਗਰਾਮ ਅਫ਼ਸਰ ਡਾ. ਲਵਲੀਨ ਬੈਂਸ, ਪ੍ਰੋ. ਅਮਨਦੀਪ ਚੀਮਾਂ ਅਤੇ ਡਾ. ਗੁਰਪ੍ਰੀਤ ਸਿੰਘ ਦੀ ਅਗਵਾਈ ਹੇਠ ਆਯੋਜਿਤ ਇਸ ਵਰਕਸ਼ਾਪ ਦੇ ਆਰੰਭ ਵਿੱਚ ਡਾ. ਲਵਲੀਨ ਬੈਂਸ ਨੇ ਜਸਪ੍ਰੀਤ ਕੌਰ ਕਾਲੜਾ ਨਾਲ ਜਾਣ-ਪਛਾਣ ਕਰਵਾਉਂਦਿਆਂ ਉਨ੍ਹਾਂ ਦਾ ਰਸਮੀ ਸਵਾਗਤ ਕੀਤਾ। ਇਸ ਉਪਰੰਤ ਮੁੱਖ ਵਕਤਾ ਨੇ ਐੱਨ ਐੱਸ ਐੱਸ ਵਾਲੰਟੀਅਰਾਂ ਨਾਲ ਭੋਜਨ ਪਦਾਰਥਾਂ ਰਾਹੀਂ ਰੁਜ਼ਗਾਰ ਕਮਾਉਣ ਦੇ ਸਾਧਨ ਵਿਕਸਿਤ ਕਰਨ ਬਾਰੇ ਨੁਕਤੇ ਸਾਂਝੇ ਕੀਤੇ ਅਤੇ ਕੇਕ ਬਣਾਉਣ ਦੀ ਵਿਧੀ ਸਿਖਾਈ। ਵਰਕਸ਼ਾਪ ਦੇ ਅੰਤ ਵਿੱਚ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਮੁੱਖ ਵਕਤਾ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਮੰਚ ਸੰਚਾਲਨ ਦੀ ਭੂਮਿਕਾ ਡਾ. ਗੁਰਪ੍ਰੀਤ ਸਿੰਘ ਨੇ ਅਦਾ ਕੀਤੀ। ਇਸ ਮੌਕੇ ਡਾ. ਨਿਰਲੇਪ ਕੌਰ, ਪ੍ਰੋ. ਦੀਪਾਲੀ ਅਰੋੜਾ, ਪ੍ਰੋ. ਦੀਪਿਕਾ, ਪ੍ਰੋ. ਗੁਰਪ੍ਰੀਤ ਕੌਰ, ਪ੍ਰੋ. ਰੋਹਿਤ ਕੁਮਾਰ, ਪ੍ਰੋ. ਹਿਨਾ ਰਾਣੀ, ਪ੍ਰੋ. ਅਮਨਦੀਪ ਕੌਰ, ਕੁਲਵੰਤ ਸਿੰਘ, ਮਨਪ੍ਰੀਤ ਸਿੰਘ ਕਾਲੜਾ ਅਤੇ ਗਗਨਦੀਪ ਸਿੰਘ ਹਾਜ਼ਰ ਸਨ।ਇਸ ਸੱਤ ਰੋਜ਼ਾ ਕੈਂਪ ਦੇ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ. ਹਰਪ੍ਰਤਾਪ ਸਿੰਘ ਬਰਾੜ, ਐਗਜ਼ੀਕਿਊਟਿਵ ਮੈਂਬਰ ਰੁਪਿੰਦਰ ਕੌਰ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਅਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਕੈਂਪ ਦੇ ਸਫ਼ਲਤਾਪੂਰਵਕ ਸੰਪੂਰਨ ਹੋਣ ਦੀ ਕਾਮਨਾ ਕਰਦਿਆਂ ਵਾਲੰਟੀਅਰਾਂ ਅਤੇ ਸੰਬੰਧਤ ਪ੍ਰਾਧਿਆਪਕਾਂ ਨੂੰ ਮੁਬਾਰਕਬਾਦ ਦਿੱਤੀ।




# ਵਿਜੀਲੈਂਸ ਜਾਗਰੂਕਤਾ ਹਫ਼ਤਾ ਮਨਾਉਣ ਲਈ ਵਿਸ਼ਾਲ ਰੈਲੀ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)** ਭ੍ਰਿਸ਼ਟਾਚਾਰ ਨੂੰ ਜੜ੍ਹੋਂ ਖਤਮ ਕਰਨ ਤੇ ਆਮ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਪੰਜਾਬ ਐਂਡ ਸਿੰਧ ਬੈਂਕ ਦੇ ਜ਼ੋਨਲ ਦਫ਼ਤਰ ਵੱਲੋਂ ਵਿਸ਼ਾਲ ਜਾਗਰੂਕਤਾ ਰੈਲੀ ਦਾ ਆਯੋਜਨ ਕੀਤਾ ਗਿਆ।ਇਹ ਰੈਲੀ ਕੇਂਦਰ ਤੇ ਪੰਜਾਬ ਸਰਕਾਰ ਦੁਆਰਾ 27 ਅਕਤੂਬਰ ਤੋਂ 2 ਨਵੰਬਰ 2025 ਤੱਕ ਚੌਕਸੀ ਸਾਡੀ ਸਾਂਝੀ ਜ਼ਿੰਮੇਵਾਰੀ ਵਿਸ਼ੇ ਤਹਿਤ ਮਨਾਏ ਜਾ ਰਹੇ ਵਿਜੀਲੈਂਸ ਜਾਗਰੂਕਤਾ ਹਫ਼ਤੇ ਦਾ ਹਿੱਸਾ ਸੀ। ਜ਼ੋਨਲ ਮੈਨੇਜਰ ਸ਼ੀਤਲ ਮਹਾਜਨ ਦੀ ਅਗਵਾਈ ਹੇਠ ਸ਼ੁਰੂ ਹੋਈ ਇਸ ਰੈਲੀ ਤੋਂ ਪਹਿਲਾਂ, ਅਧਿਕਾਰੀਆਂ ਤੇ ਕ੍ਰਮਚਾਰੀਆਂ ਨੂੰ ਭ੍ਰਿਸ਼ਟਾਚਾਰ ਵਿਰੁੱਧ ਲੜਨ ਲਈ ਪ੍ਰਤੀਬੱਧਤਾ ਦੀ ਸਹੁੰ ਚੁਕਾਈ ਗਈ।ਇਹ ਰੈਲੀ ਜ਼ੋਨਲ ਦਫ਼ਤਰ ਤੋਂ ਸ਼ੁਰੂ ਹੋ ਕੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਰੋਡ ਤੇ ਬਲਵਿੰਦਰ ਨਗਰ ਮੋੜ ਤੱਕ ਗਈ, ਜਿੱਥੇ ਬੈਂਕ ਕ੍ਰਮਚਾਰੀਆਂ ਨੇ ਰਿਸ਼ਵਤਖੋਰੀ ਖਿਲਾਫ਼ ਤਖਤੀਆਂ ਫੜ ਕੇ ਜ਼ੋਰਦਾਰ ਨਾਅਰੇ ਲਾਏ। ਜ਼ੋਨਲ ਮੈਨੇਜਰ ਸ਼ੀਤਲ ਮਹਾਜਨ ਨੇ ਕਿਹਾ ਕਿ ਲੋਕਾਂ ਨੂੰ ਜਾਗਰੂਕ ਕਰਨ ਲਈ ਸੋਸ਼ਲ ਮੀਡੀਆ ਰਾਹੀਂ ਵੀ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ।ਇਸ ਮੁਹਿੰਮ ਤਹਿਤ ਨਾਗਰਿਕਾਂ ਨੂੰ ਭ੍ਰਿਸ਼ਟਾਚਾਰ ਦੀਆਂ ਘਟਨਾਵਾਂ ਦੀ ਰਿਪੋਰਟ ਕਰਨ ਲਈ ਪ੍ਰੇਰਿਤ ਕੀਤਾ ਜਾਵੇਗਾ ਤੇ ਵਿਜੀਲੈਂਸ ਬਿਊਰੋ ਦੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਇਸ ਹਫ਼ਤੇ ਦੌਰਾਨ ਨੌਜਵਾਨ ਪੀੜ੍ਹੀ ਨੂੰ ਜਾਗਰੂਕ ਕਰਨ ਲਈ ਸੈਮੀਨਾਰ, ਵਰਕਸ਼ਾਪ, ਪੇਂਟਿੰਗ, ਨਿਬੰਧ ਮੁਕਾਬਲੇ, ਭਾਸ਼ਣ ਅਤੇ ਕੁਇਜ਼ ਪ੍ਰੋਗਰਾਮ ਵਰਗੀਆਂ ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ ਕੀਤਾ ਜਾ ਰਿਹਾ ਹੈ।ਵਿਜੀਲੈਂਸ ਬਿਊਰੋ ਫ਼ਿਰੋਜ਼ਪੁਰ ਰੇਂਜ ਦੇ ਸੀਨੀਅਰ ਕਪਤਾਨ ਪੁਲਸ ਮਨਜੀਤ ਸਿੰਘ ਦੀ ਅਗਵਾਈ ਹੇਠ ਰੇਂਜ ਅੰਦਰ ਵੀ ਕਈ ਜਾਗਰੂਕਤਾ ਪ੍ਰੋਗਰਾਮ ਚੱਲ ਰਹੇ ਹਨ। ਸ਼ੀਤਲ ਮਹਾਜਨ ਨੇ ਸਮੂਹ ਨਾਗਰਿਕਾਂ, ਸਰਕਾਰੀ ਅਧਿਕਾਰੀਆਂ, ਵਿਦਿਆਰਥੀਆਂ ਤੇ ਸਿੱਖਿਆ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਇਸ ਜਾਗਰੂਕਤਾ ਹਫ਼ਤੇ ਵਿੱਚ ਸਰਗਰਮ ਹਿੱਸਾ ਲੈ ਕੇ ਪੰਜਾਬ ਨੂੰ ਭ੍ਰਿਸ਼ਟਾਚਾਰ-ਮੁਕਤ ਰਾਜ ਬਣਾਉਣ ਦੀ ਆਪਣੀ ਸਾਂਝੀ ਜ਼ਿੰਮੇਵਾਰੀ ਨਿਭਾਉਣ।



30-Oct Page 11-Majha-25-Final-25.qxd 10/29/2025 11:27 PM Page 1



## ਆਂਗਣਵਾੜੀ ਮੁਲਾਜ਼ਮਾਂ ਵੱਲੋਂ ਸਾਂਸਦ ਔਜਲਾ ਦੇ ਦਫਤਰ ਸਾਹਮਣੇ ਰੋਸ ਪ੍ਰਦਰਸ਼ਨ

ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)-ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਆਂਗਣਵਾੜੀ ਇੰਪਲਾਇਜ਼ ਫੈਡਰੇਸ਼ਨ ਆਫ ਇੰਡੀਆ ਦੇ ਸੱਦੇ ਤੇ ਦਲਜਿੰਦਰ ਕੌਰ ਉਦੋਂ ਨੰਗਲ ਰਜਵੰਤ ਕੌਰ ਪੰਜਵੜ ਦੀ ਅਗਵਾਈ ਹੇਠ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਦੇ ਦਫਤਰ ਦੇ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਨ ਲਈ ਹਰਗੋਬਿੰਦ ਕੌਰ ਕੌਮੀ ਪ੍ਰਧਾਨ ਵਿਸ਼ੇਸ਼ ਤੌਰ ਤੇ ਪਹੁੰਚੇ। ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਆਈਸੀਡੀਐੱਸਐੱਸ ਸਕੀਮ ਨੂੰ ਚਾਲੂ ਹੋਇਆਂ 50 ਸਾਲ ਦਾ ਸਮਾਂ ਪੂਰਾ ਹੋ ਗਿਆ ਹੈ ਪਰ ਕੇਂਦਰ ਦੀ ਸਰਕਾਰ ਵੱਲੋਂ ਆਂਗਣਵਾੜੀ ਵਰਕਰਾਂ ਹੈਲਪਰਾਂ ਨੂੰ ਸਿਰਫ ਨਿਗੂਣਾ ਜਿਹਾ ਮਾਣ ਭੱਤਾ 4500 ਵਰਕਰ ਤੇ 2250 ਹੈਲਪਰ ਦਿੱਤਾ ਜਾ ਰਿਹਾ ਹੈ ਜੋ ਨਾਰੀ ਦਾ ਸ਼ੋਸ਼ਣ ਹੈ। ਹਿੰਦੁਸਤਾਨ ਵਿੱਚ 28 ਲੱਖ ਔਰਤਾਂ ਇਸ ਸਕੀਮ ਅਧੀਨ ਕੰਮ ਕਰਦੀਆਂ ਹਨ ਪਰੰਤੂ 50 ਸਾਲ ਬੀਤ ਜਾਣ ਦੇ ਬਾਅਦ ਵੀ ਇਨ੍ਹਾਂ ਨੂੰ ਪੱਕੇ ਨਹੀਂ ਕੀਤਾ ਗਿਆ।ਪਿਛਲੇ ਅੱਠ ਸਾਲਾਂ ਤੋਂ ਕੇਂਦਰ ਸਰਕਾਰ ਨੇ ਆਂਗਣਵਾੜੀ ਵਰਕਰਾਂ/ਹੈਲਪਰਾਂ ਦੇ ਮਾਣ ਭੱਤੇ ਵਿੱਚ ਇਕ ਰੁਪਏ ਦਾ ਵਾਧਾ ਨਹੀਂ ਕੀਤਾ ਜਦਕਿ ਮਹਿੰਗਾਈ ਕਈ ਗੁਣਾ ਵੱਧ ਗਈ ਹੈ।ਉਨ੍ਹਾਂ ਨੇ ਮੰਗ ਕੀਤੀ ਕਿ ਕੇਂਦਰ ਦੀ ਸਰਕਾਰ ਆਂਗਣਵਾੜੀ ਵਰਕਰਾਂ ਹੈਲਪਰਾਂ ਨੂੰ ਪੱਕਿਆਂ ਕਰੇ, ਆਈਸੀਡੀਐੱਸਐੱਸ ਸਕੀਮ ਨੂੰ ਵਿਭਾਗ ਵਿੱਚ ਤਬਦੀਲ ਕਰੇ, ਆਂਗਣਵਾੜੀ ਵਰਕਰ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ।ਆਂਗਣਵਾੜੀ ਵਰਕਰਾਂ ਹੈਲਪਰਾਂ ਵੱਲੋਂ ਪੂਰੇ ਹਿੰਦੁਸਤਾਨ ਦੇ



ਵਿੱਚ ਇੱਕ ਮੁਹਿੰਮ ਚਲਾਈ ਜਾ ਰਹੀ ਹੈ। ਸੰਸਦ ਮੈਂਬਰ ਰਾਹੀਂ ਮੰਗ ਪੱਤਰ ਭੇਜ ਕੇ ਮੰਗ ਕਰ ਰਹੀਆਂ ਹਨ ਕਿ ਉਹ ਸੰਸਦ ਵਿੱਚ ਸਾਡੀ ਆਵਾਜ਼ ਉਠਾਉਣ।ਇਸ ਮੌਕੇ ਸਾਂਸਦ ਗੁਰਜੀਤ ਸਿੰਘ ਔਜਲਾ ਰਾਹੀਂ ਪ੍ਰਧਾਨ ਮੰਤਰੀ ਦੇ ਨਾਂਅ ਮੰਗ ਪੱਤਰ ਦਿੱਤਾ ਗਿਆ।ਇਸ ਸਮੇਂ ਸੰਤੋਸ਼ ਕੌਰ ਵੇਰਕਾ, ਜਤਿੰਦਰ ਕੌਰ ਚੋਹਲਾ ਸਾਹਿਬ, ਜੀਵਨ ਮਧੂ, ਕੁਲਵਿੰਦਰ ਕੌਰ ਜੀਰਾ, ਜਸਵਿੰਦਰ ਕੌਰ, ਬੇਅੰਤ ਕੌਰ ਪੱਟੀ, ਸੁਖਵਿੰਦਰ ਕੌਰ ਚੁਗਾਵਾਂ, ਸ਼ਮਾ ਅਟਾਰੀ, ਹਰਜਿੰਦਰ ਕੌਰ ਅਜਨਾਲਾ, ਦਿਲਜੀਤ ਕੌਰ ਜਸਬੀਰ ਕੌਰ ਮਜੀਠਾ, ਪਰਮਜੀਤ ਕੌਰ ਰਈਆ, ਗੁਰਮੀਤ ਕੌਰ ਵਲਟੋਹਾ, ਗੁਰਪ੍ਰੀਤ ਕੌਰ ਪੰਡੋਰੀ ਰਮਾਣਾ, ਨਰਿੰਦਰ ਕੌਰ ਭਿੱਖੀ ਵਿੰਡ ਅਤੇ ਕਮਲਜੀਤ ਕੌਰ ਨੇ ਸੰਬੋਧਨ ਕੀਤਾ।

## 'ਆਪ' ਸਰਕਾਰ ਨੇ ਤਰਨਤਾਰਨ ਦੇ ਪਿੰਡਾਂ ਦੀ ਨੁਹਾਰ ਬਦਲਣ ਲਈ 28.4 ਕਰੋੜ ਰੁਪਏ ਜਾਰੀ ਕੀਤੇ: ਸੰਧੂ

ਤਰਨਤਾਰਨ, (ਪ੍ਰਿਤਪਾਲ ਸਿੰਘ)-ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਨੇ ਜਾਰੀ ਇੱਕ ਬਿਆਨ ਵਿੱਚ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਸਰਹੱਦੀ ਜ਼ਿਲ੍ਹਿਆਂ ਦੇ ਸਰਬਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਪਿਛਲੀਆਂ ਸਰਕਾਰਾਂ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਤਰਨਤਾਰਨ ਦੇ ਲੋਕਾਂ ਨੂੰ ਦਹਾਕਿਆਂ ਤੋਂ ਸਿਰਫ਼ ਲਾਰੇ ਹੀ ਮਿਲੇ, ਪਰ ਆਪ ਸਰਕਾਰ ਜ਼ਮੀਨੀ ਪੱਧਰ ਤੇ ਕੰਮ ਕਰਕੇ ਪਿੰਡਾਂ ਦੀ ਨੁਹਾਰ ਬਦਲ ਰਹੀ ਹੈ। ਸੰਧੂ ਨੇ ਸਵੱਛ ਭਾਰਤ ਮਿਸ਼ਨ ਤਹਿਤ ਜ਼ਿਲ੍ਹੇ ਵਿੱਚ ਹੋਏ ਕੰਮਾਂ ਦੇ ਅੰਕੜੇ ਪੇਸ਼ ਕਰਦਿਆਂ ਸਰਕਾਰ ਦੀਆਂ ਪ੍ਰਾਪਤੀਆਂ ਗਿਣਵਾਈਆਂ।ਸੰਧੂ ਨੇ ਦੱਸਿਆ ਕਿ ਭਾਵੇਂ ਜ਼ਿਲ੍ਹਾ ਤਰਨਤਾਰਨ ਸਾਲ 2018 ਵਿੱਚ ਪਹਿਲਾਂ ਸਰਹੱਦੀ ਜ਼ਿਲ੍ਹਾ ਖੁੱਲ੍ਹੇ ਵਿੱਚ ਸ਼ੌਚ ਤੋਂ ਮੁਕਤ (ਓਪਨ ਡਿਫੇਕਸ਼ਨ ਫਰੀ) ਬਣ ਗਿਆ ਸੀ, ਪਰ ਇਸ ਨੂੰ ਅਸਲ ਵਿੱਚ ਸਾਫ਼ ਰੱਖਣ ਲਈ ਪਿਛਲੀਆਂ ਸਰਕਾਰਾਂ ਨੇ ਕੋਈ ਠੋਸ ਉਪਰਾਲਾ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਸਵੱਛ ਭਾਰਤ ਮਿਸ਼ਨ (ਗ੍ਰਾਮੀਣ) ਦੇ ਪਹਿਲੇ ਪੜਾਅ ਤਹਿਤ ਜ਼ਿਲ੍ਹੇ ਦੇ ਪਿੰਡਾਂ ਵਿੱਚ ਗ੍ਰਾਮ ਪੰਚਾਇਤਾਂ ਦੇ ਸਹਿਯੋਗ ਨਾਲ ਲਗਭਗ 36,000 ਹਜ਼ਾਰ ਪਰਿਵਾਰਾਂ ਨੂੰ ਪਖਾਨੇ ਦੀ ਸਹੂਲਤ ਤਾਂ ਦਿੱਤੀ ਗਈ ਸੀ, ਪਰ ਪਿੰਡਾਂ ਦੀ ਸਫਾਈ ਦਾ ਅਸਲ ਕੰਮ ਹੁਣ ਆਪ ਸਰਕਾਰ ਨੇ ਸ਼ੁਰੂ ਕੀਤਾ ਹੈ।ਉਨ੍ਹਾਂ ਅੰਕੜਿਆਂ ਦਾ ਹਵਾਲਾ ਦਿੰਦਿਆਂ ਦੱਸਿਆ ਕਿ ਤਰਲ ਕੂੜਾ ਪ੍ਰਬੰਧਨ ਤਹਿਤ ਥਾਪਰ ਮਾਡਲ, ਸੋਕਪਿਟਾਂ



ਮਾਡਲ, ਵਿਅਕਤੀਗਤ ਅਤੇ ਕਮਿਊਨਿਟੀ ਸੋਕ ਪਿੱਟਾਂ ਦੇ ਨਿਰਮਾਣ ਲਈ ਸਰਕਾਰ ਵੱਲੋਂ 572 ਗ੍ਰਾਮ ਪੰਚਾਇਤਾਂ ਅਤੇ ਗ੍ਰਾਮ ਪੰਚਾਇਤ ਜਲ ਸਪਲਾਈ ਤੇ ਸੈਨੀਟੇਸ਼ਨ ਕਮੇਟੀਆਂ ਦੇ ਬੈਂਕ ਖਾਤਿਆਂ ਵਿੱਚ ਸਿੱਧੇ 2,838.57 ਲੱਖ ਰੁਪਏ ਦੀ ਵੱਡੀ ਰਾਸ਼ੀ ਟਰਾਂਸਫਰ ਕੀਤੀ ਜਾ ਚੁੱਕੀ ਹੈ, ਤਾਂ ਜੋ ਪਿੰਡਾਂ ਵਿੱਚ ਗੰਦੇ ਪਾਣੀ ਦੀ ਕੋਈ ਕਮੀ ਨਾ ਆਵੇ।ਆਪ ਉਮੀਦਵਾਰ ਨੇ ਕਿਹਾ ਕਿ ਇਹ ਸਿਰਫ਼ ਐਲਾਨ ਨਹੀਂ ਹਨ, ਸਗੋਂ ਕੰਮ ਧਰਾਤਲ ਤੇ ਦਿਸ ਰਿਹਾ ਹੈ। ਉਨ੍ਹਾਂ ਦੱਸਿਆ ਕਿ ਤਰਲ ਕੂੜਾ ਪ੍ਰਬੰਧਨ ਤਹਿਤ ਹੁਣ ਤੱਕ ਕੁੱਲ 361 ਕੰਮ ਸੈਂਕਸ਼ਨ ਕੀਤੇ ਗਏ ਹਨ। ਆਪ ਸਰਕਾਰ ਦੀ ਤੇਜ਼ ਕਾਰਗੁਜ਼ਾਰੀ ਸਦਕਾ ਹੁਣ ਤੱਕ ਕੁੱਲ 118 ਪਿੰਡਾਂ ਵਿੱਚ ਤਰਲ ਕੂੜਾ ਪ੍ਰਬੰਧਨ ਦੇ ਕੰਮ ਮੁਕੰਮਲ ਕੀਤੇ ਜਾ ਚੁੱਕੇ ਹਨ ਅਤੇ 70 ਹੋਰ ਪ੍ਰੋਜੈਕਟਾਂ 'ਤੇ ਕੰਮ ਤੇਜ਼ੀ ਨਾਲ ਚਲ ਰਿਹਾ ਹੈ, ਜਿਨ੍ਹਾਂ ਨੂੰ ਜਲਦੀ ਹੀ ਪੂਰਾ ਕਰ ਲਿਆ ਜਾਵੇਗਾ।ਸੰਧੂ ਨੇ ਕਿਹਾ ਕਿ ਇਹ ਅੰਕੜੇ ਦੱਸਦੇ ਹਨ ਕਿ ਆਪ ਸਰਕਾਰ ਤਰਨਤਾਰਨ ਦੇ ਲੋਕਾਂ ਨੂੰ ਸਾਫ਼-ਸੁਥਰਾ ਵਾਤਾਵਰਨ ਦੇਣ ਲਈ ਕਿੰਨੀ ਗੰਭੀਰ ਹੈ ਅਤੇ ਇਹ ਵਿਕਾਸ ਕਾਰਜ ਭਵਿੱਖ ਵਿੱਚ ਵੀ ਇਸੇ ਰਫ਼ਤਾਰ ਨਾਲ ਜਾਰੀ ਰਹਿਣਗੇ।

## ਬਿਜਲੀ ਅਦਾਰੇ ਦੀਆਂ ਜਾਇਦਾਦਾਂ ਵੇਚਣ ਵਿਰੁੱਧ ਬਿਜਲੀ ਕਾਮਿਆਂ ਵੱਲੋਂ ਰੋਸ ਧਰਨਾ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਪੀਐਸਈਬੀ ਇੰਪਲਾਈਜ਼ ਜੁਆਇੰਟ ਫੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਦਿੱਤੇ ਸੱਦੇ ਮੁਤਾਬਕ ਪੰਜਾਬ ਸਰਕਾਰ ਅਤੇ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਬਿਜਲੀ ਅਦਾਰੇ ਦੀਆਂ ਜਾਇਦਾਦਾਂ ਵੇਚਣ ਵਿਰੁੱਧ ਅਤੇ ਬਿਜਲੀ ਸੋਧ ਬਿੱਲ 2025 ਦੇ ਖਿਲਾਫ ਸਰਕਲ ਦਫਤਰ ਗੁਰਦਾਸਪੁਰ ਵਿਖੇ ਵਿਸ਼ਾਲ ਰੋਸ ਧਰਨਾ ਬਲਵਿੰਦਰ ਉਦੀਪੁਰ, ਦਿਲਬਾਗ ਸਿੰਘ ਭੁੱਟਰ ਦੀ ਸਾਂਝੀ ਪ੍ਰਧਾਨਗੀ ਹੇਠ ਦਿੱਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਾਥੀ ਬਲਵਿੰਦਰ ਉਦੀਪੁਰ ਨੇ ਦੱਸਿਆ ਕਿ ਇਸ ਧਰਨੇ ਨੂੰ ਸੰਬੋਧਨ ਕਰਦਿਆਂ ਸੂਬਾਈ ਆਗੂ ਸਾਥੀ ਗੁਰਵੇਲ ਸਿੰਘ ਬੱਲਪੁਰੀਆਂ, ਸਾਥੀ ਰਵੇਲ ਸਿੰਘ ਸਹਾਏਪੁਰ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਪਾਵਰਕਾਮ ਦੀ ਮੈਨੇਜਮੈਂਟ ਬਿਜਲੀ ਅਦਾਰਿਆਂ ਦੀਆਂ ਬਹੁ ਕੀਮਤੀ ਜਾਇਦਾਦਾਂ ਕੌਡੀਆਂ ਦੇ ਭਾਅ ਆਪਣੇ ਚਹੇਤਿਆਂ ਕਾਰਪੋਰੇਟ ਘਰਾਣਿਆਂ ਨੂੰ ਵੇਚਣ ਜਾ ਰਹੀ ਹੈ ਅਤੇ ਮਹਿਕਮੇ ਦੀ ਹੋਂਦ ਨੂੰ ਖ਼ਤਮ ਕੀਤਾ ਜਾ ਰਿਹਾ ਹੈ। ਇਹ ਜ਼ਮੀਨਾਂ ਪੰਜਾਬ ਦੇ ਲੋਕਾਂ ਵੱਲੋਂ ਬਿਜਲੀ ਮਹਿਕਮੇ ਨੂੰ ਦਾਨ ਵਜੋਂ ਦਿੱਤੀਆਂ ਗਈਆਂ ਸਨ ਪਰ ਸਰਕਾਰ ਵੱਲੋਂ ਲੁਧਿਆਣਾ ਸ਼ਹਿਰ ਦੀ ਗਜ਼ਾਂ ਵਿਚ ਵਿਕ ਰਹੀ ਜ਼ਮੀਨ ਨੂੰ ਆਪਣਾ ਖਾਲੀ ਖਜ਼ਾਨਾ ਭਰਨ ਲਈ ਬਿਜਲੀ ਅਦਾਰੇ ਨੂੰ ਬਲੀ ਦਾ ਬੱਕਰਾ ਬਣਾਇਆ ਜਾ ਰਿਹਾ ਹੈ। ਇਸ ਮੌਕੇ ਬਲਵਿੰਦਰ



ਉਦੀਪੁਰ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਬਿਜਲੀ ਬਿੱਲ 2025 ਨੂੰ ਦੇਸ਼ ਅੰਦਰ ਲਾਗੂ ਕਰਕੇ ਸਰਕਾਰੀ ਅਦਾਰਿਆਂ ਨੂੰ ਖ਼ਤਮ ਕਰਨ ਲਈ ਤੇਜ਼ੀ ਨਾਲ ਕਾਰਵਾਈ ਕੀਤੀ ਜਾ ਰਹੀ ਹੈ।ਮੁਲਾਜ਼ਮ ਆਗੂਆਂ ਨੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਜਾਇਦਾਦਾਂ ਵੇਚਣ ਦਾ ਫ਼ੈਸਲਾ ਨਾ ਬਦਲਿਆ ਤਾਂ ਜਥੇਬੰਦੀਆਂ ਸੰਘਰਸ਼ ਨੂੰ ਹੋਰ ਤੇਜ਼ ਕਰਨਗੀਆਂ ਅਤੇ 2 ਨਵੰਬਰ ਨੂੰ ਬਿਜਲੀ ਮੰਤਰੀ ਦੀ ਰਿਹਾਇਸ਼ ਲੁਧਿਆਣਾ ਵਿਖੇ ਸੂਬਾ ਪੱਧਰੀ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਇਸ ਮੌਕੇ ਸਾਥੀ ਜਸਵਿੰਦਰ ਸਿੰਘ ਗਿੱਲ, ਤਰਲੋਕ ਸਿੰਘ ਖੁੱਡੀ, ਸਲਵਿੰਦਰ ਸਿੰਘ, ਦਲਬੀਰ ਸਿੰਘ ਉਸਾਹਨ, ਗੁਰਦਿਆਲ ਸਿੰਘ, ਸੁਖਦੇਵ ਖੁੱਡਾ, ਬਲਜਿੰਦਰ ਸਿੰਘ ਬਾਜਵਾ, ਜਸਵਿੰਦਰ ਸਿੰਘ, ਨਿਸ਼ਾਨ ਸਿੰਘ ਸੋਹਲ, ਗੁਰਪ੍ਰੀਤ ਸਿੰਘ, ਰਾਜਵਿੰਦਰ ਸਿੰਘ, ਸੁਰਜੀਤ ਸਿੰਘ, ਚਰਨਜੀਤ ਸਿੰਘ ਆਦਿ ਆਗੂ ਹਾਜ਼ਰ ਸਨ।

## ਪੰਜਾਬ ਸਰਕਾਰ ਨੇ ਸਾਡੇ ਵੱਲੋਂ ਲਾਗੂ ਕੀਤੀਆਂ ਗਰੀਬ ਵਰਗ ਦੀਆਂ ਸਹੂਲਤਾਂ ਬੰਦ ਕੀਤੀਆਂ:ਚੰਨੀ

ਸਰਾਏ ਅਮਾਨਤ ਖਾਂ (ਮੱਖਣ ਮਨੋਜ )-ਕਸਬਾ ਝਬਾਲ ਵਿਖੇ ਪਿੰਡ ਝਬਾਲ ਪੁਖਤਾ ਅਤੇ ਝਬਾਲ ਖਾਮ ਦੇ ਕਾਂਗਰਸੀ ਵਰਕਰਾਂ ਦੀ ਮੀਟਿੰਗ ਕਾਂਗਰਸੀ ਉਮੀਦਵਾਰ ਕਰਨਬੀਰ ਸਿੰਘ ਬੁਰਜ ਦੇ ਹੱਕ ਵਿੱਚ ਹੋਈ ਜਿਸ ਵਿੱਚ ਸਾਬਕਾ ਮੁੱਖ ਮੰਤਰੀ ਅਤੇ ਮੈਂਬਰ ਪਾਰਲੀਮੈਂਟ ਚਰਨਜੀਤ ਸਿੰਘ ਚੰਨੀ ਅਤੇ ਹੋਰ ਸੀਨੀਅਰ ਕਾਂਗਰਸੀ ਆਗੂ ਸ਼ਾਮਲ ਹੋਏ।ਇਸ ਸਮੇਂ ਕਾਂਗਰਸੀ ਉਮੀਦਵਾਰ ਕਰਨਬੀਰ ਸਿੰਘ ਬੁਰਜ ਨੇ ਆਏ ਹੋਏ ਸੀਨੀਅਰ ਕਾਗਰਸੀ ਆਗੂਆਂ ਨੂੰ ਜੀ ਆਇਆਂ ਕਹਿੰਦਿਆਂ ਇਥੇ ਪਹੁੰਚਣ ਤੇ ਧੰਨਵਾਦ ਕੀਤਾ।ਇਸ ਸਮੇਂ ਚੇਅਰਮੈਨ ਰਮਨ ਕੁਮਾਰ ਨੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਅਤੇ ਕਰਨਬੀਰ ਸਿੰਘ ਬੁਰਜ ਦਾ ਝਬਾਲ ਨਗਰ ਦੀਆਂ ਪੰਚਾਇਤਾਂ ਵੱਲੋਂ ਸਨਮਾਨਤ ਕੀਤਾ।ਇਸ ਸਮੇਂ ਲੋਕਾਂ ਨੂੰ ਸੰਬੋਧਨ ਕਰਦਿਆਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਲੋਕਾਂ ਨਾਲ ਝੂਠੇ ਵਾਅਦੇ ਕਰਕੇ ਪੰਜਾਬ ਵਿੱਚ ਬਣੀ ਆਮ ਆਦਮੀ ਪਾਲਟੀ ਦੀ ਸਰਕਾਰ ਨੇ ਸਾਡੀ ਸਰਕਾਰ ਵੱਲੋਂ ਗਰੀਬਾਂ ਨੂੰ ਦਿੱਤੀਆਂ ਸਹੂਲਤਾਂ ਬੰਦ ਕਰਕੇ ਗਰੀਬ ਵਰਗ ਨਾਲ ਧੱਕਾ ਕੀਤਾ ਹੈ।

ਇਸ ਸਮੇਂ ਉਹਨਾਂ ਕਿਹਾ ਕਿ ਪੰਜਾਬੀਆਂ ਨੂੰ ਆਪਣੇ ਅਮੀਰ ਵਿਰਸੇ ਨੂੰ ਪਛਾਣਦਿਆਂ ਆਪਣੀ ਵੋਟ ਦਾ ਸਹੀ ਉਪਯੋਗ ਕਰਨਾ ਚਾਹੀਦਾ ਹੈ ਅਤੇ ਕਾਂਗਰਸੀ ਉਮੀਦਵਾਰ ਕਰਨਬੀਰ ਸਿੰਘ ਬੁਰਜ ਨੂੰ ਜਿਤਾਉਣ।ਇਸ ਸਮੇਂ ਪਹੁੰਚੀਆਂ ਸ਼ਖ਼ਸੀਅਤਾਂ ਵਿੱਚ ਸਾਬਕਾ ਮੰਤਰੀ ਬਲਬੀਰ ਸਿੰਘ ਸੰਧੂ, ਮੈਡਮ ਨਵਜੋਤ ਕੌਰ ਸਿੱਧੂ, ਸਾਬਕਾ ਮੰਤਰੀ ਸੁਖਬਿੰਦਰ ਸਿੰਘ ਸਰਕਾਰੀਆ, ਸਾਬਕਾ ਐਮ ਪੀ ਜਸਬੀਰ ਸਿੰਘ ਡਿੰਪਾ, ਹਰਸ਼ਰਨ ਸਿੰਘ ਮੱਲਾ, ਹੀਰਾ ਸਿੰਘ ਮੱਲੀ ਚੇਅਰਮੈਨ ਰਮਨ



ਕੁਮਾਰ, ਸਰਪੰਚ ਸਾਬਕਾ ਨਰਿੰਦਰ ਪੱਪਾ, ਸਾਬਕਾ ਸਰਪੰਚ ਅਮਰਜੀਤ ਸਿੰਘ, ਬਲਾਕ ਸੰਮਤੀ ਮੈਂਬਰ ਵਿੱਕੀ, ਨਿੰਪੀ ਸੂਦ, ਅਸ਼ੋਕ ਕੁਮਾਰ, ਭਾਈ ਮਨਜੀਤ ਸਿੰਘ, ਮੈਂਬਰ ਹਰਮਿੰਦਰ ਸਿੰਘ, ਸੁਖਵਿੰਦਰ ਸਿੰਘ ਬਿੱਟੂ, ਮੈਂਬਰ ਬਲਬੀਰ ਚੰਦ, ਲੈਕਚਰਾਰ ਪ੍ਰਿਤਪਾਲ ਸਿੰਘ, ਮਾਸਟਰ ਜਸਪਾਲ ਸਿੰਘ, ਡਾ ਚਰਨਜੀਤ ਸਿੰਘ ਸੋਢੀ, ਸਾਬਕਾ ਸਰਪੰਚ ਸੁੱਖ, ਮਨਜੀਤ ਸਿੰਘ ਕੇਬਲ ਵਾਲਾ, ਆੜ੍ਹਤੀ ਸਤਬੀਰ ਸਿੰਘ, ਸਰਪੰਚ ਗੁਰਚਰਨ ਸਿੰਘ, ਸਾਬਕਾ ਸਰਪੰਚ ਸੁੱਚਾ ਸਿੰਘ, ਨਿਪੁੰਨ ਧੋਨੀ, ਦਿਲਬਾਗ ਸਿੰਘ, ਕਸ਼ਮੀਰ ਸਿੰਘ ਫੌਜੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

## ਸਰਬਜੀਤ ਮੈਮੋਰੀਅਲ ਪਬਲਿਕ ਸਕੂਲ 'ਚ ਲੇਖਕ ਗੁਰਦਿਆਲ ਸਿੰਘ ਫੁੱਲ ਦਾ ਯਾਦਗਾਰੀ ਦਿਨ ਮਨਾਇਆ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਬੀਤੇ ਦਿਨ ਮੰਚ ਲੋਕ ਅੰਮ੍ਰਿਤਸਰ ਵੱਲੋਂ ਉੱਘੇ ਲੇਖਕ ਗੁਰਦਿਆਲ ਸਿੰਘ ਫੁੱਲ ਯਾਦਗਾਰੀ ਵਿਦਿਆਰਥੀਆਂ ਦੇ ਵੱਖ-ਵੱਖ ਮੁਕਾਬਲੇ ਸਰਬਜੀਤ ਮੈਮੋਰੀਅਲ ਪਬਲਿਕ ਸਕੂਲ ਲਾਲਪੁਰ ਵਿਖੇ ਕਰਵਾਏ ਗਏ।ਇਸ ਬਾਬਤ ਸਕੂਲ ਪ੍ਰਿੰ. ਸਕੱਤਰ ਸਿੰਘ ਸੰਧੂ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਲੱਗ ਭੱਗ ਤੇਰਾਂ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ।ਇਸ ਮੌਕੇ, ਲੋਕ ਗੀਤ, ਭਾਸ਼ਨ, ਨਾਅਰਾ, ਚਾਰਟ ਤੇ ਅੱਖਰਕਾਰੀ ਸੀਨੀਅਰ ਵਰਗ ਤੇ ਜੂਨੀਅਰ ਵਰਗ ਦੇ ਮੁਕਾਬਲੇ ਮੰਚ ਕਨਵੀਨਰ ਕਿਸ਼ਨ ਦਵੇਸਰ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਕਰਵਾਏ ਗਏ।ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਜ਼ਿਲ੍ਹਾ ਭਾਸ਼ਾ ਅਫ਼ਸਰ ਤਰਨ ਤਾਰਨ ਡਾਕਟਰ ਜਗਦੀਪ ਸਿੰਘ ਸੰਧੂ ਸ਼ਾਮਲ ਹੋਏ ਤੇ ਵਿਸ਼ੇਸ਼ ਮਹਿਮਾਨ ਸਰਦਾਰ ਗੁਲਵਿੰਦਰ ਸਿੰਘ ਸੰਧੂ ਨੈਸ਼ਨਲ ਆਵਾਰਡੀ, ਸਾਬਕਾ ਸਹਾਇਕ ਡਾਇਰੈਕਟਰ ਸਿਹਤ ਵਿਭਾਗ ਡਾਕਟਰ ਬਲਜੀਤ ਕੌਰ ਪਹੁੰਚੇ।ਇਨ੍ਹਾਂ ਤੋਂ ਇਲਾਵਾ ਸਾਬਕਾ ਹੈੱਡਮਾਸਟਰ ਕਸ਼ਮੀਰ ਸਿੰਘ ਗਿੱਲ, ਰਾਸਾ ਜ਼ਿਲ੍ਹਾ ਪ੍ਰਧਾਨ ਰਮਨਪ੍ਰੀਤ ਸਿੰਘ ਗਿੱਲ ਆਦਿ ਉਚੇਚੇ ਤੌਰ ਤੇ ਪਹੁੰਚੇ ਤੇ ਇਨ੍ਹਾਂ ਮਹਿਮਾਨਾਂ ਵਲੋਂ ਵੱਖ ਵੱਖ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ।




ਜੱਜਮੈਂਟ ਦੀ ਭੂਮਿਕਾ ਕਸ਼ਮੀਰ ਸਿੰਘ ਗਿੱਲ, ਮੈਡਮ ਮਨਦੀਪ ਕੌਰ ਅਲਾਦੀਨਪੁਰ ਤੇ ਸਤਵੰਤ ਕੌਰ ਹਰੀਕੇ ਵਲੋਂ ਨਿਭਾਈ ਗਈ।ਨਾਅਰਾ ਸਲੋਗਨ ਮੁਕਾਬਲੇ ਦੇ ਸੀਨੀਅਰ ਵਰਗ ਵਿਚ ਸ਼ਹਿਨਾਜ਼ਪ੍ਰੀਤ ਬਾਬਾ ਦੀਪ ਸਿੰਘ ਪਬਲਿਕ ਸਕੂਲ ਬੇਗੇਪੁਰ, ਦੂਜਾ ਸਥਾਨ ਸਿਮਰਨਜੀਤ ਕੌਰ ਸਰਬਜੀਤ ਮੈਮੋਰੀਅਲ ਪਬਲਿਕ ਸਕੂਲ ਲਾਲਪੁਰ, ਜੂਨੀਅਰ ਵਰਗ ਵਿੱਚ ਪਹਿਲਾ ਸਥਾਨ ਮਨਰਾਜ ਕੌਰ ਬਾਬਾ ਦੀਪ ਪਬਲਿਕ ਸਕੂਲ ਬੇਗੇਪੁਰ, ਦੂਜਾ ਸਥਾਨ ਮਹਿਕਦੀਪ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੱਲ੍ਹਾ ਤੀਜਾ ਸਥਾਨ ਹਰਮਨਦੀਪ ਕੌਰ ਐੱਸ ਐੱਸ ਐੱਸ ਪਬਲਿਕ ਸਕੂਲ ਜੰਡੋਕੇ ਤੇ ਸ਼ਲਾਘਾਯੋਗ ਸਮਰੀਤ ਕੌਰ ਸਰਬਜੀਤ ਮੈਮੋਰੀਅਲ ਪਬਲਿਕ ਸਕੂਲ ਲਾਲਪੁਰ ।ਭਾਸ਼ਨ ਮੁਕਾਬਲਿਆਂ ਦੇ ਜੂਨੀਅਰ ਵਰਗ ਵਿੱਚ ਪਹਿਲਾ ਸਥਾਨ ਜੈਸਮੀਨ ਕੌਰ ਐੱਸ ਐੱਸ ਐੱਸ ਪਬਲਿਕ ਸਕੂਲ ਜੰਡੋਕੇ, ਦੂਜਾ ਸਥਾਨ ਪ੍ਰਵਾਹਜੀਤ ਕੌਰ ਸ਼ਹੀਦ ਬਾਬਾ ਦੀਪ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕੰਗ ਤੀਜਾ ਸਥਾਨ ਐਸ਼ਮੀਤ ਕੌਰ ਸਰਬਜੀਤ ਮੈਮੋਰੀਅਲ ਪਬਲਿਕ ਸਕੂਲ ਲਾਲਪੁਰ ਤੇ ਸ਼ਲਾਘਾਯੋਗ ਰੁੱਤਪਾਲ ਕੌਰ ਗੁਰੂ ਅਮਰਦਾਸ ਪਬਲਿਕ ਸਕੂਲ ਫਤਿਆਬਾਦ। ਲੋਕ ਗੀਤ ਮੁਕਾਬਲਿਆਂ ਵਿੱਚ ਸੀਨੀਅਰ ਵਰਗ ਵਿੱਚ ਗੁਰਮਨਦੀਪ ਸਿੰਘ ਸਰਬਜੀਤ ਮੈਮੋਰੀਅਲ ਪਬਲਿਕ ਸਕੂਲ ਲਾਲਪੁਰ ਦੂਜਾ ਸਥਾਨ ਸਾਹਿਬਦੀਪ ਸਿੰਘ ਗੁਰੂ ਅਰਜਨ ਦੇਵ ਪਬਲਿਕ ਸਕੂਲ ਨਵਾਂ ਪਿੰਡ ਤੀਜਾ ਸਥਾਨ ਗੁਰਸੇਵਕ ਸਿੰਘ ਬਾਬਾ ਦੀਪ ਸਿੰਘ ਪਬਲਿਕ ਸਕੂਲ ਬੇਗੇਪੁਰ ਤੇ ਸ਼ਲਾਘਾਯੋਗ ਬਾਬਾ ਦੀਪ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕੰਗ।ਪੋਸਟਰ ਮੇਕਿੰਗ ਮੁਕਾਬਲਿਆਂ ਸੀਨੀਅਰ ਵਰਗ ਵਿੱਚ ਪਹਿਲਾ ਸਥਾਨ ਮਨਪ੍ਰੀਤ ਕੌਰ ਬਾਬਾ ਦੀਪ ਸਿੰਘ ਪਬਲਿਕ ਸਕੂਲ ਬੇਗੇਪੁਰ,ਦੂਜਾ ਸਥਾਨ ਨਵਦੀਪ ਕੌਰ ਸਰਬਜੀਤ ਮੈਮੋਰੀਅਲ ਪਬਲਿਕ ਸਕੂਲ ਲਾਲਪੁਰ।ਅੱਖਰਕਾਰੀ ਮੁਕਾਬਲਿਆਂ ਸੀਨੀਅਰ ਵਰਗ ਵਿੱਚ ਪਹਿਲਾ ਸਥਾਨ ਰਾਜਦੀਪ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੱਲ੍ਹਾ, ਦੂਜਾ ਸਥਾਨ ਗੁਰਲੀਨ ਕੌਰ ਐੱਸ ਐੱਸ ਐੱਸ ਪਬਲਿਕ ਸਕੂਲ ਜੰਡੋਕੇ, ਤੀਜਾ ਸਥਾਨ ਰਾਮ ਪ੍ਰਤਾਪ ਬਲਜੀਤ ਮੈਮੋਰੀਅਲ ਪਬਲਿਕ ਸਕੂਲ ਕਾਹਲਵਾਂ, ਸ਼ਲਾਘਾਯੋਗ ਜਸਮੀਤ ਕੌਰ ਗੁਰੂ ਅਮਰਦਾਸ ਪਬਲਿਕ ਸਕੂਲ ਫਤਿਆਬਾਦ।ਜੂਨੀਅਰ ਵਰਗ ਵਿੱਚ ਪਹਿਲਾ ਸਥਾਨ ਵਿਸ਼ਾਲ ਜੀਤ ਕੌਰ ਬਲਜੀਤ ਮੈਮੋਰੀਅਲ ਪਬਲਿਕ ਸਕੂਲ ਕਾਹਲਵਾਂ, ਦੂਜਾ ਸਥਾਨ ਹਰਸਿਮਰਨ ਕੌਰ ਬਾਬਾ ਦੀਪ ਸਿੰਘ ਪਬਲਿਕ ਸਕੂਲ ਕੰਗ, ਤੀਜਾ ਸਥਾਨ ਮਹਿਕਪ੍ਰੀਤ ਕੌਰ ਸਰਬਜੀਤ ਮੈਮੋਰੀਅਲ ਪਬਲਿਕ ਸਕੂਲ ਲਾਲਪੁਰ ਤੇ ਸ਼ਲਾਘਾਯੋਗ ਹਰਮਨਪ੍ਰੀਤ ਕੌਰ ਬਾਬਾ ਦੀਪ ਸਿੰਘ ਪਬਲਿਕ ਸਕੂਲ ਬੇਗੇਪੁਰ।ਇਸ ਸਮਾਗਮ ਦੀ ਸਟੇਜ ਸੰਚਾਲਨਾ ਮੈਡਮ ਪਰਮਜੀਤ ਕੌਰ ਤੇ ਗੁਰਜੰਟ ਸਿੰਘ ਵਲੋਂ ਬਾਖੂਬੀ ਨਿਭਾਈ ਗਈ ਤੇ ਸਿਮਰਜੀਤ ਕੌਰ, ਸੁਮਨਦੀਪ ਕੌਰ, ਰਾਜਬੀਰ ਕੌਰ,ਹਰਜੀਤ ਕੌਰ, ਗੁਰਸ਼ਰਨ ਕੌਰ, ਮਨਦੀਪ ਕੌਰ, ਗਗਨਦੀਪ ਕੌਰ, ਸ਼ਿਲਪਾ, ਜੈਸਮੀਨ ਕੌਰ, ਹਰਸਿਮਰਨ ਕੌਰ, ਸੁਮਨਦੀਪ ਕੌਰ, ਹਰਪ੍ਰੀਤ ਕੌਰ, ਨਵਜੋਤ ਕੌਰ, ਗੁਰਮਨਦੀਪ ਸਿੰਘ ਤੇ ਨਿਤਿਕਾ ਆਦਿ ਵਲੋਂ ਵੀ ਇਸ ਸਮਾਗਮ ਨੂੰ ਨੇਪਰੇ ਚਾੜ੍ਹਨ ਲਈ ਆਪਣਾ ਯੋਗਦਾਨ ਪਾਇਆ।

## ਖਾਲਸਾ ਕਾਲਜ ਆਫ਼ ਐਜੂਕੇਸ਼ਨ ਵਿਖੇ 'ਅਲਜੈਬਰਾ ਲੈਬੋਰਟਰੀ' ਵਰਕਸ਼ਾਪ ਕਰਵਾਈ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖਾਲਸਾ ਕਾਲਜ ਆਫ਼ ਐਜੂਕੇਸ਼ਨ, ਜੀ. ਟੀ. ਰੋਡ ਵਿਖੇ ਅਲਜੈਬਰਾ ਲੈਬੋਰੇਟਰੀ ਵਿਸ਼ੇ 'ਤੇ ਵਰਕਸ਼ਾਪ ਕਰਵਾਈ ਗਈ।ਖਾਲਸਾ ਯੂਨੀਵਰਸਿਟੀ ਦੇ ਰਜਿਸਟਰਾਰ ਡਾ: ਖੁਸ਼ਵਿੰਦਰ ਕੁਮਾਰ ਦੇ ਨਿਰਦੇਸ਼ਾਂ 'ਤੇ ਕਾਲਜ ਦੇ ਮੈਥ ਕਲੱਬ ਵੱਲੋਂ ਕਰਵਾਈ ਗਈ ਉਕਤ ਵਰਕਸ਼ਾਪ ਮੌਕੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਗਣਿਤ ਵਿਭਾਗ ਦੇ ਮੁਖੀ ਡਾ: ਜਤਿੰਦਰ ਸਿੰਘ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ।




ਇਸ ਮੌਕੇ ਡਾ. ਕੁਮਾਰ ਨੇ ਕਿਹਾ ਕਿ ਆਧੁਨਿਕ ਯੁੱਗ ਟੈਕਨੋਲੋਜੀ ਡਾਟਾ ਸਾਇੰਸ ਅਤੇ ਮਸਨੂਈ ਬੁੱਧੀ ਦੇ ਨਵੇਂ ਸੰਕਲਪਾਂ ਵੱਲ ਵੱਧ ਰਿਹਾ ਹੈ ਅਤੇ ਇਨ੍ਹਾਂ ਸਾਰੇ ਹੀ ਖੇਤਰਾਂ 'ਚ ਅਲਜੈਬਰਾ ਦਾ ਮਹੱਤਵਪੂਰਨ ਯੋਗਦਾਨ ਹੈ। ਉਨ੍ਹਾਂ ਕਿਹਾ ਕੀ ਅਲਜੈਬਰਾ ਸਿਰਫ ਇਕ ਵਿਸ਼ਾ ਹੀ ਨਹੀਂ ਹੈ, ਸਗੋਂ ਇਹ ਡਿਜੀਟਲ ਕਮਿਊਨੀਕੇਸ਼ਨ ਅਤੇ ਮਸਨੂਈ ਬੁੱਧੀ ਦੇ ਮਾਡਲਾਂ ਦੀ ਰਚਨਾ ਦਾ ਵੀ ਇਕ ਆਧਾਰ ਹੈ ਅਤੇ ਇਸ ਵਰਕਸ਼ਾਪ ਦਾ ਉਦੇਸ਼ ਵਿਦਿਆਰਥੀਆਂ ਦੇ ਅੰਦਰ ਗਣਿਤ ਅਲਜੈਬਰਿਕ ਸੰਕਲਪਾਂ ਦੀ ਸਪੱਸ਼ਟਤਾ ਕਰਵਾਉਣਾ ਹੈ ਤਾਂ ਜੋ ਉਹ ਭਵਿੱਖ ਦੇ ਤਕਨੀਕੀ ਖੇਤਰ 'ਚ ਆਪਣਾ ਬਣਦਾ ਯੋਗਦਾਨ ਦੇ ਸਕਣ। ਇਸ ਮੌਕੇ ਸਮੂਹ ਵਿਦਿਆਰਥੀਆਂ ਨੇ ਸੋਫਟਵੇਅਰ ਦੀ ਸਹਾਇਤਾ ਦੇ ਨਾਲ ਰਿਸੋਰਸ ਪਰਸਨ ਦੁਆਰਾ ਦਿੱਤੀਆਂ ਗਈਆਂ ਸਮੀਕਰਨਾਂ ਨੂੰ ਹੱਲ ਕੀਤਾ। ਵਰਕਸ਼ਾਪ ਦੇ ਅੰਤ 'ਚ ਡਾ. ਕੁਮਾਰ ਨੇ ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਨਿਰਮਲਜੀਤ ਕੌਰ ਨਾਲ ਮਿਲ ਕੇ ਡਾ. ਜਤਿੰਦਰ ਸਿੰਘ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ।ਇਸ ਮੌਕੇ ਕਾਲਜ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

## ਹਨੂੰਮਾਨ ਚੌਕ ਤੋਂ ਲਾਇਬ੍ਰੇਰੀ ਚੌਕ ਤੱਕ ਲੱਗਦੇ ਟਰੈਫ਼ਿਕ ਜਾਮ ਕਾਰਨ ਲੋਕਾਂ ਦਾ ਜਿਊਣਾ ਮੁਹਾਲ

ਗੁਰਦਾਸਪੁਰ, (ਜਨਕ ਮਹਾਜਨ)-ਲਾਇਬ੍ਰੇਰੀ ਚੌਕ ਤੋਂ ਹਨੂੰਮਾਨ ਚੌਕ ਤੱਕ ਜਿਥੇ ਅਣਗਣਿਤ ਫਾਸਟ ਫੂਡ, ਨੂਡਲ, ਗੋਲਗੱਪੇ ਤੇ ਕੁਲਫੀਆਂ ਆਦਿ ਦੀਆਂ ਰੇਹੜੀਆਂ ਲੱਗ ਰਹੀਆਂ ਹਨ, ਕਾਰਨ ਅਕਸਰ ਟਰੈਫ਼ਿਕ ਜਾਮ ਹੋ ਜਾਂਦੀ ਹੈ। ਜੇਕਰ ਪੁਲਸ, ਸਿਵਲ ਪ੍ਰਸ਼ਾਸਨ ਤੇ ਨਗਰ ਕੌਂਸਲ ਦੇ ਅਧਿਕਾਰੀ ਇਨ੍ਹਾਂ ਗੈਰ ਕਾਨੂੰਨੀ ਲਗਦੀਆਂ ਰੇਹੜੀਆਂ ਦੀ ਚੈਕਿੰਗ ਕਰਕੇ ਇਨ੍ਹਾਂ ਦਾ ਚਲਾਨ ਜਾਂ ਜੁਰਮਾਨਾਂ ਕਰਨ ਤਾਂ ਕਾਫ਼ੀ ਫਰਕ ਪੈ ਸਕਦਾ ਹੈ। ਛੋਟੀਆਂ ਰੇਹੜੀਆਂ ਦੀ ਗੱਲ ਤਾਂ ਇਕ ਪਾਸੇ ਵੱਡੇ-ਵੱਡੇ ਚਾਰ ਪਹੀਆ ਵਾਹਨਾਂ 'ਤੇ ਕੁਲਫੀਆ ਵੇਚਣ ਲਈ ਬਾਟਾ ਸ਼ੋਅ ਰੂਮ ਨਾਲ ਅਤੇ ਇਸ ਦੇ ਸਾਹਮਣੇ ਖੜੇ ਹੋ ਜਾਂਦੇ ਹਨ। ਜ਼ਿਲ੍ਹਾ ਪ੍ਰਸ਼ਾਸਨ ਨੂੰ ਇਨ੍ਹਾਂ ਨਜਾਇਜ਼ ਰੇਹੜੀਆਂ ਤੋਂ ਇਲਾਵਾ ਆਪਣੀਆਂ ਦੁਕਾਨਾਂ ਅੱਗੇ ਰੇਹੜੀਆਂ ਲਗਵਾਉਣ ਵਾਲੇ ਦੁਕਾਨ ਮਾਲਕਾਂ ਦਾ ਚਲਾਨ ਕਰਕੇ ਜੁਰਮਾਨਾ ਵਸੂਲਣਾ ਚਾਹੀਦਾ ਹੈ। ਇਸ ਤੋਂ ਇਲਾਵਾ ਲੋਕਾਂ ਦੀ ਮੰਗ ਹੈ ਕਿ ਇਸ ਏਰੀਏ ਵਿਚ ਸਬਜ਼ੀ, ਫ਼ਰੂਟ ਵਾਲੀਆਂ ਰੇਹੜੀਆਂ ਵਾਲੇ ਸਪੀਕਰ ਲਗਾ ਕੇ ਉਚੀ-ਉਚੀ ਆਵਾਜ਼ ਵਿਚ ਆਪਣਾ ਫਲ, ਸਬਜ਼ੀ ਆਦਿ ਵੇਚਦੇ ਹਨ ਜਿਸ ਨਾਲ ਆਸ-ਪਾਸ ਰਹਿੰਦੇ ਲੋਕ ਕਾਫ਼ੀ ਦੁਖੀ ਹਨ। ਲੋਕਾਂ ਦੀ ਮੰਗ ਹੈ ਕਿ ਟਰੈਫ਼ਿਕ ਪੁਲਸ ਨੂੰ ਕਾਰ ਮਾਲਕਾਂ ਨੂੰ ਖ਼ਾਸ ਕਰ ਜਿਹੜੇ ਸ਼ਹਿਰ ਅੰਦਰ ਖ਼ਰੀਦਦਾਰੀ ਕਰਨ ਲਈ ਆਉਂਦੇ ਹਨ ਅਤੇ ਆਪਣੀ ਕਾਰਾਂ ਆਦਿ ਲਾਇਬ੍ਰੇਰੀ ਰੋਡ ਕੰਢੇ ਦੁਕਾਨਾਂ ਸਾਹਮਣੇ ਆਪਣੀ




ਕਾਰਾਂ ਖੜੀਆਂ ਕਰ ਦਿੰਦੇ ਹਨ ਉਨ੍ਹਾਂ ਕਾਰਾਂ ਦਾ ਚਲਾਨ ਕਰਨ ਤੋਂ ਇਲਾਵਾ ਅਤੇ ਕਾਰਾਂ ਦੇ ਪਹੀਏ ਲਾਕ ਕਰਨ ਜਾਂ ਟੋਚਨ ਕਰਕੇ ਕਿਸੇ ਖਾਲੀ ਜਗ੍ਹਾ 'ਤੇ ਪਹੁੰਚਾਇਆ ਜਾਵੇ। ਲੋਕਾਂ ਦੀ ਡਿਪਟੀ ਕਮਿਸ਼ਨਰ ਅਤੇ ਜ਼ਿਲ੍ਹਾਂ ਪੁਲਸ ਮੁਖੀ ਪਾਸੋਂ ਮੰਗ ਹੈ ਕਿ ਇਸ ਲਾਇਬ੍ਰੇਰੀ ਰੋਡ 'ਤੇ ਦੋ-ਚਾਰ ਦਿਨ ਪੱਕੇ ਤੌਰ 'ਤੇ ਕੁਝ ਟਰੈਫ਼ਿਕ ਕਰਮਚਾਰੀ ਤਾਇਨਾਤ ਕੀਤੇ ਜਾਣ ਤਾਂ ਜੋ ਟਰੈਫ਼ਿਕ ਸਮੱਸਿਆ ਦਾ ਪੱਕਾ ਹੱਲ ਹੋ ਸਕੇ।

## ਨਾਟਕ 'ਸਾਂਦਲ ਬਾਰ' ਦਾ ਮੰਚਨ ਭਲਕੇ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ)** -ਅੰਤਰਰਾਸ਼ਟਰੀ ਸੰਸਥਾ ਮੰਚ-ਰੰਗਮੰਚ ਅੰਮ੍ਰਿਤਸਰ ਵੱਲੋਂ ਵਿਰਸਾ ਵਿਹਾਰ ਦੇ ਸਹਿਯੋਗ ਨਾਲ ਡਾ. ਹਰਜੀਤ ਸਿੰਘ ਲਿਖਿਆ ਅਤੇ ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ ਦਾ ਨਿਰਦੇਸ਼ਤ ਕੀਤਾ ਪੰਜਾਬੀ ਨਾਟਕ 'ਸਾਂਦਲ ਬਾਰ' 31 ਅਕਤੂਬਰ ਸ਼ਾਮ 6 ਵਜੇ ਵਿਰਸਾ ਵਿਹਾਰ ਦੇ ਸ੍ਰ. ਕਰਤਾਰ ਸਿੰਘ ਦੁੱਗਲ ਆਡੀਟੋਰੀਅਮ 'ਚ ਪੇਸ਼ ਕੀਤਾ ਜਾਵੇਗਾ।ਇਹ ਨਾਟਕ ਪੰਜਾਬ ਦੇ ਇੱਕ ਖੇਤਰ, ਸਾਂਦਲ ਬਾਰ ਦਾ ਨਾਮ 16ਵੀਂ ਸਦੀਂ ਦੇ ਪੰਜਾਬੀ ਲੋਕ ਨਾਇਕ ਦੁੱਲਾ ਭੱਟੀ ਦੇ ਦਾਦਾ, ਸਾਂਦਲ ਦੇ ਨਾਮ 'ਤੇ ਰੱਖਿਆ ਗਿਆ ਹੈ।ਦੁੱਲਾ ਭੱਟੀ ਮੁੱਗਲ ਸਾਮਰਾਜ ਦੇ ਵਿਰੁੱਧ ਬਗਾਵਤ ਦੀ ਅਗਵਾਈ ਕਰਨ ਲਈ ਮਸ਼ਹੂਰ ਹੈ, ਖਾਸ ਕਰਕੇ ਅਕਬਰ ਦੇ ਰਾਜ ਦੌਰਾਨ। ਦੁੱਲਾ ਭੱਟੀ ਦੀ ਬਗਾਵਤ ਇਸ ਖੇਤਰ ਦੇ ਇਤਿਹਾਸ ਦਾ ਇੱਕ ਮਹੱਤਵਪੂਰਨ ਹਿੱਸਾ ਹੈ, ਜੋ ਦਮਨਕਾਰੀ ਸ਼ਾਸਨ ਦੇ ਵਿਰੁੱਧ ਵਿਰੋਧ ਦਾ ਪ੍ਰਤੀਕ ਹੈ।ਇਸ ਨਾਟਕ ਵਿੱਚ ਸਾਜਨ ਕੋਹਿਨੂਰ, ਗੁਰਦਿੱਤ ਸਿੰਘ, ਹਰਪ੍ਰੀਤ ਸਿੰਘ, ਅਕਾਸ਼, ਸ਼ਿਵਮ ਸਮੇਤ ਆਦਿ ਕਲਾਕਾਰ ਆਪਣੀ ਦਮਦਾਰ ਅਦਾਕਾਰੀ ਪੇਸ਼ ਕਰਨਗੇ।ਸਮੂਹ ਨਾਟ ਪ੍ਰੇਮੀਆਂ, ਦਰਸ਼ਕਾਂ ਅਤੇ ਸ਼ਹਿਰ ਵਾਸੀਆਂ ਨੂੰ ਖੁੱਲ੍ਹਾ ਸੱਦਾ ਹੈ।

## ਕਿਸਾਨਾਂ ਨੂੰ ਪਿੰਡ-ਪਿੰਡ ਪਰਾਲੀ ਨਾ ਸਾੜਨ ਸਬੰਧੀ ਕੀਤਾ ਜਾਗਰੂਕ



ਗੁਰਦਾਸਪੁਰ, (ਜਨਕ ਮਹਾਜਨ)-ਸ਼੍ਰੀ ਆਦਿੱਤਿਆ ਉੱਪਲ ਡਿਪਟੀ ਕਮਿਸ਼ਨਰ ਗੁਰਦਾਸਪੁਰ ਦਿੱਤੇ ਸਖ਼ਤ ਦਿਸ਼ਾ-ਨਿਰਦੇਸ਼ਾਂ ਹੇਠ 'ਪਰਾਲੀ ਪਰੋਟੈਕਸ਼ਨ ਫੋਰਸ' ਦੀ ਟੀਮਾਂ ਪੂਰੀ ਮੁਸਤੈਦੀ ਨਾਲ ਪਿੰਡਾਂ ਵਿਚ ਜਾ ਕੇ ਕਿਸਾਨਾਂ ਨੂੰ ਮਿਲ ਰਹੀਆਂ ਹਨ ਅਤੇ ਫਸਲ ਦੀ ਰਹਿੰਦ ਖੂੰਹਦ ਨੂੰ ਨਾ ਸਾੜਨ ਅਤੇ ਪਰਾਲੀ ਪ੍ਰਬੰਧਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।

ਪਰਾਲੀ ਪਰੋਟੈਕਸ਼ਨ ਫੋਰਸ' ਦੀ ਟੀਮਾਂ ਵਲੋਂ ਪਿੰਡ ਸ਼ਾਹਪੁਰ, ਕਾਲਾ ਬਾਲਾ, ਭਟੋਆ ਅਤੇ ਫਤਿਹਪੁਰ ਆਦਿ ਵਿਚ ਜਾ ਕੇ ਮਾਣਯੋਗ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਤੋਂ ਜਾਣੂੰ ਕਰਵਾਇਆ ਗਿਆ। ਉਨ੍ਹਾਂ ਦੱਸਿਆ ਕਿ ਫਸਲ ਦੀ ਰਹਿੰਦ ਖੂੰਹਦ ਨੂੰ ਸਾੜਨ ਵਾਲਿਆਂ ਵਿਰੁੱਧ ਪ੍ਰਸ਼ਾਸਨ ਸਖ਼ਤ ਹੈ ਅਤੇ ਹਦਾਇਤਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਰਵਾਈ ਕੀਤੀ ਜਾ ਰਹੀ ਹੈ।

ਡਾ. ਹਰਜਿੰਦਰ ਸਿੰਘ ਬੇਦੀ ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ ਨੇ ਦੱਸਿਆ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਦੇ ਆਦੇਸ਼ਾਂ 'ਤੇ ਜਿਲ੍ਹੇ ਅੰਦਰ ਵਿਚ ਤਾਇਨਾਤ 'ਪਰਾਲੀ ਪਰੋਟੈਕਸ਼ਨ ਫੋਰਸ' ਦੀਆਂ ਟੀਮਾਂ ਪੂਰੀ ਮੁਸ਼ਤੈਦੀ ਨਾਲ ਪਿੰਡਾਂ ਵਿਚ ਜਾ ਰਹੀਆਂ ਹਨ ਅਤੇ ਕਿਸਾਨਾਂ, ਪੰਚਾਂ ਸਰਪੰਚਾਂ ਤੇ ਮੋਹਤਬਰਾਂ ਨੂੰ ਮਿਲ ਕੇ ਫਸਲ ਦੀ ਰਹਿੰਦ ਖੂੰਹਦ ਨੂੰ ਨਾ ਸਾੜਨ ਅਤੇ ਪਰਾਲੀ ਪ੍ਰਬੰਧਨ ਲਈ ਪ੍ਰੇਰਿਤ ਕਰ ਰਹੀਆਂ ਹਨ।

## 'ਆਪ' ਆਗੂ ਬਚਨ ਲਾਲ ਵੱਲੋਂ ਚੌਕੀ ਇੰਚਾਰਜ ਜੈਂਤੀਪੁਰ ਦਾ ਨਿੱਘਾ ਸਵਾਗਤ



**ਵੇਰਕਾ (ਰਾਣਾ)**-ਵਿਧਾਨ ਸਭਾ ਹਲਕਾ ਮਜੀਠਾ ਦੇ ਸੀਨੀਅਰ ਆਮ ਆਦਮੀ ਪਾਰਟੀ ਦੇ ਆਗੂ ਬਚਨ ਲਾਲ (ਕਾਲੇ ਸ਼ਾਹ) ਜੈਂਤੀਪੁਰ ਦੇ ਗ੍ਰਹਿ ਸਥਾਨਕ ਕਸਬਾ ਜੈਂਤੀਪੁਰ ਵਿਖੇ ਪੁੱਜਣ 'ਤੇ ਨਵ-ਨਿਯੁਕਤ ਹੋਏ ਚੌਂਕੀ ਇੰਚਾਰਜ ਮਨਿੰਦਰ ਸਿੰਘ ਗਿੱਲ ਪੁਲਸ ਚੌਂਕੀ ਜੈਂਤੀਪੁਰ ਦਾ ਭਰਪੂਰ ਅਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਆਪ ਆਗੂ ਬਚਨ ਲਾਲ ਵੱਲੋਂ ਚੌਂਕੀ ਇੰਚਾਰਜ ਗਿੱਲ ਨੂੰ ਸਿਰੋਪਾਓ ਭੇਟ ਕੀਤਾ ਗਿਆ।ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਚੌਂਕੀ ਇੰਚਾਰਜ ਮਨਿੰਦਰ ਸਿੰਘ ਗਿੱਲ ਨੇ ਆਖਿਆ ਕਿ ਪੁਲਸ ਵੱਲੋਂ ਨਸ਼ਿਆਂ ਦਾ ਗੋਰਖ ਧੰਦਾ ਕਰਨ ਵਾਲਿਆਂ ਨੂੰ ਬਿਲਕੁਲ ਬਖਸ਼ਿਆ ਨਹੀਂ ਜਾਵੇਗਾ। ਵਿਭਾਗ ਦੇ ਉਚ ਅਧਿਕਾਰੀਆਂ ਵੱਲੋਂ ਮਿਲੇ ਦਿਸ਼ਾ ਨਿਰਦੇਸ਼ਾਂ ਦਾ ਇੰਨ-ਬਿੰਨ ਪਾਲਣ ਕਰਦੇ ਹੋਏ ਅਮਨ ਤੇ ਕਾਨੂੰਨ ਦੀ ਸਥਿਤੀ ਪੂਰਨ ਤੌਰ ਤੇ ਬਹਾਲ ਰੱਖਿਆ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਲਸ਼ਨ ਕੁਮਾਰ, ਸੁਖਬੀਰ ਸਿੰਘ, ਮਲਕੀਅਤ ਸਿੰਘ (ਗੋਲਡੀ) ਰਜਿੰਦਰਪਾਲ ਸਿੰਘ, ਬਾਬਾ ਸੁਖਚੈਨ ਸਿੰਘ, ਇੰਦਰਜੀਤ ਸਿੰਘ ਜਸਬੀਰ ਸਿੰਘ ਆਦਿ ਵੀ ਹਾਜ਼ਰ ਸਨ।

## ਕਾਦੀਆਂ ਡਾਕਖ਼ਾਨੇ ਦੇ ਕੈਸ਼ੀਅਰ ਨੇ ਕੀਤੀ ਇਮਾਨਦਾਰੀ ਦੀ ਮਿਸਾਲ ਕਾਇਮ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਕਾਦੀਆਂ ਪੋਸਟ ਆਫ਼ਿਸ ਦੇ ਕਰਮਚਾਰੀ ਨੇ ਆਪਣੇ ਗਾਹਕ ਦੀ ਰਕਮ ਜੋ ਘੱਟ ਚਲੀ ਗਈ ਸੀ, ਦੇ ਕੇ ਇਮਾਨਦਾਰੀ ਦੀ ਮਿਸਾਲ ਕਾਇਮ ਕੀਤੀ ।ਪੋਸਟ ਮਾਸਟਰ ਸੰਜੀਵ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਦੇ ਪੋਸਟ ਆਫ਼ਿਸ ਵਿੱਚ ਦਸ ਹਜ਼ਾਰ ਰੁਪਏ ਵੱਧ ਨਿਕਲ ਰਹੇ ਸਨ।ਇਸ ਦੀ ਜਾਣਕਾਰੀ ਤੇਜਿੰਦਰ ਪਾਲ ਸਿੰਘ ਕੈਸ਼ੀਅਰ ਨੇ ਉਨ੍ਹਾਂ ਨੂੰ ਦਿੱਤੀ ਜਿਸ ਤੋਂ ਬਾਅਦ ਉਨ੍ਹਾਂ ਨੇ ਪੋਸਟ ਆਫ਼ਿਸ ਤੋਂ ਪੈਸੇ ਲੈਣ ਵਾਲਿਆਂ ਨੂੰ ਸੰਪਰਕ



ਕਰਨਾ ਸ਼ੁਰੂ ਕਰ ਦਿੱਤਾ।ਉਨ੍ਹਾਂ ਨੇ ਕਾਦੀਆਂ ਵਾਸੀ ਹਾਮਦਾ ਮਨਸੂਰ ਨਾਲ ਸੰਪਰਕ ਕੀਤਾ ਅਤੇ ਪੁੱਛਿਆ ਕਿ ਜੋ ਕਲ ਪੇਮੈਂਟ ਲੈ ਕੇ ਤੁਸੀਂ ਗਏ ਸੀ ਉਹ ਪੂਰੀ ਹੈ ? ਜਿਸ 'ਤੇ ਗਾਹਕ ਨੇ ਨੋਟ ਗਿਣੇ ਤਾਂ ਦਸ ਹਜ਼ਾਰ ਰੁਪਏ ਘੱਟ ਨਿਕਲੇ।ਕੈਸ਼ੀਅਰ ਤਜਿੰਦਰ ਪਾਲ ਸਿੰਘ ਨੇ ਪੋਸਟ ਆਫ਼ਿਸ ਆਉਣ ਲਈ ਕਿਹਾ।ਨੋਟਾਂ ਦੀ ਗਿਣਤੀ ਤੋਂ ਬਾਅਦ ਗਾਹਕ ਨੂੰ ਦਸ ਹਜ਼ਾਰ ਰੁਪਏ ਦੀ ਤੁਰੰਤ ਅਦਾਇਗੀ ਕੀਤੀ ਗਈ।ਪੋਸਟ ਮਾਸਟਰ ਸੰਜੀਵ ਸ਼ਰਮਾ ਨੇ ਦੱਸਿਆ ਕਿ ਸਾਡਾ ਪੂਰਾ ਸਟਾਫ਼ ਪੂਰੀ ਲਗਨ, ਮਿਹਨਤ ਅਤੇ ਇਮਾਨਦਾਰੀ ਨਾਲ ਕੰਮ ਕਰਦਾ ਹੈ। ਤਜਿੰਦਰ ਪਾਲ ਸਿੰਘ ਨੇ ਦੱਸਿਆ ਕਿ ਇਮਾਨਦਾਰੀ ਦੇ ਸਦਕਾ ਹੀ ਕਾਦੀਆਂ ਪੋਸਟ ਆਫ਼ਿਸ ਲੋਕਾਂ ਨੂੰ ਬਿਹਤਰੀਨ ਸੇਵਾਵਾਂ ਦੇ ਰਿਹਾ ਹੈ।ਹਾਮਦਾ ਬੁਸ਼ਰਾ ਨੇ ਪੋਸਟ ਆਫ਼ਿਸ ਅਧਿਕਾਰੀ ਸੰਜੀਵ ਸ਼ਰਮਾ ਅਤੇ ਕੈਸ਼ੀਅਰ ਤੇਜਿੰਦਰ ਪਾਲ ਸਿੰਘ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਸਾਨੂੰ ਮਾਣ ਹੈ ਕਿ ਕਾਦੀਆਂ ਪੋਸਟ ਆਫ਼ਿਸ ਆਪਣੇ ਗਾਹਕਾਂ ਨੂੰ ਬੇਹਤਰੀਨ ਸੇਵਾਵਾਂ ਦੇ ਨਾਲ ਨਾਲ ਇਮਾਨਦਾਰੀ ਨਾਲ ਕੰਮ ਕਰ ਰਿਹਾ ਹੈ।

## ਵਿਧਾਇਕ ਸ਼ੈਰੀ ਕਲਸੀ ਵੱਲੋਂ ਰਾਜ ਪੱਧਰੀ ਫੁੱਟਬਾਲ ਟੂਰਨਾਮੈਂਟ ਦਾ ਆਗਾਜ਼

### * ਬਹੁ-ਤਕਨੀਕੀ ਕਾਲਜ ਬਟਾਲਾ ਨੇ ਰਾਮਗੜ੍ਹੀਆ ਪੋਲੀਟੈਕਨਿਕ ਫਗਵਾੜਾ ਦੀ ਟੀਮ ਨੂੰ 9-0 ਨਾਲ ਹਰਾਇਆ

ਬਟਾਲਾ, ਅਕਤੂਬਰ (ਡਾ. ਮਲਵਿੰਦਰ ਸਿੰਘ) ਸਰਕਾਰੀ ਬਹੁਤਕਨੀਕੀ ਕਾਲਜ ਬਟਾਲਾ ਵਿਖੇ ਪੰਜਾਬ ਟੈਕਨੀਕਲ ਇੰਸਟੀਚਿਊਟਸ ਸਪੋਰਟਸ (ਪੀਟੀਆਈਐੱਸ) ਵੱਲੋਂ ਕਰਵਾਏ ਜਾ ਰਹੇ ਰਾਜ ਪੱਧਰੀ ਫੁੱਟਬਾਲ ਟੂਰਨਾਮੈਂਟ ਦਾ ਸ਼ਾਨਦਾਰ ਉਦਘਾਟਨ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਕੀਤਾ ਗਿਆ।ਇਸ ਮੌਕੇ ਮਾਨਿਕ ਮਹਿਤਾ, ਚੇਅਰਮੈਨ ਮਾਰਕੀਟ ਕਮੇਟੀ ਬਟਾਲਾ ਵੀ ਮੌਜੂਦ ਸਨ। ਉਦਘਾਟਨੀ ਮੈਚ ਸੀਪੀਸੀ ਚੰਡੀਗੜ੍ਹ ਅਤੇ ਮੇਹਰ ਚੰਦ ਪੋਲੀਟੈਕਨਿਕ ਕਾਲਜ ਜਲੰਧਰ ਦੀਆਂ ਟੀਮਾਂ ਵਿਚਕਾਰ ਖੇਡਿਆ ਗਿਆ, ਜੋ ਮੇਹਰ ਚੰਦ ਕਾਲਜ ਦੀ ਟੀਮ ਨੇ ਜਿੱਤਿਆ।ਟੂਰਨਾਮੈਂਟ ਦੇ ਦੂਸਰੇ ਮੈਚ ਦੀ ਸ਼ੁਰੂਆਤ ਮਾਰਕੀਟ ਕਮੇਟੀ ਬਟਾਲਾ ਦੇ ਚੇਅਰਮੈਨ ਮਾਨਿਕ ਮਹਿਤਾ ਵੱਲੋਂ ਕੀਤੀ ਗਈ।ਇਹ ਮੈਚ ਬਹੁਤ ਹੀ ਰੋਚਕ ਸੀ, ਜਿਸ ਵਿਚ ਸਰਕਾਰੀ ਬਹੁਤਕਨੀਕੀ ਕਾਲਜ ਬਟਾਲਾ ਨੇ ਰਾਮਗੜ੍ਹੀਆ ਪੋਲੀਟੈਕਨਿਕ ਫਗਵਾੜਾ ਦੀ ਟੀਮ ਨੂੰ 9-0 ਨਾਲ ਹਰਾ ਕੇ ਜਿੱਤਿਆ।30 ਅਕਤੂਬਰ ਨੂੰ ਸਮਾਪਤੀ ਸਮਾਰੋਹ ਦੌਰਾਨ ਯੂਕੋ ਬੈਂਕ ਦੇ ਜ਼ੋਨਲ ਹੈੱਡ ਰਾਹੁਲ ਰੰਜਨ ਵੱਲੋਂ ਜੇਤੂ ਟੀਮਾਂ ਨੂੰ ਮੈਡਲ ਤੇ ਸਰਟੀਫਿਕੇਟ ਪ੍ਰਦਾਨ ਕੀਤੇ ਜਾਣਗੇ।ਇਸ ਮੌਕੇ ਆਈ.ਟੀ.ਆਈ. ਬਟਾਲਾ ਦੇ ਪ੍ਰਿੰਸੀਪਲ ਸਤਵੰਤ ਸਿੰਘ ਬੇਦੀ, ਜ਼ਿਲਾ ਲੋਕ ਸੰਪਰਕ ਅਫਸਰ ਹਰਜਿੰਦਰ ਸਿੰਘ ਕਲਸੀ, ਸੰਜੀਵ ਕੁਮਾਰ, ਕਾਲਜ ਦੇ ਸੇਵਾਮੁਕਤ ਪ੍ਰਿੰਸੀਪਲ ਬਲਵਿੰਦਰ ਸਿੰਘ, ਪਰਮਜੀਤ ਸਿੰਘ, ਅਬਜ਼ਰਵਰ ਬਿਕਰਮਜੀਤ ਸਿੰਘ ਤੋਂ ਇਲਾਵਾ ਬਟਾਲਾ ਕਾਲਜ ਦੇ ਵਿਭਾਗੀ ਇੰਚਾਰਜ ਅਤੇ ਸਟਾਫ ਵਿਜੇ ਮਨਿਹਾਸ, ਸ਼ਿਵਰਾਜਨ ਪੁਰੀ, ਹਰਜਿੰਦਰਪਾਲ ਸਿੰਘ, ਰੇਖਾ, ਬਲਵਿੰਦਰ ਸਿੰਘ, ਅਤੀਸ਼ ਕੁਮਾਰ, ਸਪੋਰਟਸ ਅਫਸਰ ਜਗਦੀਪ ਸਿੰਘ, ਜਸਬੀਰ ਸਿੰਘ, ਡਾ. ਸਨਿਮਰਜੀਤ ਕੌਰ, ਸ਼ਾਲਿਨੀ ਮਹਾਜਨ, ਸਾਹਿਬ ਸਿੰਘ, ਅੰਗਦ ਪ੍ਰੀਤ ਸਿੰਘ, ਨਵਜੋਤ ਸਲਾਰੀਆ, ਸੁਖਵਿੰਦਰ ਸਿੰਘ, ਰੋਹਿਤ ਵਾਡਰਾ, ਦਫਤਰ ਸੁਪਰਡੈਂਟ ਹਰਪਾਲ ਸਿੰਘ ਭਾਮੜੀ, ਤੇਜ ਪ੍ਰਤਾਪ ਸਿੰਘ ਕਾਹਲੋਂ, ਸਚਿਨ ਅਠਵਾਲ, ਰੰਜੂ ਓਹਰੀ, ਹਰਜਿੰਦਰ ਕੌਰ, ਕਮਲਜੀਤ ਕੌਰ, ਰਜਨੀਤ ਮੱਲੀ, ਸਤਿੰਦਰ ਕੌਰ, ਕੁਲਵਿੰਦਰ ਕੌਰ, ਰਮਨਦੀਪ ਸਿੰਘ, ਅਤੁਲ ਅਤੇ ਡਾ. ਗੁਲਜਾਰ ਸਿੰਘ ਸਮੇਤ ਕਈ ਹੋਰ ਸ਼ਖਸੀਅਤਾਂ ਵੀ ਹਾਜ਼ਰ ਸਨ।



## ਲੋੜਵੰਦ ਲੜਕੀਆਂ ਦੀ ਸਹਾਇਤਾ ਲਈ ਪੁਸਤਕਾਂ, ਸਟੇਸ਼ਨਰੀ ਅਤੇ ਹੋਰ ਸਮੱਗਰੀ ਭੇਟ

ਅੰਮ੍ਰਿਤਸਰ (ਅਰੋੜਾ): ਏ. ਆਈ. ਸੀ. ਈ. ਸੋਸਾਇਟੀ ਰਜਿ. ਵੱਲੋਂ ਆਪਣੇ ਸਮਾਜ ਭਲਾਈ ਕੰਮਾਂ ਨੂੰ ਅੱਗੇ ਵਧਾਉਂਦੇ ਹੋਏ ਕਲੱਬ ਦੇ ਪੈਟਰਨ ਰਸਜੀਤ ਸਿੰਘ ਖੇੜਾ, ਚੀਫ਼ ਐਡਵਾਈਜ਼ਰ ਵਿਜੇ ਭਸੀਨ, ਮਹਾ ਮੀਤ ਪ੍ਰਧਾਨ ਸੰਜੇ ਮਲਿਕ ਦੀ ਦੇਖ ਰੇਖ ਵਿੱਚ ਲੋੜਵੰਦ ਪਰਿਵਾਰਾਂ ਦੀਆਂ ਬੇਟੀਆਂ ਦੀ ਸਹਾਇਤਾ ਲਈ ਇੱਕ ਖਾਸ ਪ੍ਰਾਜੈਕਟ ਨੂੰ ਅੰਜਾਮ ਦਿੱਤਾ ਗਿਆ ਜਿਸਦੇ ਚੱਲਦੇ ਸੋਸਾਇਟੀ ਦੇ ਸੈਂਟਰ ਵਿੱਚ ਸਿੱਖਿਆ ਪ੍ਰਾਪਤ ਕਰਨ ਵਾਲੀਆਂ ਕੁੱਝ ਲੋੜਵੰਦ ਲੜਕੀਆਂ ਦੀ ਸਹਾਇਤਾ ਕੀਤੀ ਗਈ ਜਿਸ ਵਿੱਚ ਉਨ੍ਹਾਂ ਨੂੰ ਪੁਸਤਕਾਂ, ਸਟੇਸ਼ਨਰੀ ਅਤੇ ਖਾਣ ਪੀਣ ਦੀ ਸਮੱਗਰੀ ਭੇਟ ਕੀਤੀ ਗਈ।ਸੈਂਟਰ ਦੀ ਮੁੱਖ ਅਧਿਆਪਕਾ ਕਮਲਦੀਪ ਕੌਰ ਨੇ ਅਹੁਦੇਦਾਰਾਂ ਨੂੰ ਦੱਸਿਆ ਕਿ ਸੈਂਟਰ ਵਿਚ ਕੁੱਝ ਅਜਿਹੀਆਂ ਲੜਕੀਆਂ ਵੀ ਸਿੱਖਿਆ ਲਈ ਆ ਰਹੀਆਂ ਹਨ ਜਿਨ੍ਹਾਂ ਦੇ ਕੋਲ ਪੁਸਤਕਾਂ ਅਤੇ ਸਿੱਖਿਆ ਸੰਬੰਧੀ ਸਮੱਗਰੀ ਨਹੀਂ ਹੈ। ਏ. ਆਈ. ਸੀ. ਈ. ਸੋਸਾਇਟੀ ਦੇ




ਅਹੁਦੇਦਾਰਾਂ ਨੇ ਉਨ੍ਹਾਂ ਲੋੜਵੰਦ ਲੜਕੀਆਂ ਦੀ ਸਹਾਇਤਾ ਲਈ ਉਨ੍ਹਾਂ ਨੂੰ ਪੁਸਤਕਾਂ, ਸਟੇਸ਼ਨਰੀ ਅਤੇ ਹੋਰ ਸਮੱਗਰੀ ਮੁਹੱਈਆ ਕਰਵਾਈ। ਲੜਕੀਆਂ ਦੇ ਮਾਤਾ ਪਿਤਾ ਨੇ ਸੋਸਾਇਟੀ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਦਾ ਧੰਨਵਾਦ ਕੀਤਾ।ਇਸ ਮੌਕੇ ਸੋਸਾਇਟੀ ਦੇ ਹੋਰ ਮੈਂਬਰ ਜਿਨ੍ਹਾਂ ਵਿੱਚ ਡਾ. ਕੁਲਦੀਪ ਸਿੰਘ ਅਰੋੜਾ, ਡਾ. ਜਸਪ੍ਰੀਤ ਗ੍ਰੋਵਰ, ਇੰਜੀ. ਅਸ਼ੋਕ ਸ਼ਰਮਾ, ਯਸ਼ਪਾਲ ਅਰੋੜਾ, ਰਾਜੇਸ਼ ਪ੍ਰਭਾਕਰ , ਡਾ. ਰਾਕੇਸ਼ ਅਰੋੜਾ, ਡਾ. ਰਮਨ ਗੁਪਤਾ, ਸੁਭਾਸ਼ ਅਰੋੜਾ, ਜਸਪਾਲ ਸਿੰਘ ਲੰਬ, ਇੰਜੀ. ਪਰਮੀਤ ਸਿੰਘ, ਮਨਿੰਦਰ ਕੌਰ ਸਹਿਤ ਭਾਰੀ ਗਿਣਤੀ ਵਿੱਚ ਸੋਸਾਇਟੀ ਮੈਂਬਰ ਮੌਜੂਦ ਸਨ।

## ਨਗਰ ਨਿਗਮ ਦੀ ਅਣਗਹਿਲੀ ਕਾਰਨ ਸ਼ਹਿਰ 'ਚ ਥਾਂ-ਥਾਂ ਲੱਗੇ ਕੂੜੇ ਦੇ ਢੇਰ : ਰੋਮੀ ਚੋਪੜਾ

ਛੇਹਰਟਾ, (ਮਨੋਜ ਕੁਮਾਰ): ਨਗਰ ਨਿਗਮ, ਅੰਮ੍ਰਿਤਸਰ ਸ਼ਹਿਰ ਦੀ ਸਫ਼ਾਈ ਸਬੰਧੀ ਵੱਡੇ-ਵੱਡੇ ਦਾਅਵੇ ਕਰ ਰਿਹਾ ਹੈ, ਪ੍ਰੰਤੂ ਦੂਜੇ ਪਾਸੇ ਸ਼ਹਿਰ ਵਿਚ ਥਾਂ-ਥਾਂ 'ਤੇ ਪਿਆ ਕੂੜਾ ਨਿਗਮ ਦੀ ਪੋਲ ਖੋਲ੍ਹ ਰਿਹਾ ਹੈ। ਅੰਦਰੂਨੀ ਗੇਟ ਖ਼ਜ਼ਾਨਾ ਸਟੇਟ ਬੈਂਕ ਆਫ ਇੰਡੀਆ ਨੇੜੇ ਲੱਗੇ ਕੂੜੇ ਦੇ ਢੇਰ ਨੂੰ ਦਿਖਾਉਂਦੇ ਹੋਏ ਕਟੜਾ ਭਾਈ ਸੰਤ ਸਿੰਘ ਦੇ ਭਾਜਪਾ ਮੰਡਲ ਪ੍ਰਧਾਨ ਰੋਮੀ ਚੋਪੜਾ ਨੇ ਕਿਹਾ ਕਿ ਨਗਰ ਨਿਗਮ ਪ੍ਰਸ਼ਾਸਨ ਦੀ ਅਣਗਹਿਲੀ ਕਾਰਨ ਸ਼ਹਿਰ ਵਿਚ 15-15, 20-20 ਦਿਨਾਂ ਤੋਂ ਕੂੜਾ ਨਹੀਂ ਚੁੱਕਿਆ ਜਾ ਰਿਹਾ, ਜਿਸ ਕਾਰਨ ਗੰਦਗੀ ਫੈਲ ਰਹੀ ਹੈ। ਉਨ੍ਹਾਂ ਦੱਸਿਆ ਕਿ ਕਟੜਾ ਭਾਈ ਸੰਤ ਸਿੰਘ ਸ਼ਹਿਰ ਦੇ ਪ੍ਰਮੁੱਖ ਬਜ਼ਾਰਾਂ ਵਿਚ ਗਿਣਿਆ ਜਾਂਦਾ ਹੈ ਤੇ ਵੱਡੀ ਗਿਣਤੀ ਵਿਚ ਲੋਕ ਖਰੀਦਦਾਰੀ ਲਈ ਇਸ ਬਾਜ਼ਾਰ ਵਿਚੋਂ ਲੰਘਦੇ ਹਨ ਪਰ ਨਗਰ ਨਿਗਮ ਨੇ ਇਸ ਨੂੰ ਕੂੜੇ ਦਾ ਡੰਪ ਬਣਾ ਕੇ ਰੱਖ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਗਲੀ ਗੁੱਜਰਾ, ਕਟੜਾ ਦੂਲੋ ਦੇ ਲੋਕਾਂ ਦੀ ਸ਼ਿਕਾਇਤ ਹੈ ਕਿ ਇਲਾਕੇ ਵਿਚ ਗੰਦਗੀ ਕਾਰਨ ਦੁਕਾਨਦਾਰਾਂ ਨੂੰ ਆਪਣੀਆਂ ਦੁਕਾਨਾਂ ਵਿਚ ਬੈਠਣਾ ਔਖਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਸ਼ਹਿਰ ਨੂੰ ਸ੍ਰੀ ਗੁਰੂ ਰਾਮਦਾਸ ਜੀ ਨੇ ਵਸਾਇਆ ਸੀ। ਲੋਕ ਇਸ ਪਵਿੱਤਰ ਸ਼ਹਿਰ ਨੂੰ ਗੁਰੂ ਦੀ ਨਗਰੀ ਤੇ ਸਿਫ਼ਤੀ ਦਾ ਘਰ ਕਹਿੰਦੇ ਹਨ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਦੇ ਕਾਰਜਕਾਲ ਵਿਚ ਸਿਰਫ਼ ਇਕ ਸਾਲ ਦਾ ਸਮਾਂ ਬਚਿਆ ਹੈ ਅਤੇ ਸਰਕਾਰ ਨੂੰ ਚਾਹੀਦਾ ਹੈ ਕਿ ਬਾਕੀ ਰਹਿੰਦੇ ਸਮੇਂ ਵਿਚ ਸ਼ਹਿਰ ਵਿਚ ਸਾਫ਼-ਸਫ਼ਾਈ ਦਾ ਪ੍ਰਬੰਧ ਕਰਕੇ ਆਪਣਾ ਫਰਜ਼ ਪੂਰਾ ਕਰੇ। ਚੋਪੜਾ ਨੇ ਨਗਰ ਨਿਗਮ ਕਮਿਸ਼ਨਰ ਨੂੰ ਅਪੀਲ ਕੀਤੀ ਹੈ ਕਿ ਪਵਿੱਤਰ ਨਗਰੀ ਦੀ ਸਾਫ਼-ਸਫ਼ਾਈ ਵੱਲ ਤੁਰੰਤ ਧਿਆਨ ਦਿੱਤਾ ਜਾਵੇ, ਨਹੀਂ ਤਾਂ ਭਾਜਪਾ ਵਰਕਰ ਕਟੜਾ ਭਾਈ ਸੰਤ ਸਿੰਘ ਚੌਕ ਵਿਚ ਧਰਨਾ ਦੇਣ ਲਈ ਮਜਬੂਰ ਹੋਣਗੇ। ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਰਾਜੇਸ਼ ਮਹਿਤਾ, ਹੇਮੰਤ ਮਹਿਰਾ, ਰਮਨ ਕਪੂਰ, ਅਨਿਲ ਖੰਨਾ, ਅਨਿਲ ਮਹਿਰਾ, ਸ਼ਿਵ ਕੁਮਾਰ, ਅਜੈ ਯੋਗਾ, ਸੰਨੀ ਚੱਢਾ, ਮਨਪ੍ਰੀਤ ਆਦਿ ਹਾਜ਼ਰ ਸਨ।



## ਸੁਖਪ੍ਰੀਤ ਕੌਰ ਅਤੇ ਲਵਪ੍ਰੀਤ ਸੰਧੂ ਨੇ ਧਾਰਮਿਕ ਪ੍ਰੀਖਿਆ 'ਚ ਮਾਰੀਆਂ ਮੱਲਾਂ



ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਦੀਆਂ ਵਿਦਿਆਰਥਣਾਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ਼੍ਰੀ ਅੰਮ੍ਰਿਤਸਰ ਸਾਹਿਬ ਦੁਆਰਾ ਲਈ ਗਈ ਧਾਰਮਿਕ ਪ੍ਰੀਖਿਆ (ਦਰਜਾ ਦੂਜਾ) ਦੌਰਾਨ ਪੂਰੇ ਭਾਰਤ ਭਰ ਵਿੱਚੋਂ ਦੂਸਰਾ ਅਤੇ ਤੀਸਰਾ ਸਥਾਨ ਹਾਸਲ ਕਰਕੇ ਸਕੂਲ ਦੇ ਮਾਣ ਵਿੱਚ ਵਾਧਾ ਕੀਤਾ ਹੈ। ਇਸ ਸਬੰਧੀ ਖ਼ੁਸ਼ੀ ਜ਼ਾਹਿਰ ਕਰਦਿਆਂ ਸਕੂਲ ਦੇ ਪ੍ਰਿੰਸੀਪਲ ਐੱਸ. ਬੀ. ਨਾਯਰ ਅਤੇ ਪ੍ਰਬੰਧਕ ਨਵਦੀਪ ਕੌਰ ਤੇ ਕੁਲਦੀਪ ਕੌਰ ਨੇ ਦੱਸਿਆ ਕਿ ਲਗਭਗ 60 ਹਜ਼ਾਰ ਵਿਦਿਆਰਥੀਆਂ ਨੇ ਇਹ ਧਾਰਮਿਕ ਪ੍ਰੀਖਿਆ ਦਿੱਤੀ। ਇਸ ਪ੍ਰੀਖਿਆ ਵਿੱਚੋਂ ਸੇਂਟ ਕਬੀਰ ਸਕੂਲ ਦੀ ਬਾਰ੍ਹਵੀਂ ਜਮਾਤ ਦੀ ਵਿਦਿਆਰਥਣ ਸੁਖਪ੍ਰੀਤ ਕੌਰ ਸਪੁੱਤਰੀ ਸਿਮਰਨ ਸਿੰਘ ਵਾਸੀ ਕੋਟ ਟੋਡਰਮੱਲ ਨੇ ਪੂਰੇ ਭਾਰਤ ਭਰ ਤੋਂ ਦੂਸਰਾ ਸਥਾਨ ਲੈ ਕੇ 4100 ਰੁਪਏ ਨਕਦ ਰਾਸ਼ੀ ਦਾ ਇਨਾਮ ਅਤੇ ਲਵਪ੍ਰੀਤ ਸੰਧੂ ਸਪੁੱਤਰੀ ਗੁਰਤੇਜ ਸਿੰਘ ਵਾਸੀ ਖਾਰਾ ਨੇ ਤੀਸਰਾ ਸਥਾਨ ਲੈ ਕੇ 3100 ਰੁਪਏ ਦੀ ਨਕਦ ਰਾਸ਼ੀ ਤੇ ਸਨਮਾਨ ਚਿੰਨ੍ਹ ਪ੍ਰਾਪਤ ਕਰਕੇ ਆਪਣੇ ਮਜ਼ਬੂਤ ਸੰਕਲਪ ਦਾ ਸਬੂਤ ਦਿੱਤਾ ਹੈ। ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਨਾਯਰ, ਪ੍ਰਬੰਧਕ ਮੈਂਬਰਾਂ ਅਤੇ ਸਟਾਫ ਮੈਂਬਰਾਂ ਨੇ ਇਨ੍ਹਾਂ ਵਿਦਿਆਰਥਣਾਂ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਮਿਹਨਤ ਤੇ ਕਾਮਯਾਬੀ ਲਈ ਵਧਾਈ ਦਿੱਤੀ। ਪ੍ਰਿੰਸੀਪਲ ਨਾਯਰ ਅਤੇ ਪ੍ਰਬੰਧਕਾਂ ਨੇ ਇਨ੍ਹਾਂ ਹੋਣਹਾਰ ਵਿਦਿਆਰਥਣਾਂ ਨੂੰ ਹਮੇਸ਼ਾ ਪੜ੍ਹਾਈ ਦੇ ਨਾਲ- ਨਾਲ ਧਾਰਮਿਕ ਸਿੱਖਿਆ ਵਿੱਚ ਇਸੇ ਤਰ੍ਹਾਂ ਮਜ਼ਬੂਤੀ ਬਣਾਈ ਰੱਖਣ ਤੇ ਧਰਮ ਤੇ ਵਿਰਸੇ ਨੂੰ ਸਾਂਭਣ ਦੀ ਪ੍ਰੇਰਨਾ ਦਿੱਤੀ।

## 'ਆਪ' ਸਰਕਾਰ ਕਿਸਾਨਾਂ ਦੇ ਦਰਦ ਨੂੰ ਸਮਝ ਨਹੀਂ ਸਕੀ: ਏਆਰ, ਬ੍ਰਹਮਪੁਰਾ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)- ਤਰਨਤਾਰਨ ਦੀ ਹੋ ਰਹੀ ਜਿਮਨੀ ਚੋਣ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਬੀਬੀ ਸੁਖਵਿੰਦਰ ਕੌਰ ਰੰਧਾਵਾ ਪ੍ਰਿੰਸੀਪਲ ਦੇ ਹੱਕ ਵਿੱਚ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਇੰਚਾਰਜ ਅਤੇ ਸੀਨੀਅਰ ਯੂਥ ਆਗੂ ਸੰਦੀਪ ਸਿੰਘ ਏਆਰ ਅਤੇ ਹਲਕਾ ਖਡੂਰ ਸਾਹਿਬ ਦੇ ਇੰਚਾਰਜ ਰਵਿੰਦਰ ਸਿੰਘ ਬ੍ਰਹਮਪੁਰਾ ਵੱਲੋਂ ਆਪਣੇ ਸਾਥੀਆਂ ਨਾਲ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਚੋਣ ਪ੍ਰਚਾਰ ਕਰਦਿਆਂ ਬੀਬੀ ਸੁਖਵਿੰਦਰ ਕੌਰ ਨੂੰ ਵੱਡੀ ਲੀਡ ਨਾਲ ਜਤਾਉਣ ਦੀ ਅਪੀਲ ਕੀਤੀ। ਵੱਖ-ਵੱਖ ਚੋਣ ਮੀਟਿੰਗਾਂ ਨੂੰ ਸੰਬੋਧਨ ਕਰਦੀਆਂ ਏਆਰ ਅਤੇ ਬ੍ਰਹਮਪੁਰਾ ਨੇ ਕਿਹਾ ਕਿ ਜਦੋਂ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਹੋਂਦ ਵਿੱਚ ਆਈ ਹੈ ਉਸ ਦਿਨ ਤੋਂ ਹੀ ਮੁੱਖ ਮੰਤਰੀ ਅਤੇ ਇਸ ਦੇ ਮੰਤਰੀਆਂ ਨੂੰ ਪੰਜਾਬ ਦੀ ਫਿਕਰ ਘੱਟ ਅਤੇ ਦਿੱਲੀ ਵਾਲਿਆਂ ਦੀ ਫਿਕਰ ਵੱਧ ਹੈ। ਸਰਕਾਰ ਬਣਨ ਤੋਂ ਬਾਅਦ ਅੱਜ ਤੱਕ ਪੰਜਾਬ ਦੇ ਮੁੱਖ ਮੰਤਰੀ ਅਤੇ ਮੰਤਰੀ ਦਿੱਲੀ ਬੈਠੇ ਆਪਣੇ



ਆਕਾਵਾਂ ਨੂੰ ਖੁਸ਼ ਕਰਨ ਤੂੰ ਇਲਾਵਾ ਹੋਰ ਕੁਝ ਨਹੀਂ ਕਰ ਰਹੇ। ਉਨ੍ਹਾਂ ਕਿਹਾ ਕਿ ਸਰਕਾਰ ਦੀ ਸਭ ਤੋਂ ਵੱਡੀ ਨਾਕਾਮੀ ਇਹ ਹੈ ਕਿ ਪੰਜਾਬ ਦੇ ਅੰਨਦਾਤਾ ਕਿਸਾਨ ਜੋ ਪਿਛਲੇ ਦਿਨੀਂ ਹੜ੍ਹਾਂ ਦੇ ਕਾਰਨ ਅਨੇਕਾਂ ਹੀ ਮੁਸ਼ਕਲਾਂ ਦੇ ਨਾਲ ਜੂਝ ਰਹੇ ਹਨ, ਦੇ ਦੁੱਖ ਦਰਦ ਨੂੰ ਸਮਝਣ ਵਿੱਚ ਸਰਕਾਰ ਨਾਕਾਮ ਰਹੀ ਹੈ। ਇਸ ਮੌਕੇ ਪ੍ਰਿੰਸੀਪਲ ਰਾਜਵਿੰਦਰ ਸਿੰਘ ਖਹਿਰਾ, ਚੇਅਰਮੈਨ ਮਨਜੀਤ ਸਿੰਘ ਤਰਸਿਕਾ, ਸਰਕਲ ਪ੍ਰਧਾਨ ਸੁਰਿੰਦਰ ਪਾਲ ਸਿੰਘ, ਜਸ ਵਰਪਾਲ, ਸੁਖਜਿੰਦਰ ਸਿੰਘ ਵਰਪਾਲ, ਯੂਥ ਆਗੂ ਕੰਵਰਦੀਪ ਸਿੰਘ ਬ੍ਰਹਮਪੁਰਾ ਆਦ ਆਗੂ ਵੀ ਹਾਜ਼ਰ ਸਨ ।

## ਤਲਬੀਰ ਗਿੱਲ ਨੇ ਹਰੀਆਂ ਵਿਖੇ ਜਨਸਭਾ ਕਰਕੇ ਆਪ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਕਰਵਾਇਆ ਜਾਣੂ

ਮਜੀਠਾ (ਸੋਇਮ ਆਨੰਦ)-ਆਮ ਆਦਮੀ ਪਾਰਟੀ (ਆਪ) ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਹਲਕੇ ਦੇ ਪਿੰਡ ਹਰੀਆਂ ਵਿਖੇ ਇੱਕ ਵਿਸ਼ਾਲ ਜਨਸਭਾ ਕੀਤੀ।ਸੈਂਕੜੇ ਲੋਕਾਂ ਨੇ ਹਾਜ਼ਰੀ ਲਗਾਈ।ਇਸ ਮੌਕੇ ਤਲਬੀਰ ਗਿੱਲ ਨੇ ਪਾਰਟੀ ਦੀਆਂ ਮੁੱਖ ਪ੍ਰਾਪਤੀਆਂ ਗਿਣਾਉਂਦਿਆਂ ਕਿਹਾ ਕਿ ਮੁਫ਼ਤ ਬਿਜਲੀ ਅਤੇ ਪਾਣੀ ਦੀ ਸਪਲਾਈ ਨੇ ਘਰ-ਘਰ ਵਿੱਚ ਖੁਸ਼ਹਾਲੀ ਲਿਆਂਦੀ ਹੈ।24 ਘੰਟੇ ਪਾਣੀ ਦੀ ਸਪਲਾਈ ਨੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਪਾਣੀ ਦੀ ਕਮੀ ਦੀ ਸਮੱਸਿਆ ਨੂੰ ਹੱਲ ਕੀਤਾ ਹੈ। ਆਪ ਨੇ ਸਿੱਖਿਆ ਅਤੇ ਸਿਹਤ ਖੇਤਰ ਵਿੱਚ ਵੀ ਕ੍ਰਾਂਤੀ ਲਿਆਈ ਹੈ।ਇਸ ਤੋਂ ਇਲਾਵਾ, ਬਜ਼ੁਰਗਾਂ ਲਈ ਮੁਫ਼ਤ ਇਲਾਜ ਅਤੇ ਯੁਵਾਕਾਂ ਲਈ ਰੁਜ਼ਗਾਰ ਦੇ ਮੌਕੇ ਵਧਾਏ ਗਏ ਹਨ।ਪੰਜਾਬ ਦੇ ਲੋਕਾਂ ਨੇ ਆਪ ਨੂੰ ਚੁਣ ਕੇ ਇੱਕ ਨਵਾਂ ਪੰਜਾਬ ਬਣਾਇਆ ਹੈ, ਜਿੱਥੇ ਹਰ ਵਰਗ ਨੂੰ ਨਿਆਂ ਮਿਲ ਰਿਹਾ ਹੈ।ਅਸੀਂ ਵਚਨਬੱਧ ਹਾਂ ਕਿ ਭਵਿੱਖ ਵਿੱਚ ਵੀ ਇਹ ਪ੍ਰਾਪਤੀਆਂ ਵਧਾਈਆਂ ਗਈਆਂ ਅਤੇ ਹਲਕਾ ਮਜੀਠਾ ਵਿੱਚ ਵਿਕਾਸ ਅਤੇ ਸੜਕਾਂ ਦੇ ਜਾਲ ਵਿਛਾਏ ਜਾ ਰਹੇ ਹਨ ਅਤੇ ਜਲਦੀ ਹੀ ਹਲਕਾ ਮਜੀਠਾ ਨਵੇਂ ਪੰਜਾਬ ਦਾ ਹਿੱਸਾ ਬਣੇਗਾ।ਇਸ ਮੌਕੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨਾਲ ਸਿਆਸੀ ਸਕੱਤਰ ਬਲਜਿੰਦਰ ਸਿੰਘ,



ਸਾਬਕਾ ਸਰਪੰਚ ਮਲਕੀਤ ਸਿੰਘ, ਸਰਪੰਚ ਲਖਵਿੰਦਰ ਸਿੰਘ ਬੇਗੇਵਾਲ, ਹਰ ਸੁਖਜੀਤ ਸਿੰਘ ਮਾਲਟੂ, ਪੰਚ ਤਿਲਕ ਰਾਜ, ਪੰਚ ਰਛਪਾਲ ਸਿੰਘ, ਪੰਚ ਪ੍ਰਿਤਪਾਲ ਸਿੰਘ, ਸਾਬਕਾ ਪੰਚ ਕਪੂਰ ਸਿੰਘ, ਕੁਲਦੀਪ ਸਿੰਘ ਵਿੱਕੀ, ਨੰਬਰਦਾਰ ਰਾਜਵਿੰਦਰ ਸਿੰਘ, ਹਰਪ੍ਰੀਤ ਸਿੰਘ, ਚਮਕੌਰ ਸਿੰਘ, ਧਰਮਿੰਦਰ ਸਿੰਘ, ਹਰਭਾਲ ਸਿੰਘ, ਹਰਜਿੰਦਰ ਸਿੰਘ,ਨਵਨੀਤ ਸਿੰਘ, ਸੁਖਦੇਵ ਸਿੰਘ, ਸਾਜਨ ਸਿੰਘ, ਬਲਕਾਰ ਸਿੰਘ, ਸ਼ਮਸ਼ੇਰ ਸਿੰਘ, ਰਵੀਕਰਨ ਸਿੰਘ, ਹਰਕਿਰਨ ਸਿੰਘ, ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਪ ਵਰਕਰ ਹਾਜ਼ਰ ਸਨ।

30-Oct-PAGE-12.qxd 10/29/2025 11:20 PM Page 1



## ਜਨਮ ਦਿਨ ਮੁਬਾਰਕ



ਰਹਿਮਤ ਸਹਿਗਲ
ਗੁਰੂ ਹਰਸਹਾਏ



ਜਸਨੂਰ ਸਿੰਘ ਵਲਜੋਤ
ਪਿੰਡ ਅਸਮਾਨਪੁਰ

# ਬਲਾਕ ਪੱਧਰੀ ਖੇਡਾਂ 'ਚ ਆਦਰਸ਼ ਸਕੂਲ ਨੇ ਵਿਲੱਖਣ ਪਛਾਣ ਬਣਾਈ



**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਗੁਰੂ ਨਗਰੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਧਰਤੀ 'ਤੇ ਸਥਾਪਤ ਨਾਮਵਰ ਵਿਦਿਅਕ ਸੰਸਥਾ ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ, ਲੋਧੀਪੁਰ ਨੇ ਸਿਰਫ਼ ਅਕਾਦਮਿਕ ਖੇਤਰ ਦੇ ਨਾਲ ਖੇਡਾਂ ਵਿੱਚ ਵੀ ਆਪਣੀ ਵਿਲੱਖਣ ਪਛਾਣ ਬਣਾਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅਧਿਆਪਕ ਅਮਰਜੀਤ ਸਿੰਘ, ਗਗਨ ਕੁਮਾਰ ਅਤੇ ਵਰੁਣ ਕੁਮਾਰ ਨੇ ਦੱਸਿਆ ਕਿ ਮਾਨਯੋਗ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਜੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਚਲ ਰਹੀਆਂ ਖੇਡਾਂ ਵਿੱਚ ਵੱਖ-ਵੱਖ ਸਕੂਲਾਂ ਦੇ ਕਲਸਟਰ ਪੱਧਰੀ ਮੁਕਾਬਲੇ ਦੇ ਬਾਵਜੂਦ ਆਦਰਸ਼ ਸਕੂਲ ਲੋਧੀਪੁਰ ਦੇ ਵਿਦਿਆਰਥੀ ਸੰਜਨਾਦੀਪ ਕੌਰ 100 ਮੀਟਰ ਅਤੇ 200 ਮੀਟਰ ਦੌੜ ਵਿੱਚ ਗੋਲਡ ਮੈਡਲ। ਲੜਕਿਆਂ ਦੀ 400 ਮੀਟਰ ਰਿਲੇ ਦੌੜ ਟੀਮ ਗੋਲਡ ਮੈਡਲ ਅਤੇ ਲਕਸ਼ਦੀਪ ਸਿੰਘ ਸ਼ਾਟ ਪੁੱਟ ਵਿੱਚ ਤੀਸਰਾ ਸਥਾਨ। ਸਕੂਲ ਦੇ ਇੰਚਾਰਜ਼ ਲੈਕ. ਚਰਨਜੀਤ ਸਿੰਘ ਅਤੇ ਸਮੂਹ ਸਟਾਫ ਵੱਲੋਂ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਵੀ ਖੁੱਲ੍ਹ ਕੇ ਸ਼ਲਾਘਾ ਕੀਤੀ। ਇਸ ਮੌਕੇ ਤੇ ਲੈਕ ਮੁਕੇਸ਼ ਕੁਮਾਰ, ਲੈਕ ਗੁਰਚਰਨ ਸਿੰਘ, ਲੈਕ ਸੋਹਨ ਸਿੰਘ ਚਾਹਲ, ਲੈਕ ਪਵਨ ਕੁਮਾਰ, ਲੈਕ ਬਲਕਾਰ ਸਿੰਘ , ਲੈਕ ਬਲਜੀਤ ਕੌਰ , ਲੈਕ ਰਜਨੀਸ਼ ਕੁਮਾਰ, ਤਪਿੰਦਰ ਕੌਰ ,ਹਰਸਿਮਰਨ ਸਿੰਘ, ਗੁਰਪ੍ਰੀਤ ਕੌਰ ,ਅਜਵਿੰਦਰ ਕੌਰ, ਕਮਲਜੀਤ ਕੌਰ, ਰੋਮਿਲ, ਪਰੇਹਾ, ਸੁਰਿੰਦਰ ਪਾਲ ਸਿੰਘ, ਕਮਲਪ੍ਰੀਤ ਸਿੰਘ, ਪ੍ਰਦੀਪ ਕੌਰ, ਸੰਦੀਪਾ ਰਾਣੀ ,ਦੀਪ ਸ਼ਿਖਾ, ਲਖਵੀਰ ਕੌਰ ,ਚਰਨਜੀਤ ਕੌਰ, ਨਿਰਮਲ ਕੌਰ, ਨੇਹਾ ਰਾਣੀ,ਰਮਾ ਕੁਮਾਰੀ, ਸ਼ਰਨਜੀਤ ਕੌਰ, ਰਜਨੀ, ਸੋਨੀਆ, ਗੁਰਪ੍ਰੀਤ ਕੌਰ, ਸੀਮਾ ਦੇਵੀ, ਜਸਵਿੰਦਰ ਕੌਰ, ਮਨੀਤਾ ਰਾਣੀ ਆਦਿ ਹਾਜ਼ਰ ਸਨ।

# ਮੋਦੀ ਦੇ ਦੌਰੇ ਨੂੰ 50 ਦਿਨ ਹੋ ਗਏ, ਹੜ੍ਹ ਰਾਹਤ ਪੈਕੇਜ ਕਿੱਥੇ ਹੈ : ਨੀਲ ਗਰਗ

**ਚੰਡੀਗੜ੍ਹ,(ਗੁਰਜੀਤ ਬਿੱਲਾ)**-ਆਮ ਆਦਮੀ ਪਾਰਟੀ (ਆਪ) ਦੇ ਸੀਨੀਅਰ ਬੁਲਾਰੇ ਨੀਲ ਗਰਗ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਤਿੱਖਾ ਹਮਲਾ ਬੋਲਦਿਆਂ ਉਨ੍ਹਾਂ 'ਤੇ ਹੜ੍ਹ ਪ੍ਰਭਾਵਿਤ ਪੰਜਾਬ ਪ੍ਰਤੀ ਪੂਰੀ ਤਰ੍ਹਾਂ ਉਦਾਸੀਨਤਾ ਦਾ ਦੋਸ਼ ਲਗਾਇਆ। ਉਨ੍ਹਾਂ ਨੇ 9 ਸਤੰਬਰ ਨੂੰ ਪੰਜਾਬ ਦੌਰੇ ਦੌਰਾਨ ਪ੍ਰਧਾਨ ਮੰਤਰੀ ਵੱਲੋਂ ਐਲਾਨੇ 1,600 ਕਰੋੜ ਰੁਪਏ ਦੇ ਰਾਹਤ ਪੈਕੇਜ ਨੂੰ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ।



ਮੰਗਲਵਾਰ ਨੂੰ ਇਕ ਬਿਆਨ ਰਾਹੀਂ ਨੀਲ ਗਰਗ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੇ ਪੰਜਾਬ ਦੌਰੇ ਨੂੰ 50 ਦਿਨ ਹੋ ਗਏ ਹਨ, ਉਨ੍ਹਾਂ ਨੇ ਤਬਾਹੀ ਦਾ ਹਵਾਈ ਸਰਵੇਖਣ ਕੀਤਾ, ਅਤੇ ਫਸਲਾਂ, ਪਸ਼ੂਆਂ, ਘਰਾਂ ਅਤੇ ਬੁਨਿਆਦੀ ਢਾਂਚੇ ਦੇ ਵੱਡੇ ਨੁਕਸਾਨ ਨੂੰ ਸਵੀਕਾਰ ਕੀਤਾ। ਉਨ੍ਹਾਂ ਨੇ 1,600 ਕਰੋੜ ਰੁਪਏ ਦੀ ਰਾਹਤ ਦਾ ਵਾਅਦਾ ਕੀਤਾ ਸੀ, ਪਰ ਅੱਜ ਤੱਕ ਇੱਕ ਵੀ ਰੁਪਿਆ ਪੰਜਾਬ ਤੱਕ ਨਹੀਂ ਪਹੁੰਚਿਆ।

# ਡੀ ਸੀ ਤੇ ਐੱਸ ਐੱਸ ਪੀ ਨੇ 350 ਸਾਲਾ ਸ਼ਹੀਦੀ ਸਮਾਗਮਾਂ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**



ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਦੇ ਸ਼ਤਾਬਦੀ ਸਮਾਗਮ ਸ੍ਰੀ ਅਨੰਦਪੁਰ ਸਾਹਿਬ ਵਿੱਚ ਬਹੁਤ ਹੀ ਸ਼ਰਧਾ ਨਾਲ ਵੱਡੇ ਪੱਧਰ ਤੇ ਮਨਾਏ ਜਾ ਰਹੇ ਹਨ, ਜਿਸ ਦੀਆਂ ਅਗਾਓ ਤਿਆਰੀਆਂ ਅਰੰਭ ਹੋ ਚੁੱਕੀਆਂ ਹਨ। ਸੰਗਤਾਂ ਦੀ ਵੱਡੇ ਪੱਧਰ ਤੇ ਆਮਦ ਨੂੰ ਧਿਆਨ ਵਿਚ ਰੱਖਦੇ ਹੋਏ ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਵਿਆਪਕ ਪ੍ਰਬੰਧ ਕੀਤੇ ਗਏ ਹਨ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਰੂਪਨਗਰ ਸ਼੍ਰੀ ਵਰਜੀਤ ਵਾਲੀਆ ਆਈ ਏ ਐੱਸ ਨੇ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਵਿੱਚ ਸ਼ਹੀਦੀ ਸ਼ਤਾਬਦੀ ਸਮਾਗਮਾਂ ਦੀਆਂ ਅਗਾਓ ਤਿਆਰੀਆ ਦਾ ਜਾਇਜ਼ਾ ਲੈਣ ਉਪਰੰਤ ਦਿੱਤੀ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਸਮਾਗਮਾਂ ਲਈ ਵਿਆਪਕ ਪੱਧਰ ਤੇ ਤਿਆਰੀਆਂ ਕੀਤੀਆ ਜਾ ਰਹੀਆਂ ਹਨ। ਇਨ੍ਹਾਂ ਸਮਾਗਮਾਂ ਵਿਚ ਸ਼ਰਧਾਲੂਆਂ ਦੇ ਵੱਡੀ ਗਿਣਤੀ ਵਿਚ ਪਹੁੰਚਣ ਦੀ ਸੰਭਾਵਨਾ ਹੈ। ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਪਿਛਲੇ ਲਗਭਗ ਦੋ ਮਹੀਨੇ ਤੋਂ ਇਸ ਸਬੰਧ ਵਿਚ ਤਿਆਰੀਆਂ ਕੀਤੀਆ ਜਾ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਅਤੇ ਸ਼ਹਾਦਤ ਨੂੰ ਦਰਸਾਉਦੇ ਰੋਸ਼ਨੀ ਅਤੇ ਅਵਾਜ਼ ਦੇ ਪ੍ਰੋਗਰਾਮ ਸਥਾਨਕ ਚਰਨ ਗੰਗਾ ਸਟੇਡੀਅਮ ਵਿਚ ਕਰਵਾਏ ਜਾਣਗੇ, ਜਿਸ ਵਿੱਚ ਲਗਭਗ 25 ਹਜ਼ਾਰ ਸੰਗਤ ਦੇ ਪਹੁੰਚਣ ਦੀ ਸੰਭਾਵਨਾ ਹੈ। ਗੁਰੂ ਨਗਰੀ ਵਿੱਚ 23 ਤੋਂ 25 ਨਵੰਬਰ ਤੱਕ ਲੜੀਵਾਰ ਵਿਆਪਕ ਪੱਧਰ ਤੇ ਧਾਰਮਿਕ ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਥਾਨਕ ਚਰਨ ਗੰਗਾ ਸਟੇਡੀਅਮ ਜਿੱਥੇ ਰੋਸ਼ਨੀ ਅਤੇ ਆਵਾਜ ਰਾਹੀ ਹਿੰਦੀ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਅਤੇ ਸ਼ਹਾਦਤ ਨੂੰ ਦਰਸਾਇਆ ਜਾਵੇਗਾ, ਉਸ ਸਥਾਨ ਤੇ ਸਾਫ ਸਫਾਈ ਦਾ ਕੰਮ ਵੱਡੇ ਪੱਧਰ ਤੇ ਚੱਲ ਰਿਹਾ ਹੈ। ਸੰਗਤਾਂ ਦੀ ਸਹੂਲਤ ਲਈ ਚਰਨ ਗੰਗਾ ਸਟੇਡੀਅਮ ਦੇ ਆਲੇ ਦੁਆਲੇ ਵਾਹਨਾ ਦੀ ਪਾਰਕਿੰਗ ਲਈ ਢੁਕਵੀਆਂ ਥਾਵਾ ਤਿਆਰ ਕੀਤੀਆਂ ਜਾ ਰਹੀਆਂ ਹਨ।

## ਸ਼ਹਿਨਾਈਆਂ



ਦਵਿੰਦਰ ਸਿੰਘ ਵਾਸੀ ਧਾਰੀਵਾਲ ਅਤੇ ਰੁਬਲਪ੍ਰੀਤ ਕੌਰ ਵਾਸੀ ਘੁਮਾਣ ਜ਼ਿਲ੍ਹਾ ਗੁਰਦਾਸਪੁਰ ਦਾ ਆਨੰਦ ਕਾਰਜ ਹੋਇਆ

# ਹੜ੍ਹ ਪੀੜਤ ਪਰਵਾਰਾਂ ਨੂੰ ਦੋਆਬਾ ਵੈੱਲਫੇਅਰ ਸੁਸਾਇਟੀ ਵੱਲੋਂ ਦਿੱਤਾ ਜਾਵੇਗਾ ਲੋੜੀਂਦਾ ਸਮਾਨ



**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**

ਦੋਆਬਾ ਵੈਲਫੇਅਰ ਸੇਵਾ ਸੋਸਾਇਟੀ ਮਾਹਿਲਪੁਰ ਵੱਲੋ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਲੋੜੀਂਦਾ ਸਮਾਨ 30 ਅਕਤੂਬਰ ਨੂੰ ਦਿੱਤਾ ਜਾਵੇਗਾ। ਦਰਿਆ ਰਾਵੀ ਪਾਰਲੇ ਵੇ ਚਰਾਗ ਪਿੰਡ ਜਿੰਨਾ ਵਿੱਚ ਕਸੋ ਅਗਨੀ, ਕਸੋ ਬਾਹਲਾ, ਸਹਾਰਨ ਘਣੇ ਕੇ, ਬੇਟ ਪੁਰਾਣਾ, ਬਾਹਲਾ ਲਾਲੂਵਾਲ, ਮਨਸੂਰ, ਰਸੂਲਪੁਰ ਆਦਿ ਪਿੰਡਾਂ ਦੇ ਜਿਮੀਦਾਰਾ ਲਈ ਚਾਰ ਏਕੜ ਖਾਦ, ਬੀਜ ਅਤੇ ਡੀਜ਼ਲ ਦਿੱਤਾ ਜਾਵੇਗਾ। ਇਸ ਸੇਵਾ ਵਿੱਚ ਵਿਸ਼ੇਸ ਤੌਰ ਤੇ ਹਰਬੰਸ ਸਿੰਘ ਸਰਹਾਲਾ, ਰਸ਼ਪਾਲ ਸਿੰਘ ਪਾਲੀ ਸਰਪੰਚ ਬੱਦੋਵਾਲ, ਬਲਵਿੰਦਰ ਸਿੰਘ ਸਰਪੰਚ, ਗੁਰਦੇਵ ਸਿੰਘ ਸਰਪੰਚ, ਸੋਹਣ ਸਿੰਘ, ਮਜੈਲ ਸਿੰਘ ਦਾਦੂਵਾਲ, ਸੁਰਜੀਤ ਸਿੰਘ ਖਾਨਪੁਰ, ਰਸ਼ਪਾਲ ਸਿੰਘ ਪਾਰੋਵਾਲ,ਮਾਸਟਰ ਜਗਜੀਤ ਸਿੰਘ ਗਨੇਸ਼ਪੁਰ, ਸਤਨਾਮ ਸਿੰਘ ਨੰਗਲ ਖਿਡਾਰੀਆ ਆਦਿ ਸਿੰਘ ਹਿੱਸਾ ਲੈਣਗੇ। ਇਸ ਤੋਂ ਬਾਅਦ 250 ਗੱਦੇ, 90 ਰਜਾਈਆ ਅਤੇ 200 ਕੰਬਲ ਵੀ ਲੋੜਵੰਦ ਪਰਵਾਰਾਂ ਨੂੰ ਦਿੱਤੇ ਜਾਣਗੇ।

# ਨੋਟੀਫਿਕੇਸ਼ਨ ਜਾਰੀ ਕਰਕੇ ਮੁਲਾਜ਼ਮਾਂ ਨੂੰ ਪੁਰਾਣੀ ਪੈਨਸ਼ਨ ਦੇਣਾ ਭੁੱਲੀ ਸਰਕਾਰ : ਪੀ ਪੀ ਪੀ ਐੱਫ

**ਦਸੂਹਾ, (ਬਲਵੀਰ ਸਿੰਘ ਸੈਣੀ)**

ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ (ਪੀ ਪੀ ਪੀ ਐੱਫ਼) ਵੱਲੋਂ 3 ਨਵੰਬਰ ਨੂੰ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਹੁਸ਼ਿਆਰਪੁਰ ਮੂਹਰੇ ਕੀਤੇ ਜਾਣ ਵਾਲੇ ਰੋਸ ਪ੍ਰਦਰਸ਼ਨ ਦੀਆਂ ਤਿਆਰੀਆਂ ਜ਼ੋਰਾਂ ਉੱਤੇ ਹਨ। ਇਸ ਸੰਬੰਧੀ ਬਲਾਕ ਦਸੂਹਾ ਦੀ ਇੱਕ ਮੀਟਿੰਗ ਬਲਾਕ ਪ੍ਰਧਾਨ ਨਿਰਮਲ ਸਿੰਘ ਨਿਹਾਲਪੁਰ ਅਤੇ ਜਸਵੀਰ ਬੋਦਲ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਦੋਆਬਾ ਜ਼ੋਨ ਦੇ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ ਅਤੇ ਜ਼ਿਲ੍ਹਾ ਕਨਵੀਨਰ ਮਨਜੀਤ ਸਿੰਘ ਦਸੂਹਾ ਵਿਸ਼ੇਸ਼ ਤੌਰ ਉੱਤੇ ਸ਼ਾਮਿਲ ਹੋਏ। ਮੀਟਿੰਗ ਵਿੱਚ ਸ਼ਾਮਿਲ ਆਗੂਆਂ ਨੇ ਰੋਸ ਜਤਾਇਆ ਕਿ ਪੰਜਾਬ ਸਰਕਾਰ ਨੇ 18 ਨਵੰਬਰ 2022 ਨੂੰ ਸੂਬੇ ਅੰਦਰ ਪੁਰਾਣੀ ਪੈਨਸ਼ਨ ਸਕੀਮ ਦੋਬਾਰਾ ਲਾਗੂ ਕਰਨ ਦਾ ਐਲਾਨ ਕਰਕੇ ਇਸ ਦਾ ਨੋਟੀਫਿਕੇਸ਼ਨ ਵੀ ਜਾਰੀ ਕਰ ਦਿੱਤਾ ਸੀ ਪਰ ਇਸ ਜਾਰੀ ਕੀਤੇ ਨੋਟੀਫਿਕੇਸ਼ਨ ਨੂੰ ਤਿੰਨ ਸਾਲ ਹੋਣ 'ਤੇ ਆਏ ਹਨ ਪਰ ਪੰਜਾਬ ਅੰਦਰ ਪੁਰਾਣੀ ਪੈਨਸ਼ਨ ਸਕੀਮ ਹਕੀਕੀ ਰੂਪ ਵਿੱਚ ਅਜੇ ਤੱਕ ਵੀ ਲਾਗੂ ਨਹੀਂ ਕੀਤੀ ਗਈ ਉਲਟਾ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਮੁਲਾਜ਼ਮ ਮੰਗਾਂ ਸਬੰਧੀ ਗਠਿਤ ਪੰਜਾਬ ਦੇ ਕੈਬਨਿਟ ਮੰਤਰੀਆਂ ਦੀ ਸਬ ਕਮੇਟੀ ਵਲੋਂ ਸੂਬੇ ਅੰਦਰ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੀ ਬਜਾਇ ਕੇਂਦਰ ਸਰਕਾਰ ਦੁਆਰਾ ਨਵੀਂ ਲਿਆਂਦੀ ਯੂਨੀਫਾਈਡ ਪੈਨਸ਼ਨ ਸਕੀਮ (ਯੂ ਪੀ ਐੱਸ) ਬਾਰੇ ਹੀ ਰਾਗ ਅਲਾਪੇ ਜਾ ਰਹੇ ਹਨ ਜਿਸ ਦੇ ਵਿਰੋਧ ਵਿੱਚ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ ਵੱਲੋਂ 3 ਨਵੰਬਰ ਨੂੰ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਹੁਸ਼ਿਆਰਪੁਰ ਮੂਹਰੇ ਰੋਸ ਪ੍ਰਦਰਸ਼ਨ ਕਰਨ ਤੋਂ ਬਾਅਦ ਸ਼ਹਿਰ ਵਿੱਚ ਰੋਸ ਮਾਰਚ ਵੀ ਕੱਢਿਆ ਜਾਵੇਗਾ ਜਿਸ ਵਿੱਚ ਦਸੂਹਾ ਬਲਾਕ ਤੋਂ ਵੀ ਵੱਡੀ ਗਿਣਤੀ ਵਿੱਚ ਮੁਲਾਜ਼ਮ ਸ਼ਮੂਲੀਅਤ ਕਰਨਗੇ। ਇਸ ਮੌਕੇ ਜਸਵਿੰਦਰ ਝਿੰਗੜ, ਜੀਵਨ ਕੁਮਾਰ ਸੰਧੂ, ਦਲਜਿੰਦਰ ਜਲੋਟਾ, ਬਲਵਿੰਦਰ ਬਾਜਵਾ, ਰਵਿੰਦਰ ਰਵੀ, ਰਾਜਨ ਕੁਮਾਰ, ਵਿਜੇ ਕੁਮਾਰ, ਵਰਿੰਦਰ ਸੈਣੀ, ਦਲਜੀਤ ਸਿੰਘ ਮੂਨਕ ਅਤੇ ਕੁਲਵਿੰਦਰ ਸਿੰਘ ਲੋਧੀ ਚੱਕ ਵੀ ਹਾਜ਼ਰ ਸਨ।



# ਵਿਜੀਲੈਂਸ ਜਾਗਰੂਕਤਾ ਸੈਮੀਨਾਰ ਕਰਵਾਇਆ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**

'ਭ੍ਰਿਸ਼ਟਾਚਾਰ ਵਿਰੁੱਧ ਚੌਕਸੀ : ਸਾਡੀ ਸਾਂਝੀ ਜ਼ਿੰਮੇਵਾਰੀ' ਥੀਮ ਤਹਿਤ ਵਿਜੀਲੈਂਸ ਬਿਊਰੋ ਯੂਨਿਟ ਹੁਸ਼ਿਆਰਪੁਰ ਵੱਲੋਂ ਮਨਾਏ ਜਾ ਰਹੇ ਵਿਜੀਲੈਂਸ ਜਾਗਰੂਕਤਾ ਸਪਤਾਹ ਤਹਿਤ ਉਪ-ਕਪਤਾਨ ਪੁਲਸ ਵਿਜੀਲੈਂਸ ਬਿਊਰੋ ਯੂਨਿਟ ਹੁਸ਼ਿਆਰਪੁਰ ਮਨਦੀਪ ਸਿੰਘ ਦੀ ਅਗਵਾਈ ਹੇਠ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਵਿਜੀਲੈਂਸ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਐੱਸ ਡੀ ਐੱਮ ਗੜ੍ਹਸ਼ੰਕਰ ਸੰਜੀਵ ਕੁਮਾਰ ਨੇ ਇਸ ਸੈਮੀਨਾਰ ਵਿਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਹਾਜ਼ਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ/ਕਰਮਚਾਰੀਆਂ, ਕਾਲਜ ਦੇ ਸਟਾਫ ਅਤੇ ਵਿਦਿਆਰਥੀਆਂ ਨੂੰ ਆਪਣੀ ਡਿਊਟੀ ਇਮਾਨਦਾਰੀ 'ਤੇ ਮਿਹਨਤ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ।ਉਪ-ਕਪਤਾਨ ਪੁਲਸ ਵਿਜੀਲੈਂਸ ਬਿਊਰੋ ਯੂਨਿਟ ਹੁਸ਼ਿਆਰਪੁਰ ਮਨਦੀਪ ਸਿੰਘ ਨੇ ਇਸ ਮੌਕੇ ਭ੍ਰਿਸ਼ਟਾਚਾਰ ਰੋਕਣ ਸਬੰਧੀ ਸਹੁੰ ਚੁਕਾਈ। ਵਿਜੀਲੈਂਸ ਬਿਊਰੋ ਦੀ ਕਾਰਜਸ਼ੈਲੀ ਦੀ ਜਾਣਕਾਰੀ ਦਿੰਦੇ ਹੋਏ ਉਨ੍ਹਾਂ ਦੱਸਿਆ ਕਿ ਜੇਕਰ ਕੋਈ ਸਰਕਾਰੀ ਅਧਿਕਾਰੀ ਜਾਂ ਕਰਮਚਾਰੀ ਕੋਈ ਸਰਕਾਰੀ ਕੰਮ ਕਰਨ ਬਦਲੇ ਰਿਸ਼ਵਤ ਦੀ ਮੰਗ ਕਰਦਾ ਹੈ, ਤਾਂ ਇਸ ਸਬੰਧੀ ਤੁਸੀਂ ਵਿਜੀਲੈਂਸ ਬਿਊਰੋ ਪਾਸ ਸ਼ਿਕਾਇਤ ਕਰ ਸਕਦੇ ਹੋ ਜਾਂ ਉਸ ਅਧਿਕਾਰੀ/ਕਰਮਚਾਰੀ ਨੂੰ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਵਿਜੀਲੈਂਸ ਵਿਭਾਗ ਪਾਸ ਗ੍ਰਿਫ਼ਤਾਰ ਕਰਵਾ ਸਕਦੇ ਹੋ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਭ੍ਰਿਸ਼ਟਾਚਾਰ ਸਬੰਧੀ ਸ਼ਿਕਾਇਤ ਵਿਜੀਲੈਂਸ ਬਿਊਰੋ ਦੇ ਟੋਲ ਫਰੀ ਨੰਬਰ 1800-1800-1000, ਐਂਟੀ ਕੁਰੱਪਸ਼ਨ ਐਕਸ਼ਨ ਲਾਈਨ ਨੰਬਰ 95012-00200 'ਤੇ ਦਰਜ ਕਰਵਾ ਸਕਦਾ ਹੈ। ਉਨ੍ਹਾਂ ਸੈਮੀਨਾਰ ਵਿਚ ਸ਼ਾਮਿਲ ਕਾਲਜ ਦੇ ਡਾਇਰੈਕਟਰ, ਸਮੂਹ ਸਟਾਫ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਗਿਆ ਅਤੇ ਭ੍ਰਿਸ਼ਟਾਚਾਰ ਵਿਰੁੱਧ ਲੜਨ ਵਿਚ ਇਕਜੁੱਟ ਹੋ ਕੇ ਦੇਸ਼ ਪ੍ਰਤੀ ਵਚਨਬੱਧ ਰਹਿਣ ਲਈ ਜਾਗਰੂਕ ਹੋ ਕੇ ਵਿਜੀਲੈਂਸ ਬਿਊਰੋ ਦਾ ਸਹਿਯੋਗ ਦੇਣ ਦੀ ਅਪੀਲ ਕੀਤੀ।



## ਹਾਰਬੀ ਸੰਘਾ ਦਾ ਟ੍ਰੈਕ 'ਪੀਤੀ ਵਿੱਚ' ਚਰਚਾ 'ਚ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪ੍ਰਸਿੱਧ ਕਮੇਡੀਅਨ , ਐਕਟਰ ਅਤੇ ਗਾਇਕ ਹਾਰਬੀ ਇਨ੍ਹੀ ਦਿਨੀ ਖੂਬ ਚਰਚਾ ਵਿੱਚ ਹੈ। ਭਾਵੇਂ ਉਸ ਨੇ ਪੰਜਾਬੀ ਸਰੋਤਿਆਂ ਨੂੰ ਹਸਾਇਆ, ਐਕਟਿੰਗ ਕਰਕੇ ਆਪਣੇ ਫ਼ਨ ਦਾ ਮੁਜ਼ਾਹਰਾ ਕੀਤਾ ਪਰ ਹੁਣ ਉਸ ਨੇ ਆਪਣੀ ਸੁਰੀਲੀ ਆਵਾਜ਼ ਵਿੱਚ ਖ਼ੂਬਸੂਰਤ ਡਿਊਟ ਗੀਤ ਗਾ ਕੇ ਗਾਇਕੀ ਦੇ ਖੇਤਰ ਵਿੱਚ ਵੀ ਵੱਡੀਆਂ ਪ੍ਰਾਪਤੀਆਂ ਹਾਸਲ ਕੀਤੀਆਂ ਹਨ। ਨਾਮਵਰ ਗਾਇਕਾ ਗੁਰਲੇਜ਼ ਅਖਤਰ ਨਾਲ ਗੀਤ ਪੀਤੀ ਵਿੱਚ ਗਾ ਕੇ ਬੁਲੰਦੀਆਂ ਨੂੰ ਛੂਹਿਆ ਹੈ। ਇਸ ਸਮੇਂ ਇਸ ਗੀਤ ਦੇ ਲੱਖਾਂ ਵਿਚ ਵਿਊ ਆ ਰਹੇ ਹਨ। ਇਹ ਗੀਤ ਪ੍ਰੀਤ ਹਾਰਪ ਦਾ ਲਿਖਿਆ ਹੋਇਆ ਹੈ ਜਦਕਿ ਇਸ ਗੀਤ ਨੂੰ ਆਪਣੇ ਮਧੁਰ ਸੰਗੀਤ ਨਾਲ ਸੰਗੀਤਕਾਰ ਟੀ. ਕੇ ਨੇ ਸੰਵਾਰਿਆਂ ਹੈ। ਵੱਖ-ਵੱਖ ਲੋਕੇਸ਼ਨਾਂ ਤੇ ਵੀਡੀਊ ਡਾਇਰੈਕਟਰ ਰਾਜਾ ਸ਼ਰਮਾ ਨੇ ਇਸ ਦਾ ਫਿਲਮਾਕਣ ਕੀਤਾ ਹੈ। ਇਸ ਪ੍ਰੋਜੈਕਟ ਲਈ ਵਿਸ਼ੇਸ਼ ਤੌਰ 'ਤੇ ਪ੍ਰਮੋਦ ਸ਼ਰਮਾ ਰਾਣਾ ਦਾ ਮਾਣਮੱਤਾ ਸਹਿਯੋਗ ਮਿਲਿਆ ਹੈ।

## ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਮਾਗਮ 1 ਤੋਂ 5 ਤੱਕ ਕਰਵਾਏ ਜਾਣਗੇ

**ਮੋਹਾਲੀ (ਗੁਰਜੀਤ ਬਿੱਲਾ)**-ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ 556ਵੇਂ ਪ੍ਰਕਾਸ਼ ਪੁਰਬ ਸਮਾਗਮ 1 ਤੋਂ 5 ਨਵੰਬਰ ਤੱਕ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਕਰਵਾਏ ਜਾ ਰਹੇ ਹਨ । ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਇਨ੍ਹਾਂ ਸਮਾਗਮਾਂ ਵਿੱਚ ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਜੱਥੇ, ਇੰਨਟਰਨੈਸ਼ਨਲ ਕਵੀਸ਼ਰੀ ਅਤੇ ਢਾਡੀ ਜੱਥ ਅਤੇ ਉਚ ਕੋਟੀ ਦੇ ਪੰਥ ਪ੍ਰਸਿੱਧ ਪ੍ਰਚਾਰਕ ਇਨਾਂ ਸਮਾਗਮਾਂ ਵਿੱਚ ਸੰਗਤਾਂ ਨੂੰ ਹਰਜੱਸ ਸੁਣਾ ਕੇ ਨਿਹਾਲ ਕਰਨਗੇ । ਮਿਤੀ 3 ਨਵੰਬਰ ਨੂੰ ਧੰਨ ਧੰਨ ਸ੍ਰੀ ਗੁਰੂ ਗੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਵਿਸ਼ਾਲ ਨਗਰ ਕੀਰਤਨ ਗੁ ਸਾਹਿਬ ਤੋਂ ਸਵੇਰੇ 11 ਵਜੇ ਅਰੰਭ ਹੋਣਗੇ। 5 ਨਵੰਬਰ ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਇਸ ਦਿਨ ਮਹਾਨ ਅੰਮ੍ਰਿਤ ਸੰਚਾਰ ਦਾ ਆਯੋਜਨ ਸਵੇਰੇ 10 ਵਜੇ ਕੀਤਾ ਜਾਵੇਗਾ। ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਯਾਦਗਾਰੀ 33ਵਾਂ ਕੁਸ਼ਤੀ ਦੰਗਲ ਦੁਪਹਿਰ 1 ਵਜੇ ਅਰੰਭ ਹੋਵੇਗਾ। ਇਸ ਕੁਸ਼ਤੀ ਦੰਗਲ ਵਿੱਚ ਦੇਸ਼ ਵਿਦੇਸ਼ ਦੇ ਉੱਘੇ ਅਤੇ ਨਾਮੀ ਪਹਿਲਵਾਨ ਆਪਣੀ ਕੁਸ਼ਤੀ ਦੇ ਜੌਹਰ ਵਿਖਾਉਣਗੇ। ਇਨ੍ਹਾ ਸਮਾਗਮਾਂ ਵਿੱਚ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

# ਸ੍ਰੀ ਰਾਮ ਗਊਸ਼ਾਲਾ ਨੂੰ ਦਿੱਤੇ 2 ਲੱਖ 50 ਹਜ਼ਾਰ ਰੁਪਏ



**ਬਿਲਗਾ (ਵਿਜੇ ਕੁਮਾਰ)**

ਸ੍ਰੀ ਰਾਮ ਗਊਸ਼ਾਲਾ ਪੱਤੀ ਭਲਾਈ ਬਿਲਗਾ ਵਿਖੇ ਇੱਕ ਸਮਾਗਮ ਦਾ ਆਯੋਜਨ ਕੀਤਾ ਗਿਆ ਜਿਥੇ ਕਿ ਲਾਇਨ ਕਲੱਬ ਬਿਲਗਾ ਆਸਥਾ ਅਤੇ ਭਾਰਤ ਵਿਕਾਸ ਪ੍ਰੀਸ਼ਦ ਯੂਨਿਟ ਬਿਲਗਾ ਦੀ ਪ੍ਰੇਰਨਾ ਸਦਕਾ ਯੂ ਕੇ ਨਿਵਾਸੀ ਉੱਘੇ ਸਮਾਜ ਸੇਵਕ ਸ੍ਰੀ ਰਾਜਕੁਮਾਰ ਤਾਂਗੜੀ ਅਤੇ ਉਨ੍ਹਾਂ ਦੀ ਧਰਮ ਪਤਨੀ ਸ੍ਰੀਮਤੀ ਮਧੂਬਾਲਾ ਤਾਂਗੜੀ ਨੇ ਆਪਣੀ ਬੇਟੀ ਸੋਨੀਆਂ ਤਾਂਗੜੀ ਦੇ ਸਹਿਯੋਗ ਨਾਲ ਸ੍ਰੀ ਰਾਮ ਗਊਸ਼ਾਲਾ ਪਿੰਡ ਬਿਲਗਾ ਪੱਤੀ ਭਲਾਈ ਵਿਖੇ ਬਾਥਰੂਮ ਬਣਾਉਣ ਲਈ ਦੋ ਲੱਖ ਪੰਜਾਹ ਹਜ਼ਾਰ ਰੁਪਏ ਦਿੱਤੇ। ਸ੍ਰੀ ਰਾਮ ਗਊਸ਼ਾਲਾ ਕਮੇਟੀ ਦੇ ਪ੍ਰਧਾਨ ਪੁਸ਼ਪਿੰਦਰ ਜੋਸ਼ੀ ਨੇ ਸੋਨੀਆ ਤਾਂਗੜੀ ਅਤੇ ਰਾਜਕੁਮਾਰ ਤਾਂਗੜੀ ਅਤੇ ਉਨ੍ਹਾਂ ਦੇ ਸਾਰੇ ਤਾਂਗੜੀ ਪਰਵਾਰ ਦਾ ਧੰਨਵਾਦ ਕੀਤਾ ਅਤੇ ਦੱਸਿਆ ਕਿ ਇਸ ਪਰਿਵਾਰ ਨੇ ਪਹਿਲਾਂ ਵੀ ਗਊਸ਼ਾਲਾ ਦੇ ਹਾਲ ਕਮਰੇ ਦੀ ਉਸਾਰੀ ਵਿੱਚ ਕਾਫੀ ਯੋਗਦਾਨ ਪਾਇਆ ਹੈ। ਇਸ ਪ੍ਰੋਜੈਕਟ ਦੇ ਸਪਾਂਸਰ ਰਾਜ ਕੁਮਾਰ ਤਾਂਗੜੀ ਨੇ ਕਿਹਾ ਕਿ ਉਨ੍ਹਾਂ ਨੇ ਇਹ ਪ੍ਰੋਜੈਕਟ ਲਾਈਨ ਕਲੱਬ ਬਿਲਗਾ ਆਸਥਾ ਅਤੇ ਭਾਰਤ ਵਿਕਾਸ ਪ੍ਰੀਸ਼ਦ ਯੂਨਿਟ ਬਿਲਗਾ ਦੇ ਮੈਂਬਰਾਂ ਦੀ ਪ੍ਰੇਰਨਾ ਸਦਕਾ ਆਪਣੀ ਬੇਟੀ ਸੋਨੀਆ ਤਾਂਗੜੀ ਦੇ ਸਹਿਯੋਗ ਨਾਲ ਕੀਤਾ ਹੈ। ਸਟੇਜ ਸਕੱਤਰ ਦੀ ਭੂਮਿਕਾ ਪ੍ਰਿੰਸੀਪਲ ਰਵੀ ਸ਼ਰਮਾ ਨੇ ਬਾਖ਼ੂਬੀ ਨਿਭਾਈ। ਇਸ ਮੌਕੇ ਮਧੂਬਾਲਾ ਤਾਂਗੜੀ ,ਵਿੱਕੀ ਆਰੀਆ ਤਾਂਗੜੀ, ਇੰਸਪੈਕਟਰ ਹਰਦੇਵ ਸਿੰਘ, ਮਨਜੀਤ ਸਿੰਘ, ਗਊਸ਼ਾਲਾ ਪ੍ਰਬੰਧਕ ਕਮੇਟੀ ਪ੍ਰਧਾਨ ਪੁਸ਼ਪਿੰਦਰ ਜੋਸ਼ੀ, ਕੈਸ਼ੀਅਰ ਤਰਸੇਮ ਲਾਲ ਗੁਪਤਾ, ਸੀਨੀਅਰ ਮੈਂਬਰ ਪੰਡਿਤ ਜਗਦੀਸ਼ ਪੋਹਲੀ , ਡਿਸਟ੍ਰਿਕਟ ਚੇਅਰਮੈਨ ਲਾਇਨ ਤੀਰਥ ਰਾਮ ਮਿੱਠੜਾ, ਦਵਿੰਦਰ ਜੌਹਲ, ਵਿਜੇ ਕੁਮਾਰ ਬਾਵਾ, ਲਾਇਨ ਕਲੱਬ ਪ੍ਰਧਾਨ ਭੁਪਿੰਦਰ ਕੈਂਥ, ਬਹਾਦਰ ਸਿੰਘ ,ਬਲਵੀਰ ਸਿੰਘ ਬੀਰਾ, ਸੁਰਿੰਦਰ ਅਗਰਵਾਲ ,ਅਸ਼ਵਨੀ ਸਿਆਲ, ਧਰਮਿੰਦਰ ਕੁਮਾਰ ਟੀਨੂੰ ਜੋਸ਼ੀ, ਕੁਲਦੀਪ ਸਿੰਘ, ਸੰਜੀਵ ਸ਼ਰਮਾ, ਪਰਮਜੀਤ ਸਿੰਘ ਅਤੇ ਲਾਈਨ ਕਲੱਬ ਬਿਲਗਾ ਆਸਥਾ ਦੇ ਮੈਂਬਰ ,ਭਾਰਤ ਵਿਕਾਸ ਪ੍ਰੀਸ਼ਦ ਦੇ ਮੈਂਬਰ ਅਤੇ ਪਿੰਡ ਦੇ ਪਤਵੰਤੇ ਸੱਜਣ ਹਾਜ਼ਰ ਸਨ।

# ਪੰਜਾਬੀ ਸਾਹਿਤ ਸਭਾ ਹੁਸ਼ਿਆਰਪੁਰ ਨੂੰ ਸਦਮਾ, ਸ਼ਾਇਰ ਗੁਰਬਖ਼ਸ਼ ਡੋਗਰਾ ਦਾ ਦੇਹਾਂਤ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਪੰਜਾਬੀ ਸਾਹਿਤ ਸਭਾ ਹੁਸ਼ਿਆਰਪੁਰ ਨੂੰ ਗੰਭੀਰ ਸਦਮਾ ਪਹੁੰਚਿਆ ਜਦੋਂ ਸਭਾ ਨੂੰ ਸ਼ਾਇਰ ਗੁਰਬਖ਼ਸ਼ ਡੋਗਰਾ ਦੇ ਅਚਨਚੇਤ ਚਲਾਣੇ ਦਾ ਪਤਾ ਲੱਗਾ। ਇਸ ਦੁਖਦ ਖ਼ਬਰ ਦੀ ਜਾਣਕਾਰੀ ਸਾਂਝੀ ਕਰਦਿਆਂ ਸਭਾ ਦੇ ਪ੍ਰਧਾਨ ਜਸਬੀਰ ਸਿੰਘ ਅਤੇ ਜਨਰਲ ਸਕੱਤਰ ਡਾ. ਜਸਵੰਤ ਰਾਏ ਨੇ ਦੱਸਿਆ ਕਿ ਸ਼ਾਇਰ ਗੁਰਬਖ਼ਸ਼ ਸਿੰਘ ਇਕ ਨਫ਼ੀਸ ਸ਼ਖ਼ਸੀਅਤ ਦੇ ਮਾਲਕ ਸਨ। ਸ਼ਬਦਾਂ, ਸੁਰ ਅਤੇ ਸ਼ਾਇਰੀ ਨਾਲ ਉਨ੍ਹਾਂ ਦਾ ਮੁੱਢ ਕਦੀਮ ਤੋਂ ਨਾਤਾ ਸੀ। ਰੋਜ਼ੀ-ਰੋਟੀ ਖ਼ਾਤਰ ਜ਼ਿੰਦਗੀ ਦਾ ਜ਼ਿਆਦਾ ਸਮਾਂ ਕੁਵੈਤ ਵਿਚ ਬਸਰ ਕਰਦਿਆਂ ਵੀ ਸ਼ਬਦਾਂ ਨਾਲ ਉਨ੍ਹਾਂ ਦਾ ਨਾਤਾ ਫ਼ਿੱਕਾ ਨਹੀਂ ਪਿਆ। ਉਹ ਕੁਵੈਤ ਵਿਚ ਵੀ ਹੋਣ ਵਾਲੇ ਸਾਹਿਤਕ ਸਮਾਗਮਾਂ ਦਾ ਹਿੱਸਾ ਰਹੇ। ਉਨ੍ਹਾਂ ਦੀ ਸ਼ਾਇਰੀ ਦੀ ਇਕੋ-ਇਕ ਕਿਤਾਬ 'ਰੁਖ ਰੇਗਿਸਤਾਨ ਦਾ' ਜਦੋਂ ਛਪ ਕੇ ਪਾਠਕਾਂ ਦੇ ਹੱਥਾਂ ਵਿਚ ਪਹੁੰਚੀ ਤਾਂ ਇਸ ਦੀਆਂ ਰਚਨਾਵਾਂ ਕਾਫ਼ੀ ਸਰਾਹੀਆਂ ਗਈਆਂ। ਉਨ੍ਹਾਂ ਨੇ ਮਾਨਵਵਾਦੀ ਅਤੇ ਪ੍ਰਗਤੀਸ਼ੀਲ ਵਿਚਾਰਧਾਰਾ ਨਾਲ ਲਬਰੇਜ਼ ਕਾਵਿ ਰਚਨਾਵਾਂ ਦੀ ਸਿਰਜਣਾ ਕੀਤੀ। ਉਨ੍ਹਾਂ ਦੀਆਂ ਕਾਵਿ ਰਚਨਾਵਾਂ ਦਾ ਇਕ ਵੱਡਾ ਖਰੜਾ ਛਪਾਈ ਅਧੀਨ ਹੈ। ਗੁਰਬਖ਼ਸ਼ ਡੋਗਰਾ ਆਪਣੇ ਪਿੱਛੇ ਧਰਮ ਪਤਨੀ ਅਤੇ ਦੋ ਬੇਟੇ ਛੱਡ ਗਏ ਹਨ, ਜਿਹੜੇ ਵਿਦੇਸ਼ ਵਸਦੇ ਹਨ ਅਤੇ ਹੁਣ ਸਸਕਾਰ ਦੀ ਰਸਮ ਸਮੇਂ ਆਪਣੇ ਘਰੇ ਹੁਸ਼ਿਆਰਪੁਰ ਆਏ ਹੋਏ ਹਨ। ਸਾਹਿਤ ਸਭਾ ਹੁਸ਼ਿਆਰਪੁਰ ਦੇ ਸਾਰੇ ਮੈਂਬਰਾਂ ਨੇ ਇਸ ਦੁਖ ਦੀ ਘੜੀ ਵਿਚ ਸ਼ਰੀਕ ਹੁੰਦਿਆਂ ਡੋਗਰਾ ਪਰਿਵਾਰ ਨਾਲ ਸੰਵੇਦਨਾ ਪ੍ਰਗਟ ਕੀਤੀ। ਇਸ ਸਮੇਂ ਡਾ. ਕਰਮਜੀਤ ਸਿੰਘ, ਮਦਨ ਵੀਰਾ, ਤ੍ਰਿਪਤਾ ਕੇ ਸਿੰਘ, ਕੁਲਤਾਰ ਸਿੰਘ ਕੁਲਤਾਰ, ਡਾ. ਮਨਮੋਹਨ ਸਿੰਘ ਤੀਰ, ਸਤੀਸ਼ ਕੁਮਾਰ, ਪ੍ਰਿੰਸੀਪਲ ਦਾਸ ਭਾਰਤੀ, ਪ੍ਰਿੰਸੀਪਲ ਗੁਰਦਿਆਲ ਸਿੰਘ ਫੁੱਲ, ਡਾ. ਸੁਖਦੇਵ ਸਿੰਘ ਢਿੱਲੋਂ, ਡਾ. ਸ਼ਮਸ਼ੇਰ ਮੋਹੀ, ਹਰਵਿੰਦਰ ਸਾਹਬੀ, ਰਾਜ ਕੁਮਾਰ ਘਾਸੀਪੁਰੀਆ, ਡਾ. ਦਰਸ਼ਨ ਸਿੰਘ ਦਰਸ਼ਨ ਆਦਿ ਹਾਜ਼ਰ ਸਨ।

# ਧਾਰਮਿਕ ਮੁਕਾਬਲਿਆਂ ਦਾ ਪੋਸਟਰ ਜਾਰੀ



**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**

ਪੰਜਾਬ ਕਲਾ ਮੰਚ (ਸਟੇਟ ਐਵਾਰਡ) ਚਮਕੌਰ ਸਾਹਿਬ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਵਿਦਿਅਕ ਸੰਸਥਾਵਾਂ ਦੇ ਸਹਿਯੋਗ ਨਾਲ ਨੌਂਵੇ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਹੀਦੀ ਸਮਾਗਮ ਨੂੰ ਸਮਰਪਿਤ ਧਾਰਮਿਕ ਪ੍ਰਸ਼ਨ ਉੱਤਰ ਮੁਕਾਬਲੇ 11 ਨਵੰਬਰ ਨੂੰ ਕਰਵਾਏ ਜਾ ਰਹੇ ਹਨ, ਜਿਸ ਸਬੰਧੀ ਗੁਰਦੁਆਰਾ ਸ੍ਰੀ ਗੜ੍ਹੀ ਸਾਹਿਬ ਵਿਖੇ ਬੈਨਰ ਜਾਰੀ ਕੀਤਾ ਗਿਆ ਹੈ। ਮੰਚ ਦੇ ਪ੍ਰਧਾਨ ਕੁਲਜਿੰਦਰਜੀਤ ਸਿੰਘ ਬੱਬਰ ਨੇ ਦੱਸਿਆ ਕਿ ਪੰਜਾਬ ਕਲਾ ਮੰਚ ਵੱਲੋਂ 350 ਸਾਲਾ ਮਹਾਨ ਸ਼ਹੀਦੀ ਸਮਾਗਮ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਗੜ੍ਹੀ ਸਾਹਿਬ ਵਿਖੇ ਬੈਨਰ ਜਾਰੀ ਕਰਨ ਦੀ ਰਸਮ ਗ੍ਰੰਥੀ ਭਾਈ ਸਿਮਰਨਜੀਤ ਸਿੰਘ ਵੱਲੋਂ ਅਰਦਾਸ ਕਰਨ ਉਪਰੰਤ ਮੈਨੇਜਰ ਭਾਈ ਗੁਰਮੁੱਖ ਸਿੰਘ, ਪ੍ਰੋ ਆਰ ਸੀ ਢੰਡ , ਭਾਈ ਨਰਿੰਦਰ ਸਿੰਘ, ਪੰਜਾਬ ਕਲਾ ਮੰਚ ਦੇ ਮੈਂਬਰ ਅਤੇ ਸੰਗਤਾਂ ਵੱਲੋਂ ਅਦਾ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਹ ਸਮਾਗਮ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਦੇ ਦੀਵਾਨ ਹਾਲ ਵਿੱਚ ਹੋਵੇਗਾ। ਉਨ੍ਹਾਂ ਦੱਸਿਆ ਕਿ ਮੰਚ ਵੱਲੋਂ ਇਹ ਉਪਰਾਲਾ ਕੀਤਾ ਗਿਆ ਹੈ ਕਿ 350 ਸਾਲਾਂ ਸ਼ਹੀਦੀ ਸ਼ਤਾਬਦੀ ਸਕੂਲੀ ਵਿਦਿਆਰਥੀਆਂ ਦੇ ਪ੍ਰਸ਼ਨ ਉੱਤਰ ਮੁਕਾਬਲੇ ਕਰਵਾ ਕੇ ਮਨਾਈਏ, ਜਿਸ ਵਿੱਚ ਪ੍ਰਸ਼ਨ ਉੱਤਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਇਤਿਹਾਸ ਤੇ ਸ਼ਹੀਦੀ ਨਾਲ ਸੰਬੰਧਿਤ ਹੋਣਗੇ। ਉਨ੍ਹਾਂ ਦੱਸਿਆ ਕਿ ਇਸ ਸਮਾਗਮ ਵਿੱਚ ਜੇਤੂ ਟੀਮਾਂ ਨੂੰ ਵੱਖ-ਵੱਖ ਐਵਾਰਡਾਂ ਅਤੇ ਮੈਡਲਾਂ ਨਾਲ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਡਾ: ਰਾਜਪਾਲ ਚੌਧਰੀ , ਕੈਪਟਨ ਹਰਪਾਲ ਸਿੰਘ, ਕੈਪਟਨ ਅਵਤਾਰ ਸਿੰਘ ਰਘਵੀਰ ਸਿੰਘ, ਮਨਮੋਹਨ ਸਿੰਘ, ਗਿਆਨ ਸਿੰਘ,ਬਲਜੀਤ ਸਿੰਘ, ਸਵਰਨ ਸਿੰਘ, ਰਘਵੀਰ ਸਿੰਘ,ਸੋਮ ਸਿੰਘ ਅਤੇ ਚਰਨਜੀਤ ਸਿੰਘ ਆਦਿ ਹਾਜ਼ਰ ਸਨ।

# ਮੇਹਰ ਚੰਦ ਪੋਲੀਟੈਕਨਿਕ ਕਾਲਜ ਦੀ ਬਰਾਂਚ ਕਿਸ਼ਨਗੜ੍ਹ 'ਚ ਹੋਈ ਦੁਬਾਰਾ ਚਾਲੂ



**ਕਿਸ਼ਨਗੜ (ਸੁਖਜੀਤ ਕੁਮਾਰ)**

ਮੇਹਰ ਚੰਦ ਪੋਲੀਟੈਕਨਿਕ ਕਾਲਜ ਜਲੰਧਰ ਦੀ ਬਰਾਂਚ ਕਿਸ਼ਨਗੜ੍ਹ ਜੋ ਪਿਛਲੇ ਕਈ ਸਾਲਾਂ ਤੋਂ ਕੋਰੋਨਾ ਕਾਲ ਤੋਂ ਬੰਦ ਪਈ ਸੀ, ਉਹ ਹੁਣ ਐੱਨ ਆਰ ਆਈ ਭਰਾਵਾਂ ਅਤੇ 'ਆਪ' ਦੀ ਸਰਕਾਰ ਦੇ ਯਤਨਾ ਸਦਕਾ ਦੁਬਾਰਾ ਚਾਲੂ ਕੀਤੀ ਗਈ ਹੈ, ਜਿਸ ਦਾ ਰਸਮੀ ਉਦਘਾਟਨ ਆਪ ਪਾਰਟੀ ਦੇ ਹਲਕਾ ਆਦਮਪੁਰ ਦੇ ਇੰਚਾਰਜ ਪਵਨ ਕੁਮਾਰ ਟੀਨੂੰ ਵੱਲੋਂ ਕੀਤਾ ਗਿਆ। ਉਦਘਾਟਨ ਕਰਨ ਮੌਕੇ ਪਵਨ ਕੁਮਾਰ ਟੀਨੂੰ ਨੇ ਕਿਹਾ ਕਿ ਇਹ ਬਰਾਂਚ ਦੁਬਾਰਾ ਖੁੱਲਣ ਨਾਲ ਇਲਾਕੇ ਦੇ ਨੌਜਵਾਨ ਮੁੰਡੇ ਕੁੜੀਆਂ ਨੂੰ ਇਥੋਂ ਸਿੱਖਿਆ ਲੈ ਕੇ ਆਪਣਾ ਭਵਿੱਖ ਉਜਵਲ ਬਣਾਉਣ ਦਾ ਇੱਕ ਸੁਨਹਿਰੀ ਮੌਕਾ ਮਿਲੇਗਾ। ਉਨਾਂ ਨੇ ਅੱਗੇ ਕਿਹਾ ਕਿ ਆਉਂਦੇ ਸਮੇਂ ਵਿੱਚ ਇਸ ਬਰਾਂਚ ਨੂੰ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਉਹ ਬੁਲੰਦੀਆਂ ਤੱਕ ਪਹਿਚਾਉਣਗੇ। ਇਸ ਮੌਕੇ ਮੇਹਰ ਚੰਦ ਪੋਲੀਟੈਕਨਿਕ ਕਾਲਜ ਜਲੰਧਰ ਦੇ ਪ੍ਰਿੰਸੀਪਲ ਡਾ.ਜਗਰੂਪ ਸਿੰਘ ਅਤੇ ਬਰਾਂਚ ਕਿਸ਼ਨਗੜ੍ਹ ਦੇ ਇੰਚਾਰਜ ਸੁਖਦੇਵ ਰਾਜ, ਲੈਕਚਰਾਰ ਅਜੇ ਦੱਤਾ ਅਤੇ ਲੈਕਚਰਾਰ ਨੇਹਾ ਨੇ ਦੱਸਿਆ ਕਿ ਕਿਸ਼ਨਗੜ੍ਹ ਵਿੱਚ ਇਸ ਬਰਾਂਚ ਵਿੱਚ ਕੰਪਿਊਟਰ, ਡੀਜ਼ਲ ਮਕੈਨਿਕ, ਆਟੋ ਇਲੈਕਟ੍ਰੀਸ਼ਨ, ਏ ਸੀ ਅਤੇ ਰੈਫਰੀ ਜਰੇਸ਼ਨ, ਪਲੰਬਰ ਅਤੇ ਕਟਿੰਗ ਅਤੇ ਟੇਲਰਿੰਗ ਦੇ ਕੋਰਸ ਕਰਵਾਏ ਜਾਣਗੇ। ਇਸ ਮੌਕੇ ਹਲਕਾ ਆਦਮਪੁਰ ਦੇ ਆਪ ਪਾਰਟੀ ਦੇ ਮੀਡੀਆ ਕੋਆਰਡੀਨੇਟਰ ਅਮਨਦੀਪ ਹਨੀ, ਪਰਮਜੀਤ ਸਿੰਘ ਕੰਬੋਜ ਅਤੇ ਨਰਿੰਦਰ ਸਿੰਘ ਸੋਂਧੀ ਨੇ ਦੱਸਿਆ ਕਿ ਐਨਆਰਆਈ ਗਿਆਨ ਸਿੰਘ ਢਿੱਲੋ ਯੂਕੇ ਵੱਲੋਂ ਯੂਕੇ ਵਿੱਚ ਚੱਲ ਰਹੀ ਸੰਸਥਾ ਹੈਲਥ ਅਤੇ ਐਜੂਕੇਸ਼ਨ ਚੈਰਿਟੀ ਵੱਲੋਂ ਕਿਸ਼ਨਗੜ੍ਹ ਦੀ ਬਰਾਂਚ ਨੂੰ ਲੜਕੀਆਂ ਦੇ ਕੋਰਸ ਕੱਟਿੰਗ ਅਤੇ ਟੇਲਰਿੰਗ ਲਈ ਸਿਲਾਈ ਮਸ਼ੀਨਾਂ, ਮਸ਼ੀਨਾਂ ਦੇ ਪੈਰ,ਬੈਠਣ ਵਾਸਤੇ ਬੈਂਚ ਅਤੇ ਹੋਰ ਸਮਾਨ ਦਿੱਤਾ ਗਿਆ।

# ਜ਼ਿਲ੍ਹਾ ਪੱਧਰੀ ਖੇਡਾਂ 'ਚ ਛੋਟੇ ਬੱਚਿਆਂ 'ਚ ਵੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**-ਜ਼ਿਲ੍ਹਾ ਪੱਧਰੀ ਪ੍ਰਾਇਮਰੀ ਖੇਡਾਂ ਦੌਰਾਨ ਰੱਸਾਕਸੀ ਦੇ ਮੁਕਾਬਲਿਆਂ ਦਾ ਉਦਘਾਟਨ ਸਮਾਜ ਸੇਵੀ ਮਨੋਜ ਸ਼ਰਮਾ ਅਤੇ ਡਾਕਟਰ ਪੰਕਜ ਸ਼ਰਮਾ ਨੇ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਛੋਟੇ ਬੱਚਿਆਂ ਵਿੱਚ ਵੀ ਖੇਡਾਂ ਪ੍ਰਤੀ ਵੱਡਾ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਹਰ ਬੱਚਾ ਇੱਥੇ ਜਿੱਤਣ ਲਈ ਆਇਆ ਹੈ, ਪਰ ਜਿਸਦੀ ਮਿਹਨਤ ਵੱਧ ਹੋਵੇਗੀ, ਕਾਮਯਾਬੀ ਉਸਦੇ ਕਦਮ ਚੁਮੇਗੀ ਕਿਉਂਕਿ ਕਾਮਯਾਬੀ ਦਾ ਇਕੋ ਰਾਹ ਮਿਹਨਤ ਹੈ ਅਤੇ ਇਸਦਾ ਕੋਈ ਸ਼ਾਰਟਕੱਟ ਨਹੀਂ ਹੁੰਦਾ।

ਉਨ੍ਹਾਂ ਨੇ ਕਿਹਾ ਕਿ ਜ਼ਿਲ੍ਹਾ ਪੱਧਰ ਦੇ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਇਨ੍ਹਾਂ ਖਿਡਾਰੀਆਂ ਨੇ ਨਾ ਜਾਣੇ ਕਿੰਨਾ ਪਸੀਨਾ ਵਗਾਇਆ ਹੋਵੇਗਾ। ਜੇ ਕਿਸੇ ਕਾਰਨ ਕੋਈ ਖਿਡਾਰੀ ਤਮਗਾ ਨਹੀਂ ਜਿੱਤ ਸਕਦਾ ਤਾਂ ਉਸ ਨੂੰ ਨਿਰਾਸ਼ ਹੋਣ ਦੀ ਲੋੜ ਨਹੀਂ ਹੈ ਕਿਉਂਕਿ ਆਉਣ ਵਾਲੇ ਸਮੇਂ ਵਿੱਚ ਉਨ੍ਹਾਂ ਨੂੰ ਹੋਰ ਮੌਕੇ ਮਿਲਣਗੇ, ਜਿੱਥੇ ਉਹ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰ ਸਕਣਗੇ।

# ਡਾ. ਸੁਖਵਿੰਦਰ ਸੁੱਖੀ ਨੇ ਛੱਠ ਪੂਜਾ 'ਤੇ ਲੋਕਾਂ ਨੂੰ ਦਿੱਤੀ ਮੁਬਾਰਕਬਾਦ

**ਬੰਗਾ (ਅਵਤਾਰ ਕਲੇਰ)**

ਛੱਠ ਪੂਜਾ ਦੇ ਸ਼ੁਭ ਮੌਕੇ ਤੇ ਹਲਕਾ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਵੱਲੋਂ ਸਾਰੇ ਇਲਾਕੇ ਦੇ ਲੋਕਾਂ ਨੂੰ ਦਿਲੋਂ ਮੁਬਾਰਕਬਾਦ ਦਿੱਤੀ ਗਈ। ਵਿਧਾਇਕ ਡਾ. ਸੁੱਖੀ ਨੇ ਕਿਹਾ ਕਿ ਛੱਠ ਪੂਜਾ ਸਾਡੀ ਪ੍ਰਾਚੀਨ ਸੰਸਕ੍ਰਿਤੀ, ਸ਼ਰਧਾ ਤੇ ਪ੍ਰਕਿਰਤੀ ਪ੍ਰਤੀ ਸਮਰਪਣ ਦਾ ਪ੍ਰਤੀਕ ਹੈ। ਇਹ ਤਿਉਹਾਰ ਸੂਰਜ ਭਗਵਾਨ ਅਤੇ ਛੱਠ ਮਾਈ ਦੀ ਉਪਾਸਨਾ ਨੂੰ ਸਮਰਪਿਤ ਹੈ, ਜਿਸ ਦਿਨ ਲੋਕ ਤਿਆਗ, ਸਫਾਈ ਤੇ ਸ਼ਰਧਾ ਨਾਲ ਵਰਤ ਰੱਖਦੇ ਹਨ ਅਤੇ ਡੁੱਬਦੇ ਤੇ ਚੜ੍ਹਦੇ ਸੂਰਜ ਨੂੰ ਅਰਘ ਦੇ ਕੇ ਆਪਣੇ ਪਰਵਾਰ ਦੀ ਖੁਸ਼ਹਾਲੀ ਤੇ ਤਰੱਕੀ ਦੀ ਕਾਮਨਾ ਕਰਦੇ ਹਨ। ਉਨ੍ਹਾਂ ਕਿਹਾ ਕਿ ਇਹ ਤਿਉਹਾਰ ਸਾਨੂੰ ਸਾਦਗੀ, ਸ਼ੁੱਧਤਾ ਅਤੇ ਪ੍ਰਕਿਰਤੀ ਨਾਲ ਜੋੜਦਾ ਹੈ। ਛੱਠ ਪੂਜਾ ਸਾਨੂੰ ਇਹ ਵੀ ਸਿਖਾਉਂਦੀ ਹੈ ਕਿ ਕਿਸੇ ਵੀ ਅਰਦਾਸ ਦਾ ਅਸਲੀ ਅਰਥ ਤਿਆਗ ਤੇ ਪਵਿੱਤਰ ਮਨ ਨਾਲ ਕੀਤੀ ਗਈ ਭਗਤੀ ਹੈ। ਉਨ੍ਹਾਂ ਦੁਆਰਾ ਲੋਕਾਂ ਨੂੰ ਦੁਬਾਰਾ ਛੱਠ ਪੂਜਾ ਦੀਆਂ ਲੱਖ-ਲੱਖ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ ਸੋਹਣ ਲਾਲ ਢੰਡਾ ਜ਼ਿਲ੍ਹਾ ਪ੍ਰਧਾਨ ਐਸ ਸੀ ਵਿੰਗ, ਪਵਨਜੀਤ ਸਿੰਘ ਸਿੱਧੂ ਹਲਕਾ ਸੰਗਠਨ ਇੰਚਾਰਜ ਬੰਗਾ, ਮੀਡੀਆ ਇੰਚਾਰਜ ਮਨਜੀਤ ਸਿੰਘ ਨਾਮਧਾਰੀ, ਖੁਸ਼ਵਿੰਦਰ ਸਿੰਘ, ਕਮਲਜੀਤ ਸਿੰਘ ਖਟਕੜ ,ਅਮਰੀਕ ਸਿੰਘ ਸੋਨੀ ਬਲਾਕ ਪ੍ਰਧਾਨ , ਸੁਰਿੰਦਰ ਘਈ ਐਮ ਸੀ ,ਰਮਨ ਕੁਮਾਰ, ਤਰਸੇਮ ਲਾਲ ਝੱਲੀ, ਮਨਜੀਤ ਸਿੰਘ ਬੱਬਲ, ਅੰਮ੍ਰਿਤ ਮਾਨ ਬਲਾਕ ਪ੍ਰਧਾਨ, ਰਾਕੇਸ਼ ਸ਼ਰਮਾ, ਮਦਨ ਲਾਲ ਖਟਕੜ , ਨਰਿੰਦਰਜੀਤ ਰੱਤੂ ਐਮ ਸੀ , ਪ੍ਰਭਜੋਤ ਸਿੰਘ, ਬਬਲੂ ਆਦਿ ਹਾਜ਼ਰ ਸਨ।



# ਚੌਧਰੀ ਅੱਛਰ ਸਿੰਘ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਬਣੇ

**ਮਾਹਿਲਪੁਰ (ਸ.ਫਰੀ)**

ਕੁਲ ਹਿੰਦ ਕਿਸਾਨ ਸਭਾ ਦਾ 41ਵਾਂ ਜ਼ਿਲ੍ਹਾ ਅਜਲਾਸ ਪਿੰਡ ਵਿਖੇ ਸਰਵਸਾਥੀ ਆਸਾ ਨੰਦ, ਚੌਧਰੀ ਅੱਛਰ ਸਿੰਘ ਬਿਲੜੋ ਅਤੇ ਸੰਤੋਖ ਸਿੰਘ ਭੀਲੋਵਾਲ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿਚ ਸੂਬਾ ਮੀਤ ਪ੍ਰਧਾਨ ਸਾਥੀ ਗੁਰਨੇਕ ਸਿੰਘ ਭੱਜਲ ਨੇ ਸ਼ਿਰਕਤ ਕੀਤੀ। ਇਸ ਮੌਕੇ ਝੰਡਾ ਝੁਲਾਉਣ ਦੀ ਰਸਮ ਸਾਥੀ ਆਸਾ ਨੰਦ ਨੇ ਨਿਭਾਈ ਅਤੇ ਸ਼ਹੀਦੀ ਮੀਨਾਰ ਤੇ ਫੁੱਲ ਭੇਟ ਕੀਤੇ। ਇਸ ਮੌਕੇ ਪਿਛਲੇ ਸਮੇਂ ਦੌਰਾਨ ਵਿਛੜੇ ਸਾਥੀਆਂ ਜਿਨ੍ਹਾਂ ਵਿਚ ਮੁੱਖ ਤੌਰ ਤੇ ਕਾਮਰੇਡ ਸੀਤਾਰਾਮ ਯੇਚੁਰੀ ਜਨਰਲ ਸਕੱਤਰ ਸੀ ਪੀ ਆਈਂ (ਐਮ), ਬੁਧ ਦੇਵ ਭੱਟਾਚਾਰੀਆ ਸਾਬਕਾ ਮੁੱਖ ਮੰਤਰੀ ਪੱਛਮੀ ਬੰਗਾਲ, ਵੀ.ਐਸ ਅਛੂਤਾਨੰਦਨ ਸਾਬਕਾ ਮੁੱਖ ਮੰਤਰੀ ਕੇਰਲਾ ਤੇ ਹੋਰ ਵਿਛੜੇ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਕਾਨਫਰੰਸ ਦਾ ਉਦਘਾਟਨ ਕਰਦਿਆਂ ਸਾਥੀ ਗੁਰਨੇਕ ਸਿੰਘ ਭੱਜਲ ਨੇ ਕਿਹਾ ਕਿ ਮੌਜੂਦਾ ਸਮੇਂ ਵਿਚ ਕਿਸਾਨਾਂ ਸਾਹਮਣੇ ਬੜੀਆਂ ਗੰਭੀਰ ਚੁਣੌਤੀਆਂ ਹਨ। ਉਨ੍ਹਾਂ ਕਿਹਾ ਕਿ ਇਹ ਚੁਣੌਤੀਆਂ ਸਰਕਾਰ ਚਲਾ ਰਹੀ ਧਿਰ ਵੱਲੋਂ ਆਪਣੇ ਪੂੰਜੀਪਤੀ ਮਿੱਤਰਾਂ ਨੂੰ ਲਾਭ ਪਹੁੰਚਾਉਣ ਲਈ ਪੈਦਾ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਆਖਿਆ ਕਿ ਜੇਕਰ ਕਿਸਾਨਾਂ ਨੇ ਇਨ੍ਹਾਂ ਚੁਣੌਤੀਆਂ ਦਾ ਹਕੀਕੀ ਮੁਕਾਬਲਾ ਕਰਨਾ ਹੈ ਤਾਂ ਉਹਨਾਂ ਨੂੰ ਕੁੱਲ ਹਿੰਦ ਕਿਸਾਨ ਸਭਾ ਵਰਗੀ ਸਹੀ ਸੇਧ ਵਾਲੀ ਜਥੇਬੰਦੀ ਦੇ ਝੰਡੇ ਹੇਠ ਲਾਮਬੰਦ ਹੋਣਾ ਪਵੇਗਾ। ਭਰਾਤਰੀ ਸੰਦੇਸ਼ ਸਾਥੀ ਗੁਰਮੇਸ਼ ਸਿੰਘ, ਮਹਿੰਦਰ ਕੁਮਾਰ ਬਢੋਆਣ ਅਤੇ ਨੀਲਮ ਬੱਢੋਆਣ ਨੇ ਦਿਤੇ। ਇਸ ਮੌਕੇ ਜ਼ਿਲ੍ਹਾ ਕਮੇਟੀ ਦਾ ਪੈਨਲ ਸਾਥੀ ਗੁਰਨੇਕ ਸਿੰਘ ਭੱਜਲ ਨੇ ਪੇਸ਼ ਕੀਤਾ ਜਦੋਂ ਸਰਵਸੰਮਤੀ ਨਾਲ ਪਾਸ ਕਰ ਦਿੱਤਾ ਗਿਆ। ਜਿਸ ਵਿਚ ਸਕੱਤਰ ਆਸ਼ਾ ਨੰਦ, ਪ੍ਰਧਾਨ ਅੱਛਰ ਸਿੰਘ ਬਿਲੜੋ, ਮੀਤ ਪ੍ਰਧਾਨ ਗੁਰਨੇਕ ਸਿੰਘ ਭੱਜਲ, ਦਰਸ਼ਨ ਸਿੰਘ ਮੱਟੂ, ਸੰਤੋਖ ਸਿੰਘ ਭੀਲੋਵਾਲ , ਜੁਆਇੰਟ ਸਕੱਤਰ ਇਕਬਾਲ ਸਿੰਘ ਜੱਸੋਵਾਲ , ਹਰਭਜਨ ਸਿੰਘ ਅਟਵਾਲ, ਵਿਜੇ ਸਿੰਘ ਪੋਤਾ, ਖਜਾਨਚੀ ਪੰਕਜ ਕੁਮਾਰ ਚਠਿਆਲ, ਮੈਂਬਰ ਗੁਰਮੀਤ ਸਿੰਘ ਪਾਂਗਲੀ, ਸਤਨਾਮ ਸਿੰਘ ਢਿੱਲੋਂ, ਅਮਰਜੀਤ ਸਿੰਘ ਕੁੱਲੇਵਾਲ, ਯੋਗਰਾਜ ਬੇਲਾ ਸਰਿਆਣਾ, ਬਸਾਵਾ ਸਿੰਘ ਬਹਿ ਫੱਤੋ, ਇੰਦਰਪਾਲ ਸਿੰਘ ਅਹਿਰਾਣਾ, ਪ੍ਰਸ਼ਨ ਸਿੰਘ, ਤੀਰਥ ਸਿੰਘ ਸਤੌਰ, ਗੁਰਦੀਪ ਸਿੰਘ ਡੱਫਰ, ਨਿਰਮਲਜੀਤ ਸਿੰਘ ਕੱਲੋਵਾਲ ਚੁਣੇ ਗਏ। ਚਾਰ ਸੀਟਾਂ ਖਾਲੀ ਰੱਖੀਆਂ ਗਈਆਂ। ਗੁਰਬਖਸ਼ ਸਿੰਘ ਸੂਸ, ਕੁਲਤਾਰ ਸਿੰਘ ਕੋਠੀ ਨੂੰ ਵੈਟਰਨ ਦੇ ਤੌਰ 'ਤੇ ਰੱਖਿਆ ਗਿਆ। ਸਾਥੀ ਅੱਛਰ ਸਿੰਘ ਬਿਲੜੋ ਨੇ ਡੈਲੀਗੇਟਾਂ ਦਾ ਧੰਨਵਾਦ ਕੀਤਾ।



# ਪ੍ਰਕਾਸ਼ ਪੁਰਬ ਦੀਆਂ ਤਿਆਰੀਆਂ ਦਾ ਸੰਤ ਸੀਚੇਵਾਲ ਨੇ ਲਿਆ ਜਾਇਜ਼ਾ

## ਪ੍ਰਸ਼ਾਸ਼ਨਿਕ ਅਧਿਕਾਰੀਆਂ ਵੱਲੋਂ ਕੀਤੀ ਜਾ ਰਹੀ ਦੇਰੀ 'ਤੇ ਪ੍ਰਗਟਾਈ ਨਾਰਾਜ਼ਗੀ

**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)**-ਸ੍ਰੀ ਗੁਰੂ ਨਾਨਕ ਦੇਵ ਜੀ ਦੇ 556 ਵੇਂ ਪ੍ਰਕਾਸ਼ ਪੁਰਬ ਨੂੰ ਲੈ ਕੇ ਕੀਤੀਆਂ ਜਾ ਰਹੀਆਂ ਤਿਆਰੀਆਂ ਦਾ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਜਾਇਜ਼ਾ ਲਿਆ। ਉਨ੍ਹਾਂ ਸੰਤ ਘਾਟ ਨੇੜੇ ਪਲਟੂਨ ਪੁਲ ਮੁੜ ਤੋਂ ਰੱਖੇ ਜਾਣ ਨੂੰ ਮੌਕੇ 'ਤੇ ਜਾ ਕੇ ਦੇਖਿਆ। ਇਤਿਹਾਸਕ ਨਗਰੀ ਸੁਲਤਾਨਪੁਰ ਲੋਧੀ ਸ਼ਹਿਰ ਦੀਆਂ ਪਿਛਲੇ ਤਿੰਨ ਸਾਲਾਂ ਤੋਂ ਪੁੱਟੀਆਂ ਸੜਕਾਂ ਦਾ ਨਿਰਮਾਣ ਸਮੇਂ ਸਿਰ ਨਾ ਹੋਣ 'ਤੇ ਤਿੱਖੀ ਪ੍ਰਤੀਕ੍ਰਿਆ ਦਿੰਦਿਆ ਸੰਤ ਸੀਚੇਵਾਲ ਨੇ ਕਿਹਾ ਕਿ ਉਹ ਹੈਰਾਨ ਹਨ ਕਿ ਪ੍ਰਸ਼ਾਸਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਉਨ੍ਹੀ ਗੰਭੀਰਤਾ ਨਾਲ ਨਹੀਂ ਲੈ ਰਿਹਾ ਜਦਕਿ ਪ੍ਰਕਾਸ਼ ਪੁਰਬ ਦੀਆਂ ਤਿਆਰੀਆਂ ਦੋ ਮਹੀਨੇ ਪਹਿਲਾਂ ਸ਼ੁਰੂ ਹੋ ਜਾਣੀਆਂ ਚਾਹੀਦੀਆਂ ਸਨ।

ਸੰਤ ਸੀਚੇਵਾਲ ਨੇ ਲੋਕ ਨਿਰਮਾਣ ਵਿਭਾਗ ਦੇ ਐਕਸੀਅਨ ਨਾਲ ਵੀ ਫੋਨ 'ਤੇ ਗੱਲ ਕਰਦਿਆ ਉਨ੍ਹਾਂ ਨੂੰ ਸੜਕਾਂ ਦਾ ਕੰਮ 5 ਨਵੰਬਰ ਤੋਂ ਪਹਿਲਾਂ ਕਰਨ ਦੀਆਂ ਹਦਾਇਤਾਂ ਕੀਤੀਆਂ। ਇਸੇ ਤਰ੍ਹਾਂ ਸੁਲਤਾਨਪੁਰ ਦੀ ਐੱਸ ਡੀ ਐੱਮ ਅਲਕਾ ਕਾਲੀਆ ਨਾਲ ਵੀ ਫੋਨ 'ਤੇ ਗੱਲ ਕੀਤੀ ਤੇ ਅਧੂਰੇ ਕੰਮਾਂ ਨੂੰ ਪੂਰਾ ਕਰਨ ਦੀਆਂ ਹਦਾਇਤਾਂ ਕੀਤੀਆਂ।



ਸੰਤ ਸੀਚੇਵਾਲ ਨੇ ਦੱਸਿਆ ਕਿ ਸਾਲ 2019 ਵਿੱਚ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਵੱਡੇ ਐਲਾਨ ਹੋਏ ਸਨ। ਇੰਨ੍ਹਾਂ ਵਿੱਚ ਬਾਬੇ ਨਾਨਕ ਦਾ ਪਿੰਡ ਬਣਾਉਣ ਅਤੇ ਕੇਂਦਰ ਸਰਕਾਰ ਵੱਲੋਂ ਸੁਲਤਾਨਪੁਰ ਲੋਧੀ ਨੂੰ ਸਮਾਰਟ ਸਿਟੀ ਐਲਾਨਿਆ ਸੀ। ਪਵਿੱਤਰ ਵੇਈਂ ਦੀ ਸਫਾਈ ਅਤੇ ਇਸ ਦੇ ਸੁੰਦਰੀਕਰਨ ਲਈ 46 ਕਰੋੜ ਰੁਪਏ ਆਏ ਸਨ ਅਜੇ ਤੱਕ ਨਹੀਂ ਲੱਗੇ। ਇਸੇ ਤਰ੍ਹਾਂ ਸੁਲਤਾਨਪੁਰ ਲੋਧੀ ਨੂੰ ਅਪਰਾਧ ਮੁਕਤ ਕਰਨ ਲਈ ਸ਼ਹਿਰ ਵਿੱਚ ਸੀ ਸੀ ਟੀ ਵੀ ਕੈਮਰੇ ਲੱਗਣੇ ਸਨ ਪਰ ਉਹ ਪ੍ਰੋਜੈਕਟ ਪੂਰਾ ਨਹੀਂ ਹੋਇਆ। ਡਰੇਨ ਪੱਕੀ ਕਰਨੀ ਸੀ। ਸਰਕਾਰੀ ਸਕੂਲ ਦਾ ਕੰਮ ਅਧੂਰਾ ਪਿਆ। ਸ਼ਹਿਰ ਵਿੱਚ ਪਾਰਕਾਂ ਬਣਨੀਆਂ ਸਨ। ਉਨ੍ਹਾਂ ਦਾ ਨਿਰਮਾਣ ਨਹੀਂ ਹੋਇਆ।ਸੰਤ ਸੀਚੇਵਾਲ ਨੇ ਕਿਹਾ ਕਿ ਦੇਸ਼ -ਵਿਦੇਸ਼ ਤੋਂ ਆਉਣ ਵਾਲੀਆਂ ਸੰਗਤਾਂ ਲਈ ਰਿਹਾਇਸ਼ ਦਾ ਪ੍ਰਬੰਧ 550ਵੇਂ ਪ੍ਰਕਾਸ਼ ਪੁਰਬ ਦੀ ਤਰਜ਼ 'ਤੇ ਕੀਤੇ ਜਾਵੇਗਾ। ਉਨ੍ਹਾਂ ਪਿੰਡਾਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸੰਗਤਾਂ ਨੂੰ ਆਪਣੇ ਘਰਾਂ ਵਿੱਚ ਠਹਿਰਾਉਣ ਲਈ ਅੱਗੇ ਆਉਣ। ਉਹਨਾਂ ਦੱਸਿਆ ਕਿ ਗੁਰਪੁਰਬ ਮੌਕੇ ਸੰਗਤਾਂ ਦੀ ਆਮਦ ਮੌਕੇ ਵੇਈਂ ਕਿਨਾਰੇ ਸੇਵਾਦਾਰਾਂ ਵੱਲੋਂ ਰੰਗ ਰੋਗਨ ਕੀਤਾ ਜਾ ਰਿਹਾ ਹੈ।

ਵਾਤਾਵਰਨ ਪ੍ਰੇਮੀ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਇਸ ਵਾਰ ਝੋਨੇ ਦੀ ਪਰਾਲੀ ਨੂੰ ਇਸ ਇਲਾਕੇ ਵਿੱਚ ਬਹੁਤ ਘੱਟ ਅੱਗ ਲੱਗੀ ਹੈ। ਉਹ ਰੋਜ਼ਾਨਾ ਸੀਚੇਵਾਲ ਤੋਂ ਸੁਲਤਾਨਪੁਰ ਲੋਧੀ ਤੇ ਬਾਉਪੁਰ ਜਾਂਦੇ ਹਨ। ਉਨ੍ਹਾਂ ਕਿਹਾ ਕਿ ਏਨੇ ਇਲਾਕੇ ਵਿੱਚ ਉਨ੍ਹਾਂ ਪਰਾਲੀ ਨੂੰ ਅੱਗ ਲੱਗੀ ਨਹੀਂ ਦੇਖੀ। ਉਨ੍ਹਾਂ ਕਿਸਾਨਾਂ ਨੂੰ ਵਧਾਈ ਵੀ ਦਿੱਤੀ ਕਿ ਉਨ੍ਹਾਂ ਨੇ ਪਰਾਲੀ ਨੂੰ ਅੱਗ ਨਹੀਂ ਲਾਈ। ਉਨ੍ਹਾਂ ਦੱਸਿਆ ਕਿ ਕੁਲ 6 ਨਗਰ ਕੀਰਤਨਾਂ ਦਾ ਆਯੋਜਨ ਕੀਤਾ ਜਾਣਾ ਹੈ। ਇਸ ਵਿੱਚੋਂ ਇੱਕ ਨਗਰ ਕੀਰਤਨ ਸੰਪੂਰਨ ਹੋ ਗਿਆ ਹੈ ਤੇ ਦੂਜਾ ਨਗਰ ਕੀਰਤਨ 30 ਅਕਤੂਬਰ ਨੂੰ ਆਹਲੀ ਕਲਾਂ ਤੋਂ ਸੁਲਤਾਨਪੁਰ ਲੋਧੀ ਆਵੇਗਾ।